ਬੁੱਧਵਾਰ, 20 ਮਈ, 2026

6 ਜੇਠ { ਨਾਨਕਸ਼ਾਹੀ 558 / ਬਿਕਰਮੀ 2083 }

ਜਿਲਦ/VOL. : 74

ਅੰਕ/NO. : 349

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 20 MAY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫੇ : 12


# ਕਿਰਤੀਆਂ ਵੱਲੋਂ ਪ੍ਰਚੰਡ ਗੁੱਸੇ ਦਾ ਪ੍ਰਗਟਾਵਾ

## ਮੁਹਾਲੀ 'ਚ ਕਿਰਤ ਭਵਨ ਅੱਗੇ ਕੜਕਦੀ ਧੁੱਪ 'ਚ ਪੰਜਾਬ ਭਰ ਦੇ ਹਜ਼ਾਰਾਂ ਮਜ਼ਦੂਰਾਂ-ਮੁਲਾਜ਼ਮਾਂ ਵੱਲੋਂ ਪ੍ਰਦਰਸ਼ਨ









**ਮੁਹਾਲੀ (ਨਵਾਂ ਜ਼ਮਾਨਾ ਸਰਵਿਸ)**

ਪੰਜਾਬ ਏਟਕ ਤੇ ਪ ਸ ਸ ਫ 1680, 22-ਬੀ, ਚੰਡੀਗੜ੍ਹ ਦੇ ਸੱਦੇ 'ਤੇ ਮੰਗਲਵਾਰ ਹਜ਼ਾਰਾਂ ਦੀ ਗਿਣਤੀ ਵਿਚ ਮੁਲਾਜ਼ਮ-ਮਜ਼ਦੂਰ ਕਿਰਤ ਭਵਨ ਅੱਗੇ ਰੋਸ ਰੈਲੀ ਵਿਚ ਹੁੰਮ-ਹੁਮਾ ਕੇ ਪੁੱਜੇ। ਇਹ ਰੈਲੀ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ-ਮਜ਼ਦੂਰਾਂ ਅਤੇ ਹਰ ਕਿਸਮ ਦੇ ਕਿਰਤੀਆਂ ਦੀਆਂ ਮੰਗਾਂ ਅਤੇ ਮੁਸ਼ਕਲਾਂ ਪ੍ਰਤੀ ਅਪਣਾਈ ਹੋਈ ਬੇਰੁਖੀ, ਅਣਦੇਖੀ ਅਤੇ ਸਰਕਾਰ ਦੇ ਮਜ਼ਦੂਰ ਵਿਰੋਧੀ ਰਵੱਈਏ ਦੇ ਵਿਰੁੱਧ ਪਾਏ ਜਾ ਰਹੇ ਵਿਆਪਕ ਰੋਸ ਦਾ ਲਾਮਿਸਾਲ ਪ੍ਰਗਟਾਵਾ ਅਤੇ ਪ੍ਰਚੰਡ ਗੁੱਸੇ ਦਾ ਸਿਖਰ ਹੋ ਨਿਬੜੀ। ਮੁਲਾਜ਼ਮਾਂ-ਮਜ਼ਦੂਰਾਂ ਦੇ ਕਈ ਦਰਜਨਾਂ ਕਾਫਲੇ ਝੰਡੇ, ਮਾਟੋ ਲੈ ਕੇ ਨਾਅਰੇ ਮਾਰਦੇ ਹੋਏ ਘੰਟਿਆਂਬੱਧੀ ਲਗਾਤਾਰ ਆਉਂਦੇ ਰਹੇ। ਰੈਲੀ ਦੀ ਪ੍ਰਧਾਨਗੀ ਬੰਤ ਸਿੰਘ ਬਰਾੜ ਪ੍ਰਧਾਨ ਪੰਜਾਬ ਏਟਕ ਅਤੇ ਰਣਜੀਤ ਸਿੰਘ ਰਾਣਵਾਂ ਪ੍ਰਧਾਨ ਪ ਸ ਸ ਫ, ਜਗਦੀਸ਼ ਸਿੰਘ ਚਾਹਲ, ਕਸ਼ਮੀਰ ਗਦਾਈਆ, ਦਲਜੀਤ ਸਿੰਘ, ਮਨਜੀਤ ਸਿੰਘ ਬਾਸਰਕੇ ਅਤੇ ਵਿਨੋਦ ਚੁੱਘ ਨੇ ਕੀਤੀ। ਕਿਰਤੀਆਂ ਨਾਲ ਖਚਾਖਚ ਭਰੇ ਪੰਡਾਲ ਵਿਚ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਪੰਜਾਬ ਏਟਕ ਦੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਸਖਤ ਲਹਿਜੇ ਨਾਲ ਕਿਹਾ ਕਿ 14 ਸਾਲਾਂ ਬਾਅਦ ਪੰਜਾਬ ਸਰਕਾਰ ਨੇ ਕਿਰਤੀਆਂ ਦੀਆਂ ਉਜਰਤਾਂ ਵਿਚ ਥੋੜ੍ਹਾ ਜਿਹਾ ਵਾਧਾ ਕਰਕੇ ਘੱਟੋ-ਘੱਟ ਉਜਰਤ 13486 ਰੁਪਏ ਪ੍ਰਤੀ ਮਹੀਨਾ ਕਰਕੇ ਵਰਕਰਾਂ ਦੇ ਜ਼ਖਮਾਂ ਤੇ ਲੂਣ ਛਿੜਕਣ ਦਾ ਕੰਮ ਕਰਦੇ ਹੋਏ ਭੱਦਾ ਮਜ਼ਾਕ ਕੀਤਾ ਹੈ, ਜਦਕਿ ਖੂਨ ਪੀ ਰਹੀ ਮਹਿੰਗਾਈ ਦੇ ਇਸ ਦੌਰ ਵਿਚ ਇਹ ਉਜਰਤ ਘੱਟੋ-ਘੱਟ 35000 ਰੁਪਏ ਪ੍ਰਤੀ ਮਹੀਨਾ ਕਰਨੀ ਬਣਦੀ ਸੀ। ਸਰਕਾਰ ਵੱਲੋਂ ਅਜਿਹਾ ਕਰਨਾ ਮਜ਼ਦੂਰਾਂ ਨਾਲ ਇਕ ਵੱਡਾ ਧੋਖਾ ਵੀ ਹੈ ਅਤੇ ਸਰਕਾਰ ਦਾ ਕਥਿਤ ਗਰੀਬ ਪੱਖੀ ਹੋਣ ਦੇ ਝੂਠੇ ਪਖੰਡ ਦਾ ਵੀ ਪਰਦਾ ਫਾਸ਼ ਕਰਦਾ ਹੈ। ਸਾਡੇ ਅੱਜ ਦੇ ਇਕੱਠ ਦੀ ਠੋਕ ਵਜਾ ਕੇ ਮੰਗ ਹੈ ਕਿ ਘੱਟੋ-ਘੱਟ ਉਜਰਤ 35000 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇ। ਹੋਰ ਮੰਗਾਂ ਦਾ ਜ਼ਿਕਰ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਸਰਕਾਰ ਆਪਣੇ ਵਾਅਦਿਆਂ ਮੁਤਾਬਕ ਕੰਟਰੈਕਟ-ਆਊਟਸੋਰਸ ਅਤੇ ਹਰ ਕਿਸਮ ਦੇ ਅਸਥਾਈ ਵਰਕਰਾਂ ਨੂੰ ਰੈਗੂਲਰ ਕਰੇ, ਸਕੀਮ ਵਰਕਰਾਂ ਨੂੰ ਵਰਕਰ ਦਾ ਦਰਜਾ ਦੇ ਕੇ ਨਿਯਮਤ ਕਰੇ, ਚਾਰ ਲੇਬਰ ਕੋਡਜ਼ ਪੰਜਾਬ ਵਿਚ ਲਾਗੂ ਨਾ ਕਰੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰੇ, ਮੁਲਾਜ਼ਮਾਂ ਦੇ ਪੇ-ਕਮਿਸ਼ਨ ਅਤੇ ਡੀ ਏ ਦੇ ਬਕਾਏ ਯਕਮੁਸ਼ਤ ਦਿੱਤੇ ਜਾਣ, 18 ਫੀਸਦੀ ਡੀ ਏ ਦੀਆਂ ਕਿਸ਼ਤਾਂ ਜਾਰੀ ਕੀਤੀਆਂ ਜਾਣ, ਸਰਕਾਰੀ ਟਰਾਂਸਪੋਰਟ ਵਿਚ ਆਪਣੀ ਮਾਲਕੀ ਵਾਲੀਆਂ 1000 ਨਵੀਆਂ ਬੱਸਾਂ ਤੁਰੰਤ ਪਾਈਆਂ ਜਾਣ ਅਤੇ ਪੀ ਆਰ ਟੀ ਸੀ-ਪਨਬੱਸ ਨੂੰ ਮੁਫਤ ਸਫਰ ਸਹੂਲਤਾਂ ਦੀ ਪੈਂਡਿੰਗ ਹੋ ਚੁੱਕੀ 1200 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਬਿਨਾਂ ਦੇਰੀ ਦਿੱਤੀ ਜਾਵੇ, ਉਸਾਰੀ ਕਿਰਤੀਆਂ ਸੰਬੰਧੀ ਬਣੇ ਨਵੇਂ ਵੈੱਲਫੇਅਰ ਬੋਰਡ ਐਕਟ 1996 ਨੂੰ ਖਤਮ ਕਰਕੇ ਬਣਾਏ ਗਏ ਸੋਸ਼ਲ ਸਕਿਉਰਿਟੀ ਕੋਡ ਵਿਚ ਉਸਾਰੀ ਕਿਰਤੀ ਲਾਭਪਾਤਰੀਆਂ ਦੀਆਂ 17 ਸਕੀਮਾਂ ਵਿੱਚੋਂ 10 ਖਤਮ ਕਰਕੇ ਸਿਰਫ 7 ਰੱਖਣਾ ਇਸ ਐਕਟ ਨੂੰ ਖਤਮ ਕਰਨ ਦਾ ਹੀ ਇਕ ਕੋਝਾ ਤਰੀਕਾ ਹੈ। ਦੂਜਾ ਜੋ ਸੈੱਸ ਹਰ 10 ਲੱਖ ਰੁਪਏ ਦੀ ਇਮਾਰਤ ਉਪਰ ਲੱਗਦਾ ਸੀ, ਹੁਣ 50 ਲੱਖ ਤੱਕ ਦੀਆਂ ਇਮਾਰਤਾਂ ਨੂੰ ਸੈੱਸ ਤੋਂ ਮੁਕਤ ਕਰ ਦਿੱਤਾ ਗਿਆ ਹੈ। ਇਸ ਤਰ੍ਹਾਂ ਵੈੱਲਫੇਅਰ ਬੋਰਡ ਦੇ ਫੰਡ ਵਿਚ ਜਮ੍ਹਾਂ ਹੋਣ ਵਾਲੇ ਸੈੱਸ ਵਿਚ ਵੱਡੀ ਕਮੀ ਆਏਗੀ, ਜਿਸ ਦਾ ਖਮਿਆਜ਼ਾ ਲਾਭਪਾਤਰੀਆਂ ਨੂੰ ਭੁਗਤਣਾ ਪਏਗਾ। ਉਸਾਰੀ ਕਿਰਤੀਆਂ ਦੇ ਦਫਤਰਾਂ ਵਿਚ ਲੰਬਿਤ ਪਏ ਕੇਸ ਕਲੀਅਰ ਕੀਤੇ ਜਾਣ, ਇਸੇ ਤਰ੍ਹਾਂ ਸਾਡੀ ਜ਼ੋਰਦਾਰ ਮੰਗ ਹੈ ਕਿ ਮਨਰੇਗਾ ਐਕਟ ਬਹਾਲ ਕੀਤਾ ਜਾਵੇ, ਕੰਮ 200 ਦਿਨ ਦੀ ਗਰੰਟੀ ਕੀਤੀ ਜਾਵੇ ਅਤੇ ਸ਼ਹਿਰਾਂ ਵਿਚ ਲਾਗੂ ਕੀਤਾ ਜਾਵੇ, 1000 ਰੁਪਏ ਦਿਹਾੜੀ ਕੀਤੀ ਜਾਵੇ ਅਤੇ ਪਿੰਡਾਂ ਵਿਚ ਰੁਕੇ ਹੋਏ ਕੰਮ ਚਾਲੂ ਕੀਤੇ ਜਾਣ ਅਤੇ ਨਵੇਂ ਕੰਮ ਕੱਢੇ ਜਾਣ। ਸਫਾਈ ਸੇਵਕਾਂ ਪ੍ਰਤੀ ਸਰਕਾਰ ਦੇ ਅੜੀਅਲ ਰਵੱਈਏ ਦੀ ਨਿਖੇਧੀ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਸਭ ਤੋਂ ਵੱਧ ਜੋਖਮ ਅਤੇ ਗੰਦਗੀ ਦੀ ਸਫਾਈ ਦਾ ਕੰਮ ਕਰਨ ਵਾਲੇ ਪੂਜਣਯੋਗ ਮਜ਼ਦੂਰਾਂ ਦੀਆਂ ਸਾਰੀਆਂ ਮੰਗਾਂ ਮੰਨ ਕੇ ਹੜਤਾਲ ਦਾ ਹੱਲ ਤੁਰੰਤ ਕੱਢਿਆ ਜਾਵੇ, ਭੱਠਾ ਮਜ਼ਦੂਰਾਂ ਦੇ ਲੇਬਰ ਰੇਟਾਂ ਵਿਚ ਵਾਜਬ ਵਾਧਾ ਤੁਰੰਤ ਕੀਤਾ ਜਾਵੇ।

ਪੰਜਾਬ ਏਟਕ ਦੇ ਪ੍ਰਧਾਨ ਬੰਤ ਬਰਾੜ ਨੇ ਠਾਠਾਂ ਮਾਰਦੇ ਇਕੱਠ ਨੂੰ ਵਧਾਈ ਦਿੰਦਿਆਂ ਕਿਹਾ ਕਿ ਏਨੀ ਵੱਡੀ ਗਿਣਤੀ ਵਿਚ ਬੇਹੱਦ ਕੜਕਦੀ ਧੁੱਪ ਅਤੇ ਗਰਮੀ ਵਿਚ ਸੂਬੇ ਭਰ ਵਿਚੋਂ ਪਹੁੰਚੇ ਕਿਰਤੀਆਂ ਦੇ ਗੁੱਸੇ ਅੱਗੇ ਹੁਣ ਪੰਜਾਬ ਸਰਕਾਰ ਨੂੰ ਝੁਕਣਾ ਹੀ ਪਏਗਾ ਅਤੇ ਕਿਰਤੀ ਆਪਣੀਆਂ ਮੰਗਾਂ ਮੰਨਵਾ ਕੇ ਹੀ ਪਿੱਛੇ ਹਟਣਗੇ। ਬਰਾੜ ਨੇ ਪੰਜਾਬ ਸਰਕਾਰ ਦੀ ਅਲੋਚਨਾ ਕਰਦਿਆਂ ਕਿਹਾ ਕਿ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਵਿਚਾਰਧਾਰਾ ਦੀਆਂ ਝੂਠੀਆਂ ਸਹੁੰਆਂ ਖਾ ਕੇ ਗੱਦੀ 'ਤੇ ਕਾਬਜ਼ ਹੋਣ ਤੋਂ ਬਾਅਦ ਇਸ ਦੇ ਆਗੂ ਹੁਣ ਵੱਡੇ

• ਬਾਕੀ ਸਫਾ 2 'ਤੇ



# ਮਾਨ ਵੱਲੋਂ 'ਰੌਸ਼ਨ ਪੰਜਾਬ' ਦੀ ਸ਼ੁਰੂਆਤ

**ਸੰਗਰੂਰ/ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਪ੍ਰਵੀਨ ਸਿੰਘ, ਬਿੰਨੀ ਗਰਗ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਨੂੰ ਦੇਸ਼ ਦਾ ਪਹਿਲਾ ਖੰਭਾ-ਮੁਕਤ ਪਿੰਡਾਂ ਵਾਲਾ ਸੂਬਾ ਬਣਾਉਣ ਲਈ ਮੰਗਲਵਾਰ ਆਪਣੇ ਜੱਦੀ ਪਿੰਡ ਸਤੌਜ ਵਿੱਚ ਬਿਜਲੀ ਦੀਆਂ ਤਾਰਾਂ ਅੰਡਰਗਰਾਊਂਡ (ਜ਼ਮੀਨਦੋਜ਼) ਪਾਉਣ ਦੇ ਪ੍ਰੋਜੈਕਟ ਦਾ ਨੀਂਹ ਪੱਥਰ ਰੱਖ ਕੇ ਆਪਣੀ ਕਿਸਮ ਦੀ ਨਿਵੇਕਲੀ ਤੇ ਇਤਿਹਾਸਕ ਪਹਿਲਕਦਮੀ ਦੀ ਸ਼ੁਰੂਆਤ ਕੀਤੀ। ਇਸ ਪਾਇਲਟ ਪ੍ਰੋਜੈਕਟ ਤਹਿਤ ਸਤੌਜ ਵਿੱਚੋਂ 384 ਬਿਜਲੀ ਦੇ ਖੰਭੇ ਹਟਾ ਦਿੱਤੇ ਜਾਣਗੇ ਅਤੇ ਸੜਕਾਂ ਨੂੰ ਪੁੱਟੇ ਬਿਨਾਂ ਜ਼ਮੀਨਦੋਜ਼ ਕੇਬਲਾਂ ਵਿਛਾਈਆਂ ਜਾਣਗੀਆਂ। ਇਸ ਪ੍ਰਾਜੈਕਟ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਧੁਨਿਕ ਬੁਨਿਆਦੀ ਢਾਂਚੇ, ਨਿਰਵਿਘਨ ਬਿਜਲੀ ਸਪਲਾਈ ਅਤੇ ਸੁਰੱਖਿਅਤ ਪਿੰਡਾਂ 'ਤੇ ਅਧਾਰਤ ਰੌਸ਼ਨ ਪੰਜਾਬ ਦੀ ਸ਼ੁਰੂਆਤ ਦੱਸਿਆ।ਸਤੌਜ ਮਾਡਲ ਨੂੰ ਪੂਰੇ ਦੇਸ਼ ਲਈ ਮਿਸਾਲ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਦੇ ਕਿਸਾਨਾਂ ਨਾਲ ਪਿੰਡਾਂ ਨੂੰ ਤਾਰਾਂ ਮੁਕਤ ਕਰਨ ਦਾ ਆਪਣਾ ਵਾਅਦਾ ਪੂਰਾ ਕੀਤਾ ਹੈ। ਉਨ੍ਹਾ ਕਿਹਾ ਕਿ ਜ਼ਮੀਨਦੋਜ਼ ਬਿਜਲੀ ਸਪਲਾਈ ਨਾਲ ਪਿੰਡਾਂ ਵਿੱਚ ਬਿਜਲੀ ਦੇ ਖੰਭੇ ਲਾਉਣ ਨੂੰ ਲੈ ਕੇ ਹੁੰਦੀ ਸਿਆਸਤ ਵੀ ਖ਼ਤਮ ਹੋ ਜਾਵੇਗੀ।ਇਸ ਪਾਇਲਟ ਪ੍ਰਾਜੈਕਟ ਤਹਿਤ ਸਤੌਜ ਵਿੱਚ ਬਿਜਲੀ ਦੀਆਂ ਉਪਰੋਂ ਲੰਘਦੀਆਂ ਤਾਰਾਂ ਨੂੰ ਕਰੀਬ 8 ਕਰੋੜ ਰੁਪਏ ਦੀ ਲਾਗਤ ਨਾਲ ਜ਼ਮੀਨਦੋਜ਼ ਕੀਤਾ ਜਾਵੇਗਾ। ਇਹ ਦੇਸ਼ ਦਾ ਪਹਿਲਾ ਅਜਿਹਾ ਪ੍ਰਾਜੈਕਟ ਹੈ ਅਤੇ ਇਸ ਪਹਿਲਕਦਮੀ ਨਾਲ ਪੰਜਾਬ ਪੂਰੇ ਦੇਸ਼ ਲਈ ਮਾਡਲ ਪ੍ਰਾਜੈਕਟ ਵਜੋਂ ਉਭਰੇਗਾ।

ਮੁੱਖ ਮੰਤਰੀ ਨੇ ਕਿਹਾ—ਮੀਟਰ ਬਕਸਿਆਂ ਨੂੰ ਸਾਰੇ ਘਰਾਂ ਨਾਲ ਜੋੜਨ ਵਾਲੀਆਂ ਕੇਬਲਾਂ ਨੂੰ ਵੀ ਜ਼ਮੀਨਦੋਜ਼ ਕੀਤਾ ਜਾਵੇਗਾ, ਜਿਸ ਕਾਰਨ 384 ਬੇਲੋੜੇ ਬਿਜਲੀ ਦੇ ਖੰਭੇ ਹਟਾ ਦਿੱਤੇ ਜਾਣਗੇ। ਇਸ ਪ੍ਰੋਜੈਕਟ ਦੀ ਵਿਸ਼ੇਸ਼ਤਾ ਇਹ ਹੈ ਕਿ ਜ਼ਮੀਨਦੋਜ਼ ਕੇਬਲਾਂ ਵਿਛਾਉਣ ਲਈ ਸੜਕਾਂ ਪੁੱਟਣ ਦੀ ਲੋੜ ਨਹੀਂ ਪਵੇਗੀ, ਕਿਉਂਕਿ ਜ਼ਮੀਨਦੋਜ਼ ਪਾਈਪਾਂ ਪਾਉਣ ਲਈ ਟ੍ਰੈਂਚਲੈੱਸ (ਬਿਨਾਂ ਪੁਟਾਈ) ਡ੍ਰਿਲਿੰਗ ਮਸ਼ੀਨਾਂ ਦੀ ਵਰਤੋਂ ਕੀਤੀ ਜਾਵੇਗੀ। ਇਹ ਪਾਈਪਾਂ ਜ਼ਮੀਨ ਤੋਂ ਤਿੰਨ ਫੁੱਟ ਹੇਠਾਂ ਵਿਛਾਈਆਂ ਜਾਣਗੀਆਂ, ਜੋ ਆਮ ਲੋਕਾਂ ਲਈ ਵਰਦਾਨ ਸਾਬਤ ਹੋਣਗੀਆਂ।

ਆਪਣੇ ਪਿੰਡ ਦੀ ਦੁਖਦਾਈ ਘਟਨਾ ਨੂੰ ਯਾਦ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਭਾਵੁਕ ਹੋ ਗਏ। ਉਨ੍ਹਾ ਕਿਹਾ—ਇਸ ਪਿੰਡ ਦੇ ਤਿੰਨ ਨੌਜਵਾਨਾਂ ਦੀ ਕੰਬਾਈਨਾਂ ਨਾਲ ਬਿਜਲੀ ਦੇ ਕਰੰਟ ਲੱਗਣ ਕਾਰਨ ਜਾਨ ਚਲੀ ਗਈ ਸੀ। ਉਹ ਆਪਣੇ ਪਰਵਾਰਾਂ ਦੇ ਇੱਕੋ-ਇੱਕ ਕਮਾਊ ਮੈਂਬਰ

• ਬਾਕੀ ਸਫਾ 2 'ਤੇ

## ਗਾਇਕਾ ਯਸ਼ਇੰਦਰ ਕੌਰ ਦਾ ਕਤਲ



**ਲੁਧਿਆਣਾ :** 6 ਦਿਨ ਪਹਿਲਾਂ ਲੁਧਿਆਣਾ ਤੋਂ ਅਗਵਾ ਕੀਤੀ ਪੰਜਾਬੀ ਗਾਇਕਾ ਇੰਦਰ ਕੌਰ ਜਿਸ ਨੂੰ ਯਸ਼ਇੰਦਰ ਕੌਰ ਦੇ ਨਾਂਅ ਨਾਲ ਵੀ ਜਾਣਿਆ ਜਾਂਦਾ ਸੀ, ਦੀ ਹੱਤਿਆ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਪਰਵਾਰ ਵੱਲੋਂ ਦੋਸ਼ ਲਾਇਆ ਗਿਆ ਹੈ ਕਿ ਮੋਗਾ ਦਾ ਇਕ ਵਿਅਕਤੀ ਉਸ ਉਪਰ ਵਿਆਹ ਲਈ ਦਬਾਅ ਪਾ ਰਿਹਾ ਸੀ। ਇਨਕਾਰ ਕਰਨ 'ਤੇ ਅਗਵਾ ਕਰਕੇ ਉਸ ਦੀ ਹੱਤਿਆ ਕਰ ਦਿੱਤੀ ਗਈ। ਪੁਲਸ ਵੱਲੋਂ ਇਸ ਸੰਬੰਧੀ ਪਹਿਲਾਂ ਹੀ ਮ੍ਰਿਤਕ ਦੇ ਭਰਾ ਜੋਤ ਇੰਦਰ ਸਿੰਘ ਦੀ ਸ਼ਿਕਾਇਤ 'ਤੇ ਮੋਗਾ ਦੇ ਰਹਿਣ ਵਾਲੇ ਸੁਖਵਿੰਦਰ ਸਿੰਘ ਉਰਫ਼ ਸੁੱਖਾ ਅਤੇ ਉਸ ਦੇ ਸਾਥੀ ਕਰਮਜੀਤ ਸਿੰਘ ਖ਼ਿਲਾਫ਼ ਕੇਸ ਦਰਜ ਕਰ ਲਿਆ ਸੀ। ਉਸ ਦੀ ਲਾਸ਼ ਨੀਲੋ ਨਹਿਰ ਤੋਂ ਪੁਲਸ ਵੱਲੋਂ ਬਰਾਮਦ ਕੀਤੀ ਗਈ। ਡੀ.ਸੀ.ਪੀ. ਜਸਕਰਨਜੀਤ ਸਿੰਘ ਤੇਜਾ ਨੇ ਦੱਸਿਆ ਕਿ ਪੁਲਸ ਵੱਲੋਂ ਇਸ ਮਾਮਲੇ ਵਿਚ ਜਾਂਚ ਕੀਤੀ ਜਾ ਰਹੀ ਹੈ।

## ਰੁਪੱਈਆ ਹੋਰ ਸੁੰਗੜਿਆ

**ਮੁੰਬਈ :** ਕੱਚੇ ਤੇਲ ਦੀਆਂ ਵਧਦੀਆਂ ਕੀਮਤਾਂ, ਵਿਦੇਸ਼ੀ ਪੂੰਜੀ ਦੀ ਲਗਾਤਾਰ ਨਿਕਾਸੀ ਅਤੇ ਵਿਸ਼ਵਵਿਆਪੀ ਜੋਖਮਾਂ ਤੋਂ ਬਚਣ ਦੀ ਪ੍ਰਵਿਰਤੀ ਕਾਰਨ ਮਜ਼ਬੂਤ ਹੋਏ ਡਾਲਰ ਦੇ ਦਬਾਅ ਹੇਠ ਮੰਗਲਵਾਰ ਨੂੰ ਰੁਪੱਈਆ ਅਮਰੀਕੀ ਡਾਲਰ ਦੇ ਮੁਕਾਬਲੇ 96.60 ਦੇ ਰਿਕਾਰਡ ਹੇਠਲੇ ਪੱਧਰ ਤੱਕ ਖਿਸਕ ਗਿਆ ਅਤੇ ਬਾਅਦ ਵਿੱਚ 96.52 (ਆਰਜ਼ੀ) 'ਤੇ ਬੰਦ ਹੋਇਆ। ਰੁਪੱਈਆ ਸਾਲ 2026 ਵਿੱਚ ਏਸ਼ੀਆ ਦੀ ਸਭ ਤੋਂ ਖ਼ਰਾਬ ਪ੍ਰਦਰਸ਼ਨ ਕਰਨ ਵਾਲੀ ਕਰੰਸੀ ਹੈ, ਜੋ ਅਮਰੀਕੀ ਡਾਲਰ ਦੇ ਮੁਕਾਬਲੇ 96.60 ਦੇ ਇਤਿਹਾਸਕ ਸ਼ੁਰੂਆਤੀ ਹੇਠਲੇ ਪੱਧਰ ਤੱਕ ਟੁੱਟ ਗਿਆ ਹੈ। ਇਸ ਮਹੀਨੇ ਕਰੰਸੀ ਵਿੱਚ 1.5 ਫ਼ੀਸਦੀ ਅਤੇ ਇਸ ਸਾਲ ਹੁਣ ਤੱਕ 7 ਫ਼ੀਸਦੀ ਤੋਂ ਵੱਧ ਦੀ ਗਿਰਾਵਟ ਆ ਚੁੱਕੀ ਹੈ।

## ਏ ਐੱਸ ਆਈ ਦਾ ਕਤਲ

**ਲੋਹੀਆਂ ਖਾਸ :** ਸ਼ਾਹਕੋਟ ਲੋਹੀਆਂ ਇਲਾਕੇ ਵਿਚ ਉਸ ਵੇਲੇ ਸਨਸਨੀ ਫੈਲ ਗਈ ਜਦੋਂ ਪੰਜਾਬ ਪੁਲਸ ਦੇ ਏ.ਐੱਸ.ਆਈ. ਪੂਰਨ ਸਿੰਘ, ਜੋ ਆਪਣੀ ਡਿਊਟੀ ਤੋਂ ਰਾਤ 10 ਕੁ ਵਜੇ ਪਰਤ ਰਹੇ ਸਨ, ਦਾ ਕਤਲ ਕਰ ਦਿੱਤਾ ਗਿਆ। ਜਾਣਕਾਰੀ ਅਨੁਸਾਰ ਏ.ਐੱਸ.ਆਈ. ਪੂਰਨ ਸਿੰਘ ਪੁੱਤਰ ਨੰਦ ਸਿੰਘ ਵਾਸੀ ਪਿੰਡ ਗੱਟਾ ਮੁੰਡੀ ਕਾਸੂ, ਜੋ ਸ਼ਾਹਕੋਟ ਥਾਣੇ 'ਚ ਸੇਵਾਵਾਂ ਦੇ ਰਹੇ ਸਨ, ਦਾ ਅਣ-ਪਛਾਤਿਆਂ ਨੇ ਤੇਜ਼ਧਾਰ ਦਾਤਰਾਂ ਨਾਲ ਕਤਲ ਕੀਤਾ ਹੈ। ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ।

# ਕਾਮਰੇਡ ਰੂੜਾ ਰਾਮ ਨੂੰ ਇਨਕਲਾਬੀ ਵਿਦਾਇਗੀ



**ਸ਼ਾਹਕੋਟ (ਗਿਆਨ ਸੈਦਪੁਰੀ)**-ਭਾਰਤੀ ਕਮਿਊਨਿਸਟ ਪਾਰਟੀ ਦੇ ਸੀਨੀਅਰ ਆਗੂ ਤੇ ਪੰਜਾਬ ਖੇਤ ਮਜ਼ਦੂਰ ਸਭਾ ਜ਼ਿਲ੍ਹਾ ਜਲੰਧਰ ਦੇ ਸਰਪ੍ਰਸਤ ਕਾਮਰੇਡ ਰੂੜਾ ਰਾਮ ਪਰਜੀਆਂ ਦਾ ਮੰਗਲਵਾਰ ਨੂੰ ਪਿੰਡ ਪਰਜੀਆਂ ਕਲਾਂ ਦੇ ਸ਼ਮਸ਼ਾਨ ਘਾਟ ਵਿੱਚ ਅੰਤਮ ਸੰਸਕਾਰ ਕਰ ਦਿੱਤਾ ਗਿਆ। ਉਨ੍ਹਾਂ ਦੀ ਅੰਤਮ ਯਾਤਰਾ ਵਿੱਚ ਸੈਂਕੜੇ ਲੋਕ ਸ਼ਾਮਲ ਹੋਏ। ਭਾਰਤੀ ਕਮਿਊਨਿਸਟ ਪਾਰਟੀ ਤੇ ਪੰਜਾਬ ਖੇਤ ਮਜ਼ਦੂਰ ਸਭਾ ਨੇ ਉਨ੍ਹਾਂ ਦੀ ਮ੍ਰਿਤਕ ਦੇਹ 'ਤੇ ਲਾਲ ਝੰਡਾ ਪਾ ਕੇ ਇਨਕਲਾਬੀ ਨਾਹਰਿਆਂ ਨਾਲ ਉਨ੍ਹਾਂ ਨੂੰ ਅੰਤਮ ਵਿਦਾਇਗੀ ਦਿੱਤੀ। ਮ੍ਰਿਤਕ ਦੇਹ 'ਤੇ ਲਾਲ ਝੰਡਾ ਪਾਉਣ ਦੀ ਰਸਮ ਨਵਾਂ ਜ਼ਮਾਨਾ ਦੇ ਸੰਪਾਦਕ ਕਾਮਰੇਡ ਚੰਦ ਫਤਿਹਪੁਰੀ ਤੇ ਹੋਰਨਾਂ ਨੇ ਨਿਭਾਈ। ਇਸ ਮੌਕੇ ਕਮਿਊਨਿਸਟ ਆਗੂ ਅਤੇ ਨਵਾਂ ਜ਼ਮਾਨਾ ਦੇ ਸਕੱਤਰ ਕਾਮਰੇਡ ਪ੍ਰਿਥੀਪਾਲ ਸਿੰਘ ਮਾੜੀਮੇਘਾ, ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਅਤੇ ਸੀ ਪੀ ਆਈ ਜ਼ਿਲ੍ਹਾ ਜਲੰਧਰ ਦੇ ਸਕੱਤਰ ਕਾਮਰੇਡ ਰਸ਼ਪਾਲ ਕੈਲੇ ਨੇ ਮਰਹੂਮ ਆਗੂ ਨੂੰ ਇਨਕਲਾਬੀ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਨੇ ਕਾਮਰੇਡ ਰੂੜਾ ਰਾਮ ਦੇ ਸੰਘਰਸ਼ ਭਰੇ ਜੀਵਨ 'ਤੇ ਸੰਖੇਪ ਰੌਸ਼ਨੀ ਪਾਈ ਅਤੇ ਪਰਵਾਰ ਨਾਲ ਵਾਅਦਾ ਕੀਤਾ ਕਿ ਕਮਿਊਨਿਸਟ ਪਾਰਟੀ ਸਦਾ ਹੀ ਉਨ੍ਹਾਂ ਦੇ ਦੁੱਖ-ਸੁੱਖ ਵਿੱਚ ਸ਼ਾਮਲ ਹੋਵੇਗੀ।

ਕਾਮਰੇਡ ਰੂੜਾ ਰਾਮ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਦਾਮਾਦ ਵਿੱਕੀ ਅਤੇ ਭਤੀਜੇ ਗਗਨਦੀਪ ਨੇ ਵਿਖਾਈ। ਅੰਤਮ ਸੰਸਕਾਰ ਮੌਕੇ ਕੁਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਸੰਦੀਪ ਅਰੋੜਾ, ਨੌਜਵਾਨ ਭਾਰਤ ਸਭਾ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਮਨਦੀਪ ਸਿੰਘ ਸਿੱਧੂ, ਸੀ ਪੀ ਆਈ ਤਹਿਸੀਲ ਸ਼ਾਹਕੋਟ ਦੇ ਆਗੂ ਸਵਰਨ ਸਿੰਘ ਭੋਏਪੁਰੀ, ਪਿਆਰਾ ਲਾਲ ਤੇ ਬੂੜਾ ਰਾਮ (ਦੋਵੇਂ ਭਰਾ ਮਰਹੂਮ ਕਾਮਰੇਡ ਰੂੜਾ ਰਾਮ), ਪੱਤਰਕਾਰ ਕੇਵਲ ਕ੍ਰਿਸ਼ਨ ਮੱਟੂ, ਸਾਬਕਾ ਸਰਪੰਚ ਹਰਭਜਨ ਸਿੰਘ ਖਾਲਸਾ, ਰਾਜ ਕੁਮਾਰ ਸੇਵਾ-ਮੁਕਤ ਬੈਂਕ ਮੈਨੇਜਰ, ਸੀ ਪੀ ਆਈ (ਐੱਮ) ਦੇ ਆਗੂ ਕਾਮਰੇਡ ਵਰਿੰਦਰ ਪਾਲ ਸਿੰਘ ਕਾਲਾ, ਆਰ ਐੱਮ ਪੀ ਆਈ ਦੇ ਆਗੂ ਕਾਮਰੇਡ ਨਿਰਮਲ ਸਿੰਘ ਮਲਸੀਆਂ, ਦਿਹਾਤੀ ਮਜ਼ਦੂਰ ਸਭਾ ਦੇ ਆਗੂ ਕਾਮਰੇਡ ਤਾਰਾ ਸਿੰਘ ਥੰਮੂਵਾਲ, ਨਵਦੀਪ ਸਿੰਘ ਬਾਜ, ਵਰਿੰਦਰ ਸਿੰਘ, ਪ੍ਰੇਮ ਲਾਲ, ਸਵਿੰਦਰ ਸਿੰਘ, ਅਵਤਾਰ ਸਿੰਘ ਐੱਮ ਡੀ, ਮਾਸਟਰ ਰਜਿੰਦਰ ਸਿੰਘ ਥਿੰਦ ਅਤੇ ਕਰਨੈਲ ਸਿੰਘ ਆਦਿ ਮੌਜੂਦ ਸਨ। ਪਰਵਾਰਕ ਸੂਤਰਾਂ ਅਨੁਸਾਰ ਕਾਮਰੇਡ ਰੂੜਾ ਰਾਮ ਨਮਿਤ ਪਾਠ ਦਾ ਭੋਗ ਤੇ ਸ਼ਰਧਾਂਜਲੀ ਸਮਾਗਮ 27 ਮਈ ਨੂੰ ਪਰਜੀਆਂ ਦੇ ਗੁਰਦਵਾਰਾ ਸਾਹਿਬ ਵਿੱਚ ਹੋਵੇਗਾ।

# ਤੇਲ ਦੀਆਂ ਕੀਮਤਾਂ 'ਚ ਮੁੜ ਵਾਧਾ

**ਨਵੀਂ ਦਿੱਲੀ (ਨ ਜ਼ ਸ)**- ਦੇਸ਼ ਭਰ ਵਿੱਚ ਆਮ ਜਨਤਾ ਨੂੰ ਮਹਿੰਗਾਈ ਦਾ ਇੱਕ ਹੋਰ ਵੱਡਾ ਝਟਕਾ ਦਿੰਦਿਆਂ ਤੇਲ ਕੰਪਨੀਆਂ ਨੇ ਮੰਗਲਵਾਰ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਔਸਤਨ 90 ਪੈਸੇ ਪ੍ਰਤੀ ਲੀਟਰ ਦਾ ਵਾਧਾ ਕਰ ਦਿੱਤਾ ਹੈ। ਇਸ ਵਾਧੇ ਤੋਂ ਬਾਅਦ ਰਾਜਧਾਨੀ ਦਿੱਲੀ ਵਿੱਚ ਪੈਟਰੋਲ 87 ਪੈਸੇ ਦੀ ਤੇਜ਼ੀ ਨਾਲ 97.77 ਰੁਪਏ ਤੋਂ ਵਧ ਕੇ 98.64 ਰੁਪਏ ਪ੍ਰਤੀ ਲੀਟਰ ਹੋ ਗਿਆ ਹੈ, ਜਦੋਂ ਕਿ ਡੀਜ਼ਲ 91 ਪੈਸੇ ਮਹਿੰਗਾ ਹੋ ਕੇ 91.58 ਰੁਪਏ ਪ੍ਰਤੀ ਲੀਟਰ 'ਤੇ ਪਹੁੰਚ ਗਿਆ ਹੈ। ਮੁੰਬਈ ਵਿੱਚ ਪੈਟਰੋਲ 91 ਪੈਸੇ ਦੇ ਵਾਧੇ ਨਾਲ 107.59 ਰੁਪਏ ਅਤੇ ਡੀਜ਼ਲ 94 ਪੈਸੇ ਦੀ ਮਾਰ ਨਾਲ 94.08 ਰੁਪਏ ਪ੍ਰਤੀ ਲੀਟਰ ਵਿਕ ਰਿਹਾ ਹੈ। ਕੋਲਕਾਤਾ ਵਿੱਚ ਸਭ ਤੋਂ ਵੱਧ 96 ਪੈਸੇ ਦਾ ਵਾਧਾ ਦਰਜ ਕੀਤਾ ਗਿਆ, ਜਿੱਥੇ ਪੈਟਰੋਲ ਦੀ ਕੀਮਤ 109.70 ਰੁਪਏ ਹੋ ਗਈ ਹੈ। ਇਸੇ ਤਰ੍ਹਾਂ ਚੇਨਈ ਵਿੱਚ ਪੈਟਰੋਲ 104.49 ਰੁਪਏ ਅਤੇ ਜੈਪੁਰ ਵਿੱਚ 108.91 ਰੁਪਏ ਪ੍ਰਤੀ ਲੀਟਰ ਦੇ ਪੱਧਰ ਨੂੰ ਛੂਹ ਗਿਆ ਹੈ।

# ਨਾਰਵੇ ਦੀ ਨਾਮਾਨਿਗਾਰ ਦਾ ਪ੍ਰਧਾਨ ਮੰਤਰੀ ਮੋਦੀ ਨਾਲ ਟਾਕਰਾ



**ਨਵੀਂ ਦਿੱਲੀ (ਨ ਜ਼ ਸ)**

ਨਾਰਵੇ ਦੀ ਪੱਤਰਕਾਰ ਹੈਲੇ ਲਿੰਗ ਦੇ ਇਸ ਦੋਸ਼ ਨੇ ਭਾਰਤ ਵਿੱਚ ਪ੍ਰੈੱਸ ਦੀ ਆਜ਼ਾਦੀ, ਲੋਕਤੰਤਰ ਅਤੇ ਮੀਡੀਆ ਪਹੁੰਚ ਬਾਰੇ ਇੱਕ ਵਿਆਪਕ ਬਹਿਸ ਸ਼ੁਰੂ ਕਰ ਦਿੱਤੀ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਨਾਰਵੇ ਫੇਰੀ ਦੌਰਾਨ ਉਸ ਦੇ ਸਵਾਲ ਦਾ ਜਵਾਬ ਦੇਣ ਦੀ ਜ਼ਹਿਮਤ ਨਹੀਂ ਉਠਾਈ। ਲਿੰਗ, ਜੋ ਓਸਲੋ ਅਧਾਰਤ ਅਖਬਾਰ 'ਡਗਸਾਵਿਸਨ' ਲਈ ਕੰਮ ਕਰਦੀ ਹੈ, ਮੋਦੀ ਦੇ ਨਾਰਵੇ ਦੌਰੇ ਨੂੰ ਕਵਰ ਕਰਨ ਵਾਲੀ ਪ੍ਰੈੱਸ ਟੁਕੜੀ ਦਾ ਹਿੱਸਾ ਸੀ। ਸਮਾਗਮ ਤੋਂ ਬਾਅਦ ਉਸ ਨੇ ਐੱਕਸ 'ਤੇ ਪੋਸਟ ਕੀਤਾ ਕਿ ਉਹ ਹੈਰਾਨ ਨਹੀਂ ਹੋਈ ਕਿ ਭਾਰਤੀ ਪ੍ਰਧਾਨ ਮੰਤਰੀ ਮੋਦੀ ਨੇ ਉਸ ਦੇ ਸਵਾਲ ਦਾ ਜਵਾਬ ਨਹੀਂ ਦਿੱਤਾ।

ਰਿਪੋਰਟਰਜ਼ ਵਿਦਾਊਟ ਬਾਰਡਰਜ਼ ਵੱਲੋਂ ਜਾਰੀ ਕੀਤੇ ਗਏ ਨਵੀਨਤਮ ਵਿਸ਼ਵ ਪ੍ਰੈੱਸ ਆਜ਼ਾਦੀ ਸੂਚਕ ਅੰਕ ਦਾ ਹਵਾਲਾ ਦਿੰਦੇ ਹੋਏ, ਲਿੰਗ ਨੇ ਕਿਹਾ, 'ਵਿਸ਼ਵ ਪ੍ਰੈੱਸ ਆਜ਼ਾਦੀ ਸੂਚਕ ਅੰਕ ਵਿੱਚ ਨਾਰਵੇ ਪਹਿਲੇ ਸਥਾਨ 'ਤੇ ਹੈ, ਭਾਰਤ 157ਵੇਂ ਸਥਾਨ 'ਤੇ ਹੈ, ਜੋ ਫਲਸਤੀਨ, ਅਮੀਰਾਤ ਅਤੇ ਕਿਊਬਾ ਨਾਲ ਮੁਕਾਬਲਾ ਕਰ ਰਿਹਾ ਹੈ। ਇਹ ਸਾਡਾ ਕੰਮ ਹੈ ਕਿ ਅਸੀਂ ਜਿਨ੍ਹਾਂ ਸ਼ਕਤੀਆਂ ਨਾਲ ਸਹਿਯੋਗ ਕਰਦੇ ਹਾਂ, ਉਨ੍ਹਾਂ 'ਤੇ ਸਵਾਲ ਉਠਾਈਏ।'

ਭਾਰਤ ਦੇ ਵਿਦੇਸ਼ ਮੰਤਰਾਲੇ ਵੱਲੋਂ ਇੱਕ ਅਧਿਕਾਰਤ ਬ੍ਰੀਫਿੰਗ ਦੌਰਾਨ ਵਿਵਾਦ ਹੋਰ ਵਧ ਗਿਆ, ਜਿੱਥੇ ਲਿੰਗ ਨੇ ਫਿਰ ਤੋਂ ਭਾਰਤ ਵਿੱਚ ਲੋਕਤੰਤਰ, ਮੀਡੀਆ ਆਜ਼ਾਦੀ ਅਤੇ ਮਨੁੱਖੀ ਅਧਿਕਾਰਾਂ ਨਾਲ ਸੰਬੰਧਤ ਸਵਾਲ ਉਠਾਏ। ਉਸ ਨੇ ਪੁੱਛਿਆ ਕਿ ਅੰਤਰਰਾਸ਼ਟਰੀ ਭਾਈਚਾਰੇ ਨੂੰ ਭਾਰਤ 'ਤੇ ਭਰੋਸਾ ਕਿਉਂ ਕਰਨਾ ਚਾਹੀਦਾ ਹੈ ਅਤੇ ਕੀ ਮੋਦੀ ਪੱਤਰਕਾਰਾਂ ਦੇ ਅਲੋਚਨਾਤਮਕ ਸਵਾਲਾਂ ਦਾ ਜਵਾਬ ਦੇਣਾ ਸ਼ੁਰੂ ਕਰ ਦੇਣਗੇ। ਉਸ ਦੀਆਂ ਟਿੱਪਣੀਆਂ ਦਾ ਵਿਦੇਸ਼ ਮੰਤਰਾਲੇ ਦੇ ਸਕੱਤਰ (ਪੱਛਮੀ) ਸਿਬੀ ਜਾਰਜ ਨੇ ਤਿੱਖਾ ਜਵਾਬ ਦਿੰਦਿਆਂ

• ਬਾਕੀ ਸਫਾ 2 'ਤੇ

# ਟਰੰਪ ਨੂੰ ਖੁਸ਼ ਕਰਨ ਵਾਲੀਆਂ ਨੀਤੀਆਂ ਭਾਰਤ ਨੂੰ ਤਬਾਹੀ ਵੱਲ ਧੱਕ ਰਹੀਆਂ : ਆਪ

**ਚੰਡੀਗੜ੍ਹ, (ਗੁਰਜੀਤ ਬਿੱਲਾ/ ਸੁਰਜੀਤ ਸੁਮਨ)**

ਆਮ ਆਦਮੀ ਪਾਰਟੀ ਪੰਜਾਬ ਦੇ ਸੀਨੀਅਰ ਆਗੂਆਂ ਨੇ ਮੰਗਲਵਾਰ ਤੇਲ ਦੀਆਂ ਕੀਮਤਾਂ ਵਿੱਚ ਵਾਧੇ ਨੂੰ ਲੈ ਕੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਤਿੱਖੀ ਆਲੋਚਨਾ ਕੀਤੀ ਅਤੇ ਕਿਹਾ ਕਿ ਮੋਦੀ ਸਰਕਾਰ ਦੀਆਂ ਨਾਕਾਮ ਵਿਦੇਸ਼ੀ ਅਤੇ ਘਰੇਲੂ ਨੀਤੀਆਂ ਨੇ ਦੇਸ਼ ਨੂੰ ਮਹਿੰਗਾਈ ਦੇ ਇੱਕ ਬੇਮਿਸਾਲ ਸੰਕਟ ਵੱਲ ਧੱਕ ਦਿੱਤਾ ਹੈ।ਪੰਜਾਬ ਦੇ 'ਆਪ' ਪ੍ਰਧਾਨ ਅਮਨ ਅਰੋੜਾ ਨੇ ਕਿਹਾ ਕਿ ਭਾਰਤ ਨੂੰ 'ਵਿਸ਼ਵ ਗੁਰੂ' ਬਣਾਉਣ ਦੇ ਵੱਡੇ-ਵੱਡੇ ਦਾਅਵੇ ਕਰਨ ਦੇ ਬਾਵਜੂਦ ਮੋਦੀ ਸਰਕਾਰ ਦੇਸ਼ ਦੇ ਊਰਜਾ ਭਵਿੱਖ ਨੂੰ ਸੁਰੱਖਿਅਤ ਕਰਨ ਵਿੱਚ ਅਸਫਲ ਰਹੀ ਹੈ। ਪਿਛਲੇ ਇੱਕ ਦਹਾਕੇ ਵਿੱਚ ਤੇਲ ਦੀ ਖਪਤ ਵਿੱਚ ਭਾਰੀ ਵਾਧਾ ਹੋਇਆ ਹੈ, ਪਰ ਘਰੇਲੂ ਉਤਪਾਦਨ ਅਤੇ ਊਰਜਾ ਸੁਰੱਖਿਆ ਨੂੰ ਮਜ਼ਬੂਤ ?ਕਰਨ ਦੀ ਬਜਾਏ ਕੇਂਦਰ ਨੇ ਦਰਾਮਦ 'ਤੇ ਭਾਰਤ ਦੀ ਨਿਰਭਰਤਾ ਵਧਾ ਦਿੱਤੀ ਹੈ। ਇਹ ਕੇਂਦਰ ਸਰਕਾਰ ਦੀਆਂ ਘਰੇਲੂ ਅਤੇ ਕੌਮਾਂਤਰੀ ਨੀਤੀਆਂ ਦੇ ਪੂਰੀ ਤਰ੍ਹਾਂ ਫੇਲ੍ਹ ਹੋਣ ਤੋਂ ਇਲਾਵਾ ਕੁਝ ਨਹੀਂ ਹੈ। 'ਆਪ' ਪੰਜਾਬ ਦੇ ਮੁੱਖ ਬੁਲਾਰੇ ਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਮੋਦੀ ਸਰਕਾਰ ਨੇ ਅਮਰੀਕਾ ਨਾਲ ਵਪਾਰਕ ਅਤੇ ਤੇਲ ਸਮਝੌਤਿਆਂ ਰਾਹੀਂ ਭਾਰਤ ਦਾ ਆਰਥਿਕ ਕੰਟਰੋਲ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਹੱਥਾਂ ਵਿੱਚ ਸੌਂਪ ਦਿੱਤਾ ਹੈ। ਮੋਦੀ ਸਰਕਾਰ ਨੇ ਅਮਰੀਕਾ ਅੱਗੇ ਗੋਡੇ ਟੇਕ ਕੇ ਭਾਰਤ ਨੂੰ ਆਰਥਿਕ ਤੌਰ 'ਤੇ ਕਮਜ਼ੋਰ ਕਰ ਦਿੱਤਾ ਹੈ। ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਮੋਦੀ ਨੇ ਟਰੰਪ ਨੂੰ ਭਾਰਤ ਦਾ 'ਸਰਪੰਚ' ਬਣਾ ਦਿੱਤਾ ਹੈ। 'ਆਪ' ਦੇ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਭਾਜਪਾ ਸਰਕਾਰ ਨੇ ਸਿਆਸੀ ਲਾਹੇ ਲਈ ਚੋਣਾਂ ਦੌਰਾਨ ਤੇਲ ਦੀਆਂ ਕੀਮਤਾਂ ਦੇ ਵਾਧੇ ਨੂੰ ਦਬਾ ਕੇ ਰੱਖਿਆ, ਪਰ ਹੁਣ ਸੱਚਾਈ ਸਾਹਮਣੇ ਆ ਰਹੀ ਹੈ।

# ਉਮਰ ਖਾਲਿਦ ਨੂੰ ਨਹੀਂ ਮਿਲੀ ਰਾਹਤ

**ਨਵੀਂ ਦਿੱਲੀ (ਨ ਜ਼ ਸ)**- ਜੇ ਐੱਨ ਯੂ ਦੇ ਵਿਦਿਆਰਥੀ ਕਾਰਕੁਨ ਉਮਰ ਖਾਲਿਦ ਵੱਲੋਂ ਆਪਣੀ ਬਿਮਾਰ ਮਾਂ ਦੀ ਦੇਖਭਾਲ ਕਰਨ ਅਤੇ ਚਾਚੇ ਦੀ ਮੌਤ ਤੋਂ ਬਾਅਦ ਦੀਆਂ ਰਸਮਾਂ ਵਿੱਚ ਹਿੱਸਾ ਲੈਣ ਲਈ ਅੰਤਰਮ ਜ਼ਮਾਨਤ ਦੀ ਦਿੱਤੀ ਗਈ ਅਰਜ਼ੀ ਦਿੱਲੀ ਦੀ ਕੜਕੜਡੂਮਾ ਕੋਰਟ ਦੇ ਐਡੀਸ਼ਨਲ ਸੈਸ਼ਨ ਜੱਜ ਸਮੀਰ ਬਾਜਪਾਈ ਨੇ ਮੰਗਲਵਾਰ ਰੱਦ ਕਰ ਦਿੱਤੀ। ਉਮਰ ਖਾਲਿਦ 'ਤੇ 2020 ਦੇ ਦੰਗਿਆਂ ਦੇ ਮਾਸਟਰਮਾਈਂਡ ਹੋਣ ਦਾ ਦੋਸ਼ ਲਗਾਇਆ ਗਿਆ ਸੀ, ਜਿਸ ਵਿੱਚ ਉੱਤਰ-ਪੂਰਬੀ ਦਿੱਲੀ ਵਿੱਚ 53 ਲੋਕ ਮਾਰੇ ਗਏ ਸਨ ਅਤੇ 700 ਤੋਂ ਵੱਧ ਜ਼ਖਮੀ ਹੋਏ ਸਨ। ਇਹ ਹਿੰਸਾ ਨਾਗਰਿਕਤਾ (ਸੋਧ) ਕਾਨੂੰਨ ਅਤੇ ਰਾਸ਼ਟਰੀ ਨਾਗਰਿਕ ਰਜਿਸਟਰ ਵਿਰੁੱਧ ਵਿਆਪਕ ਵਿਰੋਧ ਪ੍ਰਦਰਸ਼ਨਾਂ ਦੌਰਾਨ ਭੜਕੀ ਸੀ। ਉਮਰ ਖਾਲਿਦ 13 ਸਤੰਬਰ, 2020 ਤੋਂ ਹਿਰਾਸਤ ਵਿੱਚ ਹੈ। ਇਹ ਤਾਜ਼ਾ ਝਟਕਾ ਉਮਰ ਖਾਲਿਦ ਲਈ ਉਮੀਦ ਦੀ ਕਿਰਨ ਉਭਰਨ ਤੋਂ ਇੱਕ ਦਿਨ ਬਾਅਦ ਆਇਆ ਹੈ, ਕਿਉਂਕਿ ਸੁਪਰੀਮ ਕੋਰਟ ਨੇ ਸੋਮਵਾਰ ਹੀ 5 ਜਨਵਰੀ ਦੇ ਆਪਣੇ ਫੈਸਲੇ ਦੀ ਆਲੋਚਨਾ ਕੀਤੀ ਸੀ, ਜਿਸ ਵਿੱਚ ਉਮਰ ਖਾਲਿਦ ਨੂੰ ਜ਼ਮਾਨਤ ਦੇਣ ਤੋਂ ਇਨਕਾਰ ਕੀਤਾ ਗਿਆ ਸੀ। ਸੁਪਰੀਮ ਕੋਰਟ ਦੀ ਦੋ ਮੈਂਬਰੀ ਬੈਂਚ ਨੇ ਜ਼ੋਰ ਦੇ ਕੇ ਕਿਹਾ ਸੀ ਕਿ ਗੈਰ-ਕਾਨੂੰਨੀ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਹਾਲਤ ਅਮਨ-ਕਾਨੂੰਨ ਦੀ ਠੀਕ ਨਹੀਂਉਂ,
ਸੁਣ ਰਹੀ ਸਾਰੇ ਪੰਜਾਬ ਦੀ 'ਵਾਜ਼ ਮੀਆਂ।
ਦੋਸ਼ੀ ਚੁਸਤ ਤੇ ਸੁਸਤ ਸਰਕਾਰ ਲੱਗਦੀ,
ਕਹਿਣ ਪਏ ਲੋਕ ਇਹ ਬੇਲਿਹਾਜ਼ ਮੀਆਂ।
ਲੀਡਰ ਜੁੜੇ ਕਈ ਨਾਲ ਅਪਰਾਧੀਆਂ ਦੇ,
ਇਨ੍ਹਾਂ ਚਰਚਿਆਂ ਦਾ ਕੀ ਹੈ ਰਾਜ਼ ਮੀਆਂ।
ਸਰਕਾਰ ਬਦਲੀ ਤੋਂ ਆਗੂ ਉਹੀ ਮੂਹਰੇ,
ਸੁਰਾਂ ਮੇਲ ਲੈਂਦਾ ਏ ਜਿੱਦਾਂ ਸਾਜ਼ ਮੀਆਂ।
ਇਹੀਉ ਚੇਨ ਜੇ ਇੰਜ ਹੀ ਬਣੀ ਰਹਿਣੀ,
ਭਲਾ ਹੋਣ ਦੀ ਕਿਹੋ ਜਿਹੀ ਆਸ ਮੀਆਂ।
ਅਗਲੀ ਚੋਣ ਦਾ ਰਹਿੰਦਾ ਹੈ ਸਮਾਂ ਥੋੜ੍ਹਾ,
ਦਿਉਗੇ ਲੋਕਾਂ ਨੂੰ ਕਿੰਜ ਧਰਵਾਸ ਮੀਆਂ।

-ਤੀਸ ਮਾਰ ਖਾਂ

# ਖਤਰਨਾਕ ਹੱਦ ਤੱਕ ਵਧ ਸਕਦਾ ਹੈ ਤਾਪਮਾਨ

**ਚੰਡੀਗੜ੍ਹ (ਨ ਜ਼ ਸ)**-ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਦਿੱਲੀ ਵਿੱਚ ਮੰਗਲਵਾਰ ਦੀ ਸਵੇਰ ਆਮ ਨਾਲੋਂ ਜ਼ਿਆਦਾ ਗਰਮ ਰਹੀ। ਭਾਰਤੀ ਮੌਸਮ ਵਿਭਾਗ ਨੇ ਉੱਤਰੀ ਭਾਰਤ ਦੇ ਵੱਡੇ ਹਿੱਸੇ ਵਿੱਚ ਲੂ ਨੂੰ ਲੈ ਕੇ 'ਯੈਲੋ' ਅਲਰਟ ਜਾਰੀ ਕੀਤਾ ਹੈ ਅਤੇ ਚੇਤਾਵਨੀ ਦਿੱਤੀ ਹੈ ਕਿ ਅਗਲੇ ਕੁਝ ਦਿਨਾਂ ਤੱਕ ਤਾਪਮਾਨ ਖ਼ਤਰਨਾਕ ਹੱਦ ਤੱਕ ਪਹੁੰਚ ਸਕਦਾ ਹੈ। ਮੌਸਮ ਵਿਭਾਗ ਮੁਤਾਬਕ 24-25 ਮਈ ਤੱਕ ਲੂ ਚੱਲਣ ਦੀ ਸੰਭਾਵਨਾ ਹੈ, ਜਿਸ ਦੌਰਾਨ ਕਈ ਜ਼ਿਲ੍ਹਿਆਂ ਵਿੱਚ ਪਾਰਾ 42 ਤੋਂ 45 ਦੇ ਵਿਚਕਾਰ ਰਹਿ ਸਕਦਾ ਹੈ। ਸੁੱਕੀਆਂ ਪੱਛਮੀ-ਉੱਤਰੀ ਹਵਾਵਾਂ ਅਤੇ ਮੀਂਹ ਨਾ ਪੈਣ ਕਾਰਨ ਮੈਦਾਨੀ ਇਲਾਕਿਆਂ ਵਿੱਚ ਗਰਮੀ ਦਾ ਪ੍ਰਕੋਪ ਹੋਰ ਵਧ ਰਿਹਾ ਹੈ। ਇਸ ਵਾਰ ਗਰਮੀ ਦਾ ਇਹ ਦੌਰ ਸਿਰਫ਼ ਦਿਨ ਦੇ ਉੱਚੇ ਤਾਪਮਾਨ ਕਰਕੇ ਹੀ ਚਿੰਤਾਜਨਕ ਨਹੀਂ ਹੈ, ਬਲਕਿ 'ਗਰਮ ਰਾਤਾਂ' ਦੇ ਲਗਾਤਾਰ ਬਣੇ ਰਹਿਣ ਕਾਰਨ ਵੀ ਹੈ। ਮੌਸਮ ਮਾਹਿਰਾਂ ਦਾ ਕਹਿਣਾ ਹੈ ਕਿ ਹੁਣ ਰਾਤਾਂ ਨੂੰ ਵੀ ਲੋੜੀਂਦੀ ਠੰਢਕ ਨਹੀਂ ਮਿਲ ਰਹੀ, ਜਿਸ ਨਾਲ ਸਰੀਰ ਵਿੱਚ ਪਾਣੀ ਦੀ ਕਮੀ, ਥਕਾਵਟ ਅਤੇ ਲੂ ਲੱਗਣ ਦਾ ਖ਼ਤਰਾ ਵਧ ਗਿਆ ਹੈ। ਇਸ ਦਾ ਸਭ ਤੋਂ ਵੱਧ ਅਸਰ ਬੱਚਿਆਂ, ਬਜ਼ੁਰਗਾਂ ਅਤੇ ਬਾਹਰ ਕੰਮ ਕਰਨ ਵਾਲੇ ਮਜ਼ਦੂਰਾਂ 'ਤੇ ਪੈ ਰਿਹਾ ਹੈ।

# ਟੌਮੀ ਪ੍ਰੇਮੀਆਂ ਨੂੰ ਝਟਕਾ, ਸਾਰੀਆਂ ਪਟੀਸ਼ਨਾਂ ਖਾਰਜ



**ਨਵੀਂ ਦਿੱਲੀ (ਨ ਜ਼ ਸ)**

ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਅਵਾਰਾ ਕੁੱਤਿਆਂ ਨੂੰ ਦੂਜੀ ਥਾਂ ਭੇਜਣ ਅਤੇ ਉਨ੍ਹਾਂ ਦੀ ਨਸਬੰਦੀ ਬਾਰੇ ਅਦਾਲਤ ਦੇ ਪੁਰਾਣੇ ਹੁਕਮਾਂ ਨੂੰ ਸੋਧਣ ਜਾਂ ਵਾਪਸ ਲੈਣ ਦੀਆਂ ਸਾਰੀਆਂ ਅਰਜ਼ੀਆਂ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ ਹੈ। ਅਦਾਲਤ ਨੇ ਕਿਹਾ ਕਿ ਖ਼ਤਰਨਾਕ ਅਤੇ ਬਿਮਾਰ ਕੁੱਤਿਆਂ ਨੂੰ ਟੀਕੇ ਲਗਾ ਕੇ ਮਾਰਿਆ ਜਾ ਸਕਦਾ ਹੈ। ਮਨੁੱਖੀ ਜਾਨਾਂ ਦੀ ਸੁਰੱਖਿਆ ਬਹੁਤ ਮਹੱਤਵਪੂਰਨ ਹੈ। ਜੋ ਵੀ ਅਧਿਕਾਰੀ ਇਨ੍ਹਾਂ ਹਦਾਇਤਾਂ ਦੀ ਉਲੰਘਣਾ ਕਰਦਾ ਹੈ, ਉਸ 'ਤੇ ਮਾਣਹਾਨੀ ਦਾ ਦੋਸ਼ ਲਗਾਇਆ ਜਾਣਾ ਚਾਹੀਦਾ ਹੈ। ਅਦਾਲਤ ਨੇ ਇਹ ਵੀ ਕਿਹਾ ਕਿ ਰਾਜਸਥਾਨ ਦੇ ਸ੍ਰੀਗੰਗਾਨਗਰ ਸ਼ਹਿਰ ਵਿਚ ਹੀ ਇਕ ਮਹੀਨੇ ਦੇ ਅੰਦਰ 1,084 ਕੁੱਤਿਆਂ ਦੇ ਕੱਟਣ ਦੀਆਂ ਰਿਪੋਰਟਾਂ ਆਈਆਂ। ਰਿਪੋਰਟਾਂ ਦਰਸਾਉਂਦੀਆਂ ਹਨ ਕਿ ਛੋਟੇ ਬੱਚਿਆਂ ਨੂੰ ਗੰਭੀਰ ਸੱਟਾਂ ਲੱਗੀਆਂ, ਜਿਨ੍ਹਾਂ ਵਿਚ ਚਿਹਰੇ 'ਤੇ ਡੂੰਘੇ ਜ਼ਖ਼ਮ ਵੀ ਸ਼ਾਮਲ ਹਨ। ਤਾਮਿਲਨਾਡੂ ਵਿਚ ਸਾਲ ਦੇ ਪਹਿਲੇ ਚਾਰ ਮਹੀਨਿਆਂ ਵਿਚ ਹੀ ਲੱਗਭੱਗ 200,000 ਕੁੱਤਿਆਂ ਦੇ ਕੱਟਣ ਦੀਆਂ ਰਿਪੋਰਟਾਂ ਆਈਆਂ। ਜਸਟਿਸ ਵਿਕਰਮ ਨਾਥ, ਸੰਦੀਪ ਮਹਿਤਾ ਅਤੇ ਐੱਨ.ਵੀ. ਅੰਜਾਰੀਆ ਦੀ ਬੈਂਚ ਨੇ ਮਾਮਲੇ ਦੀ ਸੁਣਵਾਈ ਕੀਤੀ। ਆਖਰੀ ਸੁਣਵਾਈ 29 ਜਨਵਰੀ ਨੂੰ ਹੋਈ ਸੀ, ਜਿੱਥੇ ਬੈਂਚ ਨੇ ਆਪਣਾ ਫ਼ੈਸਲਾ ਸੁਰੱਖਿਅਤ ਰੱਖ ਲਿਆ ਸੀ। ਸੁਣਵਾਈ ਦੌਰਾਨ ਰਾਜਾਂ, ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ ਅਤੇ ਐਨੀਮਲ ਵੈੱਲਫੇਅਰ ਬੋਰਡ ਆਫ਼ ਇੰਡੀਆ ਵੱਲੋਂ ਦਲੀਲਾਂ ਪੇਸ਼ ਕੀਤੀਆਂ ਗਈਆਂ ਸਨ। ਅਦਾਲਤ ਨੇ ਕਿਹਾ ਕਿ ਜੇਕਰ ਕਿਸੇ ਅਵਾਰਾ ਕੁੱਤੇ ਦੇ ਹਮਲੇ ਨਾਲ ਸੱਟ ਜਾਂ ਮੌਤ ਹੁੰਦੀ ਹੈ, ਤਾਂ ਜ਼ਿੰਮੇਵਾਰੀ ਨਗਰ ਨਿਗਮ ਦੇ ਨਾਲ-ਨਾਲ ਕੁੱਤਿਆਂ ਨੂੰ ਖੁਆਉਣ ਵਾਲਿਆਂ 'ਤੇ ਵੀ ਤੈਅ ਕੀਤੀ ਜਾ ਸਕਦੀ ਹੈ। ਅਦਾਲਤ ਨੇ ਕਿਹਾ ਕਿ ਸਾਡੀਆਂ ਟਿੱਪਣੀਆਂ ਨੂੰ ਮਜ਼ਾਕ ਵਜੋਂ ਲੈਣਾ ਗਲਤ ਹੋਵੇਗਾ। ਅਸੀਂ ਗੰਭੀਰ ਹਾਂ। ਅਦਾਲਤ ਜ਼ਿੰਮੇਵਾਰੀ ਤੈਅ ਕਰਨ ਤੋਂ ਨਹੀਂ ਝਿਜਕੇਗੀ, ਕਿਉਂਕਿ ਮੌਜੂਦਾ ਪ੍ਰਣਾਲੀ ਨੇ ਸਥਾਨਕ ਪ੍ਰਸ਼ਾਸਨ ਦੀ ਅਸਫ਼ਲਤਾ ਨੂੰ ਉਜਾਗਰ ਕਰ ਦਿੱਤਾ ਹੈ। ਅਦਾਲਤ ਨੇ ਹਾਈਵੇਅ ਅਤੇ ਐਕਸਪ੍ਰੈੱਸਵੇਅ ਤੋਂ ਸਾਰੇ ਲਾਵਾਰਿਸ ਪਸ਼ੂਆਂ ਅਤੇ ਹੋਰ ਜਾਨਵਰਾਂ ਨੂੰ ਵੀ ਤੁਰੰਤ ਹਟਾਉਣ ਦੇ ਨਿਰਦੇਸ਼ ਦਿੱਤੇ ਹਨ ਤਾਂ ਜੋ ਸੜਕ ਹਾਦਸਿਆਂ ਨੂੰ ਰੋਕਿਆ ਜਾ ਸਕੇ।

# ਅੱਜ 27 ਹਜ਼ਾਰ ਮੈਡੀਕਲ ਸਟੋਰ ਰਹਿਣਗੇ ਬੰਦ

**ਜਲੰਧਰ (ਨ ਜ਼ ਸ)**- ਪੰਜਾਬ ਭਰ ਵਿੱਚ ਜ਼ਰੂਰੀ ਦਵਾਈਆਂ ਦੀ ਉਪਲੱਬਧਤਾ 20 ਮਈ (ਬੁੱਧਵਾਰ) ਨੂੰ ਵੱਡੇ ਪੱਧਰ 'ਤੇ ਪ੍ਰਭਾਵਿਤ ਹੋਣ ਦੀ ਸੰਭਾਵਨਾ ਹੈ ਕਿਉਂਕਿ ਆਲ ਇੰਡੀਆ ਆਰਗੇਨਾਈਜ਼ੇਸ਼ਨ ਆਫ਼ ਕੈਮਿਸਟਸ ਐਂਡ ਡਰੱਗਿਸਟਸ ਵੱਲੋਂ ਦੇਸ਼-ਵਿਆਪੀ ਹੜਤਾਲ ਦੇ ਦਿੱਤੇ ਸੱਦੇ ਦੇ ਸਮਰਥਨ ਵਿੱਚ ਕਰੀਬ 27,000 ਰਿਟੇਲ ਅਤੇ ਹੋਲਸੇਲ ਕੈਮਿਸਟ ਆਪਣੀਆਂ ਦੁਕਾਨਾਂ ਬੰਦ ਰੱਖਣ ਜਾ ਰਹੇ ਹਨ। ਇਹ ਵਿਰੋਧ ਪ੍ਰਦਰਸ਼ਨ ਮੁੱਖ ਤੌਰ 'ਤੇ ਦਵਾਈਆਂ ਦੀ ਆਨਲਾਈਨ ਵਿਕਰੀ ਅਤੇ ਈ-ਫਾਰਮੇਸੀ ਪਲੇਟਫਾਰਮਾਂ ਵੱਲੋਂ ਦਿੱਤੀ ਜਾਣ ਵਾਲੀ ਭਾਰੀ ਛੋਟ ਦੇ ਖ਼ਿਲਾਫ਼ ਹੈ । ਪੰਜਾਬ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਸੁਰਿੰਦਰ ਦੁੱਗਲ ਨੇ ਦੱਸਿਆ ਕਿ ਇਹ ਹੜਤਾਲ ਬੁੱਧਵਾਰ ਰਾਤ 12 ਵਜੇ ਤੋਂ ਵੀਰਵਾਰ ਰਾਤ 12 ਵਜੇ ਤੱਕ ਲਾਗੂ ਰਹੇਗੀ। ਲੁਧਿਆਣਾ ਡਿਸਟ੍ਰਿਕਟ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਜੀ.ਐੱਸ. ਚਾਵਲਾ ਨੇ ਦੱਸਿਆ ਕਿ ਬੁੱਧਵਾਰ ਨੂੰ ਲੁਧਿਆਣਾ ਵਿੱਚ ਕਰੀਬ 3,253 ਰਿਟੇਲ ਅਤੇ ਹੋਲਸੇਲ ਦਵਾਈਆਂ ਦੀਆਂ ਦੁਕਾਨਾਂ ਬੰਦ ਰਹਿਣਗੀਆਂ। ਜਲੰਧਰ ਰਿਟੇਲ ਕੈਮਿਸਟ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਸੰਜੇ ਸਹਿਗਲ ਨੇ ਦੱਸਿਆ ਕਿ ਸ਼ਹਿਰ ਦੇ ਸਭ ਤੋਂ ਵੱਡੇ ਹੋਲਸੇਲ ਫਾਰਮਾਸਿਊਟੀਕਲ ਹੱਬ, ਦਿਲਕੁਸ਼ਾ ਮਾਰਕੀਟ ਦੇ ਕੈਮਿਸਟਾਂ ਵੱਲੋਂ ਕੰਮਕਾਜ ਜਾਰੀ ਰੱਖਣ ਦੀ ਸੰਭਾਵਨਾ ਹੈ।

# ਅਫ਼ਸਰਸ਼ਾਹੀ 'ਆਪ' ਦੇ ਗੈਰ-ਕਾਨੂੰਨੀ ਹੁਕਮ ਮੰਨਣ ਤੋਂ ਗੁਰੇਜ਼ ਕਰੇ : ਰਵਨੀਤ ਬਿੱਟੂ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**- ਕੇਂਦਰੀ ਰੇਲਵੇ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਧੂਰੀ ਫ਼ੇਰੀ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਉਸ 'ਤੇ ਪ੍ਰਸ਼ਾਸਨਕ ਨਾਕਾਮੀ ਤੇ ਸਿਆਸੀ ਬਦਲਾਖੋਰੀ ਦੀ ਰਾਜਨੀਤੀ ਕਰਨ ਦਾ ਦੋਸ਼ ਲਾਇਆ।ਆਪਣੇ ਦੌਰੇ ਦੌਰਾਨ ਬੇਨੜਾ ਪਿੰਡ ਦੇ ਵਾਸੀਆਂ ਨੇ ਸ੍ਰੀ ਬਿੱਟੂ ਨੂੰ ਰਸਤੇ ਵਿੱਚ ਰੋਕ ਕੇ ਪਿੰਡ ਵਿੱਚ ਵਿਕਾਸ ਕਾਰਜਾਂ ਦੀ ਘਾਟ 'ਤੇ ਡੂੰਘੀ ਚਿੰਤਾ ਪ੍ਰਗਟਾਈ।ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣਨ ਤੋਂ ਬਾਅਦ ਰਵਨੀਤ ਬਿੱਟੂ ਨੇ ਜ਼ਿਲ੍ਹਾ ਪ੍ਰਸ਼ਾਸਨ ਤੇ ਸੰਬੰਧਤ ਅਧਿਕਾਰੀਆਂ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਪਿੰਡ ਵਿੱਚ ਵਿਕਾਸ ਕਾਰਜ ਸ਼ੁਰੂ ਕਰਨ ਲਈ 15 ਦਿਨਾਂ ਦਾ ਅਲਟੀਮੇਟਮ ਦਿੱਤਾ।ਉਨ੍ਹਾਂ ਕਿਹਾ ਕਿ ਜੇਕਰ ਪੰਦਰਾਂ ਦਿਨਾਂ ਦੇ ਅੰਦਰ-ਅੰਦਰ ਲਟਕਦੇ ਕੰਮ ਸ਼ੁਰੂ ਨਾ ਕੀਤੇ ਗਏ, ਤਾਂ ਭਾਰਤੀ ਜਨਤਾ ਪਾਰਟੀ ਖੁਦ ਅੱਗੇ ਵਧ ਕੇ ਇਹ ਵਿਕਾਸ ਕਾਰਜ ਆਪਣੇ ਵਸੀਲਿਆਂ ਤੋਂ ਸ਼ੁਰੂ ਕਰਵਾਏਗੀ। ਕੇਂਦਰੀ ਮੰਤਰੀ ਨੇ ਕਿਹਾ ਕਿ ਆਮ ਤੌਰ 'ਤੇ ਮੁੱਖ ਮੰਤਰੀ ਦਾ ਚੋਣ ਖੇਤਰ ਪੂਰੇ ਸੂਬੇ ਲਈ ਇੱਕ ਮਿਸਾਲ ਹੁੰਦਾ ਹੈ।ਨਗਰ ਕੌਂਸਲ ਚੋਣਾਂ ਵਿੱਚ ਅਜਿਹੇ ਖੇਤਰਾਂ ਵਿੱਚ ਅਕਸਰ ਬਿਨਾਂ ਮੁਕਾਬਲਾ ਨਤੀਜੇ ਦੇਖਣ ਨੂੰ ਮਿਲਦੇ ਹਨ, ਕਿਉਂਕਿ ਜਨਤਾ ਦਾ ਲੀਡਰਸ਼ਿਪ 'ਤੇ ਭਰੋਸਾ ਹੁੰਦਾ ਹੈ, ਪਰ ਧੂਰੀ ਵਿੱਚ ਸਾਰੀਆਂ ਸਿਆਸੀ ਪਾਰਟੀਆਂ ਦੇ ਉਮੀਦਵਾਰ ਮੈਦਾਨ ਵਿੱਚ ਹਨ, ਜੋ ਮੌਜੂਦਾ ਸਰਕਾਰ ਪ੍ਰਤੀ ਵਿਆਪਕ ਰੋਸ ਨੂੰ ਦਰਸਾਉਂਦਾ ਹੈ।ਸ੍ਰੀ ਬਿੱਟੂ ਨੇ ਨਗਰ ਕੌਂਸਲ ਚੋਣਾਂ ਦੌਰਾਨ ਭਾਜਪਾ ਦੇ ਤਿੰਨ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਰੱਦ ਕੀਤੇ ਜਾਣ ਦੀ ਸਖ਼ਤ ਨਿੰਦਾ ਕੀਤੀ ਤੇ



ਇਸ ਨੂੰ ਲੋਕਤੰਤਰ 'ਤੇ ਸਿੱਧਾ ਹਮਲਾ ਕਰਾਰ ਦਿੱਤਾ। ਉਨ੍ਹਾਂ ਜ਼ਿਲ੍ਹੇ ਤੇ ਹਲਕੇ ਦੀ ਅਫ਼ਸਰਸ਼ਾਹੀ ਨੂੰ ਸਪੱਸ਼ਟ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਉਹ ਸਿਆਸੀ ਦਬਾਅ ਹੇਠ ਆ ਕੇ ਕਾਨੂੰਨ ਦੀ ਦੁਰਵਰਤੋਂ ਕਰਨਗੇ, ਤਾਂ ਉਨ੍ਹਾਂ ਨੂੰ ਵੀ ਇਸ ਦੇ ਨਤੀਜੇ ਭੁਗਤਣੇ ਪੈਣਗੇ।ਧੂਰੀ ਵਿੱਚ ਬਦਲਾਅ ਦਾ ਸੱਦਾ ਦਿੰਦਿਆਂ ਕੇਂਦਰੀ ਮੰਤਰੀ ਨੇ ਲੋਕਾਂ ਨੂੰ ਭਾਜਪਾ ਪੱਖੀ ਨਗਰ ਕੌਂਸਲ ਬਣਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਉਹ ਭਾਜਪਾ ਦੀ ਨਗਰ ਕੌਂਸਲ ਬਣਾਉਣ ਤਾਂ ਜੋ ਹਰੇਕ ਵਾਰਡ ਵਿੱਚ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕਾਰਜ ਕਰਵਾਏ ਜਾ ਸਕਣ। ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸਰਜੀਵਨ ਜਿੰਦਲ, ਹਲਕਾ ਧੂਰੀ ਤੋਂ ਸੀਨੀਅਰ ਆਗੂ ਪ੍ਰੋਫ਼ੈਸਰ ਉਂਕਾਰ ਸਿੰਘ ਸਿੱਧੂ, ਰਣਦੀਪ ਸਿੰਘ ਦਿਓਲ, ਪਰਦੀਪ ਗਰਗ, ਬਰਜੇਸ਼ਵਰ ਗੋਇਲ, ਮੰਡਲ ਪ੍ਰਧਾਨ ਅਸ਼ੀਸ਼ ਗਰਗ, ਐਡਵੋਕੇਟ ਅੰਕੁਰ ਜਿੰਦਲ, ਭੂਪੇਸ਼ ਜਿੰਦਲ, ਅਮਨਦੀਪ ਸਿੰਘ ਕਾਂਝਲਾ, ਰਮਨਦੀਪ ਸਿੰਘ ਖਹਿਰਾ, ਜਗਦੇਵ ਜਿੰਦਲ ਸਮੇਤ ਵੱਡੀ ਗਿਣਤੀ 'ਚ ਭਾਜਪਾ ਵਰਕਰ ਮੌਜੂਦ ਸਨ।

# ਨਸ਼ੀਲੇ ਪਦਾਰਥਾਂ ਸਮੇਤ 3 ਮੁਲਜ਼ਮ ਗ੍ਰਿਫ਼ਤਾਰ

**ਸੰਗਰੂਰ/ਮੂਨਕ (ਪ੍ਰਵੀਨ ਸਿੰਘ)**- ਡਾ: ਰਵਜੋਤ ਗਰੇਵਾਲ ਐੱਸ.ਐੱਸ.ਪੀ. ਸੰਗਰੂਰ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ ਸਬ ਡਵੀਜ਼ਨ ਮੂਨਕ ਪੁਲਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਤੇ ਪਿੰਡਾਂ ਦੇ ਪਹਿਰੇਦਾਰ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਐੱਨ.ਡੀ.ਪੀ.ਐੱਸ ਐਕਟ ਤਹਿਤ 2 ਕੇਸ ਦਰਜ ਕਰ ਕੇ 3 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਪਾਸੋਂ 7 ਗ੍ਰਾਮ ਨਸ਼ੀਲਾ ਪਦਾਰਥ/ਚਿੱਟਾ ਬ੍ਰਾਮਦ ਕਰਵਾਇਆ ਗਿਆ ਤੇ 40 ਨਸ਼ੀਲੀਆਂ ਗੋਲੀਆਂ ਬ੍ਰਾਮਦ ਕਰਵਾਈਆਂ ਗਈਆਂ।ਨਸ਼ਾ ਕਰਨ ਵਾਲੇ 9 ਵਿਅਕਤੀਆਂ ਨੂੰ ਦਵਾਈ ਦਿਵਾਈ ਗਈ, 2 ਨੂੰ ਨਸ਼ਾ ਛੁਡਾਊ ਕੇਂਦਰ ਵਿੱਚ ਦਾਖ਼ਲ ਕਰਾਇਆ ਗਿਆ।

ਉਨ੍ਹਾਂ ਕਿਹਾ ਕਿ ਨਸ਼ੇ ਦਾ ਧੰਦਾ ਕਰਨ ਵਾਲੇ ਤੇ ਮਾੜੇ ਅਨਸਰਾਂ ਖ਼ਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ ਤੇ ਨਸ਼ਿਆਂ ਖ਼ਿਲਾਫ ਜੰਗ ਜਾਰੀ ਹੈ।

# ਵਾਲਮੀਕ ਸੰਗਠਨ ਤੇ ਮਜ਼ਬੀ ਸਿੱਖ ਸਮਾਜ, ਧਰਮ ਜਾਗਰਣ ਮੰਚ, ਵਿਸ਼ਵ ਹਿੰਦੂ ਪ੍ਰੀਸ਼ਦ ਦੇ ਆਗੂਆਂ ਡੀ ਸੀ ਨੂੰ ਸੌਂਪਿਆ ਮੰਗ ਪੱਤਰ

**ਸੰਗਰੂਰ (ਪ੍ਰਵੀਨ ਸਿੰਘ)**- ਵਾਲਮੀਕ ਸਮਾਜ ਦੇ ਆਗੂ ਸੁਰੇਸ਼ ਬੇਦੀ ਤੇ ਵਿਜੈ ਸਾਹਨੀ, ਸੁਰਜੀਤ ਸਿੰਘ ਸਿੱਧੂ ਮਜ਼ਬੀ ਸਿੱਖ ਸਮਾਜ ਦੇ ਆਗੂਆਂ ਅਤੇ ਉਨ੍ਹਾਂ ਨਾਲ ਸਹਿਯੋਗੀ ਤੌਰ 'ਤੇ ਅਮਨ ਬਾਂਸਲ ਧਰਮ ਜਾਗਰਣ ਮੰਚ ਦੇ ਆਗੂ, ਵਿਜੈ ਢੋਲੇਵਾਲ ਜ਼ਿਲ੍ਹਾ ਜਨਰਲ ਸਕੱਤਰ ਹਿੰਦੂ ਵਿਸ਼ਵ ਪ੍ਰੀਸ਼ਦ ਸੰਗਰੂਰ ਤੇ ਮਹਿੰਦਰ ਪਾਲ ਬਾਬਾ ਸ਼ਹਿਰੀ ਪ੍ਰਧਾਨ ਵਿਸ਼ਵ ਹਿੰਦੂ ਪ੍ਰੀਸ਼ਦ ਸੰਗਰੂਰ ਵੱਲੋਂ ਡਿਪਟੀ ਕਮਿਸ਼ਨਰ ਸੰਗਰੂਰ ਨੂੰ ਮੰਗ ਪੱਤਰ ਸੌਂਪਿਆ ਗਿਆ, ਜਿਸ ਵਿੱਚ ਉਨ੍ਹਾਂ ਜਿਹੜੇ ਲੋਕ ?ਧਰਮ ਪਰਿਵਰਤਨ ਕਰ ਚੁੱਕੇ ਹਨ ਉਨ੍ਹਾਂ ਲੋਕਾਂ ਦੀਆਂ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਵਿੱਚ ਐੱਸ. ਸੀ. ਸਹੂਲਤਾਂ ਬੰਦ ਕਰਨ ਦੀ ਮੰਗ ਕੀਤੀ।ਇਹ ਮੰਗ ਪੱਤਰ ਮਾਨਯੋਗ ਸਰਵਉੱਚ ਅਦਾਲਤ (ਸੁਪਰੀਮ ਕੋਰਟ) ਦੇ ਹੁਕਮਾਂ ਅਨੁਸਾਰ ਡਿਪਟੀ ਕਮਿਸ਼ਨਰ ਸੰਗਰੂਰ ਨੂੰ ਦਿੱਤਾ ਗਿਆ ਹੈ। ਵਾਲਮੀਕ ?ਭਾਈਚਾਰੇ ਦੇ ਆਗੂਆਂ ਨੇ ਦੱਸਿਆ ਕਿ ਜਿਹੜੇ ਲੋਕ ਆਪਣਾ ਮੂਲ ਧਰਮ ਪਰਿਵਰਤਨ ਕਰਕੇ ਦੂਜੇ ਧਰਮਾਂ ਵਿੱਚ ਜਾ ਚੁੱਕੇ ਹਨ, ਉਹ ਅਜੇ ਵੀ ਗ਼ੈਰ-ਕਾਨੂੰਨੀ ਤਰੀਕੇ ਨਾਲ ਅਨੁਸੂਚਿਤ ਜਾਤੀ ਦੇ



ਸਰਟੀਫਿਕੇਟਾਂ ਦੀ ਵਰਤੋਂ ਕਰਕੇ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਸਮੇਤ ਹੋਰ ਥਾਵਾਂ 'ਤੇ ਮਿਲਣ ਵਾਲੀਆਂ ਸਰਕਾਰੀ ਸਹੂਲਤਾਂ ਦਾ ਲਾਭ ਲੈ ਰਹੇ ਹਨ।ਮਾਨਯੋਗ ਸਰਵਉੱਚ ਅਦਾਲਤ ਦੇ ਨਿਯਮਾਂ ਅਨੁਸਾਰ ਧਰਮ ਬਦਲਣ ਤੋਂ ਬਾਅਦ ਕੋਈ ਵੀ ਵਿਅਕਤੀ ਐੱਸ.ਸੀ. ਕੈਟਾਗਰੀ ਦੇ ਰਾਖਵੇਂਕਰਨ ਦਾ ਹੱਕਦਾਰ ਨਹੀਂ ਰਹਿੰਦਾ।ਇਸ ਦੇ ਬਾਵਜੂਦ ਕਈ ਲੋਕ ਦੋਹਰਾ ਲਾਭ ਲੈ ਕੇ ਅਸਲ ਹੱਕਦਾਰਾਂ (ਵਾਲਮੀਕ ਤੇ ਮਜ਼ਬੀ ਸਿੱਖ ਸਮਾਜ) ਦੇ ਹੱਕਾਂ 'ਤੇ ਡਾਕਾ ਮਾਰ ਰਹੇ ਹਨ। ਵਾਲਮੀਕ ਭਾਈਚਾਰੇ ਦੇ ਆਗੂਆਂ ਨੇ ਮੰਗ ਕੀਤੀ ਕਿ ਗ਼ਲਤ ਤਰੀਕੇ ਨਾਲ ਲਾਭ ਲੈਣ ਵਾਲਿਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ ਤਾਂ ਜੋ ਅਸਲ ਲੋੜਵੰਦਾਂ ਨੂੰ ਉਨ੍ਹਾਂ ਦਾ ਹੱਕ ਮਿਲ ਸਕੇ।ਡਿਪਟੀ ਕਮਿਸ਼ਨਰ ਸੰਗਰੂਰ ਵੱਲੋਂ ਵਫ਼ਦ ਨੂੰ ਭਰੋਸਾ ਦਿੱਤਾ ਗਿਆ ਕਿ ਇਸ ਮਾਮਲੇ ਦੀ ਕਾਨੂੰਨ ਮੁਤਾਬਕ ਉਚਿਤ ਪੜਤਾਲ ਕਰਵਾਈ ਜਾਵੇਗੀ ਤੇ ਬਣਦੀ ਕਾਰਵਾਈ ਕੀਤੀ ਜਾਵੇਗੀ।

ਇਸ ਮੌਕੇ ਨਿਰਭੈ ਸਿੰਘ ਛੰਨਾ, ਰਾਮੇਸ਼ ਬੋਹਤ, ਸੁਭਾਸ਼ ਚੰਦਰ, ਵਿੱਕੀ ਬੇਦੀ, ਆਵਾ ਸਿੰਘ ਵਾਲਮੀਕੀ ਸਭਾ ਪ੍ਰਧਾਨ, ਰਫੀ ਕੁਮਾਰ ਵਾਲਮੀਕ ਸਭਾ ਪ੍ਰਧਾਨ, ਸੀਤਾ ਰਾਮ ਚੌਹਾਨ ਵਾਲਮੀਕ ਸਭਾ ਪ੍ਰਧਾਨ, ਸੋਨੂੰ ਮੱਚਲ ਵਾਲਮੀਕ ਸਭਾ ਪ੍ਰਧਾਨ, ਜੋਗੀ ਰਾਮ ਲੋਹਟ ਵਾਲਮੀਕ ਸਭਾ ਪ੍ਰਧਾਨ ਤੇ ਵਾਲਮੀਕ ਸਮਾਜ ਦੇ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ ਤੇ ਆਗੂ ਸਾਹਿਬਾਨ ਹਾਜ਼ਰ ਸਨ।

# ਗਰਮੀ ਦੇ ਪ੍ਰਕੋਪ ਨੂੰ ਦੇਖਦੇ ਹੋਏ ਸਕੂਲਾਂ ਦਾ ਸਮਾਂ ਘੱਟ ਕਰਨ ਦੀ ਮੰਗ

**ਕੋਟਕਪੂਰਾ (ਰਛਪਾਲ ਭੁੱਲਰ)**- ਇਨ੍ਹਾਂ ਦਿਨਾਂ ਵਿੱਚ ਪੈ ਰਹੀ ਸਖਤ ਗਰਮੀ ਦਾ ਪਾਰਾ ਲਗਭਗ 44 ਡਿਗਰੀ ਨੂੰ ਪਹੁੰਚਿਆ ਹੋਣ ਕਰਕੇ ਲੋਕਾਂ ਤੇ ਸਕੂਲਾਂ ਵਿੱਚ ਪੜ੍ਹ ਰਹੇ ਛੋਟੇ-ਛੋਟੇ ਬੱਚਿਆਂ ਦਾ ਜਿਉਣਾ ਬੇਹਾਲ ਹੋਇਆ ਪਿਆ ਹੈ।ਸਕੂਲਾਂ ਦੇ ਖੁੱਲ੍ਹਣ ਦਾ ਸਮਾਂ ਸਵੇਰੇ 8:00 ਵਜੇ ਤੋਂ ਲੈ ਕੇ ਦੁਪਹਿਰ 2:00 ਵਜੇ ਤੱਕ ਹੈ।ਸਿਖਰ ਦੁਪਹਿਰੇ ਜਦੋਂ ਬੱਚੇ ਸਕੂਲੋਂ ਵਾਪਸ ਮੁੜਦੇ ਹਨ ਤਾਂ ਉਨ੍ਹਾਂ ਦੀ ਹਾਲਤ ਹਾਲੋਂ ਬੇਹਾਲ ਹੋ ਜਾਂਦੀ ਹੈ।ਇਸ ਸਬੰਧ ਵਿੱਚ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ, ਜਨਰਲ ਸਕੱਤਰ ਜਿੰਦਰ ਪਾਇਲਟ, ਵਿੱਤ ਸਕੱਤਰ ਨਵੀਨ ਸਚਦੇਵਾ, ਪ੍ਰੈੱਸ ਸਕੱਤਰ ਟਹਿਲ ਸਿੰਘ ਸਰਾਭਾ, ਸੂਬਾਈ ਆਗੂ ਅੰਮ੍ਰਿਤਪਾਲ ਸਿੰਘ ਬਾਕੀਪੁਰ ਤੇ ਸੂਬਾ ਸਲਾਹਕਾਰ ਪ੍ਰੇਮ ਚਾਵਲਾ ਨੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਬਿਨਾਂ ਕਿਸੇ ਹੋਰ ਦੇਰੀ ਵਿਦਿਆਰਥੀਆਂ ਦੀ ਸਿਹਤ ਤੇ ਬਹੁ-ਮੁੱਲੀਆਂ ਕੀਮਤੀ ਜਾਨਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਸਕੂਲਾਂ ਦਾ ਸਮਾਂ ਘਟਾ ਕੇ ਸਵੇਰੇ 7-30 ਵਜੇ ਤੋਂ 11-30 ਵਜੇ ਤੱਕ ਦਾ ਕੀਤਾ ਜਾਵੇ।

# ਫ਼ਿਰੋਜ਼ਪੁਰ ਰੇਲ ਮੰਡਲ ਵੱਲੋਂ 'ਵਿਸ਼ਵ ਵਾਤਾਵਰਨ ਦਿਵਸ' ਨੂੰ ਸਮਰਪਤ ਵਿਸ਼ੇਸ਼ ਮੁਹਿੰਮ ਦਾ ਆਗਾਜ਼

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਫ਼ਿਰੋਜ਼ਪੁਰ ਰੇਲ ਮੰਡਲ ਵੱਲੋਂ ਕੁਦਰਤ ਦੀ ਸਾਂਭ-ਸੰਭਾਲ ਦਾ ਸੁਨੇਹਾ ਦੇਣ ਲਈ 15 ਮਈ ਤੋਂ 5 ਜੂਨ ਤੱਕ ਚੱਲਣ ਵਾਲੀ ਇਕ ਵਿਸ਼ੇਸ਼ 'ਵਿਸ਼ਵ ਵਾਤਾਵਰਣ ਦਿਵਸ' ਮੁਹਿੰਮ ਉਤਸ਼ਾਹ ਨਾਲ ਚਲਾਈ ਜਾ ਰਹੀ ਹੈ। ਇਸ ਲੜੀ ਤਹਿਤ 18 ਮਈ ਨੂੰ ਮੰਡਲ ਦੇ ਪ੍ਰਮੁੱਖ ਰੇਲਵੇ ਸਟੇਸ਼ਨਾਂ 'ਤੇ ਵੱਖ-ਵੱਖ ਗਤੀਵਿਧੀਆਂ ਰਾਹੀਂ ਯਾਤਰੀਆਂ ਨੂੰ ਵਾਤਾਵਰਣ ਦੀ ਰਾਖੀ ਲਈ ਜਾਗਰੂਕ ਕੀਤਾ ਗਿਆ। ਰੇਲਵੇ ਪ੍ਰਸ਼ਾਸਨ ਵੱਲੋਂ ਬੈਨਰਾਂ, ਪੈਂਫਲੇਟਾਂ ਤੇ ਜਨਤਕ ਐਲਾਨ ਪ੍ਰਣਾਲੀ (ਮਾਈਕ) ਦੀ ਵਰਤੋਂ ਕਰਕੇ ਲੋਕਾਂ ਨੂੰ ਸਿੰਗਲ ਯੂਜ਼ ਪਲਾਸਟਿਕ ਦੇ ਮਾਰੂ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਤੇ ਹਰਿਆਵਲ ਭਰੇ ਭਵਿੱਖ ਦੀ ਸਿਰਜਣਾ ਵਿਚ ਯੋਗਦਾਨ ਪਾਉਣ ਦੀ ਅਪੀਲ ਕੀਤੀ ਗਈ। ਇਸ ਵਾਤਾਵਰਣ ਪੱਖੀ ਮੁਹਿੰਮ ਦੇ ਤਹਿਤ ਫ਼ਿਰੋਜ਼ਪੁਰ ਕੈਂਟ, ਜਲੰਧਰ ਸਿਟੀ, ਜਲੰਧਰ ਕੈਂਟ, ਅੰਮ੍ਰਿਤਸਰ, ਲੁਧਿਆਣਾ, ਫਗਵਾੜਾ ਤੇ ਬਿਆਸ ਸਮੇਤ ਮੰਡਲ ਦੇ ਕਈ ਮੁੱਖ ਰੇਲਵੇ ਸਟੇਸ਼ਨਾਂ 'ਤੇ ਜਾਗਰੂਕਤਾ ਪ੍ਰੋਗਰਾਮ ਉਲੀਕੇ ਗਏ। ਸਟੇਸ਼ਨਾਂ 'ਤੇ ਮੌਜੂਦ ਰੇਲ ਮੁਸਾਫ਼ਰਾਂ ਨੂੰ



ਜਾਣਕਾਰੀ ਭਰਪੂਰ ਪੈਂਫਲੇਟ ਵੰਡੇ ਗਏ ਤੇ ਉਨ੍ਹਾਂ ਨੂੰ ਸਫ਼ਰ ਦੌਰਾਨ ਆਪਣੇ ਘਰੋਂ ਪਾਣੀ ਦੀ ਬੋਤਲ ਨਾਲ ਲੈ ਕੇ ਚੱਲਣ ਦੀ ਖ਼ਾਸ ਆਦਤ ਪਾਉਣ ਲਈ ਪ੍ਰੇਰਿਤ ਕੀਤਾ ਗਿਆ। ਰੇਲਵੇ ਅਧਿਕਾਰੀਆਂ ਨੇ ਮੁਸਾਫ਼ਰਾਂ ਨੂੰ ਸਮਝਾਇਆ ਕਿ ਸਫ਼ਰ ਵੇਲੇ ਆਪਣੀ ਨਿੱਜੀ ਬੋਤਲ ਕੋਲ ਰੱਖਣ ਨਾਲ ਨਾ ਸਿਰਫ਼ ਸਾਫ਼-ਸੁਥਰਾ ਤੇ ਸਿਹਤਮੰਦ ਪੀਣ ਵਾਲਾ ਪਾਣੀ ਆਸਾਨੀ ਨਾਲ ਉਪਲਬਧ ਰਹਿੰਦਾ ਹੈ, ਸਗੋਂ ਬਾਜ਼ਾਰੋਂ ਵਾਰ-ਵਾਰ ਪਲਾਸਟਿਕ ਦੀਆਂ ਬੋਤਲਾਂ ਖ਼ਰੀਦਣ ਦੀ ਲੋੜ ਵੀ ਨਹੀਂ ਪੈਂਦੀ। ਇਸ ਛੋਟੇ ਜਿਹੇ ਕਦਮ ਨਾਲ ਪਲਾਸਟਿਕ ਦੇ ਕੂੜੇ ਵਿਚ ਵੱਡੀ ਕਮੀ ਆਵੇਗੀ, ਜੋ ਕਿ ਵਾਤਾਵਰਨ ਨੂੰ ਬਚਾਉਣ ਵਿਚ ਇਕ ਵੱਡਾ ਸਹਿਯੋਗ ਸਾਬਿਤ ਹੋਵੇਗਾ। ਇਸ ਤੋਂ ਇਲਾਵਾ ਰੇਲਵੇ ਸਟਾਫ਼ ਵੱਲੋਂ ਮੁਸਾਫ਼ਰਾਂ ਦੀ ਵਿਸ਼ੇਸ਼ ਕੌਂਸਲਿੰਗ (ਸਲਾਹ-ਮਸ਼ਵਰਾ) ਵੀ ਕੀਤੀ ਗਈ, ਜਿਸ ਵਿਚ ਇਕ ਵਾਰ ਵਰਤੋਂ ਵਿਚ ਆਉਣ ਵਾਲੇ ਪਲਾਸਟਿਕ (ਸਿੰਗਲ ਯੂਜ਼ ਪਲਾਸਟਿਕ) ਦੇ ਧਰਤੀ ਤੇ ਸਿਹਤ 'ਤੇ ਪੈਣ ਵਾਲੇ ਭਿਆਨਕ ਦੁਸ਼ਪ੍ਰਭਾਵਾਂ ਬਾਰੇ ਵਿਸਥਾਰ ਨਾਲ ਦੱਸਿਆ ਗਿਆ। ਰੇਲਵੇ ਪ੍ਰਸ਼ਾਸਨ ਦਾ ਕਹਿਣਾ ਹੈ ਕਿ ਇਹ ਮੁਹਿੰਮ 5 ਜੂਨ ਤੱਕ ਲਗਾਤਾਰ ਜਾਰੀ ਰਹੇਗੀ ਤਾਂ ਜੋ ਆਮ ਲੋਕਾਂ ਨੂੰ ਵਾਤਾਵਰਣ ਪ੍ਰਤੀ ਜ਼ਿੰਮੇਵਾਰ ਬਣਾਇਆ ਜਾ ਸਕੇ।

# ਜਨਗਣਨਾ ਡਿਊਟੀ ਦੌਰਾਨ ਆ ਰਹੀਆਂ ਮੁਸ਼ਕਲਾਂ ਨੂੰ ਲੈ ਕੇ ਅਧਿਆਪਕਾਂ ਵੱਲੋਂ ਧਰਨਾ

**ਮਾਨਸਾ (ਆਤਮਾ ਸਿੰਘ ਪਮਾਰ)**- ਮਾਨਸਾ ਜ਼ਿਲ੍ਹੇ ਦੀਆਂ ਅਧਿਆਪਕ ਜਥੇਬੰਦੀਆਂ ਜਨਗਣਨਾ ਡਿਊਟੀ 'ਚ ਆ ਰਹੀਆਂ ਮੁਸ਼ਕਲਾਂ ਨੂੰ ਲੈ ਕੇ ਡਿਪਟੀ ਕਮਿਸ਼ਨਰ ਨੂੰ ਮਿਲੀਆਂ। ਇਸ ਬਾਰੇ ਜਾਣਕਾਰੀ ਦਿੰਦਿਆਂ ਅਧਿਆਪਕ ਆਗੂਆਂ ਅਮੋਲਕ ਡੇਲੂਆਣਾ, ਕਰਮਜੀਤ ਤਾਮਕੋਟ, ਲਖਵਿੰਦਰ ਮਾਨ ਤੇ ਦਰਸ਼ਨ ਅਲੀਸ਼ੇਰ ਨੇ ਦੱਸਿਆ ਕਿ ਅੱਤ ਦੀ ਪੈ ਰਹੀਂ ਗਰਮੀ 'ਚ ਉਨ੍ਹਾਂ ਨੂੰ ਸਕੂਲ ਤੋਂ ਬਾਅਦ 2 ਵਜੇ ਜਨਗਣਨਾ ਡਿਊਟੀ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਦੀ ਗੈਰ-ਹਾਜ਼ਰੀ 'ਚ ਅਧਿਆਪਕਾਂ ਨੇ ਡੀ ਈ ਓ ਸੈਕੰਡਰੀ ਨੂੰ ਮੰਗ ਪੱਤਰ ਸੌਂਪਿਆ, ਪਰ ਮਸਲਾ ਹੱਲ ਹੁੰਦਾ ਨਾ ਦੇਖ ਕੇ ਅਧਿਆਪਕਾਂ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਗੇਟ ਮੂਹਰੇ ਹੀ ਧਰਨਾ ਲੱਗਾ ਦਿੱਤਾ। ਅਧਿਆਪਕ ਆਗੂਆਂ ਰਾਜਵਿੰਦਰ ਬੈਹਣੀਵਾਲ, ਸਤੀਸ਼ ਕੁਮਾਰ, ਸੁਖਵੀਰ ਸਿੰਘ ਬੱਬੀ ਨੇ ਕਿਹਾ ਕਿ ਨਸ਼ੇੜੀਆਂ ਦੇ ਕਾਰਨ ਦੁਪਹਿਰ ਦੇ ਸਮੇਂ ਇਕੱਲੀਆਂ ਔਰਤ ਅਧਿਆਪਕਾਵਾਂ ਗਲੀਆਂ 'ਚ ਘੁੰਮ ਕੇ ਜਨਗਣਨਾ ਕਿਵੇਂ ਕਰਨਗੀਆਂ। ਉਨ੍ਹਾਂ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਕੌਣ ਲਵੇਗਾ?



ਅਧਿਆਪਕ ਆਗੂਆਂ ਮਨਮੋਹਨ ਸਿੰਘ, ਰਾਜਵਿੰਦਰ ਮੀਰ, ਨਵੀਨ ਬੋਹਾ, ਧਰਮਿੰਦਰ ਹੀਰੇਵਾਲਾ ਤੇ ਸਹਿਦੇਵ ਸਿੰਘ ਨੇ ਕਿਹਾ ਕਿ ਅਧਿਆਪਕਾਂ ਦੀਆਂ ਦੋ-ਦੋ ਤੇ ਤਿੰਨ-ਤਿੰਨ ਥਾਂ 'ਤੇ ਡਿਊਟੀਆਂ ਲੱਗਾ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਇੱਕੋ ਸਮੇਂ ਜਨਗਣਨਾ, ਡਰੱਗ ਸਰਵੇ, ਬੀ ਐੱਲ ਓਜ਼ ਨੂੰ ਐੱਸ ਆਈ ਆਰ ਤੇ ਨਗਰ ਕੌਂਸਲ ਚੋਣਾਂ 'ਚ ਡਿਊਟੀਆਂ ਲੱਗਾ ਦਿੱਤੀਆਂ ਹਨ, ਜੋ ਅਧਿਆਪਕ ਕਿਸੇ ਵੀ ਤਰ੍ਹਾਂ ਨੇਪਰੇ ਨਹੀਂ ਚਾੜ੍ਹ ਸਕਦੇ। ਆਗੂਆਂ ਨੇ ਕਿਹਾ ਕਿ ਅਧਿਆਪਕਾਂ ਦੀਆਂ ਅਨੇਕਾਂ ਤਰ੍ਹਾਂ ਦੀਆਂ ਗ਼ੈਰ-ਵਿੱਦਿਅਕ ਡਿਊਟੀਆਂ ਲਗਾਉਣ ਕਰ ਕੇ ਸਕੂਲਾਂ 'ਚ ਪੜ੍ਹਾਈ ਦਾ ਮਹੌਲ ਖ਼ਤਮ ਹੋ ਚੁੱਕਾ ਹੈ। ਅੰਤ 'ਚ ਡੀ ਈ ਓ ਵੱਲੋਂ ਕੱਲ੍ਹ ਆਨ ਡਿਊਟੀ ਜਨਗਣਨਾ ਜਾਰੀ ਕਰਨ ਦਾ ਪੱਤਰ ਜਾਰੀ ਕਰਨ ਦੇ ਭਰੋਸੇ 'ਤੇ ਧਰਨਾ ਮੁਲਤਵੀ ਕਰ ਦਿੱਤਾ ਗਿਅ। ਆਗੂਆਂ ਨੇ ਕਿਹਾ ਕਿ ਜੇਕਰ ਕੱਲ੍ਹ ਪੱਤਰ ਜਾਰੀ ਨਾ ਹੋਇਆ ਤਾਂ ਕੱਲ੍ਹ ਸਕੂਲ ਟਾਈਮ ਤੋਂ ਬਾਅਦ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਘੇਰ ਕੇ ਮੁੜ ਤੋਂ ਧਰਨਾ ਲਗਾਇਆ ਜਾਵੇਗਾ।ਇਸ ਸਮੇਂ ਸੁਖਵੀਰ ਕੌਰ, ਰਿੰਪੀ ਰਾਣੀ, ਅਮਨਦੀਪ ਕੌਰ, ਰਾਜਪਾਲ ਸਿੰਘ, ਅਨਮੋਲਦੀਪ ਸਿੰਘ, ਗੁਰਵਿੰਦਰ ਮਾਖਾ, ਗੁਰਪ੍ਰੀਤ ਭੀਖੀ, ਹਰਪ੍ਰੀਤ ਸਿੰਘ, ਗੁਰਵਿੰਦਰ ਸਿੰਘ, ਪਲਵਿੰਦਰ ਸਿੰਘ, ਕੁਲਦੀਪ ਖਾਰਾ, ਕੁਲਵਿੰਦਰ ਸਿੰਘ, ਰਾਕੇਸ਼ ਕੁਮਾਰ ਵੀ ਹਾਜ਼ਰ ਸਨ।

# ਐੱਚ ਐੱਮ ਈ ਐੱਲ ਵੱਲੋਂ ਟੈਂਕਰ ਤੇ ਟਰੱਕ ਚਾਲਕਾਂ ਲਈ ਮੁਫ਼ਤ ਸਿਹਤ ਤੇ ਅੱਖਾਂ ਦਾ ਜਾਂਚ ਕੈਂਪ

**ਤਲਵੰਡੀ ਸਾਬੋ (ਜਗਦੀਪ ਗਿੱਲ)**- ਐੱਚ ਐੱਮ ਈ ਐੱਲ ਵੱਲੋਂ ਟੈਂਕਰ ਤੇ ਟਰੱਕ ਚਾਲਕ ਦਲ, ਹੈਲਪਰਾਂ ਤੇ ਸਹਿਕਰਮੀਆਂ ਦੀ ਸਿਹਤ, ਸੁਰੱਖਿਆ ਤੇ ਸਮੁੱਚੇ ਭਲਾਈ ਨੂੰ ਪਹਿਲ ਦਿੰਦੇ ਹੋਏ ਐੱਚ ਐੱਮ ਈ ਐੱਲ ਪਲੱਸ ਪਹਿਲ ਤਹਿਤ ਮਈ ਮਹੀਨੇ ਦੌਰਾਨ ਮੁਫ਼ਤ ਸਿਹਤ ਜਾਂਚ ਤੇ ਅੱਖਾਂ ਦੀ ਜਾਂਚ ਸਬੰਧੀ ਕੈਂਪ ਲਗਾਏ ਗਏ।ਇਨ੍ਹਾਂ ਕੈਂਪਾਂ ਦਾ ਮੁੱਖ ਉਦੇਸ਼ ਕਰਮਚਾਰੀਆਂ ਤੇ ਸਹਿਯੋਗੀਆਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ, ਉਨ੍ਹਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਤੇ ਸੁਰੱਖਿਅਤ ਕਾਰਜ-ਸੰਸਕ੍ਰਿਤੀ ਨੂੰ ਮਜ਼ਬੂਤ ਬਣਾਉਣਾ ਸੀ। ਇਸੇ ਕੜੀ ਤਹਿਤ ਪੈਟਰੋਲੀਅਮ ਪਦਾਰਥਾਂ ਦੇ ਸੁਰੱਖਿਅਤ ਸੰਚਾਲਨ, ਸੜਕ ਸੁਰੱਖਿਆ ਤੇ ਸਿਹਤ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਏਕਜੋਤ ਆਈ ਹਸਪਤਾਲ ਦੇ ਸਹਿਯੋਗ ਨਾਲ ਟੈਂਕਰ ਤੇ ਟਰੱਕ ਚਾਲਕ ਦਲ ਲਈ ਵਿਸ਼ੇਸ਼ ਮੁਫ਼ਤ ਅੱਖਾਂ ਦੀ ਜਾਂਚ ਕੈਂਪ ਲਾਇਆ ਗਿਆ।ਕੈਂਪ ਦੌਰਾਨ ਕਰਮਚਾਰੀਆਂ ਦੀ ਨਜ਼ਦੀਕੀ ਤੇ ਦੂਰ ਦੀ ਨਜ਼ਰ ਨਾਲ ਸੰਬੰਧਤ ਜਾਂਚ ਕੀਤੀ ਗਈ। ਮਾਹਰ ਡਾਕਟਰਾਂ ਵੱਲੋਂ ਅੱਖਾਂ ਦੀ ਦੇਖਭਾਲ, ਨਜ਼ਰ ਦੀ ਸੁਰੱਖਿਆ ਤੇ ਸਮੇਂ-ਸਮੇਂ 'ਤੇ ਅੱਖਾਂ ਦੀ ਜਾਂਚ ਕਰਵਾਉਣ ਦੇ




ਮਹੱਤਵ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਇਸ ਦੇ ਨਾਲ ਹੀ ਰੋਜ਼ਾਨਾ ਕੰਮ ਦੌਰਾਨ ਅੱਖਾਂ ਦੀ ਸੁਰੱਖਿਆ ਲਈ ਜ਼ਰੂਰੀ ਸਾਵਧਾਨੀਆਂ ਤੇ ਬਚਾਅ ਉਪਾਵਾਂ ਬਾਰੇ ਵੀ ਜਾਗਰੂਕ ਕੀਤਾ ਗਿਆ। ਇਸ ਤੋਂ ਇਲਾਵਾ ਫ੍ਰੀ ਹੈਲਥ ਚੈੱਕਅਪ ਕੈਂਪੇਨ ਤਹਿਤ ਸਿਵਲ ਹਸਪਤਾਲ ਬਠਿੰਡਾ ਦੇ ਸਹਿਯੋਗ ਨਾਲ ਸਿਹਤ ਜਾਂਚ ਕੈਂਪ ਵੀ ਲਗਾਏ ਗਏ।ਇਨ੍ਹਾਂ ਕੈਂਪਾਂ ਵਿੱਚ ਟੈਂਕਰ ਤੇ ਟਰੱਕ ਚਾਲਕ ਦਲ, ਹੈਲਪਰਾਂ ਤੇ ਵੱਖ-ਵੱਖ ਪਲਾਂਟ ਯੂਨਿਟਾਂ ਦੇ ਕਰਮਚਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਭਾਗੀਦਾਰਾਂ ਨੂੰ ਆਮ ਸਿਹਤ ਜਾਂਚ, ਸਿਹਤ ਸਲਾਹ, ਅੱਖਾਂ ਦੀ ਜਾਂਚ ਤੇ ਮੁਫ਼ਤ ਦਵਾਈਆਂ ਵਰਗੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਗਈਆਂ।

# 2.30 ਕਰੋੜ ਦੇ ਵਿਕਾਸ ਕਾਰਜਾਂ ਦੀ ਵਿਧਾਇਕ ਪੰਡੋਰੀ ਤੇ ਚੇਅਰਮੈਨ ਢਿੱਲੋਂ ਵੱਲੋਂ ਸ਼ੁਰੂਆਤ

**ਸੰਗਰੂਰ/ਸ਼ੇਰਪੁਰ (ਪ੍ਰਵੀਨ ਸਿੰਘ)** : ਹਲਕਾ ਮਹਿਲ ਕਲਾਂ ਤੋਂ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਤੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਵੱਲੋਂ ਅੱਜ ਲਗਭਗ 2.30 ਕਰੋੜ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵੱਖ-ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ।ਇਹ ਪ੍ਰੋਜੈਕਟ ਇਲਾਕੇ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਨਾਲ ਨਾਲ ਲੋਕਾਂ ਦੀਆਂ ਰੋਜ਼ਮਰ੍ਹਾ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਇਸ ਮੌਕੇ ਪਿੰਡ ਦੀਦਾਰਗੜ੍ਹ ਵਿੱਚ ਕਰੀਬ 70 ਲੱਖ ਰੁਪਏ ਨਾਲ ਨਹਿਰੀ ਪਾਣੀ ਦੀ ਪਾਈਪ ਲਾਈਨ ਵਿਛਾਉਣ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ, ਜਿਸ ਨਾਲ ਕਿਸਾਨਾਂ ਨੂੰ ਸਿੰਚਾਈ ਲਈ ਪਾਣੀ ਦੀ ਵਧੀਆ ਸਹੂਲਤ ਮਿਲੇਗੀ ਤੇ ਖੇਤੀਬਾੜੀ ਨੂੰ ਮਜ਼ਬੂਤੀ ਮਿਲੇਗੀ। ਇਸ ਤੋਂ ਇਲਾਵਾ ਕਰੀਬ 1.60 ਕਰੋੜ ਦੀ ਲਾਗਤ ਨਾਲ ਪਿੰਡ ਕਾਲਾਬੁੱਲਾ ਤੋਂ ਕਾਤਰੋਂ ਵਾਲੀ ਸੜਕ ਦੇ ਨਿਰਮਾਣ ਕਾਰਜ ਦੀ ਵੀ ਸ਼ੁਰੂਆਤ ਕੀਤੀ ਗਈ।ਇਹ ਸੜਕ ਬਣਨ ਨਾਲ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਮਿਲੇਗੀ ਤੇ ਪਿੰਡਾਂ ਦਰਮਿਆਨ ਸੰਪਰਕ ਹੋਰ ਮਜ਼ਬੂਤ ਹੋਵੇਗਾ।ਇਸ ਮੌਕੇ ਸੰਬੋਧਨ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਦੇ ਵਿਕਾਸ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਹਨ ਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਇਹ ਪ੍ਰੋਜੈਕਟ ਇਲਾਕੇ ਦੀ ਤਰੱਕੀ ਵਿੱਚ ਮੀਲ ਪੱਥਰ ਸਾਬਿਤ ਹੋਣਗੇ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵਿਕਾਸੀ ਕੰਮ ਸ਼ੁਰੂ ਕੀਤੇ ਜਾਣਗੇ।ਇਸ ਮੌਕੇ ਵੱਡੀ ਗਿਣਤੀ ਵਿੱਚ ਸਥਾਨਕ ਪੰਚਾਇਤ ਮੈਂਬਰ, ਆਗੂ ਤੇ ਪਿੰਡ ਵਾਸੀ ਮੌਜੂਦ ਸਨ, ਜਿਨ੍ਹਾਂ ਇਨ੍ਹਾਂ ਵਿਕਾਸ ਕਾਰਜਾਂ ਦੀ ਸ਼ੁਰੂਆਤ ਦਾ ਸਵਾਗਤ ਕੀਤਾ।

# ਪੀ ਐੱਮ ਸ਼੍ਰੀ ਸ ਸ ਸ ਸਕੂਲ ਬਹਿਕ ਗੁਜਰਾਂ 'ਚ ਰਾਸ਼ਟਰੀ ਤਕਨਾਲੋਜੀ ਦਿਵਸ ਮਨਾਇਆ

**ਮੱਖੂ (ਰਛਪਾਲ ਸਿੰਘ ਸੰਧੂ)** : ਸਟੇਟ ਕੌਂਸਲ ਆਫ਼ ਐਜੂਕੇਸ਼ਨਲ ਰਿਸਰਚ ਐਂਡ ਟ੍ਰੇਨਿੰਗ, ਪੰਜਾਬ ਤੇ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਪੀ. ਐੱਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਹਿਕ ਗੁੱਜਰਾਂ ਵਿਖੇ 'ਰਾਸ਼ਟਰੀ ਤਕਨਾਲੋਜੀ ਦਿਵਸ' ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ।ਇਹ ਸਮਾਗਮ ਸਕੂਲ ਦੇ ਪ੍ਰਿੰਸੀਪਲ ਸੁਖਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ। ਸਮਾਗਮ ਦੌਰਾਨ ਵਿਸ਼ੇਸ਼ ਸਵੇਰ ਦੀ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਗੁਲਸ਼ਨ ਕੁਮਾਰ (ਕੰਪਿਊਟਰ ਫੈਕਲਟੀ) ਨੇ ਵਿਦਿਆਰਥੀਆਂ ਨੂੰ ਇਸ ਦਿਵਸ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਉਨ੍ਹਾਂ ਵਿਦਿਆਰਥੀਆਂ ਨੂੰ ਭਾਰਤ ਦੀਆਂ ਵਿਗਿਆਨ, ਤਕਨਾਲੋਜੀ, ਪੁਲਾੜ ਤੇ ਆਰਟੀਫੀਸ਼ੀਅਲ ਇੰਟੈਲੀਜੈਂਸ (19) ਦੇ



ਖੇਤਰ ਵਿੱਚ ਪ੍ਰਾਪਤ ਕੀਤੀਆਂ ਵੱਡੀਆਂ ਪ੍ਰਾਪਤੀਆਂ ਬਾਰੇ ਦੱਸਿਆ।ਸਕੂਲ ਪ੍ਰਿੰਸੀਪਲ ਸੁਖਵਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਤਕਨਾਲੋਜੀ ਦੀ ਸਹੀ ਤੇ ਉਸਾਰੂ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਅੱਜ ਦੇ ਯੁੱਗ ਵਿੱਚ ਤਕਨਾਲੋਜੀ ਸਿੱਖਿਆ ਤੇ ਭਵਿੱਖ ਦੇ ਰੁਜ਼ਗਾਰ ਲਈ ਬੇਹੱਦ ਜ਼ਰੂਰੀ ਹੈ, ਪਰ ਇਸ ਦਾ ਉਪਯੋਗ ਜ਼ਿੰਮੇਵਾਰੀ ਨਾਲ ਕਰਨਾ ਚਾਹੀਦਾ ਹੈ।ਵਿਦਿਆਰਥੀਆਂ ਤੇ ਅਧਿਆਪਕਾਂ ਨੇ ਤਕਨਾਲੋਜੀ ਦੇ ਨੈਤਿਕ ਉਪਯੋਗ ਤੇ ਸਾਈਬਰ ਸੁਰੱਖਿਆ ਸਬੰਧੀ ਸਹੁੰ ਚੁੱਕੀ ਕਿ ਉਹ ਇੰਟਰਨੈੱਟ ਤੇ ਮੋਬਾਈਲ ਦੀ ਵਰਤੋਂ ਸਮਾਜ ਦੀ ਭਲਾਈ ਤੇ ਆਪਣੀ ਸੁਰੱਖਿਆ ਨੂੰ ਧਿਆਨ ਵਿੱਚ ਰੱਖ ਕੇ ਕਰਨਗੇ।ਵਿਦਿਆਰਥੀਆਂ ਨੇ ਸਟੇਟ ਪੱਧਰ 'ਤੇ ਉਲੀਕੇ ਗਏ ਤਕਨਾਲੋਜੀ ਤੇ ਸਾਈਬਰ ਜਾਗਰੂਕਤਾ ਕੁਇੱਜ਼ ਵਿੱਚ ਵੀ ਵੱਧ-ਚੜ੍ਹ ਕੇ ਹਿੱਸਾ ਲਿਆ।ਇਸ ਮੌਕੇ ਗੁਲਸ਼ਨ ਕੁਮਾਰ, ਮਿਸ ਸੁਨੀਤਾ ਮੈਡਮ, ਸ਼੍ਰੀਮਤੀ ਅਰਚਨਾ ਮੈਡਮ, ਵਰਿੰਦਰ ਸਿੰਘ, ਗੁਰਪ੍ਰੀਤ ਸਿੰਘ, ਕਰਮਜੀਤ ਕੌਰ, ਰਵਜੀਤ ਕੌਰ, ਰਾਜੇਸ਼ ਪੁਰੀ (ਜੂਨੀਅਰ ਸਹਾਇਕ) ਤੇ ਸਮੂਹ ਸਟਾਫ਼ ਉਚੇਚੇ ਤੌਰ 'ਤੇ ਹਾਜ਼ਰ ਸੀ।

# 21 ਤੋਂ ਮੁੜ ਵਰਕ ਰੂਲ ਤੇ 24 ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਦੇ ਘੇਰਾਓ ਦਾ ਐਲਾਨ : ਸੰਦੀਪ ਚੌਹਾਨਾ

**ਜਲਾਲਾਬਾਦ (ਜੀਤ ਕੁਮਾਰ)** : ਪੀ.ਐੱਸ.ਈ.ਬੀ. ਜਾਇੰਟ ਫੋਰਮ ਪੰਜਾਬ ਮੁਲਾਜ਼ਮ ਏਕਤਾ ਮੰਚ, ਗਰਿਡ ਸਬ ਸਟੇਸ਼ਨ



ਇੰਪਲਾਈਜ਼ ਯੂਨੀਅਨ (ਰਜਿ.24) ਤੇ ਐਸੋਸੀਏਸ਼ਨ ਆਫ ਜੇ. ਈ. ਦੇ ਸੱਦੇ 'ਤੇ ਬੀਤੇ ਦਿਨ ਹੋਈ ਵਰਚੂਅਲ ਮੀਟਿੰਗ ਦੇ ਫੈਸਲੇ ਅਨੁਸਾਰ ਸਰਕਲ ਸ੍ਰੀ ਮੁਕਤਸਰ ਸਾਹਿਬ ਦੀ ਸਾਂਝੀ ਮੀਟਿੰਗ ਹੋਈ, ਜਿਸ ਵਿੱਚ ਵੱਖ ਵੱਖ ਜਥੇਬੰਦੀਆਂ ਦੇ ਆਗੂ ਸਾਥੀ ਸ਼ਾਮਲ ਹੋਏ। ਮੀਟਿੰਗ ਵਿੱਚ ਸਾਥੀਆਂ ਨੂੰ ਸਾਂਝੇ ਪ੍ਰੋਗਰਾਮਾਂ ਵਿੱਚ ਵਧ ਚੜ੍ਹ ਕੇ ਸ਼ਮੂਲੀਅਤ ਕਰਨ ਲਈ ਪ੍ਰੇਰਿਤ ਕੀਤਾ। ਮੀਟਿੰਗ ਵਿੱਚ 21 ਮਈ ਤੋਂ ਵਰਕ-ਟੂ-ਰੂਲ ਮੁੜ ਲਾਗੂ ਕਰਨ, 24 ਮਈ ਨੂੰ ਸੰਗਰੂਰ ਵਿੱਚ ਮੁੱਖ ਮੰਤਰੀ ਦੀ ਰਿਹਾਇਸ਼ ਦਾ ਘੇਰਾਓ ਕਰਕੇ ਦਿੱਤੇ ਜਾਣ ਵਾਲੇ ਧਰਨੇ ਵਿੱਚ ਸਾਂਝੀਆਂ ਬੱਸਾਂ ਭਰ ਕੇ ਜਾਣ ਦੀਆਂ ਤਿਆਰੀਆਂ ਕਰਨ ਤੋਂ ਇਲਾਵਾ 1 ਜੂਨ ਤੋਂ ਸੀ.ਐੱਮ.ਡੀ. ਡਾਇਰੈਕਟਰ ਤੇ ਬਿਜਲੀ ਮੰਤਰੀ ਖਿਲਾਫ ਫੀਲਡ ਵਿੱਚ ਆਉਣ 'ਤੇ ਕਾਲੀ ਝੰਡੀਆਂ ਨਾਲ ਪ੍ਰਦਰਸ਼ਨ ਕਰਨ ਦੀ ਵਿਊਂਤਬੰਦੀ ਕੀਤੀ ਗਈ। ਇਸ ਮੀਟਿੰਗ ਵਿੱਚ ਲੁਧਿਆਣਾ ਜ਼ੋਨ ਦੇ ਪ੍ਰਧਾਨ ਸੰਦੀਪ ਕੁਮਾਰ ਚੌਹਾਨਾ ਗਰਿਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ (ਰਜਿ.) ਨੇ ਪਿਛਲੇ ਰੀਵਿਊ 'ਤੇ ਗੱਲ ਕਰਦਿਆਂ ਮੈਨੇਜਮੈਂਟ ਨਾਲ 30 ਅਪ੍ਰੈਲ ਨੂੰ ਮੁਲਾਜ਼ਮ ਪੈਨਸ਼ਨਰਜ਼ ਮਸਲਿਆਂ 'ਤੇ ਹੋਈਆਂ ਸਹਿਮਤੀ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਤੋਂ ਇਲਾਵਾ ਸੁਖਵਿੰਦਰ ਭਗਤ ਸੂਬਾ ਜਨਰਲ ਸਕੱਤਰ, ਗਰਿਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ (ਰਜਿ.) ਨੇ ਵੀ ਬਹੁਤ ਵਧੀਆਂ ਤਰੀਕੇ ਨਾਲ ਆਗੂਆਂ ਨਾਲ ਗੱਲਬਾਤ ਸਾਂਝੀ ਕੀਤੀ।

ਇਸ ਮੌਕੇ ਬਰਜਿੰਦਰ ਸ਼ਰਮਾ, ਮਨਿੰਦਰ ਸਿੰਘ, ਗੁਰਦੀਪ ਸਿੰਘ, ਮਨਦੀਪ ਸਿੰਘ, ਬਸੰਤ ਸਿੰਘ, ਗਗਨਦੀਪ ਸਿੰਘ ਨੇ ਵੀ ਸੰਬੋਧਨ ਕੀਤਾ।

## ...ਸ.ਫ਼ਾ 1 ਦੇ ਬਾਕੀ

### ਕਿਰਤੀਆਂ ਵੱਲੋਂ ਪ੍ਰਚੰਡ ਗੁੱਸੇ ਦਾ ਪ੍ਰਗਟਾਵਾ...

ਸਰਮਾਏਦਾਰਾਂ ਅਤੇ ਠੱਗਾਂ ਦੇ ਪੰਘੂੜਿਆਂ ਵਿਚ ਝੂਟੇ ਲੈ ਕੇ ਐਸ਼ੋ-ਇਸ਼ਰਤ ਦੀ ਜ਼ਿੰਦਗੀ ਵਿਚ ਗੁਲਤਾਨ ਹਨ, ਦੂਸਰੇ ਪਾਸੇ ਕਿਸਾਨ-ਮਜ਼ਦੂਰ, ਕਿਰਤੀ, ਬੇਰੁਜ਼ਗਾਰ, ਛੋਟਾ ਦੁਕਾਨਦਾਰ, ਗਰੀਬ ਦਲਿਤ ਸਭ ਮੁਸੀਬਤਾਂ ਵਿਚ ਘਿਰੇ ਹੋਏ ਦਿਖ ਰਹੇ ਹਨ।

ਕਿਸਾਨ ਸਭਾ ਦੇ ਸੂਬਾਈ ਆਗੂ ਹਰਦੇਵ ਅਰਸ਼ੀ ਸਾਬਕਾ ਐੱਮ ਐੱਲ ਏ ਨੇ ਕਿਰਤੀਆਂ ਦੇ ਵੱਡੇ ਇਕੱਠ ਨੂੰ ਸਰਕਾਰ ਲਈ ਇਕ ਚੇਤਾਵਨੀ ਕਰਾਰ ਦਿੰਦਿਆਂ ਕਿਹਾ ਕਿ ਸਰਕਾਰ ਕੰਧ 'ਤੇ ਲਿਖਿਆ ਪੜ੍ਹੇ, ਮਜ਼ਦੂਰ ਨੂੰ ਲੰਮਾ ਸਮਾਂ ਲੁੱਟਿਆ ਤੇ ਕੁੱਟਿਆ ਨਹੀਂ ਜਾ ਸਕਦਾ। ਇਕੱਠ ਨੇ ਆਪਣਾ ਫੈਸਲਾ ਸੁਣਾ ਦਿੱਤਾ ਹੈ ਕਿ ਹੁਣ ਜਿੱਤ ਦੇ ਝੰਡੇ ਗੱਡਣ ਤੱਕ ਚੁੱਪ ਕਰਕੇ ਨਹੀਂ ਬੈਠਣਗੇ।

ਉਨ੍ਹਾ ਹੈਰਾਨੀ ਪ੍ਰਗਟ ਕਰਦਿਆਂ ਕਿਹਾ ਕਿ ਇਹ ਕਿਹੋ ਜਿਹੀ ਸਰਕਾਰ ਹੈ, ਜਿਹੜੀ ਪ੍ਰਸਿੱਧੀ ਦੇ ਬੋਰਡ, ਟੀ ਵੀ ਚੈਨਲਾਂ ਅਤੇ ਖਬਰਾਂ ਰਾਹੀਂ ਵਿਕਾਸ ਅਤੇ ਰੰਗਲੇ ਪੰਜਾਬ ਦਾ ਧੂੰਆਂਧਾਰ ਪ੍ਰਚਾਰ ਕਰ ਰਹੀ ਹੈ, ਪਰ ਹਕੀਕਤ ਵਿਚ ਅਜਿਹਾ ਕੁਝ ਵੀ ਨਜ਼ਰ ਨਹੀਂ ਆ ਰਿਹਾ, ਵਿਕਾਸ ਕਿਤੇ ਦਿਖਦਾ ਨਹੀਂ, ਜੇਕਰ ਦਿਖਦਾ ਹੈ ਤਾਂ 5 ਲੱਖ ਕਰੋੜ ਰੁਪਏ ਦੇ ਨੇੜੇ ਪੁੱਜਿਆ ਸਰਕਾਰ ਸਿਰ ਕਰਜ਼ਾ ਨਜ਼ਰ ਆਉਂਦਾ ਹੈ, ਜੇ ਕੁਝ ਨਜ਼ਰ ਆਉਂਦਾ ਹੈ ਤਾਂ ਉਹ ਕਤਲ, ਡਾਕੇ, ਫਿਰੌਤੀਆਂ, ਚੋਰੀਆਂ, ਨਸ਼ੇ, ਰਿਸ਼ਵਤਖੋਰੀ, ਕਬਜ਼ੇ, ਧੱਕੇਸ਼ਾਹੀਆਂ ਅਤੇ ਮੁਲਾਜ਼ਮਾਂ, ਮਜ਼ਦੂਰਾਂ ਦੀਆਂ ਉਜਰਤਾਂ ਵਿਚ ਕਟੌਤੀਆਂ ਹਨ। ਜਿਹਨਾਂ ਹੋਰਨਾਂ ਪ੍ਰਮੁੱਖ ਆਗੂਆਂ ਨੇ ਰੈਲੀ ਨੂੰ ਸੰਬੋਧਨ ਕੀਤਾ, ਉਹਨਾਂ ਵਿਚ ਰਣਜੀਤ ਸਿੰਘ ਰਾਣਵਾਂ, ਜਗਰੂਪ ਸਿੰਘ, ਜਗਦੀਸ਼ ਸਿੰਘ ਚਾਹਲ, ਦਰਸ਼ਨ ਸਿੰਘ ਲੁਬਾਣਾ, ਗੁਰਪ੍ਰੀਤ ਸਿੰਘ ਗੰਡੀਵਿੰਡ, ਦਸਵਿੰਦਰ ਕੌਰ, ਦੇਵੀ ਕੁਮਾਰੀ, ਪਰਮਜੀਤ ਢਾਬਾਂ, ਕਸ਼ਮੀਰ ਗਦਾਈਆ, ਨਰਿੰਦਰ ਸਿੰਘ ਬੱਲ, ਹਰਵਿੰਦਰ ਸਿੰਘ ਅਕਾਲਗੜ੍ਹ, ਵਿਜੈ ਕੁਮਾਰ ਲੁਧਿਆਣਾ, ਅਮਰਜੀਤ ਕੌਰ ਰਣ ਸਿੰਘ ਵਾਲਾ, ਪਰਦੀਪ ਕੁਮਾਰ, ਮੁਹੰਮਦ ਖਲੀਲ, ਜੈਪਾਲ ਸਿੰਘ, ਵਿਨੋਦ ਚੁੱਘ ਆਦਿ ਸ਼ਾਮਲ ਸਨ। ਇਹਨਾਂ ਸਭਨਾਂ ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਇਹ ਚੁਣਾਵੀ ਸਾਲ ਹੈ, ਅਸੀਂ ਮੰਗਾਂ ਦੀ ਪ੍ਰਾਪਤੀ ਤੱਕ ਸਰਕਾਰ ਨੂੰ ਰੱਜਵੀਂ ਨੀਂਦ ਨਹੀਂ ਸੌਣ ਦੇਵਾਂਗੇ। ਅਸੀਂ ਵਰਕਰਾਂ ਦੀ ਕੀਤੀ ਜਾ ਰਹੀ ਆਰਥਿਕ ਮੰਦਹਾਲੀ ਦਾ ਹਿਸਾਬ ਲਵਾਂਗੇ। ਉਹ ਆਪਣੇ ਆਰਥਿਕ ਸ਼ੋਸਣ ਦਾ ਜ਼ਿੰਮੇਵਾਰ ਪਛਾਣ ਕੇ ਕਟਹਿਰੇ ਵਿਚ ਖੜ੍ਹਾ ਕਰਨਗੇ ਅਤੇ ਜਥੇਬੰਦੀਆਂ ਦੇ ਸਮੁੱਚੇ ਆਗੂ ਮੁਲਾਜ਼ਮਾਂ-ਮਜ਼ਦੂਰਾਂ ਅਤੇ ਲੁਟੇ ਜਾਣ ਵਾਲਿਆਂ ਦੀ ਢਾਲ ਬਣ ਕੇ ਅਗਵਾਈ ਨਿਰੰਤਰਤਾ ਨਾਲ ਕਰਨਗੇ ਅਤੇ ਸਰਕਾਰ ਨੂੰ ਕਿਰਤੀਆਂ ਦੇ ਮਸਲੇ ਹੱਲ ਕਰਨ ਲਈ ਮਜਬੂਰ ਕਰ ਦੇਣਗੇ।

ਵਿਸ਼ਾਲ ਰੈਲੀ ਦਾ ਮੰਚ ਸੰਚਾਲਨ ਬੜੇ ਸਲੀਕੇ, ਜੋਸ਼ ਅਤੇ ਤਰਤੀਬ ਨਾਲ ਜਿਸ ਤਰ੍ਹਾਂ ਏਟਕ ਦੇ ਡਿਪਟੀ ਜਨਰਲ ਸਕੱਤਰ ਅਮਰਜੀਤ ਸਿੰਘ ਆਸਲ ਨੇ ਨਿਭਾਇਆ, ਉਹ ਵੀ ਇਕ ਬਿਹਤਰੀਨ ਤਰੀਕਾਕਾਰ ਸੀ। ਰੈਲੀ ਵਿਚ ਪੰਜਾਬ ਏਟਕ ਦੇ ਵਰਕਿੰਗ ਪ੍ਰਧਾਨ ਸੁਖਦੇਵ ਸ਼ਰਮਾ ਐਕਸੀਡੈਂਟ ਕਾਰਨ ਹੋਏ ਅਪਰੇਸ਼ਨ ਕਰਕੇ ਹਾਜ਼ਰ ਨਹੀਂ ਹੋ ਸਕੇ, ਪਰ ਉਹਨਾਂ ਵੱਲੋਂ ਵੀ ਵਰਕਰਾਂ ਨੂੰ ਰੈਲੀ ਵਿਚ ਪੁੱਜਣ ਲਈ ਪ੍ਰੇਰਤ ਕਰਨ ਵਿਚ ਆਪਣਾ ਯੋਗਦਾਨ ਅਦਾ ਕੀਤਾ ਗਿਆ।

### ਮਾਨ ਵੱਲੋਂ 'ਰੌਸ਼ਨ ਪੰਜਾਬ' ਦੀ ਸ਼ੁਰੂਆਤ...

ਸਨ। ਇਹ ਪ੍ਰੋਜੈਕਟ ਉਨ੍ਹਾਂ ਨੌਜਵਾਨਾਂ ਨੂੰ ਸ਼ਰਧਾਂਜਲੀ ਹੈ, ਕਿਉਂਕਿ ਭਵਿੱਖ ਵਿੱਚ ਅਜਿਹੀਆਂ ਦੁਖਦਾਈ ਘਟਨਾਵਾਂ ਕਦੇ ਵੀ ਨਹੀਂ ਵਾਪਰਨੀਆਂ ਚਾਹੀਦੀਆਂ। ਇਸ ਮੌਕੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਤੇ ਤਰੁਨਪ੍ਰੀਤ ਸਿੰਘ ਸੌਂਧ ਸਮੇਤ ਹੋਰ ਵੀ ਹਾਜ਼ਰ ਸਨ।

ਮਾਨ ਨੇ ਖਾੜੀ ਜੰਗ ਦੇ ਹਾਲਾਤ ਦਾ ਲਾਹਾ ਲੈਣ ਲਈ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਕੇਂਦਰ ਸਰਕਾਰ ਆਪਣੀਆਂ ਵਿਦੇਸ਼ੀ ਅਤੇ ਆਰਥਿਕ ਨੀਤੀਆਂ ਦੀ ਨਾਕਾਮੀ ਨੂੰ ਲੁਕਾਉਣ ਲਈ ਇਸ ਜੰਗ ਨੂੰ ਢਾਲ ਵਜੋਂ ਵਰਤ ਰਹੀ ਹੈ ਅਤੇ ਦੇਸ਼ ਨੂੰ ਜਾਣਬੁੱਝ ਕੇ ਅਣਐਲਾਨੇ ਲਾਕਡਾਊਨ ਵੱਲ ਧੱਕਿਆ ਜਾ ਰਿਹਾ ਹੈ। ਕੇਂਦਰ ਵੱਲੋਂ ਲੋਕਾਂ ਨੂੰ ਸੰਜਮ ਵਰਤਣ ਲਈ ਵਾਰ-ਵਾਰ ਕੀਤੀਆਂ ਜਾ ਰਹੀਆਂ ਅਪੀਲਾਂ 'ਤੇ ਸਵਾਲ ਉਠਾਉਂਦਿਆਂ ਮਾਨ ਨੇ ਕਿਹਾ ਕਿ ਵਿਸ਼ਵਵਿਆਪੀ ਸੰਕਟ ਤੋਂ ਪ੍ਰਭਾਵਤ ਕਿਸੇ ਵੀ ਹੋਰ ਦੇਸ਼ ਨੇ ਆਪਣੇ ਨਾਗਰਿਕਾਂ ਨੂੰ ਪੈਟਰੋਲ, ਡੀਜ਼ਲ, ਗੈਸ ਜਾਂ ਸੋਨਾ ਖਰੀਦਣਾ ਬੰਦ ਕਰਨ ਲਈ ਨਹੀਂ ਕਿਹਾ ਹੈ। ਉਨ੍ਹਾ ਕਿਹਾ ਕਿ ਮੋਦੀ ਸਰਕਾਰ ਨੂੰ ਲੋਕਾਂ ਵਿੱਚ ਦਹਿਸ਼ਤ ਅਤੇ ਬੇਚੈਨੀ ਫੈਲਾਉਣ ਦੀ ਥਾਂ ਪੂਰੇ ਦੇਸ਼ ਨੂੰ ਭਾਰਤ ਦੇ ਭੰਡਾਰਾਂ ਦੀ ਅਸਲ ਸਥਿਤੀ ਬਾਰੇ ਦੱਸਣਾ ਚਾਹੀਦਾ ਹੈ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਾਨ ਨੇ ਕਿਹਾ ਕਿ ਮੋਦੀ ਸਰਕਾਰ ਵਿਦੇਸ਼ ਅਤੇ ਆਰਥਿਕ ਨੀਤੀ, ਦੋਵਾਂ ਪਹਿਲੂਆਂ 'ਤੇ ਪੂਰੀ ਤਰ੍ਹਾਂ ਨਾਕਾਮ ਰਹੀ ਹੈ, ਜਿਸ ਕਾਰਨ ਦੇਸ਼ ਵਿੱਚ ਬੇਚੈਨੀ ਦਾ ਮਾਹੌਲ ਹੈ। ਕੇਂਦਰ ਸਰਕਾਰ ਖਾੜੀ ਜੰਗ ਤੋਂ ਪੈਦਾ ਹੋਈ ਸਥਿਤੀ ਦੀ ਗੰਭੀਰਤਾ ਦਾ ਅੰਦਾਜ਼ਾ ਲਗਾਉਣ ਵਿੱਚ ਵੀ ਨਾਕਾਮ ਰਹੀ ਹੈ, ਜਿਸ ਕਾਰਨ ਦੇਸ਼ ਵਿੱਚ ਪੂਰੀ ਤਰ੍ਹਾਂ ਹਫੜਾ-ਦਫੜੀ ਮਚ ਗਈ ਹੈ।

ਮੁੱਖ ਮੰਤਰੀ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਲੋਕਾਂ ਨੂੰ ਹੋਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇਗਾ, ਕਿਉਂਕਿ ਤੇਲ ਦੀਆਂ ਕੀਮਤਾਂ ਲਗਾਤਾਰ ਵਧਣ ਦੀ ਉਮੀਦ ਹੈ। ਉਨ੍ਹਾ ਕਿਹਾ, 'ਲੋਕਾਂ ਦੀਆਂ ਸਮੱਸਿਆਵਾਂ ਦਾ ਕੋਈ ਅੰਤ ਨਹੀਂ ਹੋਵੇਗਾ, ਕਿਉਂਕਿ ਕੇਂਦਰ ਸਰਕਾਰ ਲੋਕ ਵਿਰੋਧੀ ਮਾਨਸਿਕਤਾ ਤੋਂ ਪੀੜਤ ਹੈ। ਲੋਕ ਭਾਰੀ ਬੋਝ ਹੇਠ ਦੱਬੇ ਰਹਿਣਗੇ, ਕਿਉਂਕਿ ਚੋਣ ਮੋਡ ਵਿੱਚ ਰੁਝੀ ਹੋਣ ਕਰਕੇ ਕੇਂਦਰ ਸਰਕਾਰ ਹੁਣੇ-ਹੁਣੇ ਕੁੰਭਕਰਨੀ ਨੀਂਦ ਤੋਂ ਜਾਗੀ ਹੈ।'

### ਨਾਰਵੇ ਦੀ ਨਾਮਾਨਿਗਾਰ...

ਭਾਰਤ ਦੇ ਲੋਕਤੰਤਰੀ ਸੰਸਥਾਨਾਂ ਅਤੇ ਮੀਡੀਆ ਵਾਤਾਵਰਣ ਦਾ ਬਚਾਅ ਕੀਤਾ। ਇੱਕ ਸਮੇਂ ਜਾਰਜ ਨੇ ਵਿਦੇਸ਼ੀ ਆਲੋਚਕਾਂ 'ਤੇ ਭਾਰਤ ਦੀ ਵਿਭਿੰਨਤਾ ਅਤੇ ਸੰਵਿਧਾਨਕ ਸੁਰੱਖਿਆ ਨੂੰ ਸਮਝੇ ਬਿਨਾਂ 'ਅਣਜਾਣ ਐੱਨ ਜੀ ਓ' ਦੀਆਂ ਚੋਣਵੀਆਂ ਰਿਪੋਰਟਾਂ 'ਤੇ ਭਰੋਸਾ ਕਰਨ ਦਾ ਦੋਸ਼ ਲਗਾਇਆ।

ਇਸ ਗੱਲਬਾਤ ਦੇ ਵੀਡੀਓ ਤੇਜ਼ੀ ਨਾਲ ਆਨਲਾਈਨ ਵਾਇਰਲ ਹੋ ਗਏ, ਜਿਸ ਨਾਲ ਵੰਡੀਆਂ ਹੋਈਆਂ ਪ੍ਰਤੀਕਿਰਿਆਵਾਂ ਪੈਦਾ ਹੋਈਆਂ, ਜਦੋਂ ਕਿ ਆਲੋਚਕਾਂ ਨੇ ਦਲੀਲ ਦਿੱਤੀ ਕਿ ਪੱਤਰਕਾਰਾਂ ਨੂੰ ਸਖ਼ਤ ਸਵਾਲ ਪੁੱਛਣ ਦੀ ਆਜ਼ਾਦੀ ਹੋਣੀ ਚਾਹੀਦੀ ਹੈ। ਸਰਕਾਰ ਦੇ ਸਮਰਥਕਾਂ ਨੇ ਕਿਹਾ ਕਿ ਕੂਟਨੀਤਕ ਬ੍ਰੀਫਿੰਗ ਵਿੱਚ ਨਿਸ਼ਚਿਤ ਪ੍ਰੋਟੋਕੋਲ ਦੀ ਪਾਲਣਾ ਕੀਤੀ ਜਾਂਦੀ ਹੈ ਅਤੇ ਖੁੱਲ੍ਹੀਆਂ-ਡੁੱਲ੍ਹੀਆਂ ਪ੍ਰੈੱਸ ਕਾਨਫਰੰਸਾਂ ਨਹੀਂ ਹੁੰਦੀਆਂ।

ਰਾਹੁਲ ਗਾਂਧੀ ਵੱਲੋਂ ਕਲਿੱਪ ਸਾਂਝੀ ਕਰਨ ਅਤੇ ਇਸ ਘਟਨਾ ਲਈ ਮੋਦੀ ਦੀ ਆਲੋਚਨਾ ਕਰਨ ਤੋਂ ਬਾਅਦ ਇਹ ਵਿਵਾਦ ਬਾਅਦ ਵਿੱਚ ਭਾਰਤੀ ਰਾਜਨੀਤੀ ਵਿੱਚ ਫੈਲ ਗਿਆ। ਭਾਜਪਾ ਨੇ ਜ਼ੋਰਦਾਰ ਜਵਾਬੀ ਹਮਲਾ ਕੀਤਾ। ਪਾਰਟੀ ਦੇ ਆਈ ਟੀ ਸੈੱਲ ਦੇ ਮੁਖੀ ਅਮਿਤ ਮਾਲਵੀਆ ਨੇ ਵਿਰੋਧੀ ਧਿਰ 'ਤੇ ਨਿਯਮਤ ਕੂਟਨੀਤਕ ਗੱਲਬਾਤ ਦਾ ਰਾਜਨੀਤੀਕਰਨ ਕਰਨ ਦਾ ਦੋਸ਼ ਲਗਾਇਆ।

ਵਿਰੋਧ ਦੇ ਵਿਚਕਾਰ ਲਿੰਗ ਨੇ ਕਿਹਾ ਕਿ ਉਸ ਨੂੰ ਆਨਲਾਈਨ ਦੁਰਵਿਹਾਰ ਅਤੇ ਸਾਜ਼ਿਸ਼ ਦੇ ਸਿਧਾਂਤਾਂ ਦਾ ਸਾਹਮਣਾ ਕਰਨਾ ਪਿਆ, ਜਿਸ ਵਿੱਚ ਉਸ ਨੂੰ ਵਿਦੇਸ਼ੀ ਜਾਸੂਸ ਕਿਹਾ ਗਿਆ। ਦੋਸ਼ਾਂ ਨੂੰ ਰੱਦ ਕਰਦੇ ਹੋਏ ਉਸ ਨੇ ਐੱਕਸ 'ਤੇ ਲਿਖਿਆ, 'ਮੈਂ ਕਦੇ ਨਹੀਂ ਸੋਚਿਆ ਸੀ ਕਿ ਮੈਨੂੰ ਇਹ ਲਿਖਣਾ ਪਵੇਗਾ, ਪਰ ਮੈਂ ਕਿਸੇ ਵੀ ਤਰ੍ਹਾਂ ਦੀ ਵਿਦੇਸ਼ੀ ਜਾਸੂਸ ਨਹੀਂ ਹਾਂ।' ਉਸ ਨੇ ਕਿਹਾ ਕਿ ਜਨਤਕ ਤੌਰ 'ਤੇ ਸਵਾਲ ਪੁੱਛਣਾ ਨਾਰਵੇ ਵਿੱਚ ਇੱਕ ਮਿਆਰੀ ਪੱਤਰਕਾਰੀ ਅਭਿਆਸ ਹੈ ਅਤੇ ਕਿਹਾ ਕਿ ਆਉਣ ਵਾਲੇ ਨੇਤਾਵਾਂ ਨੂੰ ਆਮ ਤੌਰ 'ਤੇ ਅਧਿਕਾਰਤ ਰੁਝੇਵਿਆਂ ਦੌਰਾਨ ਮੀਡੀਆ ਵੱਲੋਂ ਸਵਾਲ ਕੀਤੇ ਜਾਣ ਦੀ ਉਮੀਦ ਕੀਤੀ ਜਾਂਦੀ ਹੈ।

### ਉਮਰ ਖਾਲਿਦ ਨੂੰ ਨਹੀਂ ਮਿਲੀ ਰਾਹਤ...

ਗਤੀਵਿਧੀਆਂ (ਰੋਕਥਾਮ) ਐਕਟ (ਯੂ ਏ ਪੀ ਏ) ਦੇ ਤਹਿਤ ਮੁਕੱਦਮਿਆਂ ਵਿੱਚ ਵੀ ਜ਼ਮਾਨਤ ਨਿਯਮ ਹੈ ਅਤੇ ਜੇਲ੍ਹ ਇੱਕ ਅਪਵਾਦ ਹੈ। ਜਸਟਿਸ ਬੀ ਵੀ ਨਾਗਰਤਨਾ ਅਤੇ ਉੱਜਲ ਭੂਈਆਂ ਦੀ ਬੈਂਚ ਨੇ ਰਾਸ਼ਟਰੀ ਜਾਂਚ ਏਜੰਸੀ (ਐੱਨ ਆਈ ਏ) ਦੀ ਪੜਤਾਲ ਅਧੀਨ ਨਾਰਕੋ-ਅੱਤਵਾਦ ਮਾਮਲੇ ਵਿੱਚ ਜੰਮੂ-ਕਸ਼ਮੀਰ ਨਿਵਾਸੀ ਸਈਦ ਇਫਤਿਖਾਰ ਅੰਦਰਾਬੀ ਨੂੰ ਜ਼ਮਾਨਤ ਦਿੰਦੇ ਹੋਏ ਇਸ ਸਾਲ ਦੇ ਸ਼ੁਰੂ ਵਿੱਚ ਜਸਟਿਸ ਅਰਵਿੰਦ ਕੁਮਾਰ ਅਤੇ ਜਸਟਿਸ ਐੱਨ ਵੀ ਅੰਜਾਰੀਆ ਦੀ ਸ਼ਮੂਲੀਅਤ ਵਾਲੇ ਦੋ ਜੱਜਾਂ ਦੀ ਬੈਂਚ ਵੱਲੋਂ ਦਿੱਲੀ ਦੰਗਿਆਂ ਦੇ ਸਾਜ਼ਿਸ਼ ਮਾਮਲੇ ਵਿੱਚ ਅਪਣਾਏ ਗਏ ਤਰਕ 'ਤੇ ਗੰਭੀਰ ਇਤਰਾਜ਼ ਪ੍ਰਗਟ ਕੀਤੇ ਸਨ। ਬੈਂਚ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਸੀ ਕਿ 5 ਜਨਵਰੀ ਦਾ ਫੈਸਲਾ ਯੂਨੀਅਨ ਆਫ ਇੰਡੀਆ ਬਨਾਮ ਕੇ ਏ ਨਜੀਬ (2021) ਮਾਮਲੇ ਵਿੱਚ ਤਿੰਨ ਜੱਜਾਂ ਦੀ ਇੱਕ ਵੱਡੀ ਬੈਂਚ ਵੱਲੋਂ ਨਿਰਧਾਰਤ ਬੰਧਨਕਾਰੀ ਸਿਧਾਂਤਾਂ ਨੂੰ ਸਹੀ ਢੰਗ ਨਾਲ ਲਾਗੂ ਕਰਨ ਵਿੱਚ ਅਸਫਲ ਰਿਹਾ, ਜਿਸ ਵਿੱਚ ਮੰਨਿਆ ਗਿਆ ਸੀ ਕਿ ਲੰਮੇ ਸਮੇਂ ਤੱਕ ਕੈਦ ਅਤੇ ਮੁਕੱਦਮੇ ਵਿੱਚ ਦੇਰੀ ਯੂ ਏ ਪੀ ਏ ਦੀ ਧਾਰਾ 43 ਡੀ (5) ਦੇ ਤਹਿਤ ਜ਼ਮਾਨਤ 'ਤੇ ਕਾਨੂੰਨੀ ਪਾਬੰਦੀਆਂ ਨੂੰ ਪਾਸੇ ਕਰ ਸਕਦੀ ਹੈ। ਇਨ੍ਹਾਂ ਟਿੱਪਣੀਆਂ ਤੋਂ ਬਾਅਦ ਉਮੀਦ ਬੱਝੀ ਸੀ ਕਿ ਉਮਰ ਖਾਲਿਦ ਵਰਗਿਆਂ ਨੂੰ ਜ਼ਮਾਨਤ ਲੈਣ ਵਿੱਚ ਸੌਖ ਹੋ ਜਾਵੇਗੀ।

# ਤਾਜਲਪੁਰ ਵਾਸੀਆਂ ਵੱਲੋਂ ਰਣਜੋਧ ਹਡਾਣਾ ਦੇ ਹੱਕ 'ਚ ਵੱਡੀ ਸ਼ਮੂਲੀਅਤ



**ਦੇਵੀਗੜ੍ਹ/ਸਨੌਰ (ਰਾਜਿੰਦਰ ਸਿੰਘ ਥਿੰਦ)**- ਹਲਕਾ ਸਨੌਰ ਦੇ ਸਿਆਸੀ ਖੇਤਰ ਵਿੱਚ ਉਸ ਵੇਲੇ ਇੱਕ ਵੱਡਾ ਧਮਾਕਾ ਹੋਇਆ, ਜਦੋਂ ਪਿੰਡ ਤਾਜਲਪੁਰ ਦੇ ਵੱਡੀ ਗਿਣਤੀ ਵਿੱਚ ਵਾਸੀਆਂ ਨੇ ਰਣਜੋਧ ਹਡਾਣਾ ਦੇ ਹੱਕ ਵਿੱਚ ਨਿੱਤਰਦਿਆਂ ਪਾਰਟੀ ਵਿੱਚ ਸ਼ਮੂਲੀਅਤ (ਜੁਆਨਿੰਗ) ਕੀਤੀ।ਇਸ ਮੌਕੇ ਚੇਅਰਮੈਨ ਹਰਪ੍ਰੀਤ ਸਿੰਘ ਘੁਮਾਣ ਤੇ ਲਾਲੀ ਰਹਿਲ ਪੀ.ਏ. ਰਣਜੋਧ ਹਡਾਣਾ ਪਾਰਟੀ ਦੇ ਸੀਨੀਅਰ ਆਗੂਆਂ ਵੱਲੋਂ ਨਵੇਂ ਸਾਥੀਆਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਸਬੰਧੀ ਕਰਵਾਏ ਗਏ ਇੱਕ ਵਿਸ਼ੇਸ਼ ਮਿਲਣੀ ਦੌਰਾਨ ਚੇਅਰਮੈਨ ਘੁਮਾਣ ਤੇ ਪੀ.ਏ. ਲਾਲੀ ਰਹਿਲ ਨੇ ਪਿੰਡ ਤਾਜਲਪੁਰ ਤੋਂ ਵੱਡੀ ਗਿਣਤੀ ਵਿੱਚ ਆਏ ਪਿੰਡ ਵਾਸੀਆਂ ਨੂੰ ਪਾਰਟੀ ਦੇ ਮਫਲਰ ਪੁਆ ਕੇ ਰਸਮੀ ਤੌਰ 'ਤੇ ਪਾਰਟੀ ਵਿੱਚ ਸ਼ਾਮਲ ਕੀਤਾ ਤੇ ਜੀ ਆਇਆਂ ਨੂੰ ਆਖਿਆ।ਇਸ ਮੌਕੇ ਚੇਅਰਮੈਨ ਘੁਮਾਣ ਤੇ ਲਾਲੀ ਰਹਿਲ ਨੇ ਕਿਹਾ ਕਿ ਰਣਜੋਧ ਹਡਾਣਾ ਦੇ ਹੱਕ ਵਿੱਚ ਹੋਈ ਇਸ ਵੱਡੀ ਜੁਆਨਿੰਗ ਨਾਲ ਹਲਕੇ ਅੰਦਰ ਪਾਰਟੀ ਨੂੰ ਬਹੁਤ ਵੱਡੀ ਮਜ਼ਬੂਤੀ ਮਿਲੇਗੀ। ਇਸ ਮੌਕੇ ਪਿੰਡ ਵਾਸੀਆਂ ਨੇ ਵੀ ਵਿਸ਼ਵਾਸ ਦਿਵਾਇਆ ਕਿ ਉਹ ਰਣਜੋਧ ਹਡਾਣਾ ਦੀਆਂ ਲੋਕ-ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਨਾਲ ਜੁੜੇ ਹਨ ਤੇ ਆਉਣ ਵਾਲੇ ਦਿਨਾਂ ਵਿੱਚ ਹਡਾਣਾ ਦੇ ਹੱਕ ਵਿੱਚ ਦਿਨ-ਰਾਤ ਇੱਕ ਕਰਕੇ ਪ੍ਰਚਾਰ ਕਰਨਗੇ।ਇਸ ਮੌਕੇ ਓਦੇਹ ਸਿੰਘ ਸਰਪੰਚ, ਜਰਨੈਲ ਸਿੰਘ ਨੰਬਰਦਾਰ, ਲੇਖ ਰਾਜ ਸਾਬਕਾ ਸਰਪੰਚ ਬਹਾਦਰਗੜ੍ਹ, ਜਾਗਰ ਸਿੰਘ ਚੌਂਕੀਦਾਰ, ਚੰਦ ਸਿੰਘ, ਰਾਮ ਲਾਲ, ਰਾਜਕੁਮਾਰ, ਕਾਕਾ ਸਿੰਘ, ਰਾਜਵਿੰਦਰ ਸਿੰਘ ਤੇ ਹੋਰ ਪਿੰਡ ਵਾਸੀ ਵੀ ਮੌਜੂਦ ਸਨ।

# 'ਆਪ' ਉਮੀਦਵਾਰ ਨੂੰ ਵਾਰਡ ਨੰ. 1 ਦੇ ਵੋਟਰਾਂ ਵੱਲੋਂ ਮਿਲ ਰਿਹੈ ਭਾਰੀ ਸਮਰਥਨ : ਵਿਜੇ ਭਾਊ

**ਕੋਟ ਈਸੇ ਖਾਂ (ਅਰੋੜਾ)**- ਨਗਰ ਪੰਚਾਇਤ ਕੋਟ ਈਸੇ ਖਾਂ ਦੀਆਂ ਚੋਣਾਂ ਨੂੰ ਲੈ ਕੇ ਸ਼ਹਿਰ ਵਿੱਚ ਚੋਣ ਮਾਹੌਲ ਦਿਨੋਂ-ਦਿਨ ਭਖਦਾ ਜਾ ਰਿਹਾ ਹੈ।ਵੱਖ-ਵੱਖ ਵਾਰਡਾਂ ਵਿੱਚ ਉਮੀਦਵਾਰਾਂ ਵੱਲੋਂ ਜ਼ੋਰਦਾਰ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ ਤੇ ਵੋਟਰਾਂ ਵਿੱਚ ਵੀ ਚੋਣਾਂ ਨੂੰ ਲੈ ਕੇ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ।ਇਸੇ ਤਹਿਤ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਹੇਠ ਵਾਰਡ ਨੰਬਰ-1 ਤੋਂ ਆਮ ਆਦਮੀ ਪਾਰਟੀ ਦੀ ਪੜ੍ਹੀ-ਲਿਖੀ, ਮਿਹਨਤੀ ਤੇ ਸੂਝਵਾਨ ਉਮੀਦਵਾਰ ਕਿਰਨ ਪਤਨੀ ਸੁਖਪ੍ਰੀਤ ਸਿੰਘ (ਵਿਜੇ ਭਾਊ) ਵੱਲੋਂ ਵਾਰਡ ਦੇ ਹਰ ਗਲੀ-ਮੁਹੱਲੇ ਵਿੱਚ ਡੋਰ-ਟੂ-ਡੋਰ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ।

ਚੋਣ ਪ੍ਰਚਾਰ ਦੌਰਾਨ ਵਾਰਡ ਵਾਸੀਆਂ ਵੱਲੋਂ ਉਨ੍ਹਾਂ ਨੂੰ ਭਰਵਾਂ ਹੁੰਗਾਰਾ, ਪਿਆਰ ਤੇ ਸਮਰਥਨ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਮੇਰੇ ਵੋਟਰ ਮੇਰਾ ਪਰਿਵਾਰ ਹਨ। ਉਨ੍ਹਾਂ ਕਿਹਾ ਕਿ ਵਾਰਡ ਵਾਸੀਆਂ ਦੇ ਪਿਆਰ ਤੇ ਵਿਸ਼ਵਾਸ ਸਦਕਾ ਹੀ ਪ੍ਰਮਾਤਮਾ ਦਾ ਸ਼ੁਕਰਾਨਾ ਕਰਕੇ ਚੋਣ ਮੈਦਾਨ ਵਿੱਚ ਉੱਤਰੇ ਹਾਂ ਤੇ ਵਾਰਡ ਵਾਸੀਆਂ ਦੇ ਸਹਿਯੋਗ ਨਾਲ ਸੀਟ ਜਿੱਤ ਕੇ ਪਾਰਟੀ ਦੀ ਝੋਲੀ ਪਾਵਾਂਗੇ।ਚੋਣ ਪ੍ਰਚਾਰ ਦੌਰਾਨ ਵਿਜੇ ਭਾਊ ਨੇ ਕਿਹਾ ਕਿ ਲੋਕਾਂ ਵੱਲੋਂ ਮਿਲ ਰਿਹਾ ਵੱਡਾ ਸਮਰਥਨ ਇਸ ਗੱਲ ਦਾ ਸਬੂਤ ਹੈ ਕਿ ਲੋਕ ਆਮ ਆਦਮੀ ਪਾਰਟੀ ਦੀਆਂ ਲੋਕ ਭਲਾਈ ਵਾਲੀਆਂ ਨੀਤੀਆਂ ਤੇ ਸਰਕਾਰ ਦੇ ਕੰਮਾਂ ਤੋਂ ਬਹੁਤ ਪ੍ਰਭਾਵਿਤ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਕੀਤੇ ਜਾ ਰਹੇ ਫੈਸਲੇ ਤੇ ਸ਼ਹਿਰ ਵਿੱਚ ਹੋਏ ਵਿਕਾਸ ਕਾਰਜਾਂ ਕਰਕੇ ਲੋਕਾਂ ਦਾ ਭਰੋਸਾ ਪਾਰਟੀ 'ਤੇ ਹੋਰ ਮਜ਼ਬੂਤ ਹੋਇਆ ਹੈ।ਉਨ੍ਹਾਂ ਕਿਹਾ ਕਿ ਜੇਕਰ ਵਾਰਡ ਵਾਸੀਆਂ ਨੇ ਸੇਵਾ ਦਾ ਮੌਕਾ ਦਿੱਤਾ ਤਾਂ ਵਾਰਡ ਦੇ ਵਿਕਾਸ ਲਈ ਦਿਨ-ਰਾਤ ਮਿਹਨਤ ਕੀਤੀ ਜਾਵੇਗੀ ਤੇ ਹਰ ਸਮੱਸਿਆ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਵਾਇਆ ਜਾਵੇਗਾ। ਵਿਜੇ ਭਾਊ ਨੇ ਵੋਟਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਉਣ ਵਾਲੀ 26 ਮਈ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਉਨ੍ਹਾਂ ਨੂੰ ਕਾਮਯਾਬ ਬਣਾਇਆ ਜਾਵੇ ਤਾਂ ਜੋ ਵਾਰਡ ਦੇ ਸਰਬਪੱਖੀ ਵਿਕਾਸ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਇਆ ਜਾ ਸਕੇ ਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਾ ਜਾ ਸਕੇ।ਇਸ ਮੌਕੇ ਵੱਡੀ ਗਿਣਤੀ ਵਿੱਚ ਵਾਰਡ ਵਾਸੀਆਂ ਵੱਲੋਂ ਉਮੀਦਵਾਰ ਦੇ ਹੱਕ ਵਿੱਚ ਭਰਪੂਰ ਸਮਰਥਨ ਦਿੱਤਾ ਗਿਆ।



**• ਵਾਰਡ ਵਾਸੀਆਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ ਹੱਲ : ਕਿਰਨ**

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

# ਪੈਟਰੋਲ ਤੇ ਡੀਜ਼ਲ ਦੇ ਰੇਟ ਵਧਾਉਣ 'ਤੇ ਆਰ ਐੱਮ ਪੀ ਆਈ ਵੱਲੋਂ ਵਿਰੋਧ ਪ੍ਰਦਰਸ਼ਨ



**ਪਠਾਨਕੋਟ (ਦਵਿੰਦਰ ਸਿੰਘ)**

ਕੇਂਦਰ ਦੀ ਮੋਦੀ ਸਰਕਾਰ ਨੇ ਪੰਜ ਰਾਜਾਂ ਦੇ ਚੋਣ ਨਤੀਜਿਆਂ ਦੀ ਸਮਾਪਤੀ ਦੇ ਫੌਰੀ ਬਾਅਦ ਪੈਟਰੋਲ ਡੀਜਲ ਤੇ ਵਪਾਰਕ ਗੈਸ ਸਿਲੰਡਰ ਦੀਆਂ ਕੀਮਤਾਂ ਵਿੱਚ ਕੀਤੇ ਭਾਰੀ ਵਾਧੇ ਨੇ ਲੋਕਾਂ ਦੇ ਘਰੇਲੂ ਬਜਟ ਵਗਾੜਕੇ ਰੱਖ ਦਿਤਾ ਹੈ। ਸੀ ਐਨ ਜੀ ਦੀ ਕੀਮਤ ਵਿੱਚ ਦੋ ਦਿਨਾਂ ਵਿੱਚ ਦੋ ਵਾਰ ਲਗਾਤਾਰ ਵਧਾਕੇ ਮੋਦੀ ਨੇ ਅਗਲੇ ਦਿਨਾਂ ਵਿੱਚ ਹੋਰ ਕੀਮਤਾਂ ਵਧਾਉਣ ਤੇ ਕਾਰਪੋਰੇਟ ਜਗਤ ਨੂੰ ਹੋਰ ਮਾਲਾਮਾਲ ਕਰਨ ਅਤੇ ਗਰੀਬ ਜਨਤਾ ਹੋਰ ਕੰਗਾਲ ਦਾ ਇਰਾਦਾ ਸਪੱਸ਼ਟ ਕਰ ਦਿੱਤਾ ਹੈ।ਉਪਰੋਕਤ ਪ੍ਰਤੀਕਿਰਿਆ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਵਲੋਂ ਬਾਲਮੀਕ ਚੌਂਕ ਪਠਾਨਕੋਟ ਵਿਖੇ ਰੋਸ ਪ੍ਰਗਟਾਉਣ ਤੇ ਤੇਲ ਕੀਮਤਾਂ ਦੇ ਵਾਧੇ ਖਿਲਾਫ ਲੋਕਾਂ ਨੂੰ ਜਾਗਰੂਕ ਕਰਨ ਹਿੱਤ 11 ਵਜੇ ਤੋਂ ਦੋ ਵਜੇ ਤੱਕ ਅੱਤ ਦੀ ਗਰਮੀ ਵਿਚ ਪਠਾਨਕੋਟ ਸ਼ਹਿਰ ਅੰਦਰ ਆਪਣੇ ਘਰੇਲੂ ਕੰਮਾਂ ਲਈ ਚੌਂਕ ਵਿਚੋਂ ਗੁਜ਼ਰੇ ਹਜ਼ਾਰਾਂ ਲੋਕਾਂ ਤੇ ਸ਼ਹਿਰ ਵਾਸੀਆਂ ਤੱਕ ਆਪਣਾ ਸੁਨੇਹਾ ਭੇਜਿਆ।ਪਾਰਟੀ ਆਗੂ ਕਾਮਰੇਡ ਨੱਥਾ ਸਿੰਘ ਢਡਵਾਲ, ਸ਼ਿਵ ਕੁਮਾਰ, ਹਰਿੰਦਰ ਸਿੰਘ ਰੰਧਾਵਾ ਅਤੇ ਬਲਵੰਤ ਸਿੰਘ ਘੋਹ ਨੇ ਬੋਲਦਿਆਂ ਉਮੀਦ ਕੀਤੀ ਕਿ ਆਰ ਐੱਮ ਪੀ ਆਈ ਅਤੇ ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਵੱਲੋਂ ਸਾਂਝੇ ਤੌਰ ਪਿੰਡਾਂ ਤੇ ਸ਼ਹਿਰੀ ਮੁਹੱਲਿਆਂ ਅੰਦਰ ਨਿਰੰਤਰ 31 ਮਈ ਤੱਕ ਲੋਕਾਂ ਨੂੰ ਜਾਗਰੂਕ ਕਰਨ ਅਤੇ ਲੋਕ ਲਾਮਬੰਦੀ ਕਰਕੇ ਵੱਡੇ ਅੰਦੋਲਨ ਦੀ ਤਿਆਰੀ ਲਈ ਸਹਿਯੋਗ ਦੇਣਗੇ ਕਿਉਂਕਿ ਆਉਣ ਵਾਲੇ ਦਿਨਾਂ ਵਿਚ ਪੈਟਰੋਲ, ਡੀਜ਼ਲ, ਗੈਸ, ਖੇਤੀ ਖੇਤਰ ਲਈ ਖਾਦ ਦੀਆਂ ਕੀਮਤਾਂ ਵਾਰ ਵਾਰ ਵਧਣਗੀਆਂ, ਇਨ੍ਹਾਂ ਦਾ ਮਿਲਣਾ ਵੀ ਔਖਾ ਹੋਵੇਗਾ ਅਤੇ ਮਹਿੰਗਾਈ ਤੇ ਬੇਰੁਜ਼ਗਾਰੀ ਵਿੱਚ ਬੇਸ਼ੁਮਾਰ ਵਾਧਾ ਅਟੱਲ ਸਚਾਈ ਹੈ।ਆਗੂਆਂ ਨੇ ਅੱਗੇ ਕਿਹਾ ਕਿ ਤੇਲ ਕੀਮਤਾਂ ਉੱਪਰ ਦੇਸ਼ ਵਾਸੀਆਂ ਤੋਂ ਸਰਕਾਰਾਂ 38% ਟੈਕਸ ਵਸੂਲ ਕਰ ਰਹੀ, ਟੈਕਸ ਕਟੌਤੀ ਕਰਕੇ ਲੋਕਾਂ ਨੂੰ ਰਾਹਤ ਦਿੱਤੀ ਜਾ ਸਕਦੀ ਹੈ।ਪੈਟਰੋਲ ਡੀਜ਼ਲ ਗੈਸ ਦੀਆਂ ਕੀਮਤਾਂ ਵਿਚ ਕੀਤਾ ਵਾਧਾ ਵਾਪਸ ਲੋ, ਰੋਕੋ ਰੋਕੋ ਇਹ ਮਹਿੰਗਾਈ ਨਹੀਂ ਤਾਂ ਤੁਹਾਡੀ ਸ਼ਾਮਤ ਆਈ, ਮਹਿੰਗਾਈ ਤੇ ਬੇਰੁਜ਼ਗਾਰੀ ਦੀ ਜਿੰਮੇਵਾਰ ਇਹ ਸਰਕਾਰ-ਇਹ ਸਰਕਾਰ, ਇਹ ਸਰਕਾਰ ਬਦਲਣੀ ਹੈ, ਕੇਂਦਰ ਤੇ ਪੰਜਾਬ ਸਰਕਾਰ ਮੁਰਦਾਬਾਦ, ਮਜ਼ਦੂਰ ਮੁਲਾਜ਼ਮ ਕਿਸਾਨ ਏਕਤਾ ਜ਼ਿੰਦਾਬਾਦ, ਨੌਜਵਾਨ-ਵਿਦਿਆਰਥੀ ਏਕਤਾ ਜ਼ਿੰਦਾਬਾਦ, ਆਰ ਐੱਮ ਪੀ ਆਈ ਜ਼ਿੰਦਾਬਾਦ ਅਤੇ ਸਾਮਰਾਜਵਾਦ-ਮੁਰਦਾਬਾਦ ਦੇ ਨਾਅਰੇ ਗੂੰਜ ਰਹੇ ਸਨ।ਉਪਰੋਕਤ ਸਮੱਸਿਆਵਾਂ ਦਾ ਹੱਲ ਦੱਸਦਿਆਂ ਆਗੂਆਂ ਨੇ ਕਿਹਾ ਕਿ ਮਜ਼ਦੂਰਾਂ ਮੁਲਾਜ਼ਮਾਂ ਕਿਸਾਨਾਂ ਨੌਜਵਾਨਾਂ ਅਤੇ ਔਰਤਾਂ ਨੂੰ ਜਥੇਬੰਦ ਹੋ ਕੇ ਆਰ ਐਮ ਪੀ ਆਈ ਦੀ ਅਗਵਾਈ ਹੇਠ ਖੱਬੀਆਂ ਧਿਰਾਂ ਨਾਲ ਏਕਾ ਕਰਕੇ ਕੇਂਦਰ ਤੇ ਪੰਜਾਬ ਸਰਕਾਰ ਖਿਲਾਫ ਬੱਝਵਾਂ ਸੰਘਰਸ਼ ਕਰਨਾ ਪਵੇਗਾ।ਬੇਰੋਕ ਵੱਧ ਰਹੀ ਮਹਿੰਗਾਈ ਤੇ ਬੇਰੁਜ਼ਗਾਰੀ ਦੀ ਮਾਰ ਨੇ ਸਾਰੇ ਧਰਮਾਂ ਦੇ ਗਰੀਬ ਲੋਕਾਂ ਦਾ ਜੀਣਾ ਦੁੱਭਰ ਕਰ ਛੱਡਿਆ ਹੈ।ਧਰਮਾਂ ਦੇ ਵੱਖਰੇਵਿਆਂ ਤੋਂ ਉਪਰ ਉਠ ਕੇ ਆਰਥਿਕ, ਸਮਾਜਿਕ, ਰਾਜਨੀਤਕ ਤੇ ਵਿਚਾਰਧਾਰਕ ਲੜਾਈ ਵਿਚ ਸ਼ਾਮਲ ਹੋਣ ਦੀ ਮੁਖ ਲੋੜ ਹੈ।ਇਸ ਮੌਕੇ ਉਪਰੋਕਤ ਤੋਂ ਇਲਾਵਾ ਕਾਮਰੇਡ ਬਲਦੇਵ ਰਾਜ ਭੋਆ, ਰਘਬੀਰ ਸਿੰਘ ਧਲੌਰੀਆਂ ਬਲਕਾਰ ਚੰਦ ਭਰਿਆਲ ਲਾਹੜੀ, ਸਕੱਤਰ ਸਿੰਘ, ਅਵਤਾਰ ਸਿੰਘ, ਰਾਮ ਬਿਲਾਸ ਠਾਕੁਰ, ਅਜੀਤ ਰਾਮ ਗੰਦਲਾਂ ਲਾਹੜੀ, ਯਸਪਾਲ, ਜਨਕ ਰਾਜ, ਦੇਵ ਰਾਜ, ਸੋਹਨ ਲਾਲ, ਨਰਿੰਜਣ ਸਿੰਘ ਅਤੇ ਹੋਰ ਹਾਜ਼ਰ ਸਾਥੀਆਂ ਨੇ ਵਿਚਾਰ ਸਾਂਝੇ ਕੀਤੇ।

# ਗਿਲਜੀਆਂ ਵੱਲੋਂ ਪਰਵਾਰ ਨੂੰ ਵਿੱਤੀ ਮਦਦ ਭੇਟ



**ਅੱਡਾ ਸਰਾਂ (ਜਸਵੀਰ ਕਾਜਲ)**-ਬੀਤੇ ਦਿਨੀ ਪਿੰਡ ਕੰਧਾਲਾ ਜੱਟਾਂ ਵਿਚ ਅਸਮਾਨੀ ਬਿਜਲੀ ਡਿੱਗਣ ਕਾਰਨ ਇਕ ਪਰਵਾਰ ਦੇ ਘਰ ਦੀ ਛੱਤ ਨੁਕਸਾਨੀ ਗਈ ਸੀ ਅਤੇ ਬਿਜਲੀ ਉਪਕਰਨ ਸੜ ਗਏ ਸਨ । ਨੁਕਸਾਨ ਝੱਲਣ ਵਾਲੇ ਪਰਵਾਰ ਦੀ ਮਦਦ ਲਈ ਸਾਬਕਾ ਕੈਬਨਿਟ ਮੰਤਰੀ ਸੰਗਤ ਸਿੰਘ ਗਿਲਜੀਆਂ ਨੇ ਵਿੱਤੀ ਮਦਦ ਭੇਟ ਕੀਤੀ ਹੈ। ਇਸ ਮੌਕੇ ਜੋਗਿੰਦਰ ਸਿੰਘ, ਸੂਬੇਦਾਰ ਗੁਰਮੇਲ ਸਿੰਘ, ਕੈਪਟਨ ਹਰਿਓਮ ਸਿੰਘ, ਨੰਬਰਦਾਰ ਸੁੱਚਾ ਸਿੰਘ, ਪੰਚ ਇੰਦਰਜੀਤ ਸਿੰਘ, ਹਰਪ੍ਰੀਤ ਸਿੰਘ ਹੈਪੀ, ਸੂਬੇਦਾਰ ਮਸਤਾਨ ਸਿੰਘ, ਗੁਰਮੇਲ ਸਿੰਘ, ਜਸਵੀਰ ਸਿੰਘ, ਪੰਚ ਤਰਸੇਮ ਸਿੰਘ ਆਦਿ ਮੌਜੂਦ ਸਨ ।

# ਮੰਗਾਂ ਨੂੰ ਲੈ ਕੇ ਨਗਰ ਕੌਂਸਲ ਸਫਾਈ ਸੇਵਕਾਂ ਦੀ ਹੜਤਾਲ 15ਵੇਂ ਦਿਨ 'ਚ ਦਾਖਲ

**ਧਾਰੀਵਾਲ (ਨ ਜ਼ ਸ)**



ਜਿੱਥੇ ਪੰਜਾਬ ਭਰ ਵਿੱਚ ਵੱਖ-ਵੱਖ ਮੁਲਾਜਮ ਜੱਥੇਬੰਦੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਵਿੱਢੇ ਹੋਏ ਹਨ ਉਥੇ ਧਾਰੀਵਾਲ ਵਿੱਚ ਵੀ ਨਗਰ ਕੌਂਸਲ ਦੇ ਸਫਾਈ ਸੇਵਕਾਂ ਵੱਲੋਂ 6 ਮਈ 2026 ਤੋਂ ਆਪਣੀਆਂ ਮੰਗਾ ਨੂੰ ਲੈ ਕੇ ਹੜਤਾਲ ਕੀਤੀ ਹੋਈ ਹੈ ਜਿਸ ਕਰਕੇ ਸ਼ਹਿਰ ਧਾਰੀਵਾਲ ਵਿੱਚ ਸਫਾਈ ਦਾ ਕੰਮ ਠੱਪ ਹੋਣ ਕਰਕੇ ਸ਼ਹਿਰ ਧਾਰੀਵਾਲ ਵਾਸੀਆਂ ਨੂੰ ਵੱਡੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਜਗ੍ਹਾ-ਜਗ੍ਹਾ ਗੰਦਗੀ ਦੇ ਢੇਰ ਜਮ੍ਹਾ ਹੋਣ ਕਰਕੇ ਕਈ ਬਿਮਾਰੀਆਂ ਫੈਲਣ ਦਾ ਖਦਸ਼ਾ ਬਣਿਆ ਹੋਇਆ ਹੈ ਪਰ ਸਰਕਾਰ ਅਤੇ ਵਿਭਾਗ ਦੇ ਕੰਨਾਂ ਤੇ ਜੂੰ ਤੱਕ ਨਹੀਂ ਸਰਕ ਰਹੀ ਅਤੇ ਨਾ ਹੀ ਕੋਈ ਅਧਿਕਾਰੀ ਮੰਗਾਂ ਮੰਨਣ ਸਬੰਧੀ ਭਰੋਸਾ ਦੇ ਕੇ ਹੜਤਾਲ ਖਤਮ ਕਰਨ ਦੀ ਕੋਸ਼ਿਸ਼ ਨਹੀਂ ਕਰ ਰਿਹਾ ਹੈ।ਸਥਾਨਕ ਸਫਾਈ ਯੂਨੀਅਨ ਦੇ ਪ੍ਰਧਾਨ ਜਤਿੰਦਰ ਮੱਟੂ, ਵਾਈਸ ਪ੍ਰਧਾਨ ਗੀਤਾ ਗਿੱਲ, ਜਿਲ੍ਹਾ ਜਨਰਲ ਸਕੱਤਰ ਸਿਕੰਦਰ, ਸਕੱਤਰ ਅਸਵਨੀ, ਬੰਟੀ, ਸੂਰਜ ਅਤੇ ਹੋਰਨਾਂ ਨੇ ਆਪਣੀਆਂ ਮੰਗਾਂ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆਂ ਕਿ ਉਨ੍ਹਾਂ ਦੀ ਮੰਗ ਹੈ ਕਿ 15 ਸਾਲ ਤੋਂ ਕਲਰਕਾਂ ਦੀ ਪੋਸਟ ਤੇ ਕੰਮ ਕਰਦਿਆਂ ਨੂੰ ਜੇ. ਈ. ਬਣਾਇਆ ਜਾਵੇ, ਮਿਊਂਸੀਪਲ ਮੁਲਾਜ਼ਮਾਂ ਦੀਆਂ ਤਰੱਕੀਆਂ ਸਥਾਨਕ ਪੱਧਰ 'ਤੇ ਹੀ ਲਗਾਈਆਂ ਜਾਣ।20 ਸਾਲਾਂ ਦੀ ਸਰਵਿਸ ਤੋਂ ਪੂਰੀ ਸੇਵਾ ਮੁਕਤੀ ਦੇ ਲਾਭ ਦਿੱਤੇ ਜਾਣ। ਤਰਸ ਅਧਾਰਤ ਨੌਕਰੀ ਬਿਨਾਂ ਸ਼ਰਤ ਦਿੱਤੀ ਜਾਵੇ, ਸਫਾਈ ਸੇਵਕਾਂ ਨੂੰ ਕੂੜਾ ਸੁੱਟਣ ਲਈ ਹੱਥ ਰੇੜੀ ਦੀ ਜਗ੍ਹਾ ਈ-ਰਿਕਸ਼ਾ ਮੁਹੱਈਆਂ ਕਰਵਾਏ ਜਾਣ, ਮਿਊਂਸੀਪਲ ਮੁਲਾਜ਼ਮਾਂ ਨੂੰ 200 ਰੁਪਏ ਵਿਕਾਸ ਟੈਕਸ ਤੇ ਛੋਟ ਦਿੱਤੀ ਜਾਵੇ, ਮਿਤੀ 17.07.2020 ਨੂੰ ਜਾਰੀ ਕੀਤਾ ਪੱਤਰ ਰੱਦ ਕਰਕੇ ਮਿਊਂਸੀਪਲ ਮੁਲਾਜ਼ਮਾਂ ਨੂੰ ਪੰਜਾਬ ਪੇਅ-ਸਕੇਲ ਦਿੱਤਾ ਜਾਵੇ। 01.01.2016 ਤੋਂ 30.06.2021 ਤੱਕ ਦਾ ਬਕਾਇਆ ਜਲਦ ਦਿੱਤਾ ਜਾਵੇ। ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਅਤੇ ਬਕਾਏ ਦੀ ਰਾਸ਼ੀ ਜਲਦ ਜਾਰੀ ਕੀਤੀ ਜਾਵੇ।6ਵੇਂ ਪੇਅ-ਕਮਿਸ਼ਨ ਤਹਿਤ ਬੰਦ ਕੀਤੇ ਭੱਤੇ ਮੁੜ ਬਹਾਲ ਕਰਨ ਸਮੇਤ ਏ.ਸੀ.ਪੀ. ਸਕੀਮ ਮੁੜ ਲਾਗੂ ਕੀਤੀ ਜਾਵੇ ਅਤੇ ਸਾਲਾਨਾ ਤਰੱਕੀ ਦੀ ਦਰ 5 ਪ੍ਰਤੀਸ਼ਤ ਕੀਤੀ ਜਾਵੇ ਅਤੇ ਪੰਜਾਬ ਦੇ 7ਵੇਂ ਪੇ-ਕਮਿਸ਼ਨ ਦਾ ਜਲਦ ਗਠਨ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਯੂਨੀਅਨ ਨੇ ਆਪਣੀਆਂ ਮੰਗਾਂ ਪ੍ਰਤੀ ਮੰਗ ਪੱਤਰ ਕਾਰਜ ਸਾਧਕ ਅਫਸਰ ਤੋਂ ਇਲਾਵਾ ਹੋਰਨਾਂ ਪੰਜਾਬ ਦੇ ਅਧਿਕਾਰੀਆਂ ਨੂੰ ਭੇਜ ਦਿੱਤਾ ਹੈ ਜਿਸ ਵਿੱਚ ਪੰਜਾਬ ਸਰਕਾਰ ਅਤੇ ਨਗਰ ਕੌਂਸਲ ਤੋਂ ਮੰਗ ਕੀਤੀ ਗਈ ਹੈ ਕਿ ਨਗਰ ਕੌਂਸਲ ਮੁਲਾਜ਼ਮਾਂ ਦੀਆਂ ਮੰਗਾਂ ਦਾ ਜਲਦ ਨਿਪਟਾਰਾ ਕੀਤਾ ਜਾਵੇ।

# ਭੱਠਾ ਮਜ਼ਦੂਰਾਂ ਦੀਆਂ ਨਿਗੂਣੀਆਂ ਉਜਰਤਾਂ 'ਚ ਫੌਰੀ ਵਾਧਾ ਕਰਨ ਦੀ ਮੰਗ



**ਬਟਾਲਾ (ਤਰਲੋਕ ਬੱਗਾ)**

ਭੱਠਾ ਮਜ਼ਦੂਰ ਯੂਨੀਅਨ ਆਜ਼ਾਦ ਵੱਲੋਂ ਤਹਿਸੀਲ ਦੀਨਾਨਗਰ ਦੇ ਨਿਕਾਸੀ ਦੇ ਜਮਾਂਦਾਰ ਦੀ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਕਾਮਰੇਡ ਅਸ਼ਵਨੀ ਕੁਮਾਰ ਹੈਪੀ ਤੇ ਕਾਮਰੇਡ ਗੋਪਾਲ ਕ੍ਰਿਸ਼ਨ ਪਾਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਗਰਮੀਆਂ ਦਾ ਸੀਜ਼ਨ ਖਤਮ ਹੋਣ 'ਤੇ ਹੈ ਪਰ ਭੱਠਾ ਮਾਲਕਾਂ ਵੱਲੋਂ ਮਜ਼ਦੂਰ ਦੀਆਂ ਉਜਰਤਾਂ ਵਿਚ ਕੋਈ ਵਾਧਾ ਨਹੀਂ ਕੀਤਾ ਗਿਆ ਤੇ ਦੂਜੇ ਪਾਸੇ ਪੱਕੀਆਂ ਇੱਟਾਂ ਵਿੱਚ ਕਈ ਵਾਰ ਵਾਧਾ ਕੀਤਾ ਗਿਆ ਹੈ । ਉਨ੍ਹਾਂ ਨੇ ਕਿਹਾ ਕਿ ਭੱਠਿਆਂ ਤੇ ਕੰਮ ਕਰਦੇ ਮਜ਼ਦੂਰਾਂ ਦੇ ਰੇਟਾਂ ਵਿੱਚ ਵਾਧਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਭੱਠਿਆਂ 'ਤੇ ਮਜ਼ਦੂਰਾਂ ਦਾ ਰਹਿਣ ਸਹਿਣ ਦਾ ਵੀ ਕੋਈ ਠੀਕ ਪ੍ਰਬੰਧ ਨਹੀਂ ਹੈ ਤੇ ਮਾਲਕਾਂ ਵੱਲੋਂ ਨਿਕਾਸੀ ਵਾਲੇ ਮਜ਼ਦੂਰਾਂ ਤੋਂ ਬੇਹੱਦ ਬਿਜਲੀ ਬਿੱਲ ਵਸੂਲੇ ਜਾਂਦੇ ਹਨ। ਇਸ ਸਮੇਂ ਕਾਮਰੇਡ ਹੈਪੀ ਨੇ ਕਿਹਾ ਕਿ ਇੰਨੇ ਮਹਿੰਗੇ ਦੌਰ ਵਿੱਚ ਮਜ਼ਦੂਰਾਂ ਨੂੰ ਦੋ ਵਕਤ ਦੀ ਰੋਟੀ ਚਲਾਉਣ ਦੇ ਲਾਲੇ ਪਏ ਹੋਏ ਹਨ ਤੇ ਦੂਜੇ ਪਾਸੇ ਸਰਕਾਰ ਵੱਲੋਂ ਪਟਰੋਲ, ਡੀਜ਼ਲ, ਰਸੋਈ ਗੈਸ ਵਿੱਚ ਲਗਾਤਾਰ ਵਾਧਾ ਕੀਤਾ ਜਾ ਰਿਹਾ ਹੈ ਜੋ ਲੋਕਾਂ 'ਤੇ ਬੋਝ ਪਾਇਆ ਜਾ ਰਿਹਾ ਹੈ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਮਾਝਾ ਜ਼ੋਨ ਦੇ ਪ੍ਰਧਾਨ ਮਨਜੀਤ ਰਾਜ ਨੇ ਵੀ ਸੰਬੋਧਨ ਕੀਤਾ। ਉਨ੍ਹਾਂ ਨੇ ਕਿਹਾ ਕਿ ਮਹਿੰਗਾਈ ਨੂੰ ਧਿਆਨ ਵਿੱਚ ਰੱਖਦਿਆਂ ਭੱਠਾ ਮਜ਼ਦੂਰਾਂ ਦੇ ਰੇਟਾਂ ਵਿੱਚ ਫੌਰੀ ਵਾਧਾ ਕੀਤਾ ਜਾਵੇ ਨਹੀਂ ਤਾ ਭੱਠਾ ਮਜ਼ਦੂਰ ਯੂਨੀਅਨ ਆਜ਼ਾਦ ਮਜ਼ਦੂਰਾਂ ਦੀ ਲਾਮਬੰਦੀ ਕਰਕੇ ਤਿੱਖਾ ਸੰਘਰਸ਼ ਵਿੱਢੇਗੀ। ਇਸ ਮੀਟਿੰਗ ਵਿੱਚ ਕਾਲੂ ਰਾਮ, ਕਿਸ਼ੋਰੀ ਲਾਲ, ਵਿੱਕੀ, ਪ੍ਰਦੀਪ ਕੁਮਾਰ, ਜੈ ਰਾਮ, ਰਜਿੰਦਰ ਕੁਮਾਰ, ਅਰਜੁਨ ਕੁਮਾਰ, ਗੋਲੂ, ਦੁਰਗਾ, ਜਿਲਾ ਪ੍ਰਧਾਨ ਸਰੂਪ ਸਿੰਘ ਜੁਆਇੰਟ ਜ਼ਿਲ੍ਹਾ ਸੈਕਟਰੀ ਰਾਕੇਸ਼ ਕੁਮਾਰ ਗੋਪੀ ਆਦਿ ਹਾਜ਼ਰ ਸਨ।

# ਪਿੰਡ ਢੱਡੇ ਦੀ ਸੜਕ ਕਿਨਾਰੇ ਲੱਗੇ 25 ਸਫੈਦੇ ਕੱਟਣ ਦਾ ਮਾਮਲਾ ਭਖਿਆ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**

ਕੱਥੂਨੰਗਲ ਥਾਣਾ ਅਧੀਨ ਪੈਂਦੇ ਪਿੰਡ ਢੱਡੇ ਵਿੱਚ ਸਰਕਾਰੀ ਜਗ੍ਹਾ ਉਪਰ ਲੱਗੇ ਸਫੈਦੇ ਦੇ ਬੂਟੇ ਨਜਾਇਜ਼ ਤੌਰ 'ਤੇ ਕੱਟੇ ਜਾਣ ਦਾ ਮਾਮਲਾ ਸਾਹਮਣੇ ਆਉਣ ਤੋਂ ਬਾਅਦ ਪਿੰਡ ਅਤੇ ਇਲਾਕੇ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ।ਜਾਣਕਾਰੀ ਅਨੁਸਾਰ ਪਿੰਡ ਢੱਡੇ ਦੇ ਸਾਬਕਾ ਸਰਪੰਚ ਨਰਿੰਦਰ ਸਿੰਘ ਪੁੱਤਰ ਬਲਦੇਵ ਸਿੰਘ ਵੱਲੋਂ ਪਿੰਡ ਢੱਡੇ ਤੋਂ ਪਿੰਡ ਭੱਲਰ ਨੂੰ ਜਾਂਦੀ ਸੜਕ ਦੇ ਕਿਨਾਰੇ ਸਰਕਾਰੀ ਜਗ੍ਹਾ ਵਿੱਚ ਲੱਗੇ ਕਰੀਬ 25 ਸਫੈਦੇ ਦੇ ਬੂਟੇ ਕੱਟ ਲਏ ਗਏ ਹਨ।ਪਿੰਡ ਵਾਸੀਆਂ ਦਾ ਦੋਸ਼ ਹੈ ਕਿ ਇਹ



ਬੂਟੇ ਕਾਫ਼ੀ ਸਮੇਂ ਤੋਂ ਸਰਕਾਰੀ ਜਗ੍ਹਾ ਉਪਰ ਲੱਗੇ ਹੋਏ ਸਨ ਅਤੇ ਇਲਾਕੇ ਦੀ ਹਰਿਆਵਲੀ ਦਾ ਹਿੱਸਾ ਸਨ।ਦਰੱਖਤਾਂ ਦੀ ਕਟਾਈ ਨਾਲ ਨਾ ਸਿਰਫ਼ ਵਾਤਾਵਰਣ ਨੂੰ ਨੁਕਸਾਨ ਪਹੁੰਚਿਆ ਹੈ, ਸਗੋਂ ਸਰਕਾਰੀ ਸੰਪਤੀ ਨੂੰ ਵੀ ਹਾਨੀ ਹੋਈ ਹੈ।ਲੋਕਾਂ ਦਾ ਕਹਿਣਾ ਹੈ ਕਿ ਸਰਕਾਰੀ ਜਗ੍ਹਾ ਉਪਰ ਲੱਗੇ ਦਰੱਖਤਾਂ ਨੂੰ ਬਿਨਾਂ ਮਨਜ਼ੂਰੀ ਕੱਟਣਾ ਕਾਨੂੰਨੀ ਤੌਰ 'ਤੇ ਗਲਤ ਹੈ ਅਤੇ ਇਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਹੋਣੀ ਚਾਹੀਦੀ ਹੈ।ਇਸ ਘਟਨਾ ਤੋਂ ਬਾਅਦ ਪਿੰਡ ਦੇ ਕਈ ਲੋਕਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ।ਪਿੰਡ ਵਾਸੀਆਂ ਨੇ ਕਿਹਾ ਕਿ ਇੱਕ ਪਾਸੇ ਸਰਕਾਰ ਵੱਲੋਂ ਵਾਤਾਵਰਣ ਬਚਾਉਣ ਅਤੇ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਮੁਹਿੰਮਾਂ ਚਲਾਈਆਂ ਜਾਂਦੀਆਂ ਹਨ, ਦੂਜੇ ਪਾਸੇ ਸਰਕਾਰੀ ਜਗ੍ਹਾ ਉੱਪਰ ਲੱਗੇ ਦਰੱਖਤਾਂ ਦੀ ਕਟਾਈ ਹੋਣਾ ਚਿੰਤਾ ਦਾ ਵਿਸ਼ਾ ਹੈ।ਉਨ੍ਹਾਂ ਕਿਹਾ ਕਿ ਜੇਕਰ ਇਸ ਤਰ੍ਹਾਂ ਬਿਨਾਂ ਕਾਰਵਾਈ ਦੇ ਦਰੱਖਤ ਕੱਟੇ ਜਾਂਦੇ ਰਹੇ ਤਾਂ ਆਉਣ ਵਾਲੇ ਸਮੇਂ ਵਿੱਚ ਹਰਿਆਵਲੀ ਨੂੰ ਵੱਡਾ ਨੁਕਸਾਨ ਪਹੁੰਚੇਗਾ।ਪਿੰਡ ਵਾਸੀਆਂ ਨੇ ਪ੍ਰਸ਼ਾਸਨ, ਜੰਗਲਾਤ ਵਿਭਾਗ ਅਤੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਦਰੱਖਤ ਕੱਟਣ ਵਾਲੇ ਵਿਅਕਤੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ।

# ਪਲਕ ਸ਼ਰਮਾ ਵੱਲੋਂ +2 ਮੈਡੀਕਲ 'ਚੋਂ 96 ਫੀਸਦੀ ਅੰਕ ਹਾਸਲ

**ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)**



ਫਤਿਹਗੜ੍ਹ ਚੂੜੀਆਂ ਦੇ ਵਸਨੀਕ ਰਾਜਨ ਸ਼ਰਮਾ ਦੀ ਬੇਟੀ ਜਿਸ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜਿਆਂ 'ਚ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ ਫਤਿਹਗੜ੍ਹ ਚੂੜੀਆਂ ਵਿਖੇ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਮੈਡਮ ਅਨੀਤਾ ਅਰੋੜਾ ਨੇ ਦੱਸਿਆ ਕਿ ਸਕੂਲ ਦੀ ਵਿਦਿਆਰਥਣ ਪਲਕ ਸ਼ਰਮਾ ਸਪੁੱਤਰੀ ਰਾਜਨ ਸ਼ਰਮਾ ਨੇ 478 ਅੰਕ, ਮੈਡੀਕਲ ਵਿੱਚੋਂ ਪ੍ਰਾਪਤ ਕੀਤੇ! ਪ੍ਰਿੰਸੀਪਲ ਮੈਡਮ ਅਤੇ ਸਮੂਹ ਸਕੂਲ ਸਟਾਫ ਵੱਲੋਂ ਪਲਕ ਦੇ ਮਾਤਾ-ਪਿਤਾ ਨੂੰ ਬੁਲਾ ਕੇ ਸਨਮਾਨਿਤ ਕੀਤਾ ਗਿਆ! ਪ੍ਰਿੰਸੀਪਲ ਮੈਡਮ ਨੇ ਸਾਰਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਸਭ ਪਲਕ ਸ਼ਰਮਾ ਦੀ ਮਿਹਨਤ, ਅਧਿਆਪਕਾਂ ਦੀ ਯੋਗ ਅਗਵਾਈ ਅਤੇ ਮਾਤਾ-ਪਿਤਾ ਦੇ ਸਹਿਯੋਗ ਸਦਕਾ ਸੰਭਵ ਹੋਇਆ ਹੈ! ਉਨ੍ਹਾਂ ਨੇ ਵਧੀਆ ਨਤੀਜੇ ਦੀ ਪਲਕ ਸ਼ਰਮਾ ਅਤੇ ਉਸ ਦੇ ਪਰਿਵਾਰ ਨੂੰ ਮੁਬਾਰਕਬਾਦ ਦਿੱਤੀ।

# 3 ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾ.ਫ ਮਾਮਲੇ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਬਹਿਰਾਮਪੁਰ ਪੁਲਸ ਦੇ ਏ. ਐੱਸ. ਆਈ. ਸੰਨੀ ਬੈਂਸ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਸਾਂਸੀਆਂ ਮੁਹੱਲਾ ਬਹਿਰਾਮਪੁਰ ਸ਼ਿਵ ਮੰਦਰ ਦੀ ਬੈਕ ਸਾਈਡ ਤੋਂ ਦਰਸ਼ਨ ਲਾਲ ਪੁੱਤਰ ਬਾਬੂ ਰਾਮ ਵਾਸੀ ਰੰਗੜ ਪਿੰਡੀ ਜੋ ਲੁਕ ਛਿੱਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਇਕ ਸਿਲਵਰ ਪੰਨੀ, ਲਾਇਟਰ ਅਤੇ 10 ਰੁਪਏ ਦਾ ਨੋਟ ਬਰਾਮਦ ਕੀਤਾ ਹੈ। ਇਸੇ ਤਰ੍ਹਾਂ ਏ. ਐੱਸ. ਆਈ. ਜਗੀਰ ਚੰਦ ਨੇ ਸਮੇਤ ਪੁਲਸ ਪਾਰਟੀ ਮੁੱਖਬਰ ਖਾਸ ਦੀ ਇਤਲਾਹ 'ਤੇ ਕਥਿਤ ਦੋਸ਼ਣ ਪਤਨੀ ਜਗਦੀਸ਼ ਰਾਜ ਵਾਸੀ ਦੋਦਵਾਂ ਦੇ ਘਰ ਰੇਡ ਕਰਕੇ ਉਸ ਨੂੰ 6750 ਐੱਮ. ਐੱਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਥਾਣਾ ਸਦਰ ਗੁਰਦਾਸਪੁਰ ਦੇ ਏ. ਐੱਸ. ਆਈ. ਮਨਜੀਤ ਸਿੰਘ ਨੇ ਸਮੇਤ ਪੁਲਸ ਪਾਰਟੀ ਮੁੱਖਬਰ ਖਾਸ ਦੀ ਇਤਲਾਹ 'ਤੇ ਜੋਧਾ ਸਿੰਘ ਪੁੱਤਰ ਪ੍ਰੇਮ ਸਿੰਘ ਵਾਸੀ ਇੰਦਰਾਵਾਲ ਦੇ ਘਰ ਰੇਡ ਕਰਕੇ ਉਸ ਨੂੰ 7500 ਐੱਮ. ਐੱਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਪੁਲਸ ਨੇ ਇਨ੍ਹਾਂ ਤਿੰਨਾਂ ਨਸ਼ਾ ਤਸਕਰਾਂ ਖ਼ਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫ਼ਤਿਹਗੜ੍ਹ ਚੂੜੀਆਂ ਦੇ ਆਏ ਮਾਣਮੱਤੇ ਨਤੀਜੇ



**ਫਤਿਹਗੜ੍ਹ ਸਾਹਿਬ (ਜਸਦੇਵ ਸਿੰਘ ਮਾਨ)**

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਜਮਾਤ ਦੇ ਨਤੀਜਿਆਂ 'ਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫਤਿਹਗੜ੍ਹ ਚੂੜੀਆਂ ਦੀਆਂ ਵਿਦਿਆਰਥਣਾਂ ਨੇ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਹੋਇਆ ਪ੍ਰਿੰਸੀਪਲ ਮੈਡਮ ਅਨੀਤਾ ਅਰੋੜਾ ਨੇ ਦੱਸਿਆ ਕਿ ਸਕੂਲ ਦੀ ਵਿਦਿਆਰਥਣ ਪਲਕਪ੍ਰੀਤ ਕੌਰ ਨੇ 500 ਦੇ ਵਿੱਚੋਂ 480 ਅੰਕ, ਪਲਕ ਸ਼ਰਮਾ ਨੇ 478 ਅੰਕ, ਨਵਪ੍ਰੀਤ ਕੌਰ ਨੇ 476 ਅੰਕ ਸਾਇੰਸ ਸਟਰੀਮ ਵਿੱਚੋਂ, ਮਨਪ੍ਰੀਤ ਕੌਰ ਨੇ 474 ਅੰਕ, ਮਹਿਕ ਨੇ 451 ਅੰਕ, ਮਨਪ੍ਰੀਤ ਕੌਰ ਨੇ 450 ਅੰਕ ਆਰਟਸ ਸਟਰੀਮ ਵਿੱਚੋਂ, ਤਾਜਪ੍ਰੀਤ ਕੌਰ ਨੇ 419 ਅੰਕ, ਅਰਸ਼ਪ੍ਰੀਤ ਕੌਰ ਨੇ 410 ਅੰਕ, ਸਿਮਰਨਜੀਤ ਕੌਰ ਨੇ 407 ਅੰਕ ਕਾਮਰਸ ਸਟਰੀਮ ਵਿੱਚੋਂ, ਭਾਗੋ ਅਤੇ ਸਹਿਜ ਪ੍ਰੀਤ ਦੋਨਾਂ ਵਿਦਿਆਰਥਣਾਂ ਨੇ 389 ਅੰਕ, ਤਾਨੀਆ ਨੇ 382 ਅੰਕ, ਹਰ ਗੁਰਲੀਨ ਕੌਰ ਨੇ 379 ਅੰਕ ਵੋਕੇਸ਼ਨਲ ਸਟਰੀਮ ਵਿੱਚੋਂ ਪ੍ਰਾਪਤ ਕੀਤੇ! ਇਸੇ ਤਰ੍ਹਾਂ ਦਸਵੀਂ ਦੀਆਂ ਵਿਦਿਆਰਥਣਾ ਜਗਪ੍ਰੀਤ ਸ਼ਰਮਾ ਨੇ 650 ਵਿੱਚੋਂ 612 ਅੰਕ, ਸੀਰਤ ਸ਼ਰਮਾ ਨੇ 609 ਅੰਕ, ਆਸ਼ਨਾ ਕੁਸਵਾਹ ਨੇ 605 ਅੰਕ ਪ੍ਰਾਪਤ ਕੀਤੇ! ਅੱਠਵੀਂ ਜਮਾਤ ਦੀ ਅਮਰੀਨ ਕੌਰ ਨੇ 600 ਵਿੱਚੋਂ 564 ਅੰਕ, ਸੰਦੀਪ ਕੌਰ ਨੇ 558 ਅੰਕ, ਸਿਮਰਨ, ਹਰਸ਼ਦੀਪ ਕੌਰ, ਗੁਰਲੀਨ ਕੌਰ ਤਿੰਨਾਂ ਵਿਦਿਆਰਥਣਾਂ ਨੇ 557 ਅੰਕ ਪ੍ਰਾਪਤ ਕੀਤੇ! ਪ੍ਰਿੰਸੀਪਲ ਮੈਡਮ ਅਤੇ ਸਮੂਹ ਸਕੂਲ ਸਟਾਫ ਵੱਲੋਂ ਬੋਰਡ ਜਮਾਤਾਂ ਦੇ ਵਿੱਚੋਂ ਪਹਿਲੇ ਦੂਸਰੇ ਅਤੇ ਤੀਸਰੇ ਸਥਾਨ ਤੇ ਆਉਣ ਵਾਲੇ ਵਿਦਿਆਰਥੀ ਅਤੇ ਉਨ੍ਹਾਂ ਦੇ ਮਾਤਾ ਪਿਤਾ ਨੂੰ ਬੁਲਾ ਕੇ ਸਨਮਾਨਿਤ ਕੀਤਾ ਗਿਆ! ਪ੍ਰਿੰਸੀਪਲ ਮੈਡਮ ਨੇ ਸਾਰਿਆਂ ਨੂੰ ਸੰਬੋਧਿਤ ਕਰਦਿਆਂ ਹੋਇਆ ਕਿਹਾ ਕਿ ਇਹ ਸਭ ਵਿਦਿਆਰਥਣਾਂ ਦੀ ਮਿਹਨਤ, ਅਧਿਆਪਕਾਂ ਦੀ ਯੋਗ ਅਗਵਾਈ ਅਤੇ ਮਾਤਾ ਪਿਤਾ ਦੇ ਸਹਿਯੋਗ ਸਦਕਾ ਸੰਭਵ ਹੋਇਆ ਹੈ! ਉਨ੍ਹਾਂ ਨੇ ਸਾਰਿਆਂ ਨੂੰ ਵਧੀਆ ਨਤੀਜੇ ਦੀ ਮੁਬਾਰਕਬਾਦ ਦਿੱਤੀ।

# ਆਟੋ ਇੰਡੀਆ ਵੱਲੋਂ ਅਪਡੇਟਿਡ ਕੋਡਿਆਕ ਲਾਂਚ, ਕਈ ਐਡਵਾਂਸ ਫੀਚਰ ਸ਼ਾਮਲ

**ਜਲੰਧਰ**-ਸਕੋਡਾ ਆਟੋ ਇੰਡੀਆ ਨੇ ਆਪਣੀ ਫਲੈਗਸ਼ਿਪ ਲਗਜ਼ਰੀ ਐੱਸਯੂਵੀ ਸਕੋਡਾ ਕੋਡਿਆਕ ਦੇ 2026 ਮਾਡਲ ਨੂੰ ਨਵੇਂ ਫੀਚਰਾਂ ਅਤੇ ਤਕਨੀਕ ਨਾਲ ਪੇਸ਼ ਕੀਤਾ ਹੈ।ਕੰਪਨੀ ਨੇ ਕੋਡਿਆਕ ਰੇਂਜ ਨੂੰ ਲਾਊਂਜ, ਸਪੋਰਟਲਾਈਨ ਅਤੇ ਸਿਲੈਕਸ਼ਨ ਐੱਲ ਐਂਡ ਕੇ ਤਿੰਨ ਵੈਰੀਐਂਟਸ ਵਿੱਚ ਲਾਂਚ ਕੀਤਾ ਹੈ।ਇਸ ਦੀ ਸ਼ੁਰੂਆਤੀ ਐਕਸ-ਸ਼ੋਰੂਮ ਕੀਮਤ 36.99 ਲੱਖ ਰੁਪਏ ਰੱਖੀ ਗਈ ਹੈ, ਜਦਕਿ ਟਾਪ ਮਾਡਲ ਦੀ ਕੀਮਤ 46.99 ਲੱਖ ਰੁਪਏ ਤੱਕ ਜਾਵੇਗੀ।ਕੰਪਨੀ ਦੇ ਅਨੁਸਾਰ ਨਵੀਂ ਕੋਡਿਆਕ ਵਿੱਚ ਐਡਵਾਂਸਡ ਡਰਾਈਵਰ ਅਸਿਸਟੈਂਸ ਸਿਸਟਮ ਸ਼ਾਮਲ ਕੀਤਾ ਗਿਆ ਹੈ।ਇਸ ਵਿੱਚ ਅਡੈਪਟਿਵ ਕਰੂਜ਼ ਕੰਟਰੋਲ, ਲੇਨ ਅਸਿਸਟ, ਬਲਾਈਂਡ ਸਪਾਟ ਡਿਟੈਕਸ਼ਨ, ਰੀਅਰ ਟ੍ਰੈਫਿਕ ਅਲਰਟ, ਐੱਲਈਡੀ ਮੈਟ੍ਰਿਕਸ ਹੈੱਡਲਾਈਟਸ ਅਤੇ 360 ਡਿਗਰੀ ਕੈਮਰਾ ਵਰਗੇ ਫੀਚਰ ਦਿੱਤੇ ਗਏ ਹਨ। ਸਪੋਰਟਲਾਈਨ ਵੈਰੀਐਂਟ ਨੂੰ ਸਪੋਰਟੀ ਡਿਜ਼ਾਈਨ ਅਤੇ ਮੋਟਰਸਪੋਰਟ ਡੀਐੱਨਏ ਦੇ ਅਨੁਸਾਰ ਤਿਆਰ ਕੀਤਾ ਗਿਆ ਹੈ, ਜਦਕਿ ਸਿਲੈਕਸ਼ਨ ਐੱਲ ਐਂਡ ਕੇ ਵੈਰੀਐਂਟ ਵਿੱਚ ਪ੍ਰੀਮੀਅਮ ਲੈਦਰ ਸੀਟਾਂ, ਮਸਾਜ ਫੰਕਸ਼ਨ, ਵੈਂਟੀਲੇਸ਼ਨ ਅਤੇ ਹੀਟਿੰਗ ਵਰਗੀਆਂ ਸੁਵਿਧਾਵਾਂ ਦਿੱਤੀਆਂ ਗਈਆਂ ਹਨ।ਸਕੋਡਾ ਆਟੋ ਇੰਡੀਆ ਦੇ ਬ੍ਰਾਂਡ ਡਾਇਰੈਕਟਰ ਅਸ਼ੀਸ਼ ਗੁਪਤਾ ਨੇ ਕਿਹਾ ਕਿ ਕੰਪਨੀ ਭਾਰਤੀ ਗਾਹਕਾਂ ਦੀਆਂ ਬਦਲਦੀਆਂ ਲੋੜਾਂ ਦੇ ਅਨੁਸਾਰ ਆਪਣੇ ਫਲੈਗਸ਼ਿਪ ਮਾਡਲ ਨੂੰ ਲਗਾਤਾਰ ਅਪਡੇਟ ਕਰ ਰਹੀ ਹੈ।

# ਖਾਲਸਾ ਹਾਈ ਸਕੂਲ ਸ਼ਾਮ ਨਗਰ ਦਾ ਦਸਵੀਂ ਬੋਰਡ ਦਾ ਨਤੀਜਾ ਆਇਆ 100 ਫੀਸਦੀ

**ਮਜੀਠਾ (ਸੋਇਮ ਆਨੰਦ)**



ਹਲਕੇ ਦੇ ਪਿੰਡ ਸ਼ਾਮ ਨਗਰ ਵਿਖੇ ਸਥਿਤ ਗੁਰੂ ਖਾਲਸਾ ਹਾਈ ਸਕੂਲ ਨੇ ਇਸ ਵਾਰ ਦਸਵੀਂ ਜਮਾਤ ਦੀ ਬੋਰਡ ਪ੍ਰੀਖਿਆ ਵਿੱਚ ਇਤਿਹਾਸ ਰਚਦਿਆਂ 100 ਫੀਸਦੀ ਪਾਸ ਪ੍ਰਤੀਸ਼ਤ ਹਾਸਲ ਕਰ ਲਿਆ ਹੈ।ਇਸ ਸ਼ਾਨਦਾਰ ਉਪਲਬਧੀ ਨਾਲ ਸਕੂਲ ਨੇ ਆਪਣੀ ਉਤਮ ਸਿੱਖਿਆ ਵਿਧੀ ਅਤੇ ਅਧਿਆਪਕ ਵਰਗ ਦੀ ਅਣਥੱਕ ਮਿਹਨਤ ਦਾ ਪ੍ਰਮਾਣ ਦਿੱਤਾ ਹੈ।ਸਕੂਲ ਪ੍ਰਬੰਧਨ ਵੱਲੋਂ ਜਾਰੀ ਜਾਣਕਾਰੀ ਅਨੁਸਾਰ ਇਸ ਵਾਰ 71 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ, ਸਾਰੇ ਵਿਦਿਆਰਥੀ ਸਫਲ ਰਹੇ।10 ਵਿਦਿਆਰਥੀ ਮੈਰਿਟ ਵਿੱਚ ਆਏ ਹਨ। ਟਾਪਰ ਵਿਦਿਆਰਥੀਆਂ ਵਿੱਚ ਮਹਿਕਦੀਪ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ।ਜਸਪ੍ਰੀਤ ਸਿੰਘ ਅਤੇ ਸਨਦੀਪ ਸਿੰਘ ਨੇ ਦੂਜਾ ਸਥਾਨ ਅਤੇ ਸੰਜਨਾ ਦੇਵੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਨ੍ਹਾਂ ਨੇ ਆਪਣੀ ਸਫਲਤਾ ਦਾ ਸਿਹਰਾ ਸਕੂਲ ਦੇ ਪ੍ਰਿੰਸੀਪਲ ਅਤੇ ਸਮੂਹ ਅਧਿਆਪਕਾਂ ਨੂੰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਅਧਿਆਪਕਾਂ ਵੱਲੋਂ ਲਗਾਤਾਰ ਮਾਰਗਦਰਸ਼ਨ ਅਤੇ ਉਤਸ਼ਾਹਿਤ ਕਰਨ ਕਾਰਨ ਉਹ ਇਸ ਮੁਕਾਮ ਤੱਕ ਪਹੁੰਚ ਸਕੇ ਹਨ।ਇਸ ਮੌਕੇ ਸਕੂਲ ਵਿਖੇ ਖਾਸ ਵਧਾਈ ਸਮਾਰੋਹ ਦਾ ਆਯੋਜਨ ਕੀਤਾ ਗਿਆ।ਸਕੂਲ ਪ੍ਰਿੰਸੀਪਲ ਲਖਨਪਾਲ ਸਿੰਘ ਨੇ ਵਿਦਿਆਰਥੀਆਂ ਅਤੇ ਸਟਾਫ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਨਤੀਜਾ ਸਕੂਲ ਦੀ ਟੀਮ ਵਰਕ ਅਤੇ ਲਗਨ ਦਾ ਨਤੀਜਾ ਹੈ।ਉਨ੍ਹਾਂ ਸਕੂਲ ਮੈਨੇਜਰ ਸਾਬਕਾ ਵਿਧਾਇਕ ਸਵਿੰਦਰ ਸਿੰਘ ਕੱਥੂਨੰਗਲ, ਪ੍ਰਧਾਨ ਭਗਵੰਤ ਪਾਲ ਸਿੰਘ ਸੱਚਰ ਅਤੇ ਪੂਰੀ ਪਬੰਧਕ ਕਮੇਟੀ ਦਾ ਵੀ ਧੰਨਵਾਦ ਕੀਤਾ।ਉਨ੍ਹਾਂ ਦੱਸਿਆ ਕਿ ਮੈਨੇਜਮੈਂਟ ਵੱਲੋਂ ਵਿਦਿਆਰਥੀਆਂ ਨੂੰ ਨਾ ਸਿਰਫ਼ ਅਕਾਦਮਿਕ ਤੌਰ ਤੇ ਬਲਕਿ ਚੰਗੇ ਸੰਸਕਾਰ ਅਤੇ ਨੈਤਿਕ ਮੁੱਲ ਰੱਖਣ ਲਈ ਵੀ ਲਗਾਤਾਰ ਪ੍ਰੇਰਿਤ ਕੀਤਾ ਜਾ ਰਿਹਾ ਹੈ, ਜਿਸ ਦਾ ਸਿੱਟਾ ਇਸ ਵਾਰ ਵੀ ਸਾਹਮਣੇ ਆਇਆ ਹੈ।ਪ੍ਰਿੰਸੀਪਲ ਲਖਨਪਾਲ ਸਿੰਘ ਨੇ ਆਉਣ ਵਾਲੇ ਸਾਲਾਂ ਵਿੱਚ ਵੀ ਇਸੇ ਤਰ੍ਹਾਂ ਦੀਆਂ ਉੱਤਮ ਉਪਲਬਧੀਆਂ ਦੀ ਉਮੀਦ ਜ਼ਾਹਰ ਕੀਤੀ ਅਤੇ ਵਿਦਿਆਰਥੀਆਂ ਨੂੰ ਲਗਾਤਾਰ ਮਿਹਨਤ ਕਰਦਿਆਂ ਆਪਣੇ ਟੀਚਿਆਂ ਨੂੰ ਹਾਸਲ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਵਾਇਸ ਪ੍ਰਿੰਸੀਪਲ ਸਿਮਰਨਜੀਤ ਕੌਰ, ਬਲਜੀਤ ਕੌਰ, ਸੁਪੀਤ ਸਿੰਘ, ਦੀਪਇੰਦਰ ਸਿੰਘ, ਮਨਪ੍ਰੀਤ ਕੌਰ, ਸੰਦੀਪ ਕੌਰ, ਜਗਰੂਪ ਕੌਰ, ਸੁਖਵਿੰਦਰ ਕੌਰ ਸਮੇਤ ਸਮੂਹ ਅਧਿਆਪਕਾਂ ਅਤੇ ਸਟਾਫ ਮੈਂਬਰਾਂ ਨੇ ਵੀ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ ਅਤੇ ਉਨ੍ਹਾਂ ਦੇ ਉਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ।

# ਆਰਜੀ ਹਸਪਤਾਲ ਵੱਲੋਂ ਅਗੇਤੀ ਗੁਰਦਾ ਸੰਭਾਲ ਓਪੀਡੀ ਸ਼ੁਰੂ ਕਰਨ ਦਾ ਐਲਾਨ

**ਪਠਾਨਕੋਟ**-ਆਰਜੀ ਹਸਪਤਾਲ ਨੇ ਪਠਾਨਕੋਟ ਵਿੱਚ ਹਰ ਮਹੀਨੇ ਅਗੇਤੀ ਗੁਰਦਾ ਸੰਭਾਲ ਓਪੀਡੀ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ।ਇਸ ਦਾ ਮਕਸਦ ਇਸ ਇਲਾਕੇ ਅਤੇ ਆਸ-ਪਾਸ ਰਹਿੰਦੇ ਮਰੀਜ਼ਾਂ ਤੱਕ ਖ਼ਾਸ ਗੁਰਦਾ ਰੋਗ ਸੇਵਾਵਾਂ ਨੂੰ ਹੋਰ ਆਸਾਨੀ ਨਾਲ ਪਹੁੰਚਾਉਣਾ ਹੈ।ਇਹ ਪਹਿਲ ਉਸ ਸਮੇਂ ਸ਼ੁਰੂ ਕੀਤੀ ਗਈ ਹੈ ਜਦੋਂ ਕਈ ਛੋਟੇ ਸ਼ਹਿਰਾਂ ਵਿੱਚ ਲੰਬੇ ਸਮੇਂ ਵਾਲੀਆਂ ਗੁਰਦੇ ਦੀਆਂ ਬਿਮਾਰੀਆਂ ਅਤੇ ਸਮੇਂ ਸਿਰ ਮਾਹਿਰ ਡਾਕਟਰ ਦੀ ਸਲਾਹ ਲੈਣ ਬਾਰੇ ਜਾਗਰੂਕਤਾ ਅਜੇ ਵੀ ਘੱਟ ਹੈ।ਇਹ ਓਪੀਡੀ ਹਰ ਤੀਜੇ ਸ਼ਨੀਵਾਰ ਨੂੰ ਆਰਜੀ ਹਸਪਤਾਲ ਵਿੱਚ ਗੁਰਦਾ ਰੋਗ ਵਿਭਾਗ ਦੀ ਡਾਇਰੈਕਟਰ ਅਤੇ ਮੁਖੀ ਡਾ. ਸੁਮਨ ਸੇਠੀ ਵੱਲੋਂ ਕੁਮਾਰ ਮੈਡੀਕਲ ਸਟੋਰ, ਸਿਵਲ ਹਸਪਤਾਲ ਦੇ ਸਾਹਮਣੇ, ਪਠਾਨਕੋਟ ਵਿੱਚ ਲਗਾਈ ਜਾਵੇਗੀ।ਇਸ ਪਹਿਲ ਰਾਹੀਂ ਹਸਪਤਾਲ ਦਾ ਮਕਸਦ ਇਸ ਖੇਤਰ ਵਿੱਚ ਅਗੇਤੀ ਗੁਰਦਾ ਸੰਭਾਲ ਸੇਵਾਵਾਂ ਸ਼ੁਰੂ ਕਰਨਾ ਹੈ।ਇਸ ਸੇਵਾ ਵਿੱਚ ਖ਼ਾਸ ਗੁਰਦਾ ਰੋਗ ਸਲਾਹ ਅਤੇ ਗੁਰਦਾ ਟਰਾਂਸਪਲਾਂਟ ਨਾਲ ਜੁੜੀ ਦੇਖਭਾਲ ਅਤੇ ਪ੍ਰਬੰਧਨ ਬਾਰੇ ਮਾਰਗਦਰਸ਼ਨ ਦਿੱਤਾ ਜਾਵੇਗਾ।ਡਾ. ਸੁਮਨ ਸੇਠੀ ਨੇ ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ ਤੋਂ ਐੱਮਬੀਬੀਐੱਸ ਦੀ ਪੜ੍ਹਾਈ ਪੂਰੀ ਕੀਤੀ।ਇਸ ਤੋਂ ਬਾਅਦ ਉਨ੍ਹਾਂ ਨੇ ਦਇਆਨੰਦ ਮੈਡੀਕਲ ਕਾਲਜ ਅਤੇ ਹਸਪਤਾਲ, ਲੁਧਿਆਣਾ ਤੋਂ ਦਵਾਈ ਵਿਗਿਆਨ ਵਿੱਚ ਐੱਮਡੀ ਅਤੇ ਗੁਰਦਾ ਰੋਗ ਵਿਭਾਗ ਵਿੱਚ ਡੀਐੱਮ ਕੀਤੀ।ਇਸ ਪਹਿਲ ਦੀ ਸ਼ੁਰੂਆਤ ਮੌਕੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਡਾ. ਸੁਮਨ ਸੇਠੀ ਨੇ ਕਿਹਾ ਕਿ ਗੁਰਦੇ ਦੀਆਂ ਬਿਮਾਰੀਆਂ ਅਕਸਰ ਚੁੱਪਚਾਪ ਵਧਦੀਆਂ ਹਨ, ਜਿਸ ਕਰਕੇ ਸ਼ੁਰੂ ਵਿੱਚ ਕੋਈ ਸਪੱਸ਼ਟ ਲੱਛਣ ਦਿਖਾਈ ਨਹੀਂ ਦਿੰਦੇ।

# ਹਾਵਰਡ ਲੇਨ ਸਕੂਲ ਦਾ ਬਾਰ੍ਹਵੀਂ ਜਮਾਤ ਦੇ ਨਤੀਜਿਆਂ 'ਚ ਸ਼ਾਨਦਾਰ ਪ੍ਰਦਰਸ਼ਨ




**ਝਬਾਲ (ਹਰਜਿੰਦਰ ਸਿੰਘ ਸੋਨੀ)**

ਹਾਵਰਡ ਲੇਨ ਸੀਨੀਅਰ ਸਕੂਲ ਵੱਲੋਂ ਸੀਬੀਐੱਸਈ ਬਾਰ੍ਹਵੀਂ ਜਮਾਤ ਦੀਆਂ ਸਾਲਾਨਾ ਪ੍ਰੀਖਿਆਵਾਂ (2025-2026) ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਆਪਣੇ ਹੋਣਹਾਰ ਵਿਦਿਆਰਥੀਆਂ ਅਤੇ ਵਿਸ਼ਾਵਾਰ ਮੋਹਰੀ ਰਹਿਣ ਵਾਲੇ ਬੱਚਿਆਂ ਦੀਆਂ ਬੇਮਿਸਾਲ ਪ੍ਰਾਪਤੀਆਂ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ ਤਹਿ ਦਿਲੋਂ ਵਧਾਈ ਦਿੱਤੀ ਗਈ ।ਇਨ੍ਹਾਂ ਪ੍ਰੀਖਿਆਵਾਂ ਵਿੱਚੋਂ ਮੈਡੀਕਲ ਸਟ੍ਰੀਮ ਦੀ ਵਿਦਿਆਰਥਣ ਸਮਰਪ੍ਰੀਤ ਕੌਰ ਨੇ 94.2 ਫੀਸਦੀ ਅੰਕ ਹਾਸਲ ਕਰਕੇ ਸਕੂਲ ਵਿੱਚੋਂ ਪਹਿਲਾ, ਕਾਮਰਸ ਸਟ੍ਰੀਮ ਵਿੱਚੋਂ ਗੁਰਲੀਨ ਕੌਰ ਨੇ 90.4 ਫੀਸਦੀ ਅੰਕਾਂ ਨਾਲ ਦੂਜਾ ਅਤੇ ਦੀਪਕਮਲ ਕੌਰ ਨੇ 90 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਤੀਜਾ ਸਥਾਨ ਹਾਸਲ ਕੀਤਾ। ਸਕੂਲ ਪ੍ਰਿੰਸੀਪਲ ਬਲਰਾਜ ਸਿੰਘ ਬਾਠ, ਡਾਇਰੈਕਟਰ ਸ: ਮਨਜਿੰਦਰ ਸਿੰਘ ਵਿਰਕ ਅਤੇ ਚੇਅਰਮੈਨ ਮਖਤੂਲ ਸਿੰਘ ਔਲਖ ਨੇ ਵਿਦਿਆਰਥੀਆਂ ਦੀ ਇਸ ਸਫ਼ਲਤਾ 'ਤੇ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਬੱਚਿਆਂ ਦੀ ਦਿਨ-ਰਾਤ ਦੀ ਸਖ਼ਤ ਮਿਹਨਤ, ਲਗਨ ਅਤੇ ਦ੍ਰਿੜਤਾ ਸਦਕਾ ਹੀ ਸਕੂਲ ਨੂੰ ਇਹ ਵੱਡਾ ਮੁਕਾਮ ਹਾਸਲ ਹੋਇਆ ਹੈ।ਸਕੂਲ ਪ੍ਰਸ਼ਾਸਨ ਵੱਲੋਂ ਸਮੂਹ ਟਾਪਰਾਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਉਨ੍ਹਾਂ ਦੇ ਸੁਨਹਿਰੀ ਤੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਗਈ ਅਤੇ ਅੱਗੇ ਤੋਂ ਵੀ ਨਿਰੰਤਰ ਅਜਿਹੀਆਂ ਵੱਡੀਆਂ ਪ੍ਰਾਪਤੀਆਂ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ ਗਿਆ।

# ਸ਼ਹੀਦ ਸਾਥੀ ਦੀਪਕ ਧਵਨ ਤੇ ਸਾਥੀਆਂ ਦੀ ਬਰਸੀ ਮੌਕੇ ਸੈਂਕੜੇ ਲੋਕਾਂ ਦਿੱਤੀ ਸ਼ਰਧਾਂਜਲੀ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**

## ਫਿਰਕਾਪ੍ਰਸਤੀ ਨੇ ਦੇਸ਼ ਦੇ ਲੋਕਾਂ ਦਾ ਭਾਰੀ ਨੁਕਸਾਨ ਕੀਤਾ : ਪਾਸਲਾ



ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਵੱਲੋਂ ਸ਼ਹੀਦ ਦੀਪਕ ਧਵਨ ਅਤੇ ਸਾਥੀਆਂ ਦੀ ਸਾਲਾਨਾ ਬਰਸੀ ਮੌਕੇ ਸਥਾਨਕ ਗਾਂਧੀ ਪਾਰਕ ਵਿਖੇ ਵਿਸ਼ਾਲ ਇੱਕਤਰਤਾ ਕੀਤੀ ਗਈ। ਇਸ ਮੌਕੇ ਸੈਂਕੜੇ ਲੋਕਾਂ ਵੱਲੋਂ ਸਰਧਾ ਦੇ ਫੁੱਲ ਭੇਟ ਕੀਤੇ ਗਏ।ਆਰ ਐੱਮ ਪੀ ਆਈ ਦੇ ਕੁੱਲ ਹਿੰਦ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਫਿਰਕਾਪ੍ਰਸਤੀ ਨੇ ਦੇਸ਼ ਅਤੇ ਲੋਕਾਂ ਦਾ ਭਾਰੀ ਨੁਕਸਾਨ ਕੀਤਾ ਹੈ ਅਤੇ ਲੱਖਾਂ ਲੋਕਾਂ ਨੂੰ ਜਾਨਾਂ ਗਵਾਉਣੀਆਂ ਪਈਆਂ ਹਨ। ਉਨ੍ਹਾਂ ਕਿਹਾ ਕਿ ਧਰਮ ਦਾ ਨਾਂਅ ਲੈ ਕੇ ਕੀਤੀ ਸਿਆਸਤ ਦੇਸ਼ ਦੇ ਲੋਕਾਂ ਦੇ ਮਨਾਂ ਵਿੱਚ ਨਫਰਤ ਦੇ ਬੀਜ ਬੀਜਦੀ ਹੈ।ਉਨ੍ਹਾਂ ਕਿਹਾ ਕਿ ਅੱਜ ਫੇਰ ਫਿਰਕੂ ਵੰਡ ਪੈਦਾ ਕਰਕੇ ਫਾਸ਼ੀਵਾਦੀ ਆਰਥਿਕਤਾ ਲੀਹ ਤੋਂ ਲੱਥ ਚੁੱਕੀ ਹੈ ਅਤੇ ਦੇਸ਼ ਦੇ ਲੋਕ ਮਹਿੰਗਾਈ ਅਤੇ ਬੇਰੁਜ਼ਗਾਰੀ ਦੀ ਚੱਕੀ ਵਿੱਚ ਪਿਸ ਰਹੇ ਹਨ। ਪਾਸਲਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਪੈਟਰੋਲ, ਡੀਜ਼ਲ, ਰਸੋਈ ਗੈਸ ਦੀਆਂ ਕੀਮਤਾਂ 'ਚ ਭਾਰੀ ਵਾਧਾ ਕਰਕੇ ਮਹਿੰਗਾਈ ਨੂੰ ਸਿੱਖਰਾਂ ਤੇ ਖੜ੍ਹਾ ਕਰ ਦਿੱਤਾ ਹੈ ਅਤੇ ਮਹਿੰਗਾਈ ਕਾਰਨ ਗਰੀਬ ਲੋਕਾਂ ਦਾ ਜਿਊਣਾ ਦੁੱਭਰ ਹੋਇਆ ਪਿਆ ਹੈ।ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਪੰਜ ਰਾਜਾਂ ਦੀਆਂ ਚੋਣਾਂ ਤੋਂ ਫੌਰੀ ਤੌਰ ਤੇ ਕਦਮ ਚੁੱਕ ਕੇ ਲੋਕਾਂ ਨੂੰ ਤੇਲ ਘੱਟ, ਸੋਨਾ ਨਾ ਖਰੀਦਣ ਅਤੇ ਆਵਾਜਾਈ ਨੂੰ ਘੱਟ ਕਰਨ ਦਾ ਫੁਰਮਾਨ ਜਾਰੀ ਕੀਤਾ ਹੈ ਜੋ ਕਿ ਮੋਦੀ ਸਰਕਾਰ ਦਾ ਇਹ ਫੈਸਲਾ ਲੋਕ ਵਿਰੋਧੀ ਹੈ।ਸਮਾਗਮ ਦੀ ਪ੍ਰਧਾਨਗੀ ਚਮਨ ਲਾਲ ਦਰਾਜਕੇ, ਦਾਰਾ ਸਿੰਘ ਮੁੰਡਾ ਪਿੰਡ, ਧਰਮ ਸਿੰਘ ਪੱਟੀ ਨੇ। ਇਸ ਮੌਕੇ ਪਾਰਟੀ ਦੇ ਸੂਬਾ ਸਕੱਤਰ ਪ੍ਰਗਟ ਸਿੰਘ ਜਾਮਾਰਾਏ ਨੇ ਕਿਹਾ ਕਿ ਅੱਜ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਇਹੋ ਹੋਵੇਗੀ ਕਿ ਪੰਜਾਬ ਅੰਦਰ ਨਸ਼ਿਆਂ, ਗੁੰਡਾਗਰਦੀ, ਕਤਲੋਗਾਰਤ ਦੇ ਖਿਲਾਫ ਪੰਜਾਬ ਦੇ ਅਣਖੀ ਲੋਕਾਂ ਨੂੰ ਇਕੱਠੇ ਹੋ ਕੇ ਹੀ ਮੁਕਾਬਲਾ ਕੀਤਾ ਜਾ ਸਕਦਾ ਹੈ।ਸੀਪੀਆਈ ਐੱਮਐੱਲ ਲਿਬਰੇਸ਼ਨ ਦੇ ਸਬਾਈ ਆਗੂ ਕੰਵਲਜੀਤ ਸਿੰਘ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਦੇਸ਼ ਅੰਦਰ ਬੇਰੁਜ਼ਗਾਰੀ, ਮਹਿੰਗਾਈ, ਭ੍ਰਿਸ਼ਟਾਚਾਰ ਫੈਲਿਆ ਹੋਇਆ। ਇਸ ਕਰਕੇ ਪੰਜਾਬ ਦੀਆਂ ਜਮਹੂਰੀ ਧਰਮ ਨਿਰਪੱਖ ਤਾਕਤਾਂ ਨੂੰ ਇਕੱਠਿਆਂ ਹੋ ਕੇ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਖਿਲਾਫ ਤਿੱਖਾ ਸੰਘਰਸ਼ ਵਿੱਢਣਾ ਚਾਹੀਦਾ।ਇਸ ਮੌਕੇ ਪਾਰਟੀ ਦੇ ਜ਼ਿਲ੍ਹਾ ਸਕੱਤਰ ਮੁਖਤਾਰ ਸਿੰਘ ਮੱਲ੍ਹਾ, ਚਮਨ ਲਾਲ ਦਰਾਜਕੇ, ਬਲਦੇਵ ਸਿੰਘ ਪੰਡੋਰੀ, ਮਨਜੀਤ ਸਿੰਘ ਬੱਗੂ, ਸੁਲੱਖਣ ਤੁੜ, ਅੰਮ੍ਰਿਤਸ਼ੇਰ ਸਿੰਘ ਮੰਨਣ, ਦਲਜੀਤ ਸਿੰਘ ਦਿਆਲਪੁਰਾ, ਮੁਲਾਜ਼ਮਾਂ ਦੇ ਆਗੂ ਜਗਤਾਰ ਸਿੰਘ ਉਪਲ, ਮੰਗਲ ਸਿੰਘ ਟਾਂਡਾ, ਵਿਆਪਕ ਧਵਨ, ਇੰਦੂ ਧਵਨ, ਰੇਸ਼ਮ ਸਿੰਘ ਫੈਲੋਕੇ, ਨਰਿੰਦਰ ਕੌਰ, ਬਲਦੇਵ ਸਿੰਘ ਕੱਲਾ, ਜਸਬੀਰ ਸਿੰਘ ਵੈਰੋਵਾਲ, ਨਰਿੰਦਰ ਸਿੰਘ ਰਟੌਲ, ਸਤਪਾਲ ਸ਼ਰਮਾ, ਜਸਬੀਰ ਕੌਰ ਆਦਿ ਆਗੂਆਂ ਨੇ ਸ਼ਰਧਾ ਤੇ ਫੁੱਲ ਭੇਟ ਕੀਤੇ।

# ਵਿਧਾਇਕ ਰੰਧਾਵਾ ਨੇ ਸ਼ਾਹਪੁਰ ਜਾਜਨ ਵਿਖੇ ਬਣ ਰਹੇ ਖੇਡ ਮੈਦਾਨ ਦਾ ਲਿਆ ਜਾਇਜ਼ਾ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**

ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਆਪਣੇ ਨਗਰ ਸ਼ਾਹਪੁਰ ਜਾਜਨ ਵਿਖੇ ਬਣ ਰਹੇ ਖੇਡ ਮੈਦਾਨ ਦਾ ਮੌਕਾ ਦੇਖਿਆ ਅਤੇ ਚੱਲ ਰਹੇ ਕੰਮਾਂ ਦਾ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਵੱਲੋਂ ਖੇਡਾਂ ਨਾਲ ਜੁੜੇ ਨੌਜਵਾਨ ਖਿਡਾਰੀਆਂ ਨੂੰ ਖੇਡ ਦਾ ਸਾਮਾਨ ਵੰਡਿਆ ਗਿਆ ਤਾਂ ਜੋ ਉਹ ਖੇਡਾਂ ਪ੍ਰਤੀ ਹੋਰ ਉਤਸ਼ਾਹਿਤ ਹੋਣ ਅਤੇ ਆਪਣੇ ਖੇਤਰ ਦਾ ਨਾਮ ਰੌਸ਼ਨ ਕਰਨ। ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਵਿੱਚ ਖੇਡਾਂ ਨੂੰ ਪ੍ਰੋਤਸ਼ਾਹਿਤ ਹਿਤ ਕਰਨ ਅਤੇ ਨੌਜਵਾਨਾਂ ਲਈ ਵਧੀਆ ਖੇਡ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦਾ ਸੁਨਹਿਰੀ ਭਵਿੱਖ ਸਾਡੀ ਸਭ ਤੋਂ ਵੱਡੀ ਤਰਜੀਹ ਹੈ।ਨੌਜਵਾਨਾਂ ਨੂੰ ਖੇਡਾਂ ਨਾਲ ਜੋੜਿਆ ਜਾ ਰਿਹਾ ਹੈ।ਨਵੇਂ ਖੇਡ ਮੈਦਾਨਾਂ ਅਤੇ ਪਿੰਡ-ਪਿੰਡ ਚੱਲ ਰਹੇ ਵਿਕਾਸ ਕਾਰਜਾਂ ਨਾਲ ਅਸੀਂ ਪਿੰਡਾਂ ਦੀ ਤਸਵੀਰ ਬਦਲ ਗਈ



ਹੈ।ਬਿਹਤਰ ਸੜਕਾਂ, ਸਿਹਤ ਸਹੂਲਤਾਂ, ਸਾਫ਼ ਪਾਣੀ ਤੇ ਖੇਡਾਂ ਦੇ ਬੁਨਿਆਦੀ ਢਾਂਚੇ ਨਾਲ ਸਾਡਾ ਰੰਗਲੇ ਪੰਜਾਬ ਦਾ ਸੁਪਨਾ ਸਾਕਾਰ ਹੋ ਰਿਹਾ ਹੈ।ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਉਹ ਹਲਕੇ ਦੇ ਸਰਬਪੱਖੀ ਵਿਕਾਸ ਲਈ ਲੋਕਾਂ ਦੀ ਸੇਵਾ ਵਿੱਚ 24 ਘੰਟੇ ਹਾਜ਼ਰ ਹਨ ਅਤੇ ਖੁਦ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ।

# ਪ੍ਰਧਾਨ ਮੰਤਰੀ ਵੱਲੋਂ ਪੈਟਰੋਲ, ਡੀਜ਼ਲ ਤੇ ਗੈਸ ਬਚਾਉਣ ਦੇ ਦਿੱਤੇ ਸੁਝਾਅ 'ਤੇ ਗੌਰ ਕਰਨ ਦੀ ਲੋੜ : ਡਾ. ਰਿਤੂ ਕੌਂਡਲ

**ਗੁਰਦਾਸਪੁਰ, (ਜਨਕ ਮਹਾਜਨ)**

ਅਮਰੀਕਾ-ਈਰਾਨ ਦੀ ਜੰਗ ਛਿੜਨ ਕਾਰਨ ਸਾਰੀ ਦੁਨੀਆ ਵਿੱਚ ਤੇਲ ਸਬੰਧੀ ਹਾਹਾਕਾਰ ਮਚੀ ਹੋਈ ਹੈ, ਉਥੇ ਭਾਰਤ ਵੀ ਇਸ ਮਸਲੇ ਨਾਲ ਜੂਝ ਰਿਹਾ ਹੈ। ਕਈ ਮਹੀਨਿਆਂ ਤੋਂ ਚੱਲ ਰਹੀ ਇਸ ਲੜਾਈ ਕਾਰਨ ਭਾਰਤ ਸਰਕਾਰ ਨੇ ਕੱਚੇ ਤੇਲ ਦੀਆਂ ਕੀਮਤਾਂ ਵਧਣ ਨਾਲ ਰਸੋਈ ਗੈਸ ਅਤੇ ਪੈਟਰੋਲ, ਡੀਜ਼ਲ ਆਦਿ ਦੀਆਂ ਕੀਮਤਾਂ ਦੇ ਰੇਟ ਵਧਾ ਦਿੱਤੇ ਹਨ ਜਿਸ ਦਾ ਆਮ ਲੋਕਾਂ 'ਤੇ ਕਾਫੀ ਅਸਰ ਪੈ ਰਿਹਾ ਹੈ। ਕੁਝ ਦਿਨ ਪਹਿਲਾਂ ਹੀ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਲੋਕਾਂ ਨੂੰ ਅਪੀਲ ਕਰਨ ਦੇ ਨਾਲ ਸੁਝਾਅ ਦਿੱਤੇ ਗਏ ਹਨ ਕਿ ਤੇਲ ਦੀ ਕਮੀ ਨੂੰ ਦੇਖਦੇ ਹੋਏ ਇਨ੍ਹਾਂ ਚੀਜ਼ਾਂ ਦੀ ਵਰਤੋਂ ਜਿੰਨੀ ਘੱਟ ਹੋ ਸਕੇ ਓਨੀ ਘੱਟ ਕਰੋ। ਇਸ ਸੁਝਾਅ ਦੀ ਸਰਾਹਨਾ ਕਰਦੇ ਹੋਏ ਹਿਮਾਲਯ ਪਰਿਵਾਰ ਸੰਸਥਾ ਪੰਜਾਬ ਦੀ ਮਹਾਂ ਮੰਤਰੀ ਡਾਕਟਰ ਰਿਤੂ ਕੌਂਡਲ ਨੇ ਕਿਹਾ ਕਿ ਕਿ ਸਾਨੂੰ ਸਭ ਨੂੰ ਮਿਲ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੁਝਾਓ ਤੇ ਗੰਭੀਰਤਾ ਨਾਲ ਵਿਚਾਰ ਕਰਦੇ ਹੋਏ ਪੈਟਰੋਲ, ਡੀਜ਼ਲਾਂ ਤੇ ਘਰੇਲੂ ਗੈਸ ਦੀ ਘੱਟ ਤੋਂ ਘੱਟ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਛੋਟੇ ਮੋਟੇ ਕੰਮਾਂ ਲਈ ਵੀ ਸਕੂਟਰ ਮੋਟਰਸਾਈਕਲ



ਕਾਰਾਂ ਆਦਿ ਦੀ ਵਰਤੋਂ ਨਹੀਂ ਕਰਨੀ ਚਾਹੀਦੀ। ਡਾ. ਕੌਂਡਲ ਨੇ ਕਿਹਾ ਕਿ ਅਜਿਹਾ ਕਰਨ ਨਾਲ ਸਾਡੇ ਮੁਲਕ ਦੀ ਕਰੰਸੀ ਵੀ ਬਾਹਰ ਜਾਣੀ ਘਟ ਜਾਵੇਗੀ ਅਤੇ ਦੇਸ਼ ਵੀ ਮਹਿੰਗਾਈ ਕੁਝ ਹੱਦ ਤੱਕ ਘੱਟ ਜਾਵੇਗੀ। ਉਨ੍ਹਾਂ ਪ੍ਰਧਾਨ ਮੰਤਰੀ ਵੱਲੋਂ ਕੀਤੀ ਅਪੀਲ 'ਤੇ ਕੁਝ ਸੂਬੇ ਦੀਆਂ ਸਰਕਾਰਾਂ ਵਲੋਂ ਸਰਕਾਰੀ ਗੱਡੀਆਂ ਦੀ ਘੱਟ ਵਰਤੋਂ ਅਤੇ ਹਫ਼ਤੇ ਦੇ ਕੁਝ ਦਿਨ ਵਰਕ ਫਰਾਮ ਹੋਮ ਪਾਲਿਸੀ ਤੇ ਕੰਮ ਕਰਨ ਦੀ ਸ਼ਲਾਘਾ ਕੀਤੀ। ਡਾ. ਰਿਤੂ ਕੌਂਡਲ ਨੇ ਕਿਹਾ ਕਿ ਦੇਸ਼ੀ ਦੀ ਤਰੱਕੀ ਵਾਸਤੇ ਤਿੰਨਾਂ ਵਿਅਕਤੀਆਂ ਵੱਲ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ ਜਿਨ੍ਹਾਂ ਵਿਚ ਪਹਿਲੇ ਨੰਬਰ 'ਤੇ ਕਿਸਾਨ ਜੋ ਦੇਸ਼ ਦਾ ਅੰਨਦਾਤਾ ਹੈ। ਦੂਸਰੇ ਨੰਬਰ 'ਤੇ ਨੌਜਵਾਨ ਪੀੜੀ ਜੋ ਦੇਸ਼ ਦੇ ਭਵਿੱਖ ਹਨ ਅਤੇ ਤੀਸਰੇ ਨੰਬਰ 'ਤੇ ਮਹਿਲਾਵਾਂ ਹਨ ਜੋ ਦੇਸ਼ ਦੀ ਸ਼ਕਤੀ ਹਨ। ਉਨ੍ਹਾਂ ਕਿਹਾ ਜਦੋਂ ਇਹ ਤਿੰਨੇ ਅੱਗੇ ਨੂੰ ਵਧਣਗੇ ਤਾਂ ਹੀ ਦੇਸ਼ ਤਰੱਕੀ ਕਰੇਗਾ।

# ਸਿਆਲਕਾ ਦੀ ਪੰਚਾਇਤ ਨੇ ਪਿੰਡ 'ਚ ਦੂਜਾ ਕ੍ਰਿਕਟ ਟੂਰਨਾਮੈਂਟ ਕਰਵਾਇਆ



**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**-ਪਿੰਡ ਸਿਆਲਕਾ ਵਿਖੇ ਪਿਛਲੇ ਸਾਲ ਦੀ ਤਰ੍ਹਾਂ ਇਸ ਵਾਰ ਵੀ ਦੂਜਾ ਕ੍ਰਿਕਟ ਟੂਰਨਾਮੈਂਟ ਪਿੰਡ ਦੀ ਪੰਚਾਇਤ ਦੇ ਸਹਿਯੋਗ ਨਾਲ ਕਰਵਾਇਆ ਗਿਆ।ਇਸ ਕ੍ਰਿਕਟ ਟੂਰਨਾਮੈਂਟ ਵਿਚ 12 ਟੀਮਾਂ ਨੇ ਭਾਗ ਲਿਆ ਤੇ ਇਸ ਟੂਰਨਾਮੈਂਟ ਦੇ ਅਖੀਰਲੇ ਦਿਨ ਵਿਸ਼ੇਸ਼ ਤੌਰ ਤੇ ਪਹੁੰਚੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਜੇਤੂ ਟੀਮਾਂ ਨੂੰ ਸਨਮਾਨਿਤ ਕਰਦਿਆਂ ਕਿਹਾ ਕਿ ਅਜੋਕੇ ਸਮੇਂ ਵਿਚ ਨੌਜਵਾਨ ਪੀੜ੍ਹੀ ਨੂੰ ਗਰਾਊਂਡਾਂ ਨਾਲ ਜੋੜਨਾ ਬਹੁਤ ਜ਼ਰੂਰੀ ਹੋ ਗਿਆ ਹੈ ਤਾਂ ਕਿ ਨੌਜਵਾਨ ਨਸ਼ਿਆਂ ਦੇ ਜਾਲ ਵਿੱਚੋਂ ਨਿਕਲ ਸਕਣ।ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਗਵੰਤ ਸਿੰਘ ਸਿਆਲਕਾ, ਕੁਲਵਿੰਦਰ ਸਿੰਘ ਧਾਰੀਵਾਲ, ਗਾਂਧੀ ਨਿੱਬਰਵਿੰਡ, ਸਤਨਾਮ ਸਿੰਘ ਸਿਆਲਕਾ, ਰਸ਼ਪਾਲ ਸਿੰਘ ਬੱਠੂਚੱਕ, ਕੁਲਦੀਪ ਸਿੰਘ ਫੌਜੀ, ਗੁਰਪ੍ਰੀਤ ਸਿੰਘ ਫੌਜੀ, ਗੁਰਭੇਜ ਸਿੰਘ ਫੌਜੀ, ਹਰਵਿੰਦਰ ਸਿੰਘ ਫੌਜੀ, ਮਾਸਟਰ ਲਾਲੀ ਲਖਵਿੰਦਰ ਸਿੰਘ, ਫੌਜੀ ਕੁਲਵਿੰਦਰ ਸਿੰਘ, ਸਕੱਤਰ ਸਿੰਘ, ਮੈਂਬਰ ਗੋਪਾਲ ਸਿੰਘ, ਹਰਜੀਤ ਸਿੰਘ, ਮਨਜੋਤ ਸਿੰਘ, ਸੁਖਮਨ ਸਿੰਘ, ਨਿਰਮਲ ਸਿੰਘ, ਗੁਰਬੀਰ ਸਿੰਘ, ਗੁਰਤੇਗ ਬੀਰ ਸਿੰਘ, ਰਾਜਨਪ੍ਰੀਤ ਸਿੰਘ, ਮਨਦੀਪ ਸਿੰਘ, ਅੰਮ੍ਰਿਤਪਾਲ ਸਿੰਘ ਪਰਮਜੀਤ ਸਿੰਘ, ਸਰਬਜੀਤ ਸਿੰਘ ਸੈਕਟਰੀ ਸਮੇਤ ਵੱਡੀ ਗਿਣਤੀ ਵਿਚ ਲੋਕ ਹਾਜ਼ਰ ਸਨ।

# ਵਿਦਿਆਰਥੀਆਂ ਦਾ ਆਲ ਇੰਡੀਆ ਵੈਟਰਨਰੀ ਐਜੂਕੇਸ਼ਨਲ ਟੂਰ ਕਰਵਾਇਆ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**



ਖ਼ਾਲਸਾ ਕਾਲਜ ਆਫ਼ ਵੈਟਰਨਰੀ ਐਂਡ ਐਨੀਮਲ ਸਾਇੰਸਜ਼ ਦੇ ਅੰਤਿਮ ਵਰ੍ਹੇ ਦੇ ਬੀ. ਵੀ. ਐੱਸ. ਸੀ. ਐਂਡ ਏ. ਐੱਚ. ਵਿਦਿਆਰਥੀਆਂ ਲਈ 15 ਦਿਨਾ ਆਲ ਇੰਡੀਆ ਐਜੂਕੇਸ਼ਨਲ ਟੂਰ ਕਰਵਾਇਆ ਗਿਆ।ਕਾਲਜ ਪ੍ਰਿੰਸੀਪਲ ਡਾ. ਹਰੀਸ਼ ਕੁਮਾਰ ਵਰਮਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਉਲੀਕੇ ਗਏ ਉਕਤ ਵਿੱਦਿਅਕ ਦੌਰੇ ਦੀ ਅਗਵਾਈ ਐਨਾਟਮੀ ਵਿਭਾਗ ਦੇ ਪ੍ਰੋਫੈਸਰ ਅਤੇ ਟੂਰ ਇੰਚਾਰਜ ਡਾ. ਅਵਿਨਾਸ਼ ਡੀ. ਪਾਟਿਲ ਨੇ ਕੀਤੀ ਜਦਕਿ ਉਨ੍ਹਾਂ ਨਾਲ ਡਾ. ਸ਼ੁਭਮ ਠਾਕੁਰ, ਡਾ. ਰਸ਼ਮੀ ਗੋਸਵਾਮੀ ਅਤੇ ਡਾ. ਕੇ. ਲਾਲਾਵਮਪੁਈ ਵੀ ਸ਼ਾਮਿਲ ਸਨ।ਇਸ ਸਬੰਧੀ ਪ੍ਰਿੰ: ਡਾ. ਵਰਮਾ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਹ ਮਹੱਤਵਪੂਰਨ ਅਕਾਦਮਿਕ ਪਹਿਲ ਕਲਾਸਰੂਮ ਸਿੱਖਿਆ ਨੂੰ ਅਸਲ ਵੈਟਰਨਰੀ ਅਭਿਆਸ ਨਾਲ ਜੋੜਨ ਦੇ ਉਦੇਸ਼ ਨਾਲ ਕਰਵਾਈ ਗਈ ਸੀ।ਉਨ੍ਹਾਂ ਕਿਹਾ ਕਿ ਇਸ ਦੌਰੇ ਦਾ ਮੁੱਖ ਮਕਸਦ ਵਿਦਿਆਰਥੀਆਂ ਨੂੰ ਪ੍ਰਯੋਗਾਤਮਕ ਤਜਰਬਾ ਪ੍ਰਦਾਨ ਕਰਨਾ, ਉਨ੍ਹਾਂ ਦੀ ਪੇਸ਼ਾਵਰ ਯੋਗਤਾ ਨੂੰ ਨਿਖਾਰਨਾ ਅਤੇ ਭਵਿੱਖ ਦੇ ਵੈਟਰਨਰੀ ਡਾਕਟਰਾਂ ਦੀ ਤਕਨੀਕੀ ਸੋਚ ਨੂੰ ਵਿਸਤਾਰ ਦੇਣਾ ਸੀ।ਉਨ੍ਹਾਂ ਕਿਹਾ ਕਿ ਇਸ ਟੂਰ 'ਚ ਲੜਕੇ ਅਤੇ ਲੜਕੀਆਂ ਸਮੇਤ ਕੁੱਲ 84 ਵਿਦਿਆਰਥੀਆਂ ਨੇ ਭਾਗ ਲਿਆ, ਜਿਸ 'ਚ 4 ਫੈਕਲਟੀ ਮੈਂਬਰ ਵੀ ਮੌਜੂਦ ਸਨ।ਇਸ ਮੌਕੇ ਪ੍ਰਿੰ: ਡਾ. ਵਰਮਾ ਨੇ ਡਾ. ਪਾਟਿਲ ਅਤੇ ਉਨ੍ਹਾਂ ਦੀ ਟੀਮ ਸਮੇਤ ਵਿਦਿਆਰਥੀਆਂ ਨੂੰ ਵਿੱਦਿਅਕ ਦੌਰੇ ਦੀ ਸਫਲਤਾ ਸਬੰਧੀ ਵਧਾਈ ਦਿੰਦਿਆਂ ਵਿਦਿਆਰਥੀਆਂ ਨੇ ਮੁੰਬਈ, ਬੈਂਗਲੁਰੂ ਅਤੇ ਹੈਦਰਾਬਾਦ ਦੇ ਪ੍ਰਸਿੱਧ ਵੈਟਰਨਰੀ ਅਦਾਰਿਆਂ ਅਤੇ ਸਹੂਲਤਾਂ ਸਬੰਧੀ ਗਿਆਨ ਪ੍ਰਾਪਤ ਕੀਤਾ।ਉਨ੍ਹਾਂ ਕਿਹਾ ਕਿ ਇਸ ਦੌਰੇ 'ਚ ਇਨ੍ਹਾਂ ਸ਼ਹਿਰਾਂ ਦੇ ਵੈਟਰਨਰੀ ਕਾਲਜ, ਵੈਟਰਨਰੀ ਕਲੀਨਿਕਲ ਕੰਪਲੈਕਸ, ਕੁੱਤਿਆਂ, ਬਿੱਲੀਆਂ ਅਤੇ ਹੋਰ ਛੋਟੇ ਪਸ਼ੂਆਂ ਲਈ ਇਨਪੇਸ਼ੈਂਟ ਵਾਰਡ ਅਤੇ ਹੈਦਰਾਬਾਦ ਸਥਿਤ ਪ੍ਰਸਿੱਧ ਨੈਸ਼ਨਲ ਮੀਟ ਰਿਸਰਚ ਇੰਸਟੀਚਿਊਟ ਸ਼ਾਮਿਲ ਸਨ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੇ ਬੈਂਗਲੁਰੂ ਦੇ ਤਕਨੀਕੀ ਅਜਾਇਬ ਘਰਾਂ ਦਾ ਵੀ ਦੌਰਾ ਕੀਤਾ, ਜਿੱਥੇ ਉਨ੍ਹਾਂ ਨੂੰ ਵੈਟਰਨਰੀ ਅਤੇ ਸਬੰਧਿਤ ਵਿਗਿਆਨਾਂ ਨਾਲ ਜੁੜੀਆਂ ਆਧੁਨਿਕ ਤਕਨੀਕੀ ਉੱਨਤੀਆਂ ਬਾਰੇ ਜਾਣਕਾਰੀ ਪ੍ਰਾਪਤ ਹੋਈ।ਇਸ ਮੌਕੇ ਪ੍ਰਿੰ: ਡਾ. ਵਰਮਾ ਨੇ ਕਿਹਾ ਕਿ ਪੂਰੇ ਟੂਰ ਦੌਰਾਨ ਵਿਦਿਆਰਥੀਆਂ ਨੂੰ ਆਧੁਨਿਕ ਡਾਇਗਨੋਸਟਿਕ ਤਕਨੀਕਾਂ, ਕਲੀਨਿਕਲ ਪ੍ਰਕਿਰਿਆਵਾਂ, ਰਿਸਰਚ ਮੈਥਡੋਲੋਜੀ ਅਤੇ ਛੋਟੇ ਤੇ ਵੱਡੇ ਪਸ਼ੂਆਂ ਦੀ ਸਿਹਤ ਸੰਭਾਲ ਨਾਲ ਜੁੜੀਆਂ ਵਿਗਿਆਨਕ ਪ੍ਰਬੰਧਕੀ ਅਭਿਆਸਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਉਨ੍ਹਾਂ ਕਿਹਾ ਕਿ ਮਾਹਿਰਾਂ ਨਾਲ ਹੋਈ ਗੱਲਬਾਤ ਦੌਰਾਨ ਉੱਚ ਪੱਧਰੀ ਸੰਸਥਾਗਤ ਢਾਂਚੇ ਦੇ ਅਧਿਐਨ ਨੇ ਵਿਦਿਆਰਥੀਆਂ ਦੀ ਆਧੁਨਿਕ ਵੈਟਰਨਰੀ ਵਿਗਿਆਨ ਅਤੇ ਇਸ ਦੀਆਂ ਵਿਹਾਰਿਕ ਇਸਤੇਮਾਲ ਸਬੰਧੀ ਸਮਝ ਨੂੰ ਕਾਫ਼ੀ ਮਜ਼ਬੂਤ ਕੀਤਾ।

ਨਵਾਂ ਜ਼ਮਾਨਾ
ਬੁੱਧਵਾਰ, 20 ਮਈ 2026

# ਮੋਦੀ ਰਾਜ ਦੇ ਚੌਦਾਂ ਸਾਲ

*ਅੱਜ ਦਾ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਮਈ 2014 ਵਿੱਚ ਮਰਹੂਮ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸੌਂਪੇ ਗਏ ਭਾਰਤ ਦੀ ਸਥਿਤੀ ਕੀ ਹੈ? ਮੋਦੀ ਨੇ ਆਪਣੇ 12 ਸਾਲਾਂ ਦੇ 'ਯਤਨਾਂ' ਨਾਲ ਭਾਰਤ ਨੂੰ ਕਿੱਥੇ ਪਹੁੰਚਾਇਆ ਹੈ? ਇਹ ਮੁਲਾਂਕਣ ਹਰ ਖੇਤਰ ਵਿੱਚ ਕਰਨ ਦੀ ਲੋੜ ਹੈ। ਦੇਸ਼ ਦੀ ਵਿੱਤੀ ਸਥਿਤੀ, ਸਮਾਜਿਕ ਸੂਚਕ ਅੰਕ, ਨਿਆਂ ਪਾਲਿਕਾ ਅਤੇ ਚੋਣ ਕਮਿਸ਼ਨ ਦੀ ਭਰੋਸੇਯੋਗਤਾ, ਵੱਖ-ਵੱਖ ਸੰਵਿਧਾਨਕ ਸੰਸਥਾਵਾਂ ਵੱਲੋਂ ਦੇਸ਼ ਲਈ ਖਰਚ ਕੀਤੀਆਂ ਜਾ ਰਹੀਆਂ 'ਕੈਲੋਰੀਆਂ'।*

*ਮੋਦੀ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਹਨ, ਜੋ ਪਹਿਲਾਂ ਆਪਣੀ ਛਵੀ, ਚੋਣ ਜਿੱਤਾਂ ਅਤੇ ਆਪਣੇ ਪਹਿਰਾਵੇ 'ਤੇ ਧਿਆਨ ਕੇਂਦਰਤ ਕਰਦੇ ਹਨ, ਦੇਸ਼ ਦੇ ਆਮ ਲੋਕਾਂ 'ਤੇ ਨਹੀਂ। ਜਦੋਂ ਵੀ ਦੇਸ਼ ਨੂੰ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਲੋਕਾਂ ਨੂੰ ਕੁਰਬਾਨੀ ਦੀ ਅਪੀਲ ਕਰਦੇ ਹਨ। ਮੋਦੀ ਦੇ ਕਾਰਜਕਾਲ ਨੂੰ ਲੱਖਾਂ ਵਿਦਿਆਰਥੀਆਂ ਦੀ ਮਿਹਨਤ ਨੂੰ ਬਰਬਾਦ ਕਰਨ ਵਾਲੇ ਕਾਰਜਕਾਲ ਵਜੋਂ ਯਾਦ ਕੀਤਾ ਜਾਵੇਗਾ। ਮਨਮੋਹਨ ਸਿੰਘ ਨੇ 2014 ਵਿੱਚ ਮੋਦੀ ਨੂੰ ਜੋ ਭਾਰਤ ਦਿੱਤਾ ਸੀ, ਉੱਥੇ ਪੇਪਰ ਲੀਕ ਵਰਗੀਆਂ ਘਟਨਾਵਾਂ ਜਾਂ ਤਾਂ ਮੌਜੂਦ ਨਹੀਂ ਸਨ ਜਾਂ ਬਹੁਤ ਘੱਟ ਸਨ। 2004 ਅਤੇ 2014 ਦੇ ਵਿਚਕਾਰ ਕੁੱਲ 11 ਪੇਪਰ ਲੀਕ ਹੋਏ ਸਨ, ਜਿਨ੍ਹਾਂ ਵਿੱਚੋਂ ਇੱਕ ਵੱਡਾ ਹਿੱਸਾ ਰਾਜ ਪ੍ਰੀਖਿਆਵਾਂ ਨਾਲ ਸੰਬੰਧਤ ਸੀ। ਮੋਦੀ ਦੇ 12 ਸਾਲਾਂ ਦੇ ਕਾਰਜਕਾਲ ਦੌਰਾਨ 89 ਪੇਪਰ ਲੀਕ ਹੋਏ ਹਨ, ਭਾਵ ਹਰ ਸਾਲ ਔਸਤਨ 7 ਤੋਂ ਵੱਧ ਪੇਪਰ ਲੀਕ।*

*2013 ਵਿੱਚ ਗਲੋਬਲ ਹੰਗਰ (ਭੁੱਖਮਰੀ) ਇੰਡੈਕਸ ਵਿੱਚ ਭਾਰਤ 63ਵੇਂ ਸਥਾਨ 'ਤੇ ਸੀ, ਜਦੋਂ ਕਿ 2025 ਵਿੱਚ ਇਹ 123 ਦੇਸ਼ਾਂ ਵਿੱਚੋਂ 102ਵੇਂ ਸਥਾਨ 'ਤੇ ਪਹੁੰਚ ਗਿਆ। ਅਨਾਜ ਨਾਲ ਭਰਪੂਰ ਹੋਣ ਅਤੇ ਪੂਰੇ ਭੋਜਨ ਭੰਡਾਰ ਹੋਣ ਦੇ ਬਾਵਜੂਦ ਭਾਰਤ ਵਿੱਚ ਏਨੀ ਭੁੱਖ ਕਿਉਂ ਹੈ? ਤਿੰਨ ਵਿੱਚੋਂ ਇੱਕ ਭਾਰਤੀ ਬੱਚਾ ਸਟੰਟਡ (ਉਮਰ ਦੇ ਹਿਸਾਬ ਨਾਲ ਛੋਟਾ ਕੱਦ) ਕਿਉਂ ਹੈ? ਇਹ ਸਭ ਇਸ ਲਈ ਹੈ, ਕਿਉਂਕਿ ਸਰਕਾਰ ਮੁਫਤ ਰਾਸ਼ਨ ਦੇ ਨਾਂਅ 'ਤੇ ਵੱਡੇ ਪੱਧਰ 'ਤੇ ਕਾਰਬੋਹਾਈਡਰੇਟ ਪ੍ਰਦਾਨ ਕਰ ਰਹੀ ਹੈ। ਜ਼ਿਆਦਾਤਰ ਆਬਾਦੀ ਨੂੰ ਆਪਣੀ ਖੁਰਾਕ ਵਿੱਚ ਕਾਫੀ ਪ੍ਰੋਟੀਨ ਜਾਂ ਚੰਗੀ ਚਰਬੀ ਨਹੀਂ ਮਿਲ ਰਹੀ। ਹਰੀਆਂ ਸਬਜ਼ੀਆਂ, ਦੁੱਧ, ਦਹੀਂ, ਘਿਓ, ਪਨੀਰ ਅਤੇ ਮਾਸ ਖਰੀਦਣ ਲਈ ਪੈਸੇ ਨਹੀਂ ਹਨ।*

*2026 ਦੀ ਪਹਿਲੀ ਤਿਮਾਹੀ ਵਿੱਚ ਬੇਰੁਜ਼ਗਾਰੀ ਦਰ (15-29 ਸਾਲ) 15 ਫੀਸਦੀ ਤੋਂ ਵੱਧ ਹੋ ਗਈ ਹੈ, ਜੋ ਕਿ ਡਾ. ਮਨਮੋਹਨ ਸਿੰਘ ਦੇ ਕਾਰਜਕਾਲ ਦੌਰਾਨ 2 ਤੋਂ 4 ਫੀਸਦੀ ਸੀ। ਭਾਰਤ ਦੀਆਂ 90 ਫੀਸਦੀ ਨੌਕਰੀਆਂ ਅਸੰਗਠਤ ਖੇਤਰ ਵਿੱਚ ਹਨ, ਜਿੱਥੇ ਕੋਈ ਸਮਾਜਿਕ ਸੁਰੱਖਿਆ ਨਹੀਂ। ਅੰਤਰਰਾਸ਼ਟਰੀ ਕਿਰਤ ਸੰਗਠਨ ਮੁਤਾਬਕ ਭਾਰਤ ਵਿੱਚ ਲਗਭਗ 66 ਫੀਸਦੀ ਪੜ੍ਹੇ-ਲਿਖੇ ਲੋਕ ਬੇਰੁਜ਼ਗਾਰ ਹਨ। ਲਗਭਗ 30 ਫੀਸਦੀ ਗ੍ਰੈਜੂਏਟ ਬੇਰੁਜ਼ਗਾਰ ਹਨ। ਗ੍ਰੈਜੂਏਟਾਂ ਵਿੱਚ ਇਹ ਬੇਰੁਜ਼ਗਾਰੀ ਦਰ ਅਨਪੜ੍ਹਾਂ ਨਾਲੋਂ ਨੌਂ ਗੁਣਾ ਵੱਧ ਹੈ। ਜਦੋਂ ਮਨਮੋਹਨ ਸਿੰਘ ਨੇ 2014 ਵਿੱਚ ਮੋਦੀ ਨੂੰ ਸੱਤਾ ਸੌਂਪੀ ਸੀ, ਤਾਂ ਡਾਲਰ ਦੇ ਮੁਕਾਬਲੇ ਰੁਪਏ ਦੀ ਕਦਰ 59.09 ਸੀ (ਮਈ 2014)। ਅੱਜ ਇੱਕ ਡਾਲਰ ਲਈ 96 ਰੁਪਏ ਤੋਂ ਵੱਧ ਦੇਣੇ ਪੈਂਦੇ ਹਨ। ਮਨਮੋਹਨ ਸਿੰਘ ਸਰਕਾਰ ਘਰੇਲੂ ਸਿਲੰਡਰ 414 ਰੁਪਏ ਵਿੱਚ ਪ੍ਰਦਾਨ ਕਰ ਰਹੀ ਸੀ, ਪਰ ਹੁਣ 913 ਰੁਪਏ ਦਾ ਹੈ। ਡਾ. ਮਨਮੋਹਨ ਸਿੰਘ ਨੇ ਮੋਦੀ ਨੂੰ ਇੱਕ ਅਜਿਹਾ ਭਾਰਤ ਦਿੱਤਾ, ਜਿਸ ਦੀ ਔਸਤਨ ਵਿਕਾਸ ਦਰ 7.7 ਫੀਸਦੀ ਤੋਂ 8.2 ਫੀਸਦੀ ਸੀ, ਹੁਣ ਇਹ ਘਟ ਕੇ 5.8-6.8 ਫੀਸਦੀ ਰਹਿ ਗਈ ਹੈ। ਵਿਸ਼ਵ ਪ੍ਰੈੱਸ ਆਜ਼ਾਦੀ ਸੂਚਕ ਅੰਕ ਨੇ ਭਾਰਤ ਵਿੱਚ ਮੀਡੀਆ ਆਜ਼ਾਦੀ ਨੂੰ 157ਵੇਂ (2025) ਸਥਾਨ 'ਤੇ ਰੱਖਿਆ ਹੈ। ਮੋਦੀ ਨੇ ਗਲੋਬਲ ਹੈਪੀਨੈੱਸ ਸੂਚਕ ਅੰਕ ਵਿੱਚ ਭਾਰਤ ਨੂੰ 118ਵੇਂ (2025) ਸਥਾਨ 'ਤੇ ਉੱਚਾ ਕੀਤਾ ਹੈ। ਭਾਰਤ ਪਿਛਲੇ 10 ਸਾਲਾਂ ਤੋਂ ਖੋਜ ਅਤੇ ਵਿਕਾਸ ਵਿੱਚ 0.6 ਫੀਸਦੀ 'ਤੇ ਫਸਿਆ ਹੋਇਆ ਹੈ, ਜਦੋਂ ਕਿ ਚੀਨ (2.43 ਫੀਸਦੀ) ਅਤੇ ਬ੍ਰਾਜ਼ੀਲ (1.15 ਫੀਸਦੀ) ਭਾਰਤ ਨੂੰ ਬਹੁਤ ਪਿੱਛੇ ਛੱਡ ਗਏ ਹਨ। ਹਾਂ, ਭਾਰਤ ਵਿੱਚ ਵਿਕਾਸ ਦੇ ਨਾਂਅ 'ਤੇ ਹਰ ਜਗ੍ਹਾ ਪਾਰਟੀ ਦਫਤਰ ਅਤੇ ਮੰਦਰ ਬਣਾਏ ਜਾ ਰਹੇ ਹਨ।*

*ਭਾਰਤ ਵਿੱਚ 'ਕਾਨੂੰਨ ਦਾ ਰਾਜ' ਏਨਾ ਕਮਜ਼ੋਰ ਹੋ ਗਿਆ ਹੈ ਕਿ ਭਾਰਤ ਕਾਨੂੰਨ ਦੇ ਸੂਚਕ ਅੰਕ-2025 ਵਿੱਚ 86ਵੇਂ ਸਥਾਨ 'ਤੇ ਪਹੁੰਚ ਗਿਆ ਹੈ। ਇਹ ਸਿਰਫ ਕਾਨੂੰਨ ਦਾ ਰਾਜ ਹੀ ਨਹੀਂ, ਜੋ ਸੁੰਗੜ ਰਿਹਾ ਹੈ, ਸੰਸਥਾਵਾਂ ਜੋ ਫੈਲਣ ਲਈ ਬਣਾਈਆਂ ਗਈਆਂ ਸਨ, ਉਹ ਵੀ ਸੁੰਗੜ ਰਹੀਆਂ ਹਨ। ਭਾਰਤ ਦੇ ਕੰਪਟਰੋਲਰ ਅਤੇ ਆਡੀਟਰ ਜਨਰਲ (ਕੈਗ) ਅਤੇ ਭਾਰਤ ਦੇ ਚੋਣ ਕਮਿਸ਼ਨ ਵਰਗੇ ਅਦਾਰਿਆਂ ਨੂੰ ਲੋਕਤੰਤਰ ਦੇ ਰਖਵਾਲੇ ਵਜੋਂ ਕਾਇਮ ਕੀਤਾ ਗਿਆ ਸੀ। ਕੈਗ ਨੇ ਸਰਕਾਰੀ ਖਰਚਿਆਂ ਨੂੰ ਕੰਟਰੋਲ ਕਰਨਾ ਸੀ ਅਤੇ ਚੋਣ ਕਮਿਸ਼ਨ ਨੇ ਨਿਰਪੱਖ ਚੋਣਾਂ ਕਰਾਉਣੀਆਂ ਸਨ, ਪਰ ਦੋਵਾਂ ਨੂੰ ਦੰਦਹੀਣ ਬਣਾ ਦਿੱਤਾ ਗਿਆ ਹੈ। ਸਰਕਾਰ ਨੇ ਕੈਗ 'ਚੋਂ 7,000 ਤੋਂ ਵੱਧ ਲੋਕਾਂ ਨੂੰ ਨੌਕਰੀ ਤੋਂ ਕੱਢ ਦਿੱਤਾ ਹੈ ਅਤੇ ਬਜਟ ਨੂੰ 0.19 ਫੀਸਦੀ ਤੋਂ ਘਟਾ ਕੇ 0.13 ਫੀਸਦੀ ਕਰ ਦਿੱਤਾ ਹੈ। ਜਿਸ ਕੈਗ ਨੇ 2011, 2012 ਅਤੇ 2013 ਵਿੱਚ ਸੰਸਦ ਵਿੱਚ ਕ੍ਰਮਵਾਰ 39, 26 ਅਤੇ 34 ਰਿਪੋਰਟਾਂ ਰੱਖੀਆਂ ਸਨ, 2019, 2020, 2021-2022 ਅਤੇ 2023 ਵਿੱਚ ਕ੍ਰਮਵਾਰ ਸਿਰਫ 21, 14, 20 ਅਤੇ 18 ਰਿਪੋਰਟਾਂ ਸੰਸਦ ਵਿੱਚ ਰੱਖੀਆਂ ਹਨ। ਕੈਗ, ਜੋ ਕਦੇ ਮਨਮੋਹਨ ਸਿੰਘ ਸਰਕਾਰ ਨੂੰ ਸੱਤਾ ਤੋਂ ਹਟਾਉਣ ਲਈ ਇੱਕ ਔਜ਼ਾਰ ਬਣਿਆ ਸੀ, ਨੂੰ ਇੱਕ ਯੋਜਨਾਬੱਧ ਰਣਨੀਤੀ ਦੇ ਹਿੱਸੇ ਵਜੋਂ 'ਚੁੱਪ' ਕਰਾ ਦਿੱਤਾ ਗਿਆ ਹੈ। ਕਿਸੇ ਵੇਲੇ ਆਪਣੀ ਨਿਰਪੱਖਤਾ ਲਈ ਦੁਨੀਆ ਭਰ ਵਿੱਚ ਜਾਣਿਆ ਜਾਂਦਾ ਚੋਣ ਕਮਿਸ਼ਨ ਨਾ ਸਿਰਫ ਵਿਰੋਧੀ ਪਾਰਟੀਆਂ ਦਾ, ਸਗੋਂ ਭਾਰਤੀ ਲੋਕਾਂ ਦਾ ਵੀ ਵਿਸ਼ਵਾਸ ਗੁਆ ਚੁੱਕਾ ਹੈ। 31 ਜੁਲਾਈ ਤੋਂ 13 ਅਗਸਤ 2025 ਦਰਮਿਆਨ ਕੀਤੇ ਗਏ ਇੱਕ ਸਰਵੇਖਣ ਤੋਂ ਪਤਾ ਲੱਗਾ ਹੈ ਕਿ ਹੁਣ ਸਿਰਫ 28.6 ਫੀਸਦੀ ਭਾਰਤੀ ਚੋਣ ਕਮਿਸ਼ਨ ਦੀ ਨਿਰਪੱਖਤਾ 'ਤੇ ਭਰੋਸਾ ਕਰਦੇ ਹਨ, ਜਦੋਂ ਕਿ 2019 ਵਿੱਚ ਇਹ ਅੰਕੜਾ 51 ਫੀਸਦੀ ਸੀ।*

*ਹਰ ਵੱਕਾਰੀ ਸੰਸਥਾ ਟੁੱਟ-ਭੱਜ ਕੇ ਡਿੱਗ ਪਈ ਹੈ। 2014 ਦਾ ਭਾਰਤ, ਜਿਸ ਨੂੰ ਵਿਸ਼ਵ ਮੰਚ 'ਤੇ ਚਮਕਣਾ ਚਾਹੀਦਾ ਸੀ, ਹੁਣ ਆਪਣੇ ਹੀ ਸੰਸਥਾਨਾਂ ਦੇ ਪਤਨ ਤੋਂ ਨਿਰਾਸ਼ ਹੈ, ਜਿਸ ਨੇ ਵਿਸ਼ਵ ਨੇਤਾ ਬਣਨਾ ਸੀ, ਉਹ ਇੱਕ 'ਫਾਲੋਅਰ' ਰਾਸ਼ਟਰ ਬਣ ਗਿਆ ਹੈ, ਜਿਸ ਦੇ ਨੇਤਾਵਾਂ ਨੂੰ ਚੋਣਾਂ ਜਿੱਤਣ ਅਤੇ ਸੱਤਾ ਵਿੱਚ ਬਣੇ ਰਹਿਣ ਤੋਂ ਇਲਾਵਾ ਹੋਰ ਕੋਈ ਚਿੰਤਾ ਨਹੀਂ। ਭਾਰਤ ਪਹਿਲੀ ਵਾਰ ਦੇਖ ਰਿਹਾ ਹੈ ਕਿ ਕਿਵੇਂ ਇੱਕ ਕਮਜ਼ੋਰ ਨੇਤਾ, ਜਦੋਂ ਸੱਤਾ ਵਿੱਚ ਹੁੰਦਾ ਹੈ, ਤਾਂ ਆਪਣੀ ਅਤੇ ਆਪਣੀ ਵਿਚਾਰਧਾਰਾ ਦੀ ਸੇਵਾ ਕਰਨ ਬਦਲੇ ਦੇਸ਼ ਨੂੰ ਕਿੰਨਾ ਨੁਕਸਾਨ ਪਹੁੰਚਾਉਂਦਾ ਹੈ।*

## ਪਾਠਕ-ਸੱਥ

### ਗੁਆਂਢੀਆਂ ਨੂੰ ਗਲਤੀ ਦਾ ਅਹਿਸਾਸ ਹੋਇਆ

ਨਵਾਂ ਜ਼ਮਾਨਾ ਦੇ 18 ਮਈ ਦੇ ਅੰਕ ਵਿੱਚ ਲਾਹੌਰ 'ਚ ਚੌਕਾਂ ਦੇ ਪੁਰਾਣੇ ਨਾਂਅ ਬਹਾਲ ਦੇ ਉਨਦਾਨ ਨਾਲ ਛਪੀ ਖ਼ਬਰ ਗਹਿਰੇ ਅਰਥ ਸਮੋਈ ਬੈਠੀ ਹੈ। ਬੜੇ ਡੂੰਘੇ ਮਾਇਨੇ ਹਨ, ਇਸ ਖ਼ਬਰ ਦੇ। ਜਿਸਨੂੰ ਪੜ੍ਹ ਕੇ ਤੁਸੀਂ, ਧੁਰ ਅੰਦਰ ਤੱਕ, ਇੱਕ ਸੁਖਦ ਅਹਿਸਾਸ ਮਹਿਸੂਸ ਕਰੋਂਗੇ।ਦਰ-ਹਕੀਕਤ; ਕਿਸੇ ਵੀ ਜਗਾਹ ਦਾ ਨਾਂ ਇੱਕ ਇਤਿਹਾਸਕ ਕ੍ਰਮ ਹੁੰਦਾਂ ਹੈ, ਜਿਸਨੂੰ ਕਦੇ ਵੀ ਲੋਕ-ਚੇਤਿਆਂ ਵਿੱਚੋਂ ਮੇਸਿਆ ਨਹੀਂ ਜਾ ਸਕਦਾ।ਗੁਆਂਢੀਆਂ ਨੂੰ ਆਪਣੀ ਗ਼ਲਤੀ ਦਾ ਅਹਿਸਾਸ ਹੋਇਆ ਹੈ। ਆਓ ! ਆਪਾਂ ਵੀ ਕਰੀਏ।

**-ਵਿਜੈ ਬੰਬੇਲੀ**

### ਵਧ ਰਹੀ ਮਹਿੰਗਾਈ

ਇਸ ਸਮੇਂ ਪੱਛਮੀ ਏਸ਼ੀਆ ਦੇ ਹਾਲਾਤ ਕਰਕੇ ਵਿਸ਼ਵ ਭਰ ਵਿੱਚ ਰਿਕਾਰਡ ਤੌਰ ਮਹਿੰਗਾਈ ਵਿੱਚ ਵਾਧਾ ਹੋਇਆ ਹੈ। ਕੁਝ ਕੁ ਦਿਨ ਪਹਿਲਾਂ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਧਾ ਕੀਤਾ ਗਿਆ। ਦੋ ਕੁ ਮਹੀਨੇ ਪਹਿਲੇ ਘਰੇਲੂ ਗੈਸ ਸਿਲੰਡਰ ਦੀ ਕੀਮਤ ਵੀ ਵਧੀ। ਢਾਬਿਆਂ, ਹੋਟਲਾਂ ਵਿੱਚ ਜੋ ਕਮਰਸ਼ੀਅਲ ਗੈਸ ਸਿਲੰਡਰ ਵਰਤਿਆ ਜਾਂਦਾ ਹੈ, ਉਸ ਦੀ ਕੀਮਤ 3000 ਦੇ ਕਰੀਬ ਹੈ। ਘਰੇਲੂ ਰਸੋਈ ਦਾ ਬਜਟ ਵਿਗੜ ਚੁੱਕਿਆ ਹੈ। ਡੀਜ਼ਲ ਦੀਆਂ ਕੀਮਤਾਂ ਵਧਣ ਕਾਰਨ ਟ੍ਰਾਂਸਪੋਰਟ 'ਤੇ ਅਸਰ ਪੈ ਰਿਹਾ ਹੈ। ਆਟਾ-ਦਾਲ ਵੀ ਅਸਮਾਨ ਛੂਹ ਰਹੇ ਹਨ । ਸਬਜ਼ੀਆਂ ਦੀ ਕੀਮਤ ਵੀ ਵਧ ਗਈ ਹੈ। ਫਲਾਂ ਦੀ ਤਾਂ ਗੱਲ ਹੀ ਛੱਡ ਦਿਓ, ਕਿਸੇ ਵੀ ਫਲ ਤੇ ਹੱਥ ਨਹੀਂ ਟਿੱਕਦਾ। ਘਰੇਲੂ ਰਸੋਈ ਵਿੱਚ ਵਰਤੇ ਜਾਣ ਵਾਲੇ ਰਿਫਾਇੰਡ, ਸਰ੍ਹੋਂ ਦੇ ਤੇਲ ਦੀ ਕੀਮਤ ਵੀ ਵਧ ਗਈ ਹੈ। ਉਧਰ ਦੇਸ਼ ਦੇ ਪ੍ਰਧਾਨ ਮੰਤਰੀ ਵੱਲੋਂ ਕੁਝ ਹੀ ਦਿਨ ਪਹਿਲਾਂ ਖਾਣਾ ਬਣਾਉਣ ਵਾਲੇ ਤੇਲ ਤੋਂ ਇਲਾਵਾ ਪਾਮੋਲੀਨ ਤੇਲ ਦੀ ਖਪਤ ਘਟਾਉਣ ਦੀ ਅਪੀਲ ਵੀ ਕੀਤੀ ਸੀ। ਹੁਣ ਜਿਸ ਦੇ ਪਰਵਾਰ ਵਿੱਚ ਖਾਣ ਵਾਲੇ ਪੰਜ ਬੰਦੇ ਹਨ ਤੇ ਕਮਾਉਣ ਵਾਲਾ ਇੱਕ ਹੈ, ਉਹ ਆਪਣੇ ਪਰਵਾਰ ਦਾ ਕਿਸ ਤਰਾਂ ਗੁਜ਼ਾਰਾ ਕਰੇਗਾ। ਤਨਖਾਹਾਂ ਤਾਂ ਉਥੇ ਹੀ ਖੜੀਆਂ ਹਨ, ਪਰ ਮਹਿੰਗਾਈ ਵਧ ਰਹੀ ਹੈ। ਦਵਾਈਆਂ ਦੀ ਕੀਮਤ ਵੀ ਵਧੀ ਹੈ। ਸੋਚ ਕੇ ਚੱਲਣ ਦਾ ਵੇਲਾ ਹੈ ।ਵੈਸੇ ਵੀ ਕੋਰੋਨਾ ਤੋਂ ਬਾਅਦ ਲੋਕਾਂ ਦੀ ਸਥਿਤੀ ਵਿੱਚ ਕੋਈ ਚੰਗੀ ਤਰ੍ਹਾਂ ਸੁਧਾਰ ਨਹੀਂ ਹੋਇਆ। ਅੱਜ ਲੋਕ ਉਹੀ ਚੀਜ਼ ਖਰੀਦਦੇ ਹਨ, ਜਿਸ ਦੀ ਜ਼ਰੂਰਤ ਹੋਵੇ। ਮਹਿੰਗਾਈ ਨੂੰ ਕੰਟਰੋਲ ਕਰਨ ਲਈ ਕੇਂਦਰ ਤੇ ਸੂਬਾ ਸਰਕਾਰਾਂ ਨੂੰ ਠੋਸ ਨੀਤੀ ਉਲੀਕਣੀ ਚਾਹੀਦੀ ਹੈ, ਤਾਂ ਜੋ ਲੋਕਾਂ ਦੇ ਮਹਿੰਗਾਈ ਦਾ ਜ਼ਿਆਦਾ ਅਸਰ ਨਾ ਦਿਖੇ। ਰੋਟੀ, ਕੱਪੜਾ ਤੇ ਮਕਾਨ ਲੋਕਾਂ ਦੀਆਂ ਬੁਨਿਆਦੀ ਲੋੜਾਂ ਹਨ।

**-ਸੰਜੀਵ ਸਿੰਘ ਸੈਣੀ, ਮੋਹਾਲੀ**

# ਸਿਆਸਤ 'ਚ ਜਵਾਬਦੇਹੀ, ਨੈਤਿਕਤਾ ਅਤੇ ਆਦਰਸ਼ਾਂ ਦਾ ਘਾਣ



ਗੁਰਮੀਤ ਸਿੰਘ ਪਲਾਹੀ

ਅਸਲ ਵਿੱਚ ਨੈਤਿਕਤਾ ਅਤੇ ਆਦਰਸ਼ ਇਹੋ ਜਿਹੇ ਸ਼ਬਦ ਹਨ, ਜਿਨ੍ਹਾਂ ਨੂੰ ਨਿਭਾਉਣ ਲਈ ਜਵਾਬਦੇਹੀ ਦਾ ਡਰ ਹੋਣਾ ਬੇਹੱਦ ਜ਼ਰੂਰੀ ਹੈ, ਪਰ ਭਾਰਤੀ ਸਿਆਸਤਦਾਨਾਂ ਨੇ ਇਸ ਨੂੰ ਬਿਲਕੁਲ ਭੁਲਾ ਦਿੱਤਾ ਹੈ। ਕੀ ਅੱਜ ਜਵਾਬਦੇਹੀ, ਨੈਤਿਕਤਾ ਅਤੇ ਆਦਰਸ਼ਾਂ ਦੀ ਗੱਲ ਕਰਨ ਦਾ ਸਮਾਂ ਨਹੀਂ ਆ ਗਿਆ? ਇਨ੍ਹਾਂ ਤਿੰਨਾਂ ਕਦਰਾਂ-ਕੀਮਤਾਂ ਦਾ ਭੰਡਾਰ ਤਾਂ ਸੱਤਾ ਪੱਖ ਵੱਲੋਂ ਖ਼ਤਮ ਹੋਇਆ ਪ੍ਰਤੀਤ ਹੁੰਦਾ ਹੈ।

ਜੇਕਰ ਅਸੀਂ ਸਹੀ ਹੋਣ ਦੇ ਬਹੁਮਤ ਵਾਲੀ ਦਲੀਲ ਨੂੰ ਮੰਨ ਵੀ ਲਈਏ, ਤਾਂ ਵੀ 'ਨੀਟ' ਦੇ ਇਮਤਿਹਾਨ ਵਿੱਚ ਜੋ ਧੋਖਾਧੜੀ ਹੋਈ ਹੈ, ਉਸ ਉੱਤੇ ਆਪਣੀ ਜ਼ਿੰਮੇਵਾਰੀ ਤੋਂ ਚੁੱਪ ਵੱਟ ਕੇ ਹਾਕਮ ਧਿਰ ਨੇ ਮਾਮਲਾ ਰਫ਼ਾ-ਦਫ਼ਾ ਕਰਨ ਦੀ ਕੋਸ਼ਿਸ਼ ਕੀਤੀ ਹੈ। ਜਦ ਸਰਕਾਰ ਹਰ ਪਾਸੇ ਬਚਤ ਦੀ ਗੱਲ ਕਰਦੀ ਹੈ ਅਤੇ ਦੂਜੇ ਮੁਲਕਾਂ ਵਿੱਚ ਨੇਤਾਵਾਂ ਤੋਂ ਲੈ ਕੇ ਜੱਜਾਂ ਤੱਕ ਦੇ ਸਾਈਕਲ 'ਤੇ ਦਫ਼ਤਰ ਜਾਣ ਦੀਆਂ ਮਿਸਾਲਾਂ ਸੁਣੀਆਂ ਜਾਂਦੀਆਂ ਹਨ, ਉੱਥੇ ਸਾਡੇ ਦੇਸ਼ ਵਿੱਚ ਨੀਟ ਇਮਤਿਹਾਨ ਦੁਬਾਰਾ ਲਿਆ ਜਾ ਰਿਹਾ ਹੈ । ਇਸ ਦੁਬਾਰਾ ਹੋਣ ਵਾਲੇ ਇਮਤਿਹਾਨ ਵਿੱਚ ਲੱਗਣ ਵਾਲੇ ਅਰਬਾਂ-ਖਰਬਾਂ ਰੁਪਈਆਂ ਦਾ ਬੋਝ ਦੇਸ਼ ਦੀ ਆਮ ਜਨਤਾ ਦੀ ਜੇਬ 'ਤੇ ਪਵੇਗਾ । ਇਹ ਸਿਰੇ ਦੀ ਉਸ ਮਹਿਕਮੇ ਦੀ ਨਾਕਾਮੀ ਨਹੀਂ, ਜਿਹੜਾ ਇਹ ਇਮਤਿਹਾਨ ਆਯੋਜਿਤ ਕਰਦਾ ਹੈ, ਪਰ ਉਸ ਵਿਭਾਗ ਦੇ ਮੰਤਰੀ ਦੇ ਮੂੰਹੋਂ ਅਸਤੀਫ਼ੇ ਦੀ ਗੱਲ ਨਿਕਲਣੀ ਤਾਂ ਦੂਰ, ਜ਼ਿੰਮੇਵਾਰੀ ਕਬੂਲਣ ਤੱਕ ਦੀ ਕਾਰਵਾਈ ਵੀ ਦੇਖਣ ਨੂੰ ਨਹੀਂ ਮਿਲੀ। ਕੀ ਇਹ ਗ਼ੈਰ-ਜ਼ੁੰਮੇਵਾਰੀ ਦੀ ਹੱਦ ਨਹੀਂ?

ਇਸ ਸਮੁੱਚੇ ਘਟਨਾਕ੍ਰਮ 'ਤੇ ਗੱਲ ਕਰਦਿਆਂ ਕੇਂਦਰੀ ਰੱਖਿਆ ਮੰਤਰੀ ਰਾਜਨਾਥ ਸਿੰਘ ਦੇ ਉਹ ਬੋਲ ਯਾਦ ਆਉਂਦੇ ਹਨ, ਜਿਨ੍ਹਾ ਕੁਝ ਸਮਾਂ ਪਹਿਲਾਂ ਆਖਿਆ ਸੀ- ਸਾਡੀ ਸਰਕਾਰ ਵਿੱਚ ਅਸਤੀਫ਼ੇ ਨਹੀਂ ਹੁੰਦੇ, ਇਹ ਯੂ ਪੀ ਏ ਵਿੱਚ ਹੁੰਦਾ ਸੀ । ਇਨ੍ਹਾਂ ਸ਼ਬਦਾਂ ਦਾ ਸਿੱਧਾ ਤੇ ਸਪੱਸ਼ਟ ਅਰਥ ਕੀ ਹੈ? ਕੀ ਇਹੋ ਕਿ ਸਾਡੀ ਸਰਕਾਰ ਵਿੱਚ ਕੋਈ ਜਵਾਬਦੇਹੀ, ਕੋਈ ਨੈਤਿਕਤਾ ਨਹੀਂ ਅਤੇ ਇਹ ਸਭ ਕਦਰਾਂ-ਕੀਮਤਾਂ ਸਿਰਫ਼ ਯੂ ਪੀ ਏ ਸਰਕਾਰ ਦੇ ਹਿੱਸੇ ਹੀ ਆਈਆਂ ਸਨ? ਜਦਕਿ ਰਾਜਗ ਸਰਕਾਰ ਇਨ੍ਹਾਂ ਸਾਰੀਆਂ ਚੀਜ਼ਾਂ ਤੋਂ ਉੱਤੇ ਅਤੇ ਮੁਕਤ ਹੈ। ਕੀ ਅਸਲ ਵਿੱਚ ਇਹ ਸ਼ਬਦ ਮੌਜੂਦਾ ਸਰਕਾਰ ਦੇ ਕੰਮਕਾਜ ਵਿੱਚ ਪੱਥਰ 'ਤੇ ਲਕੀਰ ਵਾਂਗ ਸੱਚ ਸਾਬਤ ਹੁੰਦੇ ਨਹੀਂ ਦਿਖਾਈ ਦੇ ਰਹੇ? ਸਰਕਾਰ ਦੇ ਮੰਤਰੀ ਭਾਵੇਂ ਕਿੱਡੀ ਵੀ ਵੱਡੀ ਨਾਕਾਮੀ ਦੀ ਸਿਖ਼ਰ 'ਤੇ ਪਹੁੰਚ ਜਾਣ, ਨਾ ਤਾਂ ਉਨ੍ਹਾਂ ਤੋਂ ਕੋਈ ਸਵਾਲ ਪੁੱਛਿਆ ਜਾਵੇਗਾ ਅਤੇ ਨਾ ਹੀ ਉਹ ਕਿਸੇ ਨੂੰ ਜਵਾਬ ਦੇਣ ਦੇ ਪਾਬੰਦ ਹੋਣਗੇ। ਕੀ ਇਹ ਠੀਕ ਹੈ?

ਜ਼ਮੀਨੀ ਸੱਚਾਈ ਤਾਂ ਇਹ ਹੈ ਕਿ ਜਿਹੜਾ ਮੰਤਰੀ ਆਪਣੇ ਵਿਭਾਗ ਦੇ ਕੰਮਕਾਰ ਤੋਂ ਜਿੰਨਾ ਦੂਰ ਅਤੇ ਨਿਰਲੇਪ ਰਹਿੰਦਾ ਹੈ, ਓਨਾ ਹੀ ਉਸ ਦਾ ਸਿਆਸੀ ਭਵਿੱਖ ਵਧੇਰੇ ਸੁਰੱਖਿਅਤ ਰਹਿੰਦਾ ਹੈ। ਇਸ ਦਾ ਕਾਰਨ ਇਹ ਹੈ ਕਿ ਵਿਭਾਗ ਚਲਾਉਣ ਦੀ ਅਸਲ ਜ਼ਿੰਮੇਵਾਰੀ ਸਿੱਧੀ 'ਪ੍ਰਧਾਨ ਮੰਤਰੀ ਦਫ਼ਤਰ' (ਪੀ ਐੱਮ ਓ) ਦੀ ਹੈ, ਜੋ ਕਿਸੇ ਵੀ ਮੰਤਰੀ ਦੀ ਆਪਣੇ ਹੀ ਵਿਭਾਗ ਵਿੱਚ ਬਹੁਤੀ ਦਖ਼ਲਅੰਦਾਜ਼ੀ ਬਰਦਾਸ਼ਤ ਨਹੀਂ ਕਰਦਾ। ਉਂਝ ਵੀ, ਜਦੋਂ ਦੇਸ਼ ਹਰ ਵੇਲੇ 'ਚੋਣ ਮੋਡ' ਵਿੱਚ ਰਹਿੰਦਾ ਹੈ, ਤਾਂ ਵਿਭਾਗਾਂ ਦੇ ਮੰਤਰੀਆਂ ਨੂੰ ਚੋਣਾਂ ਜਿੱਤਣ ਲਈ ਇੱਕ ਫ਼ੌਜੀ ਅਫ਼ਸਰ ਵਾਂਗ ਉਨ੍ਹਾਂ ਸੂਬਿਆਂ ਵਿੱਚ ਤੈਨਾਤ ਕਰ ਦਿੱਤਾ ਜਾਂਦਾ ਹੈ, ਜਿੱਥੇ ਚੋਣਾਂ ਦਾ ਐਲਾਨ ਹੁੰਦਾ ਹੈ।

ਜੇਕਰ ਅਸੀਂ ਇਤਿਹਾਸ ਦੇ ਪੰਨੇ ਫਰੋਲੀਏ, ਤਾਂ ਸਾਲ 2024 ਵਿੱਚ 'ਰਾਸ਼ਟਰੀ ਪ੍ਰੀਖਿਆ ਏਜੰਸੀ' (ਯੂ ਜੀ) ਨੇ 5 ਮਈ ਨੂੰ ਨੀਟ ਪ੍ਰੀਖਿਆ ਕਰਵਾਈ ਸੀ। ਪ੍ਰੀਖਿਆ ਖ਼ਤਮ ਹੋਣ ਦੇ ਕੁਝ ਘੰਟਿਆਂ ਅੰਦਰ ਹੀ ਪੇਪਰ ਲੀਕ ਹੋਣ ਦੀਆਂ ਖ਼ਬਰਾਂ ਸੋਸ਼ਲ ਮੀਡੀਆ 'ਤੇ ਜੰਗਲ ਦੀ ਅੱਗ ਵਾਂਗ ਫੈਲ ਗਈਆਂ। ਖ਼ੁਲਾਸਾ ਹੋਇਆ ਕਿ ਇੱਕ-ਇੱਕ ਪੇਪਰ 30 ਤੋਂ 50 ਲੱਖ ਰੁਪਏ ਵਿੱਚ ਵੇਚਿਆ ਗਿਆ। ਨਤੀਜਾ ਇਹ ਨਿਕਲਿਆ ਕਿ ਵਿਦਿਆਰਥੀਆਂ ਨੇ ਅਸਾਧਾਰਨ ਤੌਰ 'ਤੇ 720 ਵਿੱਚੋਂ 720 ਪੂਰੇ ਅੰਕ ਪ੍ਰਾਪਤ ਕਰ ਲਏ। ਜਦੋਂ ਵਿਵਾਦ ਵਧਿਆ, ਤਾਂ ਸ਼ੱਕੀ ਵਿਦਿਆਰਥੀਆਂ ਦੀ ਮੁੜ-ਪ੍ਰੀਖਿਆ ਕਰਵਾਈ ਗਈ, ਜਿੱਥੇ ਕਈਆਂ ਦੇ ਅੰਕ 718 ਜਾਂ 719 ਆਏ, ਜੋ ਕਿ ਨੀਟ ਦੀ ਮਾਰਕਿੰਗ ਸਕੀਮ ਮੁਤਾਬਕ ਪੂਰੀ ਤਰ੍ਹਾਂ ਗ਼ੈਰ-ਵਿਹਾਰਕ ਅਤੇ ਅਸੰਭਵ ਸਨ। ਇਸ ਤੋਂ ਬਾਅਦ ਇਹ ਇਮਤਿਹਾਨ ਸਿਆਸੀ ਦੰਗਲ ਦਾ ਮੈਦਾਨ ਬਣ ਗਿਆ। ਮਾਮਲਾ ਸੁਪਰੀਮ ਕੋਰਟ ਪਹੁੰਚਿਆ, ਪਰ ਉਸ ਸਮੇਂ ਕੋਰਟ ਨੇ ਪੇਪਰ ਲੀਕ ਨੂੰ 'ਖੇਤਰੀ' ਮੰਨਦਿਆਂ ਪੂਰੇ ਦੇਸ਼ ਵਿੱਚ ਮੁੜ ਪ੍ਰੀਖਿਆ ਕਰਵਾਉਣ ਤੋਂ ਇਨਕਾਰ ਕਰ ਦਿੱਤਾ।

ਪਰ ਅਫ਼ਸੋਸ! ਦੋ ਸਾਲਾਂ ਬਾਅਦ, ਜਦੋਂ ਨੀਟ ਪ੍ਰੀਖਿਆ ਦੇ ਪੇਪਰ ਲੀਕ ਹੋਣ ਦੀ ਖ਼ਬਰ ਆਉਂਦੀ ਹੈ, ਤਾਂ ਪਤਾ ਲੱਗਦਾ ਹੈ ਕਿ ਇੱਕ ਆਮ ਅਧਿਆਪਕ ਪੁਲਸ ਤੱਕ ਪਹੁੰਚਦਾ ਹੈ, ਪਰ ਕਿਸੇ ਨੇ ਵੀ ਉਸ ਦੀ ਆਵਾਜ਼ ਨੂੰ ਗੰਭੀਰਤਾ ਨਾਲ ਨਹੀਂ ਲਿਆ। ਜਦੋਂ ਦੇਸ਼ ਭਰ ਵਿੱਚ ਹੰਗਾਮਾ ਮਚਿਆ, ਤਾਂ ਪ੍ਰੀਖਿਆ ਦੁਬਾਰਾ ਕਰਵਾਉਣ ਦਾ ਐਲਾਨ ਕਰ ਦਿੱਤਾ ਗਿਆ। ਇਹ ਕਿੰਨੀ ਨਾਮੋਸ਼ੀ ਅਤੇ ਸਿਤਮ ਦੀ ਗੱਲ ਹੈ ਕਿ ਜੋ ਲੀਕ ਦੋ ਸਾਲ ਪਹਿਲਾਂ 'ਖੇਤਰੀ' ਸੀ, ਉਹ ਅੱਜ ਪੂਰੇ ਰਾਸ਼ਟਰ ਵਿੱਚ ਕੋਹੜ ਵਾਂਗ ਫੈਲ ਚੁੱਕੀ ਹੈ, ਪਰ ਕਿਸੇ ਵੀ ਮੰਤਰੀ ਜਾਂ ਉੱਚ ਹਾਕਮ ਨੇ ਅਸਤੀਫ਼ਾ ਦੇਣਾ ਜਾਂ ਜ਼ਿੰਮੇਵਾਰੀ ਲੈਣਾ ਮੁਨਾਸਿਬ ਨਹੀਂ ਸਮਝਿਆ। ਕੀ ਇਹ ਨੈਤਿਕਤਾ ਹੈ?

ਦੇਸ਼ ਦੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ 2024 ਵਿੱਚ ਬਿਆਨ ਦਿੱਤਾ ਸੀ ਕਿ 'ਪੇਪਰ ਲੀਕ ਦਾ ਕੋਈ ਸਬੂਤ ਨਹੀਂ ਮਿਲਿਆ' ਅਤੇ ਇਸ ਨੂੰ ਵਿਰੋਧੀ ਧਿਰ ਦੀ ਸਾਜ਼ਿਸ਼ ਕਰਾਰ ਦਿੰਦਿਆਂ ਕਿਹਾ ਸੀ ਕਿ ਵਿਦਿਆਰਥੀਆਂ ਨੂੰ ਭੜਕਾਇਆ ਜਾ ਰਿਹਾ ਹੈ, ਪਰ ਫਿਰ ਬਿਨਾਂ ਸਮਾਂ ਗੁਆਏ ਉਨ੍ਹਾਂ ਕੁਝ ਵਿਦਿਆਰਥੀਆਂ ਲਈ ਦੁਬਾਰਾ ਪ੍ਰੀਖਿਆ ਦਾ ਐਲਾਨ ਵੀ ਕਰ ਦਿੱਤਾ ਅਤੇ ਆਖਿਆ ਕਿ ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਸਵਾਲ ਪੈਦਾ ਹੁੰਦਾ ਹੈ ਕਿ ਜੇਕਰ ਕੋਈ ਸਬੂਤ ਨਹੀਂ ਸੀ, ਤਾਂ ਪ੍ਰੀਖਿਆ ਦੁਬਾਰਾ ਕਿਉਂ ਹੋਈ? ਅਤੇ ਜੇ ਦੋਸ਼ੀ ਸਨ, ਤਾਂ ਉਨ੍ਹਾਂ ਨੂੰ ਉਦੋਂ ਕਿਉਂ ਬਖ਼ਸ਼ ਦਿੱਤਾ ਗਿਆ? ਕੀ ਗਾਰੰਟੀ ਹੈ ਕਿ ਇਸ ਦੌਰਾਨ ਪੇਪਰ ਲੀਕ ਦਾ ਇਹ ਗੋਰਖਧੰਦਾ ਬੰਦ ਰਿਹਾ ਹੋਵੇਗਾ?

ਏਨੇ ਵੱਡੇ ਮਸਲੇ 'ਤੇ ਹਾਕਮਾਂ ਦੀ ਇਹ ਗੂੜ੍ਹੀ ਚੁੱਪੀ ਬੇਹੱਦ ਰੜਕਦੀ ਹੈ। ਅੱਜ ਹਰ ਆਮ ਆਦਮੀ ਇੰਟਰਨੈੱਟ ਰਾਹੀਂ ਸੱਤਾ ਅਤੇ 'ਰਾਸ਼ਟਰੀ ਪ੍ਰੀਖਿਆ ਏਜੰਸੀ' (ਐੱਨ ਟੀ ਏ) ਦੇ ਵਜੂਦ 'ਤੇ ਸਵਾਲ ਚੁੱਕ ਰਿਹਾ ਹੈ। ਇਹ ਗੰਭੀਰ ਦੋਸ਼ ਲਾਏ ਜਾ ਰਹੇ ਹਨ ਕਿ ਇਸ ਪੂਰੇ ਖੇਡ ਵਿੱਚ ਵੱਡੇ-ਵੱਡੇ ਕੋਚਿੰਗ ਇੰਸਟੀਚਿਊਟਾਂ ਅਤੇ ਮਾਫ਼ੀਆ ਦਾ ਹੱਥ ਹੈ। ਕਿਸੇ ਵੀ ਦੇਸ਼ ਦੀ ਹਕੂਮਤ ਲਈ ਇਸ ਤੋਂ ਵੱਡੀ ਨਾਕਾਮੀ ਹੋਰ ਕੀ ਹੋ ਸਕਦੀ ਹੈ ਕਿ ਉਹ ਆਪਣੇ ਮੁਲਕ ਦੀਆਂ ਰਾਸ਼ਟਰੀ ਸੰਸਥਾਵਾਂ ਦੀ ਪਵਿੱਤਰਤਾ ਅਤੇ ਲੱਖਾਂ ਬੱਚਿਆਂ ਦੇ ਭਵਿੱਖ ਦੀ ਰੱਖਿਆ ਕਰਨ ਵਿੱਚ ਪੂਰੀ ਤਰ੍ਹਾਂ ਅਸਫ਼ਲ ਸਾਬਤ ਹੋਈ ਹੈ।

ਕਿਸੇ ਵੀ ਦੇਸ਼ ਦੀ ਸਾਖ ਅਤੇ ਮਜ਼ਬੂਤੀ ਲਈ ਉਸ ਦੀਆਂ ਰਾਸ਼ਟਰੀ ਸੰਸਥਾਵਾਂ ਦਾ ਨਿਰਪੱਖ ਹੋਣਾ ਬੇਹੱਦ ਜ਼ਰੂਰੀ ਹੈ, ਪਰ ਅਫ਼ਸੋਸ ਕਿ 2024 ਤੋਂ ਪ੍ਰੀਖਿਆ ਦੀ ਪਵਿੱਤਰਤਾ ਲਗਾਤਾਰ ਭੰਗ ਹੋਣ ਤੋਂ ਬਾਅਦ ਵੀ ਇਸ ਪ੍ਰਣਾਲੀ ਨਾਲ ਜੁੜੇ ਮੁੱਖ ਜ਼ਿੰਮੇਵਾਰਾਂ ਨੂੰ ਹਮੇਸ਼ਾਂ 'ਪਵਿੱਤਰ' (ਪਾਕ-ਸਾਫ਼) ਹੀ ਮੰਨਿਆ ਗਿਆ । ਕਿਸੇ ਵੀ ਵੱਡੇ ਅਹੁਦੇਦਾਰ 'ਤੇ ਕੋਈ ਸਖ਼ਤ ਕਾਰਵਾਈ ਨਹੀਂ ਹੋਈ। ਇਸੇ ਨਾਕਾਮੀ ਦਾ ਨਤੀਜਾ ਹੈ ਕਿ ਅੱਜ ਲੱਖਾਂ ਹੋਣਹਾਰ ਵਿਦਿਆਰਥੀ ਰੋਂਦੇ ਹੋਏ ਇਹ ਸਵਾਲ ਕਰ ਰਹੇ ਹਨ ਕਿ ਆਖ਼ਰ ਉਨ੍ਹਾਂ ਦਾ ਕਸੂਰ ਕੀ ਹੈ? ਸ਼ਾਇਦ ਉਨ੍ਹਾਂ ਦਾ ਕਸੂਰ ਸਿਰਫ਼ ਇਹੀ ਹੈ ਕਿ ਉਨ੍ਹਾਂ ਵਿੱਚੋਂ ਕਿਸੇ ਇੱਕ ਨੇ ਏਨੇ ਵੱਡੇ ਭ੍ਰਿਸ਼ਟਾਚਾਰ ਨੂੰ ਹਿੰਮਤ ਕਰਕੇ ਲੋਕਾਂ ਸਾਹਮਣੇ ਲਿਆਂਦਾ । ਇਹੋ ਜਿਹੇ ਹਾਲਾਤ ਨੂੰ ਦੇਖ ਕੇ ਡਰ ਲੱਗਦਾ ਹੈ ਕਿ ਸਾਨੂੰ ਹਾਲੇ ਓਨੇ ਕੁ ਹੀ ਭ੍ਰਿਸ਼ਟਾਚਾਰ ਦਾ ਪਤਾ ਹੈ, ਜਿੰਨਾ ਕੁ ਸਾਹਮਣੇ ਆਇਆ ਹੈ, ਨਾ ਜਾਣੇ ਪਰਦੇ ਪਿੱਛੇ ਅਸਲੀ ਹਾਲਾਤ ਕਿੰਨੇ ਡਰਾਉਣੇ ਹੋਣਗੇ। ਸਿਤਮ ਦੇਖੋ ਦੇਸ਼ ਦੇ 551 ਸ਼ਹਿਰਾਂ ਅਤੇ ਵਿਦੇਸ਼ਾਂ ਦੇ 14 ਕੇਂਦਰਾਂ ਵਿੱਚ ਹੋਈ ਇਸ ਪ੍ਰਵੇਸ਼ ਪ੍ਰੀਖਿਆ ਬਾਰੇ ਇਹ ਦੋਸ਼ ਸਹੀ ਸਾਬਤ ਹੋ ਚੁੱਕਾ ਹੈ ਕਿ ਜੋ ਪ੍ਰਸ਼ਨ-ਪੱਤਰ ਲੀਕ ਹੋਏ, ਹੂਬਹੂ ਉਹੀ ਪ੍ਰੀਖਿਆ ਵਿੱਚ ਪਾਏ ਗਏ।

ਨੈਤਿਕਤਾ, ਆਦਰਸ਼ ਅਤੇ ਜਵਾਬਦੇਹੀ ਦੀ ਬਾਤ ਇਕੱਲੀ 'ਨੀਟ' ਦੀ ਪ੍ਰੀਖਿਆ ਤੱਕ ਹੀ ਸੀਮਤ ਨਹੀਂ। ਇਹ ਨੈਤਿਕਤਾ ਅਤੇ ਜਵਾਬਦੇਹੀ ਦਾ ਸਵਾਲ ਸਿੱਧਾ ਦੇਸ਼ ਦੇ ਸਭ ਤੋਂ ਵੱਡੇ ਹਾਕਮ ਦੇ ਕਿਰਦਾਰ ਤੱਕ ਪੁੱਜਦਾ ਹੈ। ਉਹ ਹਾਕਮ, ਜਿਹੜਾ ਆਮ ਲੋਕਾਂ ਨੂੰ ਵਿਦੇਸ਼ ਯਾਤਰਾਵਾਂ ਨਾ ਕਰਨ ਦੀ ਸਲਾਹ ਦਿੰਦਾ ਹੈ ਅਤੇ ਪੈਟਰੋਲ ਦੀ ਬਚਤ ਕਰਨ ਦੇ ਉਪਦੇਸ਼ ਦਿੰਦਾ ਹੈ, ਉਹ ਖ਼ੁਦ ਪੰਜ-ਪੰਜ ਦੇਸ਼ਾਂ ਦੀਆਂ ਯਾਤਰਾਵਾਂ 'ਤੇ ਨਿਕਲ ਜਾਂਦਾ ਹੈ। ਸਰਕਾਰੀ ਖ਼ਰਚਿਆਂ ਦੀ ਹੱਦ ਵੇਖੋ ਕਿ ਕਿਸੇ ਪ੍ਰੋਜੈਕਟ ਦਾ ਉਦਘਾਟਨ ਕਰਨ ਜਾਂ ਸਹੁੰ ਚੁੱਕ ਸਮਾਗਮਾਂ ਲਈ ਲਗਭਗ ਹਰ ਦੂਜੇ ਦਿਨ ਦੇਸ਼ ਦੇ ਕਿਸੇ ਨਾ ਕਿਸੇ ਕੋਨੇ ਲਈ ਹਵਾਈ ਉਡਾਨਾਂ ਭਰੀਆਂ ਜਾਂਦੀਆਂ ਹਨ।

ਨੈਤਿਕ ਕਦਰਾਂ-ਕੀਮਤਾਂ ਨੂੰ ਲਤਾੜਨ ਦੀ ਹੱਦ ਤਾਂ ਉਦੋਂ ਹੁੰਦੀ ਹੈ, ਜਦੋਂ ਪ੍ਰਧਾਨ ਮੰਤਰੀ ਦੇਸ਼ ਦੇ ਗ਼ਰੀਬ ਕਿਸਾਨਾਂ ਨੂੰ ਵਿਦੇਸ਼ਾਂ ਤੋਂ ਆਉਣ ਵਾਲੀ ਕੀਮਤੀ ਖਾਦ ਦੀ ਵਰਤੋਂ ਛੱਡ ਕੇ, ਪੁਰਾਣੇ ਤਰੀਕਿਆਂ ਨਾਲ ਖੇਤੀ ਕਰਨ ਦਾ ਮਸ਼ਵਰਾ ਦਿੰਦੇ ਹਨ। ਸ਼ਾਇਦ ਪ੍ਰਧਾਨ ਮੰਤਰੀ ਉਹ ਦੌਰ ਭੁੱਲ ਗਏ ਹਨ ਜਦੋਂ ਦੇਸ਼ ਵਿੱਚ ਅਨਾਜ ਦੀ ਭਾਰੀ ਕਮੀ ਸੀ ਅਤੇ ਸਾਨੂੰ ਪੇਟ ਭਰਨ ਲਈ ਸਮੁੰਦਰ ਦੇ ਰਸਤੇ ਵਿਦੇਸ਼ਾਂ (ਖ਼ਾਸ ਕਰਕੇ ਅਮਰੀਕਾ) ਤੋਂ ਕਣਕ ਤੇ ਚੌਲ ਮੰਗਵਾਉਣੇ ਪੈਂਦੇ ਸਨ । ਕੀ ਪ੍ਰਧਾਨ ਮੰਤਰੀ ਦੇਸ਼ ਨੂੰ ਮੁੜ ਉਸੇ ਪਰਨਿਰਭਰਤਾ ਅਤੇ ਸੰਕਟ ਦੇ ਦੌਰ ਵਿੱਚ ਲੈ ਕੇ ਜਾਣ ਦੇ ਚਾਹਵਾਨ ਹਨ?

ਪ੍ਰਧਾਨ ਮੰਤਰੀ ਲੋਕਾਂ ਨੂੰ ਤਾਂ ਵੱਡੇ-ਵੱਡੇ ਉਪਦੇਸ਼ ਦਿੰਦੇ ਹਨ, ਪਰ ਕੀ ਉਹ ਖ਼ੁਦ ਇਸ ਸੰਕਟ ਦੀ ਘੜੀ ਵਿੱਚ ਨੈਤਿਕ ਹੌਸਲਾ ਦਿਖਾਉਂਦੇ ਹੋਏ ਆਪਣੇ ਮੰਤਰੀਆਂ-ਸੰਤਰੀਆਂ ਨੂੰ ਵੀ ਵੀ ਆਈ ਪੀ ਕਲਚਰ ਛੱਡ ਕੇ ਆਮ ਲੋਕਾਂ ਵਾਂਗ ਰਹਿਣ ਦੀ ਪ੍ਰੇਰਨਾ ਨਹੀਂ ਦੇ ਸਕਦੇ? ਕੀ ਉਹ ਨੇਤਾਵਾਂ ਨੂੰ ਲਗਜ਼ਰੀ ਕੋਠੀਆਂ ਅਤੇ ਵੱਡੀਆਂ ਗੱਡੀਆਂ ਦੇ ਕਾਫ਼ਲਿਆਂ ਦੀ ਆਦਤ ਛੱਡਣ ਲਈ ਨਹੀਂ ਕਹਿ ਸਕਦੇ? ਯਾਦ ਰੱਖਣਾ ਚਾਹੀਦਾ ਹੈ ਕਿ ਪੱਛਮੀ ਅਤੇ ਵਿਕਸਤ ਦੇਸ਼ਾਂ ਵਿੱਚ ਪ੍ਰਧਾਨ ਮੰਤਰੀ ਅਜਿਹੇ ਸ਼ਾਹੀ ਕਾਫ਼ਲਿਆਂ ਦੀ ਵਰਤੋਂ ਨਹੀਂ ਕਰਦੇ। ਉੱਥੋਂ ਦੇ ਸਿਆਸਤਦਾਨ ਅਕਸਰ ਮੈਟਰੋ ਵਿੱਚ ਸਫ਼ਰ ਕਰਦੇ ਹਨ, ਆਪਣਾ ਬਾਲਣ, ਗੈਸ ਅਤੇ ਬਿਜਲੀ ਖ਼ੁਦ ਬਚਾਉਂਦੇ ਹਨ ਅਤੇ ਜਨਤਾ ਦੇ ਪੈਸੇ ਦੀ ਜਵਾਬਦੇਹੀ ਤੈਅ ਕਰਦੇ ਹਨ।

ਜਦੋਂ ਤੱਕ ਦੇਸ਼ ਦੇ ਹਾਕਮ ਆਪਣੀ ਕਥਨੀ ਅਤੇ ਕਰਨੀ ਦੇ ਇਸ ਪਾੜੇ ਨੂੰ ਖ਼ਤਮ ਨਹੀਂ ਕਰਦੇ, ਉਦੋਂ ਤੱਕ ਪ੍ਰਸ਼ਾਸਨਿਕ ਸੁਧਾਰਾਂ ਦੀ ਗੱਲ ਕਰਨਾ ਬੇਮਾਅਨਾ ਹੈ। ਜੇਕਰ ਦੇਸ਼ ਦੇ ਲੱਖਾਂ ਨੌਜਵਾਨਾਂ ਦਾ ਭਵਿੱਖ ਪੇਪਰ ਲੀਕ ਮਾਫ਼ੀਆ ਦੇ ਹੱਥਾਂ ਵਿੱਚ ਸੁਰੱਖਿਅਤ ਨਹੀਂ ਅਤੇ ਸਰਕਾਰ ਜ਼ਿੰਮੇਵਾਰੀ ਲੈਣ ਦੀ ਬਜਾਏ ਚੁੱਪੀ ਧਾਰੀ ਬੈਠੀ ਹੈ, ਤਾਂ 'ਆਦਰਸ਼' ਅਤੇ 'ਨੈਤਿਕਤਾ' ਸਿਰਫ਼ ਭਾਸ਼ਣਾਂ ਦੇ ਸ਼ਬਦ ਬਣ ਕੇ ਰਹਿ ਜਾਣਗੇ। ਜਵਾਬਦੇਹੀ ਦਾ ਡਰ ਸਿਰਫ਼ ਕਾਨੂੰਨ ਨਾਲ ਨਹੀਂ, ਬਲਕਿ ਸੱਤਾ ਦੇ ਸਿਖ਼ਰ 'ਤੇ ਬੈਠੇ ਲੋਕਾਂ ਦੇ ਆਪਣੇ ਆਚਰਣ ਤੋਂ ਸ਼ੁਰੂ ਹੋਣਾ ਚਾਹੀਦਾ ਹੈ । ਜੇਕਰ ਅੱਜ ਵੀ ਅਸੀਂ ਸਵਾਲ ਨਾ ਪੁੱਛੇ, ਤਾਂ ਇਹ ਸਿਸਟਮ ਆਉਣ ਵਾਲੀਆਂ ਕਈ ਪੀੜ੍ਹੀਆਂ ਦਾ ਭਵਿੱਖ ਇੰਝ ਹੀ ਦਾਅ 'ਤੇ ਲਾਉਂਦਾ ਰਹੇਗਾ ।

**# ਸੰਪਰਕ : 98158-02070**

# ਅਮਰੀਕਾ-ਚੀਨ ਸੰਬੰਧ : ਟਕਰਾਅ ਤੋਂ ਸਹਿਯੋਗ ਵੱਲ



ਮੁਹੰਮਦ ਅੱਬਾਸ ਧਾਲੀਵਾਲ

ਪਿਛਲੇ ਕਈ ਦਹਾਕਿਆਂ ਤੋਂ ਇੱਕ-ਦੂਜੇ ਦੇ ਵਿਰੋਧੀ ਚਲੇ ਆ ਰਹੇ ਅਮਰੀਕਾ ਤੇ ਚੀਨ ਦੇ ਰਾਸ਼ਟਰਪਤੀਆਂ ਵਿਚਕਾਰ ਬੀਤੇ ਦਿਨੀਂ ਮੁਲਾਕਾਤ ਹੋਈ। ਦਰਅਸਲ ਚੀਨ ਦੇ ਇਸ ਦੌਰੇ ਦੌਰਾਨ ਡੋਨਾਲਡ ਟਰੰਪ ਦਾ ਜਿਸ ਤਰ੍ਹਾਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ, ਉਸ ਨੇ ਵਿਸ਼ਵ ਰਾਜਨੀਤੀ ਵਿੱਚ ਨਵੀਆਂ ਚਰਚਾਵਾਂ ਨੂੰ ਜਨਮ ਦਿੱਤਾ ਹੈ।

ਇੱਥੇ ਗ੍ਰੇਟ ਹਾਲ ਆਫ਼ ਦ ਪੀਪਲ ਵਿੱਚ ਫੌਜੀ ਸਨਮਾਨ, ਬੈਂਡ ਅਤੇ ਸ਼ਾਨਦਾਰ ਸਮਾਰੋਹਾਂ ਦੇ ਦਰਮਿਆਨ ਟਰੰਪ ਨੇ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਦੀ ਖੁੱਲ੍ਹ ਕੇ ਤਾਰੀਫ਼ ਕੀਤੀ। ਇਹ ਦ੍ਰਿਸ਼ ਇਸ ਲਈ ਵੀ ਹੈਰਾਨੀਜਨਕ ਸੀ, ਕਿਉਂਕਿ ਟਰੰਪ ਨੇ ਆਪਣੀ ਪਿਛਲੀ ਟਰਮ ਤੋਂ ਲੈ ਹੁਣ ਤੱਕ ਚੀਨ ਪ੍ਰਤੀ ਆਪਣਾ ਰਵੱਈਆ ਜ਼ਾਹਰ ਕੀਤਾ। ਆਪਣੀ ਰਾਜਨੀਤਕ ਪਛਾਣ ਚੀਨ ਵਿਰੋਧੀ ਬਿਆਨਾਂ ਨਾਲ ਬਣਾਈ ਸੀ।

ਕਦੇ ਚੀਨ ਨੂੰ ਅਮਰੀਕਾ ਦਾ ਸ਼ੋਸ਼ਣ ਕਰਨ ਵਾਲਾ ਦੇਸ਼ ਕਹਿਣ ਵਾਲੇ ਟਰੰਪ ਅੱਜ ਵਪਾਰਕ ਅਤੇ ਰਣਨੀਤਕ ਸਹਿਯੋਗ ਦੀ ਗੱਲ ਕਰਦੇ ਨਜ਼ਰ ਆਏ। ਇਸ ਦੇ ਪਿੱਛੇ ਸਭ ਤੋਂ ਵੱਡਾ ਕਾਰਨ ਦੋਵੇਂ ਦੇਸ਼ਾਂ ਦੀ ਆਰਥਿਕ ਨਿਰਭਰਤਾ ਹੈ। ਚੀਨ ਦੁਨੀਆ ਦੇ ਉਤਪਾਦਨ ਅਤੇ ਤਕਨਾਲੋਜੀ ਖੇਤਰ ਵਿੱਚ ਅਹਿਮ ਤਾਕਤ ਬਣ ਚੁੱਕਾ ਹੈ, ਜਦਕਿ ਅਮਰੀਕਾ ਵੀ ਚੀਨੀ ਬਾਜ਼ਾਰ ਨੂੰ ਨਜ਼ਰ-ਅੰਦਾਜ਼ ਨਹੀਂ ਕਰ ਸਕਦਾ ।

ਇਸ ਦੌਰੇ ਦੌਰਾਨ ਤਾਇਵਾਨ, ਈਰਾਨ ਅਤੇ ਵਪਾਰਕ ਸੰਬੰਧ ਮੁੱਖ ਚਰਚਾ ਦੇ ਵਿਸ਼ੇ ਰਹੇ। ਖ਼ਾਸ ਤੌਰ 'ਤੇ ਈਰਾਨ ਮਾਮਲੇ ਵਿੱਚ ਅਮਰੀਕਾ ਚੀਨ ਦੀ ਭੂਮਿਕਾ ਚਾਹੁੰਦਾ ਹੈ, ਕਿਉਂਕਿ ਬੀਜਿੰਗ ਦੇ ਤਹਿਰਾਨ ਨਾਲ ਡੂੰਘੇ ਸੰਬੰਧ ਹਨ। ਦੂਜੇ ਪਾਸੇ ਚੀਨ ਤਾਇਵਾਨ ਮਸਲੇ 'ਤੇ ਅਮਰੀਕਾ ਤੋਂ ਨਰਮੀ ਦੀ ਉਮੀਦ ਰੱਖਦਾ ਹੈ।

ਇਸ ਦੌਰੇ ਦਾ ਸਭ ਤੋਂ ਮਹੱਤਵਪੂਰਨ ਪੱਖ ਇਹ ਰਿਹਾ ਕਿ ਚੀਨ ਨੇ ਦੁਨੀਆ ਨੂੰ ਆਪਣੀ ਵਧਦੀ ਤਾਕਤ ਦਾ ਸੰਦੇਸ਼ ਦਿੱਤਾ। ਵਿਸ਼ਵ ਦੇ ਕਈ ਦੇਸ਼, ਇੱਥੋਂ ਤੱਕ ਕਿ ਅਮਰੀਕਾ ਦੇ ਸਾਥੀ ਵੀ, ਅੱਜ ਚੀਨ ਨਾਲ ਨਜ਼ਦੀਕੀ ਸੰਬੰਧ ਬਣਾਉਣ ਦੇ ਇੱਛੁਕ ਹਨ। ਇਹ ਸਾਫ਼ ਸੰਕੇਤ ਹੈ ਕਿ ਵਿਸ਼ਵ ਤਾਕਤ ਦਾ ਸੰਤੁਲਨ ਹੌਲੀ-ਹੌਲੀ ਬਦਲ ਰਿਹਾ ਹੈ।

ਭਾਵੇਂ ਅਮਰੀਕਾ ਅਤੇ ਚੀਨ ਵਿਚਕਾਰ ਅਵਿਸ਼ਵਾਸ ਅਜੇ ਵੀ ਮੌਜੂਦ ਹੈ, ਪਰ ਦੋਵੇਂ ਦੇਸ਼ ਇਹ ਸਮਝਦੇ ਹਨ ਕਿ ਟਕਰਾਅ ਦੀ ਥਾਂ ਸਹਿਯੋਗ ਹੀ ਵਿਸ਼ਵ ਅਰਥ ਵਿਵਸਥਾ ਅਤੇ ਰਾਜਨੀਤਕ ਸਥਿਰਤਾ ਲਈ ਜ਼ਰੂਰੀ ਹੈ। ਇਸੇ ਲਈ ਦੋਵੇਂ ਨੇਤਾਵਾਂ ਨੇ ਆਪਣੇ ਸੰਬੰਧਾਂ ਨੂੰ ਰਚਨਾਤਮਕ ਅਤੇ ਸਥਿਰ ਬਣਾਉਣ ਦਾ ਸੰਦੇਸ਼ ਦਿੱਤਾ ਹੈ।

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਚੀਨੀ ਦੌਰੇ ਦੌਰਾਨ

ਚੀਨ ਦੇ ਰਾਸ਼ਟਰਪਤੀ ਨੇ ਅਮਰੀਕੀ ਰਾਸ਼ਟਰਪਤੀ ਨੂੰ ਚੀਨ ਦੀ ਉੱਚ ਲੀਡਰਸ਼ਿਪ ਲਈ ਅਹਿਮ ਮੰਨੇ ਜਾਣ ਵਾਲੇ ਵਿੰਗ ਨਾਨ ਹਾਈ ਦਾ ਦੌਰਾ ਕਰਵਾਇਆ। ਬੀਜਿੰਗ ਵਿੱਚ ਟਰੰਪ ਦੇ ਆਖ਼ਰੀ ਦਿਨ ਦਾ ਇਹ ਸਭ ਤੋਂ ਮਹੱਤਵਪੂਰਨ ਪ੍ਰੋਗਰਾਮ ਸੀ।

ਦੌਰੇ ਤੋਂ ਬਾਅਦ ਹੋਈ ਸਾਂਝੀ ਪ੍ਰੈੱਸ ਕਾਨਫਰੰਸ ਵਿੱਚ ਅਮਰੀਕੀ ਰਾਸ਼ਟਰਪਤੀ ਟਰੰਪ ਨੇ ਕਿਹਾ ਕਿ ਉਨ੍ਹਾ ਦੀ ਸ਼ੀ ਜਿਨ ਪਿੰਗ ਨਾਲ ਵਪਾਰ, ਈਰਾਨ ਅਤੇ ਹੋਰ ਕਈ ਮਸਲਿਆਂ 'ਤੇ ਗੱਲਬਾਤ ਹੋਈ, ਜਦੋਂ ਕਿ ਈਰਾਨ ਮਾਮਲੇ ਵਿੱਚ ਗੱਲ ਕਰਦਿਆਂ ਟਰੰਪ ਨੇ ਕਿਹਾ-ਅਸੀਂ ਨਹੀਂ ਚਾਹੁੰਦੇ ਕਿ ਈਰਾਨ ਕੋਲ ਪਰਮਾਣੂ ਹਥਿਆਰ ਹੋਣ ਅਤੇ ਅਸੀਂ ਚਾਹੁੰਦੇ ਹਾਂ ਕਿ ਜਲ ਡਮਰੂ ਖੁੱਲ੍ਹੀ ਰਹੇ।

ਉਧਰ ਇਸ ਮੁਲਾਕਾਤ ਨੂੰ ਲੈ ਕੇ ਸ਼ੀ ਜਿਨਪਿੰਗ ਨੇ ਕਿਹਾ ਕਿ ਦੋਵੇਂ ਨੇਤਾਵਾਂ ਵਿਚਕਾਰ ਇੱਕ ਨਵਾਂ ਦੋਪੱਖੀ ਰਿਸ਼ਤਾ ਕਾਇਮ ਹੋਇਆ ਹੈ ਅਤੇ ਉਨ੍ਹਾਂ ਚੀਨੀ ਗੁਲਾਬਾਂ ਦੇ ਬੀਜ ਟਰੰਪ ਨੂੰ ਤੋਹਫ਼ੇ ਵਜੋਂ ਭੇਜਣ ਦਾ ਐਲਾਨ ਵੀ ਕੀਤਾ।

ਉਨ੍ਹਾਂ ਦੀ ਮੁਲਾਕਾਤ ਤੋਂ ਕੁਝ ਘੰਟੇ ਪਹਿਲਾਂ ਫਾਕਸ ਨਿਊਜ਼ ਨੇ ਟਰੰਪ ਦਾ ਇੱਕ ਇੰਟਰਵਿਊ ਪ੍ਰਸਾਰਤ ਕੀਤਾ, ਜਿਸ ਵਿੱਚ ਉਨ੍ਹਾ ਨੇ ਕਿਹਾ ਕਿ ਸ਼ੀ ਜਿਨਪਿੰਗ ਨੇ ਵਾਅਦਾ ਕੀਤਾ ਹੈ ਕਿ ਚੀਨ ਈਰਾਨ ਨੂੰ ਫੌਜੀ ਸਾਜ਼ੋ-ਸਾਮਾਨ ਮੁਹੱਈਆ ਨਹੀਂ ਕਰੇਗਾ।

ਟਰੰਪ ਦੇ ਮੁਤਾਬਕ, ਇਸੇ ਸਮੇਂ ਰਾਸ਼ਟਰਪਤੀ ਸ਼ੀ ਨੇ ਕਿਹਾ ਕਿ ਉਹ ਈਰਾਨ ਤੋਂ ਬਹੁਤ ਸਾਰਾ ਤੇਲ ਖਰੀਦਦੇ ਹਨ ਅਤੇ ਇਸ ਨੂੰ ਜਾਰੀ ਰੱਖਣਾ ਚਾਹੁੰਦੇ ਹਨ।ਇਸੇ ਇੰਟਰਵਿਊ ਵਿੱਚ ਟਰੰਪ ਨੇ ਇਹ ਵੀ ਕਿਹਾ ਕਿ ਚੀਨ ਨੇ ਅਮਰੀਕਾ ਤੋਂ ਤੇਲ ਅਤੇ ਦੋ 200 ਜਹਾਜ਼ ਖਰੀਦਣ 'ਤੇ ਸਹਿਮਤੀ ਦਿੱਤੀ ਹੈ।

ਅਖੀਰ ਟਰੰਪ ਨੇ ਇਹ ਵੀ ਕਿਹਾ ਕਿ ਉਨ੍ਹਾ ਦੀ ਚੀਨ ਦੇ ਪ੍ਰਮੁੱਖ ਨਾਲ ਵਪਾਰਕ ਗੱਲਬਾਤ ਪਿਛਲੀ ਵਾਰ ਨਾਲੋਂ ਬਿਹਤਰ ਰਹੀ।

ਇੱਕ ਸ਼ੇਅਰ ਵਿੱਚ ਬਸ਼ੀਰ ਬਦਰ ਨੇ ਕਿਹਾ ਸੀ :

ਦੁਸ਼ਮਣੀ ਲਾਖ ਸਹੀ ਖ਼ਤਮ ਨਾ ਕੀਜੀਏ ਰਿਸ਼ਤਾ,
ਦਿਲ ਮਿਲੇ ਨਾ ਮਿਲੇ ਹਾਥ ਮਿਲਾਤੇ ਰਹੀਏ।

ਆਉਣ ਵਾਲਾ ਸਮਾਂ ਇਹ ਤੈਅ ਕਰੇਗਾ ਕਿ ਇਹ ਨੇੜਤਾ ਸਿਰਫ਼ ਕੂਟਨੀਤਿਕ ਦਿਖਾਵਾ ਹੈ ਜਾਂ ਵਾਸਤਵ ਵਿੱਚ ਨਵੇਂ ਵਿਸ਼ਵਕ੍ਰਮ ਦੀ ਸ਼ੁਰੂਆਤ।

**ਸੰਪਰਕ :98552-59650**

# ਅਦਾਲਤਾਂ ਤੇ ਪੁਲਸ ਦੀ ਭੂਮਿਕਾ ਔਰਤਾਂ ਪ੍ਰਤੀ ਤਸੱਲੀਬਖਸ਼ ਨਹੀਂ



ਬਲਵਿੰਦਰ ਸਿੰਘ ਭੁੱਲਰ

ਸੰਸਾਰ ਵਿੱਚ ਅੱਜ ਅਸੀਂ ਕਿੱਥੇ ਹਾਂ, ਇਸ 'ਤੇ ਬਹੁਤਾ ਖੁਸ਼ ਨਹੀਂ ਹੋਣਾ ਚਾਹੀਦਾ, ਸਗੋਂ ਚਿੰਤਾ ਇਹ ਹੋਣੀ ਚਾਹੀਦੀ ਹੈ ਕਿ ਅਸੀਂ ਜਾ ਕਿੱਧਰ ਨੂੰ ਰਹੇ ਹਾਂ। ਸਰਕਾਰਾਂ ਦਾ ਪਹਿਲਾ ਫ਼ਰਜ਼ ਆਪਣੇ ਦੇਸ਼ ਦੇ ਸਮਾਜਕ ਵਿਰਸੇ, ਸੱਭਿਆਚਾਰ ਨੂੰ ਸੰਭਾਲਣ ਦਾ ਹੁੰਦਾ ਹੈ, ਪਰ ਇਹ ਤਬਾਹ ਹੋ ਰਿਹੈ। ਇਸ ਵੱਲ ਸਰਕਾਰਾਂ ਦਾ ਕੋਈ ਧਿਆਨ ਨਹੀਂ। ਸੱਤਾਧਾਰੀ ਲੋਕ ਵਿਕਾਸ ਦੇ ਸਬਜ਼ਬਾਗ ਦਿਖਾ ਕੇ ਆਪ ਵੀ ਖੁਸ਼ ਹੋ ਰਹੇ ਹਨ ਅਤੇ ਜਨਤਾ ਨੂੰ ਵੀ ਪ੍ਰਚਾਉਣ ਵਿੱਚ ਲੱਗੇ ਹੋਏ ਹਨ।

ਕਿਸੇ ਦੇਸ਼ ਦੇ ਸਮਾਜ ਤੇ ਵਿਰਸੇ ਦੀ ਨੈਤਿਕਤਾ ਦੀ ਪਹਿਚਾਣ ਇਸ ਗੱਲ ਤੋਂ ਹੁੰਦੀ ਹੈ ਕਿ ਉਹ ਆਪਣੇ ਬੱਚਿਆਂ ਲਈ ਕੀ ਕਰਦਾ ਹੈ, ਔਰਤਾਂ ਲਈ ਕੀ ਕਰਦਾ ਹੈ। ਜੇਕਰ ਇਸ ਸੰਦਰਭ ਵਿੱਚ ਦੇਖੀਏ ਤਾਂ ਸਾਡੇ ਦੇਸ਼ ਵਿੱਚ ਬੱਚਿਆਂ ਅਤੇ ਖਾਸ ਕਰਕੇ ਲੜਕੀਆਂ, ਔਰਤਾਂ ਦਾ ਭਵਿੱਖ ਅਸੁਰੱਖਿਅਤ ਹੈ। ਉਹਨਾਂ ਦਾ ਭਵਿੱਖ ਹਨੇਰੇ ਵਾਲਾ ਦਿਖਾਈ ਦੇ ਰਿਹਾ ਹੈ। ਰੋਜ਼ਗਾਰ ਮਿਲਣ ਦੀਆਂ ਸੰਭਾਵਨਾਵਾਂ ਘਟ ਜਾਣ ਦੀ ਗੱਲ ਤਾਂ ਦੂਰ, ਨਿੱਤ ਦਿਨ ਅਗਵਾ ਕਰਨ, ਕੁੱਟਮਾਰ, ਕਤਲ, ਬਲਾਤਕਾਰ, ਛੇੜਛਾੜ ਆਦਿ ਦੀਆਂ ਘਟਨਾਵਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਹਵਸ ਦਾ ਸ਼ਿਕਾਰ ਨਾਬਾਲਗ ਬਾਲੜੀਆਂ ਮਾਂਵਾਂ ਬਣ ਰਹੀਆਂ ਹਨ।

ਸਾਡਾ ਦੇਸ਼ ਗੁਰੂਆਂ, ਪੀਰਾਂ , ਰਹਿਬਰਾਂ ਦੀ ਧਰਤੀ ਹੈ। ਸਦੀਆਂ ਪਹਿਲਾਂ ਇਸ ਧਰਤੀ 'ਤੇ ਹਮਲਾ ਕਰਨ ਵਾਲੇ ਮੁਗਲ ਹਮਲਾਵਰਾਂ ਵੱਲੋਂ ਅਗਵਾ ਕਰਕੇ ਲਿਜਾਈਆਂ ਜਾਂਦੀਆਂ ਮੁਟਿਆਰਾਂ ਨੂੰ ਜੰਗਲਾਂ ਵਿੱਚ ਰਹਿੰਦੇ ਸਿੱਖ ਛੁਡਵਾ ਕੇ ਉਹਨਾਂ ਦੇ ਘਰੀਂ ਪਹੁੰਚਾਉਂਦੇ ਰਹੇ ਹਨ। ਇਹ ਸਾਡਾ ਵਿਰਸਾ ਹੈ, ਜਿਸ 'ਤੇ ਸਾਨੂੰ ਮਾਣ ਹੈ ਅਤੇ ਦੁਨੀਆਂ ਭਰ ਵਿੱਚ ਅਜਿਹੀਆਂ ਕਹਾਣੀਆਂ ਪ੍ਰਚੱਲਤ ਹਨ, ਪਰ ਅੱਜ ਜਿਸ ਦੇਸ਼ ਨੂੰ ਅਸੀਂ ਤਰੱਕੀ ਦੀਆਂ ਬੁਲੰਦੀਆਂ ਛੋਹਣ ਵਾਲਾ ਕਹਿ ਰਹੇ ਹਾਂ, ਇਸ ਵਿੱਚ ਆਪਣੇ ਲੋਕਾਂ ਦੀਆਂ ਸਰਕਾਰਾਂ ਹੋਣ ਦੇ ਬਾਵਜੂਦ ਬੱਚੀਆਂ ਨਾਲ ਮੁਗ਼ਲਾਂ ਦੇ ਰਾਜ ਵਾਂਗ ਵਰਤਾਓ ਕਰਨ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ। ਸਾਡੇ ਦੇਸ਼ ਦੀਆਂ ਧੀਆਂ ਨਾਲ ਸਾਡੇ ਹੀ ਦੇਸ਼ ਦੇ ਲੋਕਾਂ ਵੱਲੋਂ ਜੋ ਕੀਤਾ ਜਾ ਰਿਹੈ, ਇਹ ਯਾਦ ਕਰਦਿਆਂ ਕਲੇਜਾ ਮੂੰਹ ਨੂੰ ਆਉਂਦੈ, ਪਰ ਲੋਕਾਂ ਦੀ ਰੱਖਿਆ ਕਰਨ ਵਾਲੀ ਪੁਲਸ ਵੀ ਇਨਸਾਫ਼ ਦਿਵਾਉਣ ਲਈ ਕੁਝ ਵੀ ਕਰਦੀ ਨਜ਼ਰ ਨਹੀਂ ਆ ਰਹੀ। ਬਲਾਤਕਾਰ ਜਾਂ ਛੇੜਛਾੜ ਦੇ ਬਹੁਤੇ ਕੇਸਾਂ ਨੂੰ ਤਾਂ ਦਬਾਅ ਦੇਣ 'ਤੇ ਹੀ ਜ਼ੋਰ ਪਾਇਆ ਜਾਂਦਾ ਹੈ, ਜੇਕਰ ਮੁਕੱਦਮਾ ਦਰਜ ਵੀ ਕੀਤਾ ਜਾਵੇ ਤਾਂ ਅਜਿਹਾ ਕੀਤਾ ਜਾਂਦਾ ਹੈ ਕਿ ਮੁਲਜ਼ਮ ਕੁੱਝ ਮਹੀਨਿਆਂ ਵਿੱਚ ਬਰੀ ਹੋ ਕੇ ਮੁੜ ਵੱਧ ਹੌਂਸਲੇ ਨਾਲ ਅਪਰਾਧ ਕਰਨ ਲਗਦੇ ਹਨ। ਅਦਾਲਤਾਂ ਵੱਲੋਂ ਵੀ ਪੀੜਤਾਂ ਨੂੰ ਇਨਸਾਫ਼ ਨਹੀਂ ਮਿਲਦਾ, ਆਖ਼ਰ ਉਹ ਸਾਰੀ ਉਮਰ ਸ਼ਰਮਿੰਦਗੀ ਵਾਲੀ ਜ਼ਿੰਦਗੀ ਹੰਢਾਉਂਦੀਆਂ ਹਨ ਜਾਂ ਫੇਰ ਖੁਦਕੁਸ਼ੀ ਕਰਕੇ ਆਪਣੀ ਜੀਵਨ ਲੀਲ੍ਹਾ ਖਤਮ ਕਰ ਲੈਂਦੀਆਂ ਹਨ।

ਜਿਸ ਨੂੰ ਵੀ ਇਤਿਹਾਸ ਦਾ ਜ਼ਰਾ ਜਿੰਨਾ ਵੀ ਗਿਆਨ ਹੈ, ਉਹ ਇਹ ਜਾਣਦਾ ਹੈ ਕਿ ਮਹਾਨ ਸਮਾਜਕ ਤਬਦੀਲੀਆਂ ਔਰਤਾਂ ਦੇ ਉਭਾਰ ਤੋਂ ਬਿਨਾਂ ਅਸੰਭਵ ਹਨ। ਸਮਾਜਕ ਤਰੱਕੀ ਸਹੀ ਢੰਗ ਨਾਲ ਔਰਤਾਂ ਦੀ ਸਮਾਜਕ ਪੁਜ਼ੀਸ਼ਨ ਤੋਂ ਹੀ ਮਿਣੀ ਜਾ ਸਕਦੀ ਹੈ।

ਮਿਸਾਲ ਵਜੋਂ ਕਈ ਸਾਲ ਪਹਿਲਾਂ ਸਲੀਮ ਕੁਰੈਸ਼ੀ ਆਪਣੀ ਗਰਭਵਤੀ ਭੈਣ ਦਾ ਪਤਾ ਲੈਣ ਲਈ ਪਰਵਾਰ ਸਮੇਤ ਬੁਲੰਦ ਸ਼ਹਿਰ ਵੱਲ ਜਾਂਦਾ ਹੋਇਆ ਜਦ ਨੋਇਡਾ ਦੇ ਨਜ਼ਦੀਕ ਗੌਤਮ ਬੁੱਧ ਨਗਰ ਜਿਲ੍ਹੇ ਦੇ ਜੇਵਰ ਇਲਾਕੇ ਵਿੱਚ ਪੁੱਜਾ ਤਾਂ ਗੁੰਡਿਆਂ ਨੇ ਉਸ ਦੀ ਕਾਰ ਦੇ ਟਾਇਰ ਵਿੱਚ ਗੋਲੀ ਮਾਰ ਕੇ ਕਾਰ ਰੋਕ ਲਈ, ਮਰਦਾਂ ਨੂੰ ਬੰਨ੍ਹ ਦਿੱਤਾ ਅਤੇ ਔਰਤਾਂ ਨੂੰ ਖੇਤਾਂ ਵਿੱਚ ਲਿਜਾ ਕੇ ਉਹਨਾਂ ਨਾਲ ਸਮੂਹਿਕ ਬਲਾਤਕਾਰ ਕੀਤਾ ਗਿਆ। ਇਸੇ ਤਰ੍ਹਾਂ ਹਰਿਆਣਾ ਵਿੱਚ ਜਾਟ ਅੰਦੋਲਨ ਸਮੇਂ ਗੜ੍ਹਗਾਓਂ ਨਜ਼ਦੀਕ ਗੁੰਡਿਆਂ ਨੇ ਗੱਡੀਆਂ ਰੋਕ-ਰੋਕ ਕੇ ਮਰਦਾਂ ਦੀ ਕੁੱਟਮਾਰ ਕਰਦਿਆਂ ਉਹਨਾਂ ਦੀਆਂ ਔਰਤਾਂ ਤੇ ਲੜਕੀਆਂ ਨੂੰ ਖੋਹ ਕੇ ਉਹਨਾਂ ਨਾਲ ਸਮੂਹਿਕ ਬਲਾਤਕਾਰ ਕੀਤੇ ਸਨ। ਸਮੇਂ ਦੀ ਸਰਕਾਰ ਨੇ ਇਹਨਾਂ ਘਟਨਾਵਾਂ ਬਾਰੇ ਜਾਨਣ ਤੋਂ ਹੀ ਇਨਕਾਰ ਕਰ ਦਿੱਤਾ ਸੀ। ਬੀਤੇ ਸਾਲ ਚੰਡੀਗੜ੍ਹ ਦੇ ਇੱਕ ਹਸਪਤਾਲ ਵਿੱਚ ਦੇਸ਼ ਦੀ ਸਭ ਤੋਂ ਛੋਟੀ ਦਸ ਸਾਲ ਦੀ ਬਾਲੜੀ ਅਜਿਹੀ ਮਾਂ ਬਣ ਗਈ ਸੀ। ਲੁਧਿਆਣਾ ਵਿੱਚ ਇੱਕ ਪੰਦਰਾਂ ਸਾਲ ਦੀ ਲੜਕੀ ਨੇ ਬੱਚੇ ਨੂੰ ਜਨਮ ਦੇ ਦਿੱਤਾ ਸੀ। ਫਰੀਦਕੋਟ ਜ਼ਿਲ੍ਹੇ ਦੀ ਚੌਦਾਂ ਸਾਲ ਅਤੇ ਰੋਹਤਕ ਜ਼ਿਲ੍ਹੇ ਦੀ ਦਸ ਸਾਲ ਦੀ ਬੱਚੀ ਹਵਸ ਦਾ ਸ਼ਿਕਾਰ ਹੁੰਦੀ ਰਹੀ।

ਹੁਣ ਰਾਜਸਥਾਨ ਵਿੱਚ ਵਾਪਰੀ ਇੱਕ ਗੈਂਗਰੇਪ ਘਟਨਾ ਨੇ ਫੇਰ ਇਨਸਾਫ਼ਪਸੰਦ ਲੋਕਾਂ ਦੇ ਹਿਰਦਿਆਂ ਨੂੰ ਵਲੂੰਧਰ ਕੇ ਰੱਖ ਦਿੱਤਾ ਹੈ। ਇਸ ਸੂਬੇ ਦੇ ਜ਼ਿਲ੍ਹਾ ਜੋਧਪੁਰ ਦੇ ਇੱਕ ਪਿੰਡ ਦੀ ਲੜਕੀ ਨਾਲ ਕਈ ਸਾਲ ਪਹਿਲਾਂ ਇੱਕ ਸਰਵਿਸ ਸੈਂਟਰ ਅਪਰੇਟਰ ਨੇ ਬਲਾਤਕਾਰ ਕੀਤਾ ਸੀ। ਉਸ ਸਮੇਂ ਉਸ ਨੇ ਗੁਪਤ ਵੀਡੀਓ ਬਣਾ ਲਈ। ਫੇਰ ਇਸ ਵੀਡੀਓ ਦੇ ਆਧਾਰ 'ਤੇ ਉਸ ਨਾਲ ਕਈ ਸਾਲ ਗੈਂਗਰੇਪ ਕਰਦੇ ਰਹੇ ਅਤੇ ਉਸ ਤੋਂ ਪੈਸਾ ਵੀ ਬਟੋਰਦੇ ਰਹੇ। ਆਖ਼ਰ ਉਸ ਨੇ ਇਸ ਸਾਲ ਦੀ 20 ਮਾਰਚ ਨੂੰ ਖੁਦਕੁਸ਼ੀ ਕਰ ਲਈ। ਪੁਲਸ ਨੇ ਇਸ ਮਾਮਲੇ ਸਬੰਧੀ ਐੱਫ ਆਈ ਆਰ ਦਰਜ ਕਰਕੇ ਖਾਨਾਪੂਰਤੀ ਤਾਂ ਕਰ ਦਿੱਤੀ, ਪਰ ਅਮਲ ਵਿੱਚ ਕਥਿਤ ਦੋਸ਼ੀਆਂ ਵਿਰੁੱਧ ਕੋਈ ਠੋਸ ਕਾਰਵਾਈ ਨਾ ਕੀਤੀ। ਪੁਲਸ ਵੱਲੋਂ ਅਜਿਹੀ ਸ਼ਹਿ ਮਿਲਣ 'ਤੇ ਦੋਸ਼ੀਆਂ ਦੇ ਹੌਂਸਲੇ ਇਸ ਕਦਰ ਵਧ ਗਏ ਕਿ ਉਹਨਾਂ ਉਸ ਦੀ ਛੋਟੀ ਭੈਣ ਨਾਲ ਵੀ ਜਿਨਸੀ ਸ਼ੋਸ਼ਣ ਕਰਨਾ ਸ਼ੁਰੂ ਕਰ ਦਿੱਤਾ, ਜਿਸ ਨੇ ਆਪਣੀ ਮ੍ਰਿਤਕ ਭੈਣ ਦੀ ਮੌਤ ਸਬੰਧੀ ਇਨਸਾਫ਼ ਦੀ ਮੰਗ ਕੀਤੀ ਸੀ। ਉਸ ਨੇ ਪੁਲਸ ਕੋਲ ਸ਼ਿਕਾਇਤਾਂ ਕੀਤੀਆਂ, ਪਰ ਉਸ ਦੀ ਕਿਸੇ ਨਾ ਸੁਣੀ। ਆਖ਼ਰ ਉਸ ਨੇ ਵੀ ਕੁਝ ਦਿਨ ਪਹਿਲਾਂ ਕੋਈ ਜ਼ਹਿਰੀਲੀ ਵਸਤੂ ਖਾ ਕੇ ਆਪਣੀ ਜੀਵਨ ਲੀਲ੍ਹਾ ਖਤਮ ਕਰ ਲਈ।

ਸਵਾਲ ਉੱਠਦਾ ਹੈ ਕਿ ਜੇਕਰ ਬਲਾਤਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਹੁੰਦੀ, ਪੁਲਸ ਠੋਸ ਕਾਰਵਾਈ ਕਰਦੀ ਅਤੇ ਅਦਾਲਤਾਂ ਤੋਂ ਇਨਸਾਫ਼ ਮਿਲ ਜਾਂਦਾ ਤਾਂ ਦੂਜੀ ਲੜਕੀ ਦੀ ਜਾਨ ਬਚਾਈ ਜਾ ਸਕਦੀ ਸੀ, ਪਰ ਅਜਿਹਾ ਪਹਿਲੀ ਵਾਰ ਵੀ ਨਹੀਂ ਹੋਇਆ। ਬਿਲਕਿਸ ਬਾਨੋ ਦੇ ਪਰਵਾਰ ਦੇ ਸੱਤ ਜੀਆਂ ਨੂੰ ਕਤਲ ਕਰਕੇ ਗੁੰਡਿਆਂ ਨੇ ਉਸ ਨਾਲ ਗੈਂਗਰੇਪ ਕੀਤਾ, ਉਸ ਨੇ ਕਈ ਸਾਲ ਲੰਮੀ ਲੜਾਈ ਲੜ ਕੇ ਦੋਸ਼ੀਆਂ ਨੂੰ ਸਜ਼ਾ ਦਿਵਾਈ, ਪਰ ਦੋਸ਼ੀਆਂ ਦਾ ਸਬੰਧ ਦੇਸ਼ 'ਤੇ ਰਾਜ ਕਰਦੀ ਪਾਰਟੀ ਭਾਜਪਾ ਨਾਲ ਸੀ, ਜਿਸ ਕਰਕੇ ਭਾਜਪਾ ਸਰਕਾਰ ਨੇ ਦੋਸ਼ੀਆਂ ਨੂੰ ਸਜ਼ਾ ਪੂਰੀ ਕਰਨ ਤੋਂ ਪਹਿਲਾਂ ਹੀ ਰਿਹਾਅ ਕਰਵਾ ਦਿੱਤਾ, ਪਰ ਬਿਲਕਿਸ ਬਾਨੋ ਨੇ ਮੁੜ ਅਦਾਲਤ ਦਾ ਦਰਵਾਜ਼ਾ ਖੜਕਾ ਉਹਨਾਂ ਨੂੰ ਦੁਬਾਰਾ ਜੇਲ੍ਹ ਭਿਜਵਾਇਆ। ਅਜਿਹਾ ਹੀ ਨਿਰਭੈਆ ਕਾਂਡ ਸਮੇਂ ਹੋਇਆ, ਪੁਲਸ ਤੇ ਸਰਕਾਰਾਂ ਗੁੰਡਿਆਂ ਦਾ ਸਾਥ ਦਿੰਦੀਆਂ ਰਹੀਆਂ।

ਇਹਨਾਂ ਦੋਸ਼ਾਂ ਤੋਂ ਇਲਾਵਾ ਜੇਕਰ ਮਾਰਕੁੱਟ, ਛੇੜਛਾੜ, ਜ਼ਬਰਦਸਤੀ ਸ਼ਾਦੀ ਕਰ ਦੇਣ, ਜਨਮ ਤੋਂ ਪਹਿਲਾਂ ਭਰੂਣ ਦੀ ਹੱਤਿਆ ਕਰਨ, ਘਰਾਂ ਵਿੱਚ ਕੰਮ ਕਰਨ ਵਾਲੀਆਂ ਗਰੀਬ ਔਰਤਾਂ ਦਾ ਜਿਨਸੀ ਸ਼ੋਸ਼ਣ ਜਾਂ ਕਾਰਖਾਨਿਆਂ ਵਿੱਚ ਮਜ਼ਦੂਰ ਔਰਤਾਂ ਦੇ ਜਿਸਮਾਂ ਨੂੰ ਨੋਚ ਲੈਣ ਦੀਆਂ ਘਟਨਾਵਾਂ ਦੇ ਅੰਕੜੇ ਇਕੱਠੇ ਕਰਨ ਦੇ ਯਤਨ ਕੀਤੇ ਜਾਣ ਤਾਂ ਸ਼ਾਇਦ ਉਹਨਾਂ ਦੀ ਗਿਣਤੀ ਕਰਨੀ ਵੀ ਅਸੰਭਵ ਹੈ।

ਕੁਝ ਸਾਲ ਪਹਿਲਾਂ ਗਲੋਬਲ ਐਕਸਪਾਰਟਸ ਵੱਲੋਂ ਸਰਵੇਖਣ ਕਰਵਾਇਆ ਗਿਆ ਸੀ ਤਾਂ ਔਰਤ ਅਸੁਰੱਖਿਅਤ ਮਾਮਲਿਆਂ ਵਿੱਚ ਭਾਰਤ ਪਹਿਲੇ ਸਥਾਨ 'ਤੇ ਪਹੁੰਚ ਚੁੱਕਾ ਸਪੱਸ਼ਟ ਹੋਇਆ ਸੀ। ਅਫਗਾਨਿਸਤਾਨ ਤੇ ਸੀਰੀਆ ਦੂਜੇ ਅਤੇ ਅਮਰੀਕਾ ਤੀਜੇ ਸਥਾਨ ਤੇ ਰਿਹਾ, ਜਦ ਕਿ ਸੋਮਾਲੀਆ ਚੌਥੇ ਅਤੇ ਸਾਊਦੀ ਅਰਬ ਪੰਜਵੇਂ ਥਾਂ 'ਤੇ ਰਿਹਾ ਸੀ। ਨਿੱਤ ਦਿਨ ਭਾਰਤ ਵਿੱਚ ਬਲਾਤਕਾਰ, ਸਮੂਹਿਕ ਬਲਾਤਕਾਰ, ਮਸੂਮ ਬੱਚੀਆਂ ਨਾਲ ਬਲਾਤਕਾਰ ਤੇ ਕਤਲ, ਘਰੇਲੂ ਹਿੰਸਾ, ਔਰਤਾਂ ਨੂੰ ਗੁਲਾਮ ਬਣਾਉਣ, ਔਰਤਾਂ ਦੀ ਵੇਚ ਖਰੀਦ, ਜ਼ਬਰਦਸਤੀ ਵਿਆਹ, ਬਗੈਰ ਸਹਿਮਤੀ ਸੈਕਸ, ਦਾਜ ਲਈ ਕਤਲ, ਤਲਾਕ, ਭਰੂਣ ਹੱਤਿਆ, ਮਾਰਕੁੱਟ ਆਦਿ ਘਟਨਾਵਾਂ ਵਾਪਰਦੀਆਂ ਹੀ ਨਹੀਂ, ਬਲਕਿ ਉਹਨਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ, ਜੋ ਚਿੰਤਾਜਨਕ ਅਤੇ ਸ਼ਰਮਨਾਕ ਹੈ।

ਸਰਕਾਰਾਂ, ਅਦਾਲਤਾਂ, ਸਮਾਜਿਕ ਤੇ ਧਾਰਮਿਕ ਸੰਸਥਾਵਾਂ, ਬੁੱਧੀਜੀਵੀਆਂ ਵੱਲੋਂ ਇਸ ਅਤੀ ਸੰਵੇਦਨਸ਼ੀਲ ਮਾਮਲੇ ਵੱਲ ਉਚੇਚਾ ਧਿਆਨ ਦੇਣਾ ਸਮੇਂ ਦੀ ਲੋੜ ਹੈ।

**# ਸੰਪਰਕ : 098882-75913**

# ਜਨਤਕ ਮੁੱਦਿਆਂ ਨੂੰ ਲੈ ਕੇ ਕਮਿਊਨਿਸਟਾਂ ਵੱਲੋਂ ਮੋਦੀ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ

**ਮਾਨਸਾ (ਆਤਮਾ ਸਿੰਘ ਪਮਾਰ)**- ਸੀਪੀਆਈ (ਐੱਮ ਐੱਲ) ਲਿਬਰੇਸ਼ਨ ਤੇ ਆਰ ਐੱਮ ਪੀ ਆਈ ਵੱਲੋਂ ਸਾਂਝੇ ਤੌਰ 'ਤੇ ਦਿੱਤੇ ਸੂਬਾਈ ਸੱਦੇ ਤਹਿਤ ਸ਼ਹੀਦ ਸੇਵਾ ਸਿੰਘ ਠੀਕਰੀਵਾਲਾ ਚੌਕ 'ਚ ਪਾਰਟੀ ਵਰਕਰਾਂ ਵੱਲੋਂ ਤੇਜ਼ੀ ਨਾਲ ਵੱਧ ਰਹੀ ਮਹਿੰਗਾਈ, ਬੇਰੁਜ਼ਗਾਰੀ ਤੇ ਪੇਪਰ ਲੀਕ ਵਰਗੇ ਮੁੱਦਿਆਂ ਨੂੰ

**● ਠੀਕਰੀਵਾਲਾ ਚੌਕ 'ਚ ਫੂਕਿਆ ਮੋਦੀ ਸਰਕਾਰ ਦਾ ਪੁਤਲਾ**



ਲੈ ਕੇ ਰੋਸ ਧਰਨਾ ਦਿੱਤਾ ਤੇ ਦੇਸ਼ ਨੂੰ ਹਰ ਪੱਖੋਂ ਗੰਭੀਰ ਸੰਕਟ 'ਚ ਧੱਕਣ ਲਈ ਜ਼ਿੰਮੇਵਾਰ ਮੋਦੀ ਸਰਕਾਰ ਦਾ ਪੁਤਲਾ ਫੂਕਿਆ। ਰੋਸ ਵਿਖਾਵੇ ਨੂੰ ਸੀਪੀਆਈ (ਐੱਮ ਐੱਲ) ਲਿਬਰੇਸ਼ਨ ਤੇ ਆਰ ਐੱਮ ਪੀ ਆਈ ਵੱਲੋਂ ਕਾਮਰੇਡ ਸੁਰਿੰਦਰ ਪਾਲ ਸ਼ਰਮਾ, ਜਸਬੀਰ ਕੌਰ ਨੱਤ, ਅਮਰੀਕ ਸਿੰਘ ਫਫੜੇ, ਬਲਵਿੰਦਰ ਸਿੰਘ ਘਰਾਂਗਣਾ, ਕਰਨੈਲ ਸਿੰਘ ਮਾਨਸਾ, ਬੱਲਮ ਸਿੰਘ ਫਫੜੇ, ਗਿੰਦਰ ਸਿੰਘ, ਦੀਵਾਨ ਸਿੰਘ ਅਹਿਮਦਪੁਰ, ਗਗਨਦੀਪ ਸਿਰਸੀਵਾਲਾ, ਸੁਖਚਰਨ ਸਿੰਘ ਦਾਨੇਵਾਲਾ ਤੇ ਗੁਰਮੀਤ ਸਿੰਘ ਧਾਲੀਵਾਲ ਨੇ ਸੰਬੋਧਨ ਕੀਤਾ। ਲਿਬਰੇਸ਼ਨ ਦੇ ਕੇਂਦਰੀ ਕਮੇਟੀ ਮੈਂਬਰ ਤੇ ਪੰਜਾਬ ਦੇ ਇੰਚਾਰਜ ਕਾਮਰੇਡ ਪ੍ਰਸ਼ੋਤਮ ਸ਼ਰਮਾ ਇਸ ਧਰਨੇ 'ਚ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਬੁਲਾਰਿਆਂ ਨੇ ਕਿਹਾ ਕਿ ਜਦੋਂ ਤੇਲ ਤੇ ਗੈਸ ਦੀਆਂ ਕੀਮਤਾਂ ਕੌਮਾਂਤਰੀ ਬਾਜ਼ਾਰ 'ਚ ਬਹੁਤ ਹੇਠਾਂ ਆ ਚੁੱਕੀਆਂ ਸਨ, ਤਾਂ ਉਸ ਦਾ ਫ਼ਾਇਦਾ ਆਮ ਜਨਤਾ ਨੂੰ ਦੇਣ ਦੀ ਬਜਾਏ, ਮੋਦੀ ਸਰਕਾਰ ਦੀ ਹਿੱਸਾ ਪੱਤੀ ਨਾਲ ਇਨ੍ਹਾਂ ਦੇ ਰੇਟ ਉੱਚੇ ਹੀ ਬਣਾਈ ਰੱਖੇ ਗਏ, ਪਰ ਹੁਣ ਜਦ ਈਰਾਨ ਜੰਗ ਤੇ ਹਾਰਮੂਜ਼ ਸਟ੍ਰੇਟ ਬੰਦ ਹੋਣ ਕਾਰਨ ਕੌਮਾਂਤਰੀ ਪੱਧਰ 'ਤੇ ਕੀਮਤਾਂ ਵਧ ਗਈਆਂ ਤਾਂ ਪੰਜ ਸੂਬਿਆਂ ਦੀਆਂ ਵਿਧਾਨ ਸਭਾਈ ਚੋਣਾਂ ਖ਼ਤਮ ਹੋਣ ਸਾਰ ਸਰਕਾਰ ਵੱਲੋਂ ਇਨ੍ਹਾਂ ਦੀਆਂ ਕੀਮਤਾਂ ਨੂੰ ਕਿਸ਼ਤਾਂ 'ਚ ਵਧਾਇਆ ਜਾ ਰਿਹਾ ਹੈ।ਤੇਲ ਕੀਮਤਾਂ ਵਧਣ ਨਾਲ ਹਰ ਖੇਤਰ 'ਚ ਮਹਿੰਗਾਈ ਤੇਜ਼ੀ ਨਾਲ ਵੱਧ ਰਹੀ ਹੈ, ਪਰ ਅਪਣੀਆਂ ਉਜ਼ਰਤਾਂ 'ਚ ਵਾਧੇ ਨੂੰ ਲੈ ਕੇ ਹੜਤਾਲਾਂ ਕਰਨ ਵਾਲੇ ਉਦਯੋਗਿਕ ਮਜ਼ਦੂਰਾਂ ਨੂੰ ਵਿਦੇਸ਼ੀ ਸ਼ਹਿ 'ਤੇ ਅੰਦੋਲਨ ਕਰਦੇ ਦੱਸ ਕੇ ਕੁਚਲਿਆ ਤੇ ਗ੍ਰਿਫ਼ਤਾਰ ਕੀਤਾ ਜਾ ਰਿਹਾ ਹੈ।ਪੰਜਾਬ ਦੀਆਂ ਹੱਕੀ ਤੇ ਜਾਇਜ਼ ਮੰਗਾਂ ਲਈ ਐੱਸ ਕੇ ਐੱਮ ਦੇ ਸੱਦੇ 'ਤੇ ਚੰਡੀਗੜ੍ਹ ਰਾਜਪਾਲ ਨੂੰ ਮਿਲਣ ਜਾ ਰਹੇ ਕਿਸਾਨਾਂ ਨੂੰ ਅਪਣੀ ਰਾਜਧਾਨੀ ਚੰਡੀਗੜ੍ਹ 'ਚ ਦਾਖ਼ਲ ਹੋਣੋਂ ਰੋਕਣ ਲਈ ਲਾਠੀਚਾਰਜ, ਜਲ ਤੋਪਾਂ ਤੇ ਅੱਥਰੂ ਗੈਸ ਦੀ ਵਰਤੋਂ ਕੀਤੀ ਜਾਂਦੀ ਹੈ।ਹਰ ਸਾਲ ਕਈ ਅਹਿਮ ਪੇਪਰ ਲੀਕ ਕਰਵਾ ਕੇ ਨਵੀਆਂ ਭਰਤੀਆਂ ਨੂੰ ਟਾਲਣ ਦੀ ਤਰਜ਼ 'ਤੇ ਹੁਣ ਨੀਟ ਦਾ ਪੇਪਰ ਲੀਕ ਕਰਵਾ ਕੇ 20 ਲੱਖ ਤੋਂ ਵੱਧ ਨੌਜਵਾਨਾਂ ਦੀ ਤਿਆਰੀ ਤੇ ਸਖ਼ਤ ਮਿਹਨਤ ਉਤੇ ਬੇਕਿਰਕੀ ਨਾਲ ਪਾਣੀ ਫੇਰ ਦਿੱਤਾ ਗਿਆ ਹੈ।ਇੰਝ ਚਾਹੇ ਬੀਜੇਪੀ ਤੇ ਮੋਦੀ ਸਰਕਾਰ ਐੱਸ ਆਈ ਆਰ, ਫਿਰਕੂ ਧਰੁਵੀਕਰਨ ਤੇ ਈਵੀਐੱਮ ਦੇ ਬਲ 'ਤੇ ਚੋਣਾਂ ਜਿੱਤ ਰਹੀ ਹੈ, ਪਰ ਆਮ ਜਨਤਾ 'ਚ ਉਸ ਦੀਆਂ ਨੀਤੀਆਂ ਤੇ ਮਾੜੀ ਕਾਰਗੁਜ਼ਾਰੀ ਖ਼ਿਲਾਫ਼ ਗੁੱਸਾ ਲਗਾਤਾਰ ਵੱਧ ਰਿਹਾ ਹੈ।ਅੱਜ ਜਾਂ ਕੱਲ੍ਹ ਜਨਤਾ ਨੂੰ ਇਨ੍ਹਾਂ ਨੀਤੀਆਂ ਤੇ ਮੋਦੀ ਦੀ ਸੰਵਿਧਾਨਕ ਤਾਨਾਸ਼ਾਹੀ ਖ਼ਿਲਾਫ਼ ਸੜਕਾਂ ਉਤੇ ਨਿੱਤਰਨਾ ਹੀ ਪਵੇਗਾ। ਆਗੂਆਂ ਨੇ ਐਲਾਨ ਕੀਤਾ ਕਿ ਇਨ੍ਹਾਂ ਸਵਾਲਾਂ ਤੇ ਆਮ ਜਨਤਾ ਨੂੰ ਜਾਗਰੂਕ ਕਰਨ ਲਈ ਉਨ੍ਹਾਂ ਦੀਆਂ ਪਾਰਟੀਆਂ ਨੇ 19 ਤੋਂ 28 ਮਈ ਤੱਕ 'ਲੋਕਾਂ ਕੋਲ ਚੱਲੋ' ਮੁਹਿੰਮ ਚਲਾਉਣ ਦਾ ਫੈਸਲਾ ਕੀਤਾ ਹੈ। ਇਸੇ ਤਰ੍ਹਾਂ ਐੱਸਆਈਆਰ ਦੇ ਨਾਂ 'ਤੇ ਚੋਣ ਕਮਿਸ਼ਨ ਵੱਲੋਂ ਪੰਜਾਬ 'ਚ ਵੀ ਗਰੀਬਾਂ ਤੇ ਮਜ਼ਦੂਰਾਂ ਦੀਆਂ ਲੱਖਾਂ ਵੋਟਾਂ ਕੱਟਣ ਦੀ ਸਾਜ਼ਿਸ਼ ਨੂੰ ਬੇਨਕਾਬ ਕਰਨ ਲਈ 7 ਜੂਨ ਨੂੰ ਲੁਧਿਆਣਾ ਵਿਖੇ ਵਿਸ਼ਾਲ 'ਜਨ ਸੁਣਵਾਈ' ਵੀ ਜਥੇਬੰਦ ਕੀਤੀ ਜਾਵੇਗੀ।

# ਹਿਊਮਨ ਇੰਪਾਵਰਮੈਂਟ ਸੁਸਾਇਟੀ ਦੇ ਸੂਬਾ ਪ੍ਰਧਾਨ ਰਮਨ ਗਾਂਧੀ ਦਾ ਖੱਤਰੀ ਸਭਾ ਵੱਲੋਂ ਸਨਮਾਨ

**ਮੋਗਾ (ਇਕਬਾਲ ਸਿੰਘ ਖਹਿਰਾ)**- ਖੱਤਰੀ ਸਭਾ ਨੇ ਖੱਤਰੀ ਭਵਨ ਵਿੱਚ ਚੇਅਰਮੈਨ ਵਿਜੇ ਧੀਰ ਐਡਵੋਕੇਟ ਤੇ ਪ੍ਰਧਾਨ ਡਾ. ਐੱਮ ਐੱਲ ਜੈਦਕਾ ਦੀ ਅਗਵਾਈ ਵਿੱਚ ਇਕ ਵਿਸ਼ੇਸ਼ ਸਨਮਾਨ ਸਮਾਰੋਹ ਦੌਰਾਨ ਖੱਤਰੀ ਮਹਾਂ ਸਭਾ ਪੰਜਾਬ ਦੇ ਪ੍ਰਦੇਸ਼ ਮੀਤ ਪ੍ਰਧਾਨ ਤੇ ਫੋਰ ਜੀ ਹੋਟਲ ਦੇ ਪ੍ਰਬੰਧਕ ਮਾਲਕ ਰਮਨ ਗਾਂਧੀ ਨੂੰ ਮਨੁੱਖੀ ਅਧਿਕਾਰਾਂ ਦੀ



ਪਹਿਰੇਦਾਰੀ ਕਰਨ ਵਾਲੀ ਸੰਸਥਾ ਹਿਊਮਨ ਇੰਪਾਵਰਮੈਂਟ ਸੁਸਾਇਟੀ ਆਫ ਇੰਡੀਆ ਦੀ ਪੰਜਾਬ ਇਕਾਈ ਦਾ ਪ੍ਰਦੇਸ਼ ਪ੍ਰਧਾਨ ਬਣਨ 'ਤੇ ਰਮਨ ਗਾਂਧੀ ਦਾ ਜ਼ੋਰਦਾਰ ਸਵਾਗਤ ਕਰਦਿਆਂ ਫੁੱਲਾਂ ਦਾ ਗੁਲਦਸਤਾ ਦੇ ਕੇ ਤੇ ਦੋਸ਼ਾਲਾ ਪਾ ਕੇ ਸਨਮਾਨਤ ਕੀਤਾ।ਇਸ ਮੌਕੇ ਨਵ ਨਿਯੁਕਤ ਪ੍ਰਦੇਸ਼ ਪ੍ਰਧਾਨ ਰਮਨ ਗਾਂਧੀ ਨੇ ਦੱਸਿਆ ਕਿ ਹਿਊਮਨ ਇੰਪਾਵਰਮੈਂਟ ਸੁਸਾਇਟੀ ਆਫ ਇੰਡੀਆ ਇੱਕ ਰਾਸ਼ਟਰ ਪਧਰੀ ਸੰਗਠਨ ਹੈ, ਜਿਹੜਾ ਸਮਾਜ ਵਿੱਚ ਸਿੱਖਿਆ, ਭ੍ਰਿਸ਼ਟਾਚਾਰ ਵਿਰੁੱਧ ਜਾਗਰੂਕਤਾ ਪੈਦਾ ਕਰਨ ਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ, ਮਹਿਲਾਵਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨ, ਵਾਤਾਵਰਨ ਨੂੰ ਬਚਾਉਣ ਲਈ ਜਾਗਰੂਕ ਕਰਨ ਤੇ ਜ਼ਰੂਰਤਮੰਦ ਬੱਚਿਆਂ ਦੀ ਸਹਾਇਤਾ ਕਰਨ ਦੀ ਦੇਸ਼ ਵਿਆਪੀ ਮੁਹਿੰਮ ਚਲਾਉਣ ਲਈ ਵਚਨਬੱਧ ਹੈ।ਇਸ ਮੌਕੇ ਖੱਤਰੀ ਸਭਾ ਚੇਅਰਮੈਨ ਵਿਜੇ ਧੀਰ ਐਡਵੋਕੇਟ ਤੇ ਪ੍ਰਧਾਨ ਡਾ. ਐੱਮ ਐੱਲ ਜੈਦਕਾ ਨੇ ਕਿਹਾ ਕਿ ਰਮਨ ਗਾਂਧੀ ਤੇ ਖੱਤਰੀ ਸਮਾਜ ਨੂੰ ਮਾਣ ਹੈ ਕਿ ਜਿਨ੍ਹਾਂ ਸਮਾਜ ਸੇਵਾ ਦੇ ਇਸ ਪਵਿੱਤਰ ਕਾਰਜ ਦੀ ਜ਼ਿੰਮੇਵਾਰੀ ਚੁੱਕੀ ਹੈ। ਇਸ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਬਲਜਿੰਦਰ ਸਿੰਘ ਸਹਿਗਲ ਜਨਰਲ ਸੈਕਟਰੀ, ਨਿਸ਼ੀ ਰਕੇਸ਼ ਵਿੱਜ ਸੀਨੀਅਰ ਮੀਤ ਪ੍ਰਧਾਨ, ਸੁਸ਼ੀਲ ਸਿਆਲ ਕਨਵੀਨਰ ਖੱਤਰੀ ਮੈਰਿਜ ਬਿਊਰੋ, ਸੰਜੀਵ ਕੌੜਾ ਸਕੱਤਰ, ਪ੍ਰਦੀਪ ਭੰਡਾਰੀ ਸੀਨੀਅਰ ਵਾਈਸ ਪ੍ਰਧਾਨ, ਸਰਬਜੀਤ ਮੈਂਗੀ ਵਿੱਤ ਸਕੱਤਰ, ਸੁਮਨ ਕਾਂਤ ਵਿਜ ਚੀਫ ਐਡਵਾਈਜ਼ਰ, ਨਰੇਸ਼ ਧੀਰ ਸਲਾਹਕਾਰ, ਜਗਜੀਵਨ ਕੌੜਾ ਸਲਾਹਕਾਰ, ਰਕੇਸ਼ ਬੁੱਗੀ ਚੀਫ ਐਡਵਾਈਜ਼ਰ, ਰਮਨ ਗਾਂਧੀ ਜ਼ਿਲ੍ਹਾ ਮੀਤ ਪ੍ਰਧਾਨ ਖੱਤਰੀ ਮਹਾਂਸਭਾ ਪੰਜਾਬ ਜਸਵੰਤ ਦਾਨੀ ਸੂਬਾ ਮੀਤ ਪ੍ਰਧਾਨ ਖੱਤਰੀ ਮਹਾਂਸਭਾ ਪੰਜਾਬ ਹਾਜ਼ਰ ਸਨ।

# ਸੜਕ ਹਾਦਸੇ 'ਚ ਸਕੂਟਰ ਸਵਾਰ ਜ਼ਖ਼ਮੀ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਪਿੰਡ ਸੌਂਢਾ ਨੇੜੇ ਵਾਪਰੇ ਇੱਕ ਸੜਕ ਹਾਦਸੇ ਵਿੱਚ ਇੱਕ ਸਕੂਟਰ ਸਵਾਰ ਦੇ ਜ਼ਖ਼ਮੀ ਹੋ ਜਾਣ ਦਾ ਸਮਾਚਾਰ ਹੈ।ਜਾਣਕਾਰੀ ਅਨੁਸਾਰ ਹਰਵਿੰਦਰ ਸਿੰਘ ਵਾਸੀ ਪਿੰਡ ਬਾਹੋਮਾਜਰਾ ਆਪਣੇ ਸਕੂਟਰ ਤੇ ਪਿੰਡ ਸੌਂਢਾ ਨੇੜਿਓਂ ਲੰਘ ਰਿਹਾ ਸੀ ਤਾਂ ਇੱਕ ਤੇਜ਼ ਰਫ਼ਤਾਰ ਕਾਰ ਨੇ ਉਸ ਨੂੰ ਫੇਟ ਮਾਰ ਦਿੱਤੀ, ਜਿਸ ਕਾਰਨ ਸੜਕ 'ਤੇ ਜਾ ਡਿੱਗੇ ਹਰਵਿੰਦਰ ਸਿੰਘ ਦੀ ਲੱਤ ਟੁੱਟ ਗਈ। ਹਰਵਿੰਦਰ ਸਿੰਘ ਦੇ ਬਿਆਨਾਂ ਤੇ ਨਾਮਾਲੂਮ ਕਾਰ ਚਾਲਕ ਖ਼ਿਲਾਫ਼ ਕੇਸ ਦਰਜ ਕਰਕੇ ਥਾਣਾ ਸਰਹਿੰਦ ਦੀ ਪੁਲਿਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

# ਵਾਰਡ ਨੰਬਰ 11 ਤੋਂ ਸਲਦੀ ਦੇ ਚੋਣ ਪ੍ਰਚਾਰ ਨੇ ਫੜਿਆ ਜ਼ੋਰ

**ਭਵਾਨੀਗੜ੍ਹ (ਰਾਜ ਖੁਰਮੀ)** : ਸਥਾਨਕ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਸਿਆਸੀ ਮਾਹੌਲ ਲਗਾਤਾਰ ਗਰਮਾਉਂਦਾ ਜਾ ਰਿਹਾ ਹੈ।ਇਸੇ ਤਹਿਤ ਸ਼੍ਰੋਮਣੀ ਅਕਾਲੀ ਦਲ ਵੱਲੋਂ ਵਾਰਡ ਨੰਬਰ 11 ਤੋਂ ਸੁਦਰਸ਼ਨ ਕੁਮਾਰ ਸਲਦੀ ਨੂੰ ਆਪਣਾ ਅਧਿਕਾਰਕ ਉਮੀਦਵਾਰ ਐਲਾਨਿਆ ਗਿਆ ਹੈ।ਟਿਕਟ ਮਿਲਣ ਤੋਂ ਬਾਅਦ ਵਰਕਰਾਂ ਤੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ ਅਤੇ ਚੋਣ ਪ੍ਰਚਾਰ ਵੀ ਤੇਜ਼ ਹੋ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਾਬਕਾ ਐੱਮਸੀ ਤੇ ਸਾਬਕਾ ਸ਼ਹਿਰੀ ਪ੍ਰਧਾਨ ਰਵਿੰਦਰ ਸਿੰਘ ਠੇਕੇਦਾਰ ਨੇ ਦੱਸਿਆ ਕਿ ਪਾਰਟੀ ਹਾਈਕਮਾਨ ਵੱਲੋਂ ਉਨ੍ਹਾਂ ਸਮੇਤ ਭੁਪਿੰਦਰ ਪਾਲ ਸਿੰਘ ਤੇ ਦਲਜੀਤ ਸਿੰਘ ਨੂੰ ਸੁਦਰਸ਼ਨ ਕੁਮਾਰ ਸਲਦੀ ਦੇ ਹੱਕ ਵਿੱਚ ਚੋਣ ਪ੍ਰਚਾਰ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।ਉਨ੍ਹਾਂ ਕਿਹਾ ਕਿ ਪਾਰਟੀ ਦੇ ਸੀਨੀਅਰ ਆਗੂਆਂ ਤੇ ਵਰਕਰਾਂ ਦੀ ਸਾਂਝੀ ਮਿਹਨਤ ਨਾਲ ਵਾਰਡ ਨੰਬਰ 11 ਵਿੱਚ ਸ਼੍ਰੋਮਣੀ ਅਕਾਲੀ ਦਲ ਮਜ਼ਬੂਤ ਸਥਿਤੀ ਵਿੱਚ ਹੈ।ਰਵਿੰਦਰ ਸਿੰਘ ਠੇਕੇਦਾਰ ਨੇ ਕਿਹਾ ਕਿ ਸੁਦਰਸ਼ਨ ਕੁਮਾਰ ਸਲਦੀ ਇੱਕ ਮਿਹਨਤੀ ਤੇ ਲੋਕਾਂ ਨਾਲ ਜੁੜੇ ਹੋਏ ਉਮੀਦਵਾਰ ਹਨ, ਜਿਨ੍ਹਾਂ ਨੂੰ ਇਲਾਕੇ ਦੇ ਲੋਕਾਂ ਦਾ ਭਰਪੂਰ ਸਹਿਯੋਗ ਮਿਲ ਰਿਹਾ ਹੈ।ਉਨ੍ਹਾਂ ਦਾਅਵਾ ਕੀਤਾ ਕਿ ਵਾਰਡ ਦੇ ਵਿਕਾਸ, ਸਫਾਈ, ਸੀਵਰੇਜ ਤੇ ਬੁਨਿਆਦੀ ਸਹੂਲਤਾਂ ਨੂੰ ਮੁੱਖ ਮੁੱਦਾ ਬਣਾ ਕੇ ਚੋਣ ਲੜੀ ਜਾ ਰਹੀ ਹੈ।ਉਨ੍ਹਾਂ ਹੋਰ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਪਾਰਟੀ ਵੱਲੋਂ ਘਰ-ਘਰ ਜਾ ਕੇ ਲੋਕਾਂ ਨਾਲ ਸੰਪਰਕ ਕੀਤਾ ਜਾਵੇਗਾ ਤੇ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਤੋਂ ਜਾਣੂ ਕਰਵਾਇਆ ਜਾਵੇਗਾ।ਵਰਕਰਾਂ ਵਿੱਚ ਪੂਰਾ ਉਤਸ਼ਾਹ ਹੈ ਤੇ ਪਾਰਟੀ ਨੂੰ ਵੱਡੀ ਜਿੱਤ ਦੀ ਉਮੀਦ ਹੈ।



# ਲੁੱਟਾਂ-ਖੋਹਾਂ ਕਰਨ ਵਾਲੇ ਸਰਗਰਮ ਗਰੋਹ ਦੇ 5 ਮੈਂਬਰ ਹਥਿਆਰਾਂ ਸਮੇਤ ਕਾਬੂ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)** : ਡਾ. ਪ੍ਰਗਿਆ ਜੈਨ (ਆਈ.ਪੀ.ਐਸ.), ਐੱਸ.ਐੱਸ.ਪੀ ਫਰੀਦਕੋਟ ਦੀ ਅਗਵਾਈ ਹੇਠ ਜ਼ਿਲ੍ਹਾ ਪੁਲਸ ਵੱਲੋਂ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਇੱਕ ਵੱਡੀ ਸਫ਼ਲਤਾ ਹਾਸਲ ਹੋਈ ਹੈ।ਸ੍ਰੀ ਜੋਗੇਸ਼ਵਰ ਸਿੰਘ ਗੋਰਾਇਆ, ਐੱਸ.ਪੀ (ਇੰਨਵੈਸਟੀਗੇਸ਼ਨ) ਦੀ ਰਹਿਨੁਮਾਈ ਤੇ ਸ੍ਰੀ ਤਰਲੋਚਨ ਸਿੰਘ ਡੀ.ਐੱਸ.ਪੀ (ਸਬ-ਡਵੀਜ਼ਨ) ਫਰੀਦਕੋਟ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਾਰਵਾਈ ਕਰਦਿਆਂ ਪੁਲਸ ਨੇ ਚੋਰੀ ਤੇ ਲੁੱਟ-ਖੋਹ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਇੱਕ ਸਰਗਰਮ ਗਰੋਹ ਦੇ 5 ਮੈਂਬਰਾਂ ਨੂੰ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ।ਪੁਲਸ ਵੱਲੋਂ ਕਾਬੂ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਸਰਬਜੀਤ ਸਿੰਘ ਉਰਫ਼ ਬੱਬਲੂ (ਵਾਸੀ ਮਾਈ ਗੋਦੜੀ ਸਾਹਿਬ, ਫਰੀਦਕੋਟ), ਰਾਹੁਲ ਉਰਫ਼ ਕਾਲਾ (ਵਾਸੀ ਮਾਈ ਗੋਦੜੀ ਸਾਹਿਬ, ਫਰੀਦਕੋਟ), ਸੋਨੂੰ ਸਿੰਘ (ਵਾਸੀ ਭੋਲੂ ਵਾਲਾ ਰੋਡ, ਫਰੀਦਕੋਟ), ਖੁਸ਼ਦੀਪ ਸਿੰਘ ਉਰਫ਼ ਲਵਲੀ (ਵਾਸੀ ਪਿੰਡ ਪਿੱਪਲੀ, ਫਰੀਦਕੋਟ) ਤੇ ਗੁਰਜੀਤ ਸਿੰਘ (ਵਾਸੀ ਪਿੰਡ ਭਾਣਾ, ਜ਼ਿਲ੍ਹਾ ਫਰੀਦਕੋਟ) ਵਜੋਂ ਹੋਈ ਹੈ। ਜਾਣਕਾਰੀ ਮੁਤਾਬਿਕ ਥਾਣਾ ਸਿਟੀ-2 ਫਰੀਦਕੋਟ ਵਿਖੇ ਤਾਇਨਾਤ ਸਹਾਇਕ ਥਾਣੇਦਾਰ ਗੁਰਜੀਤ ਸਿੰਘ ਪੁਲਸ ਪਾਰਟੀ ਸਮੇਤ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਤੇ



ਗਸ਼ਤ ਦੇ ਸਬੰਧ ਵਿੱਚ ਇਲਾਕੇ ਵਿੱਚ ਮੌਜੂਦ ਸਨ।ਇਸ ਦੌਰਾਨ ਉਨ੍ਹਾਂ ਨੂੰ ਮੁਖ਼ਬਰ ਖ਼ਾਸ ਤੋਂ ਸੂਚਨਾ ਮਿਲੀ ਕਿ ਉਕਤ ਮੁਲਜ਼ਮ ਮਾਰੂ ਹਥਿਆਰਾਂ ਨਾਲ ਰਾਹਗੀਰਾਂ ਨੂੰ ਲੁੱਟਣ ਦੀ ਤਾਕ ਵਿੱਚ ਹਨ।ਪੁਲਸ ਪਾਰਟੀ ਨੇ ਮੁਸਤੈਦੀ ਦਿਖਾਉਂਦੇ ਹੋਏ ਤੁਰੰਤ ਜਹਾਜ ਗਰਾਊਂਡ ਫਰੀਦਕੋਟ ਨਜ਼ਦੀਕ ਛਾਪੇਮਾਰੀ ਕਰਕੇ ਪੰਜੇ ਮੁਲਜ਼ਮਾਂ ਨੂੰ ਕਾਬੂ ਕਰ ਲਿਆ।ਮੌਕੇ ਤੋਂ ਮੁਲਜ਼ਮਾਂ ਕੋਲੋਂ 01 ਕ੍ਰਿਪਾਨ, 01 ਕੁਹਾੜੀ, 01 ਟੋਕਾ, 02 ਲੱਕੜੀ ਦੇ ਦਸਤੇ ਤੇ ਚੋਰੀਸ਼ੁਦਾ 06 ਵੱਡੀਆਂ ਦੇਗੇ (ਬਰਤਨ) ਬਰਾਮਦ ਕੀਤੇ ਗਏ। ਮੁੱਢਲੀ ਪੁੱਛਗਿੱਛ ਦੌਰਾਨ ਮੁਲਜ਼ਮਾਂ ਨੇ ਮੰਨਿਆ ਕਿ ਬਰਾਮਦ ਕੀਤੀਆਂ 06 ਦੇਗੇ ਉਨ੍ਹਾਂ ਨੇ 17-18 ਮਈ ਦੀ ਦਰਮਿਆਨੀ ਰਾਤ ਨੂੰ 'ਅਮਰ ਆਸ਼ਰਮ' ਵਿੱਚੋਂ ਚੋਰੀ ਕੀਤੀਆਂ ਸਨ।ਇਸ ਤੋਂ ਇਲਾਵਾ ਗਰੋਹ ਦੇ ਮੈਂਬਰਾਂ ਸਰਬਜੀਤ ਸਿੰਘ ਬੱਬਲੂ ਤੇ ਰਾਹੁਲ ਕਾਲਾ ਨੇ 16 ਮਈ ਦੀ ਰਾਤ ਨੂੰ ਡੋਗਰ ਬਸਤੀ ਸਥਿਤ ਇੱਕ ਘਰ ਵਿੱਚ ਵੀ ਚੋਰੀ ਦੀ ਵੱਡੀ ਵਾਰਦਾਤ ਨੂੰ ਅੰਜਾਮ ਦਿੱਤਾ ਸੀ।ਪੁਲਸ ਮੁਤਾਬਿਕ ਫੜੇ ਗਏ ਮੁਲਜ਼ਮ ਪੇਸ਼ੇਵਰ ਅਪਰਾਧੀ ਹਨ।ਇਨ੍ਹਾਂ ਖ਼ਿਲਾਫ਼ ਪਹਿਲਾਂ ਵੀ ਚੋਰੀ, ਸੰਗਠਿਤ ਅਪਰਾਧ ਤੇ ਹੋਰ ਸੰਗੀਨ ਧਾਰਾਵਾਂ ਤਹਿਤ ਕੁੱਲ 06 ਮੁਕੱਦਮੇ ਦਰਜ ਹਨ।ਹੁਣ ਇਸ ਤਾਜ਼ਾ ਮਾਮਲੇ ਵਿੱਚ ਥਾਣਾ ਸਿਟੀ-2 ਫਰੀਦਕੋਟ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।ਪੁਲਸ ਪ੍ਰਸ਼ਾਸਨ ਅਨੁਸਾਰ ਮੁਲਜ਼ਮਾਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ ਅਤੇ ਲੁੱਟ-ਖੋਹ ਦੀਆਂ ਕਈ ਹੋਰ ਵਾਰਦਾਤਾਂ ਟਰੇਸ ਹੋਣ ਦੀ ਸੰਭਾਵਨਾ ਹੈ।

# ਨਸ਼ਾ ਤਸਕਰ ਦੀ 5.46 ਕਰੋੜ ਤੋਂ ਵੱਧ ਦੀ ਜਾਇਦਾਦ ਜ਼ਬਤ

**ਨਸ਼ਾ ਸੌਦਾਗਰਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ : ਡੀ ਐੱਸ ਪੀ**

**ਮੋਗਾ (ਇਕਬਾਲ ਸਿੰਘ ਖਹਿਰਾ)**- ਪੰਜਾਬ ਸਰਕਾਰ ਤੇ ਪੰਜਾਬ ਪੁਲਸ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਵਿੱਢੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਮੋਗਾ ਪੁਲਸ ਨੂੰ ਵੱਡੀ ਕਾਮਯਾਬੀ ਮਿਲੀ ਹੈ। ਡਾਇਰੈਕਟਰ ਜਨਰਲ ਪੁਲਸ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਐਸ.ਐਸ.ਪੀ. ਮੋਗਾ



ਸਰਤਾਜ ਸਿੰਘ ਚਾਹਲ ਦੀ ਰਹਿਨੁਮਾਈ ਹੇਠ ਮੋਗਾ ਪੁਲਸ ਵੱਲੋਂ ਐੱਨ.ਡੀ.ਪੀ.ਐੱਸ. ਐਕਟ ਅਧੀਨ ਕਾਰਵਾਈ ਕਰਦਿਆਂ ਇੱਕ ਨਸ਼ਾ ਤਸਕਰ ਦੀ ਕਰੋੜਾਂ ਰੁਪਏ ਦੀ ਜਾਇਦਾਦ ਜ਼ਬਤ ਕੀਤੀ ਗਈ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ.ਐੱਸ.ਪੀ. ਸੁਖਵਿੰਦਰ ਸਿੰਘ ਬਰਾੜ ਨੇ ਕਿਹਾ ਕਿ ਪੰਜਾਬ ਪੁਲਸ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਸ਼ਿਕੰਜਾ ਕਸਦਿਆਂ ਨੌਜਵਾਨਾਂ ਦੀ ਜ਼ਿੰਦਗੀ ਨਾਲ ਖਿਲਵਾੜ ਕਰਨ ਵਾਲੇ ਕਿਸੇ ਵੀ ਨਸ਼ਿਆਂ ਦੇ ਸੌਦਾਗਰਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ।ਉਨ੍ਹਾਂ ਕਿਹਾ ਕਿ ਜੋ ਲੋਕ ਨਸ਼ਾ ਤਸਕਰੀ ਰਾਹੀਂ ਗੈਰ-ਕਾਨੂੰਨੀ ਜਾਇਦਾਦ ਬਣਾਉਂਦੇ ਹਨ, ਉਨ੍ਹਾਂ ਦੀ ਸੰਪਤੀ ਕਾਨੂੰਨ ਅਨੁਸਾਰ ਜ਼ਬਤ ਕੀਤੀ ਜਾਵੇਗੀ।ਇਸ ਮੌਕੇ ਐੱਸ.ਐੱਚ.ਓ. ਕੋਟ ਈਸੇ ਖਾਂ ਸੁਨੀਤਾ ਬਾਵਾ ਨੇ ਦੱਸਿਆ ਕਿ ਥਾਣਾ ਕੋਟ ਈਸੇ ਖਾਂ ਮੁਕੱਦਮਾ ਨੰਬਰ 286 ਮਿਤੀ 27-12-2025 ਅਧੀਨ ਧਾਰਾ 21, 25, 29, 61, 85 ਐਨ.ਡੀ.ਪੀ.ਐਸ ਐਕਟ ਤਹਿਤ ਜੰਡ ਸਿੰਘ ਪੁੱਤਰ ਬਾਜ ਸਿੰਘ ਵਾਸੀ ਦੌਲੇਵਾਲਾ, ਕੋਟ ਈਸੇ ਖਾਂ, ਜ਼ਿਲ੍ਹਾ ਮੋਗਾ ਖ਼ਿਲਾਫ਼ ਕਾਰਵਾਈ ਕੀਤੀ ਗਈ ਸੀ।ਜਾਂਚ ਦੌਰਾਨ ਸਾਹਮਣੇ ਆਇਆ ਕਿ ਉਕਤ ਵਿਅਕਤੀ ਵੱਲੋਂ ਨਸ਼ਾ ਤਸਕਰੀ ਰਾਹੀਂ ਗੈਰ-ਕਾਨੂੰਨੀ ਢੰਗ ਨਾਲ ਜਾਇਦਾਦ ਬਣਾਈ ਗਈ ਹੈ।ਪੁਲਸ ਵੱਲੋਂ ਕੀਤੀ ਗਈ ਪੜਤਾਲ ਅਤੇ ਵਿੱਤੀ ਜਾਂਚ ਦੇ ਆਧਾਰ 'ਤੇ ਦੋਸ਼ੀ ਦੀ ਕੁੱਲ 5,46,47,500 ਰੁਪਏ ਮੁੱਲ ਦੀ ਸੰਪਤੀ ਨੂੰ ਐਨ.ਡੀ.ਪੀ.ਐਸ ਐਕਟ ਦੀ ਧਾਰਾ 68 (ਐਫ) ਤਹਿਤ ਜ਼ਬਤ ਕੀਤਾ ਗਿਆ ਹੈ।ਜ਼ਬਤ ਕੀਤੀ ਗਈ ਸੰਪਤੀ ਵਿੱਚ ਰਿਹਾਇਸ਼ੀ ਮਕਾਨ, ਖੇਤੀਬਾੜੀ ਜ਼ਮੀਨ ਤੇ ਲਗਜ਼ਰੀ ਵਾਹਨ ਸ਼ਾਮਲ ਹਨ।

# ਮਜ਼ਦੂਰ ਵਿਰੋਧੀ ਨੀਤੀਆਂ ਖ਼ਿਲਾਫ਼ ਨਰੇਗਾ ਵਰਕਰਾਂ ਦਾ ਮੋਹਾਲੀ ਰੈਲੀ ਲਈ ਜੱਥਾ ਰਵਾਨਾ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** : ਨਰੇਗਾ ਮਜ਼ਦੂਰਾਂ, ਖੇਤ ਮਜ਼ਦੂਰਾਂ ਤੇ ਹੋਰਨਾਂ ਵੱਖ-ਵੱਖ ਖੇਤਰਾਂ ਵਿੱਚ ਕੰਮ ਕਰਦੇ ਕਿਰਤੀਆਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ (ਏਟਕ) ਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (1680 ਸੈਕਟਰ 22-ਬੀ, ਚੰਡੀਗੜ੍ਹ) ਵੱਲੋਂ ਲੇਬਰ



ਭਵਨ ਮੋਹਾਲੀ ਵਿਖੇ ਇੱਕ ਵਿਸ਼ਾਲ ਸੂਬਾ ਪੱਧਰੀ ਰੈਲੀ ਕੀਤੀ ਗਈ।ਇਸੇ ਸੂਬਾ ਪੱਧਰੀ ਰੈਲੀ ਵਿੱਚ ਸ਼ਮੂਲੀਅਤ ਕਰਨ ਲਈ ਫ਼ਰੀਦਕੋਟ ਜ਼ਿਲ੍ਹੇ ਦੇ ਨਰੇਗਾ ਮਜ਼ਦੂਰਾਂ ਦਾ ਇੱਕ ਵੱਡਾ ਜੱਥਾ ਸਥਾਨਕ ਸ਼ਹੀਦ ਕਾਮਰੇਡ ਅਮੋਲਕ ਸਿੰਘ ਭਵਨ ਤੋਂ ਕਾਮਰੇਡ ਵੀਰ ਸਿੰਘ ਕੰਮੇਆਣਾ ਦੀ ਅਗਵਾਈ ਹੇਠ ਮੋਹਾਲੀ ਲਈ ਰਵਾਨਾ ਹੋਇਆ।ਰਵਾਨਗੀ ਸਮੇਂ ਮਜ਼ਦੂਰਾਂ ਤੇ ਮੁਲਾਜ਼ਮ ਆਗੂਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਭਗਵੰਤ ਮਾਨ ਸਰਕਾਰ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਮਜ਼ਦੂਰ ਵਿਰੋਧੀ ਨੀਤੀਆਂ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ।ਉਨ੍ਹਾਂ ਪੰਜਾਬ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਕਿ ਨਰੇਗਾ ਮਜ਼ਦੂਰਾਂ, ਖੇਤ ਮਜ਼ਦੂਰਾਂ ਤੇ ਸਮੂਹ ਕਿਰਤੀਆਂ ਦੇ ਲੰਮੇ ਸਮੇਂ ਤੋਂ ਲਮਕਦੇ ਆ ਰਹੇ ਸਾਰੇ ਮਸਲੇ ਤੇ ਮੰਗਾਂ ਤੁਰੰਤ ਹੱਲ ਕੀਤੀਆਂ ਜਾਣ, ਨਹੀਂ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੁਲਾਜ਼ਮ ਆਗੂ ਬਲਕਾਰ ਸਿੰਘ ਸਹੋਤਾ (ਜਨਰਲ ਸਕੱਤਰ, ਕਲਾਸ ਫ਼ੋਰ ਗੌਰਮਿੰਟ ਇੰਪਲਾਈਜ਼ ਯੂਨੀਅਨ, ਜ਼ਿਲ੍ਹਾ ਫ਼ਰੀਦਕੋਟ), ਨਰੇਗਾ ਮਜ਼ਦੂਰ ਆਗੂ ਗੋਰਾ ਪਿਪਲੀ, ਸੁਖਮਿੰਦਰ ਸਿੰਘ ਢੁੱਡੀ, ਨੱਥਾ ਸਿੰਘ ਅਰਾਈਆਂ ਵਾਲਾ ਕਲਾਂ, ਗੁਰਜੰਟ ਸਿੰਘ ਨਵਾਂ ਕਿਲਾ, ਬੱਗਾ ਸਿੰਘ, ਠਾਕੁਰ ਸਿੰਘ, ਮੇਟ ਲਵਪ੍ਰੀਤ ਕੌਰ ਪਿਪਲੀ, ਮੇਟ ਕੁਲਦੀਪ ਕੌਰ ਕੋਟ ਸੁਖੀਆ, ਮੇਟ ਸਰਬਜੀਤ ਕੌਰ ਚੰਦ ਬਾਜਾ, ਮੇਟ ਗੁਰਪ੍ਰੀਤ ਕੌਰ ਕੋਟ ਸੁਖੀਆ, ਮੇਟ ਵੀਰਪਾਲ ਕੌਰ, ਕਿਰਨਦੀਪ ਕੌਰ, ਜਸਵਿੰਦਰ ਕੌਰ, ਮਹਿੰਦਰ ਸਿੰਘ ਅਤੇ ਕੇਵਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਨਰੇਗਾ ਵਰਕਰ ਹਾਜ਼ਰ ਸਨ।

# ਨਗਰ ਕੌਂਸਲ ਪਾਤੜਾਂ ਲਈ 'ਆਪ' ਦੇ ਚਾਰ ਉਮੀਦਵਾਰ ਬਿਨਾਂ ਮੁਕਾਬਲਾ ਜੇਤੂ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** : ਨਗਰ ਕੌਂਸਲ ਪਾਤੜਾਂ ਦੀਆਂ ਹੋਣ ਜਾ ਰਹੀਆਂ ਚੋਣਾਂ ਨੂੰ ਲੈ ਕੇ ਨਾਮਜ਼ਦਗੀਆਂ ਪੱਤਰਾਂ ਦੀ ਵਾਪਸੀ ਮਗਰੋਂ ਚਾਰ ਵਾਰਡਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਬਿਨਾਂ ਮੁਕਾਬਲਾ ਜੇਤੂ ਹੋ ਗਏ ਹਨ।ਨਾਮਜ਼ਦਗੀ ਪੱਤਰਾਂ ਦੀ ਵਾਪਸੀ ਮਗਰੋਂ ਹੁਣ 13 ਵਾਰਡਾਂ ਲਈ ਹੋਣ ਵਾਲੀ ਚੋਣ ਲਈ ਕੁੱਲ 57 ਉਮੀਦਵਾਰ ਚੋਣ ਮੈਦਾਨ ਵਿੱਚ ਬਾਕੀ ਰਹਿ ਗਏ ਹਨ।ਇਸ ਦੌਰਾਨ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਬਿਨਾਂ ਮੁਕਾਬਲਾ ਜੇਤੂ ਰਹੇ ਆਪ ਉਮੀਦਵਾਰਾਂ ਨੂੰ ਮੁਬਾਰਕਬਾਦ ਦਿੰਦਿਆਂ ਇਸ ਜਿੱਤ ਨੂੰ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਉੱਤੇ ਮੋਹਰ ਦੱਸਿਆ ਹੈ। ਜਾਣਕਾਰੀ ਅਨੁਸਾਰ ਨਗਰ ਕੌਂਸਲ ਪਾਤੜਾਂ ਦੇ ਪੱਛੜੀਆਂ ਸ਼੍ਰੇਣੀਆਂ ਲਈ ਰਾਖਵੇਂ ਵਾਰਡ ਨੰਬਰ ਇੱਕ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਕੁਲਦੀਪ ਸਿੰਘ ਥਿੰਦ, ਵਾਰਡ ਨੰਬਰ ਚਾਰ (ਜਰਨਲ) ਤੋਂ ਆਪ ਉਮੀਦਵਾਰ ਅੰਮ੍ਰਿਤ ਪਾਲ ਸਿੰਘ ਕਾਲੇਕਾ, ਵਾਰਡ ਨੰਬਰ 12 (ਜਰਨਲ) ਤੋਂ ਆਪ ਉਮੀਦਵਾਰ ਅਨੁਵਿੰਦਰ ਸਿੰਘ ਕਰਮਾ ਤੇ (ਇਸਤਰੀਆਂ ਲਈ ਰਾਖਵੇਂ) ਵਾਰਡ ਨੰਬਰ 17 ਆਮ ਆਦਮੀ ਪਾਰਟੀ ਦੇ ਉਮੀਦਵਾਰ ਰਾਜਵਿੰਦਰ ਕੌਰ ਬਿਨਾਂ ਮੁਕਾਬਲਾ ਜੇਤੂ ਰਹੇ ਹਨ।ਇਸ ਦੌਰਾਨ ਐੱਸਡੀਐੱਮ ਕਾਲਾ ਰਾਮ ਕਾਂਸਲ ਨੇ ਦੱਸਿਆ ਕਿ 17 ਵਾਰਡਾਂ ਲਈ ਹੋ ਰਹੀ ਚੋਣ ਲਈ ਕੁੱਲ 84 ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ ਸਨ, ਜਿਨਾਂ ਵਿੱਚੋਂ 10 ਉਮੀਦਵਾਰ ਦੇ ਨਾਮਜ਼ਦਗੀ ਪੱਤਰ ਪੜਤਾਲ ਦੌਰਾਨ ਰੱਦ ਹੋ ਗਏ ਸੀ ਤੇ 13 ਉਮੀਦਵਾਰਾਂ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਵਾਪਸ ਲੈ ਲਏ ਗਏ ਅਤੇ ਚਾਰ ਉਮੀਦਵਾਰ ਬਿਨਾਂ ਮੁਕਾਬਲਾ ਚੁਣੇ ਜਾਣ ਮਗਰੋਂ ਹੁਣ 26 ਮਈ ਨੂੰ ਹੋਣ ਵਾਲੀ ਚੋਣ ਲਈ 13 ਵਾਰਡਾਂ ਤੋਂ ਕੁੱਲ 57 ਉਮੀਦਵਾਰ ਚੋਣ ਮੈਦਾਨ ਵਿੱਚ ਬਾਕੀ ਰਹਿ ਗਏ ਹਨ।ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਸ਼ਾਂਤਮਈ ਤੇ ਨਿਰਵਿਘਨ ਚੋਣਾਂ ਕਰਵਾਉਣ ਲਈ ਪ੍ਰਬੰਧ ਪੂਰੀ ਤਰ੍ਹਾਂ ਮੁਕੰਮਲ ਕੀਤੇ ਗਏ ਹਨ।

# ਮਿਮਿਟ 'ਚ ਦਾਖ਼ਲਾ ਲੈਣ ਲਈ ਵਿਦਿਆਰਥੀਆਂ 'ਚ ਭਾਰੀ ਉਤਸ਼ਾਹ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**- ਪੰਜਾਬ ਸਰਕਾਰ ਦੁਆਰਾ ਸਥਾਪਤ ਸੰਸਥਾ ਮਲੋਟ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਇਨਫੋਰਮੇਸ਼ਨ ਟੈਕਨੋਲੋਜੀ (ਮਿਮਿਟ) ਮਲੋਟ ਵਿਦਿਆਰਥੀਆਂ ਨੂੰ ਉੱਜਵਲ ਭਵਿੱਖ ਲਈ ਹਮੇਸ਼ਾ ਹੀ ਕਾਰਜ ਕਰਦੀ ਆਈ ਹੈ, ਜਿਸ ਕਾਰਨ ਇੱਥੋਂ ਦੇ ਵਿਦਿਆਰਥੀ ਦੇਸ਼ ਵਿਦੇਸ਼ ਦੀਆਂ ਨਾਮੀ ਕੰਪਨੀਆਂ ਤੇ ਸਰਕਾਰ ਦੇ ਉੱਚ ਅਹੁਦਿਆਂ ਉੱਪਰ ਆਪਣੀਆਂ ਸੇਵਾਵਾਂ ਦੇ ਰਹੇ ਹਨ। ਅੱਜ ਇੱਕ ਸਾਂਝੀ ਵਾਰਤਾ ਦੌਰਾਨ ਸੰਸਥਾ ਦੇ ਡਾਇਰੈਕਟਰ ਪ੍ਰੋਫੈਸਰ ਡਾ. ਅਸ਼ਵਨੀ ਬਾਂਸਲ ਤੇ ਡੀਨ ਅਕੈਡਮਿਕ ਪ੍ਰੋਫੈਸਰ ਡਾ. ਹਰਮਿੰਦਰ ਸਿੰਘ ਬਿੰਦਰਾ ਨੇ ਦੱਸਿਆ ਕਿ ਮਿਮਿਟ ਵਿੱਚ ਦਾਖਲਾ ਲੈਣ ਲਈ ਰਜਿਸਟਰੇਸ਼ਨ ਸ਼ੁਰੂ ਹੋ ਚੁੱਕੀ ਹੈ।ਜਿੱਥੇ ਵਿਦਿਆਰਥੀ ਬੀ. ਟੈਕ, ਐੱਮਬੀਏ, ਬੀ ਸੀ ਏ, ਬੀ ਬੀ ਏ, ਬੀ. ਕੌਮ, ਬੀ.ਐੱਸ.ਸੀ (ਨਾਨ-ਮੈਡੀਕਲ), ਪੀ ਜੀ ਡੀ.ਸੀ.ਏ. ਵਰਗੇ ਕੋਰਸਾਂ ਵਿੱਚ ਦਾਖਲਾ ਲੈ ਕੇ ਆਪਣਾ ਭਵਿੱਖ ਉੱਜਵਲ ਕਰ ਸਕਦੇ ਹਨ, ਉਥੇ ਹੀ ਇਸ ਵਰ੍ਹੇ ਤੋਂ ਮਿਮਿਟ ਵਿੱਚ ਨਵੇਂ ਸ਼ੁਰੂ ਹੋ ਰਹੇ ਕੋਰਸਾਂ ਵਿੱਚ ਵੀ ਆਪਣੀ ਰਜਿਸਟਰੇਸ਼ਨ ਕਰਵਾ ਸਕਦੇ ਹਨ।ਮਿਮਿਟ ਮਲੋਟ ਵਿੱਚ ਇਸ ਵਾਰ ਬੀ. ਟੈਕ ਇਨ ਆਰਟੀਫਿਸ਼ੀਅਲ ਇੰਟੈਲੀਜੈਂਸੀ ਐਂਡ ਮਸ਼ੀਨ ਲਰਨਿੰਗ ਭਾਵ ਏ ਆਈ ਦਾ ਕੋਰਸ ਵੀ ਸ਼ੁਰੂ ਹੋਣ ਜਾ ਰਿਹਾ ਹੈ, ਜਿਸ ਲਈ ਰਜਿਸਟਰੇਸ਼ਨ ਸ਼ੁਰੂ ਹੋ ਚੁੱਕੀ ਹੈ। ਇਸ ਦੇ ਨਾਲ ਹੀ ਮਿਮਿਟ ਵਿਖੇ ਕੰਪਿਊਟਰ ਸਾਇੰਸ ਐਂਡ ਇੰਜੀਨੀਅਰਿੰਗ ਵਿਸ਼ੇ ਵਿੱਚ ਐੱਮ. ਟੈਕ ਦਾ ਕੋਰਸ ਵੀ ਸ਼ੁਰੂ ਹੋ ਗਿਆ ਹੈ, ਜਿਹੜੇ ਵਿਦਿਆਰਥੀ ਆਟੋ ਮੋਬਾਈਲ ਇੰਜੀਨੀਅਰਿੰਗ ਵਿੱਚ ਆਪਣਾ ਭਵਿੱਖ ਬਣਾਉਣਾ ਚਾਹੁੰਦੇ ਹਨ, ਉਹ ਵਿਦਿਆਰਥੀ ਬੀ ਵਾਕ ਇਨ ਆਟੋਮੋਬਾਈਲ ਐਂਡ ਸਰਵਸਿੰਗ ਵਿੱਚ ਦਾਖਲਾ ਲੈ ਕੇ ਆਪਣਾ ਭਵਿੱਖ ਉੱਜਵਲ ਬਣਾ ਸਕਦੇ ਹਨ। ਮਿਮਿਟ ਵਿੱਚ ਜੋ ਆਲ ਇੰਡੀਆ ਕੌਂਸਲ ਆਫ ਟੈਕਨੀਕਲ ਐਜੂਕੇਸ਼ਨ ਵੱਲੋਂ ਨਵੇਂ ਕੋਰਸ ਸ਼ੁਰੂ ਕੀਤੇ ਜਾ ਰਹੇ ਹਨ, ਉਹ ਮਲੋਟ ਤੇ ਇਸ ਦੇ ਨਾਲ ਲੱਗਦੇ ਇਲਾਕਿਆਂ ਵਿੱਚੋਂ ਸਿਰਫ ਮਿਮਿਟ ਵਿਖੇ ਪਹਿਲੀ ਵਾਰ ਸ਼ੁਰੂ ਹੋ ਰਹੇ ਹਨ। ਮਿਮਿਟ ਮਲੋਟ ਵਿਖੇ ਦਾਖਲਾ ਲੈਣ ਲਈ ਰਜਿਸਟਰੇਸ਼ਨ ਕਰਵਾਉਣ ਜਾਂ ਹੋਰ ਵਧੇਰੇ ਜਾਣਕਾਰੀ ਲੈਣ ਲਈ ਸੰਸਥਾ ਦੇ ਨੰਬਰ 98759-50050 ਜਾਂ 98759-50060 ਉੱਪਰ ਸੰਪਰਕ ਕਰ ਸਕਦੇ ਹਨ ਜਾਂ ਫਿਰ ਸੰਸਥਾ ਦੀ ਵੈੱਬਸਾਈਟ www.mimitmalout.ac.in 'ਤੇ ਵੀ ਫਾਰਮ ਭਰ ਸਕਦੇ ਹਨ। ਮਿਮਿਟ ਮਲੋਟ ਵਿੱਚ ਦਾਖਲਾ ਲੈਣ ਲਈ ਵਿਦਿਆਰਥੀਆਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ।



**ਬੀ ਟੈੱਕ ਤੇ ਐੱਮ ਟੈਕ 'ਚ ਵੀ ਰਜਿਸਟਰੇਸ਼ਨ ਸ਼ੁਰੂ**

# ਅਕਾਲੀ ਦਲ ਸਰਕਾਰ ਹਰ ਧੱਕੇਸ਼ਾਹੀ ਦਾ ਜੁਆਬ ਡਟ ਕੇ ਦੇਵੇਗਾ : ਹਮੀਦੀ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਸੂਬਾ ਸਰਕਾਰ ਦੀ ਹਰ ਧੱਕੇਸ਼ਾਹੀ ਦਾ ਜੁਆਬ ਸ਼੍ਰੋਮਣੀ ਅਕਾਲੀ ਦਲ ਡਟ ਕੇ ਦੇਵੇਗਾ। ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਨੇ ਪਿੰਡ ਕਲਾਲ ਮਾਜਰਾ ਵਿਖੇ ਪਾਰਟੀ ਵਰਕਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆ ਕੀਤਾ।ਉਨ੍ਹਾਂ ਕਿਹਾ ਕਿ ਸਮੇਂ ਦੇ ਹਾਕਮਾ ਦੀ ਅੱਖ 'ਚ ਰੜਕਣ ਵਾਲੇ ਨਿਧੜਕ ਆਗੂਆਂ ਉਪਰ ਘਰੇ ਬੈਠਿਆਂ 'ਤੇ ਹੀ ਪਰਚੇ ਦਰਜ ਕਰਕੇ



ਜਮਹੂਰੀਅਤ ਦਾ ਘਾਣ ਕੀਤਾ ਜਾ ਰਿਹਾ ਹੈ।ਅਕਾਲੀ ਆਗੂ ਨੇ ਦੋਸ਼ ਲਗਾਇਆ ਕਿ ਸਰਕਾਰ ਨੇ ਮਸ਼ਹੂਰੀਆਂ ਵਾਸਤੇ ਸਾਢੇ 11 ਕਰੋੜ ਦਾ ਠੇਕਾ ਦਿੱਲੀ ਦੀ ਖਾਸ ਕੰਪਨੀ ਨੂੰ ਦੇ ਦਿੱਤਾ ਹੈ, ਜੋ ਸਰਕਾਰ ਦੇ ਕਾਰਜਕਾਲ ਦੀਆਂ ਪ੍ਰਾਪਤੀਆਂ ਬਾਰੇ ਵਿਸਥਾਰਪੂਰਵਕ ਚਾਨਣਾ ਪਾਉਣਗੇ।ਲੋਕਾਂ ਨੂੰ ਭਰਮਾਉਣ ਦਾ ਯਤਨ ਕੀਤਾ ਜਾਵੇਗਾ।ਸਿਰਫ ਮਸ਼ਹੂਰੀਆਂ ਨਾਲ ਲੋਕਾਂ ਦਾ ਢਿੱਡ ਨਹੀਂ ਭਰਨਾ।ਅਕਾਲੀ ਆਗੂ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਦਸ ਲੱਖ ਦਾ ਮੁਫ਼ਤ ਇਲਾਜ ਸਿਰਫ ਚੋਣ ਸਟੰਟ ਤੋਂ ਸਿਵਾਏ ਹੋਰ ਕੱਖ ਨਹੀਂ ਹੈ।ਜਥੇਦਾਰ ਹਮੀਦੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਨਗਰ ਨਿਗਮ ਚੋਣਾਂ ਦੌਰਾਨ ਰਾਜ ਸਰਕਾਰ ਦੀ ਧੱਕੇਸ਼ਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ, ਜਿਸ ਦਾ ਮੂੰਹ ਤੋੜਵਾ ਜੁਆਬ ਦੇਣ ਲਈ ਤਿਆਰ ਬਰ ਤਿਆਰ ਹਨ।ਸਰਕਾਰ ਦੀਆਂ ਲੋਕ ਦੋਖੀ ਨੀਤੀਆਂ ਤੋਂ ਤੰਗ ਆਏ ਲੋਕ ਇਸ ਵਾਰ ਆਪ ਉਮੀਦਵਾਰਾਂ ਨੂੰ ਮੂੰਹ ਨਹੀਂ ਲਗਾਉਣਗੇ।ਉਨ੍ਹਾਂ ਸਮੂਹ ਲੋਕਾਂ ਸ਼੍ਰੋਮਣੀ ਅਕਾਲੀ ਦਲ ਦੀ ਅਗਵਾਈ ਹੇਠ ਲਾਮਬੰਦ ਹੋ ਕੇ ਪੰਜਾਬ ਸਰਕਾਰ ਦੀ ਬੇਇਨਸਾਫ਼ੀ ਖਿਲਾਫ ਇਕਜੁੱਟ ਹੋਣ ਦਾ ਸੱਦਾ ਦਿੱਤਾ। ਅਕਾਲੀ ਦਲ ਬੀ ਸੀ ਵਿੰਗ ਦੇ ਹਲਕਾ ਪ੍ਰਧਾਨ ਕੁਲਵੰਤ ਸਿੰਘ ਜਗਦੇ ਕੁਰੜ, ਸਾਬਕਾ ਸਰਪੰਚ ਰਛਪਾਲ ਸਿੰਘ ਕਲਾਲ ਮਾਜਰਾ, ਪ੍ਰਧਾਨ ਹਰਜਿੰਦਰ ਸਿੰਘ ਮਾਂਗੇਵਾਲ, ਭਗਵਾਨ ਸਿੰਘ ਮਾਨਾ ਨੇ ਕਿਹਾ ਕਿ ਹਰ ਵਰਗ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਧੁਰੇ ਨਾਲ ਜੋੜਨ ਲਈ ਪਿੰਡ-ਪਿੰਡ ਸੰਪਰਕ ਮੁਹਿੰਮ ਤਹਿਤ ਮੀਟਿੰਗਾਂ ਜਾਰੀ ਹਨ।ਹਰ ਪਾਸਿਓਂ ਭਰਪੂਰ ਸਹਿਯੋਗ ਮਿਲ ਰਿਹਾ ਹੈ। ਇਸ ਮੌਕੇ ਸਾਬਕਾ ਸਰਪੰਚ ਰਛਪਾਲ ਸਿੰਘ ਮੰਡੇਰ, ਜਸਪ੍ਰੀਤ ਸਿੰਘ ਗਿੱਲ, ਤੇਜਪਰਤਾਪ ਸਿੰਘ ਕਲਾਲ ਮਾਜਰਾ ਦੀ ਅਗਵਾਈ ਹੇਠ ਹਲਕਾ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਸਮੇਤ ਵੱਖ-ਵੱਖ ਆਗੂਆਂ ਨੂੰ ਸਨਮਾਨਤ ਕੀਤਾ ਗਿਆ।

# ਲੋਕਤੰਤਰ ਦੀ ਆਵਾਜ਼ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ ਸਰਕਾਰ : ਖਡਿਆਲ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਸੁਨਾਮ ਵਿਖੇ ਹੋਈ ਪ੍ਰੈੱਸ ਕਾਨਫਰੰਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਸ. ਵਿਨਰਜੀਤ ਸਿੰਘ ਖਡਿਆਲ ਨੇ ਮੌਜੂਦਾ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧਦਿਆਂ ਕਿਹਾ ਕਿ ਨਗਰ ਕੌਂਸਲ ਚੋਣਾਂ ਵਿੱਚ ਲੋਕਤੰਤਰ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਵਿਰੋਧੀ



ਪਾਰਟੀਆਂ ਦੇ ਉਮੀਦਵਾਰਾਂ ਦੇ ਕਾਗਜ਼ ਰੱਦ ਕਰਕੇ ਉਨ੍ਹਾਂ ਨੂੰ ਚੋਣ ਮੈਦਾਨ ਤੋਂ ਬਾਹਰ ਕਰਨ ਦੀ ਕੋਸ਼ਿਸ਼ ਹੋ ਰਹੀ ਹੈ, ਜੋ ਲੋਕਤੰਤਰ ਲਈ ਬਹੁਤ ਹੀ ਚਿੰਤਾਜਨਕ ਗੱਲ ਹੈ।ਖਡਿਆਲ ਨੇ ਦੋਸ਼ ਲਗਾਇਆ ਕਿ ਪ੍ਰਸ਼ਾਸਨਕ ਦਬਾਅ ਤੇ ਰਾਜਨੀਤਕ ਧੱਕੇਸ਼ਾਹੀ ਰਾਹੀਂ ਵਿਰੋਧੀ ਧਿਰ ਦੀ ਆਵਾਜ਼ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾਂ ਲੋਕਾਂ ਦੇ ਹੱਕਾਂ ਦੀ ਲੜਾਈ ਲੜਦਾ ਆਇਆ ਹੈ ਤੇ ਅੱਗੇ ਵੀ ਕਿਸੇ ਵੀ ਧੱਕੇਸ਼ਾਹੀ ਖਿਲਾਫ ਡੱਟ ਕੇ ਖੜ੍ਹਾ ਰਹੇਗਾ।ਉਨ੍ਹਾਂ ਦੱਸਿਆ ਕਿ ਤੱਕੜੀ ਚੋਣ ਨਿਸ਼ਾਨ 'ਤੇ ਚੋਣ ਲੜ ਰਹੇ ਉਮੀਦਵਾਰ ਆਪਣੇ-ਆਪਣੇ ਵਾਰਡਾਂ ਦੇ ਸਥਾਨਕ ਵਸਨੀਕ ਹਨ ਤੇ ਲੋਕਾਂ ਦੇ ਭਰੋਸੇ ਨਾਲ ਮੈਦਾਨ ਵਿੱਚ ਉੱਤਰੇ ਹਨ।ਉਨ੍ਹਾਂ ਕਿਹਾ ਕਿ ਪਾਰਟੀ ਕਿਸੇ ਵੀ ਲਾਲਚ ਜਾਂ ਦਬਾਅ ਅੱਗੇ ਝੁਕਣ ਵਾਲੀ ਨਹੀਂ ਤੇ ਲੋਕਤੰਤਰ ਦੀ ਰੱਖਿਆ ਲਈ ਹਰ ਸੰਘਰਸ਼ ਕੀਤਾ ਜਾਵੇਗਾ। ਖਡਿਆਲ ਨੇ ਕਿਹਾ ਕਿ ਉਨ੍ਹਾਂ ਨੂੰ ਕਈ ਆਜ਼ਾਦ ਅਤੇ ਵਿਰੋਧੀ ਧਿਰ ਦੇ ਉਮੀਦਵਾਰਾਂ ਵੱਲੋਂ ਫੋਨ ਆ ਰਹੇ ਹਨ ਕਿ ਉਨ੍ਹਾਂ 'ਤੇ ਪੁਲਸ ਤੇ ਪ੍ਰਸ਼ਾਸਨ ਵੱਲੋਂ ਦਬਾਅ ਬਣਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਜੇ ਕਿਸੇ ਵੀ ਉਮੀਦਵਾਰ ਨਾਲ ਧੱਕੇਸ਼ਾਹੀ ਹੁੰਦੀ ਹੈ ਤਾਂ ਅਕਾਲੀ ਦਲ ਉਸ ਦੇ ਨਾਲ ਮਜ਼ਬੂਤੀ ਨਾਲ ਖੜ੍ਹੇਗਾ।

ਉਨ੍ਹਾਂ ਸੁਨਾਮ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਵੋਟ ਦੀ ਤਾਕਤ ਨਾਲ ਸਰਕਾਰ ਨੂੰ ਜਵਾਬ ਦੇਣ ਅਤੇ ਲੋਕਤੰਤਰ ਨੂੰ ਮਜ਼ਬੂਤ ਬਣਾਉਣ।ਇਸ ਮੌਕੇ ਰਵਿੰਦਰ ਸਿੰਘ ਚੀਮਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਤੋਂ ਇਲਾਵਾ ਪਾਰਟੀ ਦੇ ਹੋਰ ਆਗੂਆਂ ਤੇ ਉਮੀਦਵਾਰਾਂ ਨੇ ਵੀ ਲੋਕਾਂ ਨੂੰ ਸ਼ਾਂਤੀ, ਭਾਈਚਾਰੇ ਤੇ ਇਨਸਾਫ਼ ਦੀ ਲੜਾਈ ਵਿੱਚ ਸਾਥ ਦੇਣ ਦੀ ਅਪੀਲ ਕੀਤੀ।

# ਅਕਾਲੀ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਰੱਦ ਕਰਨ ਵਿਰੁੱਧ ਪੀ ਏ ਦੇ ਘਰ ਅੱਗੇ ਪ੍ਰਦਰਸ਼ਨ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ/ਪੂਜਾ)**- ਨਗਰ ਕੌਂਸਲ ਚੋਣਾਂ ਤੋਂ ਪਹਿਲਾਂ ਮੁਕਤਸਰ ਵਿੱਚ ਸਿਆਸਤ ਗਰਮਾ ਗਈ ਹੈ।ਮੰਗਲਵਾਰ ਨੂੰ ਸ਼੍ਰੋਮਣੀ ਅਕਾਲੀ ਦਲ ਨੇ ਚਾਰ ਸ਼੍ਰੋਮਣੀ ਅਕਾਲੀ ਦਲ ਉਮੀਦਵਾਰਾਂ ਦੀਆਂ ਨਾਮਜ਼ਦਗੀਆਂ ਰੱਦ ਹੋਣ ਦੇ ਵਿਰੋਧ ਵਿੱਚ ਵਾਰਡ ਨੰਬਰ 16 ਵਿੱਚ 'ਆਪ' ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦੇ ਪੀਏ ਦੇ ਘਰ ਦੇ ਬਾਹਰ ਵਿਸ਼ਾਲ ਵਿਰੋਧ ਪ੍ਰਦਰਸ਼ਨ ਕੀਤਾ।ਸਵੇਰੇ ਲਗਭਗ 9:30 ਵਜੇ, ਸਾਬਕਾ ਵਿਧਾਇਕ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਵਿਧਾਇਕ ਦੇ ਪੀਏ ਵਿਕਰਮਜੀਤ ਵਿੱਕੀ ਦੇ ਘਰ ਦੇ ਬਾਹਰ ਪਹੁੰਚੇ।ਉਨ੍ਹਾਂ 'ਆਪ' ਸਰਕਾਰ ਤੇ ਸਥਾਨਕ ਵਿਧਾਇਕ ਵਿਰੁੱਧ ਨਾਅਰੇਬਾਜ਼ੀ ਕਰਦੇ ਹੋਏ ਲਗਭਗ ਡੇਢ ਘੰਟੇ ਤੱਕ ਧਰਨਾ ਦਿੱਤਾ। ਸਾਬਕਾ ਵਿਧਾਇਕ ਰੋਜ਼ੀ ਬਰਕੰਦੀ ਨੇ ਦੋਸ਼ ਲਗਾਇਆ ਕਿ 'ਆਪ' ਵਿਧਾਇਕ ਦੇ ਉਕਸਾਉਣ 'ਤੇ ਉਨ੍ਹਾਂ ਦੇ ਪੀਏ ਵਿਕਰਮਜੀਤ ਵਿੱਕੀ ਨੇ ਵਾਰਡ ਨੰਬਰ 8, 16, 18 ਤੇ 24 ਤੋਂ ਅਕਾਲੀ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਜਾਣਬੁੱਝ ਕੇ ਰੱਦ ਕਰਵਾਏ।ਰੱਦ ਕਰਨ



ਦਾ ਕਾਰਨ ਇੱਕ ਘਰ ਦੇ ਬਾਹਰ ਇੱਕ ਥੜੀ ਬਣਾਉਣ ਨੂੰ ਲੈ ਕੇ ਗੈਰ-ਕਾਨੂੰਨੀ ਕਬਜ਼ਾ ਦੱਸਿਆ ਗਿਆ ਸੀ।ਸਿਰਫ਼ ਅਕਾਲੀ ਉਮੀਦਵਾਰਾਂ ਨੂੰ ਨਿਸ਼ਾਨਾ ਬਣਾਉਣਾ ਪੂਰੀ ਤਰ੍ਹਾਂ ਗਲਤ ਹੈ।

ਉਨ੍ਹਾਂ ਦਾਅਵਾ ਕੀਤਾ ਕਿ ਰੱਦ ਕੀਤੇ ਗਏ ਚਾਰੇ ਉਮੀਦਵਾਰ ਆਪਣੇ-ਆਪਣੇ ਵਾਰਡਾਂ ਵਿੱਚ ਮਜ਼ਬੂਤ ਸਥਿਤੀ ਵਿੱਚ ਸਨ।ਇਸ ਡਰ ਕਾਰਨ 'ਆਪ' ਵਿਧਾਇਕ ਨੇ ਸਾਜ਼ਿਸ਼ ਦੇ ਹਿੱਸੇ ਵਜੋਂ ਕਾਗਜ਼ ਰੱਦ ਕਰਵਾਏ।'ਆਪ' ਵਿਧਾਇਕ ਦੇ ਪਸੰਦੀਦਾ ਉਮੀਦਵਾਰ ਚਾਰਾਂ ਵਾਰਡਾਂ ਵਿੱਚ ਚੋਣ ਲੜ ਰਹੇ ਹਨ। ਉਧਰ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦੇ ਪੀਏ ਨੇ ਸੋਸ਼ਲ ਮੀਡੀਆਂ 'ਤੇ ਇੱਕ ਬਿਆਨ ਜਾਰੀ ਕਰਕੇ ਹੋਏ ਅਕਾਲੀ ਦਲ ਬਾਦਲ ਦੇ ਜ਼ਿਲ੍ਹਾ ਪ੍ਰਧਾਨ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਤੇ ਉਨ੍ਹਾਂ ਸਮੁੱਚੀ ਟੀਮ ਵੱਲੋਂ ਉਮੀਦਵਾਰਾਂ ਦੇ ਕਾਗਜ਼ ਰੱਦ ਕਰਾਉਣ ਦੇ ਦੋਸ਼ਾਂ ਨੂੰ ਬੇਬੁਨਿਆਦ ਦੱਸਿਆ ਤੇ ਕਿਹਾ ਕਿ ਆਮ ਆਦਮੀ ਪਾਰਟੀ ਕਦੇ ਵੀ ਬਦਲੇ ਦੀ ਰਾਜਨੀਤੀ ਨਹੀਂ ਕਰਦੀ।ਉਨ੍ਹਾਂ ਕਿਹਾ ਕਿ ਜਿਨ੍ਹਾਂ ਉਮੀਦਵਾਰਾਂ ਦੇ ਕਾਗਜ਼ ਰੱਦ ਹੋਏ ਹਨ, ਉਨ੍ਹਾਂ ਦੀਆਂ ਕੁਝ ਗਲਤੀਆਂ ਕਰਕੇ ਪ੍ਰਸ਼ਾਸਨ ਵੱਲੋਂ ਕਾਨੂੰਨੀ ਤੌਰ 'ਤੇ ਪੜਤਾਲ ਕਰਕੇ ਰੱਦ ਕੀਤੇ ਗਏ ਹਨ, ਬਾਕੀ ਨਗਰ ਕੌਂਸਲ ਚੋਣਾਂ ਦੌਰਾਨ ਲੋਕਾਂ ਵੱਲੋਂ ਕੰਮਾਂ ਦੇ ਅਧਾਰ 'ਤੇ ਉਮੀਦਵਾਰਾਂ ਨੂੰ ਵੋਟਾਂ ਪਾਈਆਂ ਜਾਣਗੀਆਂ।

# ਆਰ ਐੱਮ ਪੀ ਆਈ ਵੱਲੋਂ ਤੇਲ ਕੀਮਤਾਂ 'ਚ ਵਾਧੇ ਖਿਲਾਫ ਮੋਦੀ ਦਾ ਪੁਤਲਾ ਫੂਕਿਆ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** : ਕੇਂਦਰ ਸਰਕਾਰ ਵੱਲੋਂ ਪੈਟਰੋਲ ਡੀਜ਼ਲ ਤੇ ਗੈਸ ਦੀਆਂ ਕੀਮਤਾਂ ਵਿੱਚ ਕੀਤੇ ਗਏ ਵਾਅਦੇ ਦੇ ਵਿਰੋਧ ਵਿੱਚ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਪਾਤੜਾਂ-ਪਟਿਆਲਾ ਮੁੱਖ ਮਾਰਗ 'ਤੇ ਨਿਆਲ



ਬਾਈਪਾਸ ਚੌਕ ਵਿਖੇ ਪੁਤਲਾ ਫੂਕ ਮੁਜ਼ਾਹਰਾ ਕੀਤਾ ਗਿਆ।ਇਸ ਦੌਰਾਨ ਵੱਡੀ ਗਿਣਤੀ ਵਿੱਚ ਇਕੱਤਰ ਪਾਰਟੀ ਵਰਕਰਾਂ ਨੇ ਕੇਂਦਰ ਸਰਕਾਰ ਦੀਆਂ ਲੋਕਮਾਰੂ ਨੀਤੀਆਂ ਦੇ ਵਿਰੋਧ ਵਿੱਚ ਜੰਮ ਕੇ ਨਾਅਰੇਬਾਜ਼ੀ ਕੀਤੀ। ਪੁਤਲਾ ਫੂਕਣ ਤੋਂ ਪਹਿਲਾਂ ਕੀਤੇ ਰੋਸ ਪ੍ਰਦਰਸ਼ਨ ਦੌਰਾਨ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਆਰ ਐੱਮ ਪੀ ਆਈ ਆਗੂ ਸਰਪੰਚ ਪ੍ਰਹਿਲਾਦ ਸਿੰਘ ਨਿਆਲ ਨੇ ਕੇਂਦਰ ਦੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਵੱਲੋਂ ਜ਼ਰੂਰੀ ਵਸਤਾਂ ਦੀਆਂ ਕੀਮਤਾਂ ਵਿੱਚ ਜੰਗ ਦੇ ਬਹਾਨੇ ਲੋਕਾਂ ਉੱਤੇ ਵਾਧੂ ਬੋਝ ਪਾਇਆ ਗਿਆ ਹੈ। ਪੰਜ ਸੂਬਿਆਂ ਦੀਆਂ ਵਿਧਾਨ ਸਭਾ ਚੋਣਾਂ ਕਰਕੇ ਪਹਿਲਾਂ ਤਾਂ ਕੇਂਦਰ ਸਰਕਾਰ ਨੇ ਤੇਲ ਦੀਆਂ ਕੀਮਤਾਂ ਵਿੱਚ ਕੋਈ ਵਾਧਾ ਨਹੀਂ ਕੀਤਾ, ਪਰ ਚੋਣਾਂ ਲੰਘਦਿਆਂ ਹੀ ਪੈਟਰੋਲ ਤੇ ਡੀਜ਼ਲ ਕੀਮਤਾਂ ਵਿੱਚ ਵਾਧਾ ਕਰਕੇ ਇਹ ਸਾਬਤ ਕਰ ਦਿੱਤਾ ਹੈ ਕਿ ਕੇਂਦਰ ਦੀ ਭਾਜਪਾ ਸਰਕਾਰ ਲੋਕ ਹਿਤੈਸ਼ੀ ਨਹੀਂ ਸਗੋਂ ਲੋਕ ਮਾਰੂ ਹੈ।ਕਮਿਊਨਿਸਟ ਆਗੂਆਂ ਨੇ ਸੂਬੇ ਦੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਉੱਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਰਾਜ ਵਿੱਚ ਹੋਣ ਜਾ ਰਹੀਆਂ ਨਗਰ ਕੌਂਸਲ ਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਦੌਰਾਨ ਕੀਤੀਆਂ ਗਈਆਂ ਧੱਕੇਸ਼ਾਹੀਆਂ ਨੇ ਸਾਬਿਤ ਕਰ ਦਿੱਤਾ ਹੈ ਕਿ ਪੰਜਾਬ ਸਰਕਾਰ ਧੱਕੇਸ਼ਾਹੀ ਦੇ ਜ਼ੋਰ ਉੱਤੇ ਚੋਣਾਂ ਨੂੰ ਜਿੱਤਣਾ ਚਾਹੁੰਦੀ ਹੈ, ਨਾਮਜ਼ਦਗੀਆਂ ਵੇਲੇ ਕੀਤੀਆਂ ਗਈਆਂ ਧੱਕੇਸ਼ਾਹੀਆਂ ਇਸ ਗੱਲ ਦਾ ਪ੍ਰਤੱਖ ਪ੍ਰਮਾਣ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਕਮੇਟੀ ਆਗੂ ਸੁਖਦੇਵ ਸਿੰਘ, ਮਲਕੀਤ ਸਿੰਘ ਨਿਆਲ, ਜੀਤ ਸਿੰਘ, ਸ਼ਾਦੀ ਸਿੰਘ, ਅਮਰਜੀਤ ਸਿੰਘ, ਸਰਬਜੀਤ ਸਿੰਘ, ਰਾਜ ਕ੍ਰਿਸ਼ਨ, ਬਲਵਿੰਦਰ ਕੌਰ, ਰਾਜਵੀਰ ਕੌਰ, ਰਿੰਪੀ ਕੌਰ, ਕਮਲਜੀਤ, ਗੁਰਨਾਮ ਕੌਰ, ਪਰਮਜੀਤ ਕੌਰ, ਬਲਜੀਤ ਕੌਰ, ਕਾਂਤਾ ਦੇਵੀ, ਕਰਮਜੀਤ ਕੌਰ, ਜਸਵਿੰਦਰ ਕੌਰ ਤੇ ਵੀਰਪਾਲ ਕੌਰ ਆਦਿ ਹਾਜ਼ਰ ਸਨ।

# ਵਾਰਡ 23 ਤੇ 25 ਦੇ ਲੋਕ ਬਿਮਾਰੀ ਤੇ ਢਿੱਲੀਆਂ ਤਾਰਾਂ ਦੇ ਪਰਛਾਵੇਂ ਹੇਠ ਜੂਝ ਰਹੇ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ)**- ਮੁਕਤਸਰ ਸ਼ਹਿਰ ਦੇ ਵਾਰਡ ਨੰਬਰ 23 ਤੇ 25 ਦੇ ਵਸਨੀਕ ਮੁੱਢਲੀਆਂ ਸਹੂਲਤਾਂ ਲਈ ਤਰਸ ਰਹੇ ਹਨ।ਸੀਵਰੇਜ ਦੀ ਨਿਕਾਸੀ ਨਾ ਹੋਣ ਕਾਰਨ ਦੋਵਾਂ ਵਾਰਡਾਂ ਦੀਆਂ ਗਲੀਆਂ ਛੱਪੜਾਂ ਬਣ ਗਈਆਂ ਹਨ। ਸਥਾਨਕ ਵਸਨੀਕ, ਸਕੂਲੀ ਬੱਚੇ ਤੇ ਦੁਕਾਨਦਾਰ ਰੋਜ਼ਾਨਾ ਇਸ ਬਦਬੂਦਾਰ, ਗੰਦੇ ਪਾਣੀ ਵਿੱਚੋਂ ਲੰਘਣ ਲਈ ਮਜਬੂਰ ਹਨ।ਨਗਰ ਕੌਂਸਲ ਚੋਣਾਂ ਨੇੜੇ ਆਉਣ ਦੇ ਨਾਲ, ਵਸਨੀਕ ਰਾਜਨੀਤਕ ਨੇਤਾਵਾਂ ਦੇ ਖੋਖਲੇ ਵਾਅਦਿਆਂ ਤੋਂ ਬਹੁਤ ਗੁੱਸੇ ਵਿੱਚ ਹਨ।ਉਨ੍ਹਾਂ ਦਾ ਕਹਿਣਾ ਹੈ ਕਿ ਉਹ ਇਸ ਵਾਰ ਸਿਰਫ਼ ਉਸ ਉਮੀਦਵਾਰ ਨੂੰ ਵੋਟ ਪਾਉਣਗੇ ਜੋ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਸਥਾਈ ਹੱਲ ਪ੍ਰਦਾਨ ਕਰੇਗਾ।ਵਾਰਡ ਨੰ. 25 ਦੀਆਂ ਮੁੱਖ ਸਮੱਸਿਆਵਾਂ ਢਿੱਲੀਆਂ ਤਾਰਾਂ ਤੇ ਸਾਫ਼ ਪੀਣ ਵਾਲੇ ਪਾਣੀ ਦੀਆਂ ਹਨ।ਵਾਰਡ ਨੰਬਰ 25 ਦੇ ਵਸਨੀਕਾਂ ਸੁਖਦੇਵ ਸਿੰਘ, ਨਾਨਕ ਸਿੰਘ, ਬੂਟਾ ਸਿੰਘ, ਰਾਜ ਸਿੰਘ, ਦਰਸ਼ਨ ਸਿੰਘ, ਸੋਹਣ ਸਿੰਘ ਤੇ ਪਿਆਰਾ ਸਿੰਘ ਨੇ ਕਿਹਾ ਕਿ ਉਨ੍ਹਾਂ ਦਾ ਵਾਰਡ ਖ਼ਤਰੇ ਵਿੱਚ ਹੈ।ਬਿਜਲੀ ਦੀਆਂ ਤਾਰਾਂ ਢਿੱਲੀਆਂ ਹਨ ਤੇ ਗਲੀਆਂ ਵਿੱਚ ਖੰਭਿਆਂ 'ਤੇ ਲੱਗੇ ਮੀਟਰ ਬਕਸੇ ਬਹੁਤ ਨੀਵੇਂ ਹਨ।ਬਰਸਾਤ ਦੇ ਮੌਸਮ ਵਿੱਚ ਤੇ ਬੱਚਿਆਂ ਦੇ ਗਲੀਆਂ ਵਿੱਚ ਖੇਡਣ ਨਾਲ, ਬਿਜਲੀ ਦੇ ਕਰੰਟ ਲੱਗਣ ਦਾ ਡਰ ਰਹਿੰਦਾ ਹੈ।ਅਵਾਰਾ ਜਾਨਵਰ ਵੀ ਇੱਕ ਵੱਡਾ ਖ਼ਤਰਾ ਪੈਦਾ ਕਰਦੇ ਹਨ।ਧਰਤੀ ਹੇਠਲਾ ਪਾਣੀ ਖਾਰਾ ਹੋਣ ਕਾਰਨ ਪੀਣ ਯੋਗ ਨਹੀਂ ਹੁੰਦਾ ਤੇ ਵਾਟਰ ਵਰਕਸ ਤੋਂ ਪਾਣੀ ਦੀ ਸਪਲਾਈ ਬਹੁਤ ਘੱਟ ਹੀ ਗਲੀਆਂ ਤੱਕ ਪਹੁੰਚਦੀ ਹੈ।ਗਲੀਆਂ ਵਿੱਚ ਸੀਵਰੇਜ ਦਾ ਪਾਣੀ ਖੜ੍ਹਾ ਹੋਣ ਕਾਰਨ ਬੱਚਿਆਂ ਨੂੰ ਸਕੂਲ ਜਾਂਦੇ ਸਮੇਂ ਇਸ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ।ਵਾਰਡ ਨਿਵਾਸੀਆਂ ਨੇ ਕਿਹਾ ਕਿ ਭਵਿੱਖ ਵਿੱਚ, ਉਹ ਇੱਕ ਅਜਿਹਾ ਕੌਂਸਲਰ ਚਾਹੁੰਦੇ ਹਨ, ਜੋ ਵਾਰਡ ਦਾ ਚਿਹਰਾ ਬਦਲਣ ਨੂੰ ਤਰਜੀਹ ਦੇਵੇ।ਵਾਰਡ ਨੰਬਰ 23 ਵਿੱਚ ਪਿਛਲੇ ਪੰਜ ਸਾਲਾਂ ਤੋਂ ਨਰਕ ਵਰਗੇ ਹਾਲਾਤ।ਵਾਰਡ ਨੰਬਰ 23 ਦੇ ਵਸਨੀਕ ਨਰੇਸ਼ ਕੁਮਾਰ, ਹਨੀ, ਬਾਬੀ, ਮਹਿੰਦਰ ਸਿੰਘ, ਸੀਤੋ ਦੇਵੀ, ਨਿਰਮਲਾ ਰਾਣੀ ਤੇ ਸੁਰੇਸ਼ ਕੁਮਾਰ ਨੇ ਪ੍ਰਸ਼ਾਸਨ ਵਿਰੁੱਧ ਆਪਣਾ ਗੁੱਸਾ ਜ਼ਾਹਰ ਕਰਦਿਆਂ ਕਿਹਾ ਕਿ ਵਾਰਡ ਦੀਆਂ ਬਹੁਤ ਸਾਰੀਆਂ ਗਲੀਆਂ ਲੰਬੇ ਸਮੇਂ ਤੋਂ ਟੁੱਟੀਆਂ ਹੋਈਆਂ ਹਨ ਤੇ ਕੁਝ ਕੱਚੀਆਂ ਹਨ।ਪਿਛਲੇ ਪੰਜ ਸਾਲਾਂ ਤੋਂ ਸੀਵਰੇਜ ਦਾ ਪਾਣੀ ਗਲੀਆਂ ਵਿੱਚ ਖੜ੍ਹਾ ਹੈ, ਜਿਸ ਕਾਰਨ ਘਰਾਂ ਦੇ ਅੰਦਰ ਭਿਆਨਕ ਬਦਬੂ ਫੈਲ ਰਹੀ ਹੈ ਤੇ ਬਿਮਾਰੀਆਂ ਦਾ ਡਰ ਹੈ।ਉਹ ਉਸ ਨੂੰ ਚੁਣਨਗੇ ਜੋ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰੇਗਾ।ਗੰਦੇ ਪਾਣੀ ਨੇ ਲੋਕਾਂ ਲਈ ਆਪਣਾ ਕਾਰੋਬਾਰ ਕਰਨਾ ਮੁਸ਼ਕਲ ਬਣਾ ਦਿੱਤਾ ਹੈ ਤੇ ਸਥਾਨਕ ਦੁਕਾਨਦਾਰਾਂ ਦੇ ਕੰਮ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ।ਵਾਰਡ ਵਾਸੀਆਂ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਸਿਆਸਤਦਾਨ ਚੋਣਾਂ ਦੌਰਾਨ ਵਾਅਦੇ ਕਰਦੇ ਹਨ ਤੇ ਫਿਰ ਉਨ੍ਹਾਂ ਨੂੰ ਭੁੱਲ ਜਾਂਦੇ ਹਨ।ਹੁਣ ਉਹ ਵੋਟਾਂ ਲਈ ਰਾਜਨੀਤਕ ਵਾਅਦਿਆਂ ਨਾਲ ਮੂਰਖ ਨਹੀਂ ਬਣਨਗੇ ਤੇ ਸਿਰਫ਼ ਉਨ੍ਹਾਂ ਉਮੀਦਵਾਰਾਂ ਨੂੰ ਹੀ ਚੁਣਨਗੇ, ਜੋ ਪੂਰਾ ਕਰਦੇ ਹਨ।



# ਨੌਜਵਾਨ ਦੇ ਕਾਤਲਾਂ ਦੀ ਗ੍ਰਿਫ਼ਤਾਰੀ ਨੂੰ ਲੈ ਕੇ ਲੋਕਾਂ ਵੱਲੋਂ ਥਾਣੇ ਅੱਗੇ ਧਰਨਾ

**ਬਰੇਟਾ (ਰੀਤਵਾਲ)**- ਬੀਤੇ ਦਿਨੀਂ ਐੱਮ.ਬੀ.ਬੀ.ਐੱਸ. ਦੀ ਪੜ੍ਹਾਈ ਕਰ ਰਹੇ ਬਰੇਟਾ ਦੇ 24 ਸਾਲਾ ਨੌਜਵਾਨ ਕਮਲਦੀਪ ਦਾ ਤੇਜ਼ਧਾਰ ਹਥਿਆਰਾਂ ਨਾਲ ਪਟਿਆਲਾ ਵਿਖੇ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਸੀ।ਮਾਨਸਾ ਜ਼ਿਲ੍ਹੇ ਦੇ ਕਸਬਾ ਬਰੇਟਾ (ਨੇੜੇ ਜੈਨ ਮੰਦਰ) ਦੇ ਰਹਿਣ ਵਾਲੇ ਮ੍ਰਿਤਕ ਦੇ ਪਿਤਾ ਮਹਿੰਦਰਪਾਲ ਪੁੱਤਰ ਜਗਨ ਨਾਥ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਨ੍ਹਾਂ ਦਾ ਲੜਕਾ ਕਮਲਦੀਪ (24) ਪਟਿਆਲਾ ਦੇ ਮੈਡੀਕਲ ਕਾਲਜ ਵਿੱਚ ਪੜ੍ਹਦਾ ਸੀ ਤੇ ਪਿਛਲੇ ਦੋ ਹਫ਼ਤਿਆਂ ਤੋਂ ਨਿਊ ਲਾਲ ਬਾਗ ਕਲੋਨੀ ਦੇ ਮਕਾਨ ਨੰਬਰ 105 ਵਿੱਚ ਬਤੌਰ ਪੀ. ਜੀ. ਰਹਿ ਰਿਹਾ ਸੀ।ਪਿਤਾ ਮੁਤਾਬਕ ਮੁਲਜ਼ਮ ਮੋਹਿਤ ਵਰਮਾ (ਵਾਸੀ ਬਰੇਟਾ) ਅਕਸਰ ਕਮਲਦੀਪ ਕੋਲੋਂ ਪੈਸਿਆਂ ਦੀ ਮੰਗ ਕਰਦਾ ਰਹਿੰਦਾ ਸੀ।ਕਮਲਦੀਪ ਵੱਲੋਂ ਪੈਸੇ ਦੇਣ ਤੋਂ ਮਨ੍ਹਾਂ ਕਰਨ 'ਤੇ ਮੋਹਿਤ ਉਸ ਨਾਲ ਰੰਜਿਸ਼ ਰੱਖਣ ਲੱਗ ਪਿਆ ਸੀ, ਜਿਸ ਕਾਰਨ ਉਸ ਨੇ ਇਸ ਖ਼ੌਫ਼ਨਾਕ ਵਾਰਦਾਤ ਨੂੰ ਅੰਜਾਮ ਦਿੱਤਾ।ਕਮਲਦੀਪ ਨੇ ਆਪਣੇ ਪਿਤਾ ਨੂੰ ਫ਼ੋਨ ਕਰਕੇ ਦੱਸਿਆ ਕਿ ਉਸ ਦਾ ਦੋਸਤ ਮੋਹਿਤ ਵਰਮਾ ਉਸ ਦੇ ਪੀ. ਜੀ. ਆਇਆ ਹੋਇਆ ਹੈ ਤੇ ਰਾਤ ਨੂੰ ਉੱਥੇ ਹੀ ਰੁਕੇਗਾ।ਕਮਲਦੀਪ ਨੇ ਦੁਬਾਰਾ ਪਿਤਾ ਨੂੰ ਫ਼ੋਨ ਕਰਕੇ ਕਿਹਾ ਕਿ ਉਹ ਉੱਠ ਗਿਆ ਹੈ ਤੇ ਤਿਆਰ ਹੋ ਕੇ ਕਾਲਜ ਜਾ ਰਿਹਾ ਹੈ।ਇਸ ਤੋਂ ਬਾਅਦ ਉਸ ਦਾ ਫ਼ੋਨ ਆਉਣਾ ਬੰਦ ਹੋ ਗਿਆ। ਜਦੋਂ ਪਰਵਾਰ ਵਾਲਿਆਂ ਨੇ ਫ਼ੋਨ ਕੀਤਾ ਤਾਂ ਕਮਲਦੀਪ ਨੇ ਫ਼ੋਨ ਨਹੀਂ ਚੁੱਕਿਆ।ਚਿੰਤਾ ਵਿੱਚ ਪਿਤਾ ਮਹਿੰਦਰਪਾਲ ਬਰੇਟਾ ਵਿਖੇ ਮੋਹਿਤ ਵਰਮਾ ਦੇ ਘਰ ਪਹੁੰਚੇ, ਉੱਥੇ ਮੋਹਿਤ ਦੇ ਹੱਥਾਂ-ਪੈਰਾਂ 'ਤੇ ਪੱਟੀਆਂ ਬੰਨ੍ਹੀਆਂ ਹੋਈਆਂ ਸਨ।ਪੁੱਛਣ 'ਤੇ ਮੋਹਿਤ ਨੇ ਝੂਠੀ ਕਹਾਣੀ ਘੜੀ ਕਿ ਉਸ ਦਾ ਕਿਸੇ ਮੋਟਰਸਾਈਕਲ ਚਾਲਕ ਨਾਲ ਐਕਸੀਡੈਂਟ ਹੋ ਗਿਆ ਸੀ, ਜਿਨ੍ਹਾਂ ਨੇ ਤੇਜ਼ਧਾਰ ਚੀਜ਼ ਨਾਲ ਉਸ 'ਤੇ ਹਮਲਾ ਕੀਤਾ।ਮੋਹਿਤ ਨੇ ਇਹ ਵੀ ਦਾਅਵਾ ਕੀਤਾ ਕਿ ਉਹ ਸਵੇਰੇ ਹੀ ਪਟਿਆਲਾ ਤੋਂ ਵਾਪਸ ਆ ਗਿਆ ਸੀ। ਸ਼ੱਕ ਹੋਣ 'ਤੇ ਜਦੋਂ ਮ੍ਰਿਤਕ ਦੇ ਮਾਪੇ ਤੁਰੰਤ ਪਟਿਆਲਾ ਸਥਿਤ ਕਮਲਦੀਪ ਦੇ ਪੀ.ਜੀ. ਪਹੁੰਚੇ, ਤਾਂ ਉੱਥੋਂ ਦਾ ਮੰਜ਼ਰ ਦੇਖ ਕੇ ਉਨ੍ਹਾਂ ਦੇ





ਪੈਰਾਂ ਹੇਠੋਂ ਜ਼ਮੀਨ ਖਿਸਕ ਗਈ।ਕਮਲਦੀਪ ਦੀ ਲਾਸ਼ ਕਮਰੇ ਦੇ ਫ਼ਰਸ਼ 'ਤੇ ਖ਼ੂਨ ਨਾਲ ਲੱਥਪੱਥ ਪਈ ਸੀ।ਉਸ ਦੇ ਗਲੇ ਤੇ ਸਰੀਰ ਦੇ ਹੋਰ ਹਿੱਸਿਆਂ 'ਤੇ ਤੇਜ਼ਧਾਰ ਹਥਿਆਰਾਂ ਦੇ ਡੂੰਘੇ ਜ਼ਖ਼ਮ ਸਨ। ਸਿਵਲ ਲਾਈਨ ਪਟਿਆਲਾ ਦੀ ਪੁਲਸ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ।ਪੁਲਸ ਮੁਤਾਬਕ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ ਤੇ ਮੁਲਜ਼ਮ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।ਮੈਡੀਕਲ ਦੇ ਹੋਣਹਾਰ ਵਿਦਿਆਰਥੀ ਦੇ ਇਸ ਤਰ੍ਹਾਂ ਹੋਏ ਕਤਲ ਕਾਰਨ ਇਲਾਕੇ ਤੇ ਕਾਲਜ ਵਿੱਚ ਸੋਗ ਦੀ ਲਹਿਰ ਹੈ।ਪੁਲਸ ਨੇ ਮ੍ਰਿਤਕ ਦੇ ਪਿਤਾ ਦੇ ਬਿਆਨਾਂ ਦੇ ਅਧਾਰ 'ਤੇ ਥਾਣਾ ਸਿਵਲ ਲਾਈਨਜ਼ ਪਟਿਆਲਾ ਵਿਖੇ ਮੁਕੱਦਮਾ ਨੰਬਰ 129, ਧਾਰਾ 103, 3 (5) ਤਹਿਤ ਮ੍ਰਿਤਕ ਦੇ ਦੋਸਤ ਮੋਹਿਤ ਵਰਮਾ ਖ਼ਿਲਾਫ਼ ਕਤਲ ਦਾ ਮਾਮਲਾ ਦਰਜ ਕਰ ਲਿਆ ਹੈ।ਦੂਜੇ ਪਾਸੇ ਬਰੇਟਾ ਵਾਸੀਆਂ ਨੇ ਅੱਜ ਅਰੋਪੀਆਂ ਦੀ ਗ੍ਰਿਫ਼ਤਾਰੀ ਨੂੰ ਲੈ ਕੇ ਬਜ਼ਾਰ ਬੰਦ ਰੱਖਿਆ ਤੇ ਬਰੇਟਾ ਥਾਣੇ ਅੱਗੇ ਧਰਨਾ ਦਿੱਤਾ।ਸ਼ਾਮ 5 ਵਜੇ ਦੇ ਕਰੀਬ ਕਮਲਦੀਪ ਦਾ ਬਰੇਟਾ ਵਿਖੇ ਸਸਕਾਰ ਕਰ ਦਿੱਤਾ ਗਿਆ।ਮ੍ਰਿਤਕ ਆਪਣੇ ਪਿੱਛੇ ਮਾਤਾ-ਪਿਤਾ ਤੋਂ ਇਲਾਵਾ ਇੱਕ ਭੈਣ ਤੇ ਭਰਾ ਛੱਡ ਗਿਆ ਹੈ।

# ਲੰਬਿਤ ਮਾਮਲਿਆਂ ਦੇ ਨਿਪਟਾਰੇ ਲਈ 21, 22 ਤੇ 23 ਅਗਸਤ ਨੂੰ ਲੱਗੇਗੀ ਵਿਸ਼ੇਸ਼ ਲੋਕ ਅਦਾਲਤ : ਜ਼ਿਲ੍ਹਾ ਸੈਸ਼ਨ ਜੱਜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ/ਪਰਮਜੀਤ ਸਿੰਘ)**- ਮਾਨਯੋਗ ਸੁਪਰੀਮ ਕੋਰਟ ਵੱਲੋਂ ਲੰਬੇ ਸਮੇਂ ਤੋਂ ਲੰਬਿਤ ਮਾਮਲਿਆਂ ਦੇ ਨਿਪਟਾਰੇ ਦੇ ਉਦੇਸ਼ ਨਾਲ 21, 22 ਤੇ 23 ਅਗਸਤ 2026 ਨੂੰ ਵਿਸ਼ੇਸ਼ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ ਇਹ ਪਹਿਲ ਮਾਨਯੋਗ ਸੁਪਰੀਮ ਕੋਰਟ ਦੀ ਉਸ ਲਗਾਤਾਰ ਵਚਨਬੱਧਤਾ ਦਾ ਹਿੱਸਾ ਹੈ, ਜਿਸ ਦਾ ਮਕਸਦ ਅਦਾਲਤਾਂ ਵਿੱਚ ਲੰਬਿਤ ਮਾਮਲਿਆਂ ਦੀ ਗਿਣਤੀ ਘਟਾਉਣਾ ਹੈ ਤਾਂ ਜੋ ਲੋਕਾਂ ਨੂੰ ਸਸਤਾ, ਸੌਖਾ, ਤੇਜ਼ ਤੇ ਪ੍ਰਭਾਵਸ਼ਾਲੀ ਇਨਸਾਫ ਮਿਲ ਸਕੇ।ਸ੍ਰੀਮਤੀ ਜਸਵਿੰਦਰ ਸ਼ੀਮਰ, ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ 21, 22 ਤੇ 23 ਅਗਸਤ, 2026 ਨੂੰ ਜ਼ਿਲ੍ਹੇ ਵਿੱਚ ਵਿਸ਼ੇਸ਼ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ। ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੁਕਤਸਰ ਸਾਹਿਬ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਵਿਸ਼ੇਸ਼ ਲੋਕ ਅਦਾਲਤ ਦੌਰਾਨ ਆਪਸੀ ਸਹਿਮਤੀ, ਰਾਜ਼ੀਨਾਮੇ ਤੇ ਸਮਝੌਤੇ ਰਾਹੀਂ ਨਿਪਟਾਏ ਜਾ ਸਕਣ ਵਾਲੇ ਯੋਗ ਮਾਮਲਿਆਂ ਨੂੰ ਸੁਣਵਾਈ ਲਈ ਲਿਆ ਜਾਵੇਗਾ।ਇਨ੍ਹਾਂ ਵਿੱਚ ਵਿਆਹਿਕ ਤੇ ਪਰਿਵਾਰਕ ਵਿਵਾਦ, ਮੋਟਰ ਹਾਦਸਾ ਕਲੇਮ ਮਾਮਲੇ, ਸਰਵਿਸ ਮਾਮਲੇ, ਭੂਮੀ ਅਧਿਗ੍ਰਹਿਣ ਮਾਮਲੇ, ਉਪਭੋਗਤਾ ਵਿਵਾਦ, ਬੈਂਕ ਰਿਕਵਰੀ ਮਾਮਲੇ, ਨਿਗੋਸ਼ੀਏਬਲ ਇੰਸਟਰੂਮੈਂਟ ਐਕਟ ਦੀ ਧਾਰਾ 138 ਨਾਲ ਸੰਬੰਧਿਤ ਚੈੱਕ ਬਾਊਂਸ ਮਾਮਲੇ ਤੇ ਹੋਰ ਸਿਵਲ ਅਤੇ ਸਮਝੌਤਾਯੋਗ ਮਾਮਲੇ ਸ਼ਾਮਲ ਹੋ ਸਕਦੇ ਹਨ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਵਕੀਲ ਭਾਈਚਾਰੇ, ਪੱਖਕਾਰਾਂ ਤੇ ਆਮ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਸਮਾਧਾਨ ਸਮਾਰੋਹ 2026 ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ।



# ਸਰਕਾਰ ਪੈਨਸ਼ਨਰਾਂ ਤੇ ਮੁਲਾਜ਼ਮਾਂ ਦੀਆਂ ਰਹਿੰਦੀਆਂ ਮੰਗਾਂ ਨੂੰ ਮੰਨ ਕੇ ਜਲਦ ਲਾਗੂ ਕਰੇ : ਆਗੂ

## ਪੈਨਸ਼ਨਰਜ਼ ਐਸੋਸੀਏਸ਼ਨ ਮੰਡਲ ਜਲਾਲਾਬਾਦ ਦੀ ਮੀਟਿੰਗ

**ਜਲਾਲਾਬਾਦ (ਜੀਤ ਕੁਮਾਰ)** : ਪੈਨਸ਼ਨਰਜ਼ ਐਸੋਸੀਏਸ਼ਨ (ਰਜਿ.) ਮੰਡਲ ਜਲਾਲਾਬਾਦ ਵੱਲੋਂ ਸੋਮਵਾਰ ਨੂੰ ਐਕਸੀਆਨ ਦਫਤਰ ਜਲਾਲਾਬਾਦ ਵਿਖੇ ਦਿੱਤਾ ਜਾਣ ਵਾਲਾ ਧਰਨਾ ਕਿਸਾਨ ਆਗੂਆਂ ਦੀ ਸ਼ਮੂਲੀਅਤ ਕਾਰਨ ਤੇ ਸਮਝੌਤਾ ਹੋ ਜਾਣ ਕਾਰਨ, ਉਸ ਨੂੰ ਮੀਟਿੰਗ ਦਾ ਰੂਪ ਦਿੱਤਾ ਗਿਆ। ਇਸ ਸਮੇਂ ਐਕਸੀਆਨ ਜਲਾਲਾਬਾਦ ਵੱਲੋਂ ਪੈਨਸ਼ਨਰਜ਼ ਐਸੋਸੀਏਸ਼ਨ ਨੂੰ ਲਿਖਤੀ ਤੌਰ 'ਤੇ ਮੀਟਿੰਗ ਦਿੱਤੀ ਗਈ, ਜਿਸ ਵਿੱਚ ਫੈਸਲਾ ਕੀਤਾ ਗਿਆ ਕਿ ਮੈਡੀਕਲ ਬਿੱਲਾਂ ਸਬੰਧੀ ਰਜਿਸਟਰ ਮੇਨਟੇਨ ਕੀਤਾ ਜਾਵੇਗਾ, ਜਿਸ ਵਿੱਚ ਮੈਡੀਕਲ ਬਿੱਲ ਦੇ ਦਫਤਰ ਵਿੱਚ ਪ੍ਰਾਪਤ ਹੋਣ ਤੇ ਦੂਜੇ ਦਫਤਰਾਂ ਵਿੱਚ ਭੇਜਣ ਸਬੰਧੀ ਸਾਰਾ ਰਿਕਾਰਡ ਰੱਖਿਆ ਜਾਵੇਗਾ। ਨਰਿੰਦਰ ਸਿੰਘ ਕਲਰਕ ਦੀ ਬਦਲੀ ਦਫਤਰੀ ਹੁਕਮ ਨੰਬਰ 335 ਮਿਤੀ 18 ਮਈ 2026 ਨੂੰ ਉਪ ਮੰਡਲ ਘੁਬਾਇਆ ਦੀ ਕਰ ਦਿੱਤੀ ਗਈ ਹੈ। ਆਉਣ ਵਾਲੇ ਸਮੇਂ ਵਿੱਚ ਪੈਨਸ਼ਨਰ ਤੇ ਰੈਗੂਲਰ ਮੁਲਾਜ਼ਮਾਂ ਦੇ ਕੰਮਾਂ ਨੂੰ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ। ਐਕਸੀਅਨ ਜਲਾਲਾਬਾਦ ਵੱਲੋਂ ਜੋ ਕਮੇਟੀ ਬਣਾਈ ਗਈ ਸੀ, ਉਸ ਦੀ ਰਿਪੋਰਟ ਸਹੀ ਨਹੀਂ ਸੀ। ਸਾਥੀ ਜਗਦੀਸ਼ ਸਿੰਘ ਜੇਈ ਦੇ ਮਸਲੇ ਸਬੰਧੀ ਆਪਸ ਸਹਿਮਤੀ ਨਾਲ ਹੱਲ ਹੋ ਗਿਆ ਹੈ। ਇਸ ਤੋਂ ਬਾਅਦ ਐਕਸੀਅਨ ਜਲਾਲਾਬਾਦ ਨੇ ਬਾਹਰ ਆ ਕੇ ਮੀਟਿੰਗ ਰੂਪੀ ਇਕੱਠ ਵਿੱਚ ਵਿਸ਼ਵਾਸ ਦਿਵਾਇਆ ਕਿ ਮੇਰੇ ਵੱਲੋਂ ਤੇ ਇਸ ਦਫਤਰ ਮੰਡਲ ਜਲਾਲਾਬਾਦ ਵੱਲੋਂ ਪੈਨਸ਼ਨਰਜ਼/ ਫੈਮਲੀ ਪੈਨਸ਼ਨਰਜ਼ ਤੇ ਰੈਗੂਲਰ ਮੁਲਾਜ਼ਮਾਂ ਦੇ ਕੰਮਾਂ ਨੂੰ ਰੋਕਿਆ ਨਹੀਂ ਜਾਵੇਗਾ। ਮੀਟਿੰਗ ਨੂੰ ਸੰਬੋਧਤ ਕਰਦਿਆਂ ਬੁਲਾਰੇ ਰਾਮ ਕ੍ਰਿਸ਼ਨ ਪ੍ਰਧਾਨ ਮੰਡਲ ਜਲਾਲਾਬਾਦ, ਸੁਰਜੀਤ ਸਿੰਘ ਮੀਤ ਪ੍ਰਧਾਨ, ਰਜਿੰਦਰ ਸਿੰਘ ਸਕੱਤਰ, ਇਕਬਾਲ ਚੰਦ ਜੋਸਨ ਵਿੱਤ ਸਕੱਤਰ, ਬਲਦੇਵ ਸਿੰਘ ਲੈਪੋ, ਰੇਸ਼ਮ ਲਾਲ, ਰਛਪਾਲ ਸਿੰਘ, ਪ੍ਰਕਾਸ਼ ਚੰਦ ਬੱਤਰਾ, ਨਰੇਸ਼ ਸੇਠੀ, ਸ਼ਿੰਗਾਰ ਚੰਦ ਸਕੱਤਰ ਟੀਐੱਸਯੂ. ਰੇਸ਼ਮ ਸਿੰਘ ਮਿੱਡਾ ਸੂਬਾ ਆਗੂ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ, ਗੁਰਮੀਤ ਸਿੰਘ ਜ਼ਿਲ੍ਹਾ ਮੀਤ ਪ੍ਰਧਾਨ ਭਾਕਿਯੂ ਏਕਤਾ, ਜੋਗਾ ਸਿੰਘ ਬੀਕੇਯਬ ਬੁਰਜਗਿੱਲ, ਗੁਰਵਿੰਦਰ ਸਿੰਘ ਮੰਨੇਵਾਲਾ ਬੀ.ਕੇ.ਯੂ. ਡਕੌਂਦਾ ਧਨੇਰ, ਕੁੱਲ ਹਿੰਦ ਕਿਸਾਨ ਸਭਾ ਤੋਂ ਸੁਰਿੰਦਰ ਢੰਡੀਆ, ਸ਼ੇਰ ਸਿੰਘ ਟੀ.ਐੱਸ.ਯੂ. ਮੰਡਲ ਪ੍ਰਧਾਨ ਨੇ ਕਿਹਾ ਕਿ ਪੰਜਾਬ ਸਰਕਾਰ ਪੈਨਸ਼ਨਰਾਂ ਤੇ ਮੁਲਾਜ਼ਮਾਂ ਦੀਆਂ ਰਹਿੰਦੀਆਂ ਮੰਗਾਂ ਨੂੰ ਮੰਨ ਕੇ ਲਾਗੂ ਕਰੇ, ਨਹੀਂ ਤਾਂ ਕਿਸਾਨ ਜਥੇਬੰਦੀਆਂ, ਮੁਲਾਜ਼ਮ ਤੇ ਪੈਨਸ਼ਨਰਾਂ ਵੱਲੋਂ ਸਹਿਯੋਗ ਕੀਤਾ ਜਾਵੇਗਾ। ਸਟੇਜ ਸਕੱਤਰ ਦੀ ਭੂਮਿਕਾ ਰਜਿੰਦਰ ਸਿੰਘ ਨੇ ਬਾਖੂਬੀ ਨਿਭਾਈ।



# ਉਮੀਦਵਾਰ ਲਖਵੀਰ ਸਿੰਘ ਲੱਖਾ ਦੀ ਨਿਮਰਤਾ ਦਾ ਪੈ ਸਕਦੈ ਮੁੱਲ

**ਭਗਤਾ ਭਾਈ ਕਾ (ਰਾਜੀਵ ਗੋਇਲ)** : ਸਥਾਨਕ ਨਗਰ ਪੰਚਾਇਤ ਅਧੀਨ ਵਾਰਡ ਨੰਬਰ 10 ਤੋਂ ਚੋਣ ਲੜ ਰਹੇ ਉਮੀਦਵਾਰ ਲਖਵੀਰ ਸਿੰਘ ਲੱਖਾ ਦੀ ਨਿਮਰਤਾ ਦਾ ਵਾਰਡ ਵਾਸੀਆਂ ਵੱਲੋਂ ਇਸ ਵਾਰ ਮੁੱਲ ਪਾਇਆ ਜਾ ਸਕਦਾ ਹੈ, ਕਿਉਂਕਿ ਪਿਛਲੇ ਕਾਫੀ ਲੰਮੇ ਸਮੇਂ ਤੋਂ ਉਕਤ ਉਮੀਦਵਾਰ ਬਿਨਾਂ ਕਿਸੇ ਭੇਦਭਾਵ ਆਮ ਲੋਕਾਂ ਦੀ ਸਹਾਇਤਾ ਕਰਦੇ ਆ ਰਹੇ ਹਨ ਤੇ ਇਸ ਵਾਰ ਵਾਰਡ ਵਾਸੀਆਂ ਵਿੱਚ ਲਖਵੀਰ ਸਿੰਘ ਦੀ ਸਾਦਗੀ, ਇਮਾਨਦਾਰੀ ਤੇ ਨਿਮਰਤਾ ਦੀ ਭਰਪੂਰ ਚਰਚਾ ਹੈ, ਜਿਸ ਦਾ ਫਾਇਦਾ ਲੱਖਾ ਨੂੰ ਮਿਲਣ ਦੀ ਉਮੀਦ ਜਤਾਈ ਜਾ ਰਹੀ ਹੈ।



# ਵਧ ਰਹੀ ਗਰਮੀ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਐਡਵਾਈਜ਼ਰੀ ਜਾਰੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਅਜੋਕੇ ਦਿਨਾਂ ਵਿੱਚ ਤਾਪਮਾਨ ਵਿੱਚ ਲਗਾਤਾਰ ਹੋ ਰਹੇ ਵਾਧੇ ਨੂੰ ਧਿਆਨ ਵਿਚ ਰੱਖਦਿਆਂ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਲੋਕਾਂ ਨੂੰ ਗਰਮ ਲੂ ਤੋਂ ਬਚਾਉਣ ਲਈ ਐਡਵਾਈਜ਼ਰੀ ਜਾਰੀ ਕੀਤੀ ਗਈ ਹੈ ਤਾਂ ਜੋ ਲੋਕ ਗਰਮੀ ਦੇ ਮੌਸਮ ਦੌਰਾਨ ਵਧੇਰੇ ਗਰਮੀ ਕਾਰਨ ਹੋਣ ਵਾਲੀਆਂ ਬਿਮਾਰੀਆਂ ਤੋਂ ਆਪਣੇ ਆਪ ਨੂੰ ਬਚਾ ਸਕਣ। ਇਹ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਫ਼ਿਰੋਜ਼ਪੁਰ ਡਾ. ਮੀਨਾਕਸ਼ੀ ਢੀਂਗਰਾ ਨੇ ਦੱਸਿਆ ਕਿ ਹੀਟ ਸਟਰੋਕ ਦੇ ਨਾਲ ਫੂਡ ਪੁਆਇਜ਼ਨਿੰਗ ਦੀ ਸਮੱਸਿਆ ਬਹੁਤ ਜ਼ਿਆਦਾ ਹੁੰਦੀ ਹੈ, ਇਸ ਲਈ ਸਾਨੂੰ ਵੱਧ ਤੋਂ ਵੱਧ ਤਾਜ਼ੇ ਫਲ ਖਾਣੇ ਚਾਹੀਦੇ ਹਨ, ਬਾਜ਼ਾਰ ਦੇ ਖੁੱਲ੍ਹੇ ਭੋਜਨ ਖਾਣ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ, ਅਜਿਹੇ ਫਲ ਤੇ ਸਬਜ਼ੀਆਂ ਨੂੰ ਭੋਜਨ ਵਿਚ ਸ਼ਾਮਲ ਕਰਨਾ ਚਾਹੀਦਾ ਹੈ, ਜਿਨ੍ਹਾਂ ਵਿੱਚ ਪਾਣੀ ਦੀ ਮਾਤਰਾ ਜ਼ਿਆਦਾ ਹੋਵੇ। ਉਨ੍ਹਾਂ ਕਿਹਾ ਕਿ ਖੀਰਾ, ਤਰਬੂਜ਼, ਅੰਬ, ਲੀਚੀ ਤੇ ਲੌਕੀ ਇਹ ਸਾਰੀਆਂ ਚੀਜ਼ਾਂ ਗਰਮੀ ਦੇ ਮੌਸਮ ਵਿੱਚ ਲਾਹੇਵੰਦ ਹਨ। ਇਹ ਬੇਹੱਦ ਜ਼ਰੂਰੀ ਹੈ ਕਿ ਅਸੀਂ ਆਪਣੀ ਚਮੜੀ ਨੂੰ ਤੇਜ਼ ਗਰਮੀ ਤੋਂ ਸੁਰੱਖਿਅਤ ਰੱਖੀਏ, ਸੂਰਜ ਦੀਆਂ ਸਿੱਧੀਆਂ ਕਿਰਨਾਂ ਤੋਂ ਆਪਣੇ ਸਰੀਰ ਨੂੰ ਬਚਾਉਣਾ ਬਹੁਤ ਜ਼ਰੂਰੀ ਹੈ। ਗਰਮੀ ਦੇ ਇਸ ਮੌਸਮ ਦੌਰਾਨ ਕਿਸੇ ਵੀ ਤਰ੍ਹਾਂ ਦੀ ਸਿਹਤ ਸਮੱਸਿਆ ਆਉਣ 'ਤੇ ਡਾਕਟਰੀ ਸਲਾਹ ਲੈਣੀ ਚਾਹੀਦੀ ਹੈ। ਜੇਕਰ ਮੈਦਾਨੀ ਖੇਤਰ ਦਾ ਤਾਪਮਾਨ 47 ਡਿਗਰੀ ਜਾਂ ਇਸ ਤੋਂ ਵੱਧ ਤੱਕ ਪਹੁੰਚ ਜਾਂਦਾ ਹੈ, ਤਾਂ ਇਹ ਉੱਚ ਤਾਪਮਾਨ ਸਰੀਰ ਦੀ ਤਾਪਮਾਨ ਨਿਯੰਤਰਣ ਪ੍ਰਣਾਲੀ ਨੂੰ ਵਿਗਾੜਦਾ ਹੈ ਤੇ ਗਰਮੀ ਨਾਲ ਸਬੰਧਤ ਬਿਮਾਰੀਆਂ ਦਾ ਕਾਰਨ ਬਣਦਾ ਹੈ। ਲੋਕਾਂ ਨੂੰ ਸਿਹਤ ਵਿਭਾਗ ਵੱਲੋਂ ਜਾਰੀ ਐਡਵਾਈਜ਼ਰੀ ਦੀ ਪਾਲਣਾ ਕਰਨ ਦੀ ਅਪੀਲ ਕਰਦਿਆਂ ਡਾ. ਮੀਨਾਕਸ਼ੀ ਢੀਂਗਰਾ ਨੇ ਕਿਹਾ ਕਿ ਇਸ ਮੌਸਮ ਦੌਰਾਨ ਆਮ ਲੋਕਾਂ ਦੇ ਨਾਲ-ਨਾਲ ਖਾਸ ਕਰਕੇ ਉਨ੍ਹਾਂ ਲੋਕਾਂ, ਜਿਹੜੇ ਜੋਖਮ ਸ਼੍ਰੇਣੀ ਵਿੱਚ ਆਉਂਦੇ ਹਨ, ਨੂੰ ਚੌਕਸ ਰਹਿਣ ਦੀ ਲੋੜ ਹੈ। ਉਨ੍ਹਾਂ ਸਲਾਹ ਦਿੰਦਿਆਂ ਕਿਹਾ ਕਿ ਟੀ.ਵੀ., ਰੇਡੀਓ, ਅਖਬਾਰਾਂ ਆਦਿ ਰਾਹੀਂ ਸਥਾਨਕ ਮੌਸਮ ਦੀਆਂ ਖਬਰਾਂ ਵੱਲ ਧਿਆਨ ਦਿੱਤਾ ਜਾਣਾ ਚਾਹੀਦਾ ਹੈ। ਇਸ ਤੋਂ ਇਲਾਵਾ ਮੌਸਮ ਵਿਭਾਗ ਦੀ ਵੈੱਬਸਾਈਟ 'ਤੋਂ ਮੌਸਮ ਦੀ ਤਾਜ਼ਾ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ। ਲੋਕ ਪੂਰਵ ਅਨੁਮਾਨ ਦੇ ਅਨੁਸਾਰ ਆਪਣੀਆਂ ਰੋਜ਼ਾਨਾ ਦੀਆਂ ਗਤੀਵਿਧੀਆਂ ਦੀ ਯੋਜਨਾ ਬਣਾਉਣ। ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੰਜੀਵ ਸ਼ਰਮਾ, ਡਿਪਟੀ ਮਾਸ ਮੀਡੀਆ ਅਫ਼ਸਰ ਅੰਕੁਸ਼ ਭੰਡਾਰੀ ਨੇ ਦੱਸਿਆ ਕਿ ਹੀਟ ਸਟਰੋਕ ਲਈ ਨਵਜੰਮੇ ਬੱਚੇ, ਛੋਟੇ ਬੱਚੇ, ਗਰਭਵਤੀ ਔਰਤਾਂ, 65 ਸਾਲ ਜਾਂ ਵੱਧ ਉਮਰ ਦੇ ਬਜ਼ੁਰਗ, ਮਜ਼ਦੂਰ, ਮੋਟਾਪੇ ਤੋਂ ਪੀੜਤ ਵਿਅਕਤੀ ਵਧੇਰੇ ਜ਼ੋਖਮ 'ਤੇ ਹੁੰਦੇ ਹਨ। ਉਨ੍ਹਾਂ ਦੱਸਿਆ ਕਿ ਘਰ ਤੋਂ ਬਾਹਰ ਦੇ ਕੰਮ ਦਿਨ ਦੇ ਠੰਡੇ ਸਮੇਂ, ਜਿਵੇਂ ਕਿ ਸਵੇਰ ਤੇ ਸ਼ਾਮ ਵਿੱਚ ਕੀਤੇ ਜਾਣੇ ਚਾਹੀਦੇ ਹਨ। ਪਿਆਸ ਨਾ ਲੱਗਣ 'ਤੇ ਵੀ ਹਰ ਅੱਧੇ ਘੰਟੇ ਬਾਅਦ ਪਾਣੀ ਪੀਣਾ ਯਕੀਨੀ ਬਣਾਉਣਾ ਚਾਹੀਦਾ ਹੈ। ਮਿਰਗੀ ਜਾਂ ਦਿਲ ਦੀ ਬਿਮਾਰੀ, ਗੁਰਦੇ ਜਾਂ ਜਿਗਰ ਦੀ ਬਿਮਾਰੀ ਵਾਲੇ ਲੋਕ ਜੋ ਤਰਲ-ਪ੍ਰਤੀਬੰਧਿਤ ਖੁਰਾਕ 'ਤੇ ਹਨ, ਉਨ੍ਹਾਂ ਨੂੰ ਪਾਣੀ ਦੀ ਮਾਤਰਾ ਵਧਾਉਣ ਤੋਂ ਪਹਿਲਾਂ ਡਾਕਟਰ ਨਾਲ ਸਲਾਹ ਕਰਨੀ ਚਾਹੀਦੀ ਹੈ। ਬਾਹਰ ਕੰਮ ਕਰਦੇ ਸਮੇਂ ਹਲਕੇ ਰੰਗ ਦੇ ਪੂਰੀਆਂ ਬਾਹਾਂ ਵਾਲੇ ਕੱਪੜੇ ਪਾਓ। ਕੋਸ਼ਿਸ਼ ਕਰੋ ਕਿ ਗਰਮੀਆਂ ਵਿੱਚ ਸਿਰਫ਼ ਸੂਤੀ ਕੱਪੜੇ ਹੀ ਪਹਿਨੇ ਜਾਣ। ਉਨ੍ਹਾਂ ਕਿਹਾ ਕਿ ਸਿੱਧੀ ਧੁੱਪ ਤੋਂ ਆਪਣੇ ਸਿਰ ਨੂੰ ਢੱਕਣ ਲਈ ਛੱਤਰੀ, ਟੋਪੀ, ਤੌਲੀਆ, ਪੱਗ ਜਾਂ ਦੁਪੱਟੇ ਦੀ ਵਰਤੋਂ ਕਰੋ। ਨੰਗੇ ਪੈਰੀਂ ਬਾਹਰ ਨਾ ਨਿਕਲੋ, ਧੁੱਪ ਵਿਚ ਬਾਹਰ ਜਾਣ ਵੇਲੇ ਹਮੇਸ਼ਾ ਜੁੱਤੀ ਜਾਂ ਚੱਪਲਾਂ ਪਾਓ।



# ਸ਼ਹਿਰ 'ਚ ਬਿਨਾਂ ਭੇਦ-ਭਾਵ ਤੋਂ ਚੱਲ ਰਹੇ ਵਿਕਾਸ ਕਾਰਜਾਂ ਦੇ ਕੰਮ : ਡਿੰਪੀ ਢਿੱਲੋਂ

**ਗਿੱਦੜਬਾਹਾ, (ਜਸਵੰਤ ਗਿੱਲ ਛੱਤਿਆਣਾ)** ਨਗਰ ਕੌਂਸਲ ਦੀਆਂ ਚੋਣਾਂ ਵਿੱਚ ਵੱਖ-ਵੱਖ ਪਾਰਟੀਆਂ ਵੱਲੋਂ ਆਪਣੀ ਚੋਣ ਮੁਹਿੰਮ ਤੇਜ਼ ਕਰ ਦਿੱਤੀ ਹੈ। ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਵੱਲੋਂ ਆਪਣੇ ਆਪਣੇ ਵਾਰਡਾਂ ਵਿੱਚ ਆਪਣੀਆਂ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ। ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਵੱਲੋਂ ਵਾਰਡ ਨੰਬਰ ਅੱਠ ਦੇ ਉਮੀਦਵਾਰ ਮਾਧੋਦਾਸ ਦੇ ਘਰ ਵਰਕ ਮੀਟਿੰਗ ਕੀਤੀ। ਇਸੇ ਤਰ੍ਹਾਂ ਵਾਰਡ ਨੰਬਰ 9 'ਚ ਲਖਵਿੰਦਰ ਸਿੰਘ ਬਦਰੂ ਦੇ ਘਰ ਵਾਰਡ ਨੰਬਰ 10 ਵਿੱਚ ਭਿੰਦਰ ਸਿੰਘ ਦੇ ਘਰ ਵਾਰਡ ਨੰਬਰ 1 ਵਿੱਚ, ਕਰਮਜੀਤ ਸਿੰਘ ਕਰਮਾ ਦੇ ਘਰ ਵਾਰਡ ਨੰਬਰ 2 ਵਿੱਚ, ਮੰਦਰ ਸਿੰਘ ਮਾਨ ਦੇ ਘਰ ਵਾਰਡ ਨੰਬਰ 3 ਵਿੱਚ, ਸੁਖਮੰਦਰ ਸਿੰਘ ਦੇ ਘਰ ਵਿੱਚ ਤੇ ਵਾਰਡ ਨੰਬਰ 6 ਵਿੱਚ ਰਜਿੰਦਰ ਕੁਮਾਰ ਦੇ ਘਰ ਵਰਕਰਾਂ ਨਾਲ ਮੀਟਿੰਗ ਕਰਕੇ ਵਰਕਰਾਂ ਨੂੰ ਉਮੀਦਵਾਰਾਂ ਦੇ ਹੱਕ ਵਿੱਚ ਚੋਣ ਪ੍ਰਚਾਰ ਤੇਜ ਕਰਨ ਲਈ ਉਤਸ਼ਾਹਤ ਕੀਤਾ। ਡਿੰਪੀ ਢਿੱਲੋਂ ਨੇ ਕਿਹਾ ਕਿ ਗਿੱਦੜਬਾਹਾ ਸ਼ਹਿਰ 'ਚ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਬਿਨਾਂ ਕਿਸੇ ਭੇਦਭਾਵ ਤੋਂ ਲਗਾਤਾਰ ਵਿਕਾਸ ਕਾਰਜ ਚੱਲ ਰਹੇ ਹਨ ਤੇ ਗਿੱਦੜਬਾਹਾ ਸ਼ਹਿਰ ਤੇ ਪਿੰਡ ਦੇ ਸਾਰੇ ਵਾਰਡਾਂ ਦੇ ਵਿਕਾਸ ਲਈ ਕਿਸੇ ਵੀ ਤਰ੍ਹਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਸਾਰੇ ਉਮੀਦਵਾਰਾਂ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਵੱਡੀ ਜਿੱਤ ਹਾਸਲ ਕਰਾਓ ਤਾਂ ਜੁ ਗਿੱਦੜਬਾਹਾ ਦੇ ਸਾਰੇ ਵਿਕਾਸ ਬਿਨਾਂ ਕਿਸੇ ਰੁਕਾਵਟ ਪੂਰੇ ਹੋ ਜਾਣ।



# ਵਿਦਿਆਰਥੀਆਂ ਨੂੰ ਆਤਮ-ਨਿਰਭਰ ਬਣਾਉਣ ਲਈ ਲਗਾਤਾਰ ਠੋਸ ਕਦਮ ਚੁੱਕ ਰਹੀ ਹੈ ਪੰਜਾਬੀ 'ਵਰਸਿਟੀ : ਡਾ. ਜਗਦੀਪ ਸਿੰਘ

● ਰਾਜਪਾਲ ਦੀ ਪ੍ਰਧਾਨਗੀ ਹੇਠ ਹੋਈ ਵਿਸ਼ੇਸ਼ ਕਾਨਫ਼ਰੰਸ 'ਚ ਪ੍ਰਗਟਾਏ ਵਿਚਾਰ

**ਪਟਿਆਲਾ (ਰਜਿੰਦਰ ਸਿੰਘ ਥਿੰਦ)**- ਪੰਜਾਬੀ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਪੰਜਾਬ ਦੇ ਰਾਜਪਾਲ ਤੇ ਯੂਨੀਵਰਸਿਟੀ ਦੇ ਚਾਂਸਲਰ ਸ੍ਰੀ ਗੁਲਾਬ ਚੰਦ ਕਟਾਰੀਆ ਦੀ ਪ੍ਰਧਾਨਗੀ ਹੇਠ ਹੋਈ ਵਿਸ਼ੇਸ਼ ਵਾਈਸ ਚਾਂਸਲਰਜ਼ ਕਾਨਫ਼ਰੰਸ ਵਿੱਚ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਗਈ।'ਉੱਚ ਵਿੱਦਿਅਕ ਸੰਸਥਾਵਾਂ ਲਈ ਮਾਨਸਿਕ ਸਿਹਤ ਤੇ ਤੰਦਰੁਸਤੀ 'ਤੇ ਇਕਸਾਰ ਨੀਤੀ' ਵਿਸ਼ੇ 'ਤੇ ਕਰਵਾਈ ਗਈ ਇਸ ਕਾਨਫ਼ਰੰਸ ਵਿੱਚ ਪੰਜਾਬ ਦੀਆਂ ਸਰਕਾਰੀ ਤੇ ਨਿੱਜੀ ਯੂਨੀਵਰਸਿਟੀਆਂ ਦੇ ਉਪ-ਕੁਲਪਤੀਆਂ ਨੇ ਸ਼ਿਰਕਤ ਕੀਤੀ।

ਪੰਜਾਬੀ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਇਸ ਕਾਨਫ਼ਰੰਸ ਵਿੱਚ ਆਪਣੇ ਸੰਬੋਧਨ ਦੌਰਾਨ ਵਿਸਥਾਰ ਵਿੱਚ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਦੀ ਮਾਨਸਿਕ ਸਿਹਤ ਨੂੰ ਬਿਹਤਰ ਬਣਾਉਣ, ਉਨ੍ਹਾਂ ਦੀ ਸਕਾਰਾਤਮਕ ਸਰਗਰਮੀ ਵਧਾਉਣ ਤੇ ਕਈ ਨਵੀਨਤਮ ਉਪਰਾਲਿਆਂ ਰਾਹੀਂ ਉਨ੍ਹਾਂ ਨੂੰ ਆਤਮ-ਨਿਰਭਰ ਬਣਾਉਣ ਲਈ ਲਗਾਤਾਰ ਠੋਸ ਕਦਮ ਚੁੱਕੇ ਜਾ ਰਹੇ ਹਨ।ਉਨ੍ਹਾਂ ਪੰਜਾਬੀ ਯੂਨੀਵਰਸਿਟੀ ਵਿੱਚ ਰਾਸ਼ਟਰੀ ਸਿੱਖਿਆ ਨੀਤੀ ਨੂੰ ਸਫਲਤਾਪੂਰਵਕ ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਬਾਰੇ ਕੀਤੇ ਜਾ ਰਹੇ ਯਤਨਾਂ ਬਾਰੇ ਵੀ ਵਿਸਥਾਰਪੂਰਵਕ ਚਾਨਣਾ ਪਾਇਆ।

ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਦੇ ਚਾਂਸਲਰ ਤੇ ਪੰਜਾਬ ਦੇ ਮਾਣਯੋਗ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਵੱਲੋਂ ਪੰਜਾਬੀ ਯੂਨੀਵਰਸਿਟੀ ਵਿਖੇ ਹੋ ਰਹੇ ਕਾਰਜਾਂ ਤੇ ਇਸ ਦਿਸ਼ਾ ਵਿੱਚ ਉਠਾਏ ਜਾ ਰਹੇ ਕਾਰਜਾਂ ਦੀ ਪ੍ਰਸ਼ੰਸਾ ਕੀਤੀ ਅਤੇ ਇਸ ਦਿਸ਼ਾ ਵਿੱਚ ਹੋਰ ਕਾਰਜ ਕਰਨ ਲਈ ਪ੍ਰੇਰਿਆ।

ਇਸ ਉੱਚ-ਪੱਧਰੀ ਕਾਨਫ਼ਰੰਸ ਵਿੱਚ ਪੰਜਾਬ ਭਰ ਦੀਆਂ ਯੂਨੀਵਰਸਿਟੀਆਂ ਦੇ ਉਪ-ਕੁਲਪਤੀਆਂ ਤੇ ਉੱਚ ਪ੍ਰਤੀਨਿਧਾਂ ਨੇ ਹਿੱਸਾ ਲਿਆ, ਜਿੱਥੇ ਉੱਚ ਸਿੱਖਿਆ ਨੂੰ ਮਜ਼ਬੂਤ ਕਰਨ, ਵਿਦਿਆਰਥੀਆਂ ਦੀ ਮਾਨਸਿਕ ਸਿਹਤ ਨੂੰ ਸੁਧਾਰਨ, ਨਵੀਂ ਸਿੱਖਿਆ ਨੀਤੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਤੇ ਕੈਂਪਸਾਂ ਨੂੰ ਸਿਹਤਮੰਦ ਬਣਾਉਣ ਬਾਰੇ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਕਾਨਫ਼ਰੰਸ ਦੌਰਾਨ ਯੂ.ਜੀ.ਸੀ. ਦੇ ਜੁਆਇੰਟ ਸੈਕਟਰੀ ਡਾ. ਸੁਨੀਤਾ ਸਿਵਾਚ ਤੇ ਆਰ.ਐੱਮ.ਐੱਲ. ਹਸਪਤਾਲ, ਨਵੀਂ ਦਿੱਲੀ ਦੇ ਪ੍ਰਸਿੱਧ ਮਨੋਵਿਗਿਆਨੀ ਡਾ. ਆਰ. ਪੀ. ਬੇਨੀਵਾਲ ਨੇ ਵੀ ਮਾਨਸਿਕ ਸਿਹਤ ਸਬੰਧੀ ਵਿਸ਼ੇ 'ਤੇ ਆਪਣੇ ਅਹਿਮ ਵਿਚਾਰ ਪ੍ਰਗਟਾਏ।



# ਸਿਆਸੀ ਸ਼ਹਿ 'ਤੇ ਉਮੀਦਵਾਰਾਂ ਦੇ ਕਾਗਜ਼ ਰੱਦ ਕਰਵਾਉਣ ਦੀ ਕੋਸ਼ਿਸ਼ ਨਾਕਾਮ

## ਲੋਕ ਸੰਘਰਸ਼ ਦੀ ਬਦੌਲਤ 27 ਵਾਰਡਾਂ ਦੀ ਲਿਸਟ ਜਾਰੀ : ਆਗੂ

**ਮਾਨਸਾ (ਆਤਮਾ ਸਿੰਘ ਪਮਾਰ)** : ਨਗਰ ਕੌਂਸਲ ਦੀਆਂ ਚੋਣਾਂ ਸਬੰਧੀ ਨਾਮਜ਼ਦਗੀ ਪੱਤਰਾਂ (ਕਾਗਜ਼ਾਂ) ਦੀ ਪੜਤਾਲ ਦੌਰਾਨ ਉਸ ਵੇਲੇ ਮਾਹੌਲ ਗਰਮਾ ਗਿਆ, ਜਦੋਂ ਮਾਨਸਾ ਪ੍ਰਸ਼ਾਸਨ 'ਤੇ ਹਾਕਮ ਧਿਰ ਦੇ ਵਿਧਾਇਕ ਵੱਲੋਂ ਕਥਿਤ ਸਿਆਸੀ ਦਬਾਅ ਪਾ ਕੇ ਕੁਝ ਵਿਸ਼ੇਸ਼ ਵਾਰਡਾਂ ਦੇ ਉਮੀਦਵਾਰਾਂ ਦੇ ਕਾਗਜ਼ ਰੱਦ ਕਰਵਾਉਣ ਦੀ ਕੋਸ਼ਿਸ਼ ਕੀਤੀ ਗਈ। ਪ੍ਰਸ਼ਾਸਨ ਦੀ ਇਸ ਕਾਰਵਾਈ ਦੀ ਭਿਣਕ ਲੱਗਦਿਆਂ ਹੀ ਮਾਨਸਾ ਦੇ ਆਮ ਲੋਕਾਂ ਵਿੱਚ ਭਾਰੀ ਰੋਸ ਤੇ ਨਿਰਾਸ਼ਾ ਪੈਦਾ ਹੋ ਗਈ। ਜਦੋਂ ਇਸ ਸਾਰੇ ਮਸਲੇ ਤੇ ਲੋਕਾਂ ਦੇ ਆਕਰੋਸ਼ ਦਾ '21 ਮੈਂਬਰੀ ਕਮੇਟੀ ਮਾਨਸਾ ਦੇ ਮੈਂਬਰਾਂ' ਨੂੰ ਪਤਾ ਲੱਗਿਆ, ਤਾਂ ਕਮੇਟੀ ਦੇ ਪ੍ਰਮੁੱਖ ਆਗੂ ਤੁਰੰਤ ਹਰਕਤ 'ਚ ਆਉਂਦਿਆਂ ਮੌਕੇ 'ਤੇ ਪਹੁੰਚ ਗਏ।ਇਸ ਵੇਲੇ ਕਮੇਟੀ ਮੈਂਬਰਾਂ ਵੱਲੋਂ ਐੱਸ.ਡੀ.ਐੱਮ. ਦਫ਼ਤਰ ਵਿਖੇ ਡੇਰੇ ਲਗਾ ਲਏ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਨਿਰੰਤਰ ਗੱਲਬਾਤ ਜਾਰੀ ਰਹੀ। ਕਮੇਟੀ ਆਗੂਆਂ ਨੇ ਸਪੱਸ਼ਟ ਕੀਤਾ ਕਿ ਫਿਲਹਾਲ ਮੁਸਤੈਦੀ ਸਦਕਾ ਹਾਕਮ ਧਿਰ ਵੱਲੋਂ ਮਨਮਾਨੀ ਕਰਨ ਦੀਆਂ ਸਕੀਮਾਂ ਧਰੀਆਂ ਧਰਾਈਆਂ ਰਹਿ ਗਈਆਂ ਤੇ ਕਿਸੇ ਵੀ ਉਮੀਦਵਾਰ ਦੇ ਕਾਗਜ਼ ਰੱਦ ਨਹੀਂ ਹੋਣ ਦਿੱਤੇ।ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨ ਖਿਲਾਫ਼ ਕਮੇਟੀ ਤੇ ਇਨਸਾਫ਼ ਪਸੰਦ ਸ਼ਹਿਰੀਆਂ, ਮੋਹਤਬਰਾਂ ਤੇ ਵੱਖ ਵੱਖ ਵਰਗਾਂ ਦੀਆਂ ਜਥੇਬੰਦੀਆਂ ਅਤੇ ਰਾਜਨੀਤਕ ਪਾਰਟੀਆਂ ਦੇ ਆਗੂਆਂ ਤੇ ਕਾਰਕੁਨਾਂ ਵੱਲੋਂ ਸਾਂਝੇ ਤੌਰ 'ਤੇ ਕੀਤੇ ਸੰਘਰਸ਼ ਦੀ ਬਦੌਲਤ ਇਸ ਕਾਰਜ ਨੂੰ ਨੇਪਰੇ ਚਾੜ੍ਹਨ 'ਚ ਕਾਮਯਾਬੀ ਮਿਲੀ ਹੈ। ਆਗੂਆਂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ 26 ਮਈ ਨੂੰ ਚੋਣਾਂ ਵਾਲੇ ਦਿਨ ਕਿਸੇ ਵੀ ਤਰ੍ਹਾਂ ਦੀ ਗੜਬੜੀ ਹੋਈ ਤਾਂ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਲੋਕਤੰਤਰੀ ਤੇ ਅਜ਼ਾਦਾਨਾ ਤਰੀਕੇ ਨਾਲ ਚੋਣਾਂ ਨੇਪਰੇ ਚਾੜ੍ਹਨ ਦੀ ਪੁਰਜ਼ੋਰ ਮੰਗ ਕਰਦਿਆਂ ਕਿਹਾ ਕਿ ਕਿਸੇ ਵੀ ਉਮੀਦਵਾਰ ਦੇ ਪੇਪਰ ਰੱਦ ਨਾ ਹੋਣ ਦੇਣੇ ਭਾਈਚਾਰਕ ਸਾਂਝ ਤੇ ਲੋਕ ਏਕਤਾ ਦੀ ਜਿੱਤ ਹੈ। ਇਸ ਮੌਕੇ ਕਮੇਟੀ ਦੇ ਪ੍ਰਮੁੱਖ ਆਗੂ ਨਾਜਰ ਸਿੰਘ ਮਾਨਸ਼ਾਹੀਆ, ਮਨੀਸ਼ ਬੱਬੀ ਦਾਨੇਵਾਲੀਆ, ਕਾਮਰੇਡ ਕ੍ਰਿਸ਼ਨ ਚੌਹਾਨ, ਮਾਣਕ ਗੋਇਲ ਡਾ. ਧੰਨਾ ਮੱਲ ਗੋਇਲ, ਹਰਿੰਦਰ ਸ਼ਰਮਾ, ਚਮਕੌਰ ਸਿੰਘ ਸਿੱਧੂ ਮੂਸਾ ਤੇ ਮਨਦੀਪ ਸਿੰਘ ਗੋਰਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਸਮੇਂ ਪ੍ਰਿੰਟ ਤੇ ਇਲੈਕਟ੍ਰਾਨਿਕ ਮੀਡੀਆ ਵੱਲੋਂ ਨਿਭਾਈ ਗਈ ਵਿਸ਼ੇਸ਼ ਭੂਮਿਕਾ ਲਈ ਧੰਨਵਾਦ ਕਰਦਿਆਂ ਸਮੂਹ ਸ਼ਹਿਰੀਆਂ ਨੂੰ ਭਾਈਚਾਰਕ ਸਾਂਝ ਬਣਾਈ ਰੱਖਣ ਦੀ ਅਪੀਲ ਵੀ ਕੀਤੀ ਗਈ।



# ਵਾਰਡ ਨੰਬਰ 10 'ਚ 'ਆਪ' ਨੂੰ ਵੱਡੀ ਮਜ਼ਬੂਤੀ, ਆਜ਼ਾਦ ਉਮੀਦਵਾਰ ਨੇ ਨਾਮਜ਼ਦਗੀ ਲਈ ਵਾਪਸ

**ਭਵਾਨੀਗੜ੍ਹ (ਰਾਜ ਖੁਰਮੀ)**- ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਭਵਾਨੀਗੜ੍ਹ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਵੱਡੀ ਸਿਆਸੀ ਮਜ਼ਬੂਤੀ ਮਿਲੀ, ਜਦੋਂ ਵਾਰਡ ਨੰਬਰ 10 ਤੋਂ ਆਜ਼ਾਦ ਉਮੀਦਵਾਰ ਸੁਖਪ੍ਰੀਤ ਕੌਰ, ਪਤਨੀ ਬੁਧਰਾਮ ਸਿੰਘ ਮਾਹੀ ਨੇ ਆਪਣੀ ਨਾਮਜ਼ਦਗੀ ਵਾਪਸ ਲੈਣ ਦਾ ਐਲਾਨ ਕਰ ਦਿੱਤਾ।ਇਸ ਫੈਸਲੇ ਪਿੱਛੇ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਦੀ ਅਹਿਮ ਭੂਮਿਕਾ ਮੰਨੀ ਜਾ ਰਹੀ ਹੈ, ਜਿਨ੍ਹਾਂ ਨੇ ਮਾਹੀ ਪਰਿਵਾਰ ਨਾਲ ਵਿਸ਼ੇਸ਼ ਮੁਲਾਕਾਤ ਕਰਕੇ ਪਾਰਟੀ ਦੀ ਇੱਕਜੁੱਟਤਾ ਤੇ ਵਿਕਾਸਮੁਖੀ ਸੋਚ ਬਾਰੇ ਵਿਚਾਰ ਸਾਂਝੇ ਕੀਤੇ।ਸਿਆਸੀ ਹਲਕਿਆਂ ਵਿੱਚ ਇਸ ਘਟਨਾ ਨੂੰ ਕਾਫ਼ੀ ਅਹਿਮ ਮੰਨਿਆ ਜਾ ਰਿਹਾ ਹੈ, ਕਿਉਂਕਿ ਵਾਰਡ ਨੰਬਰ 10 ਵਿੱਚ ਮੁਕਾਬਲਾ ਤਿਕੋਣਾ ਹੋਣ ਦੀ ਸੰਭਾਵਨਾ ਬਣ ਰਹੀ ਸੀ।ਜਾਣਕਾਰੀ ਅਨੁਸਾਰ ਡਾ. ਮਿੰਕੂ ਜਵੰਧਾ ਨੇ ਸੁਖਪ੍ਰੀਤ ਕੌਰ ਤੇ ਮਾਹੀ ਪਰਵਾਰ ਨਾਲ ਗੱਲਬਾਤ ਦੌਰਾਨ ਪਾਰਟੀ ਹਿੱਤਾਂ ਤੇ ਸਾਂਝੀ ਤਾਕਤ ਦੀ ਮਹੱਤਤਾ ਉਜਾਗਰ ਕੀਤੀ, ਜਿਸ ਤੋਂ ਬਾਅਦ ਪਰਵਾਰ ਨੇ ਚੋਣ ਮੈਦਾਨ ਵਿੱਚੋਂ ਹਟਣ ਦਾ ਫੈਸਲਾ ਕੀਤਾ। ਇਸ ਮੌਕੇ ਡਾ. ਮਿੰਕੂ ਜਵੰਧਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਇੱਕ ਪਰਵਾਰ ਵਾਂਗ ਕੰਮ ਕਰਦੀ ਹੈ ਤੇ ਹਰ ਵਰਕਰ ਦਾ ਮਾਣ-ਸਤਿਕਾਰ ਬਰਕਰਾਰ ਰੱਖਣਾ ਪਾਰਟੀ ਦੀ ਪਹਿਲ ਹੈ।ਉਨ੍ਹਾਂ ਸੁਖਪ੍ਰੀਤ ਕੌਰ ਤੇ ਬੁਧਰਾਮ ਸਿੰਘ ਵੱਲੋਂ ਲਏ ਗਏ ਫੈਸਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਮਰਪਤ ਸਾਥੀਆਂ ਦੇ ਸਹਿਯੋਗ ਨਾਲ ਪਾਰਟੀ ਨੂੰ ਚੋਣਾਂ ਵਿੱਚ ਵੱਡੀ ਜਿੱਤ ਮਿਲੇਗੀ।ਉਨ੍ਹਾਂ ਭਰੋਸਾ ਦਿੱਤਾ ਕਿ ਮਾਹੀ ਪਰਵਾਰ ਨੂੰ ਪਾਰਟੀ ਵਿੱਚ ਪੂਰਾ ਮਾਣ-ਤਾਣ ਦਿੱਤਾ ਜਾਵੇਗਾ।ਇਸ ਦੌਰਾਨ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਤੇ ਇਲਾਕੇ ਦੇ ਪਤਵੰਤੇ ਸੱਜਣ ਹਾਜ਼ਰ ਰਹੇ, ਜਿਨ੍ਹਾਂ ਵਿੱਚ ਮੱਖਣ, ਸਤਗੁਰ, ਭੋਲਾ ਸਰਪੰਚ, ਦਲਜੀਤ ਸਿੰਘ ਸਰਪੰਚ, ਸੰਦੀਪ ਲਾਲਕਾ, ਪਵਨ, ਰੋਹੀ, ਤਾਲੂ ਸਿੰਘ, ਹਰਭਜਨ ਸਿੰਘ ਹੈਪੀ, ਗੁਰਪ੍ਰੀਤ ਸਿੰਘ ਬਾਬਾ, ਸੁਰਜੀਤ ਕੌਰ ਬੇਬੀ ਤੇ ਸੁਰਜੀਤ ਕੌਰ ਸਮੇਤ ਹੋਰ ਆਗੂ ਸ਼ਾਮਲ ਸਨ।ਸਾਰਿਆਂ ਨੇ ਡਾ. ਜਵੰਧਾ ਦੇ ਇਸ ਉਪਰਾਲੇ ਤੇ ਮਾਹੀ ਪਰਵਾਰ ਦੇ ਫੈਸਲੇ ਦਾ ਜ਼ੋਰਦਾਰ ਸਵਾਗਤ ਕੀਤਾ।



# ਨਗਰ ਪੰਚਾਇਤ ਭਗਤਾ ਦੀ ਚੋਣ 'ਚ 50 ਉਮੀਦਵਾਰ ਨਿੱਤਰੇ, 30 ਨੇ ਵਾਪਸ ਲਏ ਪੱਤਰ



**ਬਠਿੰਡਾ (ਰਾਜੀਵ ਗੋਇਲ)** : ਜ਼ਿਲ੍ਹੇ ਦੇ ਕਸਬਾ ਭਗਤਾ ਭਾਈ ਕਾ ਦੀ ਨਗਰ ਪੰਚਾਇਤ ਚੋਣ ਨੂੰ ਲੈ ਕੇ ਕੁੱਲ 80 ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ ਸਨ, ਜਿਨ੍ਹਾਂ ਵਿੱਚੋਂ 30 ਉਮੀਦਵਾਰਾਂ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਵਾਪਸ ਲੈ ਲਏ ਗਏ ਹਨ ਤੇ ਫਿਲਹਾਲ 50 ਉਮੀਦਵਾਰਾਂ ਵੱਲੋਂ ਚੋਣ ਮੈਦਾਨ ਵਿੱਚ ਢੋਲ ਵਜਾ ਦਿੱਤਾ ਗਿਆ ਹੈ।ਬੀਤੇ ਕੱਲ੍ਹ ਨਾਮਜ਼ਦਗੀ ਵਿੱਚ ਇਤਰਾਜ਼ ਲਗਾਉਣ ਦਾ ਪ੍ਰਸ਼ਾਸਨ ਵੱਲੋਂ ਸਮਾਂ ਦਿੱਤਾ ਗਿਆ ਸੀ ਤੇ ਮਹਿਕਮੇ ਵੱਲੋਂ ਕਈ ਉਮੀਦਵਾਰਾਂ ਨੂੰ ਨੋਟਿਸ ਜਾਰੀ ਕੀਤੇ ਗਏ ਸਨ, ਜਿਨ੍ਹਾਂ ਵਿੱਚ ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ ਤੇ ਕਾਂਗਰਸ ਦੇ ਸਰਗਰਮ ਆਗੂ ਬੂਟਾ ਸਿੰਘ ਸਿੱਧੂ ਦਾ ਨਾਮ ਵੀ ਸ਼ਾਮਲ ਸੀ, ਪਰ ਜਿਉਂ ਹੀ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਦੇ ਗੱਲ ਕੰਨੀਂ ਪਈ ਕਿ ਉਨ੍ਹਾਂ ਦੀ ਪਾਰਟੀ ਦੇ ਉਮੀਦਵਾਰਾਂ ਦੇ ਪ੍ਰਸ਼ਾਸਨ ਵੱਲੋਂ ਸਿਆਸੀ ਦਬਾਅ ਹੇਠ ਨਾਮਜ਼ਦਗੀ ਪੱਤਰ ਰੱਦ ਕੀਤੇ ਜਾ ਸਕਦੇ ਹਨ ਤਾਂ ਉਹ ਤੱਪਦੀ ਧੁੱਪ ਵਿੱਚ ਆਪਣਾ ਲਾਮ ਲਸ਼ਕਰ ਲੈ ਕੇ ਸਬ-ਤਹਿਸੀਲ ਭਗਤਾ ਵਿਖੇ ਪਹੁੰਚ ਗਏ, ਜਿੱਥੇ ਹੌਲੀ-ਹੌਲੀ ਭਗਤਾ ਬਲਾਕ ਨਾਲ ਸੰਬੰਧਤ ਕਾਂਗਰਸੀ ਵਰਕਰਾਂ ਦਾ ਜਮਾਵੜਾ ਹੋਣਾ ਸ਼ੁਰੂ ਹੋ ਗਿਆ।ਆਖੀਰ ਸ਼ਾਮ ਢਲਦੇ ਤੱਕ ਪ੍ਰਸ਼ਾਸਨ ਵੱਲੋਂ ਕਿਸੇ ਧਰਨੇ ਪ੍ਰਦਰਸ਼ਨ ਤੋਂ ਬਚਣ ਲਈ ਆਖੀਰ ਸਾਰੇ ਹੀ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਬਹਾਲ ਕਰ ਦਿੱਤੇ ਗਏ ਤੇ ਤਹਿਸੀਲ ਗੇਟ ਦੇ ਬਾਹਰ ਲਿਸਟ ਚਿਪਕਾ ਦਿੱਤੀ ਗਈ।ਉਧਰ ਇਹ ਵੀ ਪਤਾ ਲੱਗਾ ਹੈ ਕਿ ਮਾਰਕਫੈੱਡ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਵੱਲੋਂ ਵੀ ਸਾਰੀਆਂ ਹੀ ਪਾਰਟੀਆਂ ਦੇ ਉਮੀਦਵਾਰਾਂ ਵੱਲੋਂ ਦਾਖਲ ਕੀਤੇ ਪੱਤਰ ਬਹਾਲ ਕਰਵਾਉਣ ਲਈ ਅੰਦਰੂਨੀ ਤੌਰ 'ਤੇ ਆਪਣਾ ਦਬਦਬਾ ਕਾਇਮ ਰੱਖਿਆ ਗਿਆ।ਹੁਣ ਚੋਣ ਮੈਦਾਨ ਵਿੱਚ ਉੱਤਰੇ ਸਾਰੇ ਹੀ ਉਮੀਦਵਾਰਾਂ ਵਿਚਕਾਰ ਕਾਂਟੇ ਦੀ ਟੱਕਰ ਹੈ।ਉਧਰ ਕੋਠਾਗੁਰੂ ਦੀ ਨਗਰ ਪੰਚਾਇਤ ਅਧੀਨ ਵਾਰਡ ਨੰਬਰ 1 ਤੋਂ ਚੋਣ ਲੜ ਰਹੇ ਉਮੀਦਵਾਰ ਸੀਮਾ ਕੌਰ ਵੀ ਭਾਰੂ ਜਾਪਦੇ ਨਜ਼ਰ ਆ ਰਹੇ ਹਨ।

# ਝੋਨੇ ਦੀਆਂ ਪ੍ਰਮਾਣਿਤ ਕਿਸਮਾਂ ਸੰਬੰਧੀ ਕਿਸਾਨ ਜਾਗਰੂਕਤਾ ਕੈਂਪ

**ਬਠਿੰਡਾ (ਪਰਵਿੰਦਰ ਜੀਤ ਸਿੰਘ)** ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਬਲਾਕ ਭਗਤਾ ਭਾਈ ਕਾ ਦੇ ਪਿੰਡ ਆਕਲੀਆ ਜਲਾਲ ਵਿਖੇ ਛੋਟੇ ਪੱਧਰ ਦੇ ਐਗਰੋ ਪ੍ਰੋਸੈਸਿੰਗ ਯੂਨਿਟਾਂ ਸੰਬੰਧੀ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ।ਕੈਂਪ ਦਾ ਉਦੇਸ਼ ਕਿਸਾਨਾਂ ਨੂੰ ਖੇਤੀ ਉਤਪਾਦਾਂ ਦੀ ਮੁੱਲ ਵਧਾਉਣ ਵਾਲੀ ਪ੍ਰੋਸੈਸਿੰਗ ਤਕਨੀਕਾਂ ਤੇ ਖੇਤੀ ਆਧਾਰਿਤ ਸਹਾਇਕ ਕਾਰੋਬਾਰਾਂ ਬਾਰੇ ਜਾਗਰੂਕ ਕਰਨਾ ਸੀ ਤਾਂ ਜੁ ਉਹ ਆਪਣੀ ਆਮਦਨ ਵਿੱਚ ਵਾਧਾ ਕਰ ਸਕਣ।ਕੈਂਪ ਵਿੱਚ ਵੱਡੀ ਗਿਣਤੀ 'ਚ ਕਿਸਾਨਾਂ ਤੇ ਘਰੇਲੂ ਔਰਤਾਂ ਨੇ ਭਾਗ ਲਿਆ। ਡਾ. ਰਮਨਦੀਪ ਕੌਰ, ਸਹਾਇਕ ਪ੍ਰੋਫੈਸਰ (ਫੂਡ ਪ੍ਰੋਸੈਸਿੰਗ ਤੇ ਇੰਜਨੀਅਰਿੰਗ) ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਸਿਰਫ ਫਸਲ ਉਤਪਾਦਨ ਹੀ ਨਹੀਂ, ਸਗੋਂ ਖੇਤੀ ਉਤਪਾਦਾਂ ਦੀ ਪ੍ਰੋਸੈਸਿੰਗ ਤੇ ਵੈਲਯੂ ਐਡੀਸ਼ਨ ਵੀ ਕਿਸਾਨਾਂ ਦੀ ਆਰਥਿਕ ਮਜ਼ਬੂਤੀ ਲਈ ਬਹੁਤ ਜ਼ਰੂਰੀ ਹੈ।ਉਨ੍ਹਾਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਤਿਆਰ ਕੀਤੇ ਐਗਰੋ ਪ੍ਰੋਸੈਸਿੰਗ ਕੰਪਲੈਕਸ ਮਾਡਲ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਤੇ ਕਿਸਾਨਾਂ ਨੂੰ ਪਿੰਡ ਪੱਧਰ 'ਤੇ ਇਸ ਤਰ੍ਹਾਂ ਦੇ ਯੂਨਿਟ ਸਥਾਪਤ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਇਸ ਨਾਲ ਕਿਸਾਨ ਆਪਣੇ ਖੇਤੀ ਉਤਪਾਦਾਂ ਨੂੰ ਪ੍ਰੋਸੈਸ ਕਰਕੇ ਵਧੀਆ ਭਾਅ ਹਾਸਲ ਕਰ ਸਕਦੇ ਹਨ ਤੇ ਰੁਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਹੋ ਸਕਦੇ ਹਨ। ਕੈਂਪ ਦੌਰਾਨ ਸੋਲਰ ਕੁੱਕਰ ਦੀ ਵਿਸ਼ੇਸ਼ ਡੈਮੋਨਸਟ੍ਰੇਸ਼ਨ ਵੀ ਕਰਾਈ ਗਈ।ਕਿਸਾਨਾਂ ਤੇ ਘਰੇਲੂ ਔਰਤਾਂ ਨੂੰ ਸੋਲਰ ਕੁੱਕਰ ਦੀ ਵਰਤੋਂ, ਇਸ ਨਾਲ ਹੋਣ ਵਾਲੀ ਬਿਜਲੀ ਤੇ ਤੇਲ ਦੀ ਬੱਚਤ ਅਤੇ ਵਾਤਾਵਰਣ ਸੰਰੱਖਣ ਵਿੱਚ ਇਸ ਦੇ ਯੋਗਦਾਨ ਬਾਰੇ ਜਾਣਕਾਰੀ ਦਿੱਤੀ ਗਈ।



# ਰਾਮਗੜ੍ਹੀਆ ਅਕਾਲ ਜਥੇਬੰਦੀ ਦੀ ਮੀਟਿੰਗ ਅੱਜ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਰਾਮਗੜ੍ਹੀਆ ਅਕਾਲ ਜਥੇਬੰਦੀ ਦੀ ਅਹਿਮ ਮੀਟਿੰਗ 20 ਮਈ ਬੁੱਧਵਾਰ ਨੂੰ 3 ਵਜੇ ਜਥੇਬੰਦੀ ਦੇ ਮੁੱਖ ਦਫ਼ਤਰ ਮਹਿਲ ਕਲਾਂ ਵਿਖੇ ਹਲਕਾ ਪ੍ਰਧਾਨ ਬੁੱਧ ਸਿੰਘ ਕਲਸੀ ਦੀ ਅਗਵਾਈ ਹੇਠ ਹੋਵੇਗੀ।ਇਸ ਸਬੰਧੀ ਜਾਣਕਾਰੀ ਦਿੰਦਿਆ ਜਥੇਬੰਦੀ ਦੇ ਸੂਬਾਈ ਮੀਤ ਪ੍ਰਧਾਨ ਮੁਕੰਦ ਸਿੰਘ ਰਾਮਗੜ੍ਹੀਆ, ਜਥੇਬੰਦਕ ਸਕੱਤਰ ਜਰਨੈਲ ਸਿੰਘ ਮਠਾੜੂ ਨੇ ਦੱਸਿਆ ਕਿ ਇਸ ਮੌਕੇ ਜਥੇਬੰਦੀ ਦੇ ਕੌਮੀ ਕਨਵੀਨਰ ਹਰਜੀਤ ਸਿੰਘ ਰਾਮਗੜ੍ਹੀਆ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਨਗੇ।

ਇਸ ਮੌਕੇ ਜਥੇਬੰਦੀ ਦੀਆਂ ਸਰਗਰਮੀਆਂ ਨੂੰ ਹੋਰ ਤੇਜ਼ ਕਰਨ ਤੇ ਹੋਰ ਵੱਖ ਵੱਖ ਮੁੱਦਿਆਂ ਉੱਪਰ ਗੰਭੀਰਤਾ ਨਾਲ ਵਿਚਾਰ ਵਟਾਂਦਰਾ ਕੀਤਾ ਜਾਵੇਗਾ।

# ਸਫ਼ਾਈ ਸੇਵਕਾਂ ਦੀ ਹੜਤਾਲ 20ਵੇਂ ਦਿਨ 'ਚ ਦਾਖਲ, ਹਾਲਾਤ ਬਦ ਤੋਂ ਬਦਤਰ

**ਸਮਰਾਲਾ (ਸੁਰਜੀਤ ਸਿੰਘ)**- ਪੰਜਾਬ ਭਰ ਵਿੱਚ ਹੜਤਾਲ 'ਤੇ ਚੱਲ ਰਹੇ ਸਫ਼ਾਈ ਸੇਵਕਾਂ ਦੀ ਹੜਤਾਲ ਅੱਜ 20ਵੇਂ ਦਿਨ 'ਚ ਦਾਖਲ ਹੋ ਚੁੱਕੀ ਹੈ ਤੇ ਸਫ਼ਾਈ ਪੱਖੋਂ ਹਾਲਾਤ ਬਦ ਤੋਂ ਬਦਤਰ ਹੁੰਦੇ ਜਾ ਰਹੇ ਹਨ। ਸ਼ਹਿਰ ਦੇ ਹਰ ਗਲੀ ਨੁੱਕੜ ਤੇ ਚੌਰਾਹਿਆਂ 'ਤੇ ਗੰਦਗੀ ਦੇ ਵੱਡੇ ਵੱਡੇ ਢੇਰ ਲੱਗ ਚੁੱਕੇ ਹਨ, ਜੋ ਕਿ ਰੋਜ਼ਾਨਾ ਵਧਦੇ ਹੀ ਜਾ ਰਹੇ ਹਨ।ਅਵਾਰਾ ਪਸ਼ੂ ਤੇ ਕੁੱਤੇ ਗੰਦਗੀ ਨੂੰ ਖਿਲਾਰ ਕੇ ਵਾਤਾਵਰਨ ਨੂੰ ਹੋਰ ਗੰਦਾ ਕਰ ਰਹੇ ਹਨ।ਸਫ਼ਾਈ ਸੇਵਕਾਂ ਦੀ ਹੜਤਾਲ ਕਾਰਨ ਸਥਾਨਕ ਪ੍ਰਸ਼ਾਸਨ ਬੇਵੱਸ ਜਾਪ ਰਿਹਾ ਹੈ।ਕਾਰਜਸਾਧਕ ਅਫ਼ਸਰ ਅਮਨਦੀਪ ਸਿੰਘ ਨੇ ਕਿਹਾ ਉਹ ਤਾਂ ਚਾਹੁੰਦੇ ਹਨ ਕਿ ਸ਼ਹਿਰ ਦੀ ਦਿੱਖ ਸਾਫ ਸੁਥਰੀ ਹੋਵੇ।ਕੋਸ਼ਿਸ਼ ਵੀ ਕੀਤੀ ਗਈ ਕਿ ਹੜਤਾਲੀ ਕਰਮਚਾਰੀਆਂ ਨੂੰ ਛੱਡ ਕੇ ਕਿਸੇ ਹੋਰ ਏਜੰਸੀ ਤੋਂ ਸਫ਼ਾਈ ਦਾ ਕੰਮ ਕਰਵਾ ਲਿਆ ਜਾਵੇ, ਪਰ ਹੜਤਾਲੀ ਕਰਮਚਾਰੀ ਕਿਸੇ ਨੂੰ ਵੀ ਅਜਿਹਾ ਕਰਨ ਤੋਂ ਰੋਕ ਰਹੇ ਹਨ।ਅੱਜ ਸਫ਼ਾਈ ਕਰਮਚਾਰੀਆਂ ਨੂੰ ਸਥਾਨਕ ਜਥੇਬੰਦੀਆਂ ਜਿਨ੍ਹਾਂ ਵਿੱਚ ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ ਤੇ ਅੰਬੇਡਕਰ ਵੈੱਲਫੇਅਰ ਮਿਸ਼ਨ ਦਾ ਸਹਿਯੋਗ ਮਿਲਿਆ।ਇਸ ਮੌਕੇ ਪਾਵਰਕਾਮ ਮੰਡਲ ਸਮਰਾਲਾ ਦੇ ਪ੍ਰਧਾਨ ਸਿਕੰਦਰ ਸਿੰਘ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਸਰਕਾਰ ਪੈਨਸ਼ਨਰਾਂ ਦਾ ਮਹਿੰਗਾਈ ਭੱਤਾ ਤੇ ਹੋਰ ਬਨਦੇ ਬਕਾਏ ਰੋਕੀ ਬੈਠੀ ਹੈ।ਉਨ੍ਹਾਂ ਕਿਹਾ ਕਿ ਬਕਾਇਆਂ ਦੀ ਅਦਾਇਗੀ ਕਰਨ ਦੀ ਬਜਾਏ ਸਰਕਾਰ ਅਦਾਲਤਾਂ ਦਾ ਸਹਾਰਾ ਲੈ ਕੇ ਡੰਗ ਟਪਾ ਰਹੀ ਹੈ।ਸਰਕਾਰ ਦਾ ਇਹ ਰਵੱਈਆ ਲੋਕ ਵਿਰੋਧੀ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਚੇਤੇ ਹੋਣਾ ਚਾਹੀਦਾ ਹੈ ਕਿ ਇਹ ਇਤਿਹਾਸ ਵਿੱਚ ਪਹਿਲੀ ਵਾਰ ਹੈ ਕਿ ਮੁੱਖ ਮੰਤਰੀ ਦੀ ਸਹੁੰ ਚੁੱਕਣ ਸਮੇਂ ਪੰਜਾਬ ਸਕੱਤਰੇਤ ਦੇ ਕਰਮਚਾਰੀਆਂ ਨੇ ਉਨ੍ਹਾਂ ਉੱਤੇ ਸਕੱਤਰੇਤ ਬਿਲਡਿੰਗ ਤੋਂ ਫੁੱਲਾਂ ਦੀ ਵਰਖਾ ਕੀਤੀ ਸੀ, ਪਰ ਹੁਣ ਉਲਟ ਹੁੰਦਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਹੁਣ ਕਰਮਚਾਰੀ ਤੇ ਪੈਨਸ਼ਨਰਜ਼ 'ਡੀ ਏ ਨਹੀਂ, ਤਾਂ ਵੋਟ ਨਹੀਂ' ਦੇ ਬਦਲਾ ਲਊ ਰੁਝਾਨ 'ਤੇ ਚੱਲਣਗੇ। ਉਨ੍ਹਾਂ ਕਿਹਾ ਕਿ ਮੌਜੂਦਾ ਤੇ ਵਿਧਾਨ ਸਭਾ ਚੋਣਾਂ ਵਿੱਚ ਲੋਕ ਸਰਕਾਰ ਨੂੰ ਆਪਣੀ ਤਾਕਤ ਦਾ ਅਹਿਸਾਸ ਕਰਾਉਣਗੇ।ਉਨ੍ਹਾਂ ਸਫ਼ਾਈ ਸੇਵਕਾਂ ਨੂੰ ਪੂਰੀ ਤਰ੍ਹਾਂ ਸਹਿਯੋਗ ਦਾ ਭਰੋਸਾ ਦਿੱਤਾ।

ਇਸ ਮੌਕੇ ਜੁਗਲ ਕਿਸ਼ੋਰ ਸਾਹਨੀ, ਐੱਸ ਡੀ ਓ ਰਘਬੀਰ ਸਿੰਘ, ਧਰਮਜੀਤ ਸਿੰਘ ਤੇ ਹੋਰਨਾਂ ਨੇ ਸੰਬੋਧਨ ਕਰਦਿਆਂ ਸਰਕਾਰ ਨੂੰ ਅਪੀਲ ਕੀਤੀ ਕਿ ਆਰਥਿਕ ਤੌਰ 'ਤੇ ਇਸ ਗਰੀਬ ਤਬਕੇ ਦੀਆਂ ਮੰਗਾਂ ਮੰਨ ਕੇ ਇਨ੍ਹਾਂ ਨੂੰ ਹੜਤਾਲ ਦੀ ਬਜਾਏ ਕੰਮ ਵੱਲ ਤੋਰਿਆ ਜਾਵੇ।ਨਗਰ ਕੌਂਸਲ ਕਰਮਚਾਰੀਆਂ ਨੇ 'ਨਵਾਂ ਜ਼ਮਾਨਾ' ਨਾਲ ਗੱਲ ਕਰਦਿਆਂ ਕਿਹਾ ਕਿ ਬੇਸ਼ੱਕ ਉਹ ਨਿਗੂਣੀ ਜਿਹੀਆਂ ਤਨਖਾਹਾਂ 'ਤੇ ਗੁਜ਼ਾਰਾ ਕਰ ਰਹੇ ਹਨ, ਉਹ ਹੁਣ ਆਰ ਪਾਰ ਦੀ ਲੜਾਈ ਲਈ ਕਮਰ ਕੱਸੇ ਕੱਸੀ ਬੈਠੇ ਹਨ।ਉਨ੍ਹਾਂ ਕਿਹਾ ਕਿ ਉਹ ਲੰਮੇਂ ਸਮੇਂ ਤੋਂ ਸਰਕਾਰ ਤੋਂ ਮੰਗਾਂ ਮੰਨਣ ਦੀਆਂ ਅਪੀਲਾਂ ਕਰ ਰਹੇ ਹਨ, ਪਰ ਹੁਣ ਸਮਾਂ ਆ ਗਿਆ ਹੈ ਕਿ ਮੰਗ ਮੰਗ ਕੇ ਦੇਖ ਲਿਆ, ਹੁਣ ਜ਼ੋਰ ਅਜ਼ਮਾ ਕੇ ਦੇਖਾਂਗੇ। ਉਨ੍ਹਾਂ ਕਿਹਾ ਕਿ ਹੜਤਾਲ ਭਾਵੇਂ ਜਿੰਨੀ ਮਰਜ਼ੀ ਲੰਮੀ ਹੋਵੇ, ਉਹ ਮੰਗਾਂ ਮਨਵਾਉਣ ਤੱਕ ਆਪਣੇ ਸੰਘਰਸ਼ ਨੂੰ ਜਾਰੀ ਰੱਖਣਗੇ।



# ਸਰਕਾਰੀ ਸੈਕੰਡਰੀ ਸਕੂਲ ਦੇਸੂ ਮਲਕਾਣਾ ਦੇ ਵਿਦਿਆਰਥੀ ਸਨਮਾਨਤ



**ਸਿਰਸਾ (ਸੁਰਿੰਦਰਪਾਲ ਸਿੰਘ)** ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਦੇਸੂ ਮਲਕਾਣਾ ਵਿੱਚ ਪ੍ਰਭਾਵਸ਼ਾਲੀ ਤੇ ਪ੍ਰੇਰਨਾਦਾਇਕ ਸਮਾਗਮ ਵਿਚ ਮੈਰਿਟ ਵਿੱਚ ਸਥਾਨ ਪ੍ਰਾਪਤ ਕਰਨ ਵਾਲੇ ਹੋਣਹਾਰ ਵਿਦਿਆਰਥੀਆ ਨੂੰ ਗੁਰੂ ਕਾਸ਼ੀ ਸਾਹਿਤ ਅਕਾਦਮੀ ਦਮਦਮਾ ਸਾਹਿਬ ਤੇ ਸਕੂਲ ਦੇ ਪ੍ਰਿੰਸੀਪਲ ਤੇ ਸਟਾਫ ਸਮੇਤ ਪ੍ਰਮੁੱਖ ਸ਼ਖਸੀਅਤਾਂ ਵੱਲੋਂ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਪ੍ਰਿੰਸੀਪਲ ਦਵਿੰਦਰ ਸਿੰਘ ਨੇ ਕਿਹਾ ਕਿ ਇਹ ਸਨਮਾਨ ਅਧਿਆਪਕਾਂ ਦੀ ਨਿਰੰਤਰ ਮਿਹਨਤ, ਮਾਪਿਆਂ ਦੇ ਸਹਿਯੋਗ ਤੇ ਵਿਦਿਆਰਥੀਆਂ ਦੀ ਲਗਨ ਦਾ ਨਤੀਜਾ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਜੀਵਨ ਵਿੱਚ ਉੱਚੇ ਟੀਚੇ ਨਿਰਧਾਰਤ ਕਰਕੇ ਮਿਹਨਤ ਨਾਲ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਗੁਰੂ ਕਾਸ਼ੀ ਸਾਹਿਤ ਅਕਾਦਮੀ ਦਮਦਮਾ ਸਾਹਿਬ ਦੇ ਪ੍ਰਧਾਨ ਮਾ: ਸੁਰਿੰਦਰ ਪਾਲ ਸਿੰਘ ਤੇ ਉਨਾ ਦੇ ਸਾਥੀ ਜਗਦੀਸ਼ ਸਿੰਘ ਸਿੰਘਪੁਰਾ ਵੱਲੋਂ ਮੈਰਿਟ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਅਕਾਦਮੀ ਵੱਲੋਂ ਸਨਮਾਨ ਪੱਤਰ ਪ੍ਰਦਾਨ ਕੀਤੇ ਗਏ। ਅਕਾਦਮੀ ਪ੍ਰਧਾਨ ਨੇ ਕਿਹਾ ਕਿ ਗੁਰੂ ਕਾਸ਼ੀ ਸਾਹਿਤ ਅਕਾਦਮੀ ਹਮੇਸ਼ਾ ਹੀ ਸਿੱਖਿਆ, ਸਾਹਿਤ ਤੇ ਸਮਾਜਿਕ ਗਤੀਵਿਧੀਆਂ ਨਾਲ ਜੁੜੇ ਹੋਣਹਾਰ ਵਿਦਿਆਥੀਆਂ ਨੂੰ ਉਤਸ਼ਾਹਤ ਕਰਦੀ ਹੈ।

# ਭਾਸ਼ਾ ਵਿਭਾਗ ਵਿਖੇ ਡਾਕਟਰ ਹਰਨੇਕ ਢੋਟ ਦੀ ਪੁਸਤਕ 'ਸਜਨ ਸੁਹੇਲੇ' ਰਿਲੀਜ਼

**ਪਟਿਆਲਾ (ਰਜਿੰਦਰ ਸਿੰਘ ਥਿੰਦ)**- ਪਿਛਲੇ ਦਿਨੀਂ ਭਾਸ਼ਾ ਵਿਭਾਗ ਪੰਜਾਬ ਦੇ ਲੈਕਚਰ ਹਾਲ ਵਿੱਚ ਡਾ. ਹਰਨੇਕ ਸਿੰਘ ਢੋਟ ਦੀ ਤੀਜੀ ਪੁਸਤਕ 'ਸਜਨ ਸੁਹੇਲੇ' ਦਾ ਲੋਕ ਅਰਪਣ ਸਮਾਗਮ ਕਰਵਾਇਆ ਗਿਆ।ਇਸ ਮੌਕੇ ਡਾ. ਭੀਮਇੰਦਰ ਸਿੰਘ ਡਾਇਰੈਕਟਰ ਵਰਲਡ ਪੰਜਾਬੀ ਸੈਂਟਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸਮਾਗਮ ਦੀ ਪ੍ਰਧਾਨਗੀ ਸ਼੍ਰੋਮਣੀ ਸੰਸਕ੍ਰਿਤ ਸਾਹਿਤਕਾਰ ਡਾ. ਮਹੇਸ਼ ਚੰਦਰ ਗੌਤਮ ਵੱਲੋਂ ਕੀਤੀ ਗਈ।ਇਸ ਸਮਾਗਮ ਵਿੱਚ ਸ. ਰਣਜੋਧ ਸਿੰਘ ਹਡਾਣਾ, ਹਲਕਾ ਇੰਚਾਰਜ ਸਨੌਰ ਅਤੇ ਸ੍ਰੀ ਕੁੰਦਨ ਗੋਗੀਆ, ਮੇਅਰ ਪਟਿਆਲਾ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ।ਇਸ ਮੌਕੇ ਸ੍ਰ. ਸਤਿੰਦਰ ਸਿੰਘ ਨੰਦਾ (ਨਾਟਕਕਾਰ) ਸਾਬਕਾ ਸਹਾਇਕ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ, ਡਾ. ਸੁਰਜੀਤ ਸਿੰਘ ਖੁਰਮਾਂ ਸਾਬਕਾ ਜ਼ਿਲ੍ਹਾ ਭਾਸ਼ਾ ਅਫ਼ਸਰ ਤੇ ਡਾ. ਇਕਬਾਲ ਸਿੰਘ ਸਕਰੌਦੀ ਸਾਬਕਾ ਡਿਪਟੀ ਡੀ.ਈ.ਓ. ਸੰਗਰੂਰ ਵੱਲੋਂ ਪੁਸਤਕ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ ਗਏ।ਸੁਨਾਮ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਸ. ਜੰਗੀਰ ਸਿੰਘ ਰਤਨ ਤੇ ਸ੍ਰੀ ਬਲਰਾਜ ਉਬਰਾਏ ਨੇ ਵੀ ਡਾ. ਢੋਟ ਨਾਲ ਆਪਣੀਆਂ ਨਿੱਜੀ ਸਾਂਝਾਂ ਤੇ ਉਨ੍ਹਾਂ ਦੀ ਸਾਹਿਤਕ ਯਾਤਰਾ ਬਾਰੇ ਵਿਚਾਰ ਸਾਂਝੇ ਕੀਤੇ।ਸ੍ਰ. ਅਮਰਜੀਤ ਸਿੰਘ ਕਾਲੇਕਾ ਰਿਟਾਇਰਡ ਐਡੀਸ਼ਨਲ ਕਮਿਸ਼ਨਰ ਆਬਕਾਰੀ ਵਿਭਾਗ ਪਟਿਆਲਾ ਨੇ ਵੀ ਡਾ. ਢੋਟ ਦੀ ਲੇਖਣੀ ਤੇ ਆਪਣੇ ਪਰਿਵਾਰਕ ਸਬੰਧਾਂ ਬਾਰੇ ਵਿਚਾਰ ਪ੍ਰਗਟ ਕੀਤੇ।ਸਮੂਹ ਪ੍ਰੋਗਰਾਮ ਦਾ ਸੰਚਾਲਨ ਡਾ. ਹਰਨੇਕ ਸਿੰਘ ਢੋਟ ਦੀ ਧਰਮਪਤਨੀ ਸ੍ਰੀਮਤੀ ਜੁਗਰੀਤ ਕੌਰ ਢੋਟ ਵੱਲੋਂ ਬਾਖੂਬੀ ਨਿਭਾਇਆ ਗਿਆ। ਇਸ ਮੌਕੇ ਸੁਨਾਮ ਤੋਂ ਡਾ. ਢੋਟ ਦੇ ਵੱਡੇ ਭਰਾ ਸ੍ਰ. ਗੁਰਦਿਆਲ ਸਿੰਘ, ਉਪਕਾਰ ਸਿੰਘ ਪ੍ਰਧਾਨ ਗਈਆਂ ਜਯੋਤੀ ਐਜੂਕੇਸ਼ਨ ਸੁਸਾਇਟੀ, ਗੁਰਿੰਦਰ ਸਿੰਘ ਲਾਲੀ ਭਤੀਜਾ, ਰਾਜਬੰਸ ਸਿੰਘ, ਕੁਲਜੀਤ ਕੌਰ, ਤੇਜਿੰਦਰ ਫਰਵਾਹੀ (ਕਹਾਣੀਕਾਰ), ਗੁਰਵਿੰਦਰ ਕੌਰ ਕਾਲੇਕਾ, ਹਰਮੇਲ ਸਿੰਘ ਸਨੌਰ, ਡਾ. ਪੂਨਮ ਗੁਪਤ, ਭੋਲਾ ਸਿੰਘ ਸੰਗਰਾਮੀ, ਦਿਨੇਸ਼ ਕੌਸ਼ਿਕ, ਸਤੀਸ਼ ਵਿਦਰੋਹੀ, ਬਲਵਿੰਦਰ ਕੌਰ ਸੰਧੂ, ਐਡਵੋਕੇਟ ਸੁਰਿੰਦਰਪਾਲ ਸਿੰਘ, ਨਾਰੰਗ ਸਿੰਘ, ਸਾਬਕਾ ਸੁਪਰਡੈਂਟ ਕਮਲਜੀਤ ਸਿੰਘ, ਸਾਬਕਾ ਲਾਇਬ੍ਰੇਰੀਅਨ ਭਾਸ਼ਾ ਵਿਭਾਗ ਪੰਜਾਬ ਸ੍ਰੀ ਤਿਲਕ ਰਾਜ ਗਰਗ, ਸੁਖਜੀਤ ਤ੍ਰੇਹਨ, ਜੋਗਾ ਸਿੰਘ ਖੀਵਾ (ਰੰਗਕਰਮੀ), ਹਰਜੀਤ ਕੈਂਥ (ਰੰਗਕਰਮੀ), ਇੰਜ. ਜੋਤਇੰਦਰ ਸਿੰਘ, ਸਰੋਜ ਕੋਛੜ, ਗੁਰਸ਼ਰਨ ਕੌਰ (ਸਾਬਕਾ ਡਾਇਰੈਕਟਰ ਭਾਸ਼ਾ ਵਿਭਾਗ) ਤੇ ਹਰਭਜਨ ਕੌਰ ਸਾਬਕਾ ਜੁਆਇੰਟ ਡਾਇਰੈਕਟਰ ਸਮੇਤ ਕਈ ਹੋਰ ਪ੍ਰਮੁੱਖ ਹਸਤੀਆਂ ਹਾਜ਼ਰ ਸਨ।



# ਅੰਮ੍ਰਿਤਪਾਲ ਸਿੰਘ ਨੇ ਸੈਂਟਰਲ ਸਾਊਥ ਏਸ਼ੀਆ ਰਗਬੀ ਸੈਵਨਜ਼ ਚੈਂਪੀਅਨਸ਼ਿਪ-2026 'ਚ ਜਿੱਤਿਆ ਚਾਂਦੀ ਦਾ ਤ.ਗਮਾ

**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਸਰੀਰਕ ਸਿੱਖਿਆ ਤੇ ਖੇਡ ਟੈਕਨੋਲੋਜੀ ਵਿਭਾਗ ਦੇ ਵਿਦਿਆਰਥੀ ਅੰਮ੍ਰਿਤਪਾਲ ਸਿੰਘ ਨੇ ਤਾਸ਼ਕੰਦ 'ਚ ਆਯੋਜਤ ਸੈਂਟਰਲ ਸਾਊਥ ਏਸ਼ੀਆ ਰਗਬੀ ਸੈਵਨਜ਼ ਚੈਂਪੀਅਨਸ਼ਿਪ-2026 ਵਿੱਚ ਭਾਰਤੀ ਟੀਮ ਵੱਲੋਂ ਸ਼ਾਨਦਾਰ ਖੇਡ ਪ੍ਰਦਰਸ਼ਨ ਕਰਦਿਆਂ ਚਾਂਦੀ ਦਾ ਤ.ਗਮਾ ਆਪਣੇ ਨਾਂਅ ਕੀਤਾ ਹੈ।ਇਸ ਉਪਲਬਧੀ ਨਾਲ ਉਨ੍ਹਾਂ ਨੇ ਯੂਨੀਵਰਸਿਟੀ, ਪੰਜਾਬ ਅਤੇ ਭਾਰਤ ਦਾ ਨਾਂਅ ਅੰਤਰਰਾਸ਼ਟਰੀ ਪੱਧਰ 'ਤੇ ਰੌਸ਼ਨ ਕੀਤਾ ਹੈ।ਅੰਮ੍ਰਿਤਪਾਲ ਸਿੰਘ ਇਸ ਤੋਂ ਪਹਿਲਾਂ ਵੀ ਆਲ ਇੰਡੀਆ ਇੰਟਰ ਯੂਨੀਵਰਸਿਟੀ ਰਗਬੀ ਮੁਕਾਬਲਿਆਂ 'ਚ ਲਗਾਤਾਰ ਚੰਗਾ ਪ੍ਰਦਰਸ਼ਨ ਕਰ ਚੁੱਕੇ ਹਨ। ਉਨ੍ਹਾਂ ਨੇ ਸੀਨੀਅਰ ਨੈਸ਼ਨਲ ਰਗਬੀ ਚੈਂਪੀਅਨਸ਼ਿਪ ਤੇ ਨੈਸ਼ਨਲ ਗੇਮਜ਼ ਵਿੱਚ ਵੀ ਆਪਣੀ ਵੱਖਰੀ ਪਛਾਣ ਬਣਾਈ ਹੈ।ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ, ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਰਜਿਸਟਰਾਰ ਪ੍ਰੋ. (ਡਾ.) ਤੇਜ਼ਬੀਰ ਸਿੰਘ, ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ, ਡਾ. ਅੰਕਦੀਪ ਕੌਰ ਅਟਵਾਲ, ਡਾ. ਹਰਨੀਤ ਬਿਲਿੰਗ, ਵਿਭਾਗ ਮੁਖੀ ਡਾ. ਵਰਿੰਦਰ ਸਿੰਘ ਭੁੱਲਰ, ਪੀ.ਆਰ.ਓ. ਜਸਪ੍ਰੀਤ ਕੌਰ, ਫ਼ਤਿਹਗੜ੍ਹ ਸਾਹਿਬ ਰਗਬੀ ਸੈਕਟਰੀ ਨੀਰਜ ਕੁਮਾਰ ਨੇ ਅੰਮ੍ਰਿਤਪਾਲ ਸਿੰਘ ਤੇ ਉਨ੍ਹਾਂ ਦੇ ਕੋਚ ਸੰਦੀਪ ਕੁਮਾਰ ਨੂੰ ਵਧਾਈ ਦਿੰਦਿਆਂ ਭਵਿੱਖ ਲਈ ਹੋਰ ਵੀ ਵੱਡੀਆਂ ਸਫ਼ਲਤਾਵਾਂ ਦੀ ਕਾਮਨਾ ਕੀਤੀ। ਜ਼ਿਕਰਯੋਗ ਹੈ ਕਿ ਯੂਨੀਵਰਸਿਟੀ ਦੀ ਖਿਡਾਰਨ ਅਮਨਦੀਪ ਕੌਰ ਵੀ ਏਸ਼ੀਅਨ ਰਗਬੀ ਸੈਵਨ ਸੀਰੀਜ਼ ਦੌਰਾਨ ਚੀਨ ਤੇ ਸ਼੍ਰੀਲੰਕਾ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰ ਚੁੱਕੀ ਹੈ ਤੇ ਉਸ ਨੂੰ ਆਰ.ਪੀ.ਐਲ. 'ਚ ਚੇਨਈ ਬੁਲਜ਼ ਟੀਮ ਵੱਲੋਂ ਚੁਣਿਆ ਗਿਆ ਹੈ।




Bandhan Bank

ਬੰਧਨ ਬੈਂਕ ਲਿਮਟਿਡ
ਸੀਆਈਐਨ: L67190WB2014PLC204622
ਪੰਜੀਕ੍ਰਿਤ ਦਫਤਰ:
ਡੀਐਨ 32, ਸੈਕਟਰ-V, ਸਾਲਟ ਲੇਕ ਸਿਟੀ, ਕੋਲਕਾਤਾ - 700091

ਇਸ ਲਈ ਜਨਤਕ ਸੂਚਨਾ - ਸੋਨੇ ਦੇ ਜੇਵਰਾਂ ਅਤੇ ਸਿੱਕਿਆਂ ਦੇ ਤੌਰ ਤੇ ਗਿਰਵੀ ਰੱਖੀ ਸੰਪੱਤੀ ਦੀ ਨਿਲਾਮੀ

| ਲ. ਸੰ. | ਰਾਜ | ਸ਼ਾਖਾ ਦਾ ਨਾਮ | ਸ਼ਾਖਾ ਦਾ ਪਤਾ |
|---|---|---|---|
| 1 | ਚੰਡੀਗੜ੍ਹ | ਚੰਡੀਗੜ੍ਹ | ਐਸਸੀਓ - 149-150, ਸੈਕਟਰ - 9 ਸੀ, ਮਧਯ ਮਾਰਗ, ਚੰਡੀਗੜ੍ਹ, ਪੰਜਾਬ, ਪਿਨ- 160009 |

ਇਹ ਜਨਤਕ ਸੂਚਨਾ ਦਿੱਤੀ ਜਾਂਦੀ ਹੈ ਕਿ ਸੋਨੇ ਦੇ ਜੇਵਰਾਂ (ਇਸ ਤੋਂ ਬਾਅਦ ਸੰਪਤੀਆਂ ਵਜੋਂ ਜਾਣੇ ਜਾਂਦੇ ਹਨ) ਦੀ ਨਿਲਾਮੀ ਮੌਜੂਦਾ ਹਲਾਤ ਪੈਦਾ ਹੋਣ ਦੇ ਅਧਾਰ ਤੇ ਕੀਤੀ ਜਾਣੀ ਹੈ। ਸੋਨੇ ਦੇ ਜੇਵਰਾਂ/ਸਿੱਕਿਆਂ ਨੂੰ ਹੇਠਾਂ ਦਿੱਤੇ ਉਧਾਰਕਰਤਾ/ਵਾਂ ਦੁਆਰਾ ਬੈਂਕ ਕੋਲ ਗਿਰਵੀ ਰੱਖਿਆ ਗਿਆ ਹੈ ਜੋ ਉਕਤ ਸੋਨੇ ਦੀਆਂ ਚੀਜ਼ਾਂ ਦੇ ਗਿਰਵੀਨਾਮੇ ਦੇ ਖਿਲਾਫ ਪ੍ਰਾਪਤ ਕੀਤੀ ਗਈ ਕਰਜ਼ਾ ਸਹੂਲਤ ਦੇ ਸਬੰਧ ਵਿੱਚ ਹਨ।

| ਲ. ਸੰ. | ਰਾਜ | ਸ਼ਾਖਾ ਦਾ ਨਾਮ | ਗਾਹਕ ਦਾ ਨਾਮ | ਖਾਤਾ ਨੰਬਰ | ਮੂਲ ਵਜ਼ਨ |
|---|---|---|---|---|---|
| 1 | ਚੰਡੀਗੜ੍ਹ | ਚੰਡੀਗੜ੍ਹ | ਕਵਿਤਾ ਪੁਰੀ | 90001377608101 | 140.00 |

ਐਨ.ਬੀ: ਹੋਰ ਨਿਯਮਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ ਅਧਿਕਾਰਤ ਬੈਂਕ ਦੇ ਅਧਿਕਾਰੀਆਂ ਨਾਲ ਸੰਪਰਕ ਕਰੋ।
ਨਿਲਾਮੀ ਦੀ ਮਿਤੀ: ਪ੍ਰਕਾਸ਼ਨ ਦੀ ਮਿਤੀ ਤੋਂ 31ਵੇਂ ਦਿਨ।

Bandhan Bank

ਬੰਧਨ ਬੈਂਕ ਲਿਮਟਿਡ
ਸੀਆਈਐਨ: L67190WB2014PLC204622
ਪੰਜੀਕ੍ਰਿਤ ਦਫਤਰ:
ਡੀਐਨ 32, ਸੈਕਟਰ-V, ਸਾਲਟ ਲੇਕ ਸਿਟੀ, ਕੋਲਕਾਤਾ - 700091

ਇਸ ਲਈ ਜਨਤਕ ਸੂਚਨਾ - ਸੋਨੇ ਦੇ ਜੇਵਰਾਂ ਅਤੇ ਸਿੱਕਿਆਂ ਦੇ ਤੌਰ ਤੇ ਗਿਰਵੀ ਰੱਖੀ ਸੰਪੱਤੀ ਦੀ ਨਿਲਾਮੀ

| ਲ. ਸੰ. | ਰਾਜ | ਸ਼ਾਖਾ ਦਾ ਨਾਮ | ਸ਼ਾਖਾ ਦਾ ਪਤਾ |
|---|---|---|---|
| 1 | ਪੰਜਾਬ | ਫਤਿਹਗੜ੍ਹ ਸਾਹਿਬ ਸ਼ਾਖਾ | ਜੀ ਪੀ ਬਾਥ ਐਂਡ ਟਾਈਲ ਗੈਲਰੀ, ਮੇਨ ਬੱਸੀ ਰੋਡ, ਫਤਿਹਗੜ੍ਹ ਸਾਹਿਬ, ਜ਼ਿਲ੍ਹਾ - ਫਤਿਹਗੜ੍ਹ ਸਾਹਿਬ, ਰਾਜ - ਪੰਜਾਬ, ਪਿਨ -140406 |
| 2 | ਪੰਜਾਬ | ਲੁਧਿਆਣਾ | ਮਕਾਨ ਨੰ ਬੀ ॥ /1371, ਆਰਯਾ ਸਕੂਲ ਰੋਡ, ਸਬਜ਼ੀ ਮੰਡੀ, ਲੁਧਿਆਣਾ, ਪੰਜਾਬ, ਪਿਨ - 141008 |
| 3 | ਪੰਜਾਬ | ਨਕੋਦਰ | ਗ੍ਰਾਊਂਡ ਫਲੋਰ, ਸ਼ੰਕਰ ਰੋਡ, ਸਾਮ੍ਹਣੇ - ਆਰਯਾ ਸਕੂਲ, ਨਕੋਦਰ, ਜ਼ਿਲ੍ਹਾ - ਜਲੰਧਰ, ਪੰਜਾਬ, ਪਿਨ -144040 |
| 4 | ਪੰਜਾਬ | ਪਠਾਨਕੋਟ | ਬੀ-24/210, ਸਚਦੇਵਾ ਬਿਲਡਿੰਗ, ਹੋਟਲ ਜਵੇਲ, ਢਾਂਗੂ ਰੋਡ, ਪਠਾਨਕੋਟ, ਪੰਜਾਬ, ਪਿਨ-145001 |
| 5 | ਪੰਜਾਬ | ਪਟਿਆਲਾ | ਗ੍ਰਾਊਂਡ ਫਲੋਰ, ਐਸਸੀਓ 11, ਛੋਟੀ ਬਰਾ ਦਰੀ, ਪਟਿਆਲਾ, ਪੰਜਾਬ, ਪਿਨ -147001 |
| 6 | ਪੰਜਾਬ | ਸੰਗਰੂਰ ਸ਼ਾਖਾ | ਬਾਂਸਲ ਸ਼ੀਟ ਭੰਡਾਰ, ਗਊਸ਼ਾਲਾ ਰੋਡ, ਜ਼ਿਲ੍ਹਾ- ਸੰਗਰੂਰ, ਰਾਜ- ਪੰਜਾਬ, ਪਿਨ- 148001. |

ਇਹ ਜਨਤਕ ਸੂਚਨਾ ਦਿੱਤੀ ਜਾਂਦੀ ਹੈ ਕਿ ਸੋਨੇ ਦੇ ਜੇਵਰਾਂ (ਇਸ ਤੋਂ ਬਾਅਦ ਸੰਪਤੀਆਂ ਵਜੋਂ ਜਾਣੇ ਜਾਂਦੇ ਹਨ) ਦੀ ਨਿਲਾਮੀ ਮੌਜੂਦਾ ਹਲਾਤ ਪੈਦਾ ਹੋਣ ਦੇ ਅਧਾਰ ਤੇ ਕੀਤੀ ਜਾਣੀ ਹੈ। ਸੋਨੇ ਦੇ ਜੇਵਰਾਂ/ਸਿੱਕਿਆਂ ਨੂੰ ਹੇਠਾਂ ਦਿੱਤੇ ਉਧਾਰਕਰਤਾ/ਵਾਂ ਦੁਆਰਾ ਬੈਂਕ ਕੋਲ ਗਿਰਵੀ ਰੱਖਿਆ ਗਿਆ ਹੈ ਜੋ ਉਕਤ ਸੋਨੇ ਦੀਆਂ ਚੀਜ਼ਾਂ ਦੇ ਗਿਰਵੀਨਾਮੇ ਦੇ ਖਿਲਾਫ ਪ੍ਰਾਪਤ ਕੀਤੀ ਗਈ ਕਰਜ਼ਾ ਸਹੂਲਤ ਦੇ ਸਬੰਧ ਵਿੱਚ ਹਨ।

| ਲ. ਸੰ. | ਰਾਜ | ਸ਼ਾਖਾ ਦਾ ਨਾਮ | ਗਾਹਕ ਦਾ ਨਾਮ | ਖਾਤਾ ਨੰਬਰ | ਮੂਲ ਵਜ਼ਨ |
|---|---|---|---|---|---|
| 1 | ਪੰਜਾਬ | ਫਤਿਹਗੜ੍ਹ ਸਾਹਿਬ ਸ਼ਾਖਾ | ਗੁਰਦੀਪ ਸਿੰਘ | 90001425345991 | 84.70 |
| 2 | ਪੰਜਾਬ | ਲੁਧਿਆਣਾ | ਪਵਨ ਕੁਮਾਰ | 90001505122652 | 46.70 |
| 3 | ਪੰਜਾਬ | ਨਕੋਦਰ | ਪੂਜਾ | 90001416648242 | 5.90 |
| 4 | ਪੰਜਾਬ | ਪਠਾਨਕੋਟ | ਹਰਮਨਦੀਪ ਸਿੰਘ | 90001519204592 | 32.60 |
| 5 | ਪੰਜਾਬ | ਪਟਿਆਲਾ | ਜਗਜੀਤ ਸਿੰਘ | 90001409203835 | 19.70 |
| 6 | ਪੰਜਾਬ | ਪਟਿਆਲਾ | ਹਰਜਿੰਦਰ ਸਿੰਘ | 90001537997192 | 119.60 |
| 7 | ਪੰਜਾਬ | ਪਟਿਆਲਾ | ਜੰਗ ਸਿੰਘ | 90001410981930 | 8.10 |
| 8 | ਪੰਜਾਬ | ਪਟਿਆਲਾ | ਜੰਗ ਸਿੰਘ | 90001390793224 | 36.50 |
| 9 | ਪੰਜਾਬ | ਪਟਿਆਲਾ | ਰਜਿੰਦਰ ਖਾਨ | 90001394033191 | 51.70 |
| 10 | ਪੰਜਾਬ | ਪਟਿਆਲਾ | ਭਵਨਜੋਤ ਸਿੰਘ | 90001529805726 | 73.50 |
| 11 | ਪੰਜਾਬ | ਪਟਿਆਲਾ | ਜਗਜੀਤ ਸਿੰਘ | 90001381435299 | 86.10 |
| 12 | ਪੰਜਾਬ | ਪਟਿਆਲਾ | ਧਰਮਿੰਦਰ ਕੁਮਾਰ | 90001500503370 | 130.00 |
| 13 | ਪੰਜਾਬ | ਸੰਗਰੂਰ ਸ਼ਾਖਾ | ਗੁਰਮੁਖ ਸਿੰਘ | 90001538763361 | 16.10 |
| 14 | ਪੰਜਾਬ | ਸੰਗਰੂਰ ਸ਼ਾਖਾ | ਚਮਕੌਰ ਸਿੰਘ | 90001318513654 | 8.50 |

ਐਨ.ਬੀ: ਹੋਰ ਨਿਯਮਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ ਅਧਿਕਾਰਤ ਬੈਂਕ ਦੇ ਅਧਿਕਾਰੀਆਂ ਨਾਲ ਸੰਪਰਕ ਕਰੋ।
ਨਿਲਾਮੀ ਦੀ ਮਿਤੀ: ਪ੍ਰਕਾਸ਼ਨ ਦੀ ਮਿਤੀ ਤੋਂ 31ਵੇਂ ਦਿਨ।

# ਬੇਰੁਜ਼ਗਾਰ ਈ ਟੀ ਟੀ ਅਧਿਆਪਕਾਂ ਨੇ ਪੱਕਾ ਮੋਰਚਾ ਲਾਇਆ

**ਨੰਗਲ (ਸੁਰਜੀਤ ਸਿੰਘ)**

ਈ ਟੀ ਟੀ. 5994 ਦੀ ਭਰਤੀ ਆਈ ਨੂੰ ਤਕਰੀਬਨ ਚਾਰ ਸਾਲ ਤੋਂ ਵੱਧ ਦਾ ਸਮਾਂ ਹੋ ਚੁੱਕਿਆ ਹੈ ਪਰ ਸਰਕਾਰ ਹਾਲੇ ਵੀ ਇਸ ਭਰਤੀ ਨੂੰ ਪੂਰਾ ਕਰਨ ਵਿੱਚ ਆਨਾ ਕਾਨੀ ਕਰ ਰਹੀ ਹੈ।



ਇਹ ਭਰਤੀ ਸਰਕਾਰ ਦੀ ਕੈਬਿਨਟ ਦੀ ਪਹਿਲੀ ਭਰਤੀ ਸੀ,ਜਿਸ ਵਿੱਚ ਸਰਕਾਰ ਨੇ 2500 ਦੇ ਕਰੀਬ ਅਧਿਆਪਕਾਂ ਨੂੰ ਜੁਆਇਨ ਕਰਵਾ ਤਾਂ ਪਰ ਜੋ ਭਰਤੀ ਵਿਚਲਾ ਬੈਕਲੋਗ ਸੀ ਉਸ ਨੂੰ ਪੂਰਾ ਨਹੀਂ ਕੀਤਾ ਜਾ ਰਿਹਾ ਸੀ। ਇਸ ਦੇ ਚਲਦੇ ਈ ਟੀ ਟੀ 5994 ਬੈਕਲੋਗ ਅਧਿਆਪਕ ਯੂਨੀਅਨ, ਪੰਜਾਬ ਵੱਲੋਂ ਲਗਾਤਾਰ 10 ਮਹੀਨਿਆਂ ਤੋਂ ਮੁਹਾਲੀ ਡੀ ਪੀ ਆਈ ਦਫਤਰ ਬਾਹਰ ਧਰਨਾ ਚੱਲ ਰਿਹਾ ਸੀ ਪਰ ਬੀਤੇ ਦਿਨ ਇੱਕ ਕੇਸ ਦੀ ਸੁਣਵਾਈ ਦੌਰਾਨ ਡਿਪਾਰਟਮੈਂਟ ਵੱਲੋਂ ਬੈਕਲੋਗ ਨੂੰ ਪੂਰਾ ਨਾ ਕਰਨ ਸਬੰਧੀ ਸਪੀਕਿੰਗ ਆਰਡਰ ਦਿੱਤੇ ਗਏ ਜਿਸ ਦੇ ਰੋਸ ਵਜੋਂ ਬੇਰੁਜ਼ਗਾਰ ਅਧਿਆਪਕਾਂ ਵੱਲੋਂ ਮਿਤੀ 18 ਮਈ 2026 ਨੂੰ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਵਿਖੇ ਧਰਨਾ ਰੱਖਿਆ ਗਿਆ ਅਤੇ ਇਹੀ ਮੰਗ ਕੀਤੀ ਗਈ ਕਿ ਆਉਣ ਵਾਲੀ 20 ਮਈ ਨੂੰ ਜੋ ਅਗਲੀ ਸੁਣਵਾਈ ਹੈ ਉਸ ਵਿੱਚ ਡਿਪਾਰਟਮੈਂਟ ਅਤੇ ਸਰਕਾਰ ਬੈਕਲੋਗ ਦੇ ਹੱਕ ਵਿੱਚ ਐਫੀਡੇਵਿਟ ਪੇਸ਼ ਕਰੇ ਅਤੇ ਭਰਤੀ ਪ੍ਰਕਿਰਿਆ ਨੂੰ ਸ਼ੁਰੂ ਕੀਤਾ ਜਾਵੇ। ਇਸ ਮੌਕੇ ਤੇ ਅਧਿਆਪਕਾਂ ਨੇ ਕੁਝ ਸਮੇਂ ਲਈ ਸੜਕ ਜਾਮ ਕਰ ਦਿੱਤੀ। ਛੇਤੀ ਹੀ ਮੰਤਰੀ ਨੇ ਗੱਲ ਬਾਤ ਕਰਕੇ ਟਰੈਫਿਕ ਜਾਮ ਖੁਲਵਾਇਆ ਅਤੇ ਅਧਿਆਪਕ ਆਗੂਆਂ ਨਾਲ ਮੀਟਿੰਗ ਸ਼ੁਰੂ ਕੀਤੀ। ਇਸ ਮੌਕੇ 'ਤੇ ਧਰਨੇ ਜੀ ਟੀ ਯੂ ਦੇ ਜ਼ਿਲ੍ਹਾ ਪ੍ਰਧਾਨ ਮਾਸਟਰ ਗੁਰਬਿੰਦਰ ਸਿੰਘ ਸਸਕੌਰ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ ਨੇ ਵੀ ਸੰਬੋਧਨ ਕੀਤਾ।ਜੇ ਸਰਕਾਰ ਫਿਰ ਵੀ ਕਿਸੇ ਪ੍ਰਕਾਰ ਦੀ ਕੋਈ ਚਲਾਕੀ ਖੇਡਦੀ ਹੈ ਤਾਂ ਬੇਰੁਜ਼ਗਾਰ ਅਧਿਆਪਕਾਂ ਵੱਲੋਂ ਲਗਾਤਾਰ ਧਰਨੇ ਮੁਜਾਰੇ ਕੀਤੇ ਜਾਣਗੇ ਅਤੇ ਨੰਗਲ ਅਨੰਦਪੁਰ ਹਾਈਵੇ ਪੂਰਨ ਰੂਪ ਵਿੱਚ ਬੰਦ ਰੱਖਿਆ ਜਾਵੇਗਾ।

# ਅੰਗਰੇਜ਼ੀ ਵਿਸ਼ੇ ਦੀਆਂ ਖਾਲੀ ਪੋਸਟਾਂ ਸਾਰੇ ਜ਼ਿਲ੍ਹਿਆਂ 'ਚ ਦਿੱਤੀਆਂ ਜਾਣ : ਡੀ ਟੀ ਐੱਫ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪਿਛਲੇ ਇੱਕ ਦਹਾਕੇ ਦੌਰਾਨ ਪੰਜਾਬ ਸਰਕਾਰ ਵੱਲੋਂ ਪਹਿਲੇ ਤਿੰਨ ਸਾਲ ਬਦਲੀ ਨਾ ਕਰਵਾਉਣ ਦੀ ਸ਼ਰਤ ਲਗਾ ਕੇ ਮਾਸਟਰ ਕਾਡਰ ਦੀ ਜਿਆਦਾਤਰ ਭਰਤੀ ਪੰਜਾਬ ਦੇ ਸਰਹੱਦੀ ਜ਼ਿਲ੍ਹਿਆਂ ਵਿੱਚ ਕੀਤੀ ਜਾਂਦੀ ਆ ਰਹੀ ਹੈ, ਪ੍ਰੰਤੂ ਬਾਕੀ ਵਿਸ਼ਿਆਂ ਦੇ ਮੁਕਾਬਲੇ ਨਾਨ-ਬਾਰਡਰ ਜ਼ਿਲ੍ਹਿਆਂ ਵਿੱਚ ਅੰਗਰੇਜ਼ੀ ਵਿਸ਼ੇ ਦੀਆਂ ਅਨੁਪਾਤਕ ਖਾਲੀ ਪੋਸਟਾਂ ਨਾ ਦੇਣ ਦੇ ਸਿੱਟੇ ਵਜੋਂ ਇਹ ਵੰਡ ਤਰਕਸੰਗਤ ਨਹੀਂ ਹੋ ਸਕੀ ਹੈ। ਜਿਸ ਦਾ ਖਮਿਆਜਾ ਵਿਦਿਆਰਥੀਆਂ ਦੇ ਵਿਸ਼ਾ ਮਾਹਰ ਅਧਿਆਪਕਾਂ ਤੋਂ ਵਿਰਵੇ ਰਹਿਣ ਤੋਂ ਇਲਾਵਾ ਅੰਗਰੇਜ਼ੀ ਅਧਿਆਪਕਾਂ ਨੂੰ ਕਈ-ਕਈ ਸਾਲ ਵਾਪਸ ਆਪਣੇ ਗ੍ਰਹਿ ਜ਼ਿਲ੍ਹੇ ਵਿੱਚ ਬਦਲੀ ਕਰਵਾਉਣ ਦਾ ਮੌਕਾ ਨਾ ਮਿਲਣ ਦੇ ਰੂਪ ਵਿੱਚ ਸਾਹਮਣੇ ਆਇਆ ਹੈ। ਡੈਮੋਕ੍ਰੈਟਿਕ ਟੀਚਰਜ਼ ਫਰੰਟ (ਡੀ.ਟੀ.ਐਫ.) ਨੇ ਪੰਜਾਬ ਸਰਕਾਰ ਤੋਂ ਇਸ ਮਾਮਲੇ ਵਿੱਚ ਅੰਗਰੇਜ਼ੀ ਅਤੇ ਸਮਾਜਿਕ ਸਿੱਖਿਆ ਵਿਸ਼ਿਆਂ ਦੀਆਂ ਅਸਾਮੀਆਂ ਨੂੰ ਤਰਕ ਸੰਗਤ ਢੰਗ ਨਾਲ ਆਪਸੀ ਵੰਡ ਕਰਕੇ, ਪੂਰੇ ਪੰਜਾਬ ਵਿੱਚ ਹੀ ਮੌਜੂਦਾ ਬਦਲੀਆਂ ਦੀ ਪ੍ਰਕਿਰਿਆ ਦੌਰਾਨ ਖਾਲੀ ਸਟੇਸ਼ਨ ਦੀ ਚੋਣ ਵਜੋਂ ਸ਼ੋ ਕਰਨ ਦੀ ਮੰਗ ਕੀਤੀ ਹੈ।ਡੀ ਟੀ ਐੱਫ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਅਤੇ ਸੂਬਾ ਵਿੱਤ ਸਕੱਤਰ ਅਸ਼ਵਨੀ ਅਵਸਥੀ ਨੇ ਇਤਰਾਜ ਜਾਹਿਰ ਕਰਦਿਆਂ ਦੱਸਿਆ ਕਿ ਜਥੇਬੰਦੀ ਪਿਛਲੇ ਕਈ ਸਾਲਾਂ ਤੋਂ ਸਿੱਖਿਆ ਮੰਤਰੀ, ਸਿੱਖਿਆ ਸਕੱਤਰ, ਡਾਇਰੈਕਟਰਜ ਨੂੰ ਅੰਗਰੇਜ਼ੀ ਵਿਸ਼ੇ ਦੀਆਂ ਖਾਲੀ ਅਸਾਮੀਆਂ ਨਾ ਸ਼ੋਅ ਹੋਣ ਕਾਰਨ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਦਰਪੇਸ਼ ਸਮੱਸਿਆਵਾਂ ਤੋਂ ਜਾਣੂ ਕਰਵਾਉਂਦੇ ਆ ਰਹੀ ਹੈ, ਪ੍ਰੰਤੂ ਹਾਲੇ ਤੱਕ ਇਸ ਸਮੱਸਿਆ ਦਾ ਕੋਈ ਹੱਲ ਨਹੀਂ ਕੱਢਿਆ ਗਿਆ ਹੈ। ਡੀਟੀਐਫ ਆਗੂਆਂ ਨੇ ਪੰਜਾਬ ਸਰਕਾਰ ਨੂੰ ਹੁਣ ਇਸ ਮਾਮਲੇ ਵੱਲ ਧਿਆਨ ਦੇ ਕੇ ਮੌਜੂਦਾ ਬਦਲੀਆਂ ਦੀ ਜਾਰੀ ਪ੍ਰਕਿਰਿਆ ਦੌਰਾਨ ਅੰਗ੍ਰੇਜ਼ੀ ਦੀਆਂ ਆਸਾਮੀਆਂ ਨੂੰ ਤਰਕਸੰਗਤ ਕਰਕੇ ਬਾਰਡਰ ਏਰੀਏ ਵਿੱਚ ਸੇਵਾ ਨਿਭਾ ਰਹੇ ਅੰਗ੍ਰੇਜ਼ੀ ਅਧਿਆਪਕਾਂ ਨੂੰ ਨਾਨ ਬਾਰਡਰ ਜਿਲ੍ਹਿਆਂ ਲਈ ਬਦਲੀਆਂ ਦਾ ਮੌਕਾ ਦੇਣ ਦੀ ਮੰਗ ਕੀਤੀ ਹੈ ਅਤੇ ਅਜਿਹਾ ਨਾ ਹੋਣ ਦੀ ਸੂਰਤ ਵਿੱਚ ਸੰਘਰਸ਼ ਦੀ ਚਿਤਵਾਨੀ ਵੀ ਦਿੱਤੀ ਹੈ।

# ਕੰਢੀ ਖੇਤਰ 'ਚ ਵੱਡੇ ਪੱਧਰ 'ਤੇ ਕਰਵਾਏ ਵਿਕਾਸ ਕਾਰਜ : ਡਾ. ਰਵਜੋਤ ਸਿੰਘ

**ਹੁਸ਼ਿਆਰਪੁਰ (ਓ ਪੀ ਰਾਣਾ)**

ਪੰਜਾਬ ਦੇ ਜੇਲਾਂ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਕੰਢੀ ਖੇਤਰ ਦੇ ਪਿੰਡ ਢੋਲਵਾਹਾ ਅਤੇ ਆਲੇ-ਦੁਆਲੇ ਦੇ ਪਿੰਡਾਂ ਦੇ ਵਸਨੀਕਾਂ ਦੀ ਚਿਰੋਕਲੀ ਮੰਗ ਨੂੰ ਪੂਰਾ ਕਰਦਿਆਂ ਬਾਬਾ ਬਾਲਕ ਨਾਥ ਦੇ ਮੰਦਰ ਨੂੰ ਜਾਣ ਵਾਲੇ 1000 ਫੁੱਟ ਤੋਂ ਵੱਧ ਲੰਬੇ ਰਸਤੇ ਨੂੰ ਬਣਵਾ ਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ। ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਇਸ ਮੌਕੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵਲੋਂ ਕੰਢੀ ਖੇਤਰ ਦੇ ਵਿਕਾਸ ਕਾਰਜਾਂ ਨੂੰ ਵਿਸ਼ੇਸ਼ ਤਵੱਜੋਂ ਦੇ ਕੇ ਮੁਕੰਮਲ ਕਰਵਾਇਆ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਵੱਧ ਤੋਂ ਵੱਧ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ। ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਕੰਢੀ ਖੇਤਰ ਵਿਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਗਏ ਹਨ ਜਿਨ੍ਹਾਂ ਨਾਲ ਇਸ ਖੇਤਰ ਦੀਆਂ ਲੰਮੇ ਸਮੇਂ ਤੋਂ ਚੱਲੀਆਂ ਆ ਰਹੀਆਂ ਮੰਗਾਂ ਨੂੰ ਪੂਰਾ ਕੀਤਾ ਗਿਆ ਹੈ। ਪਿੰਡ ਢੋਲਵਾਹਾ ਵਿਖੇ ਨਵੀਂ ਬਣੇ 1000 ਫੁੱਟ ਤੋਂ ਵੱਧ ਲੰਬੇ ਰਸਤੇ ਦੀ ਸ਼ੁਰੂਆਤ ਮੌਕੇ ਡਾ. ਰਵਜੋਤ ਸਿੰਘ ਨੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੰਢੀ ਦੇ ਰਹਿੰਦੇ ਵਿਕਾਸ ਕਾਰਜਾਂ ਨੂੰ ਪੂਰਾ ਕਰਨ ਵਿਚ ਕੋਈ ਕਸਰ ਨਹੀਂ ਛੱਡੀ ਜਾਵੇਗੀ ਅਤੇ ਆਉਂਦੇ ਦਿਨਾਂ ਵਿਚ ਇਨ੍ਹਾਂ ਕਾਰਜਾਂ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਕੈਬਨਿਟ ਮੰਤਰੀ ਨੇ ਇਸ ਦੌਰਾਨ ਨੇੜਲੇ ਪਿੰਡ ਕੂਕਾਨੇਟ ਅਤੇ ਦੇਹਰੀਆਂ ਦੀਆਂ ਗ੍ਰਾਮ ਪੰਚਾਇਤਾਂ ਨੂੰ ਨਵੇਂ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ ਲਈ ਲੋੜੀਂਦੀਆਂ ਗਰਾਂਟਾਂ ਦੇ ਚੈੱਕ ਸੌਂਪਦਿਆਂ ਕਿਹਾ ਕਿ ਪੰਜਾਬ ਸਰਕਾਰ



ਵਿਕਾਸ ਕਾਰਜਾਂ ਲਈ ਫੰਡਾਂ ਦੀ ਸਮੇਂ-ਸਮੇਂ ਸਿਰ ਉਪਲਬੱਧਤਾ ਨੂੰ ਯਕੀਨੀ ਬਣਾ ਰਹੀ ਹੈ ਤਾਂ ਜੋ ਚੱਲ ਰਹੇ ਕੰਮਾਂ ਨੂੰ ਨਿਰਧਾਰਤ ਸਮੇਂ ਅੰਦਰ ਪੂਰਾ ਕਰਵਾ ਕੇ ਲੋਕਾਂ ਨੂੰ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ।ਇਸ ਮੌਕੇ ਸਰਪੰਚ ਰਜਨੀ ਸ਼ਰਮਾ, ਸਰਪੰਚ ਮੰਗਤ ਰਾਮ, ਪੰਚ ਅਸ਼ੀਸ਼ ਠਾਕੁਰ, ਕੁਲਦੀਪ ਸਿੰਘ, ਜਸਵੰਤ ਸਿੰਘ, ਡਾ. ਪਰਮਜੀਤ ਸਿੰਘ, ਗੁਰਨਾਮ ਸਿੰਘ, ਵਿਨੋਦ ਕੁਮਾਰ, ਡਾ. ਮਨੋਹਰ ਲਾਲ, ਇੰਦਰਜੀਤ, ਬਲਬੀਰ ਸਿੰਘ, ਬਲਕਾਰ ਸਿੰਘ, ਹਰਮੇਲ ਸਿੰਘ, ਸੰਦੀਪ ਸ਼ਰਮਾ, ਸੁਰੇਸ਼ ਸ਼ਰਮਾ, ਜਗਦੇਵ ਸਿੰਘ, ਸਿਕੰਦਰ ਸਿੰਘ ਆਦਿ ਵੀ ਮੌਜੂਦ ਸਨ।

# ਗੈਰ-ਕਾਨੂੰਨੀ ਉਦਯੋਗਿਕ ਇਕਾਈਆਂ ਨੂੰ ਨਿਯਮਤ ਕਰਨ ਲਈ ਨੀਤੀਗਤ ਸੋਧਾਂ ਨੂੰ ਦਿੱਤੀ ਮਨਜ਼ੂਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਨੀ ਦੀ ਅਗਵਾਈ ਹੇਠ ਇੱਥੇ ਹੋਈ ਹਰਿਆਣਾ ਕੈਬਨਿਟ ਦੀ ਮੀਟਿੰਗ ਵਿੱਚ 'ਹਰਿਆਣਾ ਪ੍ਰਬੰਧਨ ਨਾਗਰਿਕ ਸੁਵਿਧਾਵਾਂ ਅਤੇ ਬੁਨਿਆਦੀ ਢਾਂਚੇ ਦੀ ਘਾਟ ਵਾਲੇ ਖੇਤਰ (ਵਿਸ਼ੇਸ਼ ਉਪਬੰਧ) ਸੋਧ ਐਕਟ, 2025' ਦੇ ਉਪਬੰਧਾਂ ਨੂੰ ਲਾਗੂ ਕਰਨ ਲਈ ਸੋਧਾਂ ਨੂੰ ਮਨਜ਼ੂਰੀ ਦਿੱਤੀ ਗਈ। ਇਸ ਫੈਸਲੇ ਦਾ ਉਦੇਸ਼ ਸੂਬੇ ਭਰ ਵਿੱਚ ਗੈਰ-ਕਾਨੂੰਨੀ ਉਦਯੋਗਿਕ ਅਦਾਰਿਆਂ ਦੇ ਨਿਯਮਤਕਰਨ ਨੂੰ ਸੁਗਮ ਬਣਾਉਣਾ ਅਤੇ ਅਜਿਹੇ ਖੇਤਰਾਂ ਵਿੱਚ ਬੁਨਿਆਦੀ ਨਾਗਰਿਕ ਸਹੂਲਤਾਂ ਅਤੇ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣਾ ਹੈ।ਕੈਬਨਿਟ ਨੂੰ ਜਾਣੂ ਕਰਵਾਇਆ ਗਿਆ ਕਿ ਸੂਬਾ ਸਰਕਾਰ ਨੇ ਨਗਰ ਪਾਲਿਕਾਵਾਂ ਦੀ ਸੀਮਾ ਤੋਂ ਬਾਹਰ ਸਥਿਤ ਬੁਨਿਆਦੀ ਢਾਂਚੇ ਅਤੇ ਨਾਗਰਿਕ ਸਹੂਲਤਾਂ ਤੋਂ ਵਾਂਝੇ ਖੇਤਰਾਂ ਵਿੱਚ ਲੋੜੀਂਦੀਆਂ ਸੇਵਾਵਾਂ ਅਤੇ ਸੁਵਿਧਾਵਾਂ ਮੁਹੱਈਆ ਕਰਵਾਉਣ ਅਤੇ ਉੱਥੇ ਰਹਿਣ ਵਾਲੇ ਲੋਕਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਲਿਆਉਣ ਦੇ ਉਦੇਸ਼ ਨਾਲ ਸਾਲ 2021 ਵਿੱਚ 'ਹਰਿਆਣਾ ਪ੍ਰਬੰਧਨ ਨਾਗਰਿਕ ਸੁਵਿਧਾਵਾਂ ਅਤੇ ਬੁਨਿਆਦੀ ਢਾਂਚਾ ਅਣਹੋਂਦ ਵਾਲੇ ਖੇਤਰ (ਵਿਸ਼ੇਸ਼ ਉਪਬੰਧ) ਐਕਟ' ਲਾਗੂ ਕੀਤਾ ਸੀ। ਇਸ ਤੋਂ ਬਾਅਦ 19 ਜੁਲਾਈ 2022 ਨੂੰ ਨੀਤੀ ਨੋਟੀਫਾਈ ਕੀਤੀ ਗਈ ਅਤੇ 6 ਅਪ੍ਰੈਲ 2023 ਨੂੰ ਰਾਹਤ ਸਬੰਧੀ ਨਿਰਦੇਸ਼ ਜਾਰੀ ਕੀਤੇ ਗਏ। ਹਾਲਾਂਕਿ, ਮੌਜੂਦਾ ਵਿਵਸਥਾ ਉਦਯੋਗਿਕ ਕਾਲੋਨੀਆਂ 'ਤੇ ਲਾਗੂ ਨਹੀਂ ਹੁੰਦੀ ਸੀ।

# ਵੋਟਾਂ ਦੀ ਗਿਣਤੀ ਸੰਬੰਧੀ ਪ੍ਰਣਾਲੀ ਦੀ ਮਜ਼ਬੂਤੀ ਬਾਰੇ ਵਰਕਸ਼ਾਪ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**

ਦਫ਼ਤਰ ਮੁੱਖ ਚੋਣ ਅਫ਼ਸਰ, ਪੰਜਾਬ ਵੱਲੋਂ ਇੱਥੇ ਇੰਡੀਆ ਇੰਟਰਨੈਸ਼ਨਲ ਇੰਸਟੀਚਿਊਟ ਆਫ਼ ਡੈਮੋਕ੍ਰੇਸੀ ਐਂਡ ਇਲੈਕਸ਼ਨ ਮੈਨੇਜਮੈਂਟ ਦੇ ਸਹਿਯੋਗ




ਨਾਲ ਵੋਟਾਂ ਦੀ ਗਿਣਤੀ ਸਬੰਧੀ ਪ੍ਰਣਾਲੀ ਦੀ ਮਜ਼ਬੂਤੀ (ਰੋਬਸਟਨੈਸ ਆਫ਼ ਵੋਟ ਕਾਊਂਟਿੰਗ ਪ੍ਰੋਸੈਸ) ਸੰਬੰਧੀ ਵਰਕਸ਼ਾਪ ਕਰਵਾਈ ਗਈ। ਇਸ ਵਰਕਸ਼ਾਪ ਵਿੱਚ ਪੰਜਾਬ ਤੋਂ ਇਲਾਵਾ ਚੰਡੀਗੜ੍ਹ ਤੇ ਹਰਿਆਣੇ ਦੇ ਚੋਣ ਅਧਿਕਾਰੀਆਂ ਵੱਲੋਂ ਭਾਗ ਲਿਆ ਗਿਆ। ਵਰਕਸ਼ਾਪ ਦੇ ਉਦਘਾਟਨ ਮੌਕੇ ਬੋਲਦਿਆਂ ਮੁੱਖ ਚੋਣ ਅਫ਼ਸਰ, ਪੰਜਾਬ ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਕਿਹਾ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਪੰਜਾਬ ਰਾਜ ਦੇ ਦਫ਼ਤਰ ਮੁੱਖ ਚੋਣ ਅਫ਼ਸਰ ਨੂੰ ਵੋਟਾਂ ਦੀ ਗਿਣਤੀ ਸਬੰਧੀ ਪ੍ਰਣਾਲੀ ਦੀ ਮਜ਼ਬੂਤੀ ਬਾਰੇ ਅਧਿਐਨ ਕਰਨ ਲਈ ਜ਼ਿੰਮੇਵਾਰੀ ਸੌਂਪੀ ਸੀ ਜਿਸ ਨੂੰ ਅਸੀਂ ਸਫ਼ਲਤਾਪੂਰਵਕ ਨੇਪਰੇ ਚਾੜ੍ਹਿਆ ਹੈ। ਉਨ੍ਹਾਂ ਦੱਸਿਆ ਕਿ ਇਸ ਅਧਿਐਨ ਦੌਰਾਨ ਅਸੀਂ ਦੁਨੀਆਂ ਦੇ 48 ਲੋਕਤੰਤਰਿਕ ਦੇਸ਼ਾਂ ਦੀ ਵੋਟਾਂ ਦੀ ਗਿਣਤੀ ਸਬੰਧੀ ਪ੍ਰਣਾਲੀ ਦਾ ਅਧਿਐਨ ਕੀਤਾ ਅਤੇ ਪਾਇਆ ਕਿ ਭਾਰਤ ਵਿੱਚ ਵੋਟਾਂ ਦੀ ਗਿਣਤੀ ਸਬੰਧੀ ਲਾਗੂ ਪ੍ਰਣਾਲੀ ਬਹੁਤ ਬਿਹਤਰੀਨ ਢੰਗ ਨਾਲ ਕੰਮ ਕਰ ਰਹੀ ਹੈ।ਇਸ ਵਰਕਸ਼ਾਪ ਨੂੰ ਸੰਬੋਧਨ ਕਰਦਿਆਂ ਅਧਿਐਨ ਟੀਮ ਦੇ ਮੈਂਬਰ ਡਾ. ਅਭਿਨੰਦਨ ਬਸੀ ਨੇ ਦੱਸਿਆ ਕਿ ਵੋਟਾਂ ਦੀ ਗਿਣਤੀ ਤੋਂ ਪਹਿਲਾਂ ਅਤੇ ਬਾਅਦ ਵਿੱਚ ਪੈਦਾ ਹੋਣ ਵਾਲੇ ਮਸਲਿਆਂ ਨੂੰ ਆਧਾਰ ਬਣਾ ਕੇ ਇਹ ਅਧਿਐਨ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪੂਰੀ ਦੁਨੀਆਂ ਵਿੱਚ ਚੋਣਾਂ ਸਬੰਧੀ ਲੋਕ-ਭਾਵਨਾਵਾਂ ਹਨ ਉਨ੍ਹਾਂ ਨੂੰ ਖ਼ਿਆਲ ਵਿੱਚ ਰੱਖਿਆ ਗਿਆ ਅਤੇ ਦੇਖਿਆ ਗਿਆ ਕਿ ਵੋਟਾਂ ਦੀ ਗਿਣਤੀ ਕਿਵੇਂ ਹੋਵੇਗੀ ਤੋਂ ਵੋਟਾਂ ਦੀ ਗਿਣਤੀ ਦੀ ਪ੍ਰਕਿਰਿਆ ਨੂੰ ਭਰੋਸੇਯੋਗ ਕਿਵੇਂ ਬਣਾਇਆ ਜਾਵੇ।

## ਕ੍ਰਿਕਟ ਟੂਰਨਾਮੈਂਟ ਅੱਜ

**ਫਿਲੌਰ (ਨਿਰਮਲ)**-ਫਿਲੌਰ ਦੇ ਨਜ਼ਦੀਕੀ ਪਿੰਡ ਭੱਟੀਆਂ ਵਿਖੇ 7ਵਾ ਸ਼ਾਨਦਾਰ ਇੱਕ ਰੋਜ਼ਾ ਕ੍ਰਿਕਟ ਟੂਰਨਾਮੈਂਟ 20 ਮਈ ਦਿਨ ਬੁੱਧਵਾਰ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਰਪੰਚ ਸਰਬਜੀਤ ਸਿੰਘ ਨੇ ਦੱਸਿਆ ਕਿ ਇਸ ਟੂਰਨਾਮੈਂਟ ਚ ਪਹਿਲੇ ਸਥਾਨ ਵਾਲੇ ਨੂੰ 21000 ਰੁਪਏ, ਦੂਜੇ ਸਥਾਨ ਤੇ ਆਉਣ ਵਾਲੇ ਨੂੰ 11000, ਤੀਜੇ ਸਥਾਨ ਤੇ ਆਉਣ ਵਾਲੇ ਨੂੰ 2100 ਅਤੇ ਚੌਥੇ ਨੰਬਰ ਤੇ ਆਉਣ ਵਾਲੇ ਨੂੰ 2100 ਰੁਪਏ ਨਗਦ ਇਨਾਮ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਬੈਸਟ ਬਾਲਰ, ਮੈਨ ਆਫ਼ ਦੀ ਮੈਚ ਤੇ ਬੈਸਟ ਬੈਟਸਮੈਨ ਨੂੰ ਸਰਪ੍ਰਾਈਜ਼ ਇਨਾਮ ਦਿੱਤੇ ਜਾਣਗੇ। ਇਸ ਟੂਰਨਾਮੈਂਟ ਦਾ ਪੋਸਟਰ ਹਲਕਾ ਵਿਧਾਇਕ ਚੌਧਰੀ ਵਿਕਰਮਜੀਤ ਸਿੰਘ ਵੱਲੋਂ ਜਾਰੀ ਕੀਤਾ ਗਿਆ। ਇਸ ਟੂਰਨਾਮੈਂਟ 'ਚ ਦਰਸ਼ਕਾਂ ਲਈ ਪਹਿਲਾਂ ਆਓ ਇਨਾਮ ਪਾਓ ਤਹਿਤ ਕੂਪਨ ਦਿੱਤੇ ਜਾਣਗੇ ਜਿਨ੍ਹਾਂ 'ਚ ਦਿਲ ਖਿੱਚਵੇਂ ਇਨਾਮ ਦਿੱਤੇ ਜਾਣਗੇ। ਉਨ੍ਹਾਂ ਵੱਲੋਂ ਟੀਮਾਂ ਦੀ ਹੌਸਲਾ ਅਫਜ਼ਾਈ ਲਈ ਵੱਧ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ।

## ਨਸ਼ੇ ਵਾਲੀਆਂ ਗੋਲੀਆਂ ਸਮੇਤ ਗ੍ਰਿਫਤਾਰ

**ਟਾਂਡਾ ਉੜਮੁੜ, (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਟਾਂਡਾ ਪੁਲਿਸ ਨੇ ਇੱਕ ਵਿਅਕਤੀ ਨੂੰ ਨਸ਼ੇ ਵਾਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਟਾਂਡਾ ਦੇ ਮੁਖੀ ਇੰਸਪੈਕਟਰ ਗੁਰਿੰਦਰ ਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਜਿਲਾ ਪੁਲਿਸ ਮੁਖੀ ਸੰਦੀਪ ਕੁਮਾਰ ਮਲਿਕ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡੀ ਐੱਸ ਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਦੀ ਅਗਵਾਈ ਵਿੱਚ ਏ ਐੱਸ ਆਈ ਸੰਜੀਵ ਕੁਮਾਰ ਦੀ ਟੀਮ ਵੱਲੋਂ ਪਿੰਡ ਲਿੱਤਰਾਂ ਚਾਹਲਾ ਪਾਣੀ ਵਾਲੀ ਟੈਂਕੀ ਨਜਦੀਕ ਗ੍ਰਿਫਤਾਰ ਕੀਤੇ ਗਏ ਦੋਸ਼ੀ ਦੀ ਪਹਿਚਾਣ ਨਪਿੰਦਰ ਸਿੰਘ ਉਰਫ ਨੂਪੀ ਪੁੱਤਰ ਬਲਵਿੰਦਰ ਸਿੰਘ ਵਾਸੀ ਵਾਰਡ ਨੰਬਰ 9 ਮਹੱਲਾ ਬਾਰਾਦਾਰੀ ਟਾਂਡਾ ਵਜੋਂ ਹੋਈ ਹੈ ਤੇ ਉਸ ਪਾਸੋਂ 50 ਨਸ਼ੇ ਵਾਲੀਆਂ ਗੋਲੀਆਂ ਬਰਾਮਦ ਕਰਕੇ ਉਸ ਖਿਲਾਫ ਐੱਨ ਡੀ ਪੀ ਐੱਸ ਐਕਟ ਦੀ ਧਾਰਾ ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ

# ਨਸ਼ਿਆਂ ਕਾਰਨ ਪੰਜ ਪੁੱਤਰ ਗੁਆ ਚੁੱਕੀ ਮਾਂ ਨੂੰ ਹਰ ਮਹੀਨੇ 5000 ਰੁਪਏ ਮਦਦ ਜਾਰੀ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**

ਪਿਛਲੇ ਦਿਨੀਂ ਸੁਲਤਾਨਪੁਰ ਲੋਧੀ ਦੇ ਮਹੱਲਾ ਪੰਡੋਰੀ ਵਿਖੇ ਨਸ਼ੇ ਦੇ ਕਾਰਨ ਇੱਕ ਹੀ ਪਰਿਵਾਰ ਦੇ ਪੰਜ ਪੁੱਤਰਾਂ ਦੀ ਹੋਈ ਦਰਦਨਾਕ ਮੌਤ ਨੇ ਪੂਰੇ ਪੰਜਾਬ ਨੂੰ ਝੰਝੋੜ ਕੇ ਰੱਖ ਦਿੱਤਾ ਸੀ। ਇਸ ਦਿਲ ਦਹਲਾ ਦੇਣ ਵਾਲੀ ਘਟਨਾ ਤੋਂ ਬਾਅਦ ਜਿੱਥੇ ਹਰ ਪਾਸੇ ਦੁੱਖ ਅਤੇ ਗੁੱਸੇ ਦਾ ਮਾਹੌਲ ਬਣਿਆ ਹੋਇਆ ਸੀ, ਉੱਥੇ ਸਮਾਜ ਸੇਵਾ ਦੇ ਖੇਤਰ ਵਿੱਚ ਅੱਗੇ ਰਹਿਣ ਵਾਲੇ ਉੱਘੇ ਖੇਡ ਪ੍ਰਮੋਟਰ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਇੰਦਰਜੀਤ ਸਿੰਘ ਜੋਸਨ ਵੱਲੋਂ ਇਸ ਦੁਖੀ ਪਰਿਵਾਰ ਦੀ ਬਾਂਹ ਫੜਦੇ ਹੋਏ ਮਨੁੱਖਤਾ ਦੀ ਇੱਕ ਵੱਡੀ ਮਿਸਾਲ ਪੇਸ਼ ਕੀਤੀ ਗਈ ਸੀ।ਇੰਦਰਜੀਤ ਸਿੰਘ ਜੋਸਨ ਵੱਲੋਂ ਉਸ ਸਮੇਂ ਐਲਾਨ ਕੀਤਾ ਗਿਆ ਸੀ ਕਿ ਉਹ ਇਸ ਪਰਵਾਰ ਨੂੰ ਇਕੱਲਾ ਨਹੀਂ ਛੱਡਣਗੇ ਅਤੇ ਹਰ ਮਹੀਨੇ ਘਰ ਦੇ ਜ਼ਰੂਰੀ ਖਰਚੇ, ਰਾਸ਼ਨ ਅਤੇ ਹੋਰ ਲੋੜਾਂ ਲਈ 5000 ਰੁਪਏ ਦੀ ਆਰਥਿਕ ਮਦਦ ਦਿੱਤੀ ਜਾਵੇਗੀ। ਆਪਣੇ ਕੀਤੇ ਵਾਅਦੇ ਨੂੰ ਨਿਭਾਉਂਦੇ ਹੋਏ ਅੱਜ ਉਹਨਾਂ ਵੱਲੋਂ ਮਈ ਮਹੀਨੇ ਦੀ 5000 ਰੁਪਏ ਦੀ ਸਹਾਇਤਾ ਰਕਮ ਉਸ ਦੁਖੀ ਮਾਤਾ ਨੂੰ ਸੌਂਪੀ ਗਈ।ਇਸ ਮੌਕੇ ਇੰਦਰਜੀਤ ਸਿੰਘ ਜੋਸਨ ਨੇ ਕਿਹਾ ਕਿ ਨਸ਼ੇ ਨੇ ਪੰਜਾਬ ਦੀ ਜਵਾਨੀ ਨੂੰ ਬਰਬਾਦ ਕਰਕੇ ਅਨੇਕਾਂ ਘਰ ਉਜਾੜ ਦਿੱਤੇ ਹਨ ਅਤੇ ਇਹ ਪਰਿਵਾਰ ਉਸ ਦਰਦ ਦੀ ਸਭ ਤੋਂ ਵੱਡੀ ਮਿਸਾਲ ਹੈ। ਉਹਨਾਂ ਕਿਹਾ ਕਿ ਇੱਕ ਮਾਂ ਵੱਲੋਂ ਆਪਣੇ ਪੰਜ ਪੁੱਤਰਾਂ ਨੂੰ ਗੁਆ ਦੇਣਾ ਸਿਰਫ ਇੱਕ ਪਰਿਵਾਰ ਦਾ ਨਹੀਂ, ਸਗੋਂ ਪੂਰੇ ਸਮਾਜ ਦਾ ਦੁੱਖ ਹੈ। ਾਜ਼ਰ ਲੋਕਾਂ ਨੇ ਇੰਦਰਜੀਤ ਸਿੰਘ ਜੋਸਨ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਕਿਸੇ ਦੁਖੀ ਪਰਿਵਾਰ ਦੇ ਨਾਲ ਖੜ੍ਹਨਾ ਸਭ ਤੋਂ ਵੱਡੀ ਮਨੁੱਖਤਾ ਹੈ।

# ਖਾਦਾਂ ਦੀ ਸੰਤੁਲਿਤ ਵਰਤੋਂ ਬਾਰੇ ਜਾਗਰੂਕਤਾ ਕੈਂਪ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਪੰਜਾਬ ਸਰਕਾਰ ਵਲੋਂ ਸੂਬੇ ਵਿਚ ਖਾਦਾਂ ਦੀ ਸੰਤੁਲਿਤ ਵਰਤੋਂ ਲਈ ਕੀਤੇ ਜਾ ਰਹੇ ਵੱਖ-ਵੱਖ ਉਪਰਾਲਿਆਂ ਦੀ ਲੜੀ ਤਹਿਤ ਪੀ ਏ ਯੂ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ ਵਲੋਂ ਮਾਹਿਲਪੁਰ ਬਲਾਕ ਦੇ ਖਾਦ ਅਤੇ ਬੀਜ ਵਿਕਰੇਤਾਵਾਂ ਲਈ ਕੇ ਵੀ ਕੇ ਵਿਖੇ ਜਾਗਰੂਕਤਾ ਕੈਂਪ ਲਾਇਆ ਗਿਆ।ਕ੍ਰਿਸ਼ੀ ਵਿਗਿਆਨ ਕੇਂਦਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਡਾ. ਮਨਿੰਦਰ ਸਿੰਘ ਬੌਂਸ ਨੇ ਕੈਂਪ ਦੌਰਾਨ ਸੰਬੋਧਨ ਕਰਦਿਆਂ ਕਿਹਾ ਕਿ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਕਈ ਫ਼ਸਲਾਂ ਵਿੱਚ ਖਾਦਾਂ ਦੀ ਅਸੰਤੁਲਿਤ ਵਰਤੋਂ ਦੇਖੀ ਜਾ ਰਹੀ ਹੈ ਜਿਸ ਵੱਲ ਤੁਰੰਤ ਧਿਆਨ ਦੇਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਸ ਨੂੰ ਧਿਆਨ ਵਿੱਚ ਰੱਖਦੇ ਹੋਏ ਅਤੇ ਦੇਸ਼ ਪੱਧਰੀ ਮੁਹਿੰਮ ਤਹਿਤ ਕ੍ਰਿਸ਼ੀ ਵਿਗਿਆਨ ਕੇਂਦਰ ਨੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੇ ਸਹਿਯੋਗ ਨਾਲ ਇਹ ਪ੍ਰੋਗਰਾਮ ਵਿਸ਼ੇਸ਼ ਤੌਰ 'ਤੇ ਖਾਦ ਅਤੇ ਬੀਜ ਡੀਲਰਾਂ ਲਈ ਕਰਵਾਇਆ ਹੈ। ਉਨ੍ਹਾਂ ਨੇ ਖਾਦ ਅਤੇ ਬੀਜ ਵਿਕਰੇਤਾਵਾਂ ਨੂੰ ਮਿੱਟੀ ਅਤੇ ਪਾਣੀ ਦੀ ਜਾਂਚ ਸਮੇਤ ਕੇ.ਵੀ.ਕੇ. ਵਿਖੇ ਉਪਲਬੱਧ ਸਹੂਲਤਾਂ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਡੀਲਰਾਂ ਨੂੰ ਕਿਸਾਨਾਂ ਨੂੰ ਖਾਦਾਂ ਦੀ ਸੰਤੁਲਿਤ ਅਤੇ ਸੁਚੱਜੀ ਵਰਤੋਂ ਲਈ ਇਨ੍ਹਾਂ ਸੇਵਾਵਾਂ ਦਾ ਲਾਭ ਉਠਾਉਣ ਲਈ ਸਲਾਹ ਦੇਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਸਾਉਣੀ ਦੀਆਂ ਫ਼ਸਲਾਂ ਦੇ ਝਾੜ ਨੂੰ ਬਿਹਤਰ ਬਣਾਉਣ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੁਆਰਾ ਸਿਫ਼ਾਰਸ਼ ਕੀਤੀਆਂ ਜੈਵਿਕ ਖਾਦਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ।ਕੈਂਪ ਦੌਰਾਨ ਸਹਿਯੋਗੀ ਪ੍ਰੋਫੈਸਰ (ਫਸਲ ਵਿਗਿਆਨ) ਡਾ. ਗੁਰਪ੍ਰਤਾਪ ਸਿੰਘ ਨੇ ਝੋਨਾ, ਸਾਉਣੀ ਮੱਕੀ ਅਤੇ ਹੋਰ ਫ਼ਸਲਾਂ ਵਿੱਚ ਖਾਦ ਪ੍ਰਬੰਧਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।

# ਕਾਰਜਕਾਰੀ ਇੰਜੀਨੀਅਰ ਨੇ ਅਹੁਦਾ ਸੰਭਾਲਿਆ

**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਕਾਰਜਕਾਰੀ ਇੰਜੀਨੀਅਰ ਇਮਾਨਵੀਰ ਸਿੰਘ ਮਾਨ ਵੱਲੋ ਅਹੁਦਾ ਸੰਭਾਲਣ ਮੋਕੇ ਸਟਾਫ ਅਤੇ ਕਰਮਚਾਰੀਆ ਵੱਲੋ ਉਹਨਾਂ ਦਾ ਭਰਵਾਂ ਸਵਾਗਤ ਕੀਤਾ ਗਿਆ।ਇਸ ਮੌਕੇ 'ਤੇ ਜਥੇਬੰਦੀ ਕਰਮਚਾਰੀ ਦਲ ਭਗੜਾਣਾ ਦੇ ਜਿਲ੍ਹਾ ਮੋਹਾਲੀ ਦੇ ਪ੍ਰਧਾਨ ਕੇਸਰ ਸਿੰਘ ਤੇ ਜ਼ਿਲ੍ਹਾ ਚੇਅਰਮੈਨ ਬਲਜਿੰਦਰ ਸਿੰਘ ਕਜੌਲੀ, ਗੁਰਮੁੱਖ ਸਿੰਘ ਵੱਲੋਂ ਉਹਨਾਂ ਨੂੰ ਫੁੱਲਾ ਦਾ ਗੁਲਦਸਤਾ ਭੇਟ ਕਰਕੇ ਜੀ ਆਇਆ ਨੂੰ ਕਿਹਾ ਤੇ ਵਧਾਈਆਂ ਦਿੱਤੀਆਂ ਕਾਰਜਕਾਰੀ ਇੰਜੀਨਿਅਰ ਇਮਾਨਵੀਰ ਸਿੰਘ ਜੀ ਵੱਲੋਂ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਪਹਿਲ ਦੇ ਆਧਾਰ ਤੇ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਮੋਕੇ ਜੂਨੀਅਰ ਇੰਜੀਨਿਅਰ ਅੰਮ੍ਰਿਤਵੀਰ ਸਿੰਘ ਢਿੱਲੋਂ, ਜਗਜੀਤ ਸਿੰਘ, ਜੀਤ ਸਿੰਘ, ਸੂਰਜ ਯਾਦਵ, ਪੰਕਜ ਆਨੰਦ ਆਦਿ ਸ਼ਾਮਿਲ ਹੋਏ।



# ਐੱਲ ਪੀ ਯੂ ਵਿਸ਼ਵ 'ਵਰਸਿਟੀ ਰੈਂਕਿੰਗ 'ਚ 78ਵੇਂ ਸਥਾਨ 'ਤੇ



**ਜਲੰਧਰ ( ਸ਼ੈਲੀ ਐਲਬਰਟ)**

ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਵਰਲਡ ਯੂਨੀਵਰਸਿਟੀ ਰੈਂਕਿੰਗਜ਼ ਫਾਰ ਇਨੋਵੇਸ਼ਨ 2026 ਵਿੱਚ 78ਵਾਂ ਸਥਾਨ ਹਾਸਿਲ ਕੀਤਾ, ਜੋ ਕਿ ਪਿਛਲੇ ਸਾਲ ਦੇ 109ਵੇਂ ਸਥਾਨ ਤੋਂ ਇੱਕ ਮਹੱਤਵਪੂਰਨ ਵਾਧਾ ਹੈ। ਹਜ਼ਾਰਾਂ ਯੂਨੀਵਰਸਿਟੀਆਂ ਦੀ ਭਾਗੀਦਾਰੀ ਦੇ ਨਾਲ, ਵ੍ਰੀ ਸੰਸਥਾਵਾਂ ਦਾ ਮੁਲਾਂਕਣ ਨਾ ਸਿਰਫ਼ ਉਨ੍ਹਾਂ ਦੇ ਅਕਾਦਮਿਕ ਪ੍ਰਦਰਸ਼ਨ ਦੇ ਆਧਾਰ 'ਤੇ ਕਰਦਾ ਹੈ, ਸਗੋਂ ਉਨ੍ਹਾਂ ਦੇ ਅਸਲ-ਸੰਸਾਰ ਪ੍ਰਭਾਵ ਦੇ ਆਧਾਰ 'ਤੇ ਵੀ ਕਰਦਾ ਹੈ। ਇਹ ਉਨ੍ਹਾਂ ਯੂਨੀਵਰਸਿਟੀਆਂ ਨੂੰ ਮਾਨਤਾ ਦਿੰਦਾ ਹੈ ਜੋ ਨਵੀਨਤਾਕਾਰੀ ਸਿੱਖਿਆ, ਰਚਨਾਤਮਕ ਸਮੱਸਿਆ-ਹੱਲ, ਅਤੇ ਮਜ਼ਬੂਤ ?ਭਾਈਚਾਰਕ ਸ਼ਮੂਲੀਅਤ ਦੁਆਰਾ ਅਰਥਪੂਰਨ ਤਬਦੀਲੀ ਲਿਆ ਰਹੀਆਂ ਹਨ।ਐੱਲਪੀਯੂ ਨੇ ਵਿਸ਼ਵ ਪੱਧਰ 'ਤੇ 78ਵਾਂ ਅਤੇ ਭਾਰਤ ਵਿੱਚ ਚੌਥਾ ਸਥਾਨ ਪ੍ਰਾਪਤ ਕੀਤਾ ਹੈ। ਇਸ ਸਮੇਂ ਦੌਰਾਨ, ਇਸਨੇ ਕੈਲੀਫੋਰਨੀਆ ਯੂਨੀਵਰਸਿਟੀ ਲਾਸ ਏਂਜਲਸ, ਪਰਡਿਊ ਯੂਨੀਵਰਸਿਟੀ, ਵਾਸ਼ਿੰਗਟਨ ਸਟੇਟ ਯੂਨੀਵਰਸਿਟੀ, ਕੈਲੀਫੋਰਨੀਆ ਯੂਨੀਵਰਸਿਟੀ ਸਾਂਤਾ ਬਾਰਬਰਾ, ਇੰਪੀਰੀਅਲ ਕਾਲਜ ਲੰਡਨ, ਯੂਨੀਵਰਸਿਟੀ ਆਫ ਟੋਰਾਂਟੋ, ਮੈਕਗਿਲ ਯੂਨੀਵਰਸਿਟੀ, ਯੂਨੀਵਰਸਿਟੀ ਆਫ ਵਾਟਰਲੂ, ਯੂਨੀਵਰਸਿਟੀ ਆਫ ਬ੍ਰਿਟਿਸ਼ ਕੋਲੰਬੀਆ, ਨਾਨਯਾਂਗ ਟੈਕਨੋਲੋਜੀਕਲ ਯੂਨੀਵਰਸਿਟੀ, ਇੰਡੀਅਨ ਇੰਸਟੀਚਿਊਟ ਆਫ ਟੈਕਨਾਲੋਜੀ ਬੰਬੇ, ਇੰਡੀਅਨ ਇੰਸਟੀਚਿਊਟ ਆਫ ਟੈਕਨਾਲੋਜੀ ਵਾਰਾਣਸੀ, ਅਤੇ ਇੰਡੀਅਨ ਇੰਸਟੀਚਿਊਟ ਆਫ ਟੈਕਨਾਲੋਜੀ ਮਦਰਾਸ ਵਰਗੀਆਂ ਕਈ ਵਿਸ਼ਵ-ਪ੍ਰਸਿੱਧ ਸੰਸਥਾਵਾਂ ਨੂੰ ਪਿੱਛੇ ਛੱਡ ਦਿੱਤਾ।

# ਗਰਮੀ ਤੋਂ ਬਚਾਅ ਲਈ ਤਰਲ ਪਦਾਰਥਾਂ ਦਾ ਸੇਵਨ ਜ਼ਰੂਰੀ : ਸਿਵਲ ਸਰਜਨ



**ਮੁਹਾਲੀ (ਗੁਰਜੀਤ ਬਿੱਲਾ)**-ਗਰਮ ਹਵਾਵਾਂ ਦੇ ਚਾਲੂ ਮੌਸਮ 'ਚ ਜ਼ਿਲ੍ਹਾ ਸਿਹਤ ਵਿਭਾਗ ਨੇ ਇੱਕ ਵਾਰ ਫਿਰ, ਲੋਕਾਂ ਨੂੰ ਲੂ ਤੋਂ ਬਚਣ ਦੀ ਸਲਾਹ ਦਿਤੀ ਹੈ। ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦਸਿਆ ਕਿ ਜ਼ਿਲ੍ਹਾ ਸਿਹਤ ਵਿਭਾਗ ਨੇ ਗਰਮੀ ਅਤੇ ਲੂ ਦੇ ਮੌਸਮ ਵਿਚ ਸੰਭਾਵੀ ਸਿਹਤ ਖ਼ਤਰਿਆਂ ਨਾਲ ਨਜਿੱਠਣ ਲਈ ਸਰਕਾਰੀ ਸਿਹਤ ਸੇਵਾਵਾਂ ਵਿਚ ਢੁੱਕਵੇਂ ਪ੍ਰਬੰਧ ਪਹਿਲਾਂ ਹੀ ਕਰ ਲਏ ਸਨ ਤਾਂ ਕਿ ਪ੍ਰਭਾਵਤ ਲੋਕਾਂ ਲਈ ਤੁਰੰਤ ਡਾਕਟਰੀ ਸਹਾਇਤਾ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਕਿਹਾ ਕਿ ਅੱਜ ਕਲ ਲੂ ਚੱਲ ਰਹੀ ਹੈ ਅਤੇ ਮੌਸਮ ਵਿਭਾਗ ਨੇ ਆਉਣ ਵਾਲੇ ਦਿਨਾਂ ਵਿਚ ਵੀ ਲੂ ਚੱਲਣ ਦੀ ਭਵਿੱਖਬਾਣੀ ਕੀਤੀ ਹੈ, ਇਸ ਲਈ ਸਾਰਿਆਂ ਨੂੰ ਜ਼ਰੂਰੀ ਸਾਵਧਾਨੀਆਂ ਵਰਤਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਸਰੀਰ ਦਾ ਤਾਪਮਾਨ ਸਹੀ ਰੱਖਣ ਲਈ ਤਰਲ ਪਦਾਰਥਾਂ ਦਾ ਸੇਵਨ ਬਹੁਤ ਜ਼ਰੂਰੀ ਹੈ। ਵੱਧ ਤੋਂ ਵੱਧ ਤਰਲ ਪਦਾਰਥਾਂ ਦਾ ਸੇਵਨ ਕੀਤਾ ਜਾਵੇ, ਜਿਨ੍ਹਾਂ 'ਚ ਸਾਦਾ ਪਾਣੀ, ਲੱਸੀ, ਨਿੰਬੂ ਪਾਣੀ, ਜੂਸ, ਨਾਰੀਅਲ ਦਾ ਪਾਣੀ, ਓ.ਆਰ.ਐਸ. ਦਾ ਘੋਲ ਆਦਿ ਸ਼ਾਮਲ ਹਨ। ਉਨ੍ਹਾਂ ਲੋਕਾਂ ਨੂੰ ਸਲਾਹ ਦਿਤੀ ਕਿ ਦੁਪਹਿਰ 12 ਵਜੇ ਤੋਂ 3 ਵਜੇ ਤਕ ਜਾਂ ਸਿਖਰ ਦੁਪਹਿਰੇ ਬਾਹਰ ਨਿਕਲਣ ਤੋਂ ਪ੍ਰਹੇਜ਼ ਕੀਤਾ ਜਾਵੇ ਕਿਉਂਕਿ ਇਸ ਸਮੇਂ ਦੌਰਾਨ ਸੂਰਜੀ ਤਪਸ਼ ਬਹੁਤ ਜ਼ਿਆਦਾ ਹੁੰਦੀ ਹੈ। ਇਸ ਤੋਂ ਇਲਾਵਾ, ਬੱਚਿਆਂ ਅਤੇ ਬਜ਼ੁਰਗਾਂ ਦਾ ਖ਼ਾਸ ਖ਼ਿਆਲ ਰੱਖਿਆ ਜਾਵੇ।

# ਸਰਕਾਰੀ ਸਕੂਲ ਈਸਪੁਰ ਵਿਖੇ ਇੱਕ ਰੋਜ਼ਾ ਵਾਤਾਵਰਨ ਵਰਕਸ਼ਾਪ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**



ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਜੀ.ਐਸ.ਐਸ.ਐਸ.) ਈਸਪੁਰ ਮਖਸੂਸਪੁਰ ਚੇਲਾ ਵਿਖੇ 15 ਮਈ ਨੂੰ ਇਨਵਾਇਰਨਮੈਂਟ ਐਜੂਕੇਸ਼ਨ ਪ੍ਰੋਗਰਾਮ ਦੇ ਤਹਿਤ ਇੱਕ ਰੋਜ਼ਾ ਵਾਤਾਵਰਣ ਵਰਕਸ਼ਾਪ ਸਫ਼ਲਤਾਪੂਰਵਕ ਕਰਵਾਈ ਗਈ। ਇਸ ਵਰਕਸ਼ਾਪ ਲਈ ਪੰਜਾਬ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਨੇ ਸਟੇਟ ਨੋਡਲ ਏਜੰਸੀ ਵਜੋਂ ਭੂਮਿਕਾ ਨਿਭਾਈ। ਵਰਕਸ਼ਾਪ ਦੇ ਮੁੱਖ ਵਿਸ਼ੇ ਪਲਾਸਟਿਕ ਨੂੰ ਨਾਂਹ ਕਹੋ, ਈ-ਕੂੜਾ ਘਟਾਓ ਅਤੇ ਪਾਣੀ ਬਚਾਓ ਸਨ। ਬਲਜੀਤ ਸਿੰਘ ਭੱਟੀ (ਰਿਟਾਇਰਡ ਸਾਇੰਸ ਮਾਸਟਰ) ਨੇ ਇਸ ਸਮਾਗਮ ਵਿੱਚ ਮੁੱਖ ਮਹਿਮਾਨ (ਗੈਸਟ ਆਫ਼ ਆਨਰ) ਵਜੋਂ ਸ਼ਿਰਕਤ ਕੀਤੀ। ਸਿੰਗਲ-ਯੂਜ਼ ਪਲਾਸਟਿਕ ਦੇ ਬਦਲ ਵਜੋਂ ਵਿਦਿਆਰਥੀਆਂ ਨੇ ਹੱਥਾਂ ਨਾਲ ਬਣੇ ਕੱਪੜੇ ਅਤੇ ਕਾਗਜ਼ ਦੇ ਬੈਗਾਂ ਦੀ ਪ੍ਰਦਰਸ਼ਨੀ ਲਗਾਈ। ਵਿਦਿਆਰਥੀਆਂ ਨੂੰ ਪਲਾਸਟਿਕ ਪ੍ਰਦੂਸ਼ਣ ਨੂੰ ਘੱਟ ਕਰਨ ਅਤੇ ਪਲਾਸਟਿਕ ਨੂੰ ਨਾਂਹ ਕਹਿਣ ਲਈ ਪ੍ਰੇਰਿਤ ਕੀਤਾ ਗਿਆ। ਪਾਣੀ ਦੀ ਸਹੀ ਵਰਤੋਂ ਨੂੰ ਦਰਸਾਉਣ ਲਈ ਵਿਦਿਆਰਥੀਆਂ ਨੇ ਡ੍ਰਿਪ ਇਰੀਗੇਸ਼ਨ (ਤੁਪਕਾ ਸਿੰਚਾਈ) ਦੇ ਵਰਕਿੰਗ ਮਾਡਲ ਪੇਸ਼ ਕੀਤੇ। ਵੱਖ-ਵੱਖ ਗਤੀਵਿਧੀਆਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ ਅਤੇ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਸਕੂਲ ਪ੍ਰਬੰਧਕਾਂ ਵੱਲੋਂ ਮੁੱਖ ਮਹਿਮਾ ਬਲਜੀਤ ਸਿੰਘ ਭੱਟੀ ਨੂੰ ਯਾਦਗਾਰੀ ਟਰਾਫੀ ਭੇਟ ਕੀਤੀ ਗਈ। ਸਮਾਗਮ ਦੇ ਅੰਤ ਵਿੱਚ ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਰਿਫ੍ਰੈਸ਼ਮੈਂਟ (ਸਨੈਕਸ) ਵੰਡੀ ਗਈ।ਇਸ ਵਰਕਸ਼ਾਪ ਨੂੰ ਸਫ਼ਲ ਬਣਾਉਣ ਵਿੱਚ ਸਕੂਲ ਸਟਾਫ਼ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਮੌਕੇ ਅਧਿਆਪਕ ਸੁਖਵਿੰਦਰ ਸਿੰਘ ਸਿੱਧੂ (ਸਕੂਲ ਇੰਚਾਰਜ), ਵੰਦਨਾ, ਸੁਮਨ ਲਤਾ (ਸਾਇੰਸ ਮਿਸਟ੍ਰੈਸ), ਸੁਰਜੀਤ ਕੌਰ ਵਿਰਦੀ, ਇੰਦਰਪਾਲ ਕੌਰ, ਏਕਤਾ ਸ਼ਰਮਾ, ਕੁਲਵੰਤ, ਰਾਕੇਸ਼ ਕੁਮਾਰ ਅਤੇ ਮੁਨੀਸ਼ ਹਾਜ਼ਰ ਸਨ। ਸਮੂਹ ਸਟਾਫ਼ ਨੇ ਵਾਤਾਵਰਣ ਦੀ ਸੰਭਾਲ ਵਿੱਚ ਨੌਜਵਾਨਾਂ ਦੀ ਭੂਮਿਕਾ 'ਤੇ ਜ਼ੋਰ ਦਿੱਤਾ।

# ਬਿਜਲੀ ਦੀਆਂ ਤਾਰਾਂ ਜ਼ਮੀਨਦੋਜ਼ ਪਾਈਆਂ ਜਾਣ : ਸੀਨੀਅਰ ਸਿਟੀਜ਼ਨ ਸੱਥ

**ਖਰੜ (ਹਰਨਾਮ ਸਿੰਘ ਡੱਲਾ)**- ਬੀਤੇ ਦਿਨ ਅਖਬਾਰ ਵਿੱਚੋਂ ਇੱਕ ਖਬਰ ਪੜ੍ਹ ਕੇ ਸੰਨੀ ਇਨਕਲੇਵ ਸੈਕਟਰ 123 ਦੇ ਨਿਵਾਸੀਆਂ ਵਿੱਚ ਵੀ ਖੁਸ਼ੀ ਦੀ ਲਹਿਰ ਦੌੜ ਗਈ। ਏਅਰਪੋਰਟ ਰੋਡ ਦੇ ਦੋਹੇ ਪਾਸੇ ਹਰਿਆਵਲ ਲਈ ਛੱਡੀ ਗਈ ਥਾਂ ਸਵੇਰ ਸ਼ਾਮ ਜੁੜਦੇ ਲੋਕਾਂ ਵਿਸ਼ੇਸ਼ ਕਰਕੇ ਬਜ਼ੁਰਗਾਂ ਨੂੰ ਇਸ ਖਬਰ ਨਾਲ ਸੁਨਹਿਰੀ ਆਸ ਦੀ ਕਿਰਨ ਨਜ਼ਰ ਆਉਣ ਲੱਗੀ। ਇਹ ਥਾਂ ਇਸ ਡਿਵੈਲਪਰ ਵੱਲੋਂ ਇੱਥੇ ਰਹਿਣ ਵਾਲੇ ਲੋਕਾਂ ਦੀ ਸਹੂਲਤ ਲਈ ਛੱਡੀ ਗਈ ਸੀ। ਪਰ ਕਈ ਕੋਠੀਆਂ ਵਾਲੇ ਰਸੁਖਦਾਰਾ ਨੇ ਆਪਣੇ- ਆਪਣੇ ਸਾਹਮਣੇ ਵਾਲੀ ਥਾਂ ਤੇ ਕਬਜ਼ਾ ਕਰ ਲਿਆ। ਬਚੀ- ਖੁਚੀ ਥਾਂ ਇਹਨਾਂ ਲੋਕਾਂ ਨੇ ਪੈਸੇ ਇਕੱਠੇ ਕਰ ਕੇ ਕੁਝ ਬੈਂਚ ਰੱਖ ਕੇ ਇਸ ਨੂੰ ਪਾਰਕ ਬਣਾਉਣ ਦਾ ਯਤਨ ਕੀਤਾ। ਪਰ ਸਹੀ ਸਾਂਭ- ਸੰਭਾਲ ਖੁਣੋਂ ਇਹ ਥਾਂ ਉਜਾੜ ਬਣਦੀ ਗਈ । ਬਾਕੀ ਕਸਰ ਪਾਵਰ ਕਮ ਵਿਭਾਗ ਨੇ ਇੱਥੇ ਉੱਚੇ-ਉੱਚੇ ਖੰਭਿਆਂ ਉੱਤੇ ਮੋਟੀਆਂ- ਮੋਟੀਆਂ ਤਾਰਾਂ ਲਮਕਾ ਕੇ ਪੂਰੀ ਕਰ ਦਿੱਤੀ ਹੈ। ਜਦੋਂ ਕਿ ਇਸ ਖੇਤਰ ਵਿੱਚ ਜਮੀਨਦੋਜ਼ ਬਿਜਲੀ ਦੀਆਂ ਤਾਰਾਂ ਪਾ ਕੇ ਦੇਣ ਦੀ ਸ਼ਰਤ 'ਤੇ ਇਸ ਖੇਤਰ ਦੀ ਜਮੀਨ ਮਹਿੰਗੇ ਭਾਅ ਵੇਚੀ ਗਈ। ਕੁਝ ਦਿਨ ਹੋਏ ਇੱਕ ਖੰਭਾ ਵੀ ਟੁੱਟ ਗਿਆ ਪਰ ਜਾਨੀ ਨੁਕਸਾਨ ਬਚ ਗਿਆ।ਇੱਥੋਂ ਦੇ ਰਹਿਣ ਵਾਲੇ ਬਜ਼ੁਰਗਾਂ ਅਤੇ ਨਿਵਾਸੀਆਂ ਵੱਲੋਂ ਪੁਰਜ਼ੋਰ ਮੰਗ ਕੀਤੀ ਜਾ ਰਹੀ ਹੈ ਕਿ ਮੁੱਖ ਮੰਤਰੀ ਦੇ ਪਿੰਡ ਸਤੌਂਜ ਵਾਲਾ ਪ੍ਰੋਜੈਕਟ ਜਿਸ ਅਧੀਨ ਬਿਜਲੀ ਦੀਆਂ ਤਾਰਾਂ ਜਮੀਨ ਦੋਜ਼ ਪਾਈਆਂ ਜਾਣੀਆਂ ਹਨ ਇੱਥੇ ਵੀ ਲਾਗੂ ਕੀਤਾ ਜਾਵੇ। ਜ਼ਿਕਰਯੋਗ ਹੈ ਕਿ ਇਸ ਸੈਕਟਰ ਦਾ ਕੋਈ ਬਾਲੀ- ਵਾਰਸ ਨਹੀਂ ਰਿਹਾ। ਗਮਾਡਾ ਜਾਂ ਖਰੜ ਮਿਊਸਿਪਲ ਕੌਂਸਲ ਇਸ ਨੂੰ ਆਪਣਾ ਹਿੱਸਾ ਨਹੀਂ ਸਮਝਦੇ। ਇੱਥੋਂ ਦੇ ਨਿਵਾਸੀ ਮਜਬੂਰੀ ਵਸ ਪੈਸੇ ਇਕੱਠੇ ਕਰਕੇ ਗਲੀਆਂ ਅਤੇ ਹੋਰ ਵਿਕਾਸ ਤੇ ਕੰਮ ਆਪ ਹੀ ਕਰਾ ਰਹੇ ਹਨ। ਸਰਕਾਰ ਅੱਗੇ ਬੇਨਤੀ ਹੈ ਕਿ ਇਸ ਲਾਵਾਰਸ ਇਨਕਲੇਵ ਨੂੰ ਕਿਸੇ ਦੇ ਲੜ ਲਾਇਆ ਜਾਵੇ।

# ਸੰਤ ਬਾਬਾ ਰਣਜੀਤ ਸਿੰਘ ਦੀ ਸਾਲਾਨਾ ਬਰਸੀ ਮਨਾਈ

**ਆਦਮਪੁਰ,(ਪਰਮਜੀਤ ਸਿੰਘ)**

ਫਗਵਾੜਾ ਤੋਂ ਹੁਸਿਆਰਪੁਰ ਰੋਡ ਤੇ ਸਥਿਤ ਗੁਰਦੁਆਰਾ ਸ੍ਰੀ ਗੁਰੂ ਹਰਗੋਬਿੰਦਗੜ੍ਹ ਭੋਗਪੁਰ ਵਿਖੇ ਮਹਾਨ ਤਪੱਸਵੀ ਬ੍ਰਹਮ ਗਿਆਨੀ ਸੰਤ ਬਾਬਾ ਰਣਜੀਤ ਸਿੰਘ ਦੀ 29 ਵੀਂ ਸਾਲਾਨਾ ਬਰਸੀ ਮੁੱਖ ਸੇਵਾਦਾਰ ਸੰਤ ਤਲਵਿੰਦਰ ਸਿੰਘ (ਪਰਮੇਸ਼ਵਰ) ਦੀ ਅਗਵਾਈ ਹੇਠ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਈ ਗਈ। ਇਸ ਮੌਕੇ ਇਲਾਕੇ ਦੀਆਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਲਗਾਈ। ਸਮਾਗਮ ਸਬੰਧੀ ਜਾਣਕਾਰੀ ਦਿੰਦੇ ਸੰਤ ਤਲਵਿੰਦਰ ਸਿੰਘ ਨੇ ਦੱਸਿਆ ਕਿ ?ਸਮਾਗਮ ਦੀ ਆਰੰਭਤਾ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਉਣ ਨਾਲ ਹੋਈ। ਇਸ ਉਪਰੰਤ ਵਿਸ਼ੇਸ਼ ਦੀਵਾਨ ਸਜਾਏ ਗਏ, ਜਿਸ ਵਿੱਚ ਸੰਤ ਮਹਾਂਪੁਰਸ਼, ਪੰਥ ਪ੍ਰਸਿੱਧ ਰਾਗੀ ਜੱਥਿਆਂ, ਢਾਡੀ ਵਾਰਾਂ ਅਤੇ ਕਥਾ ਵਾਚਕਾਂ ਸਮਾਗਮ ਦੌਰਾਨ ਸਿੱਖ ਕੌਮ ਦੀ ਪ੍ਰਮੁੱਖ ਸ਼ਖ਼ਸ਼ੀਅਤ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ (ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ) ਸਿੰਘ ਸਾਹਿਬ ਗਿਆਨੀ ਟੇਕ ਸਿੰਘ (ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ) ਸਮੇਤ ਸੰਤ ਮਹਾਂਪੁਰਖ ਜਿਨਾਂ ਵਿੱਚ ਸੰਤ ਕਸ਼ਮੀਰ ਸਿੰਘ ਕੋਟ ਫਤੂਹੀ, ਸੰਤ ਤੇਜਾ ਸਿੰਘ ਖੁੱਡਾ ਕੁਰਾਲਾ,ਸੰਤ ਜਗਤਾਰ ਸਿੰਘ ਨੈਨੀ ਵਾਲੇ, ਸੰਤ ਹਰਮੀਤ ਸਿੰਘ ਬੜੂ ਸਾਹਿਬ, ਸੰਤ ਓਕਾਰ ਸਿੰਘ ਦੌਲਤਪੁਰ, ਬੀਬੀ ਜਸਵਿੰਦਰ ਕੌਰ, ਜਥੇਦਾਰ ਬਾਬਾ ਨਾਗਰ ਸਿੰਘ ਤਰਨਾ ਦਲ, ਸੰਤ ਹਰਚਰਨ ਸਿੰਘ ਰਾਮਦਾਸਪੁਰ, ਜਥੇਦਾਰ ਬਾਬਾ ਸੁਮਿੱਤਰ ਸਿੰਘ, ਸੰਤ ਭਾਮ ਸਿੰਘ ਬੰਗਿਆਂ ਵਾਲੇ ਨਿਰਮਲ ਮੰਡਲ, ਸੰਤ ਅਮੀਰ ਸਿੰਘ ਟਕਸਾਲ ਜਵੱਦੀ ਕਲਾਂ, ਸੰਤ ਗੁਰਚਰਨ ਸਿੰਘ, ਸੰਤ ਸੁਰਿੰਦਰ ਸਿੰਘ ਸੋਢੀ, ਸੰਤ ਰਿਸ਼ੀ ਰਾਜ, ਸੰਤ ਇੰਦਰ ਦਾਸ ਮੇਗੋਵਾਲ ਗੰਜਿਆ, ਸੰਤ ਮਹਿੰਦਰ ਸਿੰਘ ਸਾਹਰੀ, ਗਿਆਨੀ ਭਗਵਾਨ ਸਿੰਘ ਜੌਹਲ, ਸੰਤ ਕੇਸਰ ਸਿੰਘ ਈਸਪੁਰ, ਸੰਤ ਅਮਰਜੀਤ ਸਿੰਘ ਹਰਖੋਵਾਲ, ਸੰਤ ਜਸਪਾਲ ਸਿੰਘ ਜੀ ਨੇਕੀ ਵਾਲੇ, ਸੰਤ ਨਰਿੰਦਰ ਸਿੰਘ ਹਜ਼ੂਰ ਸਾਹਿਬ ਵਾਲੇ, ਸੰਤ ਹਰ ਮਨਜੀਤ ਸਿੰਘ ਸਿੰਘੜੀਵਾਲ, ਸੰਤ ਪ੍ਰੀਤਮ ਸਿੰਘ ਵਾੜੀਆਂ, ਸੰਤ ਮੱਖਣ ਸਿੰਘ ਟੂਟੋ, ਸੰਤ ਗੁਰਨਾਮ ਸਿੰਘ ਜੀ ਡੇਰਾ ਉਦੇਸੀਆਂ ਵਾਲਿਆਂ ਵਿਦਵਾਨਾਂ ਵੱਲੋਂ ਮਹਾਂਪੁਰਖਾਂ ਦੇ ਜੀਵਨ ਅਤੇ ਉਨ੍ਹਾਂ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੱਤੀ। ਉਥੇ ਹੀ ਢਾਡੀ ਜੱਥਾ ਗਿਆਨੀ ਅਜੈਬ ਸਿੰਘ ਅਣਖੀ (ਬਠਿੰਡੇ ਵਾਲੇ) ਹਜ਼ੂਰੀ ਰਾਗੀ ਭਾਈ ਜਗਤਾਰ ਸਿੰਘ (ਸ੍ਰੀ ਦਰਬਾਰ ਸਾਹਿਬ), ਇੰਟਰਨੈਸ਼ਨਲ ਢਾਡੀ ਜੱਥਾ ਭਾਈ ਗੁਰਦਿਆਲ ਸਿੰਘ (ਲੱਖਪੁਰ ਵਾਲੇ) ਸੰਗਤਾਂ ਨੂੰ ਗੁਰਮਤਿ ਵਿਚਾਰਾਂ ਰਾਹੀਂ ਨਿਹਾਲ ਕੀਤਾ ਗਿਆ ਤੇ ਸੰਗਤਾਂ ਨੂੰ ਗੁਰਬਾਣੀ ਅਤੇ ਸਿੱਖ ਇਤਿਹਾਸ ਨਾਲ ਜੋੜਿਆ। ?ਸਮਾਗਮ ਦੇ ਅੰਤ ਵਿੱਚ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਤਲਵਿੰਦਰ ਸਿੰਘ ਵੱਲੋਂ ਆਈਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੇਵਾਦਾਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ।




# ਕੈਬਨਿਟ ਨੇ ਬੀ ਸੀ-ਏ/ਬੀ ਸੀ-ਬੀ ਨਾਨ ਕ੍ਰੀਮੀ ਲੇਅਰ ਸਰਟੀਫਿਕੇਟਾਂ ਦੀ ਵੈਧਤਾ ਨੂੰ ਦਿੱਤੀ ਮਨਜ਼ੂਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਦੀ ਅਗਵਾਈ ਹੇਠ ਹੋਈ ਕੈਬਨਿਟ ਦੀ ਮੀਟਿੰਗ ਵਿੱਚ ਬੀਤੀ 17 ਨਵੰਬਰ, 2021 ਦੀ ਨੋਟੀਫਿਕੇਸ਼ਨ ਤਹਿਤ ਸਾਲ 2024-25 ਦੌਰਾਨ ਜਾਰੀ ਬੀ ਸੀ-ਏ ਅਤੇ ਬੀ ਸੀ-ਬੀ ਨਾਨ-ਕ੍ਰੀਮੀ ਲੇਅਰ ਸਰਟੀਫਿਕੇਟਾਂ ਨੂੰ ਵੈਧਤਾ ਦੇਣ ਦੇ ਸਬੰਧ ਵਿੱਚ ਇੱਕ ਪ੍ਰਸਤਾਵ ਨੂੰ ਮਨਜ਼ੂਰੀ ਦਿੱਤੀ ਗਈ।ਕੈਬਨਿਟ ਵੱਲੋਂ ਲਿਆ ਗਿਆ ਇਹ ਫੈਸਲਾ ਹਰਿਆਣਾ ਲੋਕ ਸੇਵਾ ਕਮਿਸ਼ਨ ਵੱਲੋਂ ਸਾਲ 2024 ਵਿੱਚ ਵੱਖ-ਵੱਖ ਵਿਸ਼ਿਆਂ ਵਿੱਚ ਪੋਸਟ ਗ੍ਰੈਜੂਏਟ ਟੀਚਰ (ਪੀ ਜੀ ਟੀ) ਦੀਆਂ 3069 ਅਸਾਮੀਆਂ ਲਈ ਜਾਰੀ ਭਰਤੀ ਇਸ਼ਤਿਹਾਰਾਂ ਦੇ ਮੱਦੇਨਜ਼ਰ ਲਿਆ ਗਿਆ ਹੈ। ਬੀਤੀ 23 ਜੁਲਾਈ, 2024 ਨੂੰ ਜਾਰੀ ਭਰਤੀ ਇਸ਼ਤਿਹਾਰ ਅਨੁਸਾਰ, ਬੀ ਸੀ-ਏ ਅਤੇ ਬੀ ਸੀ-ਬੀ ਸ਼੍ਰੇਣੀਆਂ ਨਾਲ ਸਬੰਧਤ ਉਮੀਦਵਾਰਾਂ ਨੂੰ ਨਵੀਨਤਮ ਸਰਕਾਰੀ ਹਦਾਇਤਾਂ ਤੇ 16 ਜੁਲਾਈ, 2024 ਦੀ ਨੋਟੀਫਿਕੇਸ਼ਨ ਦੇ ਅਨੁਰੂਪ ਨਵੇਂ ਸਰਟੀਫਿਕੇਟ ਜਮ੍ਹਾਂ ਕਰਵਾਉਣ ਦੀ ਲੋੜ ਸੀ।16 ਜੁਲਾਈ, 2024 ਦੀ ਨਵੀਂ ਨੋਟੀਫਿਕੇਸ਼ਨ ਜਾਰੀ ਹੋਣ ਤੋਂ ਬਾਅਦ, 17 ਨਵੰਬਰ, 2021 ਦੀ ਨੋਟੀਫਿਕੇਸ਼ਨ ਤਹਿਤ ਪਹਿਲਾਂ ਜਾਰੀ ਕੀਤੇ ਗਏ ਸਰਟੀਫਿਕੇਟਾਂ ਨੂੰ ਐੱਚ ਪੀ ਐੱਸ ਸੀ ਵੱਲੋਂ ਵੈਧ ਨਹੀਂ ਮੰਨਿਆ ਜਾ ਰਿਹਾ ਸੀ, ਜਿਸ ਦੇ ਨਤੀਜੇ ਵਜੋਂ ਕਈ ਬਿਨੈਕਾਰਾਂ ਦੀ ਉਮੀਦਵਾਰੀ ਰੱਦ ਕਰ ਦਿੱਤੀ ਗਈ ਸੀ। ਇਸ ਤੋਂ ਬਾਅਦ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਸਾਹਮਣੇ ਕਈ ਰਿੱਟ ਪਟੀਸ਼ਨਾਂ ਦਾਇਰ ਕੀਤੀਆਂ ਗਈਆਂ।ਕੈਬਨਿਟ ਨੂੰ ਸੂਚਿਤ ਕੀਤਾ ਗਿਆ ਕਿ 16 ਜੁਲਾਈ, 2024 ਦੀ ਨੋਟੀਫਿਕੇਸ਼ਨ ਵਿੱਚ ਕੀਤਾ ਗਿਆ ਮੁੱਖ ਬਦਲਾਅ ਸਿਰਫ ਕ੍ਰੀਮੀ ਲੇਅਰ ਦੀ ਸਥਿਤੀ ਨਿਰਧਾਰਤ ਕਰਨ ਲਈ ਸਾਲਾਨਾ ਆਮਦਨ ਸੀਮਾ ਨੂੰ 6 ਲੱਖ ਰੁਪਏ ਤੋਂ ਵਧਾ ਕੇ 8 ਲੱਖ ਰੁਪਏ ਕਰਨ ਨਾਲ ਸਬੰਧਤ ਹੈ। ਇਸ ਲਈ, ਜਿਹੜੇ ਉਮੀਦਵਾਰ 2021 ਦੀ ਨੋਟੀਫਿਕੇਸ਼ਨ ਅਨੁਸਾਰ ਨਾਨ-ਕ੍ਰੀਮੀ ਲੇਅਰ ਦੇ ਅੰਤਰਗਤ ਵਰਗੀਕ੍ਰਿਤ ਸਨ, ਉਹ ਸੋਧੇ ਹੋਏ ਮਾਪਦੰਡਾਂ ਤਹਿਤ ਵੀ ਨਾਨ-ਕ੍ਰੀਮੀ ਲੇਅਰ ਸ਼੍ਰੇਣੀ ਵਿੱਚ ਹੀ ਬਣੇ ਰਹਿਣਗੇ।

# ਜਨਗਣਨਾ ਡਿਊਟੀਆਂ ਦੇ ਨਾਂਅ 'ਤੇ ਅਧਿਆਪਕਾਂ ਨਾਲ ਧੱਕਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ : ਡੀ ਟੀ ਐੱਫ




**ਮੋਰਿੰਡਾ (ਨਿਹਾਲ ਸਿੰਘ ਕਲਸੀ)**

ਜਨਗਣਨਾ ਦੀਆਂ ਡਿਊਟੀਆਂ ਲਗਾਉਣ ਵਿੱਚ ਵੱਡੇ ਪੱਧਰ ਤੇ ਖਾਮੀਆਂ ਸਾਹਮਣੇ ਆਈਆਂ ਹਨ।ਡੈਮੋਕਰੇਟਿਕ ਟੀਚਰ ਫਰੰਟ ਦੇ ਸੂਬਾ ਪ੍ਰਧਾਨ ਵਿਕ੍ਰਮਦੇਵ ਸਿੰਘ ਅਤੇ ਜ਼ਿਲਾ ਸੀਨੀਅਰ ਮੀਤ ਪ੍ਰਧਾਨ ਗੁਰਚਰਨ ਸਿੰਘ ਫਾਟਵਾਂ ਨੇ ਸਾਂਝਾ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਦਫਤਰ ਤਹਿਸੀਲਦਾਰ ਮੋਰਿੰਡਾ ਵੱਲੋਂ ਜਨਗਣਨਾ ਦੀਆਂ ਡਿਊਟੀਆਂ ਦੂਰ ਦੁਰਾਡੇ ਸਟੇਸ਼ਨਾਂ ਉੱਤੇ ਲਗਾ ਦਿੱਤੀਆਂ ਗਈਆਂ ਹਨ। ਇਸ ਤੋਂ ਇਲਾਵਾ ਸਟਾਫ ਵੱਲੋਂ ਮਨਮਰਜ਼ੀ ਕਰਦੇ ਹੋਏ ਆਪਣੇ ਚਹੇਤੇ ਅਧਿਆਪਕਾਂ ਦੀਆਂ ਡਿਊਟੀਆਂ ਕੱਟ ਕੇ ਕਈ ਅਜਿਹੇ ਅਧਿਆਪਕਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਜਿਨਾਂ ਨੂੰ ਟ੍ਰੇਨਿੰਗ ਵੀ ਨਹੀਂ ਦਿੱਤੀ ਗਈ ਅਤੇ ਨਾ ਹੀ ਉਹਨਾਂ ਨੂੰ ਡਿਊਟੀ ਦੇ ਕੋਈ ਹੁਕਮ ਆਏ ਸਨ। ਇਸ ਮੌਕੇ ਮੀਤ ਪ੍ਰਧਾਨ ਗੁਰਜੰਟ ਸਿੰਘ ਨੇ ਦੱਸਿਆ ਕਿ ਜਥੇਬੰਦੀ ਦੇ ਵਫਦ ਵੱਲੋਂ ਮਾਨਯੋਗ ਡਿਪਟੀ ਕਮਿਸ਼ਨਰ ਰੂਪਨਗਰ ਨੂੰ ਜਨਗਣਨਾ ਡਿਊਟੀਆਂ ਤਰਕ ਸੰਗਤ ਬਣਾਉਣ ਲਈ ਮਿਲਿਆ ਗਿਆ ਸੀ ਪ੍ਰੰਤੂ ਹੇਠਲੇ ਪੱਧਰ ਤੇ ਦਫਤਰਾਂ ਵੱਲੋਂ ਅਧਿਆਪਕਾਂ ਦੀ ਕੋਈ ਸੁਣਵਾਈ ਨਹੀਂ ਕੀਤੀ ਜਾ ਰਹੀ। ਉਹਨਾਂ ਇਹ ਵੀ ਦੱਸਿਆ ਕਿ ਪੂਰੇ ਜ਼ਿਲ੍ਹੇ ਵਿੱਚ 100 ਪ੍ਰਤੀਸ਼ਤ ਅਧਿਆਪਕਾਂ ਦੀਆਂ ਹੀ ਡਿਊਟੀਆਂ ਲਗਾਈਆਂ ਗਈਆਂ ਹਨ।ਇੱਕ ਮਹਿਲਾ ਟੀਚਰ ਨੇ ਦੱਸਿਆ ਕਿ ਉਹਨਾਂ ਦਾ ਬੱਚਾ ਅਜੇ ਛੇ ਮਹੀਨੇ ਦਾ ਹੈ ਕਿਸੇ ਅਧਿਆਪਕ ਦੀ ਡਿਊਟੀ ਕੱਟ ਕੇ ਉਸ ਦੀ ਡਿਊਟੀ ਲਗਾ ਦਿੱਤੀ ਗਈ ਜਦੋਂ ਕਿ ਉਸ ਦੀ ਪਹਿਲਾਂ ਨਾ ਕੋਈ ਟ੍ਰੇਨਿੰਗ ਹੋਈ ਸੀ ਨਾ ਕੋਈ ਡਿਊਟੀ ਦੇ ਹੁਕਮ ਆਏ ਸਨ। ਇੱਕ ਹੋਰ ਮਹਿਲਾ ਅਧਿਆਪਕ ਨੇ ਦੱਸਿਆ ਕਿ ਤਹਿਸੀਲਦਾਰ ਸਟਾਫ ਨੇ ਰੰਜਿਸ਼ ਅਤੇ ਵਿਤਕਰੇ ਦੀ ਭਾਵਨਾ ਨਾਲ ਉਹਨਾਂ ਦੀ ਡਿਊਟੀ ਲਗਾ ਦਿੱਤੀ।ਅਧਿਆਪਕ ਆਗੂਆਂ ਨੇ ਜਾਣਕਾਰੀ ਦਿੱਤੀ ਕਿ ਐਤਵਾਰ ਛੁੱਟੀ ਦੇ ਦਿਨ ਦਫਤਰ ਤਹਿਸੀਲਦਾਰ ਵੱਲੋਂ ਪੰਜ ਮਹਿਲਾ ਅਧਿਆਪਕਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਹਨ। ਅਧਿਆਪਕ ਆਗੂਆਂ ਨੇ ਕਿਹਾ ਕਿ ਅਧਿਆਪਕ ਦੀਆਂ ਡਿਊਟੀਆਂ ਅਤੇ ਟ੍ਰੇਨਿੰਗ ਦੀਆਂ ਲਿਸਟਾਂ ਜਨਤਕ ਕਰਕੇ ਦੱਸਿਆ ਜਾਵੇਗਾ ਕਿ ਕਿਹੜੇ ਚਹੇਤੇ ਅਧਿਆਪਕਾਂ ਦੀਆਂ ਡਿਊਟੀਆਂ ਬਿਨਾ ਕਾਰਨ ਕੱਟੀਆਂ ਗਈਆਂ ਹਨ।ਜਥੇਬੰਦੀ ਦੇ ਆਗੂਆਂ ਵੱਲੋਂ ਚੇਤਾਵਨੀ ਦਿੱਤੀ ਗਈ ਕਿ ਦਫਤਰ ਤਹਿਸੀਲਦਾਰ ਮੋਰਿੰਡਾ ਵੱਲੋਂ ਜੇਕਰ ਕੋਈ ਸੁਣਵਾਈ ਨਾ ਕੀਤੀ ਗਈ ਅਤੇ ਕਿਸੇ ਅਧਿਆਪਕ ਨਾਲ ਧੱਕਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਦਫਤਰ ਦਾ ਘਿਰਾਓ ਕੀਤਾ ਜਾਵੇਗਾ।ਇਸ ਮੌਕੇ ਡੈਮੋਕਰੇਟਿਕ ਟੀਚਰ ਫਰੰਟ ਦੇ ਜ਼ਿਲ੍ਹਾ ਪ੍ਰਧਾਨ ਗਿਆਨ ਚੰਦ, ਜ਼ਿਲ੍ਹਾ ਸਕੱਤਰ ਜਤਿੰਦਰ ਸਿੰਘ, ਲਖਵੀਰ ਸਿੰਘ ਬਲਾਕ ਪ੍ਰਧਾਨ, ਪਰਗਟ ਸਿੰਘ, ਗੁਰਤੇਜ ਸਿੰਘ, ਬਿਪਨ ਰਾਏ, ਬਲਜੀਤ ਸਿੰਘ, ਬਲਵਿੰਦਰ ਸਿੰਘ, ਅਮਰਦੀਪ ਸਿੰਘ, ਨੱਥੂ ਰਾਮ, ਬਿੱਕਰ ਸਿੰਘ, ਦੀਦਾਰ ਸਿੰਘ, ਜਸਕਰਨ ਸਿੰਘ, 6635 ਅਧਿਆਪਕ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਰਾਮ ਦਿਆ, ਮਨੋਜ ਕੁਮਾਰ ਆਦਿ ਹਾਜ਼ਰ ਸਨ।

# ਬਲਵੀਰ ਸਿੰਘ ਚੀਮਾ ਦੇ ਭਤੀਜੇ ਦੀ ਅੰਤਮ ਅਰਦਾਸ ਮੌਕੇ ਵੱਖ-ਵੱਖ ਸ਼ਖ਼ਸੀਅਤਾਂ ਵੱਲੋਂ ਸ਼ਰਧਾਂਜਲੀਆਂ ਭੇਟ

**ਨਕੋਦਰ (ਮਨਜੀਤ ਮਾਨ)**

ਬੀਤੇ ਦਿਨੀਂ ਚੇਅਰਮੈਨ ਬਲਵੀਰ ਸਿੰਘ ਚੀਮਾ ਦੇ ਸਕੇ ਭਤੀਜੇ ਅਤੇ ਪਾਲ ਚੰਦ ਚੀਮਾ ਦੇ ਪੁੱਤਰ ਗੁਰਪ੍ਰੀਤ ਉਰਫ਼ ਗੋਪਾ ਦੀ ਸੜਕ ਹਾਦਸੇ ਵਿੱਚ ਮੌਤ ਹੋ ਗਈ ਸੀ। ਉਸ ਦੇ ਭਰਾ ਰਛਪਾਲ ਚੰਦ ਦੀ ਬੇਟੀ ਕੁਮਾਰੀ ਪ੍ਰਭਜੋਤ ਵੀ ਪਿਛਲੇ ਦਿਨੀਂ ਇਸ ਦੁੱਖ ਨਾ ਸਹਾਰਦੇ ਹੋਏ ਪਰਵਾਰ ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਇਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਯੋਗ ਵਸ਼ਿਸ਼ਟ ਜੀ ਦੇ ਪਾਠ ਭੋਗ ਉਨ੍ਹਾਂ ਦੇ ਜੱਦੀ ਪਿੰਡ ਚੀਮਾ ਖੁਰਦ ਵਿਖੇ ਪਾਏ ਗਏ। ਉਪਰੰਤ ਕੀਰਤਨੀ ਜਥੇ ਵਲੋਂ ਵੈਰਾਗਮਈ ਕੀਰਤਨ ਕੀਤਾ ਗਿਆ। ਵਿਛੜੀਆਂ ਰੂਹਾਂ ਨਮਿਤ ਅਰਦਾਸ ਕੀਤੀ ਗਈ। ਉਪਰੰਤ ਅੰਤਿਮ ਅਰਦਾਸ ਵਿੱਚ ਪੁੱਜੀਆਂ ਸ਼ਖ਼ਸੀਅਤਾਂ ਵੱਲੋਂ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ। ਜਿਸ ਵਿੱਚ ਪ੍ਰਮੁੱਖ ਸੰਤ ਬਾਬਾ ਪ੍ਰਗਟ ਨਾਥ ਜੀ, ਸਾਬਕਾ ਵਿਧਾਇਕ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ, ਕਸ਼ਮੀਰ ਸਿੰਘ ਭੁਲੱਥ, ਜੋਗਾ ਸਿੰਘ ਵਡਾਲਾ, ਡਾ.ਜਸਵੀਰ ਸਿੰਘ ਨਕੋਦਰ, ਬੂਟਾ ਸਿੰਘ ਪੰਡੋਰੀ ਮੁੱਖ ਸੰਪਾਦਕ ਰੰਘਰੇਟਾ ਸੰਸਾਰ ਮੈਗਜ਼ੀਨ, ਪ੍ਰਿੰਸੀਪਲ ਕਾਂਤਾ ਦੇਵੀ ਜਗਰਾਓਂ,



ਕੈਪਟਨ ਸਤਪਾਲ ਸਿੰਘ ਤਰਨ ਤਾਰਨ, ਕੈਪਟਨ ਸਵਰਨ ਸਿੰਘ ਜ਼ੀਰਾ, ਤਰਸੇਮ ਸਿੰਘ ਠੱਠਾ, ਸਰਤੇਜ ਸਿੰਘ ਬਾਸੀ ਅਕਾਲੀ ਆਗੂ, ਜਥੇਦਾਰ ਕੁਲਵੰਤ ਸਿੰਘ, ਕੁਲਵੰਤ ਸਿੰਘ ਢੰਡੋਵਾਲ, ਅਮਰਜੀਤ ਸਿੰਘ ਈਦਾ, ਮਨੋਹਰ ਸਿੰਘ ਸਾਬਕਾ ਸਰਪੰਚ ਹੇਰਾਂ, ਬਾਬਾ ਸਤਨਾਮ ਸਿੰਘ ਹੁਸੈਨਪੁਰੀ, ਅਵਤਾਰ ਸਿੰਘ ਮਹਿਸਮਪੁਰੀ ਆਦਿ ਸੰਗਤਾਂ ਵਲੋਂ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।

# ਕਾਗਜ਼ ਰੱਦ ਹੋਣ ਮਗਰੋਂ ਕਾਂਗਰਸੀ ਵਰਕਰਾਂ ਵੱਲੋਂ ਵਿਧਾਇਕ ਖ਼ਿਲਾਫ਼ ਨਾਅਰੇਬਾਜ਼ੀ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)**

ਡੇਰਾਬੱਸੀ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਸਿਆਸੀ ਮਾਹੌਲ ਪੂਰੀ ਤਰ੍ਹਾਂ ਗਰਮਾ ਗਿਆ ਹੈ। ਵਾਰਡ ਨੰਬਰ 19 ਤੋਂ ਕਾਂਗਰਸ ਤੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਸਮੇਤ ਕਵਰਿੰਗ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਰੱਦ ਹੋਣ ਕਾਰਨ ਪਿੰਡ ਈਸਾਪੁਰ ਵਾਸੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਨਾਮਜ਼ਦਗੀ ਪੱਤਰ ਰੱਦ ਹੋਣ ਦੀ ਖ਼ਬਰ ਮਿਲਦਿਆਂ ਹੀ ਕਾਂਗਰਸੀ ਵਰਕਰਾਂ ਨੇ ਪਹਿਲਾਂ ਐੱਸ ਡੀ ਐੱਮ ਦਫ਼ਤਰ ਵਿਖੇ ਆਪਣਾ ਵਿਰੋਧ ਦਰਜ ਕਰਵਾਇਆ ਤੇ ਫਿਰ ਪਿੰਡ ਈਸਾਪੁਰ ਪਹੁੰਚ ਕੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਕਾਂਗਰਸੀ ਆਗੂਆਂ ਨੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੇ ਖ਼ਿਲਾਫ਼ ਜੰਮ ਕੇ ਭੜਾਸ ਕੱਢੀ। ਕਾਂਗਰਸੀ ਉਮੀਦਵਾਰ ਜਸਪਾਲ ਸਿੰਘ ਪਾਲੀ ਨੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਵਿਰੋਧੀ ਧਿਰ ਨੇ ਪਹਿਲਾਂ ਹੀ ਆਪਣੀ ਹਾਰ ਮੰਨ ਲਈ ਹੈ, ਜਿਸ ਕਾਰਨ ਸਾਜ਼ਿਸ਼ ਤਹਿਤ ਉਹਨਾਂ ਦੇ ਕਾਗਜ਼ ਰੱਦ ਕਰਵਾਏ ਗਏ ਹਨ। ਉਹਨਾਂ ਦੋਸ਼ ਲਾਇਆ ਕਿ ਆਪਣੇ ਰਿਸ਼ਤੇਦਾਰ ਨੂੰ ਜਿਤਾਉਣ ਲਈ ਪ੍ਰਸ਼ਾਸਨਿਕ ਮਸ਼ੀਨਰੀ ਦੀ ਦੁਰਵਰਤੋਂ ਕੀਤੀ ਗਈ ਹੈ। ਸੀਨੀਅਰ ਕਾਂਗਰਸੀ ਆਗੂ ਦੀਪਿੰਦਰ ਸਿੰਘ ਢਿੱਲੋਂ ਨੇ ਵੀ ਇਸ ਮਾਮਲੇ 'ਤੇ ਸਖ਼ਤ ਸਟੈਂਡ ਲੈਂਦਿਆਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਕੀਤੀ ਜਾ ਰਹੀ ਇਹ ਧੱਕਾਸ਼ਾਹੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਹਨਾਂ ਐਲਾਨ ਕੀਤਾ ਕਿ ਉਹ ਇਸ ਧੱਕਾਸ਼ਾਹੀ ਵਿਰੁੱਧ ਅਦਾਲਤ ਦਾ ਦਰਵਾਜ਼ਾ ਖੜਕਾਉਣਗੇ। ਦੂਜੇ ਪਾਸੇ ਵਾਰਡ ਨੰਬਰ 19 ਤੋਂ ਹੀ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਬਲਵਿੰਦਰ ਕੌਰ ਅਤੇ ਉਹਨਾਂ ਦੇ ਕਵਰਿੰਗ ਉਮੀਦਵਾਰ ਪਰਵਿੰਦਰ ਕੌਰ ਦੇ ਨਾਮਜ਼ਦਗੀ ਪੱਤਰ ਵੀ ਰੱਦ ਕਰ ਦਿੱਤੇ ਗਏ ਹਨ, ਜਿਸ ਕਾਰਨ ਮਾਹੌਲ ਹੋਰ ਵੀ ਤਣਾਅਪੂਰਨ ਹੋ ਗਿਆ ਹੈ। ਇਸੇ ਤਰ੍ਹਾਂ ਵਾਰਡ ਨੰਬਰ 19 ਤੋਂ ਕਾਂਗਰਸੀ ਉਮੀਦਵਾਰਾਂ ਕੁਲਵਿੰਦਰ ਕੌਰ ਅਤੇ ਸਤਿੰਦਰ ਕੌਰ ਦੇ ਕਾਗਜ਼ ਵੀ ਰੱਦ ਕੀਤੇ ਗਏ ਹਨ। ਡੇਰਾ ਬੱਸੀ ਦੇ ਵਾਰਡ ਨੰਬਰ 19 ਤੋਂ ਹੁਣ ਆਪ ਪਾਰਟੀ ਦੇ ਦੋ ਉਮੀਦਵਾਰ ਹਰਜੀਤ ਕੌਰ ਅਤੇ ਉਸਦੇ ਕਵਰਿੰਗ ਕੈਂਡੀਡੇਟ ਭੁਪਿੰਦਰ ਕੌਰ ਹੀ ਮੈਦਾਨ ਵਿੱਚ ਰਹਿ ਗਏ ਹਨ ਇੱਕ ਦੀ ਨਾਮਜ਼ਦਗੀ ਵਾਪਸ ਲੈਣ ਤੋਂ ਉੱਥੇ ਆਪ ਦਾ ਉਮੀਦਵਾਰ ਬਿਨਾਂ ਚੋਣ ਲੜੇ ਜੇਤੂ ਹੋ ਜਾਵੇਗਾ।ਦੂਜੇ ਪਾਸੇ, ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਰਿਟਰਨਿੰਗ ਅਫ਼ਸਰ-ਕਮ-ਐੱਸ ਡੀ ਐੱਮ. ਅਮਿਤ ਗੁਪਤਾ ਨੇ ਦੱਸਿਆ ਕਿ ਅਕਾਲੀ ਦਲ ਅਤੇ ਕਾਂਗਰਸ ਦੇ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਨਿਯਮਾਂ ਅਨੁਸਾਰ ਹੀ ਰੱਦ ਕੀਤੇ ਗਏ ਹਨ। ਉਹਨਾਂ ਸਪੱਸ਼ਟ ਕੀਤਾ ਕਿ ਨਾਮਜ਼ਦਗੀ ਪੱਤਰਾਂ ਵਿੱਚ ਨਾਜਾਇਜ਼ ਕਬਜ਼ਿਆਂ ਅਤੇ ਅਦਾਲਤ ਵਿੱਚ ਚੱਲ ਰਹੇ ਕੇਸਾਂ ਦੇ ਚੱਲਦਿਆਂ ਇਹ ਫੈਸਲਾ ਲਿਆ ਗਿਆ ਹੈ।

# ਸਾਲਾਨਾ ਬਰਸੀ ਤੇ ਧਾਰਮਿਕ ਸਮਾਗਮ 25 ਨੂੰ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਸੱਚਖੰਡ ਵਾਸੀ ਬ੍ਰਹਮਲੀਨ ਤਿਆਗ ਮੂਰਤੀ, ਨਾਮ ਦੇ ਰਸੀਏ ,ਭੇਖ ਭੂਸ਼ਣ ਸ਼੍ਰੀ ਸ਼੍ਰੀ 1008 ਸਵਾਮੀ ਮਧੂਸੂਦਨ ਦਾਸ ਮਹਾਰਾਜ ਜੀ ਦੀ 35ਵੀਂ ਸਲਾਨਾ ਬਰਸੀ ਉਦਾਸੀਨ ਕੁਟੀਆ ਤ੍ਰਿਵੈਣੀਸਰ ਪਿੰਡ ਸ਼ਾਹਪੁਰ (ਖਾਨਪੁਰ) ਨਜਦੀਕ ਗੜ੍ਹਸ਼ੰਕਰ ਵਿਖੇ 25 ਮਈ ਨੂੰ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਮਨਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਮੁੱਖ ਸੰਚਾਲਕ ਸੰਤ ਸੰਤੋਖ ਦਾਸ ਮਹਾਰਾਜ ਜੀ ਨੇ ਦੱਸਿਆ ਕਿ 23 ਮਈ ਦਿਨ ਨੂੰ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ। 14 ਮਈ ਨੂੰ ਧਜਾ ਸਾਹਿਬ ਨੂੰ ਚੋਲੇ ਪਹਿਨਾਏ ਜਾਣਗੇ। 25 ਮਈ ਨੂੰ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ 2 ਵਜੇ ਤੱਕ ਮਹਾਂਪੁਰਸ਼ਾਂ ਦੇ ਪ੍ਰਵਚਨ ਹੋਣਗੇ। ਜਿਸ ਵਿੱਚ ਪਹੁੰਚੇ ਰਹੇ ਮਹਾਂਪੁਰਸ਼ ਸੁਆਮੀ ਮਧੂਸੂਦਨ ਦਾਸ ਮਹਾਰਾਜ ਜੀ ਦੇ ਪਰਉਪਕਾਰੀ ਕਾਰਜਾਂ ਤੋਂ ਸੰਗਤਾਂ ਨੂੰ ਜਾਣੂ ਕਰਵਾਉਣਗੇ। ਇਸ ਤੋਂ ਬਾਅਦ 2 ਵਜੇ ਮਹਾਂਪੁਰਸ਼ਾਂ ਦੀ ਪੰਗਤ ਲੱਗੇਗੀ, ਉਪਰੰਤ ਗੁਰੂ ਕਾ ਲੰਗਰ ਅਟੁੱਟ ਚੱਲੇਗਾ। ਇਸ ਮੌਕੇ ਸੰਤ ਸੰਤੋਖ ਦਾਸ ਮਹਾਰਾਜ ਨੇ ਦੇਸ਼ ਵਿਦੇਸ਼ ਅਤੇ ਇਲਾਕਾ ਨਿਵਾਸੀ ਸੰਗਤਾਂ ਨੂੰ ਇਸ ਸਮਾਗਮ ਵਿੱਚ ਸ਼ਾਮਿਲ ਹੋ ਕੇ ਮਹਾਂਪੁਰਸ਼ਾਂ ਦੇ ਪ੍ਰਵਚਨ ਸੁਣ ਕੇ, ਉਨ੍ਹਾਂ ਨੂੰ ਆਪਣੇ ਜੀਵਨ ਵਿੱਚ ਢਾਲ ਕੇ ਜੀਵਨ ਜਿਉਣ ਦੀ ਬੇਨਤੀ ਕੀਤੀ।

# ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸਿੱਖ ਜਥੇਬੰਦੀਆਂ ਦੀ ਵਿਸ਼ਾਲ ਇਕੱਤਰਤਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਪੰਜਾਬ ਸਰਕਾਰ ਵਲੋਂ ਹੋਂਦ ਵਿਚ ਲਿਆਂਦੇ ਨਵੇਂ 'ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026' ਵਿਚ ਗੁਰਮਤਿ ਸਿਧਾਂਤ ਅਤੇ ਸਿੱਖ ਪਰੰਪਰਾ ਦੇ ਉਲਟ ਕੀਤੀ ਗਈ ਕਾਨੂੰਨੀ ਵਿਆਖਿਆ ਅਤੇ ਵਿਵਾਦਤ ਮੱਦਾਂ ਨੂੰ ਲੈ ਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਦੁਆਬਾ ਖੇਤਰ ਦੀਆਂ ਵੱਖ-ਵੱਖ ਸਿੱਖ ਸੰਪਰਦਾਵਾਂ, ਸੰਸਥਾਵਾਂ, ਧਾਰਮਿਕ ਜਥੇਬੰਦੀਆਂ ਅਤੇ ਪੰਥਕ ਆਗੂਆਂ ਦੀ ਭਰਵੀਂ ਇਕੱਤਰਤਾ ਹੋਈ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਹੋਈ ਇਸ ਇਕੱਤਰਤਾ ਵਿਚ ਵੱਡੀ ਗਿਣਤੀ ਵਿੱਚ ਸੰਤ, ਵਿਦਵਾਨ, ਵਕੀਲ, ਗ੍ਰੰਥੀ ਸਿੰਘ, ਪ੍ਰਚਾਰਕ ਅਤੇ ਸੰਗਤੀ ਨੁਮਾਇੰਦਿਆਂ ਨੇ ਸ਼ਮੂਲੀਅਤ ਕਰਦਿਆਂ ਖੁੱਲ੍ਹੇ ਰੂਪ ਵਿਚ ਆਪਣੇ ਵਿਚਾਰ ਪ੍ਰਗਟ ਕੀਤੇ।ਇਕੱਤਰਤਾ ਦੌਰਾਨ ਬੋਲਣ ਵਾਲੇ ਬੁਲਾਰਿਆਂ ਨੇ ਇਕ ਸੁਰ ਵਿਚ ਕਿਹਾ ਕਿ ਸਰਕਾਰ ਵਲੋਂ ਬਣਾਇਆ ਗਿਆ ਇਹ ਐਕਟ ਬੇਅਦਬੀ ਦੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਨਾਲੋਂ ਵੱਧ ਸਿੱਖ ਗੁਰਦੁਆਰਾ ਪ੍ਰਬੰਧ, ਸਿੱਖ ਰਹਿਤ ਮਰਯਾਦਾ ਅਤੇ ਗੁਰੂ-ਘਰਾਂ ਨਾਲ ਜੁੜੇ ਸੇਵਾਦਾਰ ਧਿਰ ਦੀ ਜ਼ਿੰਮੇਵਾਰੀ ਤੈਅ ਕਰਨ ਵੱਲ ਵਧੇਰੇ ਕੇਂਦਰਿਤ ਦਿਖਾਈ ਦਿੰਦਾ ਹੈ। ਉਨ੍ਹਾਂ ਆਖਿਆ ਕਿ ਸਿੱਖ ਪੰਥ ਦੇ ਅੰਦਰੂਨੀ ਮਾਮਲਿਆਂ ਵਿਚ ਸਰਕਾਰੀ ਦਖਲ ਸਿੱਖਾਂ ਦੀ ਕੌਮੀ ਚੁਣੌਤੀ ਬਣ ਕੇ ਸਾਹਮਣੇ



ਆਇਆ ਹੈ, ਜਿਸ ਦਾ ਡੱਟ ਕੇ ਮੁਕਾਬਲਾ ਕੀਤਾ ਜਾਵੇਗਾ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਰੂਹਾਨੀ ਆਭਾ-ਮੰਡਲ ਨੂੰ ਦੁਨਿਆਵੀ ਕਾਨੂੰਨ ਅਧੀਨ ਲਿਆਉਣ ਦੀ ਸਰਕਾਰੀ ਸਾਜ਼ਿਸ਼ ਇਕ ਕੌਮੀ ਚੁਣੌਤੀ ਬਣ ਗਈ ਹੈ, ਜਿਸ ਦਾ ਮੁਕਾਬਲਾ ਸਾਰੀਆਂ ਧੜੇਬੰਦੀਆਂ ਤੋਂ ਉੱਪਰ ਉੱਠ ਕੇ ਇਕਮੁਠਤਾ ਨਾਲ ਕਰਨ ਦੀ ਲੋੜ ਹੈ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਅੱਜ ਸਰਕਾਰਾਂ ਸਿੱਖਾਂ ਦੀ ਵਿਲੱਖਣ ਪਛਾਣ ਨੂੰ ਢਾਹ ਲਾਉਣ ਦੀ ਕੋਸ਼ਿਸ਼ ਵਿਚ ਹਨ ਅਤੇ ਇਸੇ ਦਿਸ਼ਾ ਵਿਚ ਬੇਅਦਬੀ ਦੇ ਵਿਰੁੱਧ ਕਥਿਤ ਕਾਨੂੰਨ ਵੀ ਮਿੱਠੇ ਵਿਚ ਲਬੇੜ ਕੇ ਜ਼ਹਿਰ ਦੇਣ ਵਰਗੀ ਕਾਰਵਾਈ ਸਾਬਤ ਹੋ ਰਿਹਾ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਸ਼੍ਰੋਮਣੀ ਕਮੇਟੀ ਮੈਂਬਰ ਅਵਤਾਰ ਸਿੰਘ ਰਿਆ, ਸ਼੍ਰੋਮਣੀ ਕਮੇਟੀ ਮੈਂਬਰ ਹਰਪਾਲ ਸਿੰਘ ਜੱਲ੍ਹਾ, ਸੀਨੀਅਰ ਅਕਾਲੀ ਆਗੂ ਹੀਰਾ ਸਿੰਘ ਗਾਬੜੀਆ, ਸ਼੍ਰੋਮਣੀ ਕਮੇਟੀ ਦੇ ਧਰਮ ਪ੍ਰਚਾਰ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਸੁਖਬੀਰ ਸਿੰਘ, ਡਾ. ਸੁਖਬੀਰ ਸਿੰਘ, ਬਾਬਾ ਅਮਰਜੀਤ ਸਿੰਘ ਹਰਖੋਵਾਲ, ਬਾਬਾ ਸੰਤੋਖ ਸਿੰਘ, ਸਿੱਖ ਮਿਸ਼ਨਰੀ ਕਾਲਜ ਸਾਹਿਬਜ਼ਾਦਾ ਜੁਝਾਰ ਸਿੰਘ ਨਗਰ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਆਦਿ ਵੀ ਹਾਜ਼ਰ ਸਨ।

# ਕੈਂਸਰ ਮਰੀਜ਼ ਦੀ ਕੀਤੀ ਵਿੱਤੀ ਸਹਾਇਤਾ



**ਚੰਡੀਗੜ੍ਹ (ਸੁਰਜੀਤ ਸੁਮਨ)**

ਪਰਮ ਸੇਵਾ ਵੈੱਲਫੇਅਰ ਸੁਸਾਇਟੀ ਦੇ ਧਿਆਨ ਵਿੱਚ ਆਉਣ 'ਤੇ ਸੁਸਾਇਟੀ ਵੱਲੋਂ ਲੋੜਵੰਦ ਕੈਂਸਰ ਪੀੜਤ ਮਰੀਜ਼ ਮਲਕੀਤ ਕੌਰ ਵਾਸੀ ਫਤਿਹਪੁਰ, ਜ਼ਿਲ੍ਹਾ ਰੋਪੜ੍ਹ, ਜੋ ਪੀ ਜੀ ਆਈ ਚੰਡੀਗੜ੍ਹ ਵਿਖੇ ਇਲਾਜ ਅਧੀਨ ਹੈ, ਦੇ ਇਲਾਜ ਲਈ ਵਿੱਤੀ ਸਹਾਇਤਾ ਕੀਤੀ ਗਈ। ਇਹ ਸਹਾਇਤਾ ਸੁਸਾਇਟੀ ਦੇ ਪ੍ਰਧਾਨ ਸੋਮ ਨਾਥ ਭੱਟ ਅਤੇ ਸਮਰੱਥ ਸਿੰਘ ਵੱਲੋਂ ਪੀ ਜੀ ਆਈ ਵਿਖੇ ਮੌਕੇ 'ਤੇ ਜਾ ਕੇ ਕੀਤੀ ਗਈ।ਸੁਸਾਇਟੀ ਦੀਆਂ ਸਰਗਰਮ ਔਰਤ ਮੈਂਬਰਾਂ ਤੋਂ ਇਲਾਵਾ ਮਰਦ ਮੈਂਬਰ ਵੀ ਇਸ ਨੇਕ ਕੰਮ ਵਿੱਚ ਵਧ-ਚੜ੍ਹ ਕੇ ਆਪਣਾ ਯੋਗਦਾਨ ਪਾਉਂਦੇ ਹਨ, ਜਿਨ੍ਹਾਂ ਵਿੱਚ ਡਾ. ਸੰਤ ਸੁਰਿੰਦਰਪਾਲ ਸਿੰਘ, ਨਿਰਮਲ ਸਿੰਘ, ਸੁਰਜੀਤ ਮੰਡ, ਸੁਰਜੀਤ ਸੁਮਨ, ਸੁਰਿੰਦਰਪਾਲ ਸਿੰਘ ਚੰਡੀਗੜ੍ਹ, ਸਮਰੱਥ ਸਿੰਘ, ਹਰਬੰਸ ਸਿੰਘ, ਗੁਰਚਰਨਜੀਤ ਸਿੰਘ, ਸੁਦੇਸ਼ ਗੌਤਮ, ਬਲਵੰਤ ਸਿੰਘ, ਬਲਜਿੰਦਰ ਸਿੰਘ, ਜਸਵੀਰ ਸਿੰਘ, ਮਦਨ ਲਾਲ ਸ਼ਰਮਾ, ਮਾਸਟਰ ਲਛਮਣ ਸਿੰਘ, ਵਿਨੋਦ ਮਹਾਜਨ, ਰਮੇਸ਼ ਚੰਦਰ ਭੱਲਾ, ਚਰਨਜੀਤ ਸਿੰਘ, ਸਤੀਸ਼ ਕੁਮਾਰ, ਅਨਿਲ ਕੁਮਾਰ, ਰਕੇਸ਼ ਕੁਮਾਰ, ਰਵਿੰਦਰ ਕੁਮਾਰ ਕੌਸ਼ਲ, ਨਰੇਸ਼ ਕੁਮਾਰ, ਕਰਨਵੀਰ ਸਿੰਘ, ਅਰਮਾਨ ਸਿੰਘ, ਮਾਸਟਰ ਰਵਿੰਦਰ ਸਿੰਘ, ਸੁਨੀਲ ਕੁਮਾਰ ਸ਼ਰਮਾ, ਗੁਰਸ਼ਰਨ ਸਿੰਘ, ਪੰਕਜ ਪ੍ਰਧਾਨ, ਧਰਮਪਾਲ ਸ਼ਰਮਾ, ਸੁਰਿੰਦਰ (ਐੱਲ ਆਈ ਸੀ) ਆਦਿ ਸ਼ਾਮਿਲ ਹਨ, ਸੁਸਾਇਟੀ ਲਈ ਦਿਨ ਰਾਤ ਕੰਮ ਕਰਦੇ ਹਨ ਅਤੇ ਹਰ ਸਮੇਂ ਲੋੜਵੰਦ ਮਰੀਜ਼ਾਂ ਦੀ ਸੇਵਾ ਲਈ ਤਤਪਰ ਰਹਿੰਦੇ ਹਨ। ਪੀੜਤ ਪਰਿਵਾਰ ਵੱਲੋਂ ਇਸ ਨੇਕ ਕਾਰਜ ਲਈ ਸੁਸਾਇਟੀ ਦਾ ਧੰਨਵਾਦ ਕੀਤਾ ਗਿਆ।

# ਮੈਰਿਟ 'ਚ ਆਈ ਵਿਦਿਆਰਥਣ ਆਰਤੀ ਸਨਮਾਨਤ



**ਦਸੂਹਾ (ਕਰਨੈਲ ਮਾਂਗਟ)**

ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਸਾਲ 2025-26 ਦੇ ਐਲਾਨੇ ਦਸਵੀਂ ਦੇ ਨਤੀਜੇ ਵਿਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਦਲ ਜ਼ਿਲ੍ਹਾ ਹੁਸ਼ਿਆਰਪੁਰ ਦੀ ਵਿਦਿਆਰਥਣ ਆਰਤੀ ਪੁੱਤਰੀ ਲਖਵਿੰਦਰ ਸਿੰਘ ਨੇ 650 'ਚੋਂ 626 ਨੰਬਰ ਲੈ ਕੇ ਮੈਰਿਟ ਵਿਚ ਸਥਾਨ ਪ੍ਰਾਪਤ ਕੀਤਾ ਤੇ ਆਪਣੇ ਮਾਤਾ ਪਿਤਾ ਅਤੇ ਨਗਰ ਦਾ ਨਾਮ ਰੋਸ਼ਨ ਕੀਤਾ ਹੈ । ਇਸ ਮੌਕੇ ਗ਼ਜ਼ਟਿਡ ਨੋਨ ਗ਼ਜ਼ਟਿਡ ਐੱਸ ਸੀ ਬੀ ਸੀ ਵੈਲਫ਼ੇਅਰ ਫੈਡਰੇਸ਼ਨ ਅਤੇ ਸੰਸਥਾ ਸੇਵ ਸ਼ਿਵਾਲਿਕ ਸੇਵ ਮਦਰ ਅਰਥ ਵਲੋਂ ਸਾਂਝੇ ਤੌਰ ਤੇ ਆਰਤੀ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਤੇ ਲੈਕ. ਕੁਲਵਿੰਦਰ ਸਿੰਘ ਬੋਦਲ ਸੂਬਾ ਪ੍ਰਧਾਨ ਨੇ ਦੱਸਿਆ ਕਿ ਬੇਟੀ ਆਰਤੀ ਜੋ ਕਿ ਬੋਦਲ ਛਾਉਣੀ ਪਿੰਡ ਨਾਲ ਸਬੰਧ ਰੱਖਦੀ ਹੈ, ਉਸ ਦੀ ਇਸ ਪ੍ਰਾਪਤੀ ਉੱਪਰ ਸਾਰੇ ਨਗਰ ਨੂੰ ਮਾਣ ਹੈ। ਮੈਂਬਰਾਂ ਵੱਲੋਂ ਆਰਤੀ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਤੇ ਪੜ੍ਹਾਈ ਵਿੱਚ ਹਰ ਤਰ੍ਹਾਂ ਦੀ ਸਹਾਇਤਾ ਕਰਨ ਦਾ ਵਾਅਦਾ ਕੀਤਾ।ਸੰਸਥਾ ਦੇ ਮੈਂਬਰਾਂ ਵੱਲੋਂ ਆਰਤੀ ਤੇ ਉਸਦੀ ਮਾਤਾ ਨੂੰ ਘਰ ਜਾ ਕੇ ਸਨਮਾਨ ਚਿੰਨ ਦੇ ਨਾਲ ਅਤੇ ਸਨਮਾਨ ਰਾਸ਼ੀ ਭੇਂਟ ਕੀਤੀ ਗਈ। ਇਸ ਮੌਕੇ ਪ੍ਰੋ ਸੁਰੇਸ਼ ਕੁਮਾਰ, ਪ੍ਰੋ ਜਸਵੀਰ ਸਿੰਘ ਬੋਦਲ, ਇੰਸ. ਗੁਰਕਿਰਪਾਲ ਬੋਦਲ, ਲੈਕ. ਦਵਿੰਦਰ ਸਿੰਘ, ਲੈਕ ਤਜਿੰਦਰ ਸਿੰਘ, ਜਸਵੀਰ ਸਿੰਘ ਲਾਇਬ੍ਰੇਰੀਅਨ, ਗੁਰਿੰਦਰ ਸਫ਼ਰੀ ਨੇ ਆਪਣੀ ਹਾਜ਼ਰੀ ਲਗਵਾਈ।

# ਮਹਿੰਗਾਈ, ਤੇਲ, ਗੈਸ ਦੀਆਂ ਕੀਮਤਾਂ 'ਚ ਵਾਧੇ ਖਿਲਾਫ ਪ੍ਰਦਰਸ਼ਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਸੱਦੇ 'ਤੇ ਰਸੋਈ ਗੈਸ, ਡੀਜ਼ਲ-ਪੈਟਰੋਲ ਅਤੇ ਸੀ ਐੱਨ ਜੀ ਦੀਆਂ ਕੀਮਤਾਂ 'ਚ ਮੋਦੀ ਸਰਕਾਰ ਵੱਲੋਂ ਕੀਤੇ ਗਏ ਵਾਧੇ ਖਿਲਾਫ਼ ਸੂਬੇ ਭਰ 'ਚ ਮੁੱਖ ਸ਼ਹਿਰਾਂ ਸਮੇਤ ਹੁਸ਼ਿਆਰਪੁਰ ਵਿਖੇ ਪ੍ਰਦਰਸ਼ਨ ਕੀਤਾ ਗਿਆ। ਪ੍ਰਦਰਸ਼ਨ ਦੌਰਾਨ ਪ੍ਰਦਰਸ਼ਨਕਾਰੀਆਂ ਵੱਲੋਂ ਮੰਗਾਂ ਨਾਲ ਸੰਬੰਧਿਤ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਇਸ ਮੌਕੇ ਆਗੂਆਂ ਵੱਲੋਂ ਮਹਿੰਗਾਈ ਅਤੇ ਸਰਕਾਰ ਤੇ



ਪ੍ਰਸ਼ਾਸਨਿਕ ਮਸ਼ੀਨਰੀ ਦੀ ਮਿਲੀ ਭੁਗਤ ਨਾਲ ਕੀਤੀ ਜਾ ਰਹੀ ਜ਼ਰੂਰੀ ਵਸਤਾਂ ਦੀ ਬਲੈਕ ਤੇ ਕਾਲਾ ਬਾਜ਼ਾਰੀ ਨੂੰ ਵੀ ਸਖ਼ਤੀ ਨਾਲ ਰੋਕੇ ਜਾਣ ਦੀ ਜ਼ੋਰਦਾਰ ਮੰਗ ਉਭਾਰੀ ਗਈ ਹੈ। ਮਨਜੀਤ ਸਿੰਘ ਸੈਣੀ ਤੇ ਗੰਗਾ ਪ੍ਰਸ਼ਾਦ ਨੇ ਆਖਿਆ ਕਿ ਡੀਜ਼ਲ-ਪੈਟਰੋਲ ਦੇ ਰੇਟ ਵਧਣ ਨਾਲ ਰੋਜ਼ਾਨਾ ਦੀ ਜ਼ਰੂਰਤ ਦੀ ਹਰ ਵਸਤੂ ਮਹਿੰਗੀ ਹੋ ਜਾਵੇਗੀ, ਜਿਸ ਨਾਲ ਮਹਿੰਗਾਈ ਦੀ ਮਾਰ ਹੇਠ ਪਹਿਲਾਂ ਹੀ ਤ੍ਰਾਹ-ਤ੍ਰਾਹ ਕਰ ਰਹੇ ਆਮ ਲੋਕਾਂ ਦਾ ਜਿਉਣਾ ਹੋਰ ਵੀ ਦੂਭਰ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਲੋਕੀ ਰਾਜ ਕਦਰਾਂ-ਕੀਮਤਾਂ, ਧਰਮ ਨਿਰਪੱਖ ਸਰੋਕਾਰਾਂ ਅਤੇ ਭਾਈਚਾਰਕ ਸਾਂਝ ਦੀਆਂ ਦੇਸ਼ ਭਰ ਆਗੂਆਂ ਨੇ ਆਖਿਆ ਕਿ 'ਲੋਕਾਂ ਕੋਲ ਚਲੋ ਮੁਹਿੰਮ' ਤਹਿਤ 28 ਮਈ ਤੱਕ ਪਿੰਡਾਂ ਅੰਦਰ ਜਨਤਕ ਇਕੱਠ ਕਰਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਇਸ ਮੌਕੇ ਸਾਥੀ ਸਰਬਜੀਤ ਸਿੰਘ ਵਲੋਂ ਇਨਕਲਾਬੀ ਕਵਿਤਾਵਾਂ ਵੀ ਪੇਸ਼ ਕੀਤੀਆਂ ਗਈਆਂ।

# ਪੰਜਾਬੀ ਭਾਸ਼ਾ, ਸਾਹਿਤ ਨੂੰ ਅਹਿਮੀਅਤ ਦਿੱਤੇ ਬਿਨਾਂ ਸਮਾਜ ਦੀ ਸਰਬਪੱਖੀ ਤੱਰਕੀ ਸੰਭਵ ਨਹੀਂ : ਸੰਜੀਵਨ

**ਮੁਹਾਲੀ (ਗੁਰਜੀਤ ਬਿੱਲਾ)**-'ਕਲਾ ਕਲਾ ਨਹੀਂ, ਲੋਕਾਂ ਲਈ' ਦੇ ਸਿਧਾਂਤ 'ਤੇ ਅਮਲ ਕਰਦੀ ਅੱਠ ਦਹਾਕੇ ਪਹਿਲਾਂ ਸਥਾਪਤ ਹੋਈ ਅਤੇ ਪਿਛਲੇ ਤਿੰਨ ਦਹਾਕਿਆਂ ਤੋਂ ਸਭਿਆਚਾਰਕ ਪ੍ਰਦੂਸ਼ਣ ਖਿਲਾਫ਼ ਅਤੇ ਪੰਜਾਬੀ ਭਾਸ਼ਾ, ਸਾਹਿਤ, ਰੰਗਮੰਚ ਤੇ ਨਿਰੋਏ ਸਭਿਆਚਾਰ ਦੇ ਹੱਕ ਵਿੱਚ ਅਵਾਜ਼ ਬੁਲੰਦ ਕਰਦੀ ਇਪਟਾ ਦੀ ਪੰਜਾਬ ਇਕਾਈ ਵੱਲੋਂ ਸੋਸ਼ਲ ਮੀਡੀਆ (ਈਮੇਲ, ਵਟਸਐਪ ਤੇ ਟਵਿਟਰ) ਰਾਹੀਂ ਪੱਤਰ ਭੇਜਕੇ ਤਮਾਮ ਰਾਜਨੀਤਿਕ ਧਿਰ ਦੇ ਮੁੱਖੀਆਂ ਨੂੰ ਨਗਰ ਨਿਗਮ ਤੇ ਕੌਂਸਲ ਚੋਣਾ ਵਿਚ ਪੰਜਾਬੀ ਭਾਸ਼ਾ, ਸਾਹਿਤ, ਰੰਗਮੰਚ ਅਤੇ ਨਿਰੋਏ ਸਭਿਆਚਾਰ ਨੂੰ ਮਨੋਰਥ-ਪੱਤਰ ਵਿਚ ਸ਼ਾਮਿਲ ਕਰਨ ਗੁਜ਼ਾਰਿਸ਼ ਕੀਤੀ ਹੈ। ਇਸ ਗੱਲ ਦਾ ਖੁਲਾਸਾ ਕਰਦਿਆਂ ਨਾਟਕਕਾਰ, ਨਾਟ-ਨਿਰਦੇਸ਼ਕ ਅਤੇ ਇਪਟਾ, ਪੰਜਾਬ ਦੇ ਪ੍ਰਧਾਨ ਸੰਜੀਵਨ ਸਿੰਘ ਨੇ ਕਿਹਾ ਕਿ ਪੰਜਾਬੀ ਭਾਸ਼ਾ, ਸਾਹਿਤ, ਰੰਗਮੰਚ ਅਤੇ ਨਿਰੋਏ ਸਭਿਆਚਾਰ ਨੂੰ ਅਹਿਮੀਅਤ ਦਿੱਤੇ ਬਿਨਾਂ ਸਮਾਜ ਦੀ ਸਰਬਪੱਖੀ ਤੱਰਕੀ ਸੰਭਵ ਨਹੀਂ।ਇਸ ਲਈ 26 ਮਈ ਨੂੰ ਪੰਜਾਬ ਵਿਚ ਨਗਰ ਨਿਗਮ ਅਤੇ ਕੌਂਸਲ ਚੋਣਾ ਵਿਚ ਪੰਜਾਬੀ ਭਾਸ਼ਾ, ਸਾਹਿਤ, ਰੰਗਮੰਚ ਅਤੇ ਨਿਰੋਏ ਸਭਿਆਚਾਰ ਨੂੰ ਆਪਣੇ ਉਮੀਦਵਾਰਾਂ ਨੂੰ ਉਨਾਂ ਦੇ ਚੋਣ ਮਨੋਰਥ-ਪੱਤਰ ਵਿਚ ਸ਼ਾਮਿਲ ਕਰਨ ਦੀ ਤਾਕੀਦ ਕੀਤੀ ਤਾਂ ਜੋ ਸਮਾਜ ਇੱਕ ਵਾਰ ਫੇਰ ਤਰੱਕੀ ਦੀਆਂ ਅਤੇ ਬੁੰਲਦੀ ਦੀਆਂ ਸ਼ਿਖਰਾਂ ਛੂੰਹਣ ਦੇ ਨਾਲ-ਨਾਲ ਜ਼ਿਹਨੀ ਅਤੇ ਮਾਨਿਸਕ ਪੱਧਰ 'ਤੇ ਵੀ ਤੰਦਰੁਸਤ ਹੋ ਸਕੇ।

# ਮੱਝਾਂ ਤੇ ਹੋਰ ਪਸ਼ੂ ਚੋਰੀ ਕਰਨ ਵਾਲੇ ਵਿਅਕਤੀ ਖਿਲਾਫ ਮਾਮਲਾ ਦਰਜ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)** ਪਿੰਡ ਜਲਾਲਪੁਰ ਵਿਖੇ ਇੱਕ ਪਸ਼ੂ ਪਾਲਕ (ਕਿਸਾਨ) ਦੀਆਂ 4 ਮੱਝਾਂ ਅਤੇ ਹੋਰ ਪਸ਼ੂ ਧਨ ਚੋਰੀ ਕਰਨ ਦੇ ਦੋਸ਼ ਅਧੀਨ ਟਾਂਡਾ ਪੁਲਿਸ ਨੇ ਇੱਕ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਿਸ ਨੇ ਇਹ ਮਾਮਲਾ ਚੋਰੀ ਦਾ ਸ਼ਿਕਾਰ ਹੋਏ ਪਸ਼ੂ ਪਾਲਕ ਜਰਨੈਲ ਸਿੰਘ ਪੁੱਤਰ ਕੇਵਲ ਸਿੰਘ ਵਾਸੀ ਪਿੰਡ ਜਲਾਲਪੁਰ ਦੇ ਬਿਆਨਾਂ ਦੇ ਅਧਾਰ ਤੇ ਮੁਹੰਮਦ ਰਫੀ ਉਰਫ ਬਿਕਾ ਪੁੱਤਰ ਗੁਲਾਮ ਮੁਸਤਫਾ ਵਾਸੀ ਰਾਮਪੁਰ ਤਲਵਾੜਾ ਥਾਣਾ ਸ੍ਰੀ ਹਰਗੋਬਿੰਦਪੁਰ ਦੇ ਖਿਲਾਫ ਦਰਜ ਕੀਤਾ ਹੈ।

ਪੁਲਿਸ ਨੂੰ ਦਿੱਤੀ ਗਈ ਸ਼ਿਕਾਇਤ ਵਿੱਚ ਜਰਨੈਲ ਸਿੰਘ ਨੇ ਦੱਸਿਆ ਕਿ ਉਸ ਦਾ ਡੇਰਾ ਪਿੰਡ ਦੇ ਬਾਹਰ ਹੈ ਅਤੇ ਉਸ ਨੇ ਆਪਣੇ ਡੇਰੇ ਵਿੱਚ 4 ਸੂਣ ਵਾਲੀਆਂ ਮੱਝਾਂ ਤੋਂ ਇਲਾਵਾ ਇੱਕ ਕੱਟਾ, ਇਕ ਕੱਟੀ ਤੇ ਇੱਕ ਵੱਛੀ ਰੱਖੀ ਹੋਈ ਹੈ। ਇਹਨਾਂ ਪਸ਼ੂਆਂ ਦੀ ਦੇਖ ਭਾਲ ਵਾਸਤੇ ਮੁਹੰਮਦ ਤਸਲੀਮ ਮਨਸੂਰੀ ਪੁੱਤਰ ਮੁਹੰਮਦ ਹਨੀਫ ਮਨਸੂਰੀ, ਵਾਸੀ ਚਾਰਜ ਪੱਟੀ ਬਿਹਾਰ ਨੂੰ ਰੱਖਿਆ ਹੈ। ਬੀਤੀ 5 ਮਈ ਦੀ ਸ਼ਾਮ ਨੂੰ ਨੂੰ ਮੈਂ ਆਪਣੀਆਂ ਮੱਝਾ ਅਤੇ ਹੋਰ ਪਸ਼ੂ ਬਰਾਂਡੇ ਵਿੱਚ ਬੰਨ ਕੇ ਘਰ ਪਹੁੰਚਿਆ ਸੀ ਕਿ 4-5 ਮਈ ਦੀ ਦਰਮਿਆਨੀ ਰਾਤ ਨੂੰ ਮੈਨੂੰ ਮੁਹੰਮਦ ਤਸਲੀਮ ਮਨਸੂਰੀ ਦਾ ਫੋਨ ਆਇਆ ਕਿ ਕਿ ਕੋਈ ਵਿਅਕਤੀ ਤੁਹਾਡੀਆਂ ਮੱਝਾਂ ਤੇ ਹੋਰ ਪਸ਼ੂ ਚੋਰੀ ਕਰਕੇ ਲੈ ਗਿਆ। ਬਾਅਦ ਵਿੱਚ ਭਾਲ ਕਰਨ ਤੇ ਮੇਰੀਆਂ 4 ਮੱਜਾਂ ਅਤੇ ਹੋਰ ਪਸ਼ੂ ਮੁਹੰਮਦ ਰਫੀ ਉਰਫ ਬਿਕਾ ਦੇ ਪਾਸੋਂ ਬਰਾਮਦ ਹੋਈਆਂ। ਟਾਂਡਾ ਪੁਲਿਸ ਨੇ ਹੁਣ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਅਤੇ ਇਸ ਮਾਮਲੇ ਦੀ ਹੋਰ ਤਫਤੀਸ਼ ਏ ਐੱਸ ਆਈ ਵੱਲੋਂ ਕੀਤੀ ਜਾ ਰਹੀ ਹੈ।

# ਨੂਰਮਹਿਲ ਸਫ਼ਾਈ ਕਰਮਚਾਰੀਆਂ ਦੀ ਹੜਤਾਲ ਸੱਤਵੇਂ ਦਿਨ 'ਚ ਦਾਖਲ



**ਨੂਰਮਹਿਲ/ਜਲੰਧਰ (ਰਜੇਸ਼ ਥਾਪਾ)**

ਨਗਰ ਕੌਂਸਲ ਨੂਰਮਹਿਲ ਦੇ ਸਫ਼ਾਈ ਕਰਮਚਾਰੀਆਂ ਦੀ ਹੜਤਾਲ ਅੱਜ ਇੱਕ ਹਫ਼ਤੇ ਤੱਕ ਪਹੁੰਚ ਗਈ।ਪਰ ਪੰਜਾਬ ਸਰਕਾਰ ਦੇ ਹਲਕਾ ਨਕੋਦਰ ਦੇ ਵਿਧਾਇਕ ਬੀਬੀ ਇੰਦਰਜੀਤ ਕੌਰ ਜਾਂ ਉਨ੍ਹਾਂ ਦਾ ਕੋਈ ਹੋਰ ਵੀ ਸਫ਼ਾਈ ਕਰਮਚਾਰੀਆਂ ਦੀ ਹੜਤਾਲ ਵਿੱਚ ਹਾਅ ਦਾ ਨਾਹਰਾ ਮਾਰਨ ਨਹੀਂ ਪਹੁੰਚਾ।ਇਸ ਹੜਤਾਲ ਵਿੱਚ ਸਮਾਜ ਸੇਵਕ ਬਾਲ ਕ੍ਰਿਸ਼ਨ ਬਾਲੀ ਪੱਤਰਕਾਰ ਨੂਰਮਹਿਲ ਅਤੇ ਸ਼੍ਰੋਮਣੀ ਰੰਗਰੇਟਾ ਦਲ ਪੰਜਾਬ ਦੇ ਚੇਅਰਮੈਨ ਬਲਵੀਰ ਸਿੰਘ ਚੀਮਾ ਨੇ ਕਿਹਾ ਕਿ ਸਫ਼ਾਈ ਕਰਮਚਾਰੀਆਂ ਦੀਆਂ ਮੰਗਾਂ ਬਹੁਤ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਹਨ। ਮੰਗਾਂ ਨਾ ਮੰਨਣ 'ਤੇ ਅੱਕੇ ਹੋਏ ਮੁਲਾਜ਼ਮਾਂ ਨੇ ਆਪਣੇ ਕੰਮਕਾਜ ਛੱਡ ਕੇ ਅਤੇ ਹੱਕੀ ਮੰਗਾਂ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰੋ, ਠੇਕਾ ਸਿਸਟਮ ਪ੍ਰਣਾਲੀ ਬੰਦ ਕੀਤੇ ਜਾਣ, ਸਫ਼ਾਈ ਕਰਮਚਾਰੀਆਂ ਦੀਆਂ ਤਨਖਾਹਾਂ ਵਧਾਈਆਂ ਜਾਣ, ਨਵੇਂ ਮੁਲਾਜ਼ਮ ਭਰਤੀ ਕੀਤੇ ਜਾਣ, ਆਦਿ ਮੰਗਾਂ ਪੂਰੀਆਂ ਕੀਤੀਆਂ ਜਾਣ। ਇਸ ਮੌਕੇ ਮੁਨੀਸ਼ ਗਿੱਲ ਕਾਲੀ, ਰਵੀ ਕੁਮਾਰ ਸਹੋਤਾ, ਬੱਬੂ ਗਿੱਲ, ਸੁਭਾਸ਼ ਕੁਮਾਰ, ਬਲਵੀਰ ਸੌਂਧੀ, ਬੁੱਧ ਨਾਥ ਸੌਂਧੀ, ਕੇਵਲ ਕ੍ਰਿਸ਼ਨ, ਅਜੇ ਕਲਿਆਣ, ਵਿਸ਼ਾਲ ਸੌਂਧੀ, ਗੌਰਵ ਸੌਂਧੀ, ਪਵਨ ਸਹੋਤਾ, ਗੌਰਵ ਸੌਂਧੀ, ਨਰੇਸ਼ ਸਹੋਤਾ, ਪਰਮਜੀਤ ਸੌਂਧੀ, ਤਰਸੇਮ ਲਾਲ, ਮੱਮਤਰਾਜ ਸੌਂਧੀ, ਵਿਨੋਦ ਕੁਮਾਰ ਸੌਂਧੀ, ਬਿੱਟੂ ਭੱਟੀ, ਅਮਿਤ ਕੁਮਾਰ ਯਾਦਵ, ਰਵੀ ਕੁਮਾਰ ਸਹੋਤਾ ( ਗੱਗੂ ), ਸ਼ਨੀ ਕੁਮਾਰ ਸਹੋਤਾ, ਕਾਲੀ ਨਾਹਰ, ਸਾਵਨ ਸੌਂਧੀ, ਰੋਹਿਤ ਸੌਂਧੀ, ਹਰਜੀਤ ਸਹੋਤਾ, ਰੀਟਾ ਰਾਣੀ, ਪੂਨਮ ਸੌਂਧੀ, ਰਚਨਾ, ਰੇਖਾ ਰਾਣੀ, ਰਾਮ ਸਰੂਪ ਭੱਟੀ, ਆਦਿ ਹੜਤਾਲ ਵਿੱਚ ਸ਼ਾਮਲ ਸਨ।

# ਕੌਮੀ ਡੇਂਗੂ ਦਿਵਸ ਮਨਾਇਆ

**ਬਲਾਚੌਰ( ਜਸਵਿੰਦਰ ਬੈਂਸ)**-ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫ਼ਸਰ ਡਾ. ਸਤਿੰਦਰਜੀਤ ਕੌਰ ਦੀ ਅਗਵਾਈ ਹੇਠ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਵਿਖੇ ਕੌਮੀ ਡੇਂਗੂ ਦਿਵਸ ਮਨਾਇਆ ਗਿਆ। ਇਸ ਮੌਕੇ ਮੈਡੀਕਲ ਅਫ਼ਸਰ ਡਾ. ਜਤਿੰਦਰਪਾਲ ਸਿੰਘ ਨੇ ਡੇਂਗੂ ਬੁਖ਼ਾਰ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਤੋਂ ਇਲਾਵਾ ਲੋਕਾਂ ਨੂੰ ਡੇਂਗੂ ਦੇ ਲਾਰਵੇ ਦੀ ਪਛਾਣ ਬਾਰੇ ਵੀ ਦੱਸਿਆ।ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਪੰਜਾਬ ਦੀਆਂ ਹਦਾਇਤਾਂ 'ਤੇ 'ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਲਾਰਵਾ ਖਤਮ ਕਰਨ ਲਈ ਘਰ-ਘਰ ਸਰਵੇ ਤੇ ਜਾਗਰੂਕਤਾ ਮੁਹਿੰਮ ਜ਼ੋਰਾਂ 'ਤੇ ਹੈ। ਉਨ੍ਹਾਂ ਦੱਸਿਆ ਕਿ ਡੇਂਗੂ ਬੁਖ਼ਾਰ ਫੈਲਾਉਣ ਵਾਲੇ ਮੱਛਰ ਦਾ ਲਾਰਵਾ ਕੁੱਝ ਦਿਨਾਂ ਵਿਚ ਖ਼ਤਰਨਾਕ ਮੱਛਰ ਦਾ ਰੂਪ ਲੈ ਲੈਂਦਾ ਹੈ, ਜਿਹੜਾ ਵਿਅਕਤੀ ਦੀ ਜਾਨ ਵੀ ਲੈ ਸਕਦਾ ਹੈ। ਬਲਾਕ ਐਕਸਟੈਂਸ਼ਨ ਐਜੂਕੇਟਰ ਨਿਰਮਲ ਸਿੰਘ ਨੇ ਦੱਸਿਆ ਕਿ ਡੇਂਗੂ ਬੁਖ਼ਾਰ ਹੋਣ ਦਾ ਕੋਈ ਪੱਕਾ ਮੌਸਮ ਨਹੀਂ, ਪਰ ਆਮ ਤੌਰ 'ਤੇ ਇਹ ਬੁਖ਼ਾਰ ਜੁਲਾਈ ਤੋਂ ਲੈ ਕੇ ਨਵੰਬਰ ਅਖ਼ੀਰ ਤੱਕ ਜ਼ਿਆਦਾ ਹੁੰਦਾ ਹੈ। ਡੇਂਗੂ ਬੁਖ਼ਾਰ ਫੈਲਾਉਣ ਵਾਲਾ ਮੱਛਰ ਦਿਨ ਵੇਲੇ ਕੱਟਦਾ ਹੈ ਅਤੇ ਸਾਫ ਪਾਣੀ ਵਿਚ ਪੈਦਾ ਹੁੰਦਾ ਹੈ। ਇਸ ਮੌਕੇ ਰਾਮ ਗੋਪਾਲ, ਸਤੀਸ਼ ਕੁਮਾਰ, ਅਮਨਦੀਪ ਸਿੰਘ, ਪ੍ਰਵੀਨ ਕੈਂਥ ਤੇ ਸੁਰਿੰਦਰ ਸਿੰਘ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

# ਲਾਇਬ੍ਰੇਰੀ ਦੇ ਅਧੂਰੇ ਕੰਮ ਨੂੰ ਜਲਦ ਪੂਰਾ ਕੀਤਾ ਜਾਵੇ : ਪੀ ਐੱਸ ਯੂ

**ਬੰਗਾ (ਅਵਤਾਰ ਕਲੇਰ)**

ਨਵਾਂਸ਼ਹਿਰ ਜ਼ਿਲ੍ਹੇ ਦੀ ਇੱਕੋ-ਇੱਕ ਲਾਇਬ੍ਰੇਰੀ ਜੋ ਕਿ ਬਾਰਾਂਦਾਰੀ ਬਾਗ ਵਿੱਚ ਸਥਿਤ ਹੈ, ਜਿਸ ਦਾ ਵਿਕਾਸ ਕਾਰਜ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਦੇ ਬਾਵਜੂਦ ਅਜੇ ਅਧੂਰਾ ਹੈ। ਪੰਜਾਬ ਸਟੂਡੈਂਟਸ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਬਲਜੀਤ ਧਰਮਕੋਟ ਤੇ ਜ਼ਿਲ੍ਹਾ ਆਗੂ ਰਾਜੂ ਬਰਨਾਲਾ ਨੇ ਦੱਸਿਆ ਕਿ ਇੱਕ ਸਮਾਂ ਉਹ ਸੀ ਜਦੋਂ ਇਸ ਲਾਇਬ੍ਰੇਰੀ ਨੂੰ ਬੰਦ ਕੀਤਾ ਜਾਣ ਲੱਗਾ ਸੀ, ਪਰ ਸਟੂਡੈਂਟਸ ਯੂਨੀਅਨ ਦੇ ਵਫ਼ਦਾਂ ਇਸ ਲਾਇਬ੍ਰੇਰੀ ਦੀ ਮਹੱਤਤਾ ਨੂੰ ਸਮਝਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਨੂੰ ਮਿਲਿਆ ਸੀ ਤੇ ਸੰਘਰਸ਼ ਦਾ ਐਲਾਨ ਵੀ ਕੀਤਾ ਗਿਆ ਸੀ। ਜਿਸ ਦੇ ਤੁਰੰਤ ਬਾਅਦ ਲਾਇਬ੍ਰੇਰੀ ਨੂੰ ਬੰਦ ਕੀਤੇ ਜਾਣ ਦਾ ਕੰਮ ਰੋਕ ਦਿੱਤਾ ਗਿਆ ਤੇ ਪ੍ਰਸ਼ਾਸ਼ਨ ਵਲੋਂ ਇਸ ਦੇ ਦੇ ਵਿਕਾਸ ਵੱਲ ਕਦਮ ਪੁੱਟੇ ਗਏ। ਅੱਜ ਲਾਇਬ੍ਰੇਰੀ ਦੇ ਅੱਗੇ ਤਿੰਨ-ਤਿੰਨ ਨੀਂਹ ਪੱਥਰ ਰੱਖਣ ਤੋਂ ਬਾਅਦ ਵੀ ਕਾਰਜ ਅਧੂਰੇ ਹੀ ਹਨ। ਲਾਇਬ੍ਰੇਰੀ ਵਿੱਚ ਕਰੰਟ ਅਫ਼ੇਰਜ਼ ਦੇ ਮੈਗਜ਼ੀਨ ਅਤੇ ਕਿਤਾਬਾਂ ਦੀ ਬਹੁਤ ਲੋੜ ਹੈ, ਜਿਸ ਨੂੰ ਮਗਵਾਉਣ ਲਈ ਪਹਿਲਾਂ ਵੀ ਬੇਨਤੀ-ਪੱਤਰ ਦੇ ਚੁੱਕੇ ਹਨ ਪਰ ਮੰਗ ਅਜੇ ਤੱਕ ਪੂਰੀ ਨਹੀਂ ਕੀਤੀ ਗਈ। ਇਸ ਤੋਂ ਇਲਾਵਾ ਲਾਇਬ੍ਰੇਰੀ 'ਚ ਏ.ਸੀ ਤੇ ਇਨਵਰਟਰ ਦੀ ਵੀ ਬਹੁਤ ਲੋੜ ਹੈ । ਪੜ੍ਹਨ ਦੇ ਲਈ ਪਾਠਕਾਂ



ਲਈ ਅਲੱਗ-ਅਲੱਗ ਪਾਰਟੀਸ਼ਨ ਕੀਤੀ ਜਾਵੇ ।ਵਾਈ-ਫਾਈ ਨੈੱਟਵਰਕ ਦਾ ਰੀਚਾਰਜ ਵੀ ਸਮੇਂ ਸਿਰ ਕੀਤਾ ਜਾਵੇ। ਉਹਨਾਂ ਪ੍ਰਸ਼ਾਸ਼ਨ ਤੋਂ ਮੰਗ ਕਰਦਿਆਂ ਕਿਹਾ ਕਿ ਮੰਗਾਂ ਦੀ ਗੰਭੀਰਤਾ ਨੂੰ ਦੇਖਦੇ ਹੋਇਆਂ ਜਲਦ ਤੋਂ ਜਲਦ ਹੱਲ ਕੀਤਾ ਜਾਵੇ ਤਾਂ ਕਿ ਪਾਠਕਾਂ ਨੂੰ ਪੜ੍ਹਨ 'ਚ ਕੋਈ ਮੁਸ਼ਕਲ ਨਾ ਹੋਵੇ।

# ਕਰਮਚਾਰੀਆਂ ਲਈ ਵਨ-ਟਾਈਮ, ਵਨ-ਵੇਅ ਸਵਿੱਚ ਸਹੂਲਤ ਨੂੰ ਦਿੱਤੀ ਮਨਜ਼ੂਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਚੰਡੀਗੜ੍ਹ ਵਿੱਚ ਆਯੋਜਿਤ ਹਰਿਆਣਾ ਕੈਬਨਿਟ ਦੀ ਮੀਟਿੰਗ ਵਿੱਚ ਰਾਜ ਸਰਕਾਰ ਦੇ ਕਰਮਚਾਰੀਆਂ ਦੇ ਸਬੰਧ ਵਿੱਚ ਯੂਨੀਫਾਈਡ ਪੈਂਸ਼ਨ ਸਕੀਮ ਤਹਿਤ ਵਨ-ਟਾਈਮ, ਵਨ-ਵੇਅ ਸਵਿੱਚ ਸਹੂਲਤ ਨੂੰ ਮਨਜ਼ੂਰੀ ਪ੍ਰਦਾਨ ਕੀਤੀ ਗਈ।ਵਰਨਣਯੋਗ ਹੈ ਕਿ ਭਾਰਤ ਸਰਕਾਰ ਨੇ 24 ਜਨਵਰੀ, 2025 ਦੀ ਨੋਟੀਫਿਕੇਸ਼ਨ ਦੇ ਮਾਧਿਅਮ ਰਾਹੀਂ ਰਾਸ਼ਟਰੀ ਪੈਂਸ਼ਨ ਪ੍ਰਣਾਲੀ ਦੇ ਤਹਿਤ ਇੱਕ ਵਿਕਲਪ ਵਜੋਂ ਯੂਨੀਫਾਈਡ ਪੈਂਸ਼ਨ ਸਕੀਮ ਲਾਗੂ ਕੀਤੀ ਸੀ, ਜੋ 1 ਅਪ੍ਰੈਲ, 2025 ਤੋਂ ਪ੍ਰਭਾਵਸ਼ਾਲੀ ਹੋਈ। ਇਸੇ ਤਰ੍ਹਾਂ, ਭਾਰਤ ਸਰਕਾਰ ਦੇ ਅਨੁਰੂਪ ਹਰਿਆਣਾ ਸਰਕਾਰ ਨੇ ਵੀ 2 ਜੁਲਾਈ, 2025 ਦੀ ਨੋਟੀਫਿਕੇਸ਼ਨ ਦੇ ਮਾਧਿਅਮ ਰਾਹੀਂ ਰਾਜ ਸਰਕਾਰ ਦੇ ਕਰਮਚਾਰੀਆਂ ਲਈ ਯੂਨੀਫਾਈਡ ਪੈਂਸ਼ਨ ਸਕੀਮ ਲਾਗੂ ਕੀਤੀ ਸੀ, ਜੋ 1 ਅਗਸਤ, 2025 ਤੋਂ ਪ੍ਰਭਾਵਸ਼ਾਲੀ ਹੋਈ।ਇਸ ਤੋਂ ਬਾਅਦ, ਭਾਰਤ ਸਰਕਾਰ ਨੇ 25 ਅਗਸਤ, 2025 ਦੇ ਦਫ਼ਤਰੀ ਮੈਮੋਰੰਡਮ (ਕਾਰਜਾਲਿਆ ਗਿਆਪਨ) ਦੇ ਮਾਧਿਅਮ ਰਾਹੀਂ ਯੂਨੀਫਾਈਡ ਪੈਂਸ਼ਨ ਸਕੀਮ ਤੋਂ ਰਾਸ਼ਟਰੀ ਪੈਂਸ਼ਨ ਪ੍ਰਣਾਲੀ ਵਿੱਚ ਵਨ-ਟਾਈਮ, ਵਨ-ਵੇਅ ਸਵਿੱਚ ਸਹੂਲਤ ਪ੍ਰਦਾਨ ਕੀਤੀ।ਇਸ ਦੇ ਮੱਦੇਨਜ਼ਰ ਉਕਤ ਫੈਸਲੇ ਨੂੰ ਰਾਜ ਸਰਕਾਰ ਵੱਲੋਂ ਆਪਣੇ ਕਰਮਚਾਰੀਆਂ ਦੇ ਸਬੰਧ ਵਿੱਚ 2 ਜੁਲਾਈ, 2025 ਨੂੰ ਅਧਿਸੂਚਿਤ ਸੂਚਨਾ ਦਾ ਵੀ ਸੰਦਰਭ ਲਿਆ ਜਾਵੇਗਾ ਕਿ ਇੱਕ ਨਾਲ ਇੱਕ ਹੀ ਤਰੀਕੇ ਨਾਲ ਯੂਨੀਫਾਈਡ ਪੈਂਸ਼ਨ ਸਕੀਮ ਨੂੰ ਹਰਿਆਣਾ ਨਵੀਂ ਪੈਂਸ਼ਨ ਸਕੀਮ ਦੀ ਉਪਲਬਧਤਾ ਉਨ੍ਹਾਂ ਸਾਰੇ ਰਾਜ ਸਰਕਾਰ ਦੇ ਕਰਮਚਾਰੀਆਂ ਲਈ ਹੋਵੇਗੀ ਜਿਨ੍ਹਾਂ ਨੇ ਯੂਨੀਫਾਈਡ ਪੈਂਸ਼ਨ ਸਕੀਮ ਦਾ ਵਿਕਲਪ ਚੁਣਿਆ ਹੈ।

# ਵਿਦਿਆਰਥੀਆਂ ਨੂੰ ਸਫਲ ਉਦਮੀ ਬਣਨ ਲਈ ਕੀਤਾ ਪ੍ਰੇਰਿਤ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਰਿਆਤ ਬਾਹਰਾ ਇੰਟਰਨੈਸ਼ਨਲ ਸਕੂਲ ਵਿੱਚ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਧਿਆਨ ਵਿੱਚ ਰੱਖਦਿਆਂ ਇੱਕ ਵਿਸ਼ੇਸ਼ ਪਲੱਸ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਸੰਚਾਲਨ ਪ੍ਰਸਿੱਧ ਵਿਸ਼ੇਸ਼ਗਿਆ ਡਾ. ਸਿਮੀ ਪ੍ਰਕਾਸ਼ ਵੱਲੋਂ ਕੀਤਾ ਗਿਆ, ਜਿਸ ਦੌਰਾਨ ਵਿਦਿਆਰਥੀਆਂ ਨੂੰ ਉਦਯਮਤਾ ਦੇ ਵੱਖ-ਵੱਖ ਪੱਖਾਂ ਬਾਰੇ ਜਾਣਕਾਰੀ ਦਿੱਤੀ ਗਈ। ਆਪਣੇ ਸੰਬੋਧਨ ਦੌਰਾਨ ਡਾ. ਸਿਮੀ ਪ੍ਰਕਾਸ਼ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਇੱਕ ਸਫਲ ਉਦਯਮੀ ਬਣਨ ਲਈ ਰਚਨਾਤਮਕ ਸੋਚ, ਲੀਡਰਸ਼ਿਪ, ਫੈਸਲਾ ਲੈਣ ਦੀ ਯੋਗਤਾ ਅਤੇ ਜੋਖਮ ਉਠਾਉਣ ਦਾ ਹੌਸਲਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਨਵਾਂ ਕਾਰੋਬਾਰ ਸ਼ੁਰੂ ਕਰਨ ਦੀ ਪ੍ਰਕਿਰਿਆ, ਨਵੇਂ ਵਿਚਾਰਾਂ ਦੀ ਤਿਆਰੀ, ਜੋਖਮ ਪ੍ਰਬੰਧਨ, ਨਵੀਨਤਾ ਅਤੇ ਬਾਜ਼ਾਰ ਦੀ ਸਮਝ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੇ ਵਿਆਖਿਆਨ ਨੇ ਵਿਦਿਆਰਥੀਆਂ ਵਿੱਚ ਆਤਮਵਿਸ਼ਵਾਸ ਅਤੇ ਨਵੀਂ ਸੋਚ ਨੂੰ ਉਤਸ਼ਾਹਿਤ ਕੀਤਾ।ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਜੈਸਿਕਾ ਬਾਹਰਾ ਹਾਜ਼ਰ ਰਹੇ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਅੱਜ ਦੇ ਮੁਕਾਬਲੇ ਭਰੇ ਦੌਰ ਵਿੱਚ ਆਤਮ ਨਿਰਭਰ ਬਣਨਾ ਅਤੇ ਆਪਣੇ ਵਿਚਾਰਾਂ ਨੂੰ ਹਕੀਕਤ ਵਿੱਚ ਬਦਲਣਾ ਸਮੇਂ ਦੀ ਲੋੜ ਹੈ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਰਸ਼ਮੀ ਸ਼ਰਮਾ ਨੇ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਵਿਦਿਆਰਥੀਆਂ ਦੇ ਭਵਿੱਖ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ ਅਤੇ ਉਨ੍ਹਾਂ ਨੂੰ ਵਿਵਹਾਰਿਕ ਜੀਵਨ ਲਈ ਤਿਆਰ ਕਰਦੇ ਹਨ।

# ਮੂੰਹ ਢੱਕ ਕੇ ਡਰਾਈਵਿੰਗ ਕਰਨ 'ਤੇ ਲਗਾਈ ਪਾਬੰਦੀ

**ਨਵਾਂਸ਼ਹਿਰ, (ਮਨੋਜ ਲਾਡੀ)**-ਜ਼ਿਲ੍ਹਾ ਮੈਜਿਸਟ੍ਰੇਟ ਗੁਲਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸੰਹਿਤਾ, 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਹਦੂਦ ਅੰਦਰ ਆਮ ਨਾਗਰਿਕਾਂ ਨੂੰ ਦੋਪਹੀਆ ਵਾਹਨ ਚਲਾਉਂਦੇ ਹੋਏ ਮੂੰਹ ਢੱਕ ਕੇ/ਮੂੰਹ ਬੰਨ੍ਹ ਕੇ ਡਰਾਈਵਿੰਗ ਕਰਨ 'ਤੇ ਪਾਬੰਦੀ ਲਗਾਈ ਹੈ। ਇਹ ਪਾਬੰਦੀ ਉਨ੍ਹਾਂ ਵਿਅਕਤੀਆਂ 'ਤੇ ਲਾਗੂ ਨਹੀਂ ਹੋਵੇਗੀ, ਜਿਨ੍ਹਾਂ ਨੇ ਕਿਸੇ ਬਿਮਾਰੀ ਜਾਂ ਅਲਰਜੀ ਦੀ ਵਜ੍ਹਾ ਕਾਰਨ ਮੈਡੀਕਲ ਸੁਪਰਵਿਜ਼ਨ ਦੇ ਹੇਠਾਂ ਮਾਸਕ ਜਾਂ ਕੋਈ ਹੋਰ ਚੀਜ਼ ਪਹਿਨੀ ਹੋਵੇ। ਜ਼ਿਲ੍ਹਾ ਮੈਜਿਸਟਰੇਟ ਨੇ ਆਪਣੇ ਹੁਕਮ ਵਿਚ ਦੱਸਿਆ ਹੈ ਕਿ ਬਾਜ਼ਾਰਾਂ ਵਿਚ ਆਮ ਤੌਰ ਤੇ ਮੂੰਹ ਢੱਕ ਕੇ ਵਾਹਨ ਚਾਲਕਾਂ (ਖਾਸ ਤੌਰ 'ਤੇ ਦੋਪਹੀਆ ਵਾਹਨ ਚਾਲਕਾਂ) ਵੱਲੋਂ ਲੁਟਾਂ-ਖੋਹਾਂ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਜਾਂਦਾ ਹੈ। ਮੂੰਹ ਢੱਕਣ ਨਾਲ ਅਪਰਾਧ ਕਰਨ ਵਾਲਿਆਂ ਦੀ ਪਹਿਚਾਣ ਕਰਨ ਵਿਚ ਮੁਸ਼ਕਿਲ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਲਈ ਜ਼ਿਲ੍ਹੇ ਅੰਦਰ ਮੂੰਹ ਢੱਕ ਕੇ ਅਪਰਾਧਿਕ ਵਾਰਦਾਤਾਂ ਨੂੰ ਰੋਕਣ ਲਈ ਉਕਤ ਹੁਕਮ ਜਾਰੀ ਕੀਤੇ ਗਏ ਹਨ। ਇਸੇ ਤਰ੍ਹਾਂ ਜ਼ਿਲ੍ਹਾ ਮੈਜਿਸਟ੍ਰੇਟ ਨੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਹਦੂਦ ਅੰਦਰ ਸ਼ੋਰ ਪ੍ਰਦੂਸ਼ਣ ਨੂੰ ਰੋਕਣ ਅਤੇ ਆਮ ਨਾਗਰਿਕਾਂ ਦੀ ਸਿਹਤ ਦੀ ਸੁਰੱਖਿਆ ਦੇ ਲਈ ਦੋਪਹੀਆ ਵਾਹਨਾਂ ਦੇ ਸਾਇਲੰਸਰ ਬਦਲਣ ਅਤੇ ਸਾਇਲੰਸਰ ਨਾਲ ਪਟਾਖੇ ਵਜਾਉਣ ਤੇ ਪੂਰਨ ਤੌਰ ਤੇ ਪਾਬੰਦੀ ਲਗਾ ਦਿੱਤੀ ਹੈ। ਇਹ ਹੁਕਮ ਸਾਇਲੰਸਰ ਬਦਲਣ ਵਾਲੇ ਦੁਕਾਨਦਾਰਾਂ/ਮਕੈਨਿਕਾਂ ਅਤੇ ਪਟਾਖੇ ਵਜਾਉਣ ਵਾਲੇ ਵਾਹਨ ਮਾਲਕਾਂ ਤੇ ਵੀ ਲਾਗੂ ਹੋਣਗੇ। ਉਪਰੋਕਤ ਦੋਵੇਂ ਹੁਕਮ 16 ਜੁਲਾਈ, 2026 ਤੱਕ ਲਾਗੂ ਰਹਿਣਗੇ।

# ਸਰਕਾਰ ਨਿਗਮ ਕਰਮਚਾਰੀਆਂ ਦੀਆਂ ਮੰਗਾਂ ਤੁਰੰਤ ਮੰਨੇ : ਵਿਜੇ ਸਾਂਪਲਾ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**

ਨਗਰ ਨਿਗਮ ਫਗਵਾੜਾ ਦੇ ਕਰਮਚਾਰੀਆਂ ਤੇ ਸਫਾਈ ਸੇਵਕਾਂ ਵਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਕਾਰਪੋਰੇਸ਼ਨ ਦਫਤਰ ਅੱਗੇ ਦਿੱਤੇ ਜਾ ਰਹੇ ਅਣਮਿੱਥੇ ਸਮੇਂ ਦੇ ਧਰਨੇ ਨੂੰ ਉਸ ਵੇਲੇ ਵੱਡਾ ਸਮਰਥਨ ਮਿਲਿਆ ਜਦੋਂ ਸਾਬਕਾ ਕੇਂਦਰੀ ਮੰਤਰੀ ਤੇ ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਵਿਜੇ ਸਾਂਪਲਾ ਨੇ ਆਪਣੇ ਸਾਥੀਆਂ ਸਮੇਤ ਧਰਨੇ ਵਿੱਚ ਸ਼ਮੂਲੀਅਤ ਕਰਦੇ ਹੋਏ ਹੜਤਾਲੀ ਕਰਮਚਾਰੀਆਂ ਨਾਲ ਇਕਜੁਟਤਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਧਰਨਾਕਾਰੀਆਂ ਨੂੰ ਸੰਬੋਧਨ ਕਰਦਿਆਂ ਵਿਜੇ ਸਾਂਪਲਾ ਨੇ ਕਿਹਾ ਕਿ ਭੱਖਦੀ ਗਰਮੀ ਵਿੱਚ ਕਰਮਚਾਰੀ ਆਪਣੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਲਈ ਸੰਘਰਸ਼ ਕਰਨ ਨੂੰ ਮਜਬੂਰ ਹਨ, ਪਰ ਸਰਕਾਰ ਵੱਲੋਂ ਕੋਈ ਸੰਵੇਦਨਸ਼ੀਲ ਰਵੱਈਆ ਨਹੀਂ ਅਪਣਾਇਆ ਜਾ ਰਿਹਾ। ਉਹਨਾਂ ਹੜਤਾਲੀ ਕ੍ਰਮਚਾਰੀਆਂ ਨੂੰ ਭਰੋਸਾ ਦਿੱਤਾ ਕਿ ਸੂਬੇ ਵਿੱਚ ਅਗਲੀਆਂ ਵਿਧਾਨਸਭਾ ਚੋਣਾਂ ਤੋਂ ਬਾਅਦ ਭਾਜਪਾ ਦੀ ਸਰਕਾਰ ਬਣਨ 'ਤੇ ਕਾਰਪੋਰੇਸ਼ਨ ਕਰਮਚਾਰੀਆਂ ਦੀ ਹਰ ਜਾਇਜ਼ ਮੰਗ ਨੂੰ ਪਹਿਲ ਦੇ ਅਧਾਰ 'ਤੇ ਪ੍ਰਵਾਣ ਕੀਤਾ ਜਾਵੇਗਾ। ਇਸ ਮੌਕੇ ਸੰਬੋਧਨ ਕਰਦਿਆਂ ਭਾਜਪਾ ਆਗੂ ਆਸ਼ੂ ਸਾਂਪਲਾ ਨੇ ਕਿਹਾ ਕਿ ਸਰਕਾਰ ਨੂੰ ਟਕਰਾਅ ਦੀ ਰਾਜਨੀਤੀ ਛੱਡ ਕੇ ਕਰਮਚਾਰੀਆਂ ਨਾਲ ਗੱਲਬਾਤ ਰਾਹੀਂ ਮਸਲੇ ਦਾ ਹੱਲ ਕੱਢਣਾ ਚਾਹੀਦਾ ਹੈ। ਇਸ ਮੌਕੇ ਨਗਰ ਸੁਧਾਰ ਟਰੱਸਟ ਫਗਵਾੜਾ ਦੇ ਸਾਬਕਾ ਚੇਅਰਮੈਨ ਤੇਜਸਵੀ ਭਾਰਦਵਾਜ, ਸਾਬਕਾ ਚੇਅਰਮੈਨ ਸੁਨੀਲ ਚਮ, ਸੀਨੀਅਰ ਆਗੂ ਰਮੇਸ਼ ਸਚਦੇਵਾ, ਬਲਵਿੰਦਰ ਠਾਕੁਰ, ਪ੍ਰਮੋਦ ਮਿਸ਼ਰਾ, ਆਸ਼ੂ ਪੁਰੀ, ਸੁਰਿੰਦਰ ਦੁੱਗਲ, ਮਹਿੰਦਰ ਥਾਪਰ, ਰਜਨੀਸ਼ ਥਾਪਰ, ਰਮਨ ਨਹਿਰਾ, ਦੀਪਕ ਮਲਹੋਤਰਾ, ਲੋਕੇਸ਼ ਬਾਲੀ, ਸਿਧਾਰਥ ਰਾਜ, ਸੁਰਿੰਦਰ ਜੋਰਡਨ, ਰਾਜਕੁਮਾਰ ਰਾਣਾ, ਰਾਜਿੰਦਰ ਸੌਂਧੀ ਸਮੇਤ ਹੋਰ ਭਾਜਪਾ ਆਗੂ, ਵਰਕਰ ਅਤੇ ਸਮਰਥਕ ਵੀ ਹਾਜਰ ਸਨ।

# ਵਿਸ਼ਵ ਹਾਈਪਰਟੈਂਸ਼ਨ ਦਿਵਸ ਮੌਕੇ ਕਰਵਾਇਆ ਸੈਮੀਨਾਰ

**ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਸਿਵਲ ਸਰਜਨ ਰੂਪਨਗਰ ਡਾ. ਰਮਨ ਕੁਮਾਰ ਗੁਪਤਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਵਿਸ਼ਵ ਹਾਈਪਰਟੈਂਸ਼ਨ ਦਿਵਸ ਦੇ ਸਬੰਧ ਵਿੱਚ ਸਿਹਤ ਵਿਭਾਗ



ਆਨੰਦਪੁਰ ਸਾਹਿਬ ਵਿਖੇ ਉੱਚ ਰਕਤ ਚਾਪ (ਹਾਈਪਰਟੈਂਸ਼ਨ) ਸੰਬੰਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।ਇਹ ਸੈਮੀਨਾਰ ਡਾ. ਹਰਿੰਦਰ ਸਿੰਘ, ਸੀਨੀਅਰ ਮੈਡੀਕਲ ਅਫ਼ਸਰ, ਆਨੰਦਪੁਰ ਸਾਹਿਬ ਦੀ ਅਗਵਾਈ ਹੇਠ ਕਰਵਾਇਆ ਗਿਆ ਜਿਸ ਵਿੱਚ ਸਮੂਹ ਸਟਾਫ਼, ਇਲਾਕੇ ਦੇ ਲੋਕਾਂ ਨੇ ਭਾਗ ਲਿਆ।ਸੈਮੀਨਾਰ ਨੂੰ ਸੰਬੋਧਨ ਕਰਦਿਆਂ ਡਾ. ਰਣਵੀਰ ਸਿੰਘ, ਐੱਮ ਡੀ ਮੈਡੀਸਨ ਨੇ ਦੱਸਿਆ ਕਿ ਵਿਸ਼ਵ ਸਿਹਤ ਸੰਗਠਨ ਅਨੁਸਾਰ ਦੁਨੀਆਂ ਵਿੱਚ ਹਰ 4 ਵਿਅਕਤੀਆਂ ਵਿੱਚੋਂ 1 ਵਿਅਕਤੀ ਉੱਚ ਰਕਤ ਚਾਪ ਤੋਂ ਪੀੜਤ ਹੈ। ਭਾਰਤ ਵਿੱਚ ਇਹ ਗਿਣਤੀ ਬਹੁਤ ਤੇਜ਼ੀ ਨਾਲ ਵੱਧ ਰਹੀ ਹੈ। ਹਾਈਪਰਟੈਂਸ਼ਨ ਨੂੰ 'ਸਾਈਲੈਂਟ ਕਿਲਰ' ਕਿਹਾ ਜਾਂਦਾ ਹੈ ਕਿਉਂਕਿ ਸ਼ੁਰੂ ਵਿੱਚ ਇਸ ਦੇ ਕੋਈ ਲੱਛਣ ਨਜ਼ਰ ਨਹੀਂ ਆਉਂਦੇ। ਜਦੋਂ ਤੱਕ ਪਤਾ ਲੱਗਦਾ ਹੈ, ਉਦੋਂ ਤੱਕ ਇਹ ਦਿਲ ਦਾ ਦੌਰਾ, ਬ੍ਰੇਨ ਸਟ੍ਰੋਕ ਅਤੇ ਗੁਰਦੇ ਫੇਲ੍ਹ ਹੋਣ ਦਾ ਕਾਰਨ ਬਣ ਚੁੱਕੀ ਹੁੰਦੀ ਹੈ।ਡਾ. ਰਣਵੀਰ ਸਿੰਘ ਨੇ ਅੱਗੇ ਦੱਸਿਆ ਕਿ ਬਲੱਡ ਪ੍ਰੈਸ਼ਰ ਦਾ ਆਮ ਪੱਧਰ 120/80 ਹੁੰਦਾ ਹੈ। ਜੇਕਰ ਇਹ ਲਗਾਤਾਰ 140/90 ਜਾਂ ਇਸ ਤੋਂ ਵੱਧ ਰਹੇ ਤਾਂ ਤੁਸੀਂ ਹਾਈਪਰਟੈਂਸ਼ਨ ਦੇ ਮਰੀਜ਼ ਹੋ। ਮੋਟਾਪਾ, ਨਮਕ ਦੀ ਵੱਧ ਵਰਤੋਂ, ਸਰੀਰਕ ਕਸਰਤ ਦੀ ਘਾਟ, ਤਣਾਅ, ਸ਼ਰਾਬ ਤੇ ਤੰਬਾਕੂ ਦਾ ਸੇਵਨ ਇਸ ਦੇ ਮੁੱਖ ਕਾਰਨ ਹਨ। 30 ਸਾਲ ਦੀ ਉਮਰ ਤੋਂ ਬਾਅਦ ਹਰ ਵਿਅਕਤੀ ਨੂੰ ਸਾਲ ਵਿੱਚ ਘੱਟੋ-ਘੱਟ ਦੋ ਵਾਰ ਬੀ.ਪੀ. ਜ਼ਰੂਰ ਚੈੱਕ ਕਰਵਾਉਣਾ ਚਾਹੀਦਾ ਹੈ।

# ਜੱਸੀ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ



**ਬੰਗਾ (ਅਵਤਾਰ ਕਲੇਰ)**

ਧੰਨ ਧੰਨ ਬਾਬਾ ਫਤਿਹ ਚੰਦ ਜੱਸੀ ਦੇ ਅਸਥਾਨ ਜੱਸੀ ਜਠੇਰੇ ਕੁਲਥਮ ਵਿਖੇ 51ਵਾਂ ਸਲਾਨਾ ਜੋੜ ਮੇਲਾ ਸ਼ਾਨੋ ਸ਼ੌਕਤ ਨਾਲ ਸਮਾਪਤ ਹੋਇਆ। ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਬਾਣੀ ਦੇ ਭੋਗ ਉਪਰੰਤ ਸਰਬੱਤ ਦੇ ਭਲੇ ਅਤੇ ਜੱਸੀ ਪਰਵਾਰਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਉਪਰੰਤ ਧਾਰਮਿਕ ਦੀਵਾਨ ਸਜਾਇਆ ਗਿਆ। ਜਿਸ ਵਿਚ ਗਾਇਕ ਜੋੜੀ ਬਲਵਿੰਦਰ ਬਿੰਦਾ ਅਤੇ ਜੈਸਮੀਨ ਖਾਨ ਤੋਂ ਇਲਾਵਾ ਗਾਇਕਾ ਬਲਬੀਰ ਰਾਗਨੀ ਨੇ ਧਾਰਮਿਕ ਅਤੇ ਸੱਭਿਆਚਾਰ ਗੀਤਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਜੱਸੀ ਜਠੇਰੇ ਪ੍ਰਬੰਧਕ ਕਮੇਟੀ ਦੇ ਕਾਰਜਕਾਰੀ ਪ੍ਰਧਾਨ ਚਮਨ ਲਾਲ ਜੱਸੀ, ਦੇਸਰਾਜ ਜੱਸੀ ਜਲੰਧਰ, ਕਰਨੈਲ ਚੰਦ ਇੰਦਣਾ ਕਲਾਸਕੇ, ਹੰਸਰਾਜ ਤੱਲ੍ਹਣ, ਮਝੈਲ ਰਾਮ ਸੰਘਵਾਲ ਨੇ ਸਮੂਹ ਜੱਸੀ ਪਰਵਾਰਾਂ ਨੂੰ ਸਲਾਨਾ ਜੋੜ ਮੇਲੇ ਦੀ ਵਧਾਈ ਦਿੱਤੀ। ਉਹਨਾਂ ਜਠੇਰਿਆਂ ਦੇ ਨਾਲ ਪਰਵਾਰ ਦੇ ਬਜ਼ੁਰਗ ਮੈਂਬਰਾਂ ਨੂੰ ਵੀ ਸਤਿਕਾਰ ਦੇਣ ਦਾ ਸੁਨੇਹਾ ਦਿੱਤਾ। ਸਟੇਜ ਦੀ ਸੇਵਾ ਆਰ.ਐਲ. ਜੱਸੀ ਨੇ ਨਿਭਾਈ। ਜੱਸੀ ਸਮਾਜ ਦੇ ਬੁੱਧੀਜੀਵੀ, ਪਤਵੰਤਿਆਂ, ਲੇਖਕਾਂ, ਪੱਤਰਕਾਰਾਂ, ਸਮੂਹ ਸੇਵਾਦਾਰਾਂ ਤੇ ਦਾਨੀਆਂ ਦਾ ਵੀ ਸਨਮਾਨ ਕੀਤਾ ਗਿਆ। ਕਿਤਾਬਾਂ ਦੇ ਸਟਾਲ ਵੀ ਲਗਾਏ ਗਏ। ਇਸ ਮੌਕੇ ਰਵੀ ਕੁਮਾਰ ਜਲੰਧਰ, ਵਿਪਨ ਕੁਮਾਰ ਬਿੱਟੂ, ਗੋਬਿੰਦ ਲਾਲ ਜੱਸੀ ਤੱਲ੍ਹਣ, ਨਿਰਵੈਰ ਕਪੂਰਥਲਾ, ਨਰਿੰਦਰ ਸਿੰਘ ਚੰਡੀਗੜ੍ਹ, ਦੇਵ ਪ੍ਰਕਾਸ਼ ਤੱਲ੍ਹਣ, ਸਤਨਾਮ ਇੰਦਣਾਂ ਕਲਾਸਕੇ, ਰਾਮ ਲਾਲ ਜਲੰਧਰ, ਪ੍ਰਿੰਸੀਪਲ ਗਿਆਨ ਚੰਦ, ਬਖਸ਼ੀਸ਼ ਜੱਸੀ, ਦੇਸ ਰਾਜ ਰੰਧਾਵਾ ਬਰੋਟਾ, ਜਸਪਾਲ ਸੇਮੀ, ਮਨੀਸ਼ ਤੱਲ੍ਹਣ, ਰਿਟਾ. ਐਸ.ਪੀ. ਸਰਬਜੀਤ ਰਾਏ ਸਮੇਤ ਵੱਡੀ ਗਿਣਤੀ 'ਚ ਜੱਸੀ ਪਰਵਾਰਾਂ ਨੇ ਹਾਜਰੀ ਲਗਵਾਈ । ਠੰਢੇ ਜਲ, ਚਾਹ ਪਕੌੜੇ ਅਤੇ ਲੰਗਰ ਦੀ ਸੇਵਾ ਅਤੁੱਟ ਵਰਤਾਈ ਗਈ।

# ਹਾਰ ਦੇ ਡਰੋਂ ਚੋਣਾਂ ਲੁੱਟਣ ਦੀ ਤਿਆਰੀ 'ਚ 'ਆਪ' ਸਰਕਾਰ : ਵਰਿੰਦਰ ਬਾਜਵਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪੰਜਾਬ ਵਿੱਚ ਲੋਕਾਂ ਦਾ ਵਿਸ਼ਵਾਸ ਗੁਆ ਚੁੱਕੀ ਆਮ ਆਦਮੀ ਪਾਰਟੀ ਦੀ ਸਰਕਾਰ ਹੁਣ ਆਪਣੀ ਸਾਖ ਬਚਾਉਣ ਲਈ ਨਗਰ ਨਿਗਮ ਚੋਣਾਂ ਲੋਕਤਾਂਤ੍ਰਿਕ ਢੰਗ ਨਾਲ ਲੜਨ ਦੀ ਬਜਾਏ ਧੱਕੇਸ਼ਾਹੀ ਨਾਲ ਲੁੱਟਣ ਦੀ ਤਿਆਰੀ ਕਰ ਰਹੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਰਾਜ ਸਭਾ ਮੈਂਬਰ ਵਰਿੰਦਰ ਸਿੰਘ ਬਾਜਵਾ ਨੇ ਹੁਸ਼ਿਆਰਪੁਰ ਨਗਰ ਨਿਗਮ ਚੋਣਾਂ ਸਬੰਧੀ ਸ਼੍ਰੋਮਣੀ ਅਕਾਲੀ ਦਲ ਦੇ ਸੰਭਾਵੀ ਉਮੀਦਵਾਰਾਂ ਦੀ ਇੱਕ ਅਹਿਮ ਬੈਠਕ ਨੂੰ ਸੰਬੋਧਨ ਕਰਦਿਆਂ ਕੀਤਾ।ਵਰਿੰਦਰ ਬਾਜਵਾ ਨੇ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧਦਿਆਂ ਕਿਹਾ ਕਿ ਇਹ ਸੂਬੇ ਦੀ ਪਹਿਲੀ ਅਜਿਹੀ ਸਰਕਾਰ ਹੈ ਜਿਸ ਨੇ ਲੋਕਤੰਤਰੀ ਕਦਰਾਂ-ਕੀਮਤਾਂ ਦਾ ਸ਼ਰੇਆਮ ਘਾਣ ਕੀਤਾ ਹੈ।ਬੈਠਕ ਦੀ ਪ੍ਰਧਾਨਗੀ ਕਰ ਰਹੇ ਜ਼ਿਲ੍ਹਾ ਪ੍ਰਧਾਨ (ਸ਼ਹਿਰੀ) ਜਤਿੰਦਰ ਸਿੰਘ ਲਾਲੀ ਬਾਜਵਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਸਰਕਾਰ ਦੀ ਹਰ ਵਧੀਕੀ ਅਤੇ ਧੱਕੇਸ਼ਾਹੀ ਦਾ ਮੂੰਹ-ਤੋੜ ਜਵਾਬ ਦੇਵੇਗਾ। ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੀਆਂ ਚੋਣਾਂ ਵਿੱਚ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਨੂੰ ਬੁਰੀ ਤਰ੍ਹਾਂ ਨਕਾਰ ਦੇਣਗੇ।ਹਲਕਾ ਇੰਚਾਰਜ ਸੰਜੀਵ ਤਲਵਾੜ ਨੇ ਸੰਭਾਵੀ ਉਮੀਦਵਾਰਾਂ ਨੂੰ ਸ਼ੁੱਭਕਾਮਨਾਵਾਂ ਦਿੰਦਿਆਂ ਕਿਹਾ ਕਿ ਵਰਕਰਾਂ ਦਾ ਹੌਸਲਾ ਹੀ ਜਿੱਤ ਦੀ ਪਹਿਲੀ ਪੌੜੀ ਹੁੰਦਾ ਹੈ। ਉਨ੍ਹਾਂ ਅਪੀਲ ਕੀਤੀ ਕਿ ਹਰ ਉਮੀਦਵਾਰ ਘਰ-ਘਰ ਜਾ ਕੇ ਲੋਕਾਂ ਨਾਲ ਰਾਬਤਾ ਕਾਇਮ ਕਰੇ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਲ ਦੌਰਾਨ ਹੋਏ ਵਿਕਾਸ ਕਾਰਜਾਂ ਨੂੰ ਲੋਕਾਂ ਤੱਕ ਪਹੁੰਚਾਇਆ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰੇਮ ਸਿੰਘ (ਜ਼ਿਲ੍ਹਾ ਪ੍ਰਧਾਨ,





ਅਨੁਸੂਚਿਤ ਜਾਤੀ ਮੋਰਚਾ), ਸੰਤੋਖ ਸਿੰਘ ਔਜਲਾ (ਜ਼ਿਲ੍ਹਾ ਪ੍ਰਧਾਨ, ਵਪਾਰ ਸੈੱਲ), ਵਰਿੰਦਰ ਸਿੰਘ ਪਰਮਾਰ (ਜ਼ਿਲ੍ਹਾ ਜਨਰਲ ਸਕੱਤਰ), ਹਰਜੀ ਬਾਜਵਾ (ਇੰਚਾਰਜ, ਲੋਕ ਸਭਾ ਯੂਥ ਵਿੰਗ), ਬਿਕਰਮਜੀਤ ਸਿੰਘ ਕਲਸੀ, ਨੀਤੀ ਤਲਵਾੜ, ਸੰਜੀਵ ਥਾਪਰ, ਲਵਲੀ ਪਹਿਲਵਾਨ ਅਤੇ ਵੇਦ ਪ੍ਰਕਾਸ਼ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਨਸ਼ਾ ਤਸਕਰ ਵੱਲੋਂ ਗੈਰ-ਕਾਨੂੰਨੀ ਤਰੀਕੇ ਨਾਲ ਬਣਾਈ ਇਮਾਰਤ 'ਤੇ ਚੱਲਿਆ ਬੁਲਡੋਜ਼ਰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ/ਪਰਮਜੀਤ, ਕੁੱਲਭੂਸ਼ਨ ਚਾਵਲਾ)** ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਲਗਾਤਾਰ ਜਾਰੀ ਹੈ।ਇਸੇ ਲੜੀ ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਇੱਕ ਨਸ਼ਾ ਤਸਕਰ ਵੱਲੋਂ ਗੈਰ-ਕਾਨੂੰਨੀ ਤਰੀਕੇ ਨਾਲ ਬਣਾਈ ਗਈ ਇਮਾਰਤ ਨੂੰ ਢਾਹਿਆ ਗਿਆ।ਇਸ ਮੌਕੇ ਸਿਵਲ ਪ੍ਰਸ਼ਾਸਨ ਵੱਲੋਂ ਨਾਇਬ ਤਹਿਸੀਲਦਾਰ ਅਰਸ਼ਪ੍ਰੀਤ ਕੌਰ ਨੇ ਦੱਸਿਆ ਕਿ ਪੁਲਸ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਅਧੀਨ ਪੈਂਦੇ ਪਿੰਡ ਅਟਾਰੀ ਵਿੱਚ ਚਰਨਜੀਤ ਕੌਰ ਉਰਫ ਮਨੂ ਪਤਨੀ ਭੁਪਿੰਦਰ ਸਿੰਘ ਉਰਫ ਭਿੰਦਾ ਵੱਲੋਂ ਗੈਰ-ਕਾਨੂੰਨੀ ਤਰੀਕੇ ਨਾਲ ਇੱਕ ਇਮਾਰਤ ਬਣਾਈ ਗਈ ਸੀ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਸਮਰੱਥ ਅਥਾਰਟੀ ਤੋਂ ਇਮਾਰਤ ਢਾਹੁਣ ਲਈ ਹਦਾਇਤਾਂ ਪ੍ਰਾਪਤ ਕੀਤੀਆਂ ਗਈਆਂ ਸਨ ਤੇ ਅਮਨ-ਕਾਨੂੰਨ ਦੀ ਸਥਿਤੀ ਬਣਾਈ ਰੱਖਣ ਲਈ ਪੁਲਸ ਵਿਭਾਗ ਤੋਂ ਸਹਿਯੋਗ ਲਿਆ ਗਿਆ।ਉਨ੍ਹਾਂ ਕਿਹਾ ਕਿ ਪੂਰੀ ਕਾਨੂੰਨੀ ਪ੍ਰਕਿਰਿਆ ਦੀ ਪਾਲਣਾ ਕਰਦਿਆਂ ਅੱਜ ਇਸ ਗੈਰ-ਕਾਨੂੰਨੀ ਇਮਾਰਤ ਨੂੰ ਢਾਹ ਦਿੱਤਾ ਗਿਆ।ਇਸ ਮੌਕੇ ਮਨਮੀਤ ਸਿੰਘ ਢਿੱਲੋਂ ਐੱਸ ਪੀ (ਡੀ) ਨੇ ਦੱਸਿਆ ਕਿ ਚਰਨਜੀਤ ਕੌਰ ਉਰਫ ਮਨੂ ਪਤਨੀ ਭੁਪਿੰਦਰ ਸਿੰਘ ਉਰਫ ਭਿੰਦਾ ਖ਼ਿਲਾਫ਼ ਨਸ਼ਾ ਤਸਕਰੀ ਨਾਲ ਸਬੰਧਤ 5 ਮੁਕੱਦਮੇ ਦਰਜ ਹਨ।ਸ੍ਰੀ ਮਨਮੀਤ ਸਿੰਘ ਢਿੱਲੋਂ ਐੱਸ ਪੀ (ਡੀ) ਨੇ ਦੱਸਿਆ ਕਿ ਸ੍ਰੀ ਅਭਿਮੰਨਿਊ ਰਾਣਾ ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਦੀਆਂ ਹਦਾਇਤਾਂ ਅਤੇ ਪੰਜਾਬ ਸਰਕਾਰ ਤੇ ਡੀ.ਜੀ.ਪੀ. ਪੰਜਾਬ ਦੇ ਨਿਰਦੇਸ਼ਾਂ ਅਨੁਸਾਰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜ਼ਿਲ੍ਹੇ ਵਿੱਚ ਵਿਆਪਕ ਪੱਧਰ 'ਤੇ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਜੋ ਕੋਈ ਵੀ ਨਸ਼ੇ ਵੇਚ ਕੇ ਜਾਇਦਾਦ ਬਣਾਏਗਾ, ਉਸ ਦੀ ਜਾਇਦਾਦ ਨੂੰ ਕੰਪੀਟੈਂਟ ਅਥਾਰਟੀ ਦਿੱਲੀ ਰਾਹੀਂ ਅਟੈਚ ਕਰਵਾਇਆ ਜਾਵੇਗਾ।ਇਸ ਮੌਕੇ ਸ੍ਰੀ ਬਚਨ ਸਿੰਘ ਡੀ.ਐੱਸ.ਪੀ. (ਸ੍ਰੀ ਮੁਕਤਸਰ ਸਾਹਿਬ), ਇੰਸਪੈਕਟਰ ਰਾਜਵੀਰ ਸਿੰਘ ਮੁੱਖ ਅਫ਼ਸਰ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ, ਬੀ.ਡੀ.ਪੀ.ਓ. ਬੋਹੜ ਸਿੰਘ ਤੇ ਸਿਵਲ ਪ੍ਰਸ਼ਾਸਨ ਦੇ ਅਧਿਕਾਰੀ ਵੀ ਹਾਜ਼ਰ ਸਨ।



# ਪਾਰਟੀ ਵੱਲੋਂ ਲਗਾਈ ਡਿਊਟੀ ਨੂੰ ਬਾਖ਼ੂਬੀ ਨਿਭਾਵਾਂਗਾ : ਗਿੱਲ ਬੇਰ ਕਲਾਂ

**ਦੋਰਾਹਾ (ਹਰਮਿੰਦਰ ਸੇਠ)**- ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਕਿਹਾ ਕਿ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਵੱਲੋਂ ਨਗਰ ਕੌਂਸਲ ਪਾਇਲ ਦੀਆਂ ਹੋ ਰਹੀਆਂ ਚੋਣਾਂ ਵਿੱਚ ਵਾਰਡ ਨੰਬਰ 1 ਤੇ ਵਾਰਡ ਨੰਬਰ 2 ਵਿੱਚ ਲਾਈ ਡਿਊਟੀ ਨੂੰ ਪੂਰੀ ਲਗਨ ਤੇ ਮਿਹਨਤ ਨਾਲ ਬਲਾਕ ਕਾਂਗਰਸ ਮਲੌਦ ਦੀ ਸਮੁੱਚੀ ਟੀਮ ਨਾਲ ਨਿਭਾਉਣਗੇ।ਉਨ੍ਹਾ ਕਿਹਾ ਕਿ ਵਾਰਡ ਨੰਬਰ 1 ਤੇ ਵਾਰਡ ਨੰਬਰ 2 ਤੋਂ ਕਾਂਗਰਸ ਪਾਰਟੀ ਦੀ ਚੋਣ ਲੜ ਰਹੇ ਉਮੀਦਵਾਰਾਂ ਦੀ ਚੋਣ ਮੁਹਿੰਮ ਨੂੰ ਯੋਜਨਾਬੱਧ ਢੰਗ ਨਾਲ ਚਲਾਇਆ ਜਾਵੇਗਾ ਅਤੇ ਘਰ ਘਰ ਤੱਕ ਪਹੁੰਚ ਕਰਕੇ ਕਾਂਗਰਸ ਪਾਰਟੀ ਦੇ ਕੀਤੇ ਕੰਮਾਂ ਬਾਰੇ ਦੱਸਿਆ ਜਾਵੇਗਾ ਅਤੇ ਆਮ ਆਦਮੀ ਪਾਰਟੀ ਦੀਆਂ ਮਾੜੀਆਂ ਨੀਤੀਆਂ ਨੂੰ ਲੋਕਾਂ ਵਿੱਚ ਲੈ ਕੇ ਜਾਵਾਂਗੇ। ਪ੍ਰਧਾਨ ਗਿੱਲ ਬੇਰਕਲਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਵਿੱਚ ਸਰਕਾਰੀ ਮੁਲਾਜ਼ਮਾਂ ਨੇ ਅਹਿਮ ਯੋਗਦਾਨ ਪਾਇਆ ਸੀ, ਪਰ ਮਾਸਟਰ ਮਹਿੰਦਰ ਸਿੰਘ ਦੇ ਲੜਕੇ ਮੁੱਖ ਮੰਤਰੀ ਭਗਵੰਤ ਮਾਨ ਨੇ ਉਨ੍ਹਾਂ ਦੀ ਸੜਕਾਂ 'ਤੇ ਜੋ ਖਿੱਚ-ਧੂਹ ਕੀਤੀ, ਉਸ ਦੀ ਕਿਧਰੇ ਹੋਰ ਮਿਸਾਲ ਵੇਖਣ ਨੂੰ ਨਹੀਂ ਮਿਲਦੀ। ਹਰ ਵਰਗ ਆਮ ਆਦਮੀ ਪਾਰਟੀ ਤੋਂ ਦੁਖੀ ਹੋਇਆ ਇਨ੍ਹਾਂ ਨੂੰ ਚੱਲਦਾ ਕਰਨ ਲਈ ਉਤਾਵਲਾ ਹੈ।



# ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਫਿਰੋਜ਼ਪੁਰ ਵਿਖੇ ਮੁੱਖ ਦਫਤਰ ਦਾ ਕੀਤਾ ਉਦਘਾਟਨ

**ਫਿਰੋਜ਼ਪੁਰ (ਗੁਰਬਚਨ ਸਿੰਘ)** : ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਫਿਰੋਜ਼ਪੁਰ ਵਿਖੇ ਮੁੱਖ ਦਫਤਰ ਦਾ ਉਦਘਾਟਨ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਪਾਰਟੀ ਦਾ ਮੁੱਖ ਦਫਤਰ ਜੀ ਟੀ ਰੋਡ ਫਿਰੋਜ਼ਪੁਰ ਕੈਂਟ (ਨਜ਼ਦੀਕ ਟਰੱਕ ਯੂਨੀਅਨ) ਵਿਖੇ ਸਥਾਪਤ ਕੀਤਾ ਗਿਆ ਹੈ। ਇਸ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਓਟ ਆਸਰਾ ਲੈਣ ਲਈ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕੀਤਾ ਗਿਆ ਤੇ ਗੁਰੂ ਸਾਹਿਬ ਜੀ ਅੱਗੇ ਅਰਦਾਸ ਬੇਨਤੀ ਕੀਤੀ ਗਈ।ਇਸ ਸ਼ੁਭ ਅਵਸਰ 'ਤੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਬੇਨਤੀ ਕੀਤੀ ਕਿ ਪੰਥ ਤੇ ਪੰਜਾਬ ਦੇ ਹਿੱਤਾਂ ਦੀ ਰਾਖੀ ਲਈ ਖੇਤਰੀ ਰਾਜਸੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੂੰ ਮਜ਼ਬੂਤ ਕੀਤਾ ਜਾਵੇ।ਸੰਗਤਾਂ ਆਪਣੇ ਇਲਾਕਿਆਂ ਵਿੱਚ ਯੋਗ ਸ਼ਖਸੀਅਤਾਂ ਨੂੰ ਅੱਗੇ ਲੈ ਕੇ ਆਉਣ ਤਾਂ ਜੋ ਲੋਕਾਂ ਦੀ ਸਹੀ ਨੁਮਾਇੰਦਗੀ ਕੀਤੀ ਜਾ ਸਕੇ।ਇਸ ਮੌਕੇ ਉਨ੍ਹਾਂ ਦੇ ਨਿੱਜੀ ਸਹਾਇਕ ਪ੍ਰਮਪਾਲ ਸਿੰਘ ਸਭਰਾ ਨੇ ਕਿਹਾ ਕਿ ਫਿਰੋਜ਼ਪੁਰ ਦੀ ਧਰਤੀ ਸਭਰਾ, ਫਿਰੋਜ਼ਸ਼ਾਹ ਤੇ ਮੁੱਦਕੀ ਦੀ ਜੰਗ ਵਿੱਚ ਅੰਗਰੇਜ਼ਾਂ ਨੇ ਸਿੱਖਾਂ ਨੂੰ ਹਰਾਇਆ ਸੀ, ਇਸ ਲਈ ਫਿਰੋਜ਼ਪੁਰ ਤੋਂ ਹੀ ਜਿੱਤ ਦਾ ਝੰਡਾ ਲਹਿਰਾਉਣਾ ਬਹੁਤ ਜ਼ਰੂਰੀ ਹੈ।ਇਸ ਮੌਕੇ ਜਸਬੀਰ ਸਿੰਘ ਭੁੱਲਰ ਜਥੇਦਾਰ ਹਲਕਾ ਫਿਰੋਜ਼ਪੁਰ ਸ਼ਹਿਰੀ, ਡਾਕਟਰ ਮੋਹਨ ਸਿੰਘ ਜਥੇਦਾਰ ਹਲਕਾ ਦਿਹਾਤੀ ਨੇ ਸੰਗਤਾਂ ਨੂੰ ਸੰਬੋਧਨ ਕੀਤਾ।ਉਨ੍ਹਾਂ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਜ਼ੁਲਮ ਦੇ ਵਿਰੁੱਧ ਹੈ ਅਤੇ ਜਿਸ ਨਾਲ ਕੋਈ ਬੇਇਨਸਾਫ਼ੀ ਹੋਵੇਗੀ, ਉਸ ਨਾਲ ਡੱਟ ਕੇ ਖੜ੍ਹੇਗਾ।ਅਖ਼ੀਰ ਵਿੱਚ ਡਾਕਟਰ ਮੁਖਤਿਆਰ ਸਿੰਘ ਭੁੱਲਰ ਨੇ ਆਈਆਂ ਹੋਈਆਂ ਸੰਗਤਾਂ ਤੇ ਗੁਰੂ ਸਾਹਿਬ ਦਾ ਧੰਨਵਾਦ ਕਰਦਿਆਂ ਬੇਨਤੀ ਕੀਤੀ ਕਿ ਪੰਥ ਤੇ ਪੰਜਾਬ ਦੀ ਸੇਵਾ ਕਰਨ ਲਈ ਗੁਰੂ ਸਾਹਿਬ ਬਲ ਤੇ ਬੁੱਧੀ ਬਖ਼ਸ਼ਣ।ਇਸ ਮੌਕੇ ਮੈਨੇਜਰ ਜਸਪਾਲ ਸਿੰਘ ਖਾਲਸਾ, ਬਲਜਿੰਦਰ ਸਿੰਘ ਮੈਨੇਜਰ, ਕਿਰਨਦੀਪ ਸਿੰਘ ਪੱਲ੍ਹਾ, ਜਰਨੈਲ ਸਿੰਘ ਧੀਰਾ ਪੱਤਰਾਂ, ਜਥੇਦਾਰ ਗੁਰਦੀਪ ਸਿੰਘ, ਕੁਲਵੰਤ ਸਿੰਘ ਸੈਦੇਕੇ ਰੁਹੇਲਾ, ਬਲਵਿੰਦਰ ਸਿੰਘ ਥਿੰਦ ਆਦਿ ਹਾਜ਼ਰ ਸਨ।ਇਸ ਮੌਕੇ ਮਾਨ ਸਿੰਘ ਕਿਲੀ, ਜਸਬੀਰ ਸਿੰਘ ਭੁੱਲਰ, ਜਰਨੈਲ ਸਿੰਘ ਗੁਦੜਢੰਡੀ, ਸੁਖਚੈਨ ਸਿੰਘ ਹਾਮਦ ਮੈਂਬਰ, ਗੁਰਪਿੰਦਰ ਸਿੰਘ ਲੱਖੋ ਕੇ, ਅਮਰੀਕ ਸਿੰਘ ਫੌਜੀ, ਹੰਸਾ ਸਿੰਘ ਹਾਮਦ, ਗੁਰਪ੍ਰੀਤ ਸਿੰਘ, ਰਮਨਪ੍ਰੀਤ ਸਿੰਘ ਹਾਮਦ, ਨਰਿੰਦਰ ਸਿੰਘ ਲੱਖੋ ਕੇ, ਬਲਜਿੰਦਰ ਸਿੰਘ, ਜਸਪਾਲ ਸਿੰਘ, ਵਿਰਸਾ ਸਿੰਘ ਹਾਮਦ ਗੁਰੂਹਰਸਹਾਏ ਸਵ. ਅਨੋਖ ਸਿੰਘ ਨਿੱਝਰ ਦੇ ਪੋਤਰੇ ਕਰਨ ਢਿੱਲੋਂ ਦੇ ਘਰ ਪਹੁੰਚੇ, ਜਿੱਥੇ ਢਿੱਲੋਂ ਪਰਵਾਰ ਵੱਲੋਂ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਦਾ ਭਰਵਾਂ ਸਵਾਗਤ ਕਰਦਿਆਂ ਜੀ ਆਇਆਂ ਕਿਹਾ।ਇਸ ਮੌਕੇ ਪ੍ਰਗਟ ਸਾਹਿਬ ਮੀਤ ਪ੍ਰਧਾਨ ਪੰਜਾਬ ਜਥੇਦਾਰ ਹਰਦੇਵ ਸਿੰਘ ਹਾਮਦ ਦੀ ਪ੍ਰਧਾਨਗੀ ਹੇਠ ਗੁਰੂ ਹਰਸਹਾਏ ਭਰਵੀਂ ਮੀਟਿੰਗ ਕੀਤੀ, ਜਿਸ ਵਿੱਚ ਭਾਈ ਪਰਮਪਾਲ ਸਿੰਘ ਸਭਰਾ ਜਥੇਦਾਰ ਸਵਰਨ ਸਿੰਘ ਚੱਕ ਬੁੱਢੇਸ਼ਾਹ ਸਾਬਕਾ ਸਰਪੰਚ, ਪ੍ਰੇਮ ਸਿੰਘ ਸੀਨੀਅਰ ਆਗੂ ਮੁਖਤਿਆਰ ਸਿੰਘ ਭੁੱਲਰ ਹਾਜ਼ਰ ਸਨ।



# ਮਧੇਕੇ 'ਚ ਅਕਾਲੀ ਦਲ ਨੂੰ ਝਟਕਾ, 10 ਪਰਵਾਰ ਆਪ 'ਚ ਸ਼ਾਮਲ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**- ਹਲਕਾ ਨਿਹਾਲ ਸਿੰਘ ਵਾਲਾ ਦੇ ਪਿੰਡ ਮਧੇਕੇ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਸਿਆਸੀ ਝਟਕਾ ਲੱਗਿਆ, ਜਦੋਂ ਪਿੰਡ ਦੇ 10 ਪਰਵਾਰਾਂ ਨੇ ਪਾਰਟੀ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਇਹ ਪਰਿਵਾਰ ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਦੀ ਅਗਵਾਈ ਹੇਠ ਆਪ ਵਿੱਚ ਸ਼ਾਮਲ ਹੋਏ।ਇਸ ਮੌਕੇ ਵਿਧਾਇਕ ਨੇ ਨਵੇਂ ਸ਼ਾਮਲ ਹੋਏ ਪਰਵਾਰਾਂ ਦਾ ਸਨਮਾਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੇ ਵਿਕਾਸ ਕਾਰਜਾਂ ਕਾਰਨ ਲੋਕਾਂ ਦਾ ਵਿਸ਼ਵਾਸ ਆਮ ਆਦਮੀ ਪਾਰਟੀ ਵੱਲ ਵਧ ਰਿਹਾ ਹੈ।ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਵਰਕਰ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਤੇ ਇਲਾਕੇ ਦੇ ਵਿਕਾਸ ਲਈ ਮਿਲ ਕੇ ਕੰਮ ਕੀਤਾ ਜਾਵੇਗਾ।

ਆਪ ਵਿੱਚ ਸ਼ਾਮਲ ਹੋਏ ਪਰਵਾਰਾਂ ਨੇ ਕਿਹਾ ਕਿ ਉਹ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ ਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਸੋਚ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਨਾਲ ਜੁੜੇ ਹਨ।ਇਸ ਮੌਕੇ ਪਾਰਟੀ ਦੇ ਕਈ ਸਥਾਨਕ ਆਗੂ ਤੇ ਵਰਕਰ ਵੀ ਮੌਜੂਦ ਸਨ।

# ਪਾਣੀਆਂ ਦੇ ਮੁੱਦੇ 'ਤੇ ਸਾਰੀਆਂ ਪਾਰਟੀਆਂ ਇੱਕ ਮੰਚ 'ਤੇ ਇਕੱਠੀਆਂ ਹੋਣ : ਪੀਰ ਮੁਹੰਮਦ

**ਮੋਗਾ (ਇਕਬਾਲ ਸਿੰਘ ਖਹਿਰਾ)**- ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਮੀਤ ਪ੍ਰਧਾਨ ਤੇ ਮੁੱਖ ਬੁਲਾਰੇ ਸ੍ਰ. ਕਰਨੈਲ ਸਿੰਘ ਪੀਰ ਮੁਹੰਮਦ ਨੇ ਰਾਵੀ-ਬਿਆਸ ਜਲ ਟ੍ਰਿਬਿਊਨਲ ਵੱਲੋਂ ਹਰੀਕੇ ਹੈੱਡਵਰਕਸ ਤੇ ਲੂਥਰ ਪ੍ਰਣਾਲੀ ਦੇ ਕੀਤੇ ਗਏ ਜਾਇਜ਼ੇ ਤੋਂ ਬਾਅਦ ਪੰਜਾਬ ਦੇ ਦਰਿਆਈ ਪਾਣੀਆਂ ਦੀ ਵੰਡ ਦੇ ਗੰਭੀਰ ਮੁੱਦੇ 'ਤੇ ਇੱਕ ਅਹਿਮ ਜਾਣਕਾਰੀ ਦਿੰਦਿਆਂ ਦੱਸਿਆ ਟ੍ਰਿਬਿਊਨਲ ਪੰਜਾਬ ਦੇ ਪਾਣੀਆਂ ਦੀ ਵੰਡ ਦਾ ਕੋਈ ਸਦੀਵੀ ਤੇ ਇਨਸਾਫ਼-ਪਸੰਦ ਹੱਲ ਕੱਢ ਸਕੇਗਾ? ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਸੰਨ 1966 ਤੋਂ ਹੀ ਪੰਜਾਬ, ਹਰਿਆਣਾ ਤੇ ਰਾਜਸਥਾਨ ਵਿਚਾਲੇ ਇਹ ਰੇੜਕਾ ਲਗਾਤਾਰ ਚੱਲ ਰਿਹਾ ਹੈ, ਜਿਸ ਕਾਰਨ ਪੰਜਾਬ ਨਾਲ ਹਮੇਸ਼ਾ ਬੇਇਨਸਾਫ਼ੀ ਹੁੰਦੀ ਆਈ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅੱਜ ਦੀ ਮੌਜੂਦਾ ਸਥਿਤੀ ਮੁਤਾਬਕ ਪੰਜਾਬ ਕੋਲ ਕਿਸੇ ਦੂਜੇ ਸੂਬੇ ਨੂੰ ਦੇਣ ਲਈ ਵਾਧੂ ਪਾਣੀ ਦੀ ਇੱਕ ਬੂੰਦ ਵੀ ਨਹੀਂ ਹੈ। ਸ੍ਰ. ਪੀਰ ਮੁਹੰਮਦ ਨੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਖੁਦ ਨਹਿਰੀ ਪਾਣੀ ਦੀ ਭਾਰੀ ਕਿੱਲਤ ਨਾਲ ਜੂਝ ਰਿਹਾ ਹੈ, ਇਸ ਲਈ ਰਾਵੀ-ਬਿਆਸ ਤੇ ਸਤਲੁਜ ਦਰਿਆਵਾਂ ਵਿੱਚ ਪਾਣੀ ਦੀ ਅਸਲ ਉਪਲਬਧਤਾ ਦਾ ਅੱਜ ਦੇ ਸਮੇਂ ਮੁਤਾਬਕ ਮੁੜ-ਮੁਲਾਂਕਣ ਕੀਤਾ ਜਾਣਾ ਲਾਜ਼ਮੀ ਹੈ, ਕਿਉਂਕਿ ਪਹਿਲਾਂ ਦੇ ਮੁਕਾਬਲੇ ਦਰਿਆਵਾਂ ਵਿੱਚ ਪਾਣੀ ਦਾ ਵਹਾਅ ਬਹੁਤ ਘਟ ਚੁੱਕਾ ਹੈ।ਰਿਪੇਰੀਅਨ ਸਿਧਾਂਤਾਂ ਮੁਤਾਬਕ ਯਮੁਨਾ ਦੇ ਪਾਣੀਆਂ 'ਤੇ ਵੀ ਪੰਜਾਬ ਦਾ ਪੂਰਾ ਹੱਕ ਬਣਦਾ ਹੈ, ਜਿਸ ਦਾ ਜ਼ਿਕਰ ਪੰਜਾਬ ਪਹਿਲਾਂ ਵੀ ਕਈ ਵਾਰ ਕਰ ਚੁੱਕਾ ਹੈ।ਨਹਿਰੀ ਪਾਣੀ ਦੀ ਘਾਟ ਕਾਰਨ ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਦਾ ਪੱਧਰ ਲਗਾਤਾਰ ਖ਼ਤਰਨਾਕ ਹੱਦ ਤੱਕ ਹੇਠਾਂ ਜਾ ਰਿਹਾ ਹੈ, ਜਿਸ ਕਾਰਨ ਆਉਣ ਵਾਲੀਆਂ ਨਸਲਾਂ ਲਈ ਵੱਡਾ ਸੰਕਟ ਖੜ੍ਹਾ ਹੋ ਗਿਆ ਹੈ।ਇਸ ਦੇ ਨਾਲ ਹੀ ਉਨ੍ਹਾਂ ਇੱਕ ਹੋਰ ਵੱਡੇ ਮੁੱਦੇ ਵੱਲ ਧਿਆਨ ਦਿਵਾਉਂਦਿਆਂ ਦੱਸਿਆ ਕਿ ਪਾਕਿਸਤਾਨ ਦੇ ਕਸੂਰ ਜ਼ਿਲ੍ਹੇ ਦੇ ਚਮੜਾ ਉਦਯੋਗਾਂ ਦਾ ਜ਼ਹਿਰੀਲਾ ਤੇ ਗੰਦਾ ਪਾਣੀ ਸਾਡੇ ਸਤਲੁਜ ਦਰਿਆ ਨੂੰ ਦੂਸ਼ਿਤ ਕਰ ਰਿਹਾ ਹੈ, ਜੋ ਕਿ ਪੰਜਾਬ ਦੇ ਲੋਕਾਂ ਦੀ ਸਿਹਤ ਨਾਲ ਖਿਲਵਾੜ ਹੈ ਅਤੇ ਇਸ 'ਤੇ ਤੁਰੰਤ ਕੌਮਾਂਤਰੀ ਪੱਧਰ 'ਤੇ ਸਖ਼ਤ ਕਦਮ ਚੁੱਕੇ ਜਾਣੇ ਚਾਹੀਦੇ ਹਨ। ਅਕਾਲੀ ਆਗੂ ਨੇ ਪੰਜਾਬ ਹਿਤੈਸ਼ੀ ਧਿਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪਾਣੀਆਂ ਦਾ ਇਹ ਮੁੱਦਾ ਪੰਜਾਬ ਦੀ ਹੋਂਦ ਦੀ ਲੜਾਈ ਹੈ, ਇਸ ਲਈ ਇਸ ਅਹਿਮ ਮੁੱਦੇ 'ਤੇ ਸਿਆਸੀ ਰੋਟੀਆਂ ਸੇਕਣ ਦੀ ਬਜਾਏ ਪੰਜਾਬ ਦੀਆਂ ਸਾਰੀਆਂ ਰਾਜਨੀਤਕ ਪਾਰਟੀਆਂ ਨੂੰ ਸਾਰੇ ਮੱਤਭੇਦ ਭੁਲਾ ਕੇ ਇੱਕ ਮੰਚ 'ਤੇ ਇਕੱਠੇ ਹੋਣਾ ਚਾਹੀਦਾ ਹੈ ਤਾਂ ਜੋ ਕੇਂਦਰ ਸਰਕਾਰ ਅੱਗੇ ਪੰਜਾਬ ਦਾ ਪੱਖ ਮਜ਼ਬੂਤੀ ਨਾਲ ਰੱਖਿਆ ਜਾ ਸਕੇ। ਉਨ੍ਹਾਂ ਇਸ ਮਸਲੇ ਦੇ ਸਥਾਈ ਹੱਲ ਲਈ ਸੁਝਾਅ ਦਿੰਦਿਆਂ ਕਿਹਾ ਕਿ ਕਣਕ-ਝੋਨੇ ਦੇ ਰਵਾਇਤੀ ਫ਼ਸਲੀ ਚੱਕਰ ਨੂੰ ਖ਼ਤਮ ਕਰਨ ਲਈ ਸਰਕਾਰਾਂ ਵੱਲੋਂ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾਣ ਤੇ ਕਿਸਾਨਾਂ ਨੂੰ ਬਦਲਵੀਆਂ ਫ਼ਸਲਾਂ 'ਤੇ ਲਾਹੇਵੰਦ ਸਮਰਥਨ ਮੁੱਲ ਦੀ ਕਾਨੂੰਨੀ ਗਾਰੰਟੀ ਦਿੱਤੀ ਜਾਵੇ।ਸ੍ਰ. ਪੀਰ ਮੁਹੰਮਦ ਨੇ ਉਮੀਦ ਪ੍ਰਗਟਾਈ ਕਿ ਜੇਕਰ ਪੰਜਾਬ ਇੱਕਮੁੱਠ ਹੋ ਕੇ ਲੜੇਗਾ, ਤਾਂ ਹੀ ਸਾਡੇ ਦਰਿਆਵਾਂ ਤੇ ਆਉਣ ਵਾਲੀਆਂ ਪੀੜ੍ਹੀਆਂ ਦਾ ਭਵਿੱਖ ਸੁਰੱਖਿਅਤ ਰਹਿ ਸਕੇਗਾ।

● ਪਾਕਿਸਤਾਨੀ ਪ੍ਰਦੂਸ਼ਣ ਤੇ ਡਿੱਗ ਰਹੇ ਜ਼ਮੀਨੀ ਪਾਣੀ ਦੇ ਪੱਧਰ 'ਤੇ ਅਕਾਲੀ ਦਲ (ਪੁਨਰ ਸੁਰਜੀਤ) ਨੇ ਜਤਾਈ ਗੰਭੀਰ ਚਿੰਤਾ



# ਐਕਸਟਸੀ ਡਾਂਸ ਸਟੂਡੀਓ ਵੱਲੋਂ ਡਾਂਸ ਸ਼ੋਅਕੇਸ ਦਾ ਸਫਲ ਆਯੋਜਨ

**150 ਦੇ ਕਰੀਬ ਵਿਦਿਆਰਥੀਆਂ ਨੇ ਮੰਚ 'ਤੇ ਬਿਖੇਰੇ ਜਲਵੇ**

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਲੁਧਿਆਣਾ ਦੇ ਪ੍ਰਸਿੱਧ 'ਐਕਸਟਸੀ ਦ ਡਾਂਸ ਸਟੂਡੀਓ' ਵੱਲੋਂ ਆਪਣੇ ਸਾਲਾਨਾ ਇਨ-ਹਾਊਸ ਡਾਂਸ ਸ਼ੋਅਕੇਸ 'ਰਾਈਜ਼-2026' ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਕ ਘੰਟੇ ਦੇ ਇਸ ਵਿਸ਼ੇਸ਼ ਪ੍ਰੋਗਰਾਮ ਵਿੱਚ ਅਕੈਡਮੀ ਦੇ ਲਗਭਗ 150 ਨਿਯਮਤ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਸਮਾਗਮ ਦਾ ਮੁੱਖ ਉਦੇਸ਼ ਮਾਪਿਆਂ ਨੂੰ ਉਨ੍ਹਾਂ ਦੇ ਬੱਚਿਆਂ ਦੀ ਕਲਾਤਮਕ ਤਰੱਕੀ, ਸਖ਼ਤ ਮਿਹਨਤ ਤੇ ਨ੍ਰਿਤ ਪ੍ਰਤੀ ਵਧਦੇ ਜਨੂੰਨ ਦੀ ਇੱਕ ਝਲਕ ਦਿਖਾਉਣਾ ਸੀ, ਜਿਸ ਵਿੱਚ ਉਹ ਪੂਰੀ ਤਰ੍ਹਾਂ ਸਫਲ ਰਹੇ। ਇਸ ਰੰਗਾਰੰਗ ਸਮਾਗਮ ਵਿੱਚ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਨ੍ਹਾਂ ਵਿੱਚ ਸੁਮਨ ਹਸਪਤਾਲ ਤੋਂ ਡਾ. ਵਾਣੀ, ਨਹਿਰੂ ਸਿਧਾਂਤ ਕੇਂਦਰ ਟਰੱਸਟ ਦੇ ਸੱਭਿਆਚਾਰਕ ਸਕੱਤਰ ਸੁਨੀਲ ਗੁਪਤਾ ਤੇ ਨਿਊ ਰਾਜਗੁਰੂ ਨਗਰ ਦੇ ਸਰਪੰਚ ਨਿਖਿਲ ਸ਼ਰਮਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਪ੍ਰੋਗਰਾਮ ਦੀ ਸ਼ੁਰੂਆਤ ਇਕ ਬਹੁਤ ਹੀ ਖ਼ੂਬਸੂਰਤ 'ਕੱਥਕ ਬੈਠਕ' ਨਾਲ ਹੋਈ। ਇਸ ਪੇਸ਼ਕਾਰੀ ਵਿੱਚ ਕੱਥਕ ਦੇ ਤਕਨੀਕੀ ਪੱਖਾਂ ਤੇ ਭਾਵ-ਅੰਗਾਂ ਨੂੰ ਬੜੀ ਬਾਰੀਕੀ ਨਾਲ ਉਭਾਰਿਆ ਗਿਆ। ਇਸ ਤੋਂ ਬਾਅਦ ਸੂਫੀ ਕੱਥਕ ਦੀ ਪੇਸ਼ਕਾਰੀ ਨੇ ਦਰਸ਼ਕਾਂ ਨੂੰ ਮੰਤਰ-ਮੁਗਧ ਕਰ ਦਿੱਤਾ। ਕਲਾਸੀਕਲ ਨ੍ਰਿਤ ਤੋਂ ਬਾਅਦ ਨੌਜਵਾਨ ਡਾਂਸਰਾਂ ਨੇ ਮੰਚ 'ਤੇ ਊਰਜਾ ਨਾਲ ਭਰਪੂਰ ਬਾਲੀਵੁੱਡ, ਪੰਜਾਬੀਆਂ ਦੀ ਸ਼ਾਨ ਭੰਗੜਾ ਤੇ ਪੱਛਮੀ ਸੱਭਿਆਚਾਰ ਦੇ ਹਿੱਪ-ਹੌਪ ਡਾਂਸ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਦਿੱਤੀਆਂ। ਬੱਚਿਆਂ ਦੇ ਉਤਸ਼ਾਹ ਤੇ ਹੁਨਰ ਨੇ ਹਾਲ ਵਿਚ ਮੌਜੂਦ ਹਰ ਸ਼ਖ਼ਸ ਦਾ ਦਿਲ ਜਿੱਤ ਲਿਆ। ਪ੍ਰੋਗਰਾਮ ਦੇ ਅਖ਼ੀਰ ਵਿੱਚ ਮਾਪੇ ਵੀ ਖ਼ੁਦ ਨੂੰ ਰੋਕ ਨਾ ਸਕੇ ਤੇ ਬੱਚਿਆਂ ਨਾਲ ਮੰਚ 'ਤੇ ਨੱਚਣ ਲੱਗੇ, ਜਿਸ ਨਾਲ ਮਾਹੌਲ ਬੇਹੱਦ ਭਾਵੁਕ ਤੇ ਯਾਦਗਾਰੀ ਬਣ ਗਿਆ। ਪ੍ਰਗਤੀ ਚੱਢਾ, ਨੇਹਾ ਜੁਨੇਜਾ, ਖ਼ੁਸ਼ਬੂ ਖੁੱਲਰ ਤੇ ਸਵਾਤੀ ਗੁਪਤਾ ਸਮੇਤ ਕਈ ਮਾਪਿਆਂ ਨੇ ਬੱਚਿਆਂ ਦੇ ਆਤਮ-ਵਿਸ਼ਵਾਸ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ 'ਟੀਮ ਐਕਸਟਸੀ' ਦਾ ਧੰਨਵਾਦ ਕਰਦਿਆਂ ਕਿਹਾ ਕਿ ਅਕੈਡਮੀ ਬੱਚਿਆਂ ਦੇ ਕਲਾਤਮਕ ਤੇ ਨਿੱਜੀ ਵਿਕਾਸ ਲਈ ਸ਼ਾਨਦਾਰ ਕੰਮ ਕਰ ਰਹੀ ਹੈ। ਗੌਤਮ ਸ਼ਰਮਾ ਤੇ ਸੰਗੀਤਾ ਸ਼ਰਮਾ ਡਾਇਰੈਕਟਰ, ਐਕਸਟਸੀ ਸਟੂਡੀਓ ਨੇ ਆਖਿਆ ਕਿ ਅਸੀਂ ਆਪਣੇ ਡਾਂਸ ਫੈਕਲਟੀ ਦੀ ਮਿਹਨਤ ਨੂੰ ਸਲਾਮ ਕਰਦੇ ਹਾਂ। ਅਕੈਡਮੀ ਆਉਣ ਵਾਲੇ ਸਮੇਂ ਵਿੱਚ ਹਰ 3-4 ਮਹੀਨਿਆਂ ਬਾਅਦ ਅਜਿਹੇ ਸ਼ੋਅਕੇਸ ਕਰਵਾਏਗੀ ਤਾਂ ਜੋ ਹਰ ਵਿਦਿਆਰਥੀ ਨੂੰ ਸਟੇਜ ਦਾ ਐਕਸਪੋਜ਼ਰ ਮਿਲ ਸਕੇ ਅਤੇ ਉਨ੍ਹਾਂ ਦਾ ਆਤਮ-ਵਿਸ਼ਵਾਸ ਵਧੇ। ਇਹ ਸਮਾਗਮ ਨਾ ਸਿਰਫ਼ ਨ੍ਰਿਤ, ਸਗੋਂ ਰਚਨਾਤਮਕਤਾ, ਅਨੁਸ਼ਾਸਨ ਤੇ ਬੱਚਿਆਂ, ਮਾਪਿਆਂ ਤੇ ਅਧਿਆਪਕਾਂ ਦੇ ਆਪਸੀ ਪਿਆਰ ਦਾ ਜਸ਼ਨ ਮਨਾਉਂਦੇ ਹੋਏ ਸਫਲਤਾਪੂਰਵਕ ਸੰਪੰਨ ਹੋਇਆ।

# ਭਵਾਨੀਗੜ੍ਹ 'ਚ 'ਆਪ' ਨੂੰ ਮਿਲੀ ਵੱਡੀ ਸਿਆਸੀ ਸੰਜੀਵਨੀ

**ਭਵਾਨੀਗੜ੍ਹ (ਰਾਜ ਖੁਰਮੀ)** : ਹਲਕਾ ਭਵਾਨੀਗੜ੍ਹ ਦੀ ਸਿਆਸਤ ਵਿੱਚ ਉਸ ਵੇਲੇ ਵੱਡਾ ਮੋੜ ਆ ਗਿਆ, ਜਦੋਂ ਲੰਮੇ ਸਮੇਂ ਤੋਂ ਆਮ ਆਦਮੀ ਪਾਰਟੀ ਨਾਲ ਨਾਰਾਜ਼ ਚੱਲ ਰਹੇ ਵਾਰਡ ਨੰਬਰ 3 ਦੇ ਸੀਨੀਅਰ ਤੇ ਪ੍ਰਭਾਵਸ਼ਾਲੀ ਆਗੂ ਹਰਭਜਨ ਸਿੰਘ ਹੈਪੀ ਨੇ ਮੁੜ ਪਾਰਟੀ ਨਾਲ ਕਦਮ ਮਿਲਾਉਣ ਦਾ ਐਲਾਨ ਕਰ ਦਿੱਤਾ।ਇਸ ਸਿਆਸੀ ਵਾਪਸੀ ਨੂੰ 'ਆਪ' ਲਈ ਵੱਡੀ ਮਜ਼ਬੂਤੀ ਵਜੋਂ ਦੇਖਿਆ ਜਾ ਰਿਹਾ ਹੈ।ਖ਼ਾਸ ਗੱਲ ਇਹ ਰਹੀ ਕਿ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਖੁਦ ਹਰਭਜਨ ਸਿੰਘ ਹੈਪੀ ਦੇ ਗ੍ਰਹਿ ਵਿਖੇ ਪਹੁੰਚੇ ਤੇ ਉਨ੍ਹਾਂ ਨਾਲ ਲੰਮੀ ਮੀਟਿੰਗ ਕਰਕੇ ਸਾਰੇ ਗਿਲੇ-ਸ਼ਿਕਵੇ ਦੂਰ ਕੀਤੇ।ਸੂਤਰਾਂ ਮੁਤਾਬਕ ਇਹ ਮੀਟਿੰਗ ਕਾਫੀ ਸਕਾਰਾਤਮਕ ਮਾਹੌਲ ਵਿੱਚ ਹੋਈ, ਜਿਸ ਤੋਂ ਬਾਅਦ ਹੈਪੀ ਨੇ ਦੁਬਾਰਾ ਪਾਰਟੀ ਦੀ ਮੁੱਖ ਧਾਰਾ ਨਾਲ ਜੁੜਨ ਲਈ ਸਹਿਮਤੀ ਦੇ ਦਿੱਤੀ।ਇਸ ਖ਼ਬਰ ਨਾਲ ਪਾਰਟੀ ਵਰਕਰਾਂ ਵਿੱਚ ਨਵਾਂ ਜੋਸ਼ ਤੇ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਜ਼ਿਕਰਯੋਗ ਹੈ ਕਿ ਹਰਭਜਨ ਸਿੰਘ ਹੈਪੀ ਨੂੰ ਪਹਿਲਾਂ ਪਾਰਟੀ ਵੱਲੋਂ ਵਾਰਡ ਨੰਬਰ 3 ਤੋਂ ਟਿਕਟ ਦਿੱਤੀ ਗਈ ਸੀ, ਪਰ ਬਾਅਦ ਵਿੱਚ ਅਚਾਨਕ ਟਿਕਟ ਕੱਟੇ ਜਾਣ ਕਾਰਨ ਉਹ ਪਾਰਟੀ ਤੋਂ ਨਾਰਾਜ਼ ਹੋ ਕੇ ਸਿਆਸੀ ਤੌਰ 'ਤੇ ਖਾਮੋਸ਼ ਹੋ ਗਏ ਸਨ।ਲੰਮੇ ਸਮੇਂ ਤੋਂ ਉਨ੍ਹਾਂ ਦੀ ਨਾਰਾਜ਼ਗੀ ਪਾਰਟੀ ਲਈ ਚਰਚਾ ਦਾ ਵਿਸ਼ਾ ਬਣੀ ਹੋਈ ਸੀ।ਇਸ ਮੌਕੇ ਡਾ. ਮਿੰਕੂ ਜਵੰਧਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਆਪਣੇ ਹਰ ਇਕ ਟਕਸਾਲੀ ਤੇ ਮਿਹਨਤੀ ਵਰਕਰ ਦਾ ਸਤਿਕਾਰ ਕਰਦੀ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਤੇ ਇਮਾਨਦਾਰ ਨੀਤੀਆਂ ਕਾਰਨ ਲੋਕ ਵੱਡੀ ਗਿਣਤੀ ਵਿੱਚ ਪਾਰਟੀ ਨਾਲ ਜੁੜ ਰਹੇ ਹਨ।ਉਨ੍ਹਾਂ ਕਿਹਾ ਕਿ 'ਰੰਗਲੇ ਪੰਜਾਬ' ਦੇ ਸੁਪਨੇ ਨੂੰ ਸਾਕਾਰ ਕਰਨ ਲਈ ਹਰਭਜਨ ਸਿੰਘ ਹੈਪੀ ਵਰਗੇ ਜ਼ਮੀਨੀ ਤੇ ਵਫ਼ਾਦਾਰ ਸਾਥੀਆਂ ਦਾ ਪਾਰਟੀ ਨਾਲ ਹੋਣਾ ਬਹੁਤ ਜ਼ਰੂਰੀ ਹੈ। ਪਾਰਟੀ ਆਪਣੇ ਪੁਰਾਣੇ ਸਾਥੀਆਂ ਦਾ ਹਮੇਸ਼ਾ ਮਾਣ-ਸਤਿਕਾਰ ਕਰਦੀ ਰਹੇਗੀ, ਉੱਥੇ ਹੀ ਹਰਭਜਨ ਸਿੰਘ ਹੈਪੀ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਲੋਕ-ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹਨ ਤੇ ਹੁਣ ਪਹਿਲਾਂ ਨਾਲੋਂ ਵੀ ਵੱਧ ਜੋਸ਼ ਨਾਲ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨਗੇ।ਉਨ੍ਹਾਂ ਕਿਹਾ ਕਿ ਪਾਰਟੀ ਹਿੱਤ ਸਭ ਤੋਂ ਉੱਪਰ ਹਨ ਤੇ ਉਹ ਆਉਣ ਵਾਲੇ ਸਮੇਂ ਵਿੱਚ ਦਿਨ-ਰਾਤ ਇੱਕ ਕਰਕੇ ਲੋਕਾਂ ਦੀ ਸੇਵਾ ਤੇ ਪਾਰਟੀ ਦੇ ਮਿਸ਼ਨ ਲਈ ਡੱਟ ਕੇ ਕੰਮ ਕਰਨਗੇ।ਇਸ ਮੌਕੇ ਸੀਨੀਅਰ ਆਗੂ ਗੁਰਮੇਲ ਸਿੰਘ ਘਰਾਚੋਂ ਸਮੇਤ ਹੋਰ ਵੀ ਪਾਰਟੀ ਆਗੂ ਹਾਜ਼ਰ ਸਨ।



● ਨਾਰਾਜ਼ ਸੀਨੀਅਰ ਆਗੂ ਹੈਪੀ ਮੁੜ ਪਾਰਟੀ ਨਾਲ ਜੁੜੇ

# ਮਾਸਟਰ ਬਾਲ ਮੁਕੰਦ ਸਰਵ ਹਿੱਤਕਾਰੀ ਵਿੱਦਿਆ ਮੰਦਰ ਬਰੀਵਾਲਾ ਦਾ ਨਿਰੀਖਣ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**- ਸਰਵਿੱਤਕਾਰੀ ਐਜੂਕੇਸ਼ਨ ਸੋਸਾਇਟੀ ਵੱਲੋਂ ਮਾਸਟਰ ਬਾਲ ਮੁਕੰਦ ਸ ਰ ਵਿੱ ਹ ਤ ਕਾ ਰੀ ਵਿੱਦਿਆ ਮੰਦਰ ਬਰੀਵਾਲਾ ਦਾ ਮੈਡਮ ਅੰਜੂ ਅਰੋੜਾ ਜਲੰਧਰ ਤੇ ਰਿਟਾਇਰਡ ਇੰਗਲਿਸ਼ ਲੈਕਚਰਾਰ ਮੈਡਮ ਵੀਰ ਬਾਲਾ ਵੱਲੋਂ ਨਰੀਖਣ ਕੀਤਾ ਗਿਆ।ਇਸ ਮੌਕੇ ਬੱਚਿਆਂ ਤੇ ਮਾਪਿਆਂ ਨਾਲ ਵੀ ਮਿਲਣੀ ਕੀਤੀ ਗਈ।ਵਿਸ਼ੇਸ਼ ਤੌਰ 'ਤੇ ਹਰਜਿੰਦਰ ਸਿੰਘ ਮਾਨ ਸਿੰਘਵਾਲਾ ਚੇਅਰਮੈਨ ਮਾਰਕਿਟ ਕਮੇਟੀ ਬਰੀਵਾਲਾ, ਸ੍ਰ. ਬਲਵਿੰਦਰ ਸਿੰਘ ਖਾਲਸਾ ਵਾਈਸ ਪ੍ਰਧਾਨ ਨਗਰ ਕੌਂਸਲ ਬਰੀਵਾਲਾ, ਜਤਿੰਦਰ ਕੁਮਾਰ ਇੰਸਪੈਕਟਰ ਤੇ ਗੁਰਪ੍ਰੀਤ ਸਿੰਘ ਮਾਨ ਹਾਜ਼ਰ ਸਨ।ਨਰੀਖਣ ਟੀਮ ਤੇ ਚੇਅਰਮੈਨ ਸਾਹਮਣੇ ਮਾਪਿਆਂ ਵੱਲੋਂ ਆਪਣੀਆਂ ਜਾਇਜ਼ ਮੰਗਾਂ ਰੱਖੀਆਂ ਗਈਆਂ, ਜਿਨ੍ਹਾਂ 'ਤੇ ਨਰੀਖਣ ਟੀਮ ਵੱਲੋਂ ਭਰੋਸਾ ਦਿਵਾਇਆ ਗਿਆ ਕਿ ਇਹ ਮੰਗਾਂ ਜਲਦੀ ਪੂਰੀਆਂ ਕੀਤੀਆਂ ਜਾਣਗੀਆਂ।ਮਾਪਿਆਂ ਨੇ ਇਸ ਚੈਕਿੰਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜੇਕਰ ਇਸ ਤਰ੍ਹਾਂ ਦੀ ਚੈਕਿੰਗ ਹਰ ਮਹੀਨੇ ਹੋਵੇ ਤਾਂ ਸਕੂਲ ਦਿਨ ਦੁੱਗਣੀ ਤੇ ਰਾਤ ਚੌਗੁਣੀ ਤਰੱਕੀ ਕਰੇਗਾ। ਸਕੂਲ ਦੀ ਪ੍ਰਿੰਸੀਪਲ ਮੈਡਮ ਜੋਤੀ ਵੱਲੋਂ ਆਈ ਨਰੀਖਣ ਟੀਮ ਤੇ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ ਅਤੇ ਵਿਸ਼ਵਾਸ ਦਿਵਾਇਆ ਗਿਆ ਕਿ ਟੀਮ ਵੱਲੋਂ ਦਿੱਤੇ ਗਏ ਸੁਝਾਵਾਂ ਤੇ ਟੀਚੇ ਨੂੰ ਪੂਰਾ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸਕੂਲ ਵਿੱਚ ਬੱਚਿਆਂ ਦੀ ਗਿਣਤੀ ਵਧਾਉਣ ਲਈ ਵੀ ਵਿਸ਼ੇਸ਼ ਯਤਨ ਕੀਤੇ ਜਾਣਗੇ।ਇਸ ਮੌਕੇ ਪੂਰਨ ਕੁਮਾਰ, ਬਿੰਦਰ ਪਾਲ ਤੇ ਹੋਰ ਸਟਾਫ ਮੈਂਬਰ ਹਾਜ਼ਰ ਸਨ।ਚੈਕਿੰਗ ਤੋਂ ਬਾਅਦ ਬੱਚਿਆਂ ਤੇ ਮਾਪਿਆਂ ਵਿੱਚ ਖੁਸ਼ੀ ਦੀ ਲਹਿਰ ਦੇਖਣ ਨੂੰ ਮਿਲੀ।



# ਮਾਣੂੰਕੇ ਤੇ ਭੰਮੀਪੁਰਾ 'ਚ ਡੇਂਗੂ ਬਾਰੇ ਦਿੱਤੀ ਜਾਣਕਾਰੀ




**ਹਠੂਰ (ਲਵਲੀ ਮਾਛੀਕੇ)**- ਸਰਕਾਰੀ ਹਸਪਤਾਲ ਹਠੂਰ ਦੇ ਐੱਸ ਐੱਮ ਓ ਡਾ: ਅਮਨ ਸ਼ਰਮਾ ਦੀ ਅਗਵਾਈ ਹੇਠ ਪਿੰਡ ਮਾਣੂੰਕੇ ਤੇ ਭੰਮੀਪੁਰਾ ਵਿਖੇ ਨੈਸ਼ਨਲ ਡੇਂਗੂ ਦਿਵਸ ਮਨਾਇਆ ਗਿਆ।ਇਸ ਮੌਕੇ ਮੈਡੀਕਲ ਅਫਸਰ ਡਾਕਟਰ ਹੈਲਥ ਇਸਪੈਕਟਰ ਸਵਰਨ ਸਿੰਘ ਡੱਲਾ ਨੇ ਇਕੱਤਰ ਹੋਏ ਲੋਕਾਂ ਨੂੰ ਸੰਬੋਧਨ ਕਰਦਿਆਂ ਡੇਂਗੂ ਦੇ ਲੱਛਣਾਂ ਬਾਰੇ ਜਾਣਕਾਰੀ ਦਿੱਤੀ ਅਤੇ ਡੇਂਗੂ ਤੋਂ ਬਚਣ ਲਈ ਆਪਣੇ ਚੌਗਿਰਦੇ ਦੀ ਸਫਾਈ ਰੱਖਣ ਲਈ ਪ੍ਰੇਰਿਤ ਕੀਤਾ।ਉਨ੍ਹਾ ਕਿਹਾ ਕਿ ਡੇਂਗੂ ਇੱਕ ਮੱਛਰ ਹੈ, ਜੋ ਦਿਨ ਦੇ ਸਮੇਂ ਕੱਟਦਾ ਹੈ ਤੇ ਇਹ ਮੱਛਰ ਹਮੇਸ਼ਾ ਖੜ੍ਹੇ ਪਾਣੀ, ਗੰਦੀਆਂ ਥਾਵਾਂ ਤੇ ਠੰਡੀਆਂ ਥਾਵਾਂ ਵਿੱਚ ਰਹਿੰਦਾ ਹੈ।ਇਸ ਕਰਕੇ ਸਾਨੂੰ ਆਪਣੇ ਘਰਾਂ ਦੀਆਂ ਛੱਤਾਂ 'ਤੇ ਕੋਈ ਪੁਰਾਣੇ ਵਰਤਣ ਜਾਂ ਪੁਰਾਣੇ ਟਾਇਰ ਨਹੀਂ ਰੱਖਣੇ ਚਾਹੀਦੇ।ਉਨ੍ਹਾ ਕਿਹਾ ਕਿ ਜਿਸ ਵਿਅਕਤੀ ਨੂੰ ਦੋ ਦਿਨ ਲਗਾਤਾਰ ਬੁਖ਼ਾਰ ਨਹੀਂ ਉਤਰਦਾ ਤਾਂ ਉਹ ਵਿਅਕਤੀ ਤੁਰੰਤ ਆਪਣੇ ਸਿਹਤ ਕੇਂਦਰ ਵਿੱਚੋਂ ਜਾ ਕੇ ਆਪਣੇ ਫਰੀ ਟੈਸਟ ਕਰਵਾ ਸਕਦਾ ਹੈ।ਇਸ ਮੌਕੇ ਉਨ੍ਹਾ ਨਾਲ ਪ੍ਰਿੰਸੀਪਲ ਨਰੇਸ਼ ਕੁਮਾਰ, ਸਤਵਿੰਦਰ ਕੌਰ, ਸਵਰਨਜੀਤ ਕੌਰ, ਜਸਪ੍ਰੀਤ ਕੌਰ, ਸੁਖਦੇਵ ਸਿੰਘ ਡੱਲਾ, ਕੁਲਵੰਤ ਸਿੰਘ ਆਦਿ ਹਾਜ਼ਰ ਸਨ।

# ਗੁਰੂ ਭਗਤੀ ਮਨੁੱਖਾ ਜੀਵਨ ਦਾ ਅਸਲੀ ਆਧਾਰ : ਕਰਮਾਲੀ ਭਾਰਤੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਦੇ ਸਥਾਨਕ ਆਸ਼ਰਮ ਵਿਚ ਅਧਿਆਤਮਿਕ ਪ੍ਰਵਚਨਾਂ ਦਾ ਆਯੋਜਨ ਕੀਤਾ ਗਿਆ। ਸੰਸਥਾਨ ਦੇ ਸੰਸਥਾਪਕ ਤੇ ਸੰਚਾਲਕ ਸਰਵਸ੍ਰੀ ਆਸ਼ੂਤੋਸ਼ ਮਹਾਰਾਜ ਜੀ ਦੀ ਪਰਮ ਸ਼ਿਸ਼ ਸਾਧਵੀ ਸੁਸ਼੍ਰੀ ਕਰਮਾਲੀ ਭਾਰਤੀ ਜੀ ਨੇ ਦੱਸਿਆ ਕਿ ਭਾਰਤੀ ਸੰਸਕ੍ਰਿਤੀ ਤੇ ਆਧਿਆਤਮਿਕ ਪ੍ਰੰਪਰਾਵਾਂ ਵਿੱਚ ਗੁਰੂ ਭਗਤੀ ਨੂੰ ਸਭ ਤੋਂ ਉੱਚਾ ਦਰਜਾ ਦਿੱਤਾ ਗਿਆ ਹੈ। ਮਨੁੱਖ ਦੇ ਜੀਵਨ ਵਿੱਚ ਗੁਰੂ ਦੀ ਮਹੱਤਤਾ ਅਨੰਤ ਹੈ। ਜਿਵੇਂ ਅੰਧਕਾਰ ਵਿੱਚ ਦੀਵਾ ਰਾਹ ਦਿਖਾਉਂਦਾ ਹੈ, ਓਸੇ ਤਰ੍ਹਾਂ ਗੁਰੂ ਅਗਿਆਨਤਾ ਦੇ ਹਨੇਰੇ ਵਿੱਚ ਗਿਆਨ ਦੀ ਜੋਤ ਜਗਾਉਂਦੇ ਹਨ। ਮਾਂ-ਪਿਉ ਸਰੀਰ ਨੂੰ ਜਨਮ ਦਿੰਦੇ ਹਨ, ਪਰ ਗੁਰੂ ਆਤਮਿਕ ਜਨਮ ਦਿੰਦੇ ਹਨ ਅਤੇ ਜੀਵਨ ਨੂੰ ਸੱਚੇ ਰਸਤੇ 'ਤੇ ਲੈ ਜਾਂਦੇ ਹਨ। ਸੰਤ ਕਬੀਰ ਸਾਹਿਬ ਨੇ ਗੁਰੂ ਦੀ ਮਹਾਨਤਾ ਦਰਸਾਉਂਦਿਆਂ ਕਿਹਾ ਹੈ, "ਗੁਰੂ ਗੋਵਿੰਦ ਦੋਊ ਖੜੇ, ਕਾਕੇ ਲਾਗੂੰ ਪਾਇ। ਬਲਿਹਾਰੀ ਗੁਰੂ ਆਪਣੇ, ਗੋਵਿੰਦ ਦਿਉਂ ਮਿਲਾਇ॥" ਇਸ ਦਾ ਅਰਥ ਹੈ ਕਿ ਜੇ ਗੁਰੂ ਤੇ ਪ੍ਰਮਾਤਮਾ ਇਕੱਠੇ ਸਾਹਮਣੇ ਖੜੇ ਹੋਣ, ਤਾਂ ਸਭ ਤੋਂ ਪਹਿਲਾਂ ਗੁਰੂ ਦੇ ਚਰਨਾਂ 'ਚ ਮੱਥਾ ਟੇਕਣਾ ਚਾਹੀਦਾ ਹੈ, ਕਿਉਂਕਿ ਗੁਰੂ ਹੀ ਸਾਨੂੰ ਪ੍ਰਮਾਤਮਾ ਨਾਲ ਮਿਲਾਉਣ ਦੀ ਸਮਰੱਥਾ ਰੱਖਦਾ ਹੈ। ਸਾਧਵੀ ਨੇ ਅੱਗੇ ਦੱਸਿਆ ਕਿ ਗੁਰੂ ਭਗਤੀ ਸਿਰਫ਼ ਗੁਰੂ ਦੇ ਚਰਨਾਂ ਵਿੱਚ ਨਿਵੇਦਨ ਕਰਨ ਦਾ ਨਾਮ ਨਹੀਂ, ਸਗੋਂ ਗੁਰੂ ਦੇ ਉਪਦੇਸ਼ਾਂ ਨੂੰ ਜੀਵਨ ਵਿੱਚ ਉਤਾਰਨਾ ਹੀ ਅਸਲ ਗੁਰੂ ਭਗਤੀ ਹੈ। ਗੁਰੂ ਦੀਆਂ ਸਿੱਖਿਆਵਾਂ ਮਨੁੱਖ ਨੂੰ ਸੱਚਾਈ, ਨਿਮਰਤਾ, ਪ੍ਰੇਮ, ਦਇਆ ਤੇ ਸੇਵਾ ਦੇ ਰਾਹ 'ਤੇ ਲੈ ਜਾਂਦੀਆਂ ਹਨ। ਗੁਰੂ ਸਾਡੇ ਅੰਦਰਲੇ ਅਹੰਕਾਰ ਨੂੰ ਤੋੜ ਕੇ ਸੱਚ ਨਾਲ ਜੋੜਦੇ ਹਨ। ਗੁਰੂ ਸਾਹਿਬਾਨਾਂ ਨੇ ਵੀ ਉਚਾਰਿਆ ਹੈ ਕਿ ਗੁਰੂ ਬਿਨਾਂ ਜੀਵਨ ਸੁੰਨ ਹੈ। ਗੁਰੂ ਮਨੁੱਖ ਨੂੰ ਅਸਲ ਖ਼ਜ਼ਾਨੇ ਨਾਲ ਜੋੜਦਾ ਹੈ, ਜੋ ਧਨ-ਦੌਲਤ ਵਿੱਚ ਨਹੀਂ ਮਿਲਦਾ, ਸਗੋਂ ਸਿਮਰਨ, ਭਗਤੀ ਤੇ ਗੁਰੂ ਸੇਵਾ ਵਿੱਚ ਮਿਲਦਾ ਹੈ। ਸਾਧਵੀ ਭਾਰਤੀ ਨੇ ਕਿਹਾ ਕਿ ਹੁਣ ਸਵਾਲ ਇਹ ਕੇ ਭਗਤੀ ਦੀ ਸ਼ੁਰੂਆਤ ਕਿਵੇਂ ਹੋਵੇ? ਇਸ ਲਈ ਸਾਨੂੰ ਇੱਕ ਪੂਰਨ ਤਤਵਦਰਸ਼ੀ ਪੂਰਨ ਸਤਿਗੁਰੂ ਦੀ ਜ਼ਰੂਰਤ ਹੈ, ਜੋ ਸਾਨੂੰ ਬ੍ਰਹਮ ਗਿਆਨ ਦੁਆਰਾ ਸ਼ਸ਼ਵਤ ਭਗਤੀ ਪ੍ਰਦਾਨ ਕਰੇ ਤੇ ਪ੍ਰਮਾਤਮਾ ਦੇ ਦਰਸ਼ਨ ਕਰਵਾ ਦੇਵੇ। ਗੁਰੂ ਭਗਤੀ ਹੀ ਜੀਵਨ ਦਾ ਅਸਲ ਆਧਾਰ ਹੈ, ਜਿਸ ਰਾਹੀਂ ਮਨੁੱਖੀ ਜੀਵਨ ਸਫਲ ਹੁੰਦਾ ਹੈ। ਪ੍ਰੋਗਰਾਮ ਦੌਰਾਨ ਸਾਧਵੀ ਸੁਨੀਤਾ ਭਾਰਤੀ ਨੇ ਭਜਨ ਕੀਰਤਨ ਗਾਇਨ ਕੀਤਾ।




# ਪ੍ਰੋਗਰੈਸਿਵ ਡੇਅਰੀ ਫਾਰਮਰਜ਼ ਐਸੋਸੀਏਸ਼ਨ ਨੇ ਕੱਚੇ ਮੁਲਾਜ਼ਮਾਂ ਦੀ ਹੜਤਾਲ ਸੰਬੰਧੀ ਚਿੰਤਾ ਪ੍ਰਗਟਾਈ

**ਜਗਰਾਓਂ (ਅਮਿਤ ਖੰਨਾ)** ਪ੍ਰੋਗਰੈਸਿਵ ਡੇਅਰੀ ਫਾਰਮਰਜ਼ ਐਸੋਸੀਏਸ਼ਨ ਪੀਡੀਐਫ਼ਏ ਨੇ ਵੇਰਕਾ ਦੇ ਕੱਚੇ ਮੁਲਾਜ਼ਮਾਂ ਦੀ ਹੜਤਾਲ ਨੂੰ ਲੈ ਕੇ ਗਹਿਰੀ ਚਿੰਤਾ ਪ੍ਰਗਟਾਉਂਦਿਆਂ ਸਰਕਾਰ ਨੂੰ ਕੱਚੇ ਮੁਲਾਜ਼ਮਾਂ ਦੀ ਜਾਇਜ਼ ਮੰਗਾਂ ਲਾਗੂ ਕਰਨ ਦੀ ਅਪੀਲ ਕੀਤੀ।ਪੀਡੀਐਫ਼ਏ ਨੇ ਹੜਤਾਲ ਨੂੰ ਲੈ ਕੇ ਡੇਅਰੀ ਕਿੱਤੇ 'ਤੇ ਪੈ ਰਹੇ ਗੰਭੀਰ ਅਸਰ 'ਤੇ ਸਰਕਾਰ ਨੂੰ ਅਗਾਹ ਕਰਦਿਆਂ ਕਿਹਾ ਕਿ ਕੱਚੇ ਮੁਲਾਜ਼ਮਾਂ ਦੀ ਹੜਤਾਲ ਕਾਰਨ ਕਿਸਾਨ ਜੋ ਡੇਅਰੀ ਕਿੱਤੇ ਨਾਲ ਜੁੜੇ ਹਨ, ਉਨ੍ਹਾਂ ਨੂੰ ਵੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਨਾਲ ਹੀ ਕੱਚੇ ਮੁਲਾਜ਼ਮਾਂ ਨੂੰ ਉਨ੍ਹਾਂ ਦੀਆਂ ਜਾਇਜ਼ ਮੰਗਾਂ 'ਤੇ ਉਨ੍ਹਾਂ ਦਾ ਸਮਰਥਨ ਕਰਦਿਆਂ ਇਹ ਵੀ ਅਪੀਲ ਕੀਤੀ ਕਿ ਉਹ ਆਪਣੇ ਇਸ ਸੰਘਰਸ਼ ਦੇ ਕਾਰਨ ਡੇਅਰੀ ਕਿੱਤੇ ਨੂੰ ਕਿਸੇ ਤਰ੍ਹਾਂ ਦੇ ਹੋਣ ਵਾਲੇ ਨੁਕਸਾਨ ਦੇ ਜ਼ਿੰਮੇਵਾਰ ਨਾ ਬਨਣ।ਅਜਿਹੀ ਸਥਿਤੀ ਪੈਦਾ ਹੁੰਦੀ ਹੈ ਤਾਂ ਪੀਡੀਐਫ਼ਏ ਡੇਅਰੀ ਕਿੱਤੇ ਨੂੰ ਬਚਾਉਣ ਲਈ ਜ਼ਰੂਰ ਅੱਗੇ ਆਵੇਗਾ।ਪੀਡੀਐਫ਼ਏ ਦੇ ਪ੍ਰਧਾਨ ਦਲਜੀਤ ਸਿੰਘ ਸਦਰਪੁਰਾ ਵੱਲੋਂ ਦਿੱਤੇ ਇਸ ਬਿਆਨ ਸਬੰਧੀ ਪ੍ਰੈਸ ਸਕੱਤਰ ਰੇਸ਼ਮ ਸਿੰਘ ਭੁੱਲਰ ਨੇ ਕਿਹਾ ਕਿ ਵੇਰਕਾ ਇੱਕ ਅਜਿਹਾ ਸਰਕਾਰੀ ਅਦਾਰਾ ਹੈ, ਜੋ ਸ਼ੁਰੂ ਤੋਂ ਹੀ ਦੁੱਧ ਉਤਪਾਦਕਾਂ ਅਤੇ ਖਪਤਕਾਰਾਂ ਦੇ ਹਿੱਤਾਂ ਦੇ ਰਾਖਾ ਹੈ, ਜਿਸ ਨੇ ਕਦੇ ਲਾਭ ਕਮਾਉਣ ਨੂੰ ਮੁੱਖ ਉਦੇਸ਼ ਨਹੀਂ ਰੱਖਿਆ, ਸਗੋਂ ਕਿਸਾਨਾਂ ਨੂੰ ਉਨ੍ਹਾਂ ਦੇ ਪੈਰਾਂ 'ਤੇ ਖੜ੍ਹਾ ਕਰਨ ਲਈ ਹਮੇਸ਼ਾ ਅੱਗੇ ਵੱਧ ਕੇ ਯਤਨ ਕਰ ਰਿਹਾ ਹੈ। ਇਹ ਅਦਾਰਾ ਦੁੱਧ ਉਤਪਾਦਕ, ਸਹਿਕਾਰੀ ਸਭਾਵਾਂ ਤੇ ਡੇਅਰੀ ਫਾਰਮਾਂ ਤੋਂ ਦੁੱਧ ਪ੍ਰਾਪਤ ਕਰਕੇ ਪ੍ਰੋਸੈਸ ਉਪਰੰਤ ਉਚ ਮਿਆਰੀ ਪੱਧਰ ਦੇ ਦੁੱਧ ਅਤੇ ਦੁੱਧ ਤੋਂ ਤਿਆਰ ਹੋਣ ਵਾਲੇ ਪਦਾਰਥ ਆਮ ਲੋਕਾਂ ਤੱਕ ਪਹੁੰਚਾ ਰਿਹਾ ਹੈ, ਜਿਸ ਤੋਂ ਇਸ ਅਦਾਰੇ ਦੀ ਲੋਕਾਂ ਵਿਚ ਅਹਿਮੀਅਤ ਤੇ ਜ਼ਰੂਰਤ ਦੇ ਮੱਦੇਨਜ਼ਰ ਇਸ ਨੂੰ ਕਿਸੇ ਤਰ੍ਹਾਂ ਅਣਦੇਖਿਆ ਕਰਨਾ, ਆਮ ਲੋਕਾਂ ਹੀ ਨਹੀਂ, ਕਿਸਾਨ ਜੋ ਡੇਅਰੀ ਕਿੱਤੇ ਨਾਲ ਜੁੜੇ ਹਨ, ਨੂੰ ਨੁਕਸਾਨ ਪੁਚਾਉਣਾ ਹੈ।ਉਨ੍ਹਾਂ ਕਿਹਾ ਕਿ ਵੇਰਕਾ ਦੇ ਕੱਚੇ ਮੁਲਾਜ਼ਮ ਜਿਨ੍ਹਾਂ ਨੂੰ ਠੇਕਾ ਮੁਲਾਜ਼ਮ ਵੀ ਕਿਹਾ ਜਾਂਦਾ ਹੈ, ਵੱਲੋਂ ਦਿੱਤੇ ਜਾ ਰਹੇ ਧਰਨੇ, ਮੰਗਾਂ ਨੂੰ ਲੈ ਕੇ ਜਾਇਜ਼ ਹਨ, ਪਰ ਅਜਿਹੇ ਵਿੱਚ ਕਿਸਾਨਾਂ ਦੇ ਹਿੱਤ ਵੀ ਪਹਿਲਾਂ ਹਨ। ਉਨ੍ਹਾਂ ਸਰਕਾਰ ਨੂੰ ਮੰਗ ਕੀਤੀ ਕਿ ਠੇਕਾ ਮੁਲਾਜ਼ਮਾਂ ਦੀਆਂ ਮੰਗਾਂ 'ਤੇ ਜਲਦ ਗੌਰ ਕਰਕੇ ਇਸ ਸੰਘਰਸ਼ ਨੂੰ ਸਮਾਪਤ ਕਰਾਉਣ ਤਾਂ ਜੁ ਇਸ ਨੂੰ ਲੈ ਕੇ ਡੇਅਰੀ ਕਿੱਤੇ 'ਤੇ ਚਿੰਤਾਜਨਕ ਮੰਡਰਾ ਰਹੇ ਸੰਕਟ ਟਲ਼ ਜਾਣ।

# ਧਰਮਸੋਤ ਤੇ ਜਸਦੀਪ ਨਿੱਕੂ ਵੱਲੋਂ ਚੋਣ ਦਫਤਰਾਂ ਦਾ ਉਦਘਾਟਨ

**ਵਾਰਡਾਂ ਦੇ ਵਿਕਾਸ ਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਚਨਬੱਧ ਹਾਂ : ਨਰੇਸ਼ ਸ਼ਰਮਾ, ਗੀਤਾ ਰਾਣੀ**

**ਨਾਭਾ (ਵਰਿੰਦਰ ਵਰਮਾ)**- ਨਗਰ ਕੌਂਸਲ ਨਾਭਾ ਦੀਆਂ ਹੋ ਰਹੀਆਂ ਚੋਣਾਂ ਨੂੰ ਲੈ ਕੇ ਕਾਂਗਰਸ ਪਾਰਟੀ ਵੱਲੋਂ ਸਰਗਰਮੀਆਂ ਪੂਰੇ ਜ਼ੋਰਾਂ 'ਤੇ ਹਨ, ਜਿਸ ਤਹਿਤ ਸਾਬਕਾ ਕੈਬਨਿਟ ਮੰਤਰੀ ਸਾਧੂ ਸਿੰਘ ਧਰਮਸੋਤ ਤੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਜਸਦੀਪ ਸਿੰਘ ਨਿੱਕੂ ਨੇ ਸਾਂਝੇ ਤੌਰ 'ਤੇ ਵਾਰਡ ਨੰਬਰ 10 ਤੋਂ ਉਮੀਦਵਾਰ ਨਰੇਸ਼ ਸ਼ਰਮਾ ਤੇ ਵਾਰਡ ਨੰਬਰ 13 ਤੋਂ ਉਮੀਦਵਾਰ ਗੀਤਾ ਰਾਣੀ ਦੇ ਦਫਤਰ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਕਾਂਗਰਸੀ ਆਗੂਆਂ ਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਉਦਘਾਟਨ ਦੌਰਾਨ ਵੱਡੀ ਗਿਣਤੀ ਵਿੱਚ ਵਾਰਡ ਨੰਬਰ 10 ਤੇ ਵਾਰਡ ਨੰਬਰ 13 ਦੇ ਲੋਕਾਂ ਨੇ ਉਮੀਦਵਾਰਾਂ ਦੇ ਹੱਕ ਵਿੱਚ ਨਾਅਰੇਬਾਜ਼ੀ ਕਰਦਿਆਂ ਪਾਰਟੀ ਪ੍ਰਤੀ ਆਪਣਾ ਸਮੱਰਥਨ ਪ੍ਰਗਟਾਇਆ। ਉਦਘਾਟਨ ਉਪਰੰਤ ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ ਤੇ ਜਸਦੀਪ ਸਿੰਘ ਨਿੱਕੂ ਨੇ ਵਾਰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਾਭਾ ਦੇ ਲੋਕ ਵਿਕਾਸ ਤੇ ਤਜਰਬੇ ਦੇ ਆਧਾਰ 'ਤੇ ਫੈਸਲਾ ਕਰਨਗੇ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੀ ਆਵਾਜ਼ ਬਣ ਕੇ ਖੜ੍ਹੀ ਰਹੀ ਹੈ ਤੇ ਸ਼ਹਿਰ ਦੇ ਵਿਕਾਸ ਲਈ ਲਗਾਤਾਰ ਕੰਮ ਕਰਦੀ ਆ ਰਹੀ ਹੈ।ਉਨ੍ਹਾਂ ਦਾਅਵਾ ਕੀਤਾ ਕਿ ਨਾਭਾ ਦੇ ਲੋਕ ਇਸ ਵਾਰ ਵਿਕਾਸ, ਤਜਰਬੇ ਤੇ ਇਮਾਨਦਾਰ ਸੇਵਾ ਨੂੰ ਧਿਆਨ ਵਿੱਚ ਰੱਖਦੇ ਹੋਏ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਫੈਸਲਾ ਕਰਨਗੇ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੇ ਉਮੀਦਵਾਰ ਹਰ ਵਾਰਡ ਵਿੱਚ ਲੋਕਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਦੇ ਹੱਲ ਤੇ ਵਿਕਾਸ ਦੇ ਮੁੱਦੇ ਨੂੰ ਲੈ ਕੇ ਚੋਣ ਮੈਦਾਨ ਵਿੱਚ ਉੱਤਰੇ ਹਨ।ਇਸ ਮੌਕੇ ਉਮੀਦਵਾਰ ਨਰੇਸ਼ ਸ਼ਰਮਾ ਤੇ ਗੀਤਾ ਸ਼ਰਮਾ ਪਤਨੀ ਸੰਜੀਵ ਸ਼ਰਮਾ ਗੋਲਡੀ ਨੇ ਕਿਹਾ ਕਿ ਉਹ ਵਾਰਡ ਦੇ ਵਿਕਾਸ ਤੇ ਲੋਕਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਦੇ ਹੱਲ ਲਈ ਵਚਨਬੱਧ ਹਨ।ਉਨ੍ਹਾਂ ਦੱਸਿਆ ਕਿ ਉਹ ਲੋਕਲ ਉਮੀਦਵਾਰ ਹਨ ਤੇ ਇਸ ਵਾਰਡ ਵਿੱਚ ਲਗਾਤਾਰ ਕੰਮ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਸਿਨੇਮਾ ਰੋਡ ਸੜਕ ਤੇ ਨਵੀਆਂ ਦੋ ਪੁਲੀਆਂ ਬਣਨ ਨਾਲ ਵਾਰਡ ਨੰਬਰ 10 ਤੇ 13 ਵਿੱਚ ਬਰਸਾਤੀ ਪਾਣੀ ਖੜ੍ਹੇ ਰਹਿਣ ਦੀ ਸਮੱਸਿਆ ਦਾ ਹੱਲ ਹੋ ਚੁੱਕਾ ਹੈ, ਜਿਸ ਨੂੰ ਕਾਂਗਰਸ ਪਾਰਟੀ ਵੱਲੋਂ ਜਾਰੀ ਗਰਾਂਟ ਰਾਹੀਂ ਉਨ੍ਹਾਂ ਵੱਲੋਂ ਪੂਰਾ ਕਰਵਾਇਆ ਗਿਆ ਹੈ। ਇਸ ਮੌਕੇ ਸਵਰਨਕਾਰ ਸੰਘ ਪ੍ਰਧਾਨ ਹਰੀ ਕ੍ਰਿਸ਼ਨ ਸੇਠ, ਇੰਦਰਜੀਤ ਸਿੰਘ ਚੀਕੂ, ਸਾਬਕਾ ਪ੍ਰਧਾਨ ਨਰਿੰਦਰਜੀਤ ਸਿੰਘ ਭਾਟੀਆ, ਚਰਨਜੀਤ ਬਾਤਿਸ਼, ਸ਼ਸ਼ੀ ਜਿੰਦਲ, ਰਵਿੰਦਰ ਸ਼ਰਮਾ ਬਿੱਟੂ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਾਰਡ ਵਾਸੀ ਤੇ ਕਾਂਗਰਸ ਪਾਰਟੀ ਦੇ ਵਰਕਰ ਤੇ ਆਗੂ ਹਾਜ਼ਰ ਸਨ।



# ਸ਼੍ਰੋਮਣੀ ਅਕਾਲੀ ਦਲ ਦੀ ਲਹਿਰ ਹੋਈ ਹੋਰ ਮਜ਼ਬੂਤ, ਜਿੱਤ ਦੇ ਮਿਲ ਰਹੇ ਸਪੱਸ਼ਟ ਸੰਕੇਤ : ਅਰਵਿੰਦ ਖੰਨਾ

**ਭਵਾਨੀਗੜ੍ਹ, (ਰਾਜ ਖੁਰਮੀ)** ਨਗਰ ਕੌਂਸਲ ਚੋਣਾਂ ਨੂੰ ਲੈ ਕੇ ਭਵਾਨੀਗੜ੍ਹ ਵਿੱਚ ਸ਼੍ਰੋਮਣੀ ਅਕਾਲੀ ਦਲ ਦੀਆਂ ਸਰਗਰਮੀਆਂ ਲਗਾਤਾਰ ਤੇਜ਼ ਹੋ ਰਹੀਆਂ ਹਨ ਤੇ ਪਾਰਟੀ ਦੇ ਹੱਕ ਵਿੱਚ ਮਾਹੌਲ ਬਣਦਾ ਨਜ਼ਰ ਆ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸ੍ਰੀ ਅਰਵਿੰਦ ਖੰਨਾ ਨੇ ਵਿਸ਼ੇਸ਼ ਚੋਣ ਮੀਟਿੰਗ ਦੌਰਾਨ ਕੀਤਾ। ਮੀਟਿੰਗ ਦੌਰਾਨ ਨਗਰ ਕੌਂਸਲ ਚੋਣਾਂ ਸਬੰਧੀ ਪਾਰਟੀ ਦੀ ਚੋਣ ਰਣਨੀਤੀ, ਇਲਾਕੇ ਦੇ ਵਿਕਾਸ ਕਾਰਜਾਂ ਤੇ ਲੋਕਾਂ ਨੂੰ ਦਰਪੇਸ਼ ਮੁੱਖ ਸਮੱਸਿਆਵਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।ਪਾਰਟੀ ਆਗੂਆਂ ਤੇ ਵਰਕਰਾਂ ਨੇ ਵੀ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਅਕਾਲੀ ਦਲ ਨੂੰ ਹੋਰ ਮਜ਼ਬੂਤ ਕਰਨ ਦਾ ਭਰੋਸਾ ਦਿੱਤਾ।ਅਰਵਿੰਦ ਖੰਨਾ ਨੇ ਕਿਹਾ ਕਿ ਭਵਾਨੀਗੜ੍ਹ ਵਿੱਚ ਲੋਕ ਵੱਡੀ ਗਿਣਤੀ 'ਚ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਤੇ ਲੋਕ ਪੱਖੀ ਸੋਚ ਨਾਲ ਪ੍ਰਭਾਵਤ ਹੋ ਕੇ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਹਰ ਰੋਜ਼ ਲੋਕਾਂ ਦਾ ਸਮਰਥਨ ਵਧ ਰਿਹਾ ਹੈ, ਉਸ ਤੋਂ ਸਾਫ਼ ਹੈ ਕਿ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਸ਼ਾਨਦਾਰ ਪ੍ਰਦਰਸ਼ਨ ਕਰੇਗਾ।ਉਨ੍ਹਾਂ ਦਾਅਵਾ ਕੀਤਾ ਕਿ ਭਵਾਨੀਗੜ੍ਹ ਤੋਂ ਉੱਠ ਰਹੀ ਅਕਾਲੀ ਦਲ ਦੀ ਮਜ਼ਬੂਤ ਲਹਿਰ ਆਉਣ ਵਾਲੀ ਜਿੱਤ ਦਾ ਸਪੱਸ਼ਟ ਸੰਕੇਤ ਦੇ ਰਹੀ ਹੈ ਅਤੇ ਪਾਰਟੀ ਹਰ ਵਾਰਡ ਵਿੱਚ ਮਜ਼ਬੂਤੀ ਨਾਲ ਚੋਣ ਮੈਦਾਨ ਵਿੱਚ ਉਤਰੇਗੀ।



# ਵਿਰੋਧੀ ਧਿਰਾਂ ਵੱਲੋਂ ਵਿਧਾਇਕ ਸਿੰਗਲਾ 'ਤੇ ਨਾਮਜ਼ਦਗੀ ਪੱਤਰ ਰੱਦ ਕਰਵਾਉਣ ਦੇ ਦੋਸ਼

**ਮਾਨਸਾ (ਆਤਮਾ ਸਿੰਘ ਪਮਾਰ)**- ਨਗਰ ਕੌਂਸਲ ਤੇ ਨਗਰ ਪੰਚਾਇਤ ਦੀਆਂ ਹੋ ਰਹੀਆਂ ਆਮ ਚੋਣਾਂ ਲਈ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਦੌਰਾਨ ਮਾਨਸਾ ਦੇ ਉੱਪ-ਮੰਡਲ ਮੈਜਿਸਟਰੇਟ ਦਫ਼ਤਰ ਮੂਹਰੇ ਉਸ ਸਮੇਂ ਭਾਰੀ ਹੰਗਾਮਾ ਹੋ ਗਿਆ, ਜਦੋਂ ਵਿਰੋਧੀ ਧਿਰਾਂ ਤੇ ਆਮ ਲੋਕਾਂ ਨੂੰ ਪਤਾ ਲੱਗਾ ਕਿ ਵਾਰਡ ਨੰਬਰ 18 ਤੋਂ ਅਜ਼ਾਦ ਉਮੀਦਵਾਰ ਅਰਪਿਤ ਚੌਧਰੀ ਦੀ ਉਮੀਦਵਾਰੀ ਰੱਦ ਕਰਵਾਉਣ ਲਈ ਕਿਸੇ ਵੱਲੋਂ ਕੁੱਝ ਕਥਿਤ ਇਤਰਾਜ਼ ਰਿਟਰਨਿੰਗ ਅਫ਼ਸਰ ਕੋਲ ਦਰਜ ਕਰਵਾਏ ਗਏ ਹਨ।ਸਥਿਤੀ ਉਸ ਸਮੇਂ ਤਣਾਅਪੂਰਨ ਹੋ ਗਈ, ਜਦੋਂ ਕੁੱਝ ਲੋਕਾਂ ਨੇ ਦੋਸ਼ ਲਗਾਏ ਕਿ ਸਥਾਨਕ ਵਿਧਾਇਕ ਡਾ. ਵਿਜੇ ਸਿੰਗਲਾ ਇਸ ਸਬੰਧ 'ਚ ਰਿਟਰਨਿੰਗ ਅਫ਼ਸਰ ਕੋਲ ਪਹੁੰਚ ਕੇ ਉਕਤ ਇਤਰਾਜ਼ਾਂ ਦੀ ਰੌਸ਼ਨੀ 'ਚ ਉਮੀਦਵਾਰ ਅਰਪਿਤ ਚੌਧਰੀ ਦੇ ਕਥਿਤ ਤੌਰ 'ਤੇ ਨਾਮਜ਼ਦਗੀ ਪੱਤਰ ਰੱਦ ਕਰਵਾਉਣ ਲਈ ਦਬਾਅ ਬਣਾ ਰਹੇ ਹਨ। ਇਸ ਮੌਕੇ ਵਿਰੋਧੀ ਧਿਰਾਂ ਨੇ ਦੋਸ਼ ਲਗਾਏ ਕਿ ਆਮ ਆਦਮੀ ਪਾਰਟੀ ਸਿਰਫ਼ ਵਾਰਡ ਨੰਬਰ 18 ਤੋਂ ਹੀ ਨਹੀਂ, ਸਗੋਂ ਆਪਣੀ ਹਾਰ ਨੂੰ ਭਾਂਪਦਿਆਂ ਹੋਰਨਾਂ ਵਾਰਡਾਂ 'ਚ ਵਿਰੋਧੀਆਂ ਦੇ ਕਾਗਜ਼ ਰੱਦ ਕਰਵਾ ਕੇ ਚੋਣਾਂ ਲੜਨਾ ਨਹੀਂ, ਸਗੋਂ ਲੁੱਟਣਾ ਚਾਹੁੰਦੀ ਹੈ।ਉਨ੍ਹਾਂ ਵਿਧਾਇਕ ਸਿੰਗਲਾ 'ਤੇ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਸਮੇਂ ਆਮ ਆਦਮੀ ਪਾਰਟੀ ਤੇ ਸਿੰਗਲਾ ਵੱਲੋਂ ਕੀਤੀਆਂ ਗਈਆਂ ਕਥਿਤ ਧੱਕੇਸ਼ਾਹੀਆਂ ਦਾ ਜ਼ਿਕਰ ਵੀ ਇਸ ਸਮੇਂ ਕੀਤਾ।ਜ਼ਿਕਰਯੋਗ ਹੈ ਕਿ ਸਮੁੱਚੀਆਂ ਰਾਜਨੀਤਕ ਵਿਰੋਧੀ ਧਿਰਾਂ ਤੇ ਕੁੱਝ ਸਮਾਜਿਕ ਜਥੇਬੰਦੀਆਂ ਵੀ ਇਸ ਮਸਲੇ ਨੂੰ ਲੈ ਕੇ ਇੱਕਮੁੱਠ ਦਿਖਾਈ ਦਿੱਤੀਆਂ।ਅਖੀਰ ਕਰੀਬ ਸ਼ਾਮੀ ਪੰਜ ਵਜੇ ਦੇ ਕਰੀਬ ਰਿਟਰਨਿੰਗ ਅਫ਼ਸਰ ਵੱਲੋਂ ਕਾਗਜ਼ਾਂ ਦੀ ਪੜਤਾਲ ਉਪਰੰਤ ਇੱਕ ਉਮੀਦਵਾਰ ਨੂੰ ਛੱਡ ਕੇ ਦੋ ਜੇਲ੍ਹ 'ਚ ਬੰਦ ਦੱਸਿਆ ਜਾ ਰਿਹਾ ਹੈ, ਨੂੰ ਛੱਡ ਮਾਨਸਾ ਦੇ ਕੇ ਬਾਕੀ 27 ਵਾਰਡਾਂ ਲਈ ਉਮੀਦਵਾਰਾਂ ਦੇ ਕਾਗਜ਼ ਸਹੀ ਪਾਏ ਗਏ ਅਤੇ ਮਹੌਲ ਸ਼ਾਂਤ ਹੋ ਗਿਆ।ਵਿਰੋਧੀ ਧਿਰਾਂ ਵੱਲੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਾਰੇ ਵਾਰਡਾਂ ਤੋਂ ਕਾਗਜ਼ ਸਹੀ ਪਾਏ ਜਾਣ ਤੋਂ ਸਪੱਸ਼ਟ ਹੋ ਗਿਆ ਹੈ ਕਿ ਲਗਾਏ ਗਏ ਇਤਰਾਜ਼ ਨਿਰਆਧਾਰ ਤੇ ਨਿਰਮੂਲ ਸਨ। ਉਧਰ ਦੂਜੇ ਪਾਸੇ ਜਦੋਂ ਵਿਧਾਇਕ ਡਾ. ਸਿੰਗਲਾ ਨਾਲ ਇਸ ਮਸਲੇ ਸਬੰਧੀ ਫੋਨ ਕਰਕੇ ਉਨ੍ਹਾਂ ਦਾ ਪੱਖ ਜਾਣਨਾ ਚਾਹਿਆ ਤਾਂ ਉਨ੍ਹਾਂ ਦੋਸ਼ਾਂ ਨੂੰ ਮੁੱਢੋਂ ਖਾਰਜ ਕਰਦਿਆਂ ਕਿਹਾ ਕਿ ਉਹ ਰੁਟੀਨ 'ਚ ਹੀ ਰਿਟਰਨਿੰਗ ਅਫ਼ਸਰ ਕੋਲ ਗਏ ਸਨ।ਕਿਸੇ ਦੇ ਕਾਗਜ਼ ਰੱਦ ਕਰਵਾਉਣਾ ਉਨ੍ਹਾਂ ਦਾ ਕੋਈ ਮਕਸਦ ਨਹੀਂ ਸੀ।ਉਨ੍ਹਾਂ ਕਿਹਾ ਕਿ ਕੁੱਝ ਸ਼ਰਾਰਤੀ ਲੋਕ ਸ਼ਹਿਰ ਦਾ ਮਹੌਲ ਖਰਾਬ ਕਰਨਾ ਚਾਹੁੰਦੇ ਹਨ।ਵਿਧਾਇਕ ਨੇ ਕਿਹਾ ਕਿ ਲਗਾਏ ਗਏ ਦੋਸ਼ ਨਿਰਮੂਲ ਤੇ ਸਚਾਈ ਤੋਂ ਕੋਹਾਂ ਦੂਰ ਹਨ।ਇਸ ਸਮੇਂ ਸਾਬਕਾ ਵਿਧਾਇਕ ਨਾਜ਼ਰ ਸਿੰਘ ਮਾਨਸ਼ਾਹੀਆ, ਕਾਂਗਰਸ ਦੇ ਜ਼ਿਲ੍ਹਾ ਕੁਲਵੰਤ ਰਾਏ ਸਿੰਗਲਾ, ਸੀ ਪੀ ਆਈ ਦੇ ਕ੍ਰਿਸ਼ਨ ਚੌਹਾਨ, ਆਰ ਟੀ ਆਈ ਐਕਟਵਿਸਟ ਮਾਣਕ ਗੋਇਲ, ਐਡਵੋਕੇਟ ਗੁਰਪ੍ਰੀਤ ਸਿੰਘ ਵਿੱਕੀ, ਚਮਕੌਰ ਸਿੰਘ ਮੂਸਾ, ਅਕਾਲੀ ਦਲ ਦੇ ਹਲਕਾ ਇੰਚਾਰਜ ਪ੍ਰੇਮ ਕੁਮਾਰ ਅਰੋੜਾ, ਐਡਵੋਕੇਟ ਕੇ ਐੱਸ ਮਠਾੜੂ, ਮਨੀਸ਼ ਕੁਮਾਰ ਬੱਬੀ ਦਾਨੇਵਾਲੀਆ, ਮੈਡੀਕਲ ਪ੍ਰੈਕਟੀਸ਼ਨਰਜ਼ ਦੇ ਧੰਨਾ ਮੱਲ ਗੋਇਲ ਤੋਂ ਇਲਾਵਾ ਵੱਡੀ ਗਿਣਤੀ ਉਮੀਦਵਾਰ ਅਤੇ ਵੱਖ ਵੱਖ ਪਾਰਟੀਆਂ ਤੇ ਜਥੇਬੰਦੀਆਂ ਦੇ ਆਗੂ ਤੇ ਵਰਕਰ ਵੀ ਹਾਜ਼ਰ ਸਨ।



## ਫਾਸਟ ਫੂਡ ਬਣ ਰਿਹਾ ਦੇਸ਼ ਵਾਸੀਆਂ ਲਈ ਜ਼ਹਿਰ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** ਫਾਸਟ ਫੂਡ ਦਾ ਰੁਝਾਨ ਲਗਾਤਾਰ ਵਧ ਰਿਹਾ ਹੈ, ਪਰ ਸਿਹਤ ਮਾਹਿਰਾਂ ਅਨੁਸਾਰ ਇਹ ਚੀਜ਼ਾਂ ਲੋਕਾਂ ਦੀ ਸਿਹਤ ਲਈ ਹੌਲੀ-ਹੌਲੀ ਜ਼ਹਿਰ ਸਾਬਤ ਹੋ ਰਹੀਆਂ ਹਨ।ਬਰਗਰ, ਪਿੱਜ਼ਾ, ਕੋਲਡ ਡ੍ਰਿੰਕ, ਚਿਪਸ ਤੇ ਹੋਰ ਜੰਕ ਫੂਡ ਵਿੱਚ ਵੱਧ ਮਾਤਰਾ ਵਿੱਚ ਤੇਲ, ਨਮਕ, ਸ਼ੱਕਰ ਤੇ ਕੈਮੀਕਲ ਮਿਲਾਏ ਜਾਂਦੇ ਹਨ, ਜੋ ਸਰੀਰ ਨੂੰ ਗੰਭੀਰ ਨੁਕਸਾਨ ਪੁਚਾਉਂਦੇ ਹਨ। ਡਾਕਟਰਾਂ ਦਾ ਕਹਿਣਾ ਹੈ ਕਿ ਫਾਸਟ ਫੂਡ ਦੀ ਲਗਾਤਾਰ ਵਰਤੋਂ ਨਾਲ ਮੋਟਾਪਾ, ਸ਼ੂਗਰ, ਦਿਲ ਦੀਆਂ ਬਿਮਾਰੀਆਂ ਤੇ ਬਲੱਡ ਪ੍ਰੈਸ਼ਰ ਵਰਗੀਆਂ ਸਮੱਸਿਆਵਾਂ ਤੇਜ਼ੀ ਨਾਲ ਵੱਧ ਰਹੀਆਂ ਹਨ।ਖ਼ਾਸ ਕਰਕੇ ਬੱਚੇ ਤੇ ਨੌਜਵਾਨ ਇਸ ਦੇ ਸਭ ਤੋਂ ਵੱਧ ਆਦੀ ਬਣ ਰਹੇ ਹਨ, ਜਿਸ ਕਾਰਨ ਘਰੇਲੂ ਤੇ ਪੌਸ਼ਟਿਕ ਖਾਣੇ ਤੋਂ ਦੂਰੀ ਬਣਦੀ ਜਾ ਰਹੀ ਹੈ।ਦੀਪ ਹਸਪਤਾਲ ਦੇ ਡਾਕਟਰ ਹਰਗੁਪ੍ਰਤਾਪ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਤੰਦਰੁਸਤ ਜੀਵਨ ਲਈ ਘਰੇਲੂ ਅਤੇ ਤਾਜ਼ਾ ਖਾਣੇ ਨੂੰ ਤਰਜ਼ੀਹ ਦਿੱਤੀ ਜਾਵੇ ਤੇ ਫਾਸਟ ਫੂਡ ਦੀ ਵਰਤੋਂ ਘੱਟ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਜੇਕਰ ਲੋਕਾਂ ਨੇ ਸਮੇਂ ਸਿਰ ਆਪਣੀਆਂ ਖਾਣ-ਪੀਣ ਦੀਆਂ ਆਦਤਾਂ ਨਾ ਬਦਲੀਆਂ ਤਾਂ ਆਉਣ ਵਾਲੇ ਸਮੇਂ ਵਿੱਚ ਸਿਹਤ ਸੰਬੰਧੀ ਸਮੱਸਿਆਵਾਂ ਹੋਰ ਵੀ ਗੰਭੀਰ ਹੋ ਸਕਦੀਆਂ ਹਨ।





ਰਾਜਪੁਰਾ ਨਗਰ ਕੌਂਸਲ ਚੋਣਾਂ ਲਈ ਵਾਰਡ ਨੰਬਰ 5 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਸ਼੍ਰੀਮਤੀ ਸੁਨੀਤਾ ਮੈਨਰੋ ਨੇ ਆਪਣੇ ਪ੍ਰਚਾਰ ਨੂੰ ਤੇਜ ਕਰ ਦਿਤਾ ਹੈ ਉਨ੍ਹਾਂ ਦੇ ਚੋਣ ਮੀਟਿੰਗ ਰੈਲੀ ਦਾ ਰੂਪ ਧਾਰਨ ਕਰ ਰਹੀਆਂ ਹਨ ਸ਼੍ਰੀਮਤੀ ਸੁਨੀਤਾ ਮੈਨਰੋ ਦੇ ਚੋਣ ਦੀ ਕਮਾਨ ਉਨ੍ਹਾਂ ਦੇ ਪਤੀ ਅਤੇ ਪਾਰਟੀ ਕੁਆਡੀਨੇਟਰ ਵਿਜੈ ਕੁਮਾਰ ਮੈਨਰੋ ਸੰਭਾਲ ਰਹੇ ਹਨ। (ਫੋਟੋ ਤੇ ਵੇਰਵਾ : ਰਮੇਸ਼ ਕਟਾਰੀਆ, ਰਾਜਪੁਰਾ)

## ਗੁਰਦਾਸਪੁਰੋਂ ਪੰਜਾਹ ਦੇ ਕਰੀਬ ਸਾਹਿਤਕਾਰਾਂ ਦਾ ਜਥਾ ਚੰਡੀਗੜ੍ਹ ਰੈਲੀ 'ਚ ਹੁੰਮ-ਹੁਮਾ ਕੇ ਪਹੁੰਚੇਗਾ

ਧਾਰੀਵਾਲ, ਦੀਨਾਨਗਰ (ਮਨਦੀਪ ਵਿੱਕੀ, ਬਲਵਿੰਦਰ ਸਿੰਘ ਬਿੱਲਾ)-ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਦੀ ਇੱਕ ਵਿਸੇਸ਼ ਇਕੱਤਰਤਾ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਦੇ ਸੰਦੇਸ਼ ਦੇ ਮੱਦੇਨਜ਼ਰ ਹੋਈ।ਇਸ ਇਕੱਤਰਤਾ ਦੌਰਾਨ ਜ਼ਿਲ੍ਹਾ ਸਾਹਿਤ ਕੇਂਦਰ ਦੇ ਹਾਜ਼ਰ ਮੈਂਬਰਾਂ ਵੱਲੋਂ 22 ਮਈ ਦੀ ਚੰਡੀਗੜ੍ਹ ਰੈਲੀ ਜੋ ਕਿ ਉਚੇਚੇ ਤੌਰ ਤੇ ਆਰਮੀ ਸਕੂਲਾਂ ਜਿਨ੍ਹਾਂ ਨੂੰ ਇੱਕ ਪ੍ਰਾਈਵੇਟ ਫਰਮ (ਆਰਮੀ ਵੈਲਫੇਅਰ ਐਜੂਕੇਸ਼ਨ ਸੁਸਾਇਟੀ) ਚਲਾਉਂਦੀ ਹੈ ਅਤੇ ਇਨ੍ਹਾਂ ਸਕੂਲਾਂ ਵਿਚ ਅੰਗਰੇਜ਼ੀ, ਹਿੰਦੀ ਅਤੇ ਪੰਜਾਬੀ ਭਾਸ਼ਾਵਾਂ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਈਆਂ ਜਾਂਦੀਆਂ ਸਨ ਹੁਣ ਇਨ੍ਹਾਂ ਵਿੱਚੋਂ ਮਾਂ ਬੋਲੀ ਪੰਜਾਬੀ ਦੀ ਥਾਂ ਸੰਸਕ੍ਰਿਤ ਨੂੰ ਲਾਜ਼ਮੀ ਵਿਸ਼ਿਆਂ ਵਿਚ ਸ਼ਾਮਲ ਕਰਕੇ ਪੰਜਾਬੀ ਨੂੰ ਹਾਸ਼ੀਏ ਤੇ ਧੱਕ ਦਿੱਤਾ ਗਿਆ ਹੈ ਜਿਹੜਾ ਕਿ ਪੰਜਾਬ ਦੇ ਲੋਕਾਂ ਨਾਲ ਸਰਾਸਰ ਧੱਕਾ ਹੈ ਅਤੇ ਪੰਜਾਬ ਦੇ ਲੋਕ ਇਸ ਨੂੰ ਹਰਗਿਜ਼ ਬਰਦਾਸ਼ਤ ਨਹੀਂ ਕਰਨਗੇ।ਇਸ ਲਈ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਵੱਲੋਂ ਅਪਣੀ ਜ਼ੁੰਮੇਵਾਰੀ ਨੂੰ ਸਮਝਦਿਆਂ ਹੋਇਆਂ ਇਸ ਕੋਝੀ ਚਾਲ ਦਾ ਜ਼ੋਰਦਾਰ ਵਿਰੋਧ ਕੀਤਾ ਗਿਆ ਹੈ ਅਤੇ ਪੰਜਾਬ ਭਰ ਦੀਆਂ ਸਮੂਹ ਸਾਹਿਤ ਸਭਾਵਾਂ ਨੂੰ ਇਸ ਨਾਦਰਸ਼ਾਹੀ ਫੈਸਲੇ ਨੂੰ ਰੱਦ ਕਰਵਾਉਣ ਹਿਤ 22 ਮਈ ਦਿਨ ਸ਼ੁੱਕਰਵਾਰ ਨੂੰ ਚੰਡੀਗੜ੍ਹ ਵਿਖੇ ਕੀਤੇ ਜਾ ਰਹੇ ਵਿਰੋਧ ਪ੍ਰਦਰਸ਼ਨ ਵਿਚ ਹੁੰਮ-ਹੁਮਾ ਕੇ ਸ਼ਾਮਲ ਹੋਣ ਦੀ ਜ਼ੋਰਦਾਰ ਅਪੀਲ ਕੀਤੀ ਗਈ।ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਦੇ ਸਮੂਹ ਮੈਂਬਰਾਂ ਵੱਲੋਂ ਮੌਕਿਆਂ 'ਤੇ ਰਾਜ ਭਾਸ਼ਾ ਐਕਟ 2008 ਨੂੰ ਇੰਨ-ਬਿੰਨ ਲਾਗੂ ਕਰਨ ਜਿਸ ਵਿੱਚ ਪੰਜਾਬ ਦੇ ਸਮੂਹ ਸਰਕਾਰੀ, ਪ੍ਰਾਈਵੇਟ, ਆਈ ਸੀ ਐੱਸ ਸੀ ਅਤੇ ਨਵੋਦਿਆ ਆਦਿ ਸਾਰੇ ਸਕੂਲਾਂ ਵਿੱਚ ਦਸਵੀਂ ਜਮਾਤ ਤੱਕ ਪੰਜਾਬੀ ਨੂੰ ਲਾਜ਼ਮੀ ਵਿਸ਼ੇ



ਵਜੋਂ ਪੜ੍ਹਾਉਣ, ਸਰਕਾਰੀ ਦਫ਼ਤਰਾਂ ਦਾ ਸਾਰਾ ਕੰਮ ਪੰਜਾਬੀ ਵਿੱਚ ਕਰਨ ਅਤੇ ਅਦਾਲਤਾਂ ਦਾ ਕੰਮ ਵੀ ਪੰਜਾਬੀ ਵਿੱਚ ਕਰਨ ਦੀ ਮੰਗ ਕੀਤੀ ਗਈ।ਇਸ ਮੌਕੇ ਤੇ ਇਸ ਮਹਾਂ ਰੈਲੀ ਨੂੰ ਸਫਲ ਬਨਾਉਣ ਹਿਤ ਸਾਹਿਤਕਾਰਾਂ ਤਕ ਨਿਜੀ ਤੌਰ ਤੇ ਪਹੁੰਚ ਕਰਨ ਹਿਤ ਟੀਮਾ ਤੋਰ ਦਿੱਤੀਆਂ ਗਈਆਂ ਅਤੇ ਜ਼ਿਲ੍ਹਾ ਗੁਰਦਾਸਪੁਰ ਤੋਂ ਘੱਟੋ-ਘੱਟ 50 ਮੈਂਬਰਾਂ ਦਾ ਜਥਾ ਇਸ ਮਹਾਂ ਰੈਲੀ ਵਿੱਚ ਸ਼ਾਮਲ ਕਰਵਾਉਣ ਦਾ ਅਹਿਦ ਕੀਤਾ ਗਿਆ ਅਤੇ ਦੁਬਾਰਾ ਸਮੂਹ ਪੰਜਾਬੀਆਂ ਨੂੰ ਇਸ ਮਹਾਨ ਕਾਰਜ ਨੂੰ ਸਮਰਪਿਤ ਰੈਲੀ ਵਿੱਚ ਸ਼ਾਮਿਲ ਹੋ ਕੇ ਆਪਣੀ ਜ਼ੁੰਮੇਵਾਰੀ ਨਿਭਾਉਣ ਹਿੱਤ ਜ਼ੋਰਦਾਰ ਅਪੀਲ ਵੀ ਕੀਤੀ ਗਈ।ਇਸ ਇਕੱਤਰਤਾ ਵਿੱਚ ਜਿਲ੍ਹਾ ਸਾਹਿਤ ਕੇਂਦਰ ਦੇ ਪ੍ਰਧਾਨ ਡਾ: ਲੇਖ ਰਾਜ, ਸੰਯੋਜਕ ਮੱਖਣ ਕੁਹਾੜ, ਜਨਰਲ ਸਕੱਤਰ ਮੰਗਤ ਚੰਚਲ, ਸੀਨੀਅਰ ਮੀਤ ਪ੍ਰਧਾਨ ਸੀਤਲ ਸਿੰਘ ਗੁੰਨੋਪੁਰੀ, ਡਾ. ਰਜਵਿੰਦਰ ਕੌਰ, ਬੂਟਾ ਰਾਮ ਆਜ਼ਾਦ, ਪ੍ਰੈੱਸ ਸਕੱਤਰ ਸੁੱਚਾ ਸਿੰਘ ਪਸਨਾਵਾਲ, ਗੁਰਪ੍ਰੀਤ ਸਿੰਘ ਰੰਗੀਲਪੁਰ, ਗੁਰਮੀਤ ਬਾਜਵਾ, ਨਿਸ਼ਾਨ ਸਿੰਘ ਜੌੜਾਸੰਘਾ ਅਤੇ ਸੋਹਣ ਸਿੰਘ ਹਾਜ਼ਰ ਹੋਏ।

## ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਪੂਰੀ ਪਾਰਦਰਸ਼ਤਾ ਨਾਲ ਕਰਵਾਈ ਜਾਵੇਗੀ: ਡੀ ਸੀ

ਬਟਾਲਾ, (ਤਰਲੋਕ ਬੱਗਾ)-ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਵੱਲੋਂ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ ਸਬੰਧੀ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ।ਇਸ ਅਧੀਨ ਪੰਜਾਬ ਰਾਜ ਵਿੱਚ 25 ਜੂਨ ਤੋਂ 24 ਜੁਲਾਈ ਤੱਕ ਬੀ. ਐੱਲ. ਓਜ਼ ਘਰ-ਘਰ ਜਾ ਕੇ ਫਾਰਮ ਭਰਵਾਉਣਗੇ।ਇਹ ਪ੍ਰਗਟਾਵਾ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉੱਪਲ ਨੇ ਕੀਤਾ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ ਐੱਸ. ਆਈ. ਆਰ. ਕਰਵਾਉਣ ਸਬੰਧੀ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਇਸ ਕੰਮ ਨੂੰ ਪੂਰੇ ਪਾਰਦਰਸ਼ੀ ਤਰੀਕੇ ਨਾਲ ਨੇਪਰੇ ਚਾੜ੍ਹਿਆ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਕੰਮ ਲਈ ਜ਼ਿਲ੍ਹਾ ਗੁਰਦਾਸਪੁਰ ਵਿੱਚ 1553 ਬੂਥਾਂ 'ਤੇ 1555 ਬੀ.ਐੱਲ.ਓਜ਼, 161 ਸੁਪਰਵਾਈਜ਼ਰ, 7 ਚੋਣਕਾਰ ਰਜਿਸਟਰੇਸ਼ਨ ਅਫ਼ਸਰ ਤੇ 7 ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਲਗਾਏ ਗਏ ਹਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ ਇਸ ਸਮੇਂ 1289140 ਵੋਟਰ ਹਨ।ਐੱਸ.ਆਈ.ਆਰ ਅਧੀਨ ਜ਼ਿਲ੍ਹਾ ਗੁਰਦਾਸਪੁਰ ਵਿੱਚ 1289140 ਵੋਟਰਾਂ ਵਿੱਚੋਂ 1095988 ਵੋਟਰ ਮੈਪ ਕਰ ਦਿੱਤੇ ਗਏ ਹਨ, ਜੋ ਕਿ ਤਕਰੀਬਨ 85.02 ਫੀਸਦੀ ਬਣਦਾ ਹੈ।ਉਨ੍ਹਾਂ ਕਿਹਾ ਕਿ ਭਾਵੇਂ ਕਿ ਸਾਰੇ ਵੋਟਰਾਂ ਨੂੰ ਐੱਸ.ਆਈ.ਆਰ ਅਧੀਨ ਫਾਰਮ ਭਰਨਾ ਜ਼ਰੂਰੀ ਹੈ, ਫਿਰ ਵੀ ਮੈਪ ਕੀਤੇ ਹੋਏ ਵੋਟਰਾਂ ਲਈ ਐੱਸ.ਆਈ.ਆਰ ਦੀ ਪ੍ਰਕਿਰਿਆ ਕਾਫੀ ਆਸਾਨ ਹੋਵੇਗੀ।ਜੇਕਰ ਕੋਈ ਵੋਟਰ ਐੱਸ.ਆਈ.ਆਰ ਅਧੀਨ ਇਨੂਮੀਰੇਸ਼ਨ ਫਾਰਮ ਨਹੀਂ ਭਰਦਾ ਹੈ ਤਾਂ ਉਸ ਨੂੰ ਡਰਾਫਟ ਵੋਟਰ ਸੂਚੀ ਵਿੱਚ ਸ਼ਾਮਿਲ ਨਹੀਂ ਕੀਤਾ ਜਾਵੇਗਾ, ਜੋ ਮਿਤੀ 31 ਜੁਲਾਈ ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਦਾਅਵੇ ਅਤੇ ਇਤਰਾਜ਼ ਮਿਤੀ 31 ਜੁਲਾਈ 2026 ਤੋਂ 30 ਅਗਸਤ ਤੱਕ ਲਏ ਜਾਣਗੇ ਜਿਨਾਂ ਦਾ ਨਿਪਟਾਰਾ ਮਿਤੀ 28 ਸਤੰਬਰ ਤੱਕ ਕਰਦੇ ਹੋਏ ਮਿਤੀ 1 ਅਕਤੂਬਰ ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਵੇਗੀ।ਐੱਸ. ਆਈ. ਆਰ. ਅਧੀਨ ਹੀ ਪੋਲਿੰਗ ਸਟੇਸ਼ਨਾਂ ਨੂੰ ਤਰਕ ਸੰਗਤ ਕਰਨ ਦਾ ਕਾਰਜ ਮਿਤੀ 24 ਜੁਲਾਈ ਤੱਕ ਕੀਤਾ ਜਾਵੇਗਾ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਕਿਸੇ ਪੋਲਿੰਗ ਸਟੇਸ਼ਨ 'ਤੇ ਵੋਟਰਾਂ ਦੀ ਗਿਣਤੀ 1200 ਤੋਂ ਵੱਧ ਨਾ ਹੋਵੇ।

## ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਦੇ ਖਿਡਾਰੀਆਂ ਨੂੰ 21 ਤਮਗੇ ਜਿੱਤਣ ਦਾ ਮਾਣ ਹਾਸਲ

ਧਾਰੀਵਾਲ, (ਮਨਦੀਪ ਵਿੱਕੀ)-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ, ਸਕੱਤਰ ਮੈਡਮ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਦੇ ਖਿਡਾਰੀਆਂ ਨੇ ਵੁਸ਼ੂ ਅਸੋਸੀਏਸ਼ਨ ਆਫ ਗੁਰਦਾਸਪੁਰ ਵੱਲੋਂ ਜ਼ਿਲਾ ਪੱਧਰੀ ਵੁਸ਼ੂ ਖੇਡਾਂ ਜੋ ਕਿ ਸਿੱਧੂ ਮਾਰਸ਼ਲ ਆਰਟਸ ਸਪੋਰਟਸ ਅਕੈਡਮੀ ਬਟਾਲਾ ਵਿਖੇ ਕਰਵਾਈਆਂ ਗਈਆਂ, ਵਿੱਚ ਭਾਗ ਲਿਆ।ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਅਗਮਜੋਤ ਸਿੰਘ ਸਪੁੱਤਰ ਅਮਰੀਕ ਸਿੰਘ, ਜੋਧਬੀਰ ਸਿੰਘ ਸਪੁੱਤਰ ਜਤਿੰਦਰ ਸਿੰਘ, ਗੁਰਵੰਸ਼ ਸਿੰਘ ਸਪੁੱਤਰ ਭਗਵੰਤ ਸਿੰਘ, ਰਣਵਿੰਦਰ ਜੀਤ ਕੌਰ ਸਪੁੱਤਰੀ ਹਰਭਜਨ ਸਿੰਘ, ਸ਼ਗੁਨਪ੍ਰੀਤ ਕੌਰ ਸਪੁੱਤਰੀ ਸਰਵਨ ਸਿੰਘ, ਅਭਿਨਵ ਰਾਜ ਸਪੁੱਤਰ ਕੁਮਾਰ ਰੰਜਨ, ਮਾਨਿਕ, ਸਪੁੱਤਰ ਰਾਜਨ, ਗੁਰਮੇਹਰ ਸਿੰਘ, ਸਪੁੱਤਰ ਰਣਜੀਤ ਸਿੰਘ, ਰਣਵੀਰ ਸਿੰਘ, ਸਪੁੱਤਰ ਹਰਪ੍ਰੀਤ ਸਿੰਘ, ਮਨਿੰਦਰ ਸਿੰਘ ਸਪੁੱਤਰ ਜਸਵੀਰ ਸਿੰਘ, ਦਮਨਪ੍ਰੀਤ ਕੌਰ ਸਪੁੱਤਰੀ ਜਸਵਿੰਦਰ ਸਿੰਘ, ਜੌਹਨ ਸਪੁੱਤਰ ਹੈਪੀ ਮਸੀਹ, ਰਿਸ਼ਵ ਸਪੁੱਤਰ ਸੁਦਾਮਾ, ਲਵਪ੍ਰੀਤ ਸਿੰਘ ਸਪੁੱਤਰ ਵਿਜੇ ਕੁਮਾਰ,



ਜੋਇਲ ਸਪੁੱਤਰ ਸਤੀਸ਼ ਨੇ ਗੋਲਡ ਮੈਡਲ, ਅੰਸ਼ੁਮਨ ਸਪੁੱਤਰ ਵਿਜੈ ਕੁਮਾਰ, ਕਰਨਦੀਪ ਸਿੰਘ ਸਪੁੱਤਰ ਲਖਵਿੰਦਰ ਸਿੰਘ, ਬਿਪਨਜੋਤ ਸਿੰਘ ਸਪੁੱਤਰ ਰਣਜੀਤ ਸਿੰਘ, ਨਵਕੀਰਤ ਸਿੰਘ ਸਪੁੱਤਰ ਜਸਵੰਤ ਸਿੰਘ, ਅਰਮਾਨਪ੍ਰੀਤ ਸਿੰਘ ਸਪੁੱਤਰ ਮੰਗਲ ਸਿੰਘ ਨੇ ਕਾਂਸੇ ਦੇ ਮੈਡਲ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਸਕੂਲ ਪਹੁੰਚਣ ਤੇ ਵਿਦਿਆਰਥੀਆਂ ਨੂੰ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਪ੍ਰਿੰਸੀਪਲ ਕਿਰਨ ਕੇਸਰ ਵੱਲੋਂ ਸਨਮਾਨਿਤ ਕੀਤਾ ਗਿਆ।ਜਾਣਕਾਰੀ ਦਿੰਦਿਆਂ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਨੇ ਕਿਹਾ ਕਿ ਸਾਡੇ ਸਕੂਲ ਲਈ ਬਹੁਤ ਹੀ ਮਾਣ ਅਤੇ ਖੁਸ਼ੀ ਦਾ ਦਿਨ ਹੈ।ਸਾਡੇ ਹੋਣਹਾਰ ਵਿਦਿਆਰਥੀਆਂ ਦੀ ਰਾਜ ਪੱਧਰੀ ਵੁਸ਼ੂ ਮੁਕਾਬਲਿਆਂ ਲਈ ਚੋਣ ਹੋਣਾ ਸਾਰੇ ਸਕੂਲ ਪਰਿਵਾਰ ਲਈ ਗੌਰਵ ਦੀ ਗੱਲ ਹੈ।ਸਕੂਲ ਦੇ 15 ਵਿਦਿਆਰਥੀ ਰਾਜ ਪੱਧਰੀ ਵੁਸ਼ੂ ਖੇਡਾਂ ਲਈ 30-05-26 ਨੂੰ ਬਠਿੰਡਾ ਵਿਖੇ ਜਾਣਗੇ।ਇਹ ਉਪਲਬਧੀ ਵਿਦਿਆਰਥੀਆਂ ਦੀ ਕਠਿਨ ਮਿਹਨਤ, ਅਨੁਸ਼ਾਸਨ ਅਤੇ ਉਨ੍ਹਾਂ ਦੇ ਕੋਚ ਮੈਡਮ ਪੂਜਾ ਅਤੇ ਬਲਜੀਤ ਕੌਰ ਦੀ ਰਹਿਨੁਮਾਈ ਦਾ ਨਤੀਜਾ ਹੈ।ਇਸ ਮੌਕੇ ਪ੍ਰਿੰਸੀਪਲ ਕਿਰਨ ਕੇਸਰ ਨੇ ਕਿਹਾ ਕਿ ਖਿਡਾਰੀਆਂ ਨੇ ਜ਼ਿਲ੍ਹਾ ਪੱਧਰੀ ਵੁਸ਼ੂ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਜਿੱਤ ਹਾਸਲ ਕੀਤੀ ਹੈ।ਇਹ ਸਫਲਤਾ ਉਨ੍ਹਾਂ ਦੀ ਕਠਿਨ ਮੇਹਨਤ, ਅਨੁਸ਼ਾਸਨ, ਦ੍ਰਿੜ ਨਿਸ਼ਚੇ ਅਤੇ ਕੋਚਾਂ ਦੀ ਸਹੀ ਮਾਰਗਦਰਸ਼ਨ ਦਾ ਨਤੀਜਾ ਹੈ।ਵੁਸ਼ੂ ਕੇਵਲ ਇੱਕ ਖੇਡ ਨਹੀਂ, ਸਗੋਂ ਸਰੀਰਕ ਤਾਕਤ, ਮਨੋਬਲ ਅਤੇ ਆਤਮ ਵਿਸ਼ਵਾਸ ਨੂੰ ਮਜ਼ਬੂਤ ਕਰਨ ਦਾ ਸਾਧਨ ਹੈ।ਜੇਕਰ ਮਨ ਵਿੱਚ ਜਜ਼ਬਾ ਹੋਵੇ ਤਾਂ ਹਰ ਮੰਜ਼ਿਲ ਹਾਸਲ ਕੀਤੀ ਜਾ ਸਕਦੀ ਹੈ।ਅੰਤ ਵਿੱਚ ਉਨ੍ਹਾਂ ਨੇ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

## ਕੌਮਾਂਤਰੀ ਮਿਊਜ਼ੀਅਮ ਦਿਵਸ ਮੌਕੇ ਰਿਆੜਕੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਮਿਊਜ਼ੀਅਮ ਦਾ ਦੌਰਾ

ਧਾਰੀਵਾਲ, (ਮਨਦੀਪ ਵਿੱਕੀ)-ਕੌਮਾਂਤਰੀ ਦਿਵਸ ਦੇ ਮੌਕੇ ਇਲਾਕੇ ਦੀ ਸਿਰਮੌਰ ਸੰਸਥਾ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਦੇ ਵਿਦਿਆਰਥੀਆਂ ਨੇ ਆਪਣੀ ਸੰਸਥਾ ਦੇ ਫੇਜ਼ ਇੱਕ ਵਿੱਚ ਬਣੇ ਸ਼ਾਨਦਾਰ ਅਜਾਇਬ ਘਰਾਂ ਦਾ ਦੌਰਾ ਕੀਤਾ।ਇਸ ਮੌਕੇ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਦੱਸਿਆ ਕਿ ਸੰਸਥਾ ਕੋਲ ਚਾਰ ਵੱਖ-ਵੱਖ ਭਾਗਾਂ ਵਾਲਾ ਅਜਾਇਬ-ਘਰ ਮੌਜੂਦ ਹੈ।ਪਹਿਲਾ ਭਾਗ ਮਹਾਨ ਸਮਾਜ ਸੇਵੀ ਭਗਤ ਪੂਰਨ ਸਿੰਘ ਜੀ ਪਿੰਗਲਵਾੜਾ ਦੀ ਯਾਦ ਨੂੰ ਸਮਰਪਿਤ ਹੈ।ਦੂਜਾ ਭਾਗ ਵਿਰਾਸਤ ਘਰ ਹੈ ਜਿੱਥੇ ਪੁਰਾਤਨ ਵਿਰਾਸਤੀ ਸਮਾਨ ਸੰਭਾਲ ਕੇ ਰੱਖਿਆ ਗਿਆ ਹੈ।ਤੀਜੇ ਭਾਗ ਵਿੱਚ ਨਾਮਣਾ ਖੱਟਣ ਵਾਲੇ ਸਿੱਖ ਮਹਾਪੁਰਸ਼ਾਂ ਅਤੇ ਸੰਸਥਾ ਨਾਲ ਸੰਬੰਧਿਤ ਗੈਲਰੀ ਸੱਜੀ ਹੋਈ ਹੈ।ਚੌਥੇ ਭਾਗ ਵਿੱਚ ਬੇਸ਼ਕੀਮਤੀ ਪੁਸਤਕਾਂ ਅਤੇ ਦੁਰਲੱਭ ਹੱਥ-ਲਿਖਤ ਕਿਤਾਬਾਂ ਸੁਰੱਖਿਅਤ ਰੱਖੀਆਂ ਗਈਆਂ ਹਨ।ਇਸ ਕੌਮਾਂਤਰੀ ਅਜਾਇਬ ਘਰ ਦਿਵਸ ਮੌਕੇ ਸਵੇਰੇ ਕੀਤੀ ਵਿਸ਼ੇਸ਼ ਅਸੈਂਬਲੀ ਵਿੱਚ ਪੰਜਾਬੀ ਦੇ ਸਰਵੋਤਮ ਕਵੀ ਪ੍ਰੋਫੈਸਰ ਗੁਰਭਜਨ ਗਿੱਲ ਵੀ ਆਨਲਾਈਨ ਵਿਦਿਆਰਥੀਆਂ ਨੂੰ ਸੰਬੋਧਿਤ ਹੋਏ ਅਤੇ ਉਹਨਾਂ ਨੇ ਇਸ ਗੱਲ ਦੀ ਤਾਰੀਫ ਕੀਤੀ ਕਿ ਸੰਸਥਾ ਜਿਸ ਤਰੀਕੇ ਨਾਲ ਵਿਦਿਆਰਥੀਆਂ ਦੇ ਵਿੱਚ ਮੌਲਿਕਤਾ ਅਤੇ ਸਹੀ ਗਿਆਨ ਭਰਨ ਵਿੱਚ ਯਤਨਸ਼ੀਲ ਹੈ, ਉਹ ਆਪਣੇ ਆਪ ਵਿੱਚ ਵੱਡੀ ਗੱਲ ਹੈ। ਉਨ੍ਹਾਂ ਕਿਹਾ ਕਿ ਉਹੀ ਲੋਕ ਵਿਰਸੇ ਦੇ ਅਸਲੀ ਵਾਰਸ ਬਣ ਸਕਦੇ ਹਨ ਜਿਨ੍ਹਾਂ ਨੂੰ ਵਿਰਸੇ ਪ੍ਰਤੀ ਸਮਝ ਬਚਪਨ ਵਿੱਚ ਹੀ ਭਰ ਦਿੱਤੀ ਜਾਵੇ ਅਤੇ ਜਿਸ



ਕੰਮ ਵਿੱਚ ਰਿਆੜਕੀ ਸੰਸਥਾਵਾਂ ਮੋਹਰੀ ਅਤੇ ਵੱਡਾ ਕਾਰਜ ਕਰ ਰਹੀਆਂ ਹਨ।ਵਿਦਿਆਰਥੀਆਂ ਨੇ ਬਹੁਤ ਬਰੀਕੀ ਅਤੇ ਉਤਸੁਕਤਾ ਨਾਲ ਆਪਣੇ ਇਤਿਹਾਸ ਅਤੇ ਵਿਰਸੇ ਨੂੰ ਜਾਨਣ ਦੀ ਕੋਸ਼ਿਸ਼ ਕੀਤੀ। ਇਸ ਮੌਕੇ ਗਗਨਦੀਪ ਸਿੰਘ ਵਿਰਕ ਨੇ ਦੱਸਿਆ ਕਿ ਇੰਟੈਕ ਇੱਕ ਵਿਆਪਕ ਜਾਗਰੂਕਤਾ ਮੁਹਿੰਮ ਤਿਆਰ ਕਰ ਰਿਹਾ ਹੈ ਜਿਸ ਨਾਲ ਅੰਮ੍ਰਿਤਸਰ ਸ਼ਹਿਰ ਦੇ ਅਜਾਇਬ ਘਰਾਂ ਪ੍ਰਮੁੱਖ ਤੌਰ 'ਤੇ ਮਹਾਰਾਜਾ ਰਣਜੀਤ ਸਿੰਘ ਸਮਰ ਪੈਲੇਸ ਅਜਾਇਬ ਘਰ, ਕਿਲ੍ਹਾ ਗੋਬਿੰਦਗੜ੍ਹ ਮਿਊਜ਼ੀਅਮ, ਲੋਕ ਵਿਰਸਾ ਅਜਾਇਬ-ਘਰ, ਰਾਮ ਬਾਗ, ਵੰਡ ਦਾ ਦਰਦ ਸੰਜੋਈ ਬੈਠਾ ਪਾਰਟੀਸ਼ਨ ਮਿਊਜ਼ੀਅਮ ਅਤੇ ਪੁਲਸ ਮਿਊਜ਼ੀਅਮ ਦੀ ਯਾਤਰਾ ਦਾ ਸੰਦੇਸ਼ ਘਰ-ਘਰ ਤੱਕ ਪਹੁੰਚਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਇਨ੍ਹਾਂ ਅਜਾਇਬ-ਘਰਾਂ ਨੂੰ ਜ਼ਿੰਦਾ ਰੱਖਣ ਲਈ ਲੋਕਾਂ ਦੀ ਭਾਗੀਦਾਰੀ ਸਭ ਤੋਂ ਵੱਡਾ ਹਥਿਆਰ ਹੈ। ਜੇਕਰ ਲੋਕ ਆਉਣਗੇ, ਦੇਖਣਗੇ, ਮਹਿਸੂਸ ਕਰਨਗੇ, ਤਾਂ ਸਰਕਾਰ ਅਤੇ ਨਿੱਜੀ ਅਦਾਰੇ ਵੀ ਇਨ੍ਹਾਂ ਦੀ ਸਾਂਭ-ਸੰਭਾਲ ਵੱਲ ਵਧੇਰੇ ਸੁਚੇਤ ਹੋਣਗੇ।ਉਨ੍ਹਾਂ ਇਹ ਵੀ ਕਿਹਾ ਕਿ ਜੇ ਬੱਚੇ ਛੋਟੀ ਉਮਰ ਵਿੱਚ ਹੀ ਆਪਣੀ ਭੂਗੋਲਿਕ ਅਤੇ ਇਤਿਹਾਸਕ ਵਿਰਾਸਤ ਨੂੰ ਅੱਖੀਂ ਵੇਖਣ ਅਤੇ ਛੋਹਣ ਤਾਂ ਉਨ੍ਹਾਂ ਦਾ ਲਗਾਵ ਇਸ ਮਿੱਟੀ ਨਾਲ ਕਦੇ ਨਹੀਂ ਟੁੱਟੇਗਾ।ਦੱਸਣਯੋਗ ਹੈ ਕਿ ਇੰਟੈਕ ਪੰਜਾਬ ਦੇ ਸਹਿਯੋਗ ਨਾਲ ਰਿਆੜਕੀ ਸੰਸਥਾਵਾਂ ਵੱਲੋਂ ਇੱਕ ਕੌਮਾਂਤਰੀ ਪੱਧਰ ਦੇ ਵਿਸ਼ਾਲ ਅਜਾਇਬ-ਘਰ ਦੀ ਯੋਜਨਾ ਵੀ ਉਲੀਕੀ ਜਾ ਚੁੱਕੀ ਹੈ। ਇੰਟੈਕ ਪੰਜਾਬ ਦੇ ਕਨਵੀਨਰ ਮੇਜਰ ਜਨਰਲ ਬਲਵਿੰਦਰ ਸਿੰਘ ਨੇ ਕਿਹਾ ਕਿ ਇੰਟੈਕ ਪੰਜਾਬ ਇਸ ਗੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਕਿ ਵਿਰਾਸਤ ਦਾ ਇਹ ਗਿਆਨ ਹਰ ਪੰਜਾਬੀ ਦੇ ਦਿਲ ਤੱਕ ਪਹੁੰਚੇ।

## ਬਲਾਕ ਪੱਟੀ ਵਿਖੇ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਕਰਵਾਈ ਕਿਸਾਨ ਗੋਸ਼ਟੀ

ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਕਿਸਾਨ ਭਲਾਈ ਵਿਭਾਗ ਦੁਆਰਾ ਝੋਨੇ, ਬਾਸਮਤੀ ਦੀ ਸਿੱਧੀ ਬਿਜਾਈ ਸਬੰਧੀ ਤਕਨੀਕੀ ਜਾਣਕਾਰੀ ਦੇਣ ਹਿੱਤ ਆਤਮਾ ਸਕੀਮ ਅਧੀਨ ਕਿਸਾਨ ਗੋਸ਼ਟੀ ਦਾ ਆਯੋਜਨ ਪੱਟੀ ਵਿਖੇ ਕੀਤਾ ਗਿਆ।ਇਸ ਮੌਕੇ ਬਲਾਕ ਖੇਤੀਬਾੜੀ ਅਫਸਰ, ਪੱਟੀ ਡਾ ਭੁਪਿੰਦਰ ਸਿੰਘ, ਡਾ. ਗੁਰਬਰਿੰਦਰ ਸਿੰਘ ਏਡੀਓ, ਡਾ. ਹਰਮਨਦੀਪ ਕੌਰ ਏਡੀਓ, ਦਇਆਪ੍ਰੀਤ ਸਿੰਘ ਏਈਓ, ਹਰਕੀਰਤ ਸਿੰਘ ਏਈਓ, ਡਾ. ਅਮਨਦੀਪ ਸਿੰਘ ਏਈਓ, ਡਾ. ਪਰਮਿੰਦਰ ਕੌਰ ਏਡੀਓ ਅਤੇ ਪੀਏਯੂ ਲੁਧਿਆਣਾ ਦੇ ਤਰਨ ਤਾਰਨ ਸਥਿਤ ਜ਼ਿਲ੍ਹਾ ਪ੍ਰਸਾਰ ਮਾਹਿਰ ਡਾ. ਪਰਮਿੰਦਰ ਸਿੰਘ ਸੰਧੂ, ਡਾ. ਪਰਮਿੰਦਰ ਕੌਰ ਅਤੇ ਡਾ. ਸਵਰੀਤ ਖਹਿਰਾ ਨੇ ਝੋਨੇ, ਬਾਸਮਤੀ ਦੀ ਸਿੱਧੀ ਬਿਜਾਈ, ਫਲਦਾਰ ਬੂਟਿਆਂ, ਘਰੇਲੂ ਬਗੀਚੀ ਅਤੇ ਖੇਤੀ ਸਹਾਇਕ ਧੰਦਿਆਂ ਬਾਰੇ ਤਕਨੀਕੀ ਜਾਣਕਾਰੀ ਦਿੱਤੀ।ਇਸ ਮੌਕੇ ਮਾਹਿਰਾਂ ਨੇ ਕਿਹਾ ਕਿ ਫਸਲ ਤੋਂ ਵਧੀਆ ਝਾੜ ਅਤੇ ਕੁਆਲਿਟੀ ਪ੍ਰਾਪਤ ਕਰਨ ਦੇ ਨਾਲ ਨਾਲ ਜ਼ਮੀਨ ਦੀ ਸਿਹਤ ਬੇਹਤਰ ਰੱਖਣ ਲਈ ਜੀਵਕ ਅਤੇ ਰਸਾਇਣਕ ਖਾਦਾਂ ਦਾ ਸੁਮੇਲ ਬਹੁਤ ਜ਼ਰੂਰੀ ਹੈ।ਖਾਦਾਂ ਤੋਂ ਜ਼ਿਆਦਾ ਫਾਇਦਾ ਲੈਣ ਵਾਸਤੇ ਖਾਦਾਂ ਦੀ ਵਰਤੋਂ ਮਿੱਟੀ ਪਰਖ ਦੇ ਅਧਾਰ ਤੇ ਕਰਨੀ ਚਾਹੀਦੀ ਹੈ।ਖੇਤਾਂ ਵਿੱਚ ਸੱਠੀ ਮੂੰਗੀ ਦੀਆਂ ਫਲੀਆਂ ਤੋੜ ਕੇ ਟਾਂਗਰ ਨੂੰ ਝੋਨਾ ਲਾਉਣ ਤੋਂ ਇੱਕ ਦਿਨ ਪਹਿਲਾਂ ਖੇਤ ਵਿੱਚ ਵਾਹੁਣ ਨਾਲ ਪ੍ਰਤੀ ਏਕੜ 35 ਕਿਲੋ ਯੂਰੀਆ ਦੀ ਬੱਚਤ ਹੋ ਜਾਂਦੀ ਹੈ।ਇਸਦੇ ਬਦਲ ਵਿੱਚ ਜੰਤਰ ਦੀ ਹਰੀ ਖਾਦ ਨਾਲ ਝੋਨੇ ਦੀ ਫਸਲ ਵਿੱਚ ਪ੍ਰਤੀ ਏਕੜ 55 ਕਿਲੋ ਯੂਰੀਆ ਦੀ ਬੱਚਤ ਕੀਤੀ ਜਾ ਸਕਦੀ ਹੈ ਅਤੇ ਧਨ ਦੀ



ਬਚਤ ਦੇ ਨਾਲ ਨਾਲ ਜ਼ਮੀਨ ਦੀ ਸਿਹਤ ਅਤੇ ਉਪਜਾਊ ਸ਼ਕਤੀ ਵਿੱਚ ਵੀ ਸੁਧਾਰ ਕੀਤਾ ਜਾ ਸਕਦਾ ਹੈ।ਇਸ ਮੌਕੇ ਸਾਇੰਸਦਾਨਾਂ ਅਤੇ ਸਿੱਧੀ ਬਿਜਾਈ ਕਰ ਰਹੇ ਕਿਸਾਨਾਂ ਨੇ ਸਹਿਮਤੀ ਪ੍ਰਗਟਾਈ ਕਿ ਰਵਾਇਤੀ ਕੱਦੂ ਤਕਨੀਕ ਦੇ ਮੁਕਾਬਲੇ ਸਿੱਧੀ ਬਿਜਾਈ ਵਧੀਆ, ਸਸਤੀ ਅਤੇ ਸੌਖੀ ਤਕਨੀਕ ਹੈ।ਇਸ ਨਾਲ ਵਾਧੂ ਪਾਣੀ ਰਿਚਾਰਜ ਹੋ ਜਾਂਦਾ ਹੈ ਅਤੇ ਫਸਲ ਨੂੰ ਘੱਟ ਬਿਮਾਰੀ ਲੱਗਦੀ ਹੈ। ਨਾਲ ਦੀ ਨਾਲ ਅਗਲੀ ਬੀਜੀ ਜਾਣ ਵਾਲੀ ਕਣਕ ਦੀ ਫਸਲ ਦਾ ਝਾੜ ਵੀ ਪ੍ਰਤੀ ਏਕੜ ਜਿਆਦਾ ਹੁੰਦਾ ਹੈ।ਸਿੱਧੀ ਬਿਜਾਈ ਤੋਂ ਚੰਗੇ ਨਤੀਜੇ ਲੈਣ ਲਈ ਦਰਮਿਆਨਾ ਸਮਾਂ ਲੈਣ ਵਾਲੀਆਂ ਕਿਸਮਾਂ ਦੀ ਬਿਜਾਈ ਜੂਨ ਦੇ ਪਹਿਲੇ ਪੰਦਰਵਾੜੇ ਅਤੇ ਘੱਟ ਸਮਾਂ ਲੈਣ ਵਾਲੀਆਂ ਕਿਸਮਾਂ ਪੀਆਰ 126 ਅਤੇ ਪੂਸਾ ਬਾਸਮਤੀ 1509 ਦੀ ਬਿਜਾਈ ਦੂਜੇ ਪੰਦਰਵਾੜੇ ਤੱਕ ਢੁਕਵਾਂ ਸਮਾਂ ਹੈ। ਬੀਜ ਨੂੰ ਪੋਟਾਸ਼ੀਅਮ ਨਾਈਟ੍ਰੇਟ ਅਤੇ ਸਪਰਿਟ ਦਵਾਈ ਨਾਲ ਸੋਧ ਲੈਣ ਉਪਰੰਤ ਬੀਜ ਅਤੇ ਮਿੱਟੀ ਤੋਂ ਲੱਗਣ ਵਾਲੀਆਂ ਬਿਮਾਰੀਆਂ ਤੋਂ ਬਚਾ ਕੀਤਾ ਜਾ ਸਕਦਾ ਹੈ।ਨਦੀਨਾਂ ਦੀ ਸੁਚੱਜੀ ਰੋਕਥਾਮ ਲਈ ਤਰ ਵੱਤਰ ਖੇਤਾਂ ਵਿੱਚ ਬਿਜਾਈ ਸਮੇਂ ਅਤੇ ਸੁੱਕੇ ਖੇਤਾਂ ਵਿੱਚ ਪਾਣੀ ਲਾਉਣ ਤੋਂ ਬਾਅਦ ਪੈਂਡੀਮੈਥਾਲੀਨ 30 ਈਸੀ ਜਾਂ ਪੇਪੇ 25 ਐੱਸਈ ਦਾ ਛਿੜਕਾਅ ਕਰਨ ਨਾਲ ਫਸਲ ਮੁੱਢਲੇ ਦਿਨਾਂ ਵਿੱਚ ਨਦੀਨ ਰਹਿਤ ਰਹਿੰਦੀ ਹੈ। ਇਸ ਦੌਰਾਨ ਖਾਦਾਂ ਦੀ ਵਰਤੋਂ ਮਿੱਟੀ ਪਰਖ ਅਨੁਸਾਰ ਕਰਨ ਦੀ ਸਲਾਹ ਦਿੰਦੇ ਦੱਸਿਆ ਕਿ ਜੇਕਰ ਕਣਕ ਨੂੰ ਸਿਫਾਰਿਸ਼ ਕੀਤੀ ਫਾਸਫੋਰਸ ਦੀ ਖਾਦ ਪਾਈ ਹੋਵੇ ਤਾਂ ਝੋਨੇ ਨੂੰ ਫਾਸਫੋਰਸ ਖਾਦ ਪਾਉਣ ਦੀ ਲੋੜ ਨਹੀਂ।

ਇਸ ਮੌਕੇ ਝੋਨੇ ਦੀ ਸਿੱਧੀ ਬਿਜਾਈ ਕਰ ਰਹੇ ਕਿਸਾਨਾਂ ਨੇ ਵੀ ਤਜਰਬੇ ਸਾਂਝੇ ਕੀਤੇ।ਇਸ ਮੌਕੇ ਕਿਸਾਨਾਂ ਨੂੰ ਕਿਹਾ ਗਿਆ ਕਿ ਸਰਕਾਰੀ ਸਹੂਲਤਾਂ ਪ੍ਰਾਪਤ ਕਰਨ ਲਈ ਕਿਸਾਨ ਆਈਡੀ ਬਣਵਾਉਣ।ਇਸ ਦੌਰਾਨ ਨਿਸ਼ਾਨ ਸਿੰਘ ਖੇਤੀ ਉਪ ਨਿਰੀਖਕ, ਗੁਰਸਿਮਰਨ ਸਿੰਘ, ਬਾਜਾ ਸਿੰਘ ਖੇਤੀ ਉਪ ਨਿਰੀਖਕ, ਫਤਿਹ ਸਿੰਘ ਬੇਲਦਰ, ਦਿਲਬਾਗ ਸਿੰਘ, ਬਲਜੀਤ ਕੌਰ, ਗੁਰਦੇਵ ਸਿੰਘ ਖੇਤੀ ਸਹਾਇਕ ਪ੍ਰਬੰਧਕ ਅਤੇ ਇਲਾਕੇ ਦੇ ਕਿਸਾਨਾਂ ਨੇ ਸਹਿਯੋਗ ਅਤੇ ਤਕਨੀਕੀ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਸਿੱਧੀ ਬਿਜਾਈ ਕਰ ਰਹੇ ਕਿਸਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਨਿਵਾਜਿਆ ਗਿਆ।

## ਪ੍ਰਤਾਪ ਵਰਲਡ ਸਕੂਲ ਪਠਾਨਕੋਟ ਦੇ ਵਿਦਿਆਰਥੀਆਂ ਨੇ ਵੱਖ-ਵੱਖ ਤਮਗੇ ਜਿੱਤ ਕੇ ਸਕੂਲ ਦਾ ਮਾਣ ਵਧਾਇਆ

ਪਠਾਨਕੋਟ (ਦਵਿੰਦਰ ਸਿੰਘ)-ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਦੇ ਵਿਦਿਆਰਥੀਆਂ ਨੇ ਇੱਕ ਵਾਰ ਫਿਰ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਵਰਲਡ ਸਕਾਲਰਜ਼ ਕੱਪ-2026 ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਮੁਕਾਬਲਿਆਂ ਅਤੇ ਸ਼੍ਰੇਣੀਆਂ ਵਿੱਚ ਸੋਨੇ ਅਤੇ ਚਾਂਦੀ ਦੇ ਤਗਮੇ ਜਿੱਤ ਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੁਕਾਬਲੇ ਵਿੱਚ ਵਾਦ-ਵਿਵਾਦ, ਸਮੂਹਕ ਲੇਖਨ, ਸਕਾਲਰਜ਼ ਬਾਊਲ, ਸਕਾਲਰਜ਼ ਚੈਲੇਂਜ ਅਤੇ ਟੀਮ ਮੁਕਾਬਲਿਆਂ ਵਰਗੇ ਕਈ ਚੁਣੌਤੀਪੂਰਨ ਪੜਾਅ ਸ਼ਾਮਲ ਹੁੰਦੇ ਹਨ, ਜਿਨ੍ਹਾਂ ਵਿੱਚ ਵਿਦਿਆਰਥੀਆਂ ਦੀ ਵਿਸ਼ਲੇਸ਼ਣਾਤਮਕ ਅਤੇ ਰਚਨਾਤਮਕ ਯੋਗਤਾ ਦੀ ਵਿਸ਼ਵ ਪੱਧਰ 'ਤੇ ਪਰਖ ਹੁੰਦੀ ਹੈ।ਪ੍ਰਤਾਪ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਜੂਨੀਅਰ ਅਤੇ ਸੀਨੀਅਰ ਦੋਹਾਂ ਵਰਗਾਂ ਵਿੱਚ ਵਾਦ-ਵਿਵਾਦ, ਲੇਖਨ, ਟੀਮ ਬਾਊਲ, ਚੈਲੇਂਜ ਵਿਸ਼ੇ, ਟੀਮ ਵਾਦ-ਵਿਵਾਦ ਸਮੇਤ ਕਈ ਪ੍ਰਤਿਸ਼ਠਿਤ ਸ਼੍ਰੇਣੀਆਂ ਵਿੱਚ ਤਮਗੇ ਜਿੱਤ ਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਵਾਦ-ਵਿਵਾਦ ਚੈਂਪੀਅਨਜ਼ ਜੂਨੀਅਰ ਵਰਗ ਵਿੱਚ ਸਕਾਇਰਾ ਮਹਾਜਨ, ਸ਼੍ਰੇਹਾਨ ਮਹਾਜਨ ਅਤੇ ਔਰਾ ਮਹਾਜਨ ਨੇ ਚਾਂਦੀ ਦੇ ਤਗਮੇ ਹਾਸਲ ਕੀਤੇ ਜਦਕਿ ਸੀਨੀਅਰ ਵਾਦ-ਵਿਵਾਦ ਚੈਂਪੀਅਨਜ਼ ਵਰਗ ਵਿੱਚ ਰੈਬਜ਼ੇਸ ਡੋਲਮਾ, ਵਾਫਿਕ ਅਜ਼ਹਰ ਕਕਰੂ ਅਤੇ ਪ੍ਰਿਯੰਸ਼ੀ ਨੇ ਚਾਂਦੀ ਦੇ ਤਮਗੇ ਜਿੱਤੇ, ਜਦਕਿ ਪਵਿੱਤਰਾ ਅਤੇ ਪਰੀਸ਼ਾ ਨੇ ਸੋਨੇ ਦੇ ਤਮਗੇ ਜਿੱਤ ਕੇ ਸਕੂਲ ਦਾ ਮਾਣ ਵਧਾਇਆ।ਟੀਮ ਬਾਊਲ ਜੂਨੀਅਰ ਵਰਗ ਵਿੱਚ ਰਯਾਨਾ, ਮਾਧਵ ਅਤੇ ਅਥਰਵ ਦੀ ਟੀਮ ਨੇ ਚਾਂਦੀ ਦੇ ਤਗਮੇ ਪ੍ਰਾਪਤ



ਕੀਤੇ।ਸੀਨੀਅਰ ਟੀਮ ਬਾਊਲ ਵਰਗ ਵਿੱਚ ਪ੍ਰਿਯੰਸ਼ੀ, ਪਵਿਤਰਾ ਅਤੇ ਪ੍ਰਿਯੰਸ਼ੀ ਦੀ ਟੀਮ ਨੇ ਚਾਂਦੀ ਦੇ ਤਮਗੇ ਜਿੱਤੇ, ਜਦਕਿ ਜਗਰਾਜ, ਸ਼ੌਰਯ ਅਤੇ ਗੀਤ ਦੀ ਸੀਨੀਅਰ ਟੀਮ ਨੇ ਵੀ ਸਕੂਲ ਦੀ ਸ਼ਾਨਦਾਰ ਨੁਮਾਇੰਦਗੀ ਕੀਤੀ।ਲੇਖਨ ਚੈਂਪੀਅਨਜ਼ ਜੂਨੀਅਰ ਵਰਗ ਵਿੱਚ ਮਾਧਵ ਅਤੇ ਰਯਾਨਾ ਰਾਠੌਰ ਨੇ ਚਾਂਦੀ ਦੇ ਤਮਗੇ ਹਾਸਲ ਕੀਤੇ।ਸੀਨੀਅਰ ਲੇਖਨ ਚੈਂਪੀਅਨਜ਼ ਵਰਗ ਵਿੱਚ ਸ਼ੌਰਯ ਨੇ ਚਾਂਦੀ ਦਾ ਤਮਗਾ ਜਿੱਤਿਆ,ਜਦਕਿ ਪਵਿੱਤਰਾ ਅਤੇ ਪਰੀਸ਼ਾ ਨੇ ਆਪਣੀ ਸ਼ਾਨਦਾਰ ਲੇਖਨ ਅਤੇ ਵਿਸ਼ਲੇਸ਼ਣਾਤਮਕ ਯੋਗਤਾ ਦੇ ਆਧਾਰ 'ਤੇ ਸੋਨੇ ਦੇ ਤਮਗੇ ਹਾਸਲ ਕੀਤੇ।ਪਰੀਸ਼ਾ ਨੂੰ ਇਤਿਹਾਸ ਵਿਸ਼ੇ ਵਿੱਚ, ਰੈਬਜ਼ੇਸ ਡੋਲਮਾ ਨੂੰ ਕਲਾ ਵਿਸ਼ੇ ਵਿੱਚ ਅਤੇ ਪਵਿੱਤਰਾ ਨੂੰ ਵਿਸ਼ੇਸ਼ ਸ਼੍ਰੇਣੀ ਵਿੱਚ ਸਨਮਾਨ ਮਿਲਿਆ।ਸਕੂਲ ਦੀਆਂ ਉਪਲਬਧੀਆਂ ਵਿੱਚ ਇੱਕ ਹੋਰ ਮਾਣਯੋਗ ਅਧਿਆਇ ਜੋੜਦਿਆਂ ਮਾਨਿਆ ਨੇ ਪ੍ਰਤਿਸ਼ਠਿਤ ਅਸੀਮੋਵ ਐਵਾਰਡ ਸ਼੍ਰੇਣੀ ਵਿੱਚ ਚਾਂਦੀ ਦਾ ਤਮਗਾ ਹਾਸਲ ਕੀਤਾ।ਇਸੇ ਤਰ੍ਹਾਂ ਟੀਮ ਵਾਦ-ਵਿਵਾਦ ਸੀਨੀਅਰ ਵਰਗ ਵਿੱਚ ਪ੍ਰਿਯੰਸ਼ੀ, ਪਵਿੱਤਰਾ ਅਤੇ ਪਰੀਸ਼ਾ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸੋਨੇ ਦੇ ਤਗਮੇ ਜਿੱਤੇ।ਆਈਪਾਕਾ ਜੂਨੀਅਰ ਵਰਗ ਵਿੱਚ ਸਕਾਇਰਾ ਨੇ ਚਾਂਦੀ ਦਾ ਤਮਗਾ ਜਿੱਤਿਆ, ਜਦਕਿ ਔਰਾ ਸ਼ਰਮਾ ਨੇ ਸੋਨੇ ਦਾ ਤਗਮਾ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ।ਸਕੂਲ ਨੇ ਟੀਮ ਲੇਖਨ ਸੀਨੀਅਰ ਵਰਗ ਵਿੱਚ ਵੀ ਮਹੱਤਵਪੂਰਨ ਸਫਲਤਾ ਪ੍ਰਾਪਤ ਕੀਤੀ, ਜਿੱਥੇ ਪ੍ਰਿਯੰਸ਼ੀ, ਪਵਿਤਰਾ ਅਤੇ ਪਰੀਸ਼ਾ ਨੇ ਆਪਣੀ ਸ਼ਾਨਦਾਰ ਸਮੂਹਕ ਲੇਖਨ ਯੋਗਤਾ ਲਈ ਸੋਨੇ ਦੇ ਤਗਮੇ ਜਿੱਤੇ।ਚੈਂਪੀਅਨ ਸਕਾਲਰਜ਼ ਸੀਨੀਅਰ ਵਰਗ ਵਿੱਚ ਪਵਿਤਰਾ ਨੇ ਚਾਂਦੀ ਦਾ ਤਗਮਾ ਅਤੇ ਪਰੀਸ਼ਾ ਨੇ ਸੋਨੇ ਦਾ ਤਗਮਾ ਜਿੱਤਿਆ। ਅਜਿਹੇ ਆਯੋਜਨ ਨਾ ਸਿਰਫ਼ ਵਿੱਦਿਅਕ ਸਮਝ ਨੂੰ ਮਜ਼ਬੂਤ ਕਰਦੇ ਹਨ, ਸਗੋਂ ਵਿਦਿਆਰਥੀਆਂ ਵਿੱਚ ਆਤਮਵਿਸ਼ਵਾਸ, ਜਨਤਕ ਭਾਸ਼ਣ ਕਲਾ, ਲੇਖਨ ਯੋਗਤਾ, ਸਮੂਹਕ ਕਾਰਜਸ਼ੈਲੀ ਅਤੇ ਅੰਤਰਰਾਸ਼ਟਰੀ ਦ੍ਰਿਸ਼ਟੀਕੋਣ ਦਾ ਵੀ ਵਿਕਾਸ ਕਰਦੇ ਹਨ।ਇਸ ਮੌਕੇ ਪ੍ਰਤਾਪ ਵਰਲਡ ਸਕੂਲ ਦੇ ਡਾਇਰੈਕਟਰ ਸੰਨੀ ਮਹਾਜਨ ਨੇ ਸਾਰੇ ਵਿਦਿਆਰਥੀਆਂ, ਮਾਰਗਦਰਸ਼ਕਾਂ ਅਤੇ ਮਾਪਿਆਂ ਨੂੰ ਇਸ ਸ਼ਾਨਦਾਰ ਉਪਲਬਧੀ ਲਈ ਵਧਾਈ ਦਿੱਤੀ। ਸਕੂਲ ਦੀ ਪ੍ਰਿੰਸੀਪਲ ਸੁਭਰਾ ਰਾਣੀ ਨੇ ਖੁਸ਼ੀ ਪ੍ਰਗਟ ਕਰਦੇ ਹੋਏ ਕਿਹਾ ਕਿ ਸਾਡੇ ਵਿਦਿਆਰਥੀਆਂ ਨੇ ਪੂਰੇ ਮੁਕਾਬਲੇ ਦੌਰਾਨ ਅਦਭੁਤ ਸਮਰਪਣ, ਬੁੱਧੀਮਤਾ ਅਤੇ ਟੀਮ ਭਾਵਨਾ ਦਾ ਪ੍ਰਦਰਸ਼ਨ ਕੀਤਾ ਹੈ।ਅਸੀਂ ਭਵਿੱਖ ਵਿੱਚ ਵੀ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਮੰਚਾਂ 'ਤੇ ਭਾਗ ਲੈਣ ਲਈ ਪ੍ਰੇਰਿਤ ਕਰਦੇ ਰਹਾਂਗੇ ਤਾਂ ਜੋ ਉਨ੍ਹਾਂ ਦਾ ਦ੍ਰਿਸ਼ਟੀਕੋਣ ਵਿਸ਼ਾਲ ਹੋਵੇ ਅਤੇ ਉਹ ਬਹੁਪੱਖੀ ਸ਼ਖ਼ਸੀਅਤ ਵਜੋਂ ਵਿਕਸਿਤ ਹੋ ਸਕਣ।

## ਸੀ ਐੱਮ ਦੀ ਯੋਗਸ਼ਾਲਾ ਨਾਲ ਤੰਦਰੁਸਤ ਹੋ ਰਿਹਾ ਗੁਰਦਾਸਪੁਰ

### * 708 ਕਲਾਸਾਂ ਰਾਹੀਂ ਹਜ਼ਾਰਾਂ ਲੋਕ ਲੈ ਰਹੇ ਹਨ ਯੋਗਾ ਦਾ ਲਾਭ

ਬਟਾਲਾ, (ਤਰਲੋਕ ਬੱਗਾ)-ਮੁੱਖ ਮੰਤਰੀ ਭਗਵੰਤ ਮਾਨ ਦੀ ਲੋਕ-ਪੱਖੀ ਪਹਿਲਕਦਮੀ 'ਸੀਐੱਮ ਦੀ ਯੋਗਸ਼ਾਲਾ' ਤਹਿਤ ਗੁਰਦਾਸਪੁਰ ਜ਼ਿਲ੍ਹੇ ਵਿੱਚ ਸਿਹਤ, ਯੋਗਾ ਅਤੇ ਸਕਾਰਾਤਮਕ ਜੀਵਨ ਸ਼ੈਲੀ ਬਾਰੇ ਜਾਗਰੂਕਤਾ ਲਗਾਤਾਰ ਵਧ ਰਹੀ ਹੈ।ਪੰਜਾਬ ਸਰਕਾਰ ਦੀ ਇਸ ਵਿਸ਼ੇਸ਼ ਮੁਹਿੰਮ ਰਾਹੀਂ ਹਜ਼ਾਰਾਂ ਲੋਕਾਂ ਨੂੰ ਯੋਗ ਨਾਲ ਜੋੜ ਕੇ ਸਿਹਤਮੰਦ ਅਤੇ ਖੁਸ਼ਹਾਲ ਪੰਜਾਬ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਜਾ ਰਹੀ ਹੈ।ਸੀ. ਐੱਮ. ਯੋਗਸ਼ਾਲਾ ਦੇ ਜ਼ਿਲ੍ਹਾ ਇੰਚਾਰਜ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦਾ ਉਦੇਸ਼ ਯੋਗਾ ਦੇ ਸਰੀਰਕ ਅਤੇ ਮਾਨਸਿਕ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣਾ ਅਤੇ ਹਰ ਨਾਗਰਿਕ ਨੂੰ ਸਿਹਤਮੰਦ, ਤਣਾਅ-ਮੁਕਤ ਅਤੇ ਊਰਜਾਵਾਨ ਜੀਵਨ ਜਿਊਣ ਦੇ ਯੋਗ ਬਣਾਉਣਾ ਹੈ।ਉਨ੍ਹਾਂ ਕਿਹਾ ਕਿ ਇਸ ਮੁਹਿੰਮ ਰਾਹੀਂ ਜਨਤਾ ਨੂੰ ਮੁਫ਼ਤ ਯੋਗਾ ਸਿਖਲਾਈ ਦਿੱਤੀ ਜਾ ਰਹੀ ਹੈ, ਜਿਸ ਨਾਲ 'ਰੰਗਲਾ ਪੰਜਾਬ' ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਮਦਦ ਮਿਲ ਰਹੀ



ਹੈ।ਉਨ੍ਹਾਂ ਦੱਸਿਆ ਕਿ ਇਸ ਵੇਲੇ ਗੁਰਦਾਸਪੁਰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ, ਵਾਰਡਾਂ, ਪਾਰਕਾਂ ਅਤੇ ਭਾਈਚਾਰਕ ਥਾਵਾਂ 'ਤੇ ਕੁੱਲ 708 ਯੋਗਾ ਕਲਾਸਾਂ ਨਿਯਮਤ ਰੂਪ ਵਿੱਚ ਚਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚ ਔਰਤਾਂ, ਨੌਜਵਾਨ, ਬਜ਼ੁਰਗ ਅਤੇ ਵਿਦਿਆਰਥੀ ਰੋਜ਼ਾਨਾ ਯੋਗ ਆਸਣ, ਪ੍ਰਾਣਾਯਾਮ ਅਤੇ ਧਿਆਨ ਦਾ ਅਭਿਆਸ ਕਰ ਰਹੇ ਹਨ।

ਸਿੱਖਿਅਤ ਯੋਗਾ ਇੰਸਟ੍ਰਕਟਰ ਯੋਗਾ ਸਿਖਲਾਈ ਦੇ ਨਾਲ-ਨਾਲ ਸਿਹਤਮੰਦ ਜੀਵਨ ਸ਼ੈਲੀ, ਤਣਾਅ ਪ੍ਰਬੰਧਨ ਅਤੇ ਰੋਜ਼ਾਨਾ ਸਿਹਤ ਸੰਭਾਲ ਬਾਰੇ ਵੀ ਜ਼ਰੂਰੀ ਜਾਣਕਾਰੀ ਦੇ ਰਹੇ ਹਨ।

## ਕਿਸਾਨਾਂ 'ਤੇ ਲਾਠੀਚਾਰਜ ਦੀ ਨਿਖੇਧੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਅਮਰਕੋਟ ਦਾਣਾ ਮੰਡੀ ਵਿਖੇ ਪੰਜਾਬ ਕਿਸਾਨ ਯੂਨੀਅਨ ਸਬੰਧਤ ਕੁਲ ਹਿੰਦ ਕਿਸਾਨ ਮਹਾਂ ਸਭਾ ਤਰਨਤਾਰਨ ਦੀ ਮੀਟਿੰਗ ਸੁਖਵਿੰਦਰ ਸਿੰਘ ਮਹਿਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਬਲਬੀਰ ਸਿੰਘ ਝਾਮਕਾ, ਹਰਵਿੰਦਰ ਸਿੰਘ ਪੱਧਰੀ ਤੇ ਹਰਜਿੰਦਰ ਸਿੰਘ



ਨਾਰਲੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ।ਮੀਟਿੰਗ ਵਿੱਚ ਐੱਸ ਕੇ ਐੱਮ ਨਾਲ ਸਬੰਧਤ ਕਿਸਾਨ ਜਥੇਬੰਦੀਆਂ ਦੇ ਵਰਕਰਾਂ ਤੇ ਚੰਡੀਗੜ੍ਹ ਵਿਖੇ ਮੰਗ ਪੱਤਰ ਦੇਣ ਸਮੇ ਹੋਏ ਲਾਠੀਚਾਰਜ ਦੀ ਨਿਖੇਦੀ ਕੀਤੀ ਗਈ।ਮੀਟਿੰਗ ਵਿੱਚ ਜਥੇਬੰਦਕ ਤੇ ਪਿਛਲੇ ਸੰਘਰਸ਼ਾਂ ਤੇ ਆਉਣ ਵਾਲੇ ਸੰਘਰਸ਼ਾਂ ਵਿੱਚ ਸ਼ਮੂਲੀਅਤ ਕਰਨ ਲਈ ਵਿਚਾਰ ਵਟਾਂਦਰਾ ਉਪਰੰਤ ਫੈਸਲੇ ਕੀਤੇ ਗਏ।ਇਸ ਸਮੇਂ ਉਪਰੋਕਤ ਤੋਂ ਇਲਾਵਾ ਡਾਥ ਸ਼ਿੰਦਰਪਾਲ ਸਿੰਘ, ਸਲਵਿੰਦਰ ਸਿੰਘ ਮਹਿਲ, ਜਤਿੰਦਰ ਸਿੰਘ, ਮਹਾਂਬੀਰ ਸਿੰਘ ਸਰਪੰਚ, ਜੈਪਾਲ ਸਿੰਘ, ਹਰਪਾਲ ਸਿੰਘ, ਜਸਪਾਲ ਸਿੰਘ, ਹਰਦੇਵ ਸਿੰਘ, ਨਰਿੰਦਰ ਸਿੰਘ,ਅਰਸਾਲ ਸਿੰਘ, ਮਨਮੁਖ ਸਿੰਘ, ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।ਮੀਟਿੰਗ ਉਪਰੰਤ ਕੇਂਦਰ ਸਰਕਾਰ, ਰਾਜਪਾਲ ਤੇ ਪੰਜਾਬ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ।

## ਮਾਤਾ ਭੱਦਰਕਾਲੀ ਮੰਦਰ ਵਿਖੇ ਨਤਮਸਤਕ ਹੋਏ ਅਨੁਜ ਖੇਮਕਾ

ਛੇਹਰਟਾ, (ਮਨੋਜ ਕੁਮਾਰ) : ਮਾਤਾ ਭੱਦਰਕਾਲੀ ਮੇਲੇ ਮੌਕੇ ਅਨੁਜ ਖੇਮਕਾ, ਉਨ੍ਹਾਂ ਦੀ ਪਤਨੀ ਮੀਨਾਕਸ਼ੀ ਖੇਮਕਾ ਅਤੇ ਪੁੱਤਰਾਂ ਕਪਿਸ਼ ਖੇਮਕਾ ਤੇ ਉਦਿਤ ਖੇਮਕਾ ਨੇ ਐਤਵਾਰ ਨੂੰ ਮਾਤਾ ਭੱਦਰਕਾਲੀ ਮੰਦਰ



ਵਿਖੇ ਮੱਥਾ ਟੇਕਿਆ ਅਤੇ ਦੇਵੀ ਮਾਂ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਭੱਦਰਕਾਲੀ ਮੰਦਰ ਵਿਚ ਸਵੇਰ ਤੋਂ ਰਾਤ ਤਕ ਦੇਵੀ ਮਾਂ ਨੂੰ ਸਮਰਪਿਤ ਕੀਰਤਨ ਚੱਲਦਾ ਰਿਹਾ। ਮੰਦਰ ਦੇ ਸੇਵਾਦਾਰ ਸੁਸ਼ੀਲ ਸਿਤਾਰਾ ਨੇ ਅਨੁਜ ਖੇਮਕਾ ਤੇ ਉਨ੍ਹਾਂ ਦੇ ਪਰਿਵਾਰ ਨੂੰ ਫੁੱਲਾਂ ਦੇ ਹਾਰ ਤੇ ਨਾਰੀਅਲ ਭੇਟ ਕਰਕੇ ਸਨਮਾਨਿਤ ਕੀਤਾ।

## 30 ਹਜ਼ਾਰ ਐੱਮ ਐੱਲ ਨਜਾਇਜ਼ ਦੇਸੀ ਸ਼ਰਾਬ ਸਮੇਤ ਗ੍ਰਿਫਤਾਰ

ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)-ਪੰਜਾਬ ਸਰਕਾਰ ਅਤੇ ਡੀਜੀਪੀ ਪੰਜਾਬ ਵੱਲੋਂ ਚਲਾਈ ਗਈ ਮੁਹਿੰਮ ਯੁੱਧ ਨਸ਼ਿਆ ਵਿਰੁੱਧ ਦੇ ਤਹਿਤ ਐੱਸਐੱਸਪੀ ਅਦਿੱਤਿਆ ਦੇ ਦਿਸ਼ਾ ਨਿਰਦੇਸ਼ਾਂ ਹੇਠ ਦੀਨਾਨਗਰ ਪੁਲਸ ਨੇ 30 ਹਜ਼ਾਰ ਐੱਮਐੱਲ ਨਜਾਇਜ਼ ਸ਼ਰਾਬ ਸਮੇਤ ਇਕ ਵਿਅਕਤੀ ਨੂੰ ਫੜਨ ਵਿੱਚ ਸਫਲਤਾ ਹਾਸਲ ਕੀਤੀ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐੱਸਐੱਚਓ ਸੁਰਿੰਦਰ ਪਾਲ ਸਿੰਘ ਨੇ ਦੱਸਿਆ ਕਿ ਏਐੱਸਆਈ ਸਲਵਿੰਦਰ ਸਿੰਘ, ਏਐੱਸਆਈ ਰਮੇਸ਼ ਕੁਮਾਰ, ਏਐੱਸਆਈ ਰਾਮ ਕਿਸ਼ਨ, ਕਾਂਸਟੇਬਲ ਗਗਨਦੀਪ ਸਿੰਘ ਅਤੇ ਹੋਮ ਗਾਰਡ ਜਵਾਨ ਸਰਤਾਜ ਸਿੰਘ ਸਮੇਤ ਪੁਲਸ ਪਾਰਟੀ ਪਿੰਡ ਝੰਗੀ ਸਰੂਪ ਦਾਸ, ਡੀਡਾ ਸੈਣੀਆਂ, ਡੀਡਾ ਸਾਂਸੀਆਂ ਵੱਲ ਗਸ਼ਤ ਕਰ ਰਹੇ ਸਨ ਕਿ ਟੀ ਪੁਆਇੰਟ ਡੀਡਾ ਸਾਂਸੀਆਂ ਵਿਖੇ ਇੱਕ ਮੁਖਬਰ ਖਾਸ ਨੇ ਰੋਕ ਕੇ ਇਤਲਾਹ ਦਿੱਤੀ ਕਿ ਸੰਦੀਪ ਕੁਮਾਰ ਉਰਫ ਤੋਹਫ਼ਾ ਪੁੱਤਰ ਤਾਰਾ ਚੰਦ ਵਾਸੀ ਡੀਡਾ ਸਾਂਸੀਆਂ ਬਾਹਰੋਂ ਨਜਾਇਜ਼ ਦੇਸੀ ਸ਼ਰਾਬ ਲਿਆ ਕੇ ਵੇਚਦਾ ਹੈ। ਇਸ ਸਮੇਂ ਪਿੰਡ ਦੀਆਂ ਮੜ੍ਹੀਆਂ ਵਿੱਚ ਗਾਹਕਾਂ ਦੀ ਉਡੀਕ ਕਰ ਰਿਹਾ ।ਸੂਚਨਾ ਮਿਲਦੇ ਹੀ ਪੁਲਸ ਪਾਰਟੀ ਨੇ ਮੁਖਬਰ ਦੀ ਦੱਸੀ ਥਾਂ 'ਤੇ ਰੇਡ ਕੀਤੀ ਤਾਂ ਉਥੇ ਸੰਦੀਪ ਕੁਮਾਰ ਉਰਫ ਤੋਹਫ਼ਾ ਪਲਾਸਟਿਕ ਦਾ ਕੈਨ ਲੈ ਕੇ ਬੈਠਾ ਸੀ। ਪੁਲਸ ਪਾਰਟੀ ਨੇ ਮੌਕੇ 'ਤੇ ਹੀ ਉਸ ਨੂੰ ਦਬੋਚ ਲਿਆ ਅਤੇ ਪਲਾਸਟਿਕ ਦੇ ਕੈਨ 'ਚੋਂ 30 ਹਜ਼ਾਰ ਐੱਮ ਐੱਲ ਨਜਾਇਜ਼ ਦੇਸੀ ਸ਼ਰਾਬ ਬਰਾਮਦ ਕੀਤੀ।

## ਅਕਾਲ ਅਕੈਡਮੀ ਤਿੱਬੜ ਦੇ ਬਾਰ੍ਹਵੀਂ ਜਮਾਤ ਦੇ ਨਤੀਜੇ ਰਹੇ ਸ਼ਾਨਦਾਰ

ਧਾਰੀਵਾਲ, (ਮਨਦੀਪ ਵਿੱਕੀ)-ਕਲਗੀਧਰ ਟਰੱਸਟ ਬੜੂ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਅਕਾਲ ਅਕੈਡਮੀ ਤਿੱਬੜ ਦੇ ਸੀਬੀਐੱਸਈ ਬਾਰ੍ਹਵੀਂ ਜਮਾਤ ਦੇ



ਐਲਾਨੇ ਗਏ ਨਤੀਜਿਆਂ ਵਿੱਚ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸਨ ਕਰਦਿਆਂ ਅਕੈਡਮੀ ਅਤੇ ਆਪਣੇ ਮਾਪਿਆਂ ਦਾ ਨਾਮ ਪੂਰੇ ਇਲਾਕੇ ਵਿੱਚ ਮਾਣ ਨਾਲ ਰੌਸ਼ਨ ਕੀਤਾ ਹੈ। ਅਕੈਡਮੀ ਦੀਆਂ ਤਿੰਨਾਂ ਸਟਰੀਮਾਂ ਹਿਊਮੈਨਿਟੀਜ਼, ਕਾਮਰਸ ਅਤੇ ਸਾਇੰਸ ਦੇ ਨਤੀਜੇ ਬੇਹੱਦ ਪ੍ਰਭਾਵਸ਼ਾਲੀ ਰਹੇ। ਹਿਊਮੈਨਿਟੀਜ਼ ਸਟਰੀਮ ਵਿੱਚ ਪ੍ਰਭਦੀਪ ਕੌਰ ਨੇ 94.2 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ।ਮਨਿੰਦਰਜੀਤ ਸਿੰਘ ਨੇ 82.6 ਪ੍ਰਤੀਸ਼ਤ ਅੰਕਾਂ ਨਾਲ ਦੂਜਾ ਅਤੇ ਗੁਰਨੂਰਪਾਲ ਸਿੰਘ 82 ਪ੍ਰਤੀਸ਼ਤ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਸਾਇੰਸ ਸਟਰੀਮ ਵਿੱਚ ਰੁਖਸਾਰ ਕੌਰ ਨੇ 87.2 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਜਸ਼ਨਪ੍ਰੀਤ ਕੌਰ ਨੇ 83 ਪ੍ਰਤੀਸਤ ਅੰਕਾਂ ਨਾਲ ਦੂਜਾ ਅਤੇ ਹਰਲੀਨ ਕੌਰ ਨੇ 81.6 ਪ੍ਰਤੀਸ਼ਤ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਕਾਮਰਸ ਸਟਰੀਮ ਵਿੱਚ ਅਕਵਿੰਦਰ ਕੌਰ ਨੇ 89 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਨਵਪ੍ਰੀਤ ਕੌਰ ਨੇ 87 ਪ੍ਰਤੀਸ਼ਤ ਅੰਕਾਂ ਨਾਲ ਦੂਜਾ ਅਤੇ ਸੁਖਪ੍ਰੀਤ ਕੌਰ ਨੇ 82.6 ਪ੍ਰਤੀਸ਼ਤ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮਾਣਮੱਤੀ ਪ੍ਰਾਪਤੀ 'ਤੇ ਅਕੈਡਮੀ ਦੀ ਪ੍ਰਿੰਸੀਪਲ ਗੁਰਵਿੰਦਰ ਕੌਰ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਮੂਹ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਸਫਲਤਾ ਅਕੈਡਮੀ ਦੇ ਅਨੁਸ਼ਾਸਿਤ ਮਾਹੌਲ, ਅਧਿਆਪਕਾਂ ਦੀ ਨਿਰੰਤਰ ਮਿਹਨਤ ਅਤੇ ਵਿਦਿਆਰਥੀਆਂ ਦੀ ਲਗਨ ਦਾ ਨਤੀਜਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਅਕਾਲ ਅਕੈਡਮੀ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਦੇ ਨਾਲ-ਨਾਲ ਅਧਿਆਤਮਿਕ ਅਤੇ ਨੈਤਿਕ ਕਦਰਾਂ-ਕੀਮਤਾਂ ਨਾਲ ਜੋੜਨ ਲਈ ਸਦਾ ਯਤਨਸ਼ੀਲ ਰਹਿੰਦੀ ਹੈ। ਅਕੈਡਮੀ ਪ੍ਰਬੰਧਕਾਂ ਵੱਲੋਂ ਹੋਣਹਾਰ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ ਗਈਆਂ।

## ਨਗਰ ਪੰਚਾਇਤ ਭਿੱਖੀਵਿੰਡ ਦੀ ਚੋਣ : 13 'ਚੋਂ 12 ਵਾਰਡਾਂ 'ਚ ਪੈਣਗੀਆਂ ਵੋਟਾਂ

ਭਿੱਖੀਵਿੰਡ/ ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਰਿਟਰਨਿੰਗ ਅਫ਼ਸਰ-ਕਮ-ਉਪ ਮੰਡਲ ਮੈਜਿਸਟ੍ਰੇਟ ਭਿੱਖੀਵਿੰਡ ਵੱਲੋਂ ਦਾਖ਼ਲ ਕੀਤੇ ਗਏ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਕਰ ਕੇ ਨਗਰ ਪੰਚਾਇਤ ਭਿੱਖੀਵਿੰਡ ਦੇ ਕੁੱਲ 13 ਵਾਰਡਾਂ ਵਿੱਚੋਂ 12 ਵਾਰਡਾਂ ਵਿੱਚ ਕੌਂਸਲਰਾਂ ਦੀ ਚੋਣ ਕਰਵਾਉਣ ਦਾ ਐਲਾਨ ਕੀਤਾ ਗਿਆ ਹੈ।13 ਵਾਰਡਾਂ ਲਈ ਕੁੱਲ 91 ਨਾਮਜ਼ਦਗੀਆਂ ਭਰੀਆਂ ਗਈਆਂ ਸਨ। ਇਨ੍ਹਾਂ ਵਿੱਚੋਂ 78 ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਯੋਗ ਪਾਏ ਗਏ, ਜਦਕਿ 13 ਉਮੀਦਵਾਰਾਂ ਦੇ ਕਾਗਜ਼ ਪੜਤਾਲ ਮਗਰੋਂ ਰਿਟਰਨਿੰਗ ਅਫ਼ਸਰ ਵੱਲੋਂ ਅਯੋਗ ਕਰਾਰ ਦਿੱਤੇ ਗਏ ਹਨ।ਵਾਰਡ ਨੰਬਰ 2 ਤੋਂ ਵਿਰੋਧੀ ਪਾਰਟੀਆਂ ਤੇ ਅਜ਼ਾਦ ਉਮੀਦਵਾਰਾਂ ਦੇ ਕਾਗਜ਼ ਅਯੋਗ ਕਰਾਰ ਦੇਣ ਕਾਰਨ ਸੀਟ ਆਪ ਦੇ ਖਾਤੇ ਵਿੱਚ ਜਾ ਚੁੱਕੀ ਹੈ। ਪੜਤਾਲ ਮਗਰੋਂ ਜਾਰੀ ਹੋਈ ਸੂਚੀ 'ਚ ਵਾਰਡ ਨੰਬਰ 2 ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਦੇ ਕਾਗਜ਼ ਰੱਦ ਕਰਨ 'ਤੇ ਹਲਕਾ ਖੇਮਕਰਨ ਤੋਂ ਸਾਬਕਾ ਵਿਧਾਇਕ ਪ੍ਰੋਫ਼ੈਸਰ ਵਿਰਸਾ ਸਿੰਘ ਵਲਟੋਹਾ ਨੇ ਆਪਣੇ ਫੇਸਬੁੱਕ ਅਕਾਊਂਟ ਤੇ ਸਾਂਝੀ ਕੀਤੀ ਪੋਸਟ ਵਿੱਚ ਆਮ ਆਦਮੀ ਪਾਰਟੀ 'ਤੇ ਧੱਕੇਸ਼ਾਹੀ ਦੇ ਇਲਜ਼ਾਮ ਲਗਾਏ ਹਨ। ਵਲਟੋਹਾ ਨੇ ਲਿਖਿਆ ਕਿ ਵਾਰਡ ਨੰਬਰ 2 ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਦੀ ਮਜ਼ਬੂਤ ਸਥਿਤੀ ਨੂੰ ਵੇਖ ਕੇ ਘਬਰਾਹਟ ਵਿੱਚ ਆਉਂਦਿਆਂ ਸੱਤਾ ਧਿਰ ਨੇ ਪ੍ਰਸ਼ਾਸਨਿਕ ਅਧਿਕਾਰੀਆਂ 'ਤੇ ਦਬਾਅ ਬਣਾ ਕੇ ਸੱਤੂ ਗੁਲਾਲੀਪੁਰੀਆ ਦੇ ਕਾਗਜ਼ ਰੱਦ ਕਰਵਾ ਦਿੱਤੇ। ਵਲਟੋਹਾ ਨੇ ਕਿਹਾ ਕਿ ਭਾਵੇਂ ਦੂਜੀਆਂ ਪਾਰਟੀਆਂ ਦੇ ਉਮੀਦਵਾਰਾਂ ਦੇ ਕਾਗਜ਼ ਵੀ ਰੱਦ ਹੋਏ ਹਨ।ਪਰ ਅਸਲ ਨਿਸ਼ਾਨਾ ਅਕਾਲੀ ਦਲ ਦੇ ਮਜ਼ਬੂਤ ਉਮੀਦਵਾਰ ਨੂੰ ਚੋਣ ਮੈਦਾਨ ਤੋਂ ਬਾਹਰ ਕਰਨਾ ਸੀ।ਵਲਟੋਹਾ ਨੇ ਸੱਤਾ ਧਿਰ ਦੀ ਇਸ ਕਾਰਵਾਈ ਨੂੰ ਲੋਕਤੰਤਰ ਦਾ ਘਾਣ ਕਰਾਰ ਦਿੰਦਿਆਂ ਕਿਹਾ ਕਿ ਭਿੱਖੀਵਿੰਡ ਵਾਸੀ ਵੋਟਾਂ ਰਾਹੀਂ ਆਮ ਆਦਮੀ ਪਾਰਟੀ ਨੂੰ ਜਵਾਬ ਦੇਣਗੇ।ਪੋਸਟ ਵਿੱਚ ਵਲਟੋਹਾ ਨੇ ਕਾਂਗਰਸ ਅਤੇ ਮੌਜੂਦਾ ਸਰਕਾਰ ਵੱਲੋਂ 2017 ਤੋਂ ਬਾਅਦ ਸ਼ਹਿਰ ਦੇ ਵਿਕਾਸ ਕਾਰਜਾਂ ਲਈ ਆਏ ਕਰੋੜਾਂ ਰੁਪਏ ਦੇ ਫੰਡਾਂ ਵਿੱਚ ਕੀਤੀ ਘਪਲੇਬਾਜ਼ੀ ਨੂੰ ਪ੍ਰੈੱਸ ਰਾਹੀਂ ਬਾਹਰ ਲਿਆਉਣ ਦੀ ਗੱਲ ਵੀ ਆਖੀ। ਦੱਸਣਯੋਗ ਹੈ ਕਿ ਉਮੀਦਵਾਰ 19 ਮਈ ਤੱਕ ਆਪਣੀਆਂ ਨਾਮਜ਼ਦਗੀਆਂ ਵਾਪਸ ਲੈ ਸਕਦੇ ਹਨ। ਫ਼ਿਲਹਾਲ ਸਾਰੀਆਂ ਪਾਰਟੀਆਂ ਆਪਣੇ ਉਮੀਦਵਾਰਾਂ ਨੂੰ ਜਿਤਾਉਣ ਲਈ ਅੱਡੀ ਚੋਟੀ ਦਾ ਜ਼ੋਰ ਲਗਾ ਰਹੀਆਂ ਹਨ।

## ਕਲਰਕ ਗੁਰ ਪ੍ਰਕਾਸ਼ ਸਿੰਘ ਤੇ ਪਟਵਾਰੀ ਨਵਿੰਦਰ ਪਾਲ ਸੋਨੀ ਦੀ ਸੇਵਾਮੁਕਤੀ 'ਤੇ ਵਿਦਾਇਗੀ ਪਾਰਟੀ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਬ ਡਵੀਜ਼ਨ ਡੇਰਾ ਬਾਬਾ ਨਾਨਕ ਐੱਸ ਡੀ ਐੱਮ ਦਫ਼ਤਰ ਵਿਖੇ ਤਾਇਨਾਤ ਕਲਰਕ ਗੁਰ ਪ੍ਰਕਾਸ਼ ਸਿੰਘ ਜੋ ਮਹਿਕਮੇ ਵਿੱਚ 2000 ਸੰਨ ਵਿੱਚ ਬਤੌਰ ਕਲਰਕ ਭਰਤੀ ਹੋਏ ਸਨ, ਉਨਾਂ ਵੱਲੋਂ ਮਹਿਕਮੇ ਵਿੱਚ ਐੱਸ ਡੀ ਐੱਮ ਦਫ਼ਤਰ ਕਲਾਨੌਰ, ਡੇਰਾ ਬਾਬਾ ਨਾਨਕ ਵਿਖੇ ਕਲਰਕ ਦੀ ਪੋਸਟ 'ਤੇ ਕਰੀਬ 26 ਸਾਲ ਦੀ ਸੇਵਾ ਨਿਭਾਈ ਗਈ ਅਤੇ ਤਹਿਸੀਲਦਾਰ ਦਫ਼ਤਰ ਵਿਖੇ ਤਾਇਨਾਤ ਪਟਵਾਰੀ ਨਵਿੰਦਰ ਪਾਲ ਸੋਨੀ ਜੋ ਮਾਲ ਮਹਿਕਮੇ ਵਿੱਚ ਪਟਵਾਰੀ ਸੰਨ 1998 ਵਿੱਚ ਭਰਤੀ ਹੋਏ, ਵੱਲੋਂ ਬਤੌਰ ਪਟਵਾਰੀ 28 ਸਾਲ ਦੀ ਸੇਵਾ ਕੀਤੀ ਗਈ, ਜਿਨ੍ਹਾਂ ਦੀ ਸੇਵਾ ਮੁਕਤੀ ਮੌਕੇ ਡੇਰਾ ਬਾਬਾ ਨਾਨਕ ਦੇ ਐੱਸ ਡੀ ਐੱਮ ਆਦਿੱਤਿਆ ਸ਼ਰਮਾ ਆਈ ਏ ਐੱਸ ਅਤੇ ਨਾਇਬ ਤਹਿਸੀਲਦਾਰ ਗੁਰਦੀਪ ਸਿੰਘ ਦੀ ਅਗਵਾਈ ਵਿੱਚ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ।ਇਸ ਮੌਕੇ ਦਫ਼ਤਰ ਵਿਖੇ ਕਰਵਾਏ ਗਏ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਕਲਰਕ ਗੁਰ ਪ੍ਰਕਾਸ਼ ਸਿੰਘ ਅਤੇ ਪਟਵਾਰੀ ਨਵਿੰਦਰ ਪਾਲ ਸੋਨੀ ਨੇ ਆਪਣੇ ਆਪਣੇ ਮਹਿਕਮਿਆਂ ਵਿੱਚ ਆਪਣੀ ਡਿਊਟੀ ਪੂਰੀ ਲਗਨ, ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਈ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਕਰਮਚਾਰੀਆਂ ਵੱਲੋਂ ਆਪੋ ਆਪਣੇ ਮਹਿਕਮੇ ਨੂੰ ਦਿੱਤੀਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ ।ਇਸ ਮੌਕੇ ਕਲਰਕ ਗੁਰ ਪ੍ਰਕਾਸ਼ ਸਿੰਘ ਅਤੇ ਪਟਵਾਰੀ ਨਵਿੰਦਰ ਪਾਲ ਸੋਨੀ ਨੇ ਸੇਵਾ ਮੁਕਤੀ ਤੇ ਆਏ ਸਮੂਹ ਸਟਾਫ਼ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਸਾਨੂੰ ਆਪਣੀ ਡਿਊਟੀ ਦੌਰਾਨ ਸਟਾਫ਼ ਵੱਲੋਂ ਪੂਰਨ ਸਹਿਯੋਗ ਮਿਲਿਆ ਹੈ ।ਉਨ੍ਹਾਂ ਕਿਹਾ



ਕਿ ਉਹ ਅੱਜ ਭਾਵੇਂ 58 ਸਾਲ ਦੀ ਸੇਵਾ ਕਰਨ ਤੋਂ ਬਾਅਦ ਰਿਟਾਇਰਡ ਹੋ ਗਏ ਹਨ, ਪਰ ਉਹ ਆਪਣੀਆਂ ਸੇਵਾਵਾਂ ਮਹਿਕਮੇ ਦੀ ਭਲਾਈ ਲਈ ਨਿਰੰਤਰ ਜਾਰੀ ਰੱਖਣਗੇ ।ਇਸ ਮੌਕੇ ਸਟਾਫ਼ ਵੱਲੋ ਗੁਰ ਪ੍ਰਕਾਸ਼ ਸਿੰਘ ਅਤੇ ਨਵਿੰਦਰ ਪਾਲ ਸੋਨੀ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਤੋਹਫੇ ਅਤੇ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਰਬਜੀਤ ਸਿੰਘ ਰੀਡਰ, ਰਾਜਮੀਤ ਕੌਰ ਰੀਡਰ, ਜਸਵੰਤ ਸਿੰਘ ਕਾਨੂੰਗੋ, ਦਪਿੰਦਰ ਸਿੰਘ, ਰਾਜਦੀਪ ਕੌਰ, ਬਲਜੀਤ ਕੌਰ, ਸੁਖਵਿੰਦਰ ਕੌਰ ਸੁਪਰਡੈਂਟ, ਜਸਵਿੰਦਰ ਸਿੰਘ, ਐੱਸ. ਪੀ. ਸਿੰਘ ਪਟਵਾਰੀ, ਇੰਦਰਜੀਤ ਸਿੰਘ ਪਟਵਾਰੀ, ਹਰਪ੍ਰੀਤ ਸਿੰਘ ਫੌਜੀ, ਸੁਖਜਿੰਦਰ ਸਿੰਘ, ਹਰਪ੍ਰੀਤ ਸਿੰਘ ਲਾਲੀ, ਨਿਰਮਲ ਸ਼ਰਮਾ ਵਸੀਕਾ, ਸਿਕੰਦਰ ਸਿੰਘ, ਰਮਨ ਕੁਮਾਰ, ਹਰੀਸ਼ ਕੁਮਾਰ ਆਦਿ ਤੋਂ ਇਲਾਵਾ ਉਨ੍ਹਾਂ ਦੇ ਰਿਸ਼ਤੇਦਾਰ, ਪਰਿਵਾਰਕ ਮੈਂਬਰਾਂ ਤੋਂ ਇਲਾਵਾ ਉਨ੍ਹਾਂ ਦਾ ਸਮੁੱਚਾ ਸਟਾਫ ਹਾਜ਼ਰ ਸੀ ।

## ਐਕਵਾ ਫਲੋਟਿੰਗ ਯੋਗਾ ਮੁਕਾਬਲੇ 'ਚ ਆਰ ਡੀ ਖੋਸਲਾ ਡੀ ਏ ਵੀ ਸਕੂਲ ਵੱਲੋਂ ਅੱਵਲ ਸਥਾਨ 'ਤੇ ਕਬਜ਼ਾ

ਬਟਾਲਾ (ਤਰਲੋਕ ਬੱਗਾ)-ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਅੰਮ੍ਰਿਤਸਰ ਵਿੱਚ ਆਯੋਜਿਤ ਛੇਵੇਂ ਅੰਤਰ-ਜ਼ਿਲ੍ਹਾ ਐਕਵਾ ਫਲੋਟਿੰਗ ਯੋਗਾ ਮੁਕਾਬਲੇ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਵਿਦਿਆਰਥੀਆਂ ਨੇ ਯੋਗ



ਕਲਾ, ਸੰਤੁਲਨ ਅਤੇ ਅਨੁਸ਼ਾਸਨ ਦੇ ਆਪਣੇ ਸ਼ਾਨਦਾਰ ਪ੍ਰਦਰਸ਼ਨਾਂ ਨਾਲ ਜੱਜਾਂ ਅਤੇ ਦਰਸ਼ਕਾਂ ਨੂੰ ਪ੍ਰਭਾਵਿਤ ਕੀਤਾ।ਅੰਡਰ-5 ਉਮਰ ਸਮੂਹ ਵਿੱਚ ਮਯੰਕ ਪਹਿਲੇ ਅਤੇ ਸ੍ਰਿਸ਼ਟੀ ਦੂਜੇ ਸਥਾਨ 'ਤੇ ਰਹੀ।ਵਿਹਾਸ, ਰੋਜ਼ਲ, ਪ੍ਰਾਂਚੀ ਅਤੇ ਮਾਇਰਾ ਅੰਡਰ-8 ਉਮਰ ਸਮੂਹ ਵਿੱਚ ਦੂਜੇ ਸਥਾਨ ਤੇ ਰਹੇ।ਗੁਰਨੂਰ ਅਤੇ ਨਿਮ੍ਰਿਤ ਅੰਡਰ-10 ਉਮਰ ਸਮੂਹ ਵਿੱਚ ਪਹਿਲੇ ਸਥਾਨ ਤੇ ਰਹੇ, ਜਦੋਂ ਕਿ ਖੁਸ਼ਪ੍ਰੀਤ, ਅਰਸ਼ਦੀਪ, ਹਰਸੀਰਤ ਅਤੇ ਜਸਕੀਰਤ ਦੂਜੇ ਸਥਾਨ 'ਤੇ ਰਹੇ।ਕੇਂਜਲ, ਹਰਗੁਨਦੀਪ ਕੌਰ, ਤਨਾਇਆ ਅਤੇ ਕਸ਼ਿਸ਼ ਅੰਡਰ-12 ਉਮਰ ਸਮੂਹ ਵਿੱਚ ਪਹਿਲੇ ਸਥਾਨ 'ਤੇ ਰਹੇ, ਜਦੋਂਕਿ ਅਵਲੀਨ ਕੌਰ, ਸਿਮਰਤ ਕੌਰ ਅਤੇ ਮਨਸੀਰਤ ਕੌਰ ਦੂਜੇ ਸਥਾਨ 'ਤੇ ਰਹੇ।ਅੰਡਰ-14 ਉਮਰ ਵਰਗ ਵਿੱਚ, ਏਕਮਜੋਤ ਸਿੰਘ, ਅਵਲੀਨ ਕੌਰ, ਰੂਪਾਂਜਲ ਅਤੇ ਮਨਪ੍ਰੀਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦੋਂਕਿ ਤਨਿਸ਼ਕਾ ਅਤੇ ਮਨਪ੍ਰੀਤ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਅੰਡਰ-8 ਉਮਰ ਵਰਗ ਵਿੱਚ ਜੋੜੀ ਅਤੇ ਸੋਲੋ ਵਿੱਚ, ਨਿਮ੍ਰਿਤ ਅਤੇ ਹਰਸ਼ਿਤ ਕੌਰ ਦੂਜੇ ਸਥਾਨ 'ਤੇ ਰਹੇ।ਅੰਡਰ-10 ਉਮਰ ਵਰਗ ਵਿੱਚ, ਗੁਰਨੂਰ ਅਤੇ ਕੇਂਜਲ ਤੀਜੇ ਸਥਾਨ 'ਤੇ ਰਹੇ।ਅੰਡਰ-12 ਉਮਰ ਵਰਗ ਵਿੱਚ, ਏਕਮਜੋਤ ਸਿੰਘ ਪਹਿਲੇ ਸਥਾਨ 'ਤੇ ਰਹੇ, ਜਦੋਂ ਕਿ ਜਸਕੀਰਤ ਕੌਰ ਅਤੇ ਮਨਰੀਤ ਕੌਰ ਦੂਜੇ ਸਥਾਨ 'ਤੇ ਰਹੇ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੈ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਊਸ਼ਾ ਕਿਰਨ ਨੂੰ ਵਧਾਈ ਦਿੱਤੀ।ਉਨ੍ਹਾਂ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਕਰਦੇ ਰਹਿਣ ਅਤੇ ਸਕੂਲ, ਉਨ੍ਹਾਂ ਦੇ ਮਾਪਿਆਂ ਅਤੇ ਉਨ੍ਹਾਂ ਦੇ ਖੇਤਰ ਦਾਨਾਮ ਰੌਸ਼ਨ ਕਰਨ ਲਈ ਉਤਸ਼ਾਹਿਤ ਕੀਤਾ।

## ਨਗਰ ਪੰਚਾਇਤ ਭਿੱਖੀਵਿੰਡ ਦੇ ਲੋਕ ਲੰਬੇ ਸਮੇਂ ਤੋਂ ਬੁਨਿਆਦੀ ਸਹੂਲਤਾਂ ਤੋਂ ਵਾਂਝੇ: ਹਰਜੀਤ ਸਿੰਘ ਸੰਧੂ

ਤਰਨਤਾਰਨ (ਪ੍ਰਿਤਪਾਲ ਸਿੰਘ)-ਜ਼ਿਲ੍ਹਾ ਤਰਨਤਾਰਨ ਦੇ ਨਗਰ ਕੌਂਸਲ ਪੱਟੀ ਅਤੇ ਨਗਰ ਪੰਚਾਇਤ ਭਿੱਖੀਵਿੰਡ ਵਿੱਚ ਹੋ ਰਹੀਆਂ ਚੋਣਾਂ ਦੇ ਸਬੰਧ ਵਿੱਚ ਭਾਰਤੀ ਜਨਤਾ ਪਾਰਟੀ ਵੱਲੋਂ ਕਸਬਾ ਭਿੱਖੀਵਿੰਡ ਦੇ ਸਥਾਨਕ ਪਾਰਟੀ ਦਫਤਰ ਵਿਖੇ ਇੱਕ ਵਿਸ਼ੇਸ਼ ਪ੍ਰੈੱਸ ਕਾਨਫਰੰਸ ਕੀਤੀ ਗਈ।ਕਾਨਫਰੰਸ ਨੂੰ ਸੰਬੋਧਨ ਕਰਦਿਆਂ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਦੀ ਨਾਕਾਮ ਕਾਰਗੁਜ਼ਾਰੀ ਨੂੰ ਲੋਕਾਂ ਦੇ ਸਾਹਮਣੇ ਰੱਖਿਆ ਅਤੇ ਕਿਹਾ ਕਿ ਪੰਜਾਬ ਦੇ ਲੋਕਾਂ ਨਾਲ ਬਦਲਾਅ ਦੇ ਨਾਂ 'ਤੇ ਸਿਰਫ਼ ਧੋਖਾ ਕੀਤਾ ਗਿਆ ਹੈ।ਇਸ ਮੌਕੇ ਤੇ ਜ਼ਿਲ੍ਹਾ ਮਹਾਂ ਮੰਤਰੀ ਹਰਪ੍ਰੀਤ ਸਿੰਘ ਸਿੰਦਬਾਦ, ਸੀਨੀਅਰ ਆਗੂ ਖੇਮਕਰਨ ਦਲਬੀਰ ਸਿੰਘ ਅਲਗੋਂ ਕੋਠੀ, ਉਪ ਪ੍ਰਧਾਨ ਸਤਨਾਮ ਸਿੰਘ ਭੁੱਲਰ, ਐੱਸਸੀ ਮੋਰਚਾ ਪ੍ਰਧਾਨ ਅਵਤਾਰ ਸਿੰਘ ਤੋਂ ਇਲਾਵਾ ਹੋਰ ਪਾਰਟੀ ਦੇ ਪ੍ਰਮੁੱਖ ਆਗੂ ਹਾਜ਼ਰ ਸਨ।ਇਸ ਮੌਕੇ ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਨਗਰ ਕੌਂਸਲ ਪੱਟੀ ਅਤੇ ਨਗਰ ਪੰਚਾਇਤ ਭਿੱਖੀਵਿੰਡ ਦੇ ਲੋਕ ਪਿਛਲੇ ਲੰਬੇ ਸਮੇਂ ਤੋਂ ਬੁਨਿਆਦੀ ਸਹੂਲਤਾਂ ਲਈ



ਸੰਘਰਸ਼ ਕਰ ਰਹੇ ਹਨ, ਪਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿਰਫ਼ ਵੱਡੇ-ਵੱਡੇ ਦਾਅਵੇ ਅਤੇ ਝੂਠੇ ਵਾਅਦੇ ਕਰਨ ਤੋਂ ਇਲਾਵਾ ਕੋਈ ਠੋਸ ਵਿਕਾਸ ਕੰਮ ਨਹੀਂ ਕੀਤਾ।ਉਨ੍ਹਾਂ ਨੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਸ਼ਹਿਰਾਂ ਅਤੇ ਕਸਬਿਆਂ ਦਾ ਨਵਾਂ ਰੂਪ ਦਿੱਤਾ ਜਾਵੇਗਾ, ਨੌਜਵਾਨਾਂ ਨੂੰ ਰੋਜ਼ਗਾਰ ਮਿਲੇਗਾ, ਸਫਾਈ ਪ੍ਰਬੰਧ ਸੁਧਾਰੇ ਜਾਣਗੇ ਅਤੇ ਹਰ ਵਾਰਡ ਵਿੱਚ ਵਿਕਾਸ ਦੇ ਕੰਮ ਹੋਣਗੇ, ਪਰ ਅੱਜ ਹਾਲਾਤ ਇਹ ਹਨ ਕਿ ਲੋਕ ਆਪਣੀਆਂ ਰੋਜ਼ਾਨਾ ਦੀਆਂ ਮੁੱਢਲੀਆਂ ਸਮੱਸਿਆਵਾਂ ਲਈ ਵੀ ਸੰਘਰਸ਼ ਕਰਨ ਲਈ ਮਜਬੂਰ ਹਨ।ਇਸ ਮੌਕੇ ਤੇ ਸੀਨੀਅਰ ਆਗੂ ਦਲਬੀਰ ਸਿੰਘ ਅਲਗੋਂਕੋਠੀ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਹਮੇਸ਼ਾਂ ਲੋਕਾਂ ਦੀ ਆਵਾਜ਼ ਬਣ ਕੇ ਖੜ੍ਹੀ ਰਹੀ ਹੈ ਅਤੇ ਪਾਰਟੀ ਦਾ ਹਰ ਇਕ ਵਰਕਰ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਲਗਾਤਾਰ ਸੰਘਰਸ਼ ਕਰ ਰਿਹਾ ਹੈ।

ਉਨ੍ਹਾਂ ਭਿੱਖੀਵਿੰਡ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ, ਇਮਾਨਦਾਰੀ ਅਤੇ ਲੋਕ ਸੇਵਾ ਦੀ ਰਾਜਨੀਤੀ ਨੂੰ ਮਜ਼ਬੂਤ ਕਰਨ ਲਈ ਭਾਰਤੀ ਜਨਤਾ ਪਾਰਟੀ ਦਾ ਸਾਥ ਦੇਣ।ਇਸ ਮੌਕੇ ਸਰਕਲ ਭਿੱਖੀਵਿੰਡ ਪ੍ਰਧਾਨ ਨਰਿੰਦਰ ਸਿੰਘ, ਸਰਕਲ ਪ੍ਰਧਾਨ ਸਾਹਿਬ ਸਿੰਘ, ਸਰਕਲ ਅਲਗੋਂਕੋਠੀ ਪ੍ਰਧਾਨ ਸੁਖਦੇਵ ਸਿੰਘ, ਸਰਕਲ ਵਲਟੋਹਾ ਪ੍ਰਧਾਨ ਰਾਜਨ ਕੁਮਾਰ, ਸਰਕਲ ਖਾਲੜਾ ਪ੍ਰਧਾਨ ਸਰਬਜੀਤ ਸਿੰਘ, ਸਰਕਲ ਖੇਮਕਰਨ ਪ੍ਰਧਾਨ ਕੁਲਵੰਤ ਸਿੰਘ, ਰਾਜ ਕੁਮਾਰ ਚੋਪੜਾ, ਡਾ. ਧਰਮਵੀਰ, ਸਾਬਕਾ ਸਰਪੰਚ ਸੁਖਦੇਵ ਸਿੰਘ ਤੋਂ ਇਲਾਵਾ ਹਲਕਾ ਖੇਮਕਰਨ ਦੇ ਪਿੰਡਾਂ ਤੋਂ ਮੋਹਤਬਰ ਮੌਜੂਦ ਸਨ।


## ਉਤਰ ਰੇਲਵੇ

### ਈ-ਨਿਵਿਦਾ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ-ਫਸਟ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਟੈਂਡਰ ਬੋਲੀ ਅੰਤਮ ਮਿਤੀ **10.06.2026** ਸਮਾਂ **15:00** ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਕਿੰਗ, ਡੇਬਿਟ ਕਾਰਡ, ਕਰੈਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ ਬੇਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜ਼ਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 18.05.2026 | 27.05.2026 | 10.06.2026/15:00 ਵਜੇ |

| ਨਿਵਿਦਾ ਨੰਬਰ (1) | 25-2026-27-ADEN-JRC | | |
|---|---|---|---|
| ਨਿਵਿਦਾ ਦਾ ਵੇਰਵਾ | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਤਹਿਤ ਜਲੰਧਰ ਸੀਨੀਅਰ ਅਨੁਭਾਗੀ ਇੰਜੀਨੀਅਰ/ ਕੰਮ/ ਜਲੰਧਰ ਕੈਂਟ ਦੇ ਅਨੁਭਾਗ ਵਿਚ ਚਿਹੇੜੂ, ਸੁਚੀ ਪਿੰਡ, ਅਲਾਵਲਪੁਰ, ਕਾਲਾ ਬਕਰਾ, ਬੋਲਿਨਾ ਦੋਆਬਾ, ਖੁਰਦਪੁਰ, ਸ਼ਾਮ ਚੌਰਾਸੀ, ਨਸਰਾਲਾ ਅਤੇ ਹੁਸ਼ਿਆਰਪੁਰ ਦੀਆਂ ਕਾਲੋਨੀਆਂ ਵਿਚ ਪਾਣੀ ਸਪਲਾਈ ਜਿਹੀਆਂ ਵਖ-ਵਖ ਸਟਾਫ ਸਹੂਲਤਾਂ ਵਿਚ ਸੁਧਾਰ। | | |
| ਵਿਗਿਆਪਨ ਮੂਲ | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| ₹4,54,37,180.36 | ₹9,08,800.00 | 60 ਦਿਨ | 08 ਮਹੀਨੇ |
| ਵਿਸ਼ੇਸ਼ ਤਕਨੀਕੀ ਮਾਪਦੰਡ: "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | |
| ਨਿਵਿਦਾ ਨੰਬਰ (2) | 26-2026-27-ADEN-LDH | | |
| ਨਿਵਿਦਾ ਕਾ ਵਿਵਰਣ | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ ਕੰਮ/ ਫਗਵਾੜਾ ਦੇ ਅਨੁਭਾਗ ਵਿਚ ਐਲਓਡਬਲਯੂ, ਪੀਡਬਲਯੂਆਰ, ਭਠਿੰਯਾਂ, ਗੋਰਾਯਾ, ਐਮਵਾਈ, ਫਗਵਾੜਾ, ਬਹਰਾਮ, ਮਾਲੂਪੋਟਾ ਡੀਐਕਸਬੀ, ਨਵਾਂਸ਼ਹਿਰ ਦੋਆਬਾ, ਗੜਸ਼ੰਕਰ ਅਤੇ ਐਸਏਜੇ ਵਿਚ ਕਾਲੋਨੀਆਂ ਵਿਚ ਪਾਣੀ ਸਪਲਾਈ ਪ੍ਰਬੰਧ ਜਿਹੀਆਂ ਵਖ-ਵਖ ਕਰਮਚਾਰੀ ਸਹੂਲਤਾਂ ਵਿਚ ਸੁਧਾਰ ਕਰਨਾ। | | |
| ਵਿਗਿਆਪਨ ਮੂਲ | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| ₹4,65,02,215.89 | ₹9,30,100.00 | 60 ਦਿਨ | 08 ਮਹੀਨੇ |
| ਵਿਸ਼ੇਸ਼ ਤਕਨੀਕੀ ਮਾਪਦੰਡ: "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

ਨਿਵਿਦਾ ਸੂਚਨਾ ਪੱਤਰ ਨੰ. : 25-2026-27-ADEN-JRC & 26-2026-27-ADEN-LDH ਤਾਰੀਕ:19.05.2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 1672/2026

# ਟਰੱਕ-ਕਾਰ ਹਾਦਸੇ 'ਚ ਪੁਲਸ ਮੁਲਾਜ਼ਮ ਦੀ ਮੌਤ

**ਮਾਹਿਲਪੁਰ (ਸਫ਼ਰੀ)**

ਥਾਣਾ ਗੜ੍ਹਸ਼ੰਕਰ ਅਧੀਨ ਪੈਂਦੇ ਪਿੰਡ ਗੋਲੀਆਂ ਨਜ਼ਦੀਕ ਟਰੱਕ ਅਤੇ ਕਾਰ ਦੀ ਆਹਮਣੋ ਸਾਹਮਣੇ ਹੋਈ ਭਿਆਨਕ ਟੱਕਰ ਵਿੱਚ ਕਾਰ ਚਾਲਕ ਪੁਲਸ ਮੁਲਾਜ਼ਮ ਦੀ ਦਰਦਨਾਕ ਮੌਤ ਹੋ ਗਈ । ਟਰੱਕ ਡਰਾਈਵਰ ਭਗੌੜਾ ਹੋ ਗਿਆ। ਥਾਣਾ ਗੜ੍ਹਸ਼ੰਕਰ ਦੀ ਪੁਲਸ ਨੇ ਵਾਹਨ ਕਬਜ਼ੇ ਵਿਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ। ਜਾਣਕਾਰੀ ਅਨੁਸਾਰ ਪ੍ਰਦੀਪ ਕੁਮਾਰ ਪੁੱਤਰ ਨਰਿੰਦਰ ਸਿੰਘ ਵਾਸੀ ਲੰਗੇਰੀ ਥਾਣਾ ਮਾਹਿਲਪੁਰ ਜ਼ਿਲ੍ਹਾ ਹੁਸ਼ਿਆਰਪੁਰ ਜੋ ਮੋਹਾਲੀ ਵਿੱਚ ਪੁਲਸ ਮੁਲਾਜ਼ਮ ਸੀ, ਆਪਣੀ ਡਿਊਟੀ ਤੋਂ ਬਾਅਦ ਆਪਣੇ ਘਰ ਪਰਤ ਰਿਹਾ ਸੀ ਕਿ 18 ਮਈ ਦੀ ਦਰਮਿਆਨੀ ਰਾਤ ਕੋਈ ਦਸ ਕੁ ਵਜੇ ਪਿੰਡ ਗੋਲੀਆਂ ਨਜ਼ਦੀਕ ਸਾਹਮਣਿਓਂ ਆ ਰਹੀ ਦਸ ਟਾਇਰੀ ਗੱਡੀ ਨਾਲ ਭਿਆਨਕ ਹਾਦਸਾ ਵਾਪਰ ਗਿਆ। ਨਤੀਜੇ ਵਜੋਂ ਪੁਲਸ ਮੁਲਾਜ਼ਮ ਪ੍ਰਦੀਪ ਕੁਮਾਰ ਦੀ ਮੌਕੇ 'ਤੇ ਹੀ ਮੌਤ ਹੋ ਗਈ। ਆਸ ਪਾਸ ਖੜ੍ਹੇ ਰਾਹਗੀਰਾਂ ਨੇ ਦੱਸਿਆ ਕਿ ਹਾਦਸਾ ਐਨਾ ਭਿਆਨਕ ਸੀ ਕਿ ਮ੍ਰਿਤਕ ਪ੍ਰਦੀਪ ਦੇ



ਸਰੀਰ ਨੂੰ ਬੜੀ ਮੁਸ਼ਕਲ ਨਾਲ ਕਾਰ ਵਿਚੋਂ ਬਾਹਰ ਕੱਢਿਆ। ਮੌਕੇ 'ਤੇ ਪਹੁੰਚੇ ਏ ਐਸ ਆਈ ਜਸਵੀਰ ਸਿੰਘ ਥਾਣਾ ਗੜ੍ਹਸ਼ੰਕਰ ਨੇ ਦੱਸਿਆ ਕਿ ਟਰੱਕ ਚਾਲਕ ਆਪਣੀ ਗੱਡੀ ਛੱਡ ਕੇ ਫ਼ਰਾਰ ਹੋ ਗਿਆ ਤੇ ਮ੍ਰਿਤਕ ਪ੍ਰਦੀਪ ਕੁਮਾਰ ਦੀ ਦੇਹ ਨੂੰ ਗੜ੍ਹਸ਼ੰਕਰ ਮੁਰਦਾਘਰ ਵਿੱਚ ਰੱਖ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# 'ਮੁੱਖ ਮੰਤਰੀ ਸਿਹਤ ਯੋਜਨਾ' ਨਾਲ ਮੱਧ ਵਰਗ ਸਮੇਤ ਆਮ ਲੋਕਾਂ ਨੂੰ ਵੱਡੀ ਰਾਹਤ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਸਾਲ 2021 ਵਿੱਚ 'ਐਪਲਾਈਡ ਹੈਲਥ ਇਕਨਾਮਿਕਸ ਐਂਡ ਹੈਲਥ ਪਾਲਿਸੀ' ਵਿੱਚ ਪ੍ਰਕਾਸ਼ਿਤ ਇੱਕ ਅਧਿਐਨ ਨੇ ਉਸ ਸੱਚਾਈ ਨੂੰ ਉਜਾਗਰ ਕੀਤਾ, ਜਿਸ ਨੂੰ ਲੋਕ ਪਹਿਲਾਂ ਤੋਂ ਮਹਿਸੂਸ ਕਰਦੇ ਸਨ—ਭਾਰਤ ਵਿੱਚ ਇਲਾਜ ਦਾ ਖ਼ਰਚ ਪਰਵਾਰਾਂ 'ਤੇ ਭਾਰੀ ਪੈਂਦਾ ਹੈ ਅਤੇ ਅਕਸਰ ਉਨ੍ਹਾਂ ਨੂੰ ਗੰਭੀਰ ਆਰਥਿਕ ਸੰਕਟ ਵੱਲ ਧੱਕ ਦਿੰਦਾ ਹੈ। ਰਾਸ਼ਟਰੀ ਸਰਵੇਖਣ ਦੇ ਅੰਕੜਿਆਂ 'ਤੇ ਆਧਾਰਿਤ ਇਸ ਅਧਿਐਨ ਵਿੱਚ ਦੱਸਿਆ ਗਿਆ ਕਿ ਕੈਂਸਰ ਅਤੇ ਦਿਲ ਦੀਆਂ ਬੀਮਾਰੀਆਂ ਵਰਗੀਆਂ ਬੀਮਾਰੀਆਂ ਦਾ ਇਲਾਜ ਪਰਵਾਰਾਂ 'ਤੇ ਵੱਡਾ ਆਰਥਿਕ ਬੋਝ ਪਾਉਂਦਾ ਹੈ, ਖ਼ਾਸ ਕਰਕੇ ਨਿੱਜੀ ਹਸਪਤਾਲਾਂ ਵਿੱਚ। ਕਈ ਮਾਮਲਿਆਂ ਵਿੱਚ ਇਲਾਜ ਦੀ ਲਾਗਤ ਲੋਕਾਂ ਨੂੰ ਲੰਬੇ ਸਮੇਂ ਲਈ ਗਰੀਬੀ ਵੱਲ ਧੱਕ ਦਿੰਦੀ ਹੈ। ਇਹ ਇਸ ਗੱਲ ਦਾ ਸਪੱਸ਼ਟ ਸੰਕੇਤ ਸੀ ਕਿ ਬੀਮਾਰੀ ਸਿਰਫ਼ ਸਿਹਤ ਸਮੱਸਿਆ ਨਹੀਂ, ਸਗੋਂ ਆਰਥਿਕ ਸੰਕਟ ਦਾ ਵੀ ਵਿਸ਼ਾ ਹੈ।ਪਰ ਅੱਜ ਪੰਜਾਬ ਵਿੱਚ ਇੱਕ ਵੱਖਰੀ ਤਸਵੀਰ ਉੱਭਰਦੀ ਹੋਈ ਦਿਖਾਈ ਦੇ ਰਹੀ ਹੈ। 'ਮੁੱਖ ਮੰਤਰੀ ਸਿਹਤ ਯੋਜਨਾ' ਪਰਿਵਾਰਾਂ ਦੇ ਸਿਹਤ ਸੇਵਾਵਾਂ ਨਾਲ ਜੁੜੇ ਤਜ਼ਰਬੇ ਵਿੱਚ ਇੱਕ ਸ਼ਾਂਤ ਪਰ ਪ੍ਰਭਾਵਸ਼ਾਲੀ ਬਦਲਾਅ ਵਜੋਂ ਉੱਭਰੀ ਹੈ। ਪਹਿਲੀ ਵਾਰ ਕਈ ਲੋਕਾਂ ਨੂੰ ਇਹ ਭਰੋਸਾ ਮਿਲ ਰਿਹਾ ਹੈ ਕਿ ਇਲਾਜ ਦਾ ਮਤਲਬ ਹੁਣ ਆਰਥਿਕ ਸੰਕਟ ਨਹੀਂ ਹੋਵੇਗਾ।ਪੰਜਾਬ ਵਿੱਚ, ਜਿੱਥੇ ਕਦੇ ਹਸਪਤਾਲਾਂ ਦੇ ਬਿਲ ਪਰਿਵਾਰਾਂ ਨੂੰ ਕਰਜ਼ੇ ਅਤੇ ਨਿਰਾਸ਼ਾ ਵੱਲ ਧੱਕ ਦਿੰਦੇ ਸਨ, ਉੱਥੇ 'ਮੁੱਖ ਮੰਤਰੀ ਸਿਹਤ ਯੋਜਨਾ' ਹੁਣ ਪ੍ਰਭਾਵਸ਼ਾਲੀ ਢੰਗ ਨਾਲ ਲੋਕਾਂ ਦੀ ਜ਼ਿੰਦਗੀ ਬਦਲ ਰਹੀ ਹੈ। ?10 ਲੱਖ ਤੱਕ ਦੇ ਕੈਸ਼ਲੈੱਸ ਇਲਾਜ ਦੀ ਸਹੂਲਤ ਵਾਲੀ ਇਸ ਯੋਜਨਾ ਤਹਿਤ ਹੁਣ ਤੱਕ 1.59 ਲੱਖ ਤੋਂ ਵੱਧ ਲਾਭਪਾਤਰੀਆਂ ਨੂੰ ਸਹਾਇਤਾ ਮਿਲ ਚੁੱਕੀ ਹੈ। ਆਮ ਪਰਿਵਾਰਾਂ ਲਈ ਇਹ ਯੋਜਨਾ ਕਿਸੇ ਰਾਹਤ ਤੋਂ ਘੱਟ ਨਹੀਂ, ਜੋ ਪਹਿਲਾਂ ਬੀਮਾਰੀ ਦੇ ਡਰ ਤੋਂ ਹੀ ਘਬਰਾਉਂਦੇ ਸਨ।

# ਬੱਬਰ ਅਕਾਲੀ ਲਹਿਰ ਦੇ ਸ਼ਹੀਦਾਂ ਦੀ ਯਾਦ 'ਚ ਸਮਾਗਮ



**ਜਲੰਧਰ (ਨ ਜ਼ ਸ)**-ਬੱਬਰ ਅਕਾਲੀ ਲਹਿਰ ਦੇ ਸ਼ਹੀਦ ਲਾਭ ਸਿੰਘ ਤੇ ਭਾਨ ਸਿੰਘ ਰੰਧਾਵਾ ਅਤੇ ਸਾਧੂ ਸਿੰਘ ਸਾਂਧਰਾ ਦੇ ਬਰਸ਼ੀ ਸਮਾਗਮ ਨੂੰ ਰੰਧਾਵਾ ਮੰਸਦਾ ਨੇੜੇ (ਫੋਕਲ ਪੁਆਇੰਟ) ਜਲੰਧਰ ਵਿਖੇ ਉਹਨਾਂ ਦੀ ਸਮਾਰਕ ਉਤੇ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਹਨਾਂ ਤਿੰਨਾਂ ਦੇਸ਼ ਭਗਤਾਂ ਨੂੰ ਜਲੰਧਰ ਦੀ ਜੇਲ੍ਹ ਵਿੱਚ 16 ਮਈ 1930 ਨੂੰ ਇਕੱਠਿਆਂ ਫਾਂਸੀ ਲਾ ਕੇ ਸ਼ਹੀਦ ਕੀਤਾ ਗਿਆ ਸੀ। ਸੁਖਮਨੀ ਸਾਹਿਬ ਦੇ ਭੋਗ ਪੈਣ ਮਗਰੋਂ ਦੇਸ਼ ਭਗਤ ਯਾਦਗਾਰ ਕਮੇਟੀ ਦੇ ਚਰੰਜੀਲਾਲ ਕੰਗਣੀਵਾਲ ਤੇ ਵਿਜੇ ਬੰਬੇਲੀ ਨੇ ਬੱਬਰ ਅਕਾਲੀ ਲਹਿਰ ਦੇ ਇਤਿਹਾਸ ਅਤੇ ਇਹਨਾਂ ਤਿੰਨਾਂ ਸ਼ਹੀਦਾਂ ਦੇ ਪ੍ਰਸੰਗ ਬਾਰੇ ਦੱਸਿਆ ਜਿਨਾਂ ਦੀਆਂ ਕੁਰਬਾਨੀਆਂ ਸਦਕਾ ਦੇਸ਼ ਨੂੰ ਆਜ਼ਾਦੀ ਪ੍ਰਾਪਤ ਹੋਈ । ਰਾਜ ਸੱਤਾ ਤੇ ਸਿਆਸੀ ਧਿਰਾਂ, ਜਿਨਾਂ ਨੂੰ ਆਜ਼ਾਦੀ ਦੇ ਸੰਘਰਸ਼ ਨਾਲ ਕੋਈ ਸਰੋਕਾਰ ਨਹੀਂ ਸੀ। ਉਹ ਇਨਾਂ ਆਜ਼ਾਦੀ ਸਮਾਗਮ ਦੇ ਸ਼ਹੀਦਾਂ ਦਾ ਥੋੜਾ ਬਹੁਤ ਦਿੱਤਾ ਗਿਆ ਹਵਾਲਾ ਵੀ ਪਾਠ ਪੁਸਤਕਾਂ ਵਿੱਚੋਂ ਗਾਇਬ ਕਰਨ ਤੇ ਲੱਗੇ ਹੋਏ ਹਨ। ਇਸ ਸੇਧ ਵਿੱਚ ਹੀ ਜਿਲ੍ਹਾਂ ਅਧਿਕਾਰੀ ਦੇਸ਼ ਭਗਤ ਸ਼ਹੀਦਾਂ ਦੇ ਨਾਂਅ ਤੇ ਸਕੂਲਾਂ, ਸੜਕਾਂ ਦਾ ਨਾਂਅ ਰੱਖਣ ਲਈ ਪਿੰਡ ਵਾਸੀਆਂ ਦੀ ਮੰਗ ਨੂੰ ਦਰਕਿਨਾਰ ਕਰ ਰਹੇ ਹਨ। ਇਹਨਾਂ ਮਸਲਿਆਂ ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਇਸ ਸਮਾਗਮ ਵਿੱਚ ਮਤਾ ਪਾਸ ਕੀਤਾ ਗਿਆ ਕਿ ਇਲਾਕਾ ਨਿਵਾਸੀਆਂ ਦੀ ਮੰਗ ਤੇ ਸਕੂਲਾਂ, ਸੜਕਾਂ ਦੇ ਨਾਂਅ ਦੇਸ਼ ਭਗਤਾਂ ਸ਼ਹੀਦਾ ਦੇ ਨਾਂਅ ਤੇ ਰੱਖੇ ਜਾਣ।

# 22 ਪ੍ਰਾਣੀਆਂ ਕੀਤਾ ਖ਼ੂਨਦਾਨ



**ਆਦਮਪੁਰ (ਪਰਮਜੀਤ ਸਿੰਘ)**-ਬੀਤੇ ਦਿਨੀਂ ਦੁਆਬੇ ਇਲਾਕੇ ਦੀ ਸਿਰਮੌਰ ਸੰਸਥਾ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਵੱਲੋਂ ਡੇਰਾ ਭਗਤ ਕਰਨੈਲ ਚੰਦ ਜੀ ਵਿਖੇ 65ਵਾਂ ਸਵੈਇੱਛੁਕ ਖ਼ੂਨਦਾਨ ਕੈਂਪ ਆਯੋਜਿਤ ਕੀਤਾ ਗਿਆ ਜਿਸ ਦਾ ਸ਼ੁੱਭ ਆਰੰਭ ਮੁੱਖ ਸੇਵਾਦਾਰ ਭਗਤ ਸੁਭਾਸ਼ ਮੋਤੀ ਅਤੇ ਸਾਧ ਸੰਗਤਾਂ ਵੱਲੋਂ ਕੀਤਾ ਗਿਆ। ਇਸ ਮੌਕੇ ਬਲੱਡ ਕੈਂਪ ਦੀ ਸ਼ੋਭਾ ਨੂੰ ਵਧਾਉਣ ਅਤੇ ਸਮੁੱਚੀ ਟੀਮ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਦਾ ਹੌਸਲਾ ਅਫਜ਼ਾਈ ਕਰਨ ਲਈ ਉਚੇਚੇ ਤੌਰ 'ਤੇ ਪੰਜਾਬ ਸਰਕਾਰ ਆਦਮਪੁਰ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਵੀ ਪਹੁੰਚੇ। ਇਸ ਦੌਰਾਨ 22 ਵੀਰਾਂ ਭੈਣਾਂ ਨੇ ਸਵੈਇੱਛੁਕ ਖ਼ੂਨਦਾਨ ਕੀਤਾ। ਇਸ ਮੌਕੇ ਟੀਮ ਮੈਂਬਰ ਸਹਿਬਾਨ ਸੈਕਟਰੀ ਮਨਪ੍ਰੀਤ ਸਿੰਘ, ਹਰਜਿੰਦਰਪਾਲ ਟੋਨੀ ਕੰਦੋਲਾ, ਤਰਲੋਕ ਸਿੰਘ ਵਾਇਸ ਪ੍ਰਧਾਨ, ਖਜ਼ਾਨਚੀ ਅਮਨਦੀਪ ਸਿੰਘ ਮਾਹੀ ਅਤੇ ਸਾਰੀ ਸਾਧ ਸੰਗਤ ਦੇ ਨਾਲ ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ ਮਿਨਹਾਸ ਵੀ ਹਾਜ਼ਰ ਸਨ।

# ਹਥਿਆਰ ਚੁੱਕ ਕੇ ਚੱਲਣ 'ਤੇ ਮਨਾਹੀ : ਜ਼ਿਲ੍ਹਾ ਮੈਜਿਸਟਰੇਟ

**ਨਵਾਂਸ਼ਹਿਰ (ਮਨੋਜ ਲਾਡੀ)**-ਜ਼ਿਲ੍ਹਾ ਮੈਜਿਸਟਰੇਟ ਗੁਲਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ, 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ 26 ਮਈ ਨੂੰ ਹੋ ਰਹੀਆਂ ਨਗਰ ਕੌਂਸਲ ਨਵਾਂਸ਼ਹਿਰ, ਨਗਰ ਕੌਂਸਲ ਬੰਗਾ, ਨਗਰ ਕੌਂਸਲ ਰਾਹੋਂ ਦੀਆਂ ਚੋਣਾਂ ਨੂੰ ਸ਼ਾਂਤੀਪੂਰਵਕ ਤਰੀਕੇ ਨਾਲ ਮੁਕੰਮਲ ਕਰਵਾਉਣ ਅਤੇ ਅਮਨ ਤੇ ਕਾਨੂੰਨ ਦੀ ਵਿਵਸਥਾ ਨੂੰ ਬਣਾਏ ਰੱਖਣ ਲਈ ਨਗਰ ਕੌਂਸਲ ਨਵਾਂਸ਼ਹਿਰ, ਨਗਰ ਕੌਂਸਲ ਬੰਗਾ ਅਤੇ ਨਗਰ ਕੌਂਸਲ ਰਾਹੋਂ ਦੀ ਹਦੂਦ ਅੰਦਰ ਅਸਲਾ ਲਾਈਸੈਂਸੀਆਂ ਨੂੰ ਆਪਣੇ ਹਥਿਆਰ ਚੁੱਕ ਕੇ ਚੱਲਣ 'ਤੇ ਮਨਾਹੀ ਦਾ ਹੁਕਮ ਜਾਰੀ ਕੀਤਾ ਹੈ। ਇਹ ਹੁਕਮ ਆਰਮੀ ਪਰਸੋਨਲ ਪੈਰਾ ਮਿਲਟਰੀ ਫੋਰਸ, ਬਾਵਰਦੀ ਪੁਲਸ ਕਰਮਚਾਰੀਆਂ ਅਤੇ ਜਿਨ੍ਹਾਂ ਨੂੰ ਧਾਰਮਿਕ ਤੌਰ 'ਤੇ ਰੀਤੀ ਰਿਵਾਜਾਂ ਕਾਰਨ ਹਥਿਆਰ ਚੁੱਕਣ ਦੇ ਅਧਿਕਾਰ ਹਨ 'ਤੇ ਇਹ ਹੁਕਮ ਲਾਗੂ ਨਹੀਂ ਹੋਵੇਗਾ। ਇਸ ਤੋਂ ਇਲਾਵਾ ਬੈਂਕਾਂ ਅਤੇ ਬੈਂਕਾਂ ਵਿੱਚ ਗਾਰਡ ਦੀ ਨੌਕਰੀ ਕਰਦੇ ਕਰਮਚਾਰੀਆਂ, ਜਿਨਾਂ ਨੂੰ ਭਾਰਤ ਜਾਂ ਪੰਜਾਬ ਸਰਕਾਰ ਵੱਲੋਂ ਪਹਿਲਾਂ ਹੀ ਸੁਰੱਖਿਆ ਕਵਚ ਪ੍ਰਦਾਨ ਕੀਤਾ ਹੋਇਆ ਹੈ 'ਤੇ ਲਾਗੂ ਨਹੀਂ ਹੋਵੇਗਾ। ਇਹ ਹੁਕਮ ਉਕਤ ਚੋਣ ਪ੍ਰਕਿਰਿਆ ਮੁਕੰਮਲ ਹੁਣ ਤੱਕ ਲਾਗੂ ਰਹੇਗਾ

# ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਦੇ ਵਿਦਿਆਰਥੀ ਨੇ ਸੀ ਏ ਫਾਊਂਡੇਸ਼ਨ ਪ੍ਰੀਖਿਆ 'ਚ ਮਾਰੀਆਂ ਮੱਲ੍ਹਾਂ

**ਜਲੰਧਰ (ਕਮਲਜੀਤ ਥਾਬਲਕੇ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲੇਜ ਲਾਡੋਵਾਲੀ ਰੋਡ ਦੇ ਕਾਮਰਸ ਵਿਭਾਗ ਦੇ ਵਿਦਿਆਰਥੀਆਂ ਨੇ ਇੱਕ ਵਾਰ ਫਿਰ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ। ਕਾਲਜ ਦੇ ਕਈ ਵਿਦਿਆਰਥੀਆਂ ਨੇ ਇਸ ਵਾਰ ਇੰਸਟੀਚਿਊਟ ਆਫ ਚਾਰਟਰਡ ਅਕਾਊਂਟੈਂਟ ਆਫ ਇੰਡੀਆ ਵੱਲੋਂ ਕਰਵਾਈ ਗਈ ਸੀ ਏ ਫਾਊਂਡੇਸ਼ਨ ਪ੍ਰੀਖਿਆ ਸਫਲਤਾਪੂਰਵਕ ਪਾਸ ਕਰ ਲਈ ਹੈ। ਹੁਣ ਇਹ ਵਿਦਿਆਰਥੀ ਨਵੰਬਰ 2026 ਵਿੱਚ ਹੋਣ ਵਾਲੀ ਸੀ ਏ ਇੰਟਰਮੀਡੀਏਟ ਪ੍ਰੀਖਿਆ ਦੀ ਤਿਆਰੀ ਵਿੱਚ ਜੁਟੇ ਹੋਏ ਹਨ ਅਤੇ ਨਾਲ ਹੀ ਆਪਣੀਆਂ ਬੀਕਾਮ ਦੀਆਂ ਪ੍ਰੀਖਿਆਵਾਂ ਲਈ ਵੀ ਮਿਹਨਤ ਕਰ ਰਹੇ ਹਨ।ਇਸ ਮੌਕੇ ਕਾਲਜ ਦੀ ਓ ਐੱਸ ਡੀ ਡਾ. ਨਵਜੋਤ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਪ੍ਰਾਪਤੀ ਸਿਰਫ਼ ਵਿਦਿਆਰਥੀਆਂ ਦੀ ਨਿੱਜੀ ਸਫਲਤਾ ਨਹੀਂ, ਸਗੋਂ ਪੂਰੇ ਕਾਲਜ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਸੀ ਏ ਫਾਊਂਡੇਸ਼ਨ ਪਾਸ ਕਰਨਾ ਚਾਰਟਡ ਅਕਾਊਂਟੈਂਸੀ ਦੇ ਸਫ਼ਰ ਦਾ ਪਹਿਲਾ ਅਤੇ ਸਭ ਤੋਂ ਮਹੱਤਵਪੂਰਨ ਪੜਾਅ ਹੁੰਦਾ ਹੈ। ਇਸ ਪ੍ਰੀਖਿਆ ਨੂੰ ਪਾਰ ਕਰਨ ਲਈ ਲਗਾਤਾਰ ਮਿਹਨਤ, ਸਮੇਂ ਦੀ ਕਦਰ ਅਤੇ ਪੂਰੀ ਲਗਨ ਦੀ ਲੋੜ ਹੁੰਦੀ ਹੈ ਤੇ ਸਾਡੇ ਵਿਦਿਆਰਥੀਆਂ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਜੇ ਮਨ ਵਿੱਚ ਦ੍ਰਿੜ ਨਿਸ਼ਚਾ ਹੋਵੇ ਤਾਂ ਕੋਈ ਵੀ ਮੰਜ਼ਿਲ ਦੂਰ ਨਹੀਂ ਰਹਿੰਦੀ। ਡਾ. ਨਵਜੋਤ ਨੇ ਕਿਹਾ ਕਿ ਕਾਲਜ ਹਮੇਸ਼ਾ ਵਿਦਿਆਰਥੀਆਂ ਨੂੰ ਅਕਾਦਮਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਵਚਨਬੱਧ ਹੈ ਅਤੇ ਸੀਏ ਇੰਟਰਮੀਡੀਏਟ ਦੀ ਤਿਆਰੀ ਦੌਰਾਨ ਵੀ ਵਿਦਿਆਰਥੀਆਂ ਨੂੰ ਹਰ ਸੰਭਵ ਸਹਾਇਤਾ ਅਤੇ ਮਾਰਗਦਰਸ਼ਨ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਕੇਵਲ ਡਿਗਰੀ ਹੀ ਨਹੀਂ, ਸਗੋਂ ਪ੍ਰੋਫੈਸ਼ਨਲ ਕੋਰਸ ਵੀ ਵਿਦਿਆਰਥੀਆਂ ਦੇ ਕਰੀਅਰ ਨੂੰ ਨਵੀਂ ਦਿਸ਼ਾ ਦਿੰਦੇ ਹਨ। ਇਸ ਲਈ ਵਪਾਰ ਅਤੇ ਕਾਮਰਸ ਨਾਲ ਜੁੜੇ ਵਿਦਿਆਰਥੀਆਂ ਨੂੰ ਸੀ ਏ, ਸੀ ਐਸ ਅਤੇ ਸੀ ਐੱਮ ਏ ਵਰਗੇ ਕੋਰਸਾਂ ਵੱਲ ਵੱਧ ਤੋਂ ਵੱਧ ਧਿਆਨ ਦੇਣਾ ਚਾਹੀਦਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਕਾਲਜ ਦਾ ਮਕਸਦ ਸਿਰਫ਼ ਡਿਗਰੀ ਪ੍ਰਦਾਨ ਕਰਨਾ ਨਹੀਂ, ਸਗੋਂ ਵਿਦਿਆਰਥੀਆਂ ਨੂੰ ਉੱਚ ਪੱਧਰੀ ਪ੍ਰੋਫੈਸ਼ਨਲ ਅਤੇ ਜ਼ਿੰਮੇਵਾਰ ਨਾਗਰਿਕ ਬਣਾਉਣਾ ਹੈ। ਕਾਲਜ ਪ੍ਰਬੰਧਨ ਚਾਹੁੰਦਾ ਹੈ ਕਿ ਜਲੰਧਰ ਅਤੇ ਆਸ-ਪਾਸ ਦੇ ਖੇਤਰਾਂ ਵਿੱਚ ਇਹ ਸੰਸਥਾ ਕਾਮਰਸ ਅਤੇ ਪ੍ਰੋਫੈਸ਼ਨਲ ਸਿੱਖਿਆ ਦਾ ਇੱਕ ਮਜ਼ਬੂਤ ਕੇਂਦਰ ਬਣੇ, ਜਿੱਥੋਂ ਨਿਕਲਣ ਵਾਲੇ ਵਿਦਿਆਰਥੀ ਦੇਸ਼ ਅਤੇ ਵਿਦੇਸ਼ ਵਿੱਚ ਆਪਣਾ ਵਿਲੱਖਣ ਮਕਾਮ ਬਣਾਉਣ।ਡਾ. ਨਵਜੋਤ ਨੇ ਇਹ ਵੀ ਕਿਹਾ ਕਿ ਕਾਲਜ ਵਿੱਚ ਵਿਦਿਆਰਥੀਆਂ ਨੂੰ ਸਿਰਫ਼ ਕਿਤਾਬੀ ਗਿਆਨ ਹੀ ਨਹੀਂ ਦਿੱਤਾ ਜਾਂਦਾ, ਸਗੋਂ ਉਨ੍ਹਾਂ ਦੀ ਸ਼ਖਸੀਅਤ ਨਿਰਮਾਣ, ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਅਤੇ ਕਰੀਅਰ ਮਾਰਗਦਰਸ਼ਨ ਉੱਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਸੁਪਨਿਆਂ ਨੂੰ ਹਕੀਕਤ ਵਿੱਚ ਬਦਲਣ ਲਈ ਲਗਾਤਾਰ ਮਿਹਨਤ ਕਰਦੇ ਰਹਿਣ ਅਤੇ ਕਦੇ ਵੀ ਹੌਸਲਾ ਨਾ ਛੱਡਣ।




# ਇਨੋਸੈਂਟ ਹਾਰਟਸ ਗਰੁੱਪ ਆਫ ਹਸਪਤਾਲਜ਼ ਵੱਲੋਂ ਮੁਫ਼ਤ ਮੈਡੀਕਲ ਸੇਵਾ ਕੈਂਪ ਦੀ ਸ਼ੁਰੂਆਤ



**ਜਲੰਧਰ (ਸ਼ੈਲੀ ਐਲਬਰਟ)**

ਡਾ.ਐਮ.ਡੀ. ਬੋਰੀ ਦੀ ਪਵਿੱਤਰ ਯਾਦ ਅਤੇ ਤੁਹਾਡੀ ਸਿਹਤ, ਸਾਡੀ ਜ਼ਿੰਮੇਵਾਰੀ ਦੇ ਸੰਕਲਪ ਨੂੰ ਸਾਕਾਰ ਕਰਦੇ ਹੋਏ ਇੰਨੋਸੈਂਟ ਹਾਰਟਸ ਗਰੁੱਪ ਆਫ ਹਸਪਤਾਲਜ਼ ਵੱਲੋਂ ਦਿਸ਼ਾ: ਐਨ ਇਨੀਸ਼ੀਏਟਿਵ ਦੇ ਤਹਿਤ ਮੁਫ਼ਤ ਮੈਡੀਕਲ ਸੇਵਾ ਕੈਂਪ ਦੀ ਸ਼ੁਰੂਆਤ ਕੀਤੀ ਗਈ। ਇਹ ਕੈਂਪ 18 ਮਈ ਤੋਂ 23 ਮਈ ਤੱਕ ਐਮ ਡੀ ਬੌਰੀ ਚੈਰੀਟੇਬਲ ਕਲਿਨਿਕ, ਪੰਜਪੀਰ ਚੌਕ, ਜਲੰਧਰ ਵਿੱਚ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਕੈਂਪ ਦਾ ਉਦੇਸ਼ ਸਮਾਜ ਦੇ ਹਰ ਵਰਗ ਤੱਕ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਪਹੁੰਚਾਉਣਾ ਅਤੇ ਹੈਲਥ ਫ਼ੋਰ ਆਲ, ਕੇਅਰ ਵਿਥ ਕੰਪੈਸ਼ਨ ਦੇ ਸੰਦੇਸ਼ ਨੂੰ ਸਾਕਾਰ ਕਰਨਾ ਹੈ। ਕੈਂਪ ਦੇ ਪਹਿਲੇ ਦਿਨ ਵੱਡੀ ਗਿਣਤੀ ਵਿੱਚ ਲੋਕਾਂ ਨੇ ਪਹੁੰਚ ਕੇ ਸਿਹਤ ਸੇਵਾਵਾਂ ਦਾ ਲਾਭ ਲਿਆ।ਕੈਂਪ ਅਧੀਨ ਮਰੀਜ਼ਾਂ ਲਈ ਮੁਫ਼ਤ ਮੈਡੀਕਲ ਓ ਪੀ ਡੀ ਤੇ ਲੈਬ ਸੇਵਾਵਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਇੰਨੋਸੈਂਟ ਹਾਰਟਸ ਮੈਡੀਕਲ ਕੇਅਰ ਸੈਂਟਰ, 73 ਸ਼ਹੀਦ ਉਧਮ ਸਿੰਘ ਨਗਰ, ਜਲੰਧਰ ਵਿੱਚ ਫਿਜ਼ਿਓਥੈਰਪੀ, ਨੇਤ੍ਰ, ਡੈਂਟਲ ਅਤੇ ਨਿਊਟ੍ਰਿਸ਼ਨ ਐਂਡ ਡਾਇਟੀਟਿਕਸ ਵਿਭਾਗਾਂ ਦੀਆਂ ਵਿਸ਼ੇਸ਼ਗਿਆ ਸੇਵਾਵਾਂ ਵੀ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਇਹ ਸੇਵਾਵਾਂ ਹਰ ਰੋਜ਼ ਸਵੇਰੇ 10:00 ਵਜੇ ਤੋਂ ਦੁਪਹਿਰ 1:00 ਵਜੇ ਤੱਕ ਉਪਲਬਧ ਰਹਿਣਗੀਆਂ।

# ਦਸਵੀਂ ਕਲਾਸ ਦਾ ਨਤੀਜਾ ਰਿਹਾ ਸਾਨਦਾਰ



**ਕਰਤਾਰਪੁਰ (ਹਰਮੇਸ਼ ਦੱਤ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀਂ ਕਲਾਸ ਦਾ ਨਤੀਜਾ ਐਲਾਨਿਆ ਗਿਆ ਜਿਸ ਵਿੱਚ ਮਹਿੰਦਰਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਿਆਲਪੁਰ ਜ਼ਿਲ੍ਹਾ ਕਪੂਰਥਲਾ ਦਾ ਨਤੀਜਾ ਸ਼ਾਨਦਾਰ ਰਿਹਾ। ਵਿਦਿਆਰਥਣ ਤਰਿਸਾ ਨੇ 86% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਦੀਪਕ ਸ਼ਰਮਾ ਨੇ 81% ਅੰਕ ਪ੍ਰਾਪਤ ਕਰਕੇ ਦੂਸਰਾ, ਪ੍ਰਭਦੀਪ ਸਿੰਘ ਨੇ 80% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਲ ਕੀਤਾ। ਸਕੂਲ ਸੰਚਾਲਕ ਮਹਿੰਦਰ ਕੋਰ ਪੱਡਾ ਅਤੇ ਚੇਅਰਪਰਸਨਲ ਹਰਮਨ ਸਿੰਘ ਪੱਡਾ ਨੇ ਵਧੀਆ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ ਪਿਤਾ ਅਤੇ ਸਕੂਲ ਸਟਾਫ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਹੋਰ ਮਿਹਨਤ ਕਰਕੇ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

# ਸਾਲਾਨਾ ਭੰਡਾਰਾ ਤੇ ਛਬੀਲ ਲਗਾਈ

**ਮਾਹਿਲਪੁਰ (ਸਫ਼ਰੀ)**-ਪਿੰਡ ਨੰਗਲ ਖਿਲਾੜੀਆਂ ਵਿੱਚ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਜੇਠ ਮਹੀਨੇ ਦੇ ਪਹਿਲੇ ਮੰਗਲਵਾਰ ਭੰਡਾਰੇ ਦਾ ਆਯੋਜਨ ਕੀਤਾ ਗਿਆ ਤੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ।ਇਸ ਧਾਰਮਿਕ ਪ੍ਰੋਗਰਾਮ ਦੀ ਆਰੰਭਤਾ ਮੌਕੇ ਹਵਨ ਤੇ ਪੂਜਾ ਕਰਕੇ ਮਾਤਾ ਜੀ ਦੇ ਚਰਨਾਂ ਵਿੱਚ ਨਗਰ ਨਿਵਾਸੀਆਂ ਦੀ ਸੁੱਖ ਸ਼ਾਂਤੀ ਲਈ ਵੰਦਨਾ ਕੀਤੀ ਗਈ।ਉਪਰੰਤ ਮਾਤਾ ਦੇ ਦਰਬਾਰ ਪੁੱਜੀਆਂ ਸੰਗਤਾਂ ਤੇ ਪੰਡਿਤ ਜੀ ਨੇ ਨੇ ਮਾਤਾ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ।ਇਸ ਮੌਕੇ ਮਾਤਾ ਜੀ ਦੇ ਅਨਿਨ ਭਗਤ ਅਮਰੀਕ ਸਿੰਘ ਵੱਲੋਂ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਠੰਡੇ ਮਿੱਠੇ ਜਲ ਦੇ ਨਾਲ ਖ਼ਰਬੂਜ਼ਿਆਂ ਦਾ ਪ੍ਰਸ਼ਾਦ ਵੀ ਸੰਗਤਾਂ ਨੂੰ ਛਕਾਇਆ ਗਿਆ।ਮਾਤਾ ਜੀ ਦੇ ਮੰਦਰ 'ਚ ਲੰਗਰ ਅਤੁੱਟ ਵਰਤਾਇਆ ਗਿਆ।ਇਸ ਮੌਕੇ ਤੇ ਅਮਰਜੀਤ ਸਿੰਘ ਘੋਗਾ, ਸ਼ਾਮ ਲਾਲ,ਰਾਜਾ ਕੌਸ਼ਲ, ਰਵੀ ਕੌਸ਼ਲ, ਤੇਲੂ ਰਾਮ, ਪਰਮਜੀਤ ਚੰਦ ਬਿੱਲਾ, ਹਰਜਿੰਦਰ ਸਿੰਘ, ਸੁੱਖਾ ਸਿੰਘ, ਬੁੱਘਾ ਸਿੰਘ, ਤਲਵਿੰਦਰ ਸਿੰਘ ਹੀਰ, ਸੁਰਿੰਦਰ ਸਿੰਘ, ਨਵਨੀਤ ਕੁਮਾਰ, ਗੁਰਨਾਮ ਸਿੰਘ, ਪਰਮਜੀਤ ਸਿੰਘ, ਵਿਨੋਦ ਕੁਮਾਰ, ਦਲਬੀਰ ਸਿੰਘ, ਗੁਰਮੇਲ ਸਿੰਘ ਸਿੰਘ ਸਮੇਤ ਸਮੂਹ ਨਗਰ ਨਿਵਾਸੀਆਂ ਨੇ ਮਾਤਾ ਦੇ ਦਰਬਾਰ ਹਾਜ਼ਰੀ ਲਗਵਾ ਕੇ ਆਸ਼ੀਰਵਾਦ ਪ੍ਰਾਪਤ ਕੀਤਾ।



# ਪੈਟਰੋਲ, ਡੀਜ਼ਲ ਤੇ ਰਸੋਈ ਗੈਸ ਦੀਆਂ ਕੀਮਤਾਂ 'ਚ ਵਾਧੇ ਵਿਰੁੱਧ ਪ੍ਰਦਰਸ਼ਨ




**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਅਨੰਦਪੁਰ ਸਾਹਿਬ ਵੱਲੋਂ ਤੇਲ ਗੈਸ ਮਹਿੰਗਾਈ ਵਿੱਚ ਵਾਧੇ ਖ਼ਿਲਾਫ਼ ਪ੍ਰਦਰਸ਼ਨ , ਪੈਟਰੋਲ ਡੀਜ਼ਲ ਤੇ ਰਸੋਈ ਗੈਸ ਦੀਆਂ ਕੀਮਤਾਂ ਵਿੱਚ ਕੀਤੇ ਵਾਧੇ ਖ਼ਿਲਾਫ਼ ਕਰਮ ਚੰਦ ਗਨਾਰੂ ਦੀ ਅਗਵਾਈ ਵਿੱਚ ਅਨੰਦਪੁਰ ਸਾਹਿਬ ਵਿਖੇ ਰੋਸ ਪ੍ਰਦਰਸ਼ਨ ਕੀਤਾ ਇਸ ਰੋਸ ਪ੍ਰਦਰਸ਼ਨ ਸਮੇਂ ਕ੍ਰਿਪਾਲ ਸਿੰਘ ਭੱਟੋ, ਮਾਸਟਰ ਸੁਰਜੀਤ ਸਿੰਘ ਨੇ ਕਿਹਾ ਕਿ ਕੇਂਦਰ ਸਰਕਾਰ ਕਿਰਤੀਆਂ ਤੇ ਕਿਸਾਨਾਂ ਦੀ ਆਮਦਨ ਵਧਾਉਣ ਵਿੱਚ ਬੁਰੀ ਤਰ੍ਹਾਂ ਫੇਲ੍ਹ ਹੋਈ ਹੈ ਉਲਟਾ ਡੀਜ਼ਲ ਪੈਟਰੋਲ ਦੀਆਂ ਵਧਦੀਆਂ ਕੀਮਤਾਂ ਨਾਲ ਜਿੱਥੇ ਢੋਆ ਢੁਆਈ ਮਹਿੰਗੀ ਹੋਣ ਨਾਲ ਜ਼ਰੂਰੀ ਵਸਤਾਂ ਦੀਆਂ ਕੀਮਤਾਂ ਵਿੱਚ ਵਾਧਾ ਹੋ ਜਾਵੇਗਾ, ਉੱਥੇ ਜ਼ਰੂਰੀ ਵਸਤਾਂ ਕਿਰਤੀਆਂ ਕਿਸਾਨਾਂ ਦੀ ਪਹੁੰਚ ਤੋਂ ਬਾਹਰ ਹੋਣ ਨਾਲ ਪਹਿਲਾਂ ਹੀ ਮੰਦਹਾਲੀ ਦਾ ਸ਼ਿਕਾਰ ਗਰੀਬ ਜਨਤਾ ਭੁੱਖਮਰੀ ਦਾ ਹੋਰ ਸ਼ਿਕਾਰ ਹੋ ਜਾਵੇਗੀ। ਇਸ ਮੌਕੇ ਮਹਿੰਦਰ ਸਿੰਘ ਭਸੀਨ, ਗੁਰਦੇਵ ਸਿੰਘ ਡੱਬਰੀ ਨੇ ਕਿਹਾ ਕਿ ਜਦੋਂ ਰਸ਼ੀਆਂ ਤੋਂ ਸਸਤਾ ਤੇਲ ਮਿਲ ਰਿਹਾ ਸੀ ਤਾਂ ਕਾਰਪੋਰੇਟ ਨੇ ਜਨਤਾ ਨੂੰ ਮਹਿੰਗਾ ਤੇਲ ਵੇਚਕੇ ਵੱਡਾ ਮੁਨਾਫ਼ਾ ਕਮਾਇਆ ਪਰ ਜਨਤਾ ਨੂੰ ਕੋਈ ਰਾਹਤ ਨਹੀਂ ਦਿੱਤੀ ਪਰ ਹੁਣ ਸਰਕਾਰ ਅਮਰੀਕਾ ਇਰਾਨ ਜੰਗ ਦੇ ਨਾਂਅ ਹੇਠ ਕੱਚੇ ਤੇਲ ਦੀ ਮਹਿੰਗਾਈ ਦੀ ਦੁਹਾਈ ਮਚਾ ਕਿ ਜਨਤਾ ਦਾ ਕਚੂਮਰ ਕੱਡ ਕਿ ਕਾਰਪੋਰੇਟ ਨੂੰ ਹੋਰ ਲਾਭ ਪਹੁੰਚਾਉਣ ਦਾ ਯਤਨ ਕਰ ਰਹੀ ਹੈ। ਇਸ ਮੌਕੇ ਮਾਸਟਰ ਵੀਰ ਸਿੰਘ, ਕੇਵਲ ਕ੍ਰਿਸ਼ਨ ਕੋਟਲਾ. ਮਹਿੰਦਰ ਸਿੰਘ ਪੀ ਟੀ, ਹਰਜਾਪ ਸਿੰਘ ਬੀਕਾਪੁਰ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਡੀਜ਼ਲ ਪੈਟਰੋਲ ਦੀਆਂ ਕੀਮਤਾਂ ਵਿੱਚ ਕੀਤਾ ਵਾਧਾ ਵਾਪਸ ਲਿਆ ਜਾਵੇ, ਰਸੋਈ ਗੈਸ,ਕਮਰਸ਼ੀਅਲ ਸਲੰਡਰ ਦੀ ਕੀਮਤ ਵਿੱਚ ਵਾਧਾ ਵਾਪਸ ਲਿਆ ਜਾਵੇ। ਇਸ ਮੌਕੇ ਭੁਪਿੰਦਰ ਸਿੰਘ, ਜੈਮਲ ਸਿੰਘ ਮੀਡਮਾ, ਹਰਮਨਜੀਤ ਸਿੰਘ ਸੁੱਚਾ ਸਿੰਘ ਗਨਾਰੂ, ਬਲਦੇਵ ਚੰਦ ਨੇ ਸਰਕਾਰ ਤੋ ਮੰਗ ਕੀਤੀ ਕਿ ਸਰਕਾਰ ਪ੍ਰਦਰਸ਼ਨ ਕਰ ਰਹੇ ਕੱਚੇ ਮਿਉਸਪਲ ਕਾਮਿਆਂ ਨਾਲ ਗੱਲਬਾਤ ਕਰਕੇ ਉਹਨਾਂ ਦੀਆਂ ਨੌਕਰੀਆ ਪੱਕੀਆਂ ਕਰੇ, ਸਾਥੀਆਂ ਵਲੋਂ ਬੱਸ ਸਟੈਂਡ ਤੋ ਗੁਰੂ ਰਵਿਦਾਸ ਚੌਂਕ ਤੱਕ ਰੋਸ ਮਾਰਚ ਕੱਢਿਆ ਗਿਆ ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਧਾਰਮਿਕ ਸੈਮੀਨਾਰ ਕਰਵਾਇਆ

**ਕਪੂਰਥਲਾ (ਹਨੀ)**-ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਦੀ ਅਗਵਾਈ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਵਿਦਿਆਰਥੀਆਂ ਨੂੰ ਗੁਰਬਾਣੀ ਨਾਲ ਜੋੜਨ ਲਈ ਧਾਰਮਿਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਨੇ ਵੱਧ ਚੜ ਕੇ ਹਿੱਸਾ ਲਿਆ। ਵਿਦਿਆਰਥੀਆਂ ਦੇ ਰੂਬਰੂ ਹੁੰਦਿਆਂ ਭਾਈ ਦਿਲਬਾਗ ਸਿੰਘ ਅਤੇ ਬੀਬੀ ਹਰਪ੍ਰੀਤ ਕੌਰ ਨੇ ਗੁਰਬਾਣੀ ਦੇ ਸਿਧਾਂਤ, ਗੁਰੂ ਸਾਹਿਬਾਨਾਂ ਦੀ ਜੀਵਨੀ, ਗੁਰਮਤਿ ਸੰਬੰਧੀ ਆਪਣੇ ਵਿਚਾਰ ਸਾਂਝੇ ਕੀਤੇ। ਉਹਨਾਂ ਵਿਦਿਆਰਥੀਆਂ ਨੂੰ ਗੁਰਸਿੱਖੀ ਜੀਵਨ ਜੀਣ ਲਈ ਪ੍ਰੇਰਿਤ ਕੀਤਾ ਤੇ ਵਿਦਿਆਰਥੀ ਜੀਵਨ ਵਿੱਚ ਪਾਠ ਦੀ ਮਹੱਤਤਾ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਸਕੂਲ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਵੱਲੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਉਹਨਾਂ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਸਕੂਲ 'ਚ ਵਿਸ਼ੇਸ਼ ਕੈਂਪ ਲਗਾਉਣ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਸਕੂਲ ਡਾਇਰੈਕਟਰ ਇੰਜ. ਹਰਨਿਆਮਤ ਕੌਰ, ਪ੍ਰਸ਼ਾਸ਼ਕ ਇੰਜ. ਨਿਮਰਤਾ ਕੌਰ, ਪ੍ਰਿੰਸੀਪਲ ਡਿੰਪਲ ਸ਼ਰਮਾ, ਦਵਿੰਦਰ ਕੌਰ ਤੇ ਹੋਰ ਸਟਾਫ ਮੈਂਬਰ ਹਾਜ਼ਰ ਸਨ।



# ਨਗਰ ਕੌਂਸਲ/ਨਗਰ ਪੰਚਾਇਤ ਚੋਣਾਂ : ਪੜਤਾਲ ਉਪਰੰਤ 447 ਨਾਮਜ਼ਦਗੀ ਪੱਤਰ ਯੋਗ ਪਾਏ

**ਜਲੰਧਰ ( ਸ਼ੈਲੀ ਐਲਬਰਟ)**- ਜ਼ਿਲ੍ਹੇ ਵਿੱਚ ਨਗਰ ਕੌਂਸਲ ਅਤੇ ਨਗਰ ਪੰਚਾਇਤ ਦੀਆਂ ਚੋਣਾਂ ਲਈ ਨਾਮਜ਼ਦਗੀਆਂ ਦੀ ਪੜਤਾਲ ਉਪਰੰਤ ਕੁੱਲ 447 ਨਾਮਜ਼ਦਗੀ ਪੱਤਰ ਯੋਗ ਪਾਏ ਗਏ।ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਜਲੰਧਰ ਦਿਵਿਆ ਪੀ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਵਿਚਲੀਆਂ 5 ਨਗਰ ਕੌਂਸਲਾਂ ਤੇ 2 ਨਗਰ ਪੰਚਾਇਤਾਂ ਦੇ 99 ਵਾਰਡਾਂ ਲਈ ਕੁੱਲ 452 ਨਾਮਜ਼ਦਗੀਆਂ ਪ੍ਰਾਪਤ ਹੋਈਆਂ ਸਨ ਤੇ ਪੜਤਾਲ ਉਪਰੰਤ 5 ਨਾਮਜ਼ਦਗੀਆਂ ਅਯੋਗ ਪਾਈਆਂ ਗਈਆਂ।ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਆਦਮਪੁਰ ਲਈ 53, ਨਗਰ ਕੌਂਸਲ ਕਰਤਾਰਪੁਰ ਲਈ 55, ਨਗਰ ਕੌਂਸਲ ਨਕੋਦਰ ਲਈ 88, ਨਗਰ ਕੌਂਸਲ ਨੂਰਮਹਿਲ ਲਈ 64 ਅਤੇ ਨਗਰ ਕੌਂਸਲ ਫਿਲੌਰ ਲਈ 63 ਨਾਮਜ਼ਦਗੀ ਪੱਤਰ ਯੋਗ ਪਾਏ ਗਏ ਹਨ। ਇਸੇ ਤਰ੍ਹਾਂ ਨਗਰ ਪੰਚਾਇਤ ਮਹਿਤਪੁਰ ਲਈ 63 ਅਤੇ ਨਗਰ ਪੰਚਾਇਤ ਲੋਹੀਆਂ ਖਾਸ ਲਈ 61 ਨਾਮਜ਼ਦਗੀਆਂ ਯੋਗ ਪਾਈਆਂ ਗਈਆਂ ਹਨ। ਵੋਟਾਂ 26 ਮਈ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਪੈਣਗੀਆਂ ਅਤੇ ਵੋਟਾਂ ਦੀ ਗਿਣਤੀ 29 ਮਈ ਨੂੰ ਹੋਵੇਗੀ।

# ਆਸ਼ਾ ਵਰਕਰਾਂ ਦੀਆਂ ਮੰਗਾਂ ਦਾ ਨਿਪਟਾਰਾ ਕਰੇ ਸਰਕਾਰ : ਮਹਾਂ ਸਿੰਘ ਰੌੜੀ



**ਪੋਜੇਵਾਲ (ਰਾਮ ਲਾਲ)**-ਆਸ਼ਾ ਵਰਕਰ ਤੇ ਫੈਸੀਲੀਟੇਟਰ ਵਰਕਰ ਯੂਨੀਅਨ ਵਲੋਂ ਆਪਣੀਆਂ ਹੱਕੀ ਤੇ ਜਾਇਜ ਮੰਗਾ ਲਈ 5 ਮਈ 2026 ਨੂੰ ਚੰਡੀਗੜ੍ਹ ਵਿਖੇ ਵਿਸ਼ਾਲ ਧਰਨਾ ਦਿੱਤਾ ਸੀ ਜਿਸ ਵਿੱਚ ਮੁੱਖ ਮੰਗਾਂ ਸਨ ਕਿ ਆਸ਼ਾ ਵਰਕਰਾਂ ਤੇ ਫੈਸੀਲੀਟੇਟਰ ਨੂੰ ਵਰਕਰ ਮੰਨ ਕੇ ਘੱਟੋ ਘੱਟ ਉਜਰਤ ਦੇ ਘੇਰੇ ਵਿੱਚ ਲਿਆਦਾ ਜਾਵੇ ਅਤੇ 15 ਫੀਸਦੀ ਵਾਧੇ ਦਾ ਲਾਭ ਦਿੱਤਾ ਜਾਵੇ। ਜਦੋਂ ਤੱਕ ਆਸ਼ਾ ਵਰਕਰ ਤੇ ਫੈਸੀਲੀਟੇਟਰ ਨੂੰ ਰੈਗੂਲਰ ਨਹੀ ਕੀਤਾ ਜਾਂਦਾ ਅਤੇ ਘੱਟੋ ਘੱਟ ਉਜਰਤ ਦੇ ਘੇਰੇ ਵਿੱਚ ਨਹੀ ਲਿਆਂਦਾ ਜਾਂਦਾ ਉਦੋ ਤੱਕ ਪੰਜਾਬ ਸਰਕਾਰ ਚੋਣਾ ਵਿੱਚ ਕੀਤੇ ਵਾਅਦਿਆ ਮੁਤਾਬਕ ਦਿੱਤਾ ਜਾ ਰਿਹਾ ਗੁਜਾਰਾ ਭੱਤਾ ( ਮਾਣ ਭੱਤਾ ) ਦੁੱਗਣਾ ਕਰੇ ਅਤੇ ਮਤੇ ਦੇ ਨਾਲ ਨਿਯੁਕਤੀ ਪੱਤਰ ਦੇਣ ਸਮੇਂ ਜੋ ਇੰਸੈਟਿਵ ਦਿੱਤਾ ਗਿਆ ਸੀ,ਉਸ ਨੂੰ ਪੂਰੀ ਤਰ੍ਹਾਂ ਬਹਾਲ ਕਰੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੀਟੂ ਦੇ ਸੂਬਾਈ ਜਨਰਲ ਸਕੱਤਰ ਮਹਾਂ ਸਿੰਘ ਰੌੜੀ ਨੇ ਪੱਤਰਕਾਰਾ ਨਾਲ ਗੱਲਬਾਤ ਕਰਦਿਆ ਕੀਤਾ। ਗਿਲਜੀਆਂ ਅਸਮਾਨੀ ਬਿਜਲੀ ਨਾਲ ਨੁਕਸਾਨੇ ਘਰ ਦੇ ਪਰਵਾਰਿਕ ਮੈਂਬਰਾਂ ਨਾਲ ਮਿਲੇ।

# ਸਾਬਕਾ ਬਲਾਕ ਸੰਮਤੀ ਮੈਂਬਰ ਗਗਨਦੀਪ ਸਿੰਘ ਬਾਜਵਾ ਦੀ ਕਾਂਗਰਸ 'ਚ ਘਰ ਵਾਪਸੀ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**

ਹਲਕਾ ਸੁਲਤਾਨਪੁਰ ਲੋਧੀ ਦੀ ਸਿਆਸਤ ਵਿੱਚ ਉਸ ਵੇਲੇ ਵੱਡੀ ਚਰਚਾ ਛਿੜ ਗਈ ਜਦੋਂ ਰਾਣਾ ਧੜੇ ਨੂੰ ਵੱਡਾ ਝਟਕਾ ਦਿੰਦਿਆਂ ਸਾਬਕਾ ਬਲਾਕ ਸੰਮਤੀ ਮੈਂਬਰ ਗਗਨਦੀਪ ਸਿੰਘ ਬਾਜਵਾ ਨੇ ਮੁੜ ਕਾਂਗਰਸ ਪਾਰਟੀ ਦਾ ਪੱਲਾ ਫੜ ਲਿਆ। ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ ਦੀ ਅਗਵਾਈ ਹੇਠ ਉਹਨਾਂ ਨੇ ਕਾਂਗਰਸ ਵਿੱਚ ਸ਼ਾਨਦਾਰ ਘਰ ਵਾਪਸੀ ਕਰਦਿਆਂ ਕਿਹਾ ਕਿ ਲੋਕਾਂ ਦੀ ਅਸਲੀ ਸੇਵਾ ਤੇ ਹਲਕੇ ਦਾ ਵਿਕਾਸ ਸਿਰਫ਼ ਨਵਤੇਜ ਸਿੰਘ ਚੀਮਾ ਦੀ ਸੋਚ ਅਤੇ ਅਗਵਾਈ ਹੇਠ ਹੀ ਸੰਭਵ ਹੈ।ਗਗਨਦੀਪ ਸਿੰਘ ਬਾਜਵਾ ਨੇ ਕਿਹਾ ਕਿ ਕੁਝ ਮਨਮੁਟਾਵਾਂ ਅਤੇ ਗਲਤਫ਼ਹਿਮੀਆਂ ਕਾਰਨ ਉਹ ਕਾਂਗਰਸ ਤੋਂ ਦੂਰ ਹੋ ਕੇ ਰਾਣਾ ਧੜੇ ਨਾਲ ਚਲੇ ਗਏ ਸਨ, ਪਰ ਉੱਥੇ ਨਾ ਤਾਂ ਵਰਕਰਾਂ ਨੂੰ ਮਾਣ-ਸਤਿਕਾਰ ਮਿਲਿਆ ਅਤੇ ਨਾ ਹੀ ਲੋਕਾਂ ਦੇ ਕੰਮਾਂ ਨੂੰ ਪਹਿਲ ਦਿੱਤੀ ਗਈ। ਉਹਨਾਂ ਕਿਹਾ ਕਿ ਜੋ ਆਪਣਾਪਣ, ਇੱਜ਼ਤ ਅਤੇ ਲੋਕ ਸੇਵਾ ਦਾ ਮਾਹੌਲ ਨਵਤੇਜ ਸਿੰਘ ਚੀਮਾ ਨਾਲ ਮਿਲਦਾ ਸੀ, ਉਹ ਕਿਸੇ ਹੋਰ ਧੜੇ ਵਿੱਚ ਕਦੇ ਮਹਿਸੂਸ ਨਹੀਂ ਹੋਇਆ।ਉਹਨਾਂ ਮੌਜੂਦਾ ਵਿਧਾਇਕ 'ਤੇ ਤਿੱਖਾ ਨਿਸ਼ਾਨਾ ਸਾਧਦਿਆਂ ਕਿਹਾ ਕਿ ਹਲਕੇ ਦੇ ਲੋਕ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਹਨ, ਕਿਉਂਕਿ ਮੌਜੂਦਾ ਵਿਧਾਇਕ ਜ਼ਿਆਦਾਤਰ ਸਮਾਂ ਹਲਕੇ ਤੋਂ ਬਾਹਰ ਰਹਿੰਦੇ ਹਨ ਅਤੇ ਲੋਕਾਂ ਦੇ ਦੁੱਖ-ਸੁੱਖ ਵਿੱਚ ਨਜ਼ਰ ਨਹੀਂ ਆਉਂਦੇ। ਇਸ ਕਰਕੇ ਵਿਕਾਸ ਕਾਰਜ ਠੱਪ ਹੋ ਕੇ ਰਹਿ ਗਏ ਹਨ।ਇਸ ਮੌਕੇ ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ ਨੇ ਉਹਨਾਂ ਦਾ ਸਵਾਗਤ ਕੀਤਾ ਤੇ ਕਿਹਾ ਕਿ ਪਾਰਟੀ ਵਿੱਚ ਬਣਦਾ ਮਾਣ ਉਹਨਾਂ ਨੂੰ ਦਿੱਤਾ ਜਾਵੇਗਾ।ਇਸ ਮੌਕੇ ਰਮੇਸ਼ ਡਡਵਿੰਡੀ, ਮੋਨੂੰ ਭੰਡਾਰੀ, ਨਵ ਸੇਖੋਂ, ਸੱਬਾ, ਗੁਰਦੀਪ ਸਿੰਘ ਦੀਪਾ ਆਦਿ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸ ਪਾਰਟੀ ਦੇ ਆਗੂ ਅਤੇ ਵਰਕਰ ਹਾਜ਼ਰ ਸਨ।



# 'ਮੀਟਰ ਰੀਡਰ ਤੇ ਸੁਪਰਵਾਈਜ਼ਰ ਦੀ ਸੇਵਾਵਾਂ ਨੂੰ ਸਰਕਾਰ ਪੱਕਾ ਕਰੇ'



**ਫਿਲੌਰ (ਨਿਰਮਲ)**

ਡਿਵੀਜ਼ਨ ਵਿੱਚ ਲੰਮੇ ਸਮੇਂ ਤੋਂ ਮੀਟਰ ਰੀਡਰ ਅਤੇ ਸੁਪਰਵਾਈਜ਼ਰ ਵਜੋਂ ਕੰਮ ਕਰਦੇ ਆ ਰਹੇ ਹਾਂ। ਅਸੀਂ ਨਿਗੂਣੀਆਂ ਤਨਖਾਹਾਂ 'ਤੇ ਮਹਿਕਮੇ ਦੀ ਸੇਵਾ ਨਿਭਾ ਰਹੇ ਸੀ ਕਿਉਂਕਿ ਸਾਨੂੰ ਇਹ ਆਸ ਸੀ ਕਿ ਪੰਜਾਬ ਸਰਕਾਰ ਅਤੇ ਮਹਿਕਮਾ ਸਾਡੇ ਰੁਜ਼ਗਾਰ ਨੂੰ ਜ਼ਰੂਰ ਪੱਕਾ ਕਰੇਗਾ। ਪਰੰਤੂ ਪਿਛਲੇ ਸਮੇਂ ਦੌਰਾਨ ਮਹਿਕਮੇ ਵੱਲੋਂ ਸਾਨੂੰ ਵੱਖ-ਵੱਖ ਪੱਤਰਾਂ ਰਾਹੀਂ ਭਰੋਸਾ ਦਿਵਾਇਆ ਗਿਆ ਸੀ ਕਿ ਆਊਟਸੋਰਸ ਪਾਲਿਸੀ ਦੇ ਅਧੀਨ ਮੀਟਰ ਰੀਡਰ ਅਤੇ ਸੁਪਰਵਾਈਜ਼ਰ ਦੀਆਂ ਸੇਵਾਵਾਂ ਨੂੰ ਰੈਗੂਲਰ ਕਰ ਦਿੱਤਾ ਜਾਵੇਗਾ। ਜਿਵੇਂ ਕਿ ਮੀਮੋ ਨੰਬਰ 10023 ਮਿਤੀ 12-11-2025 ਅਤੇ ਮੇਮੋ ਨੰਬਰ 729/31 ਮਿਤੀ 26-04-2022 (ਨਾਲ ਨੱਥੀ) ਵਿੱਚ ਵੀ ਸੇਵਾਵਾਂ ਨੂੰ ਰੈਗੂਲਰ ਕਰਨ ਸਬੰਧੀ ਦਰਸਾਇਆ ਗਿਆ ਹੈ।ਇਸ ਦੇ ਬਾਵਜੂਦ ਅਜੇ ਤੱਕ ਕੋਈ ਢੁੱਕਵਾਂ ਕਦਮ ਨਹੀਂ ਚੁੱਕਿਆ ਗਿਆ, ਜਿਸ ਕਾਰਨ ਅਸੀਂ ਨਿਗੁਣੀਆਂ ਤਨਖਾਹਾਂ 'ਤੇ ਕੰਮ ਕਰਨ ਲਈ ਅਸਮਰਥ ਹੋ ਚੁੱਕੇ ਹਾਂ। ਧਰਨੇ ਉਪਰੰਤ ਸਾਨੂੰ ਮਹਿਕਮੇ ਵਲੋ ਡੀ ਸੀ ਰੇਟ ਮੁਤਾਬਕ ਤਨਖਾਹ ਦੇਣ ਦਾ ਭਰੋਸਾ ਦਿੱਤਾ ਸੀ, ਪਰ ਸਾਨੂੰ ਕੰਪਨੀ ਵਲੋ ਡੀਸੀ ਰੇਟ ਮੁਤਾਬਕ ਤਨਖਾਹ ਨਹੀਂ ਦਿੱਤੀ ਜਾ ਰਹੀ ਨਾ ਹੀ ਇਸ ਮਹੀਨੇ ਹਾਲੇ ਤਕ ਤਨਖਾਹ ਆਈ ਹੈ, ਮਹਿਕਮੇ ਨਾਲ ਵਾਰ ਵਾਰ ਮੀਟਿੰਗ ਕਰਨ ਦੇ ਬਾਵਜੂਦ ਸਾਡਾ ਕੋਈ ਹੱਲ ਨਹੀਂ ਕੀਤਾ ਗਿਆ। ਕੰਪਨੀ ਲਗਾਤਾਰ ਸਾਡਾ ਸੋਸ਼ਣ ਕਰ ਰਹੀ ਹੈ ਕੰਪਨੀਆਂ ਰਾਹੀਂ ਘੱਟ ਤਨਖਾਹ 'ਤੇ ਕੰਮ ਕਰਕੇ ਅਸੀਂ ਆਪਣੇ ਬੱਚਿਆਂ ਅਤੇ ਪਰਿਵਾਰਾਂ ਦਾ ਪਾਲਣ-ਪੋਸ਼ਣ ਢੰਗ ਨਾਲ ਨਹੀਂ ਕਰ ਸਕਦੇ।ਇਸ ਲਈ ਜਦ ਤੱਕ ਮਹਿਕਮੇ ਵੱਲੋਂ ਕੰਪਨੀਆਂ ਨੂੰ ਬਾਹਰ ਕੱਢ ਕੇ ਸਾਨੂੰ ਰੈਗੂਲਰ ਕਰਕੇ ਬਿਲਿੰਗ ਦਾ ਕੰਮ ਮੁੜ ਸ਼ੁਰੂ ਨਹੀਂ ਕਰਵਾਇਆ ਜਾਂਦਾ, ਓਨਾ ਟਾਈਮ ਅਸੀਂ ਆਪਣਾ ਕੰਮ ਪੂਰਨ ਤੌਰ 'ਤੇ ਬੰਦ ਕਰਕੇ ਹੜਤਾਲ 'ਤੇ ਜਾ ਰਹੇ ਹਾਂ।ਇਸ ਮੌਕੇ ਕੁਲਦੀਪ ਕੁਮਾਰ, ਰਣਬੀਰ ਸਿੰਘ, ਪੰਕਜ ਸ਼ਰਮਾ, ਮਨਪ੍ਰੀਤ, ਪਵਨ ਕੁਮਾਰ, ਸੰਦੀਪ ਕੁਮਾਰ, ਸੰਜੀਵ ਕੁਮਾਰ, ਸੁਰਿੰਦਰ ਕੁਮਾਰ, ਹਰਮਿੰਦਰ ਸਿੰਘ, ਸੁਮਿਤ, ਹਰਮਿੰਦਰ ਕੁਮਾਰ ਤੇ ਹੋਰ ਹਾਜ਼ਰ ਸਨ।

# ਸੈਣੀ ਪੈਟਰੋਲ ਪੰਪ ਦੇ ਉਦਘਾਟਨ ਮੌਕੇ ਮੈਡੀਕਲ ਕੈਂਪ



**ਅੱਡਾ ਸਰਾਂ (ਜਸਵੀਰ ਕਾਜਲ)**-ਟਾਂਡਾ ਤੋਂ ਹੁਸ਼ਿਆਰਪੁਰ ਰੋਡ ਤੇ ਕੰਧਾਲਾ ਜੱਟਾ ਦੇ ਸੈਣੀ ਪੈਟਰੋਲ ਪੰਪ ਵਿਖੇ ਡਾ. ਸੰਦੀਪ ਸੂਦ ਪਰਵਾਰ ਵੱਲੋਂ ਪੰਪ ਦੇ ਉਦਘਾਟਨ ਮੌਕੇ ਸੁਖਮਨੀ ਸਹਿਬ ਪਾਠ ਦੇ ਭੋਗ ਪਾਏ ਗਏ ਅਤੇ ਰਾਗੀ ਜਥਿਆਂ ਵਲੋਂ ਗੁਰਬਾਣੀ ਦੇ ਰਸਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ । ਇਸ ਦੌਰਾਨ ਮੁਫ਼ਤ ਮੈਡੀਕਲ ਕੈਂਪ ਵੀ ਲਗਾਇਆ ਗਿਆ ਜਿਸ ਵਿੱਚ ਕੈਪੀਟਲ ਹਸਪਤਾਲ ਜਲੰਧਰ ਦੇ ਡਾਕਟਰਾਂ ਦੀ ਟੀਮ ਵਲੋਂ ਮਰੀਜ਼ਾਂ ਦਾ ਮੁਫ਼ਤ ਮੈਡੀਕਲ ਚੈੱਕਅੱਪ ਕੀਤਾ ਗਿਆ । ਫਰੀ ਦਵਾਈਆਂ ਵੀ ਮਰੀਜ਼ਾਂ ਨੂੰ ਦਿੱਤੀਆਂ ਗਈਆਂ। ਕੈਂਪ ਦੌਰਾਨ ਡਾ. ਰਾਜ ਕੁਮਾਰ ਪਾਰਲੀਮੈਂਟ ਮੈਂਬਰ ਅਤੇ ਟਾਂਡਾ ਹਲਕਾ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਇਲਾਕੇ ਦੇ ਸਰਪੰਚ ਪੰਚ ਅੱਡਾ ਸਰਾਂ ਦੇ ਦੁਕਾਨਦਾਰਾਂ ਤੋਂ ਇਲਾਵਾ ਇਲਾਕੇ ਦੇ ਪਤਵੰਤੇ ਹਾਜ਼ਰ ਸਨ। ਇਸ ਮੌਕੇ ਚਾਹ ਪਕੌੜਿਆਂ ਦਾ ਲੰਗਰ ਤੇ ਗੁਰੂ ਦਾ ਅਤੁੱਟ ਲੰਗਰ ਵਰਤਾਇਆ ਗਿਆ।

# ਕਾਮਨ ਐਂਟਰੈਂਸ ਐਗਜ਼ਾਮ 1 ਜੂਨ ਤੋਂ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਭਾਰਤੀ ਸੈਨਾ ਵਿੱਚ ਭਰਤੀ ਲਈ ਆਯੋਜਿਤ ਕੀਤੀ ਜਾਣ ਵਾਲੀ ਕਾਮਨ ਐਂਟਰੈਂਸ ਐਗਜ਼ਾਮ 2025-26 ਦੀਆਂ ਤਾਰੀਖਾਂ ਘੋਸ਼ਿਤ ਕਰ ਦਿੱਤੀਆਂ ਗਈਆਂ ਹਨ। ਇਹ ਪ੍ਰੀਖਿਆ 1 ਜੂਨ ਤੋਂ 12 ਜੂਨ 2026 ਦਰਮਿਆਨ ਦੇਸ਼ ਭਰ ਦੇ ਵੱਖ-ਵੱਖ ਪ੍ਰੀਖਿਆ ਕੇਂਦਰਾਂ 'ਤੇ ਨਿਰਧਾਰਤ ਪ੍ਰੋਗਰਾਮ ਅਨੁਸਾਰ ਆਯੋਜਿਤ ਕੀਤੀ ਜਾਵੇਗੀ।ਇਸ ਬਾਰੇ ਜਾਣਕਾਰੀ ਦਿੰਦਿਆਂ ਸੈਨਾ ਭਰਤੀ ਦਫ਼ਤਰ ਹਿਸਾਰ ਦੇ ਬੁਲਾਰੇ ਨੇ ਦੱਸਿਆ ਕਿ ਸਾਰੇ ਉਮੀਦਵਾਰਾਂ ਦੇ ਐਡਮਿਟ ਕਾਰਡ 15 ਮਈ 2026 ਨੂੰ ਭਾਰਤੀ ਸੈਨਾ ਦੀ ਅਧਿਕਾਰਤ ਵੈੱਬਸਾਈਟ www.joinindianarmy.nic.in 'ਤੇ ਅਪਲੋਡ ਕਰ ਦਿੱਤੇ ਗਏ ਹਨ। ਉਮੀਦਵਾਰ ਆਪਣੇ ਐਡਮਿਟ ਕਾਰਡ ਵੈੱਬਸਾਈਟ ਤੋਂ ਡਾਊਨਲੋਡ ਕਰ ਸਕਦੇ ਹਨ। ਪ੍ਰੀਖਿਆ ਕੇਂਦਰ ਨਾਲ ਸਬੰਧਤ ਸਾਰੀ ਲੋੜੀਂਦੀ ਜਾਣਕਾਰੀ ਐਡਮਿਟ ਕਾਰਡ ਤੇ ਉਪਲਬਧ ਕਰਵਾਈ ਗਈ ਹੈ।

# ਕੰਨਿਆ ਸੀਨੀਅਰ ਸੈਕੰਡਰੀ ਸਕੂਲ ਵਿਖੇ 51 ਵਿਦਿਆਰਥੀ ਸਨਮਾਨਤ



**ਗੁਰਾਇਆ (ਬਿੰਦਰ ਸੁੰਮਨ)**

ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਬੜਾ ਪਿੰਡ ਦੇ ਵਿਹੜੇ 'ਚ ਕਰਵਾਏ ਗਏ ਇੱਕ ਸਾਦੇ ਅਤੇ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਇਲਾਕੇ ਦੇ ਕਰੀਬ 51 ਬੱਚਿਆਂ ਨੂੰ ਸਨਮਾਨਤ ਕੀਤਾ ਗਿਆ। ਸਰਦਾਰ ਸੁੱਚਾ ਸਿੰਘ ਰਾਹੀ ਅਤੇ ਉਨ੍ਹਾਂ ਦੀ ਪਤਨੀ ਸਵਰਗਵਾਸੀ ਬਰਬਰਾ ਕੌਰ ਰਾਹੀ ਯੂ ਐੱਸ ਏ ਵੱਲੋਂ ਇਨ੍ਹਾਂ ਬੱਚਿਆਂ ਨੂੰ ਲੈਕਚਰਾਰ ਪ੍ਰਦੀਪ ਸਿੰਘ ਦੇ ਸਹਿਯੋਗ ਨਾਲ ਸਨਮਾਨਤ ਕੀਤਾ ਗਿਆ। ਇਸ ਸਮਾਗਮ 'ਚ ਸਭ ਤੋਂ ਪਹਿਲਾਂ ਮੈਰਿਟ ਹੋਲਡਰ ਤੀਰਥ ਕੌਰ ਸਰਕਾਰੀ ਕੰਨਿਆ ਸਕੂਲ ਬੜਾ ਪਿੰਡ, ਸੁਖਮਨ ਸਿੰਘ ਸ੍ਰੀ ਦਸਮੇਸ਼ ਕਾਨਵੈਂਟ ਹਾਈ ਸਕੂਲ ਅੱਟੀ, ਪ੍ਰਭਜੋਤ ਸਿੰਘ ਰਿਆੜ ਸਰਕਾਰੀ ਹਾਈ ਸਕੂਲ ਥਲਾ, ਰਿਤਿਕਾ ਇਲਿਮ ਚੰਦ ਸਰਵ ਹਿਤਕਾਰੀ ਵਿੱਦਿਆ ਮੰਦਰ ਹਾਈ ਸਕੂਲ ਛੋਕਰਾਂ, ਸੌਰਵ ਜੱਖੂ ਸਰਕਾਰੀ ਹਾਈ ਸਕੂਲ ਲਾਧੜਾਂ (ਸਾਰੇ ਮੈਰਿਟ ਹੋਲਡਰ) ਨੂੰ ਵੱਖ ਵੱਖ ਪ੍ਰਿੰਸੀਪਲਾਂ ਅਤੇ ਅਧਿਆਪਕਾਂ ਵਲੋਂ ਬੁੱਕੇ ਦੇ ਕੇ ਮੰਚ 'ਤੇ ਮੁੱਖ ਮਹਿਮਾਨਾਂ ਵਜੋ ਸੁਸ਼ੋਭਿਤ ਕੀਤਾ ਗਿਆ। ਉਪਰੰਤ ਇਨਾਮ ਵੰਡ ਸਮਾਗਮ ਸ਼ੁਰੂ ਕੀਤਾ ਗਿਆ। ਇਸ ਦੌਰਾਨ ਸੁੱਚਾ ਸਿੰਘ ਰਾਹੀ ਜੋ ਆਪਣੇ ਸਮੇਂ 'ਚ ਸਰਕਾਰੀ ਹਾਈ ਸਕੂਲ ਅੱਪਰਾ ਅਤੇ ਜੇ ਐੱਸ ਐੱਫ ਐੱਚ ਖਾਲਸਾ ਸਕੂਲ ਅੱਟਾ ਦੇ ਹੋਣਹਾਰ ਵਿਦਿਆਰਥੀ ਸਨ ਉਨ੍ਹਾਂ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਵੀ ਸਨਮਾਨਤ ਕੀਤਾ ਗਿਆ। ਸਕੂਲ ਵਲੋਂ ਪ੍ਰਿੰਸੀਪਲ ਮੋਨਿਕਾ ਰਾਣੀ, ਸਾਬਕਾ ਪ੍ਰਿੰਸੀਪਲ ਵਿਸ਼ਵਿੰਦਰ ਦੱਤ ਅਤੇ ਮੈਡਮ ਸੀਤਾ ਰਾਣੀ ਵਲੋਂ ਆਏ ਹੋਏ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਜੀ ਆਇਆਂ ਕਿਹਾ ਗਿਆ। ਇਸ ਮੌਕੇ ਵਿਸ਼ਵਿੰਦਰ ਦੱਤ ਵਲੋਂ ਖਾਸ ਤੌਰ 'ਤੇ ਸੁੱਚਾ ਸਿੰਘ ਰਾਹੀ, ਲੈਕਚਰਾਰ ਪਰਦੀਪ ਸਿੰਘ ਅਤੇ ਰਾਜਪੁਰਾ ਦੇ ਨਿਵਾਸੀਆਂ ਦਾ ਉਚੇਚੇ ਤੌਰ 'ਤੇ ਧੰਨਵਾਦ ਕੀਤਾ ਗਿਆ ਜਿਨ੍ਹਾਂ ਇਹ ਸਮਾਗਮ ਉਨ੍ਹਾਂ ਦੇ ਸਕੂਲ 'ਚ ਕਰਵਾਉਣ ਦਾ ਮੌਕਾ ਦਿੱਤਾ। ਸਮਾਗਮ ਦੀ ਸ਼ੁਰੂਆਤ ਸ਼ਬਦ ਨਾਲ ਕੀਤੀ ਗਈ। ਉਪਰੰਤ ਬੱਚਿਆਂ ਵਲੋਂ ਰੰਗਾਰੰਗ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਸਮਾਗਮ ਦੇ ਅੰਤ 'ਚ ਬੱਚਿਆਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਗਈ। ਸਮਾਗਮ 'ਚ ਪ੍ਰਿੰਸੀਪਲ ਹਰਦੀਪ ਸਿੰਘ, ਸ਼ੁਭਾਸ਼ ਚੰਦਰ, ਚਰਨਜੀਤ ਸਿੰਘ ਅੱਟੀ ਸਕੂਲ, ਵਿਸ਼ਵਿੰਦਰ ਦੱਤ, ਮੋਨਿਕਾ ਸ਼ਰਮਾ, ਰਿਟਾ ਡੀ.ਡੀ.ਪੀ.ਓ ਨਵਾਂ ਸ਼ਹਿਰ ਹਰਬਲਾਸ ਬਾਗਲਾ, ਮੁੱਖ ਅਧਿਆਪਕ ਸੁਰਿੰਦਰ ਪਾਲ, ਸੁਰਿੰਦਰ ਪੁਆਰੀ, ਮੋਹਣ ਲਾਲ, ਲੈਕ. ਅਸ਼ੋਕ ਕੁਮਾਰ ਮੈਹਿਮੀ, ਲੈਕ. ਅਵਤਾਰ ਲਾਲ, ਲੈਕ. ਕਮਲ ਕੁਮਾਰ, ਦੀਪਕ ਕੁਮਾਰ, ਲੈਕ. ਸੀਤਾ ਰਾਣੀ, ਲੈਕ. ਹਰਜੀਤ ਕੁਮਾਰ ਬਾਵਾ, ਮਾਸਟਰ ਮੁਨੀਸ਼ ਕੁਮਾਰ, ਬਲਵੰਤ ਸਿੰਘ ਗੜ੍ਹੀ ਮਹਾਂ ਸਿੰਘ, ਪਿੰਡ ਰਾਜਪੁਰਾ ਤੋਂ ਜਸਵਿੰਦਰ ਸਿੰਘ ਵਿਰਕ, ਹਰਮਿੰਦਰ ਸਿੰਘ ਚਾਹਲ, ਕਰਮਜੀਤ ਵਿਰਕ, ਬਲਜੀਤ ਕੌਰ ਵਿਰਕ, ਮਨਜੀਤ ਕੌਰ ਰਾਜਪੁਰਾ ਅਤੇ ਹੋਰ ਹਾਜ਼ਰ ਸਨ।

# ਪੰਜਾਬ ਸਟੇਟ ਮਨਿਸਟੀਰੀਅਲ ਪੈਨਸ਼ਨਰਜ਼ ਐਸੋਸੀਏਸ਼ਨ ਹੁਸ਼ਿਆਰਪੁਰ ਦੀ ਮਹੀਨਾਵਾਰ ਮੀਟਿੰਗ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਪੰਜਾਬ ਸਟੇਟ ਮਨਿਸਟੀਰੀਅਲ ਪੈਨਸ਼ਨਰਜ਼ ਐਸੋਸੀਏਸ਼ਨ, ਹੁਸ਼ਿਆਰਪੁਰ ਦੀ ਮਹੀਨਾਵਾਰ ਮੀਟਿੰਗ ਵਰਿਆਮ ਸਿੰਘ ਮਿਨਹਾਸ ਪ੍ਰਧਾਨ ਦੀ ਪ੍ਰਧਾਨਗੀ ਹੇਠ ਮਿਨੀ ਸਕੱਤਰੇਤ ਵਿਖੇ ਹੋਈ ਜਿਸ ਵਿੱਚ ਵੱਖ-ਵੱਖ ਵਿਭਾਗਾਂ ਦੇ ਪੈਨਸ਼ਨਰਾਂ ਵਲੋਂ ਸ਼ਮੂਲੀਅਤ ਕੀਤੀ ਗਈ। ਮੀਟਿੰਗ ਵਿੱਚ ਮੰਗਾਂ ਤੋਂ ਇਲਾਵਾ ਪੈਨਸ਼ਨਰਜ਼ ਨੂੰ ਪੇਸ਼ ਆ ਰਹੀਆਂ ਔਕੜਾਂ ਦੇ ਹੱਲ ਲਈ ਚਰਚਾ ਕਰਦੇ ਹੋਏ ਸਭ ਨੇ ਇੱਕ ਮੱਤ ਹੋ ਕੇ ਸਰਕਾਰ ਵਲੋਂ ਪੈਨੋਨਰਜ਼ ਨਾਲ ਕੀਤੇ ਜਾ ਰਹੇ ਭੇਦਭਾਵ ਦੀ ਨਿਖੇਧੀ ਕੀਤੀ ਗਈ। ਪੰਜਾਬ ਸਰਕਾਰ ਵਲੋਂ ਸੁਪਰੀਮ ਕੋਰਟ ਅਤੇ ਹਾਈ ਕੋਰਟ ਦੇ ਹੁਕਮਾਂ ਨੂੰ ਟਿੱਚ ਸਮਝਦੇ ਹੋਏ ਪੈਨਸ਼ਨਰਾਂ ਦਾ ਡੀ.ਏ ਦਾ ਬਕਾਇਆ ਅਤੇ ਹੋਰ ਅਦਾਇਗੀਆਂ ਕਰਨ ਦੀ ਬਜਾਏ ਮਾਨਯੋਗ ਕੋਰਟ ਵਿੱਚ ਬਕਾਏ ਰੋਕਣ ਵਾਸਤੇ ਐਲ.ਪੀ.ਏ ਦਾਇਰ ਕੀਤੀਆਂ ਜਾ ਰਹੀਆਂ ਹਨ ਅਤੇ ਇਸ ਮਸਲੇ ਨੂੰ ਕੋਰਟ ਵਿੱਚ ਗਲਤ ਬਿਆਨਬਾਜ਼ੀ ਕਰਕੇ ਅਦਾਇਗੀਆਂ ਟਾਲਣ ਦਾ ਯਤਨ ਕਰ ਰਹੀ ਹੈ ਜੋ ਕਿ ਨਾ ਬਰਦਾਸ਼ਤ ਕਰਨ ਯੋਗ ਹੈ।ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਪੈਨਸ਼ਨਰਜ਼ ਕ੍ਰਿਸ਼ਨ ਲਾਲ, ਹਰਮੇਲ ਸਿੰਘ ਲੌਂਗੀਆ, ਪਰਮਜੀਤ ਵੱਧਨ, ਕਸ਼ਮੀਰ ਸਿੰਘ, ਮਦਨ ਸਿੰਘ, ਰਵੀ ਦੱਤ ਸ਼ਰਮਾ, ਭਗਵਾਨ ਸਿੰਘ ਅਤੇ ਓਮ ਪ੍ਰਕਾਸ਼ ਜਰਿਆਲ ਵਲੋਂ ਸਰਕਾਰ ਵਲੋਂ ਮੁਲਾਜ਼ਮਾਂ ਪ੍ਰਤੀ ਅੜੀਅਲ ਵਤੀਰਾ ਕਰਾਰ ਦਿੰਦੇ ਹੋਏ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ 18% ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦਾ ਬਕਾਇਆ, ਅਦਾਇਗੀਆਂ ਵਿੱਚ ਬੇਲੋੜੀਆਂ ਰੁਕਾਵਟਾਂ ਖੜ੍ਹੀਆਂ ਕਰਨੀਆਂ, ਐਲ.ਟੀ.ਸੀ ਵਾਸਤੇ ਲਗਾਈਆਂ ਸ਼ਰਤਾਂ ਦੂਰ ਕਰਨੀਆਂ, ਮਹਿਗਾਈ ਭੱਤੇ ਦੀਆਂ ਕਿਸ਼ਤਾਂ ਜੋ ਤਿੰਨ ਸਾਲਾਂ ਤੋਂ ਰੋਕੀਆਂ ਹੋਈਆਂ ਹਨ। ਹਾਈ ਕੋਰਟ ਦੇ ਹੁਕਮਾਂ ਮੁਤਾਬਕ ਤੁਰੰਤ ਦੇਣ ਵਾਸਤੇ ਸਰਕਾਰ ਨੂੰ ਜ਼ੋਰ ਪਾਇਆ ਗਿਆ। ਇਸ ਮੌਕੇ ਦਵਿੰਦਰ ਸਿੰਘ ਸੀਹਰਾ ਵਧੀਕ ਜਨਰਲ ਸਕੱਤਰ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਉਕਤ ਬੁਲਾਰੇ ਸਾਥੀਆਂ ਤੋਂ ਇਲਾਵਾ ਕਮਲਜੀਤ ਬਾਲੀ, ਮੋਤੀ ਲਾਲ ਸ਼ਰਮਾ, ਸਤਨਾਮ ਸਿੰਘ, ਭਗਵਾਨ ਸਿੰਘ, ਮਸਤਾਨ ਸਿੰਘ, ਬਿਅੰਤ ਸਿੰਘ, ਹਰਜਿੰਦਰ ਪਟਵਾਰੀ, ਗੁਰਚਰਨ ਸਹੋਤਾ, ਅਸ਼ਵਨੀ ਕੁਮਾਰ, ਰਾਮ ਸਰੂਪ ਆਦਿ ਸਾਥੀ ਵੀ ਹਾਜ਼ਰ ਸਨ।

# ਵਾਰਡ 7 'ਚ ਆਪ ਉਮੀਦਵਾਰ ਸਰਬਜੀਤ ਕੌਰ ਦਾ ਜ਼ੋਰਦਾਰ ਚੋਣ ਪ੍ਰਚਾਰ



**ਫਿਲੌਰ (ਨਿਰਮਲ)**-ਵਾਰਡ ਨੰ 7 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਸਰਬਜੀਤ ਕੌਰ ਜਿਨ੍ਹਾਂ ਦਾ ਚੋਣ ਨਿਸ਼ਾਨ ਝਾੜੂ ਹੈ, ਦੀ ਚੋਣ ਮੁਹਿੰਮ ਦਿਨੋ ਦਿਨ ਸਿਖਰਾਂ 'ਤੇ ਜਾ ਰਹੀ ਹੈ । ਵਾਰਡ ਨੰਬਰ 7 ਦੇ ਵਾਸੀਆਂ ਵੱਲੋਂ ਵਾਰਡ ਦੇ ਹਰ ਮੁਹੱਲੇ, ਗਲੀ 'ਚ ਡੋਰ ਟੂ ਡੋਰ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ। ਉਹਨਾਂ ਦੇ ਹੱਕ 'ਚ ਵਾਰਡ ਦੀਆਂ ਔਰਤਾਂ ਵੀ ਆ ਗਈਆਂ ਹਨ ਅਤੇ ਆਪਣਾ ਸਮਰਥਨ ਦੇ ਰਹੀਆਂ ਹਨ।ਇਸ ਸਬੰਧੀ ਸਰਬਜੀਤ ਕੌਰ ਨੇ ਕਿਹਾ ਵਾਰਡ ਨੰਬਰ 7 ਦੇ ਵਾਸੀ ਉਨ੍ਹਾਂ ਲਈ ਪਰਵਾਰ ਵਾਂਗ ਹਨ। ਮੈਂ ਹਮੇਸ਼ਾ ਵਾਰਡ ਵਾਸੀਆਂ ਦੇ ਦੁੱਖ-ਸੁੱਖ 'ਚ ਸ਼ਾਮਲ ਹੋਵਾਂਗੀ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੰਤਵ ਵਾਰਡ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨਾ ਹੈ। ਉਨ੍ਹਾਂ ਕਿਹਾ ਕਿ ਵਾਰਡ ਦੇ ਵੋਟਰਾਂ ਦਾ ਮਿਲ ਰਿਹਾ ਸਮਰਥਨ ਸਾਡੇ 'ਚ ਉਤਸ਼ਾਹ ਪੈਦਾ ਕਰਦਾ ਹੈ। ਮੈਂ ਸਾਰਿਆਂ ਨੂੰ ਇਹੀ ਅਪੀਲ ਕਰਦੀ ਹਾਂ ਕਿ 26 ਮਈ ਨੂੰ ਆਪਣਾ ਇਕ ਇਕ ਕੀਮਤੀ ਵੋਟ ਝਾੜੂ ਦੇ ਨਿਸ਼ਾਨ 'ਤੇ ਪਾ ਕੇ ਵੱਧ ਤੋਂ ਵੱਧ ਵੋਟਾਂ ਨਾਲ ਜਿਤਾਓ।